ਸ਼ਨੀਵਾਰ, 19 ਸਤੰਬਰ, 2026
3 ਅੱਸੂ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 109

ਰੋਜ਼ਾਨਾ
# ਨਵਾਂ ਜ਼ਮਾਨਾ
DAILY NAWAN ZAMANA • SATURDAY, 19 SEPTEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160
You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# 50 ਫ਼ੀਸਦੀ ਡੀ ਏ 'ਤੇ ਰਾਜ਼ੀਨਾਮਾ

## ਦੋ ਕਿਸ਼ਤਾਂ 'ਚ ਮਿਲੇਗਾ, ਬਾਕੀ ਮੰਗਾਂ 'ਤੇ ਗੱਲਬਾਤ ਚਲਦੀ ਰਹੇਗੀ



**ਚੰਡੀਗੜ੍ਹ (ਸੁਰਜੀਤ ਸੁਮਨ)**
ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਾਂਝਾ ਮੁਲਾਜ਼ਮ ਮੰਚ, ਸਾਂਝੀ ਤਾਲਮੇਲ ਕਮੇਟੀ ਅਤੇ ਮੁਲਾਜ਼ਮ ਫਰੰਟ ਨਾਲ ਤੈਅ ਹੋਈ ਪਲੇਠੀ ਮੀਟਿੰਗ ਉਦੋਂ ਲਾਭਦਾਇਕ ਸਾਬਤ ਹੋਈ, ਜਦੋਂ ਦੋਹਾਂ ਧਿਰਾਂ ਵੱਲੋਂ ਵਿਚਾਰ-ਵਟਾਂਦਰੇ ਉਪਰੰਤ 8 ਫੀਸਦੀ ਮਹਿੰਗਾਈ ਭੱਤੇ 'ਤੇ ਸਹਿਮਤੀ ਬਣੀ। ਨਵੇਂ ਫ਼ੈਸਲੇ ਨਾਲ ਹੁਣ ਡੀ ਏ 42 ਫ਼ੀਸਦੀ ਤੋਂ ਵਧ ਕੇ 50 ਫ਼ੀਸਦੀ ਹੋ ਗਿਆ ਹੈ। ਪੰਜਾਬ ਸਰਕਾਰ ਦੇ ਮੁਲਾਜ਼ਮਾਂ ਵੱਲੋਂ 60 ਫ਼ੀਸਦੀ ਡੀ ਏ ਦੀ ਮੰਗ ਕੀਤੀ ਜਾ ਰਹੀ ਸੀ, ਪ੍ਰੰਤੂ ਮੀਟਿੰਗ 'ਚ ਮੁਲਾਜ਼ਮ ਆਗੂਆਂ ਨੇ ਪੰਜਾਬ ਸਰਕਾਰ ਦੀ ਪੇਸ਼ਕਸ਼ ਨੂੰ ਸਵੀਕਾਰ ਕਰ ਲਿਆ। ਮੁੱਖ ਮੰਤਰੀ ਨੇ ਕਿਹਾ ਕਿ ਸ਼ੁੱਕਰਵਾਰ ਨੂੰ ਮੁਲਾਜ਼ਮ ਅਤੇ ਪੈਨਸ਼ਨਰਜ਼ ਜਥੇਬੰਦੀਆਂ ਨਾਲ ਬਹੁਤ ਹੀ ਸਕਾਰਾਤਮਕ ਮੀਟਿੰਗ ਹੋਈ।ਮੁਲਾਜ਼ਮ ਸਾਡੇ ਪਰਵਾਰ ਦਾ ਅਹਿਮ ਹਿੱਸਾ ਹਨ, ਜਿਨ੍ਹਾਂ ਦੀ ਭਲਾਈ ਲਈ ਅਸੀਂ ਤੁਰੰਤ 8 ਫੀਸਦੀ ਮਹਿੰਗਾਈ ਭੱਤਾ ਵਧਾਉਣ ਦਾ ਫੈਸਲਾ ਲਿਆ ਹੈ।ਇਹ ਵਾਧਾ 2 ਕਿਸ਼ਤਾਂ ਵਿਚ ਦਿੱਤਾ ਜਾਵੇਗਾ। ਪਹਿਲੀ ਕਿਸ਼ਤ ਅਕਤੂਬਰ ਦੀ ਤਨਖਾਹ ਨਾਲ ਮਿਲੇਗੀ। ਪਿਛਲੀਆਂ ਸਰਕਾਰਾਂ ਦੇ ਸਮੇਂ ਤੋਂ ਲਟਕਦੇ ਆ ਰਹੇ ਮਸਲਿਆਂ ਜਿਵੇਂ ਓ.ਪੀ.ਐੱਸ., ਪ੍ਰੋਬੇਸ਼ਨ ਪੀਰੀਅਡ ਦੀ ਤਨਖਾਹ ਅਤੇ ਆਸ਼ਾ/ਮਿੱਡ ਡੇਅ ਮੀਲ ਵਰਕਰਾਂ ਦੇ ਮੁੱਦਿਆਂ 'ਤੇ ਵੀ ਵਿਚਾਰ ਕੀਤਾ ਗਿਆ। ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਪੁਰਾਣੇ ਮਸਲਿਆਂ ਦੇ ਪੱਕੇ ਹੱਲ ਲਈ ਅਕਤੂਬਰ ਦੇ ਪਹਿਲੇ ਹਫ਼ਤੇ ਮੁੜ ਮੀਟਿੰਗ ਕਰਾਂਗੇ।ਸਾਡੀ ਸਰਕਾਰ ਅਤੇ ਮੁਲਾਜ਼ਮਾਂ ਵਿਚਕਾਰ ਕੋਈ ਦੂਰੀ ਨਹੀਂ ਹੈ, ਹਰ ਮਸਲੇ ਦਾ ਹੱਲ ਆਪਸੀ ਗੱਲਬਾਤ ਰਾਹੀਂ ਕੱਢਾਂਗੇ। ਪੰਜਾਬ ਦੀ ਤਰੱਕੀ ਲਈ ਅਸੀਂ ਸਾਰੇ ਰਲ-ਮਿਲ ਕੇ ਕੰਮ ਕਰਦੇ ਰਹਾਂਗੇ ਅਤੇ ਰੰਗਲਾ ਪੰਜਾਬ ਸਿਰਜਾਂਗੇ। ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੁਲਾਜ਼ਮ ਆਗੂ ਸਤੀਸ਼ ਅਤੇ ਗੁਰਨਾਮ ਸਿੰਘ ਵਿਰਕ ਨੇ ਕਿਹਾ ਕਿ ਮੁੱਖ ਮੰਤਰੀ ਵੱਲੋਂ 8 ਫੀਸਦੀ ਮਹਿੰਗਾਈ ਭੱਤਾ ਦੇਣ ਦਾ ਐਲਾਨ ਸਵਾਗਤਯੋਗ ਹੈ, ਪਰੰਤੂ ਮਾਣਯੋਗ ਹਾਈਕੋਰਟ ਵਿੱਚ ਚੱਲ ਰਹੇ ਕੇਸ ਵਿੱਚ ਸਾਡੀ ਕੋਈ ਦਖਲਅੰਦਾਜ਼ੀ ਨਹੀਂ ਹੋਵੇਗੀ। ਉਨ੍ਹਾਂ ਕਿਹਾ ਕਿ ਮੁੱਖ • ਬਾਕੀ ਸਫਾ 2 'ਤੇ

# ਨੰਦੀਗ੍ਰਾਮ 'ਚ ਕਾਂਗਰਸ ਦੀ ਹਮਾਇਤ : ਮਮਤਾ

## ਝਟਕੇ ਖਾਣ ਤੋਂ ਬਾਅਦ ਇੰਡੀਆ ਬਲਾਕ ਚੇਤੇ ਆਇਆ



**ਕੋਲਕਾਤਾ (ਨਵਾਂ ਜ਼ਮਾਨਾ ਸਰਵਿਸ)**
ਟੀ ਐੱਮ ਸੀ ਸੁਪਰੀਮੋ ਅਤੇ ਪੱਛਮੀ ਬੰਗਾਲ ਦੀ ਸਾਬਕਾ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਵੀਰਵਾਰ ਨੂੰ 'ਲੋਕਤੰਤਰ ਲਈ ਕਾਲਾ ਦਿਨ' ਕਰਾਰ ਦਿੰਦਿਆਂ ਦੋਸ਼ ਲਗਾਇਆ ਕਿ ਨੰਦੀਗ੍ਰਾਮ ਉਪ ਚੋਣ ਲਈ ਉਨ੍ਹਾਂ ਦੀ ਪਾਰਟੀ ਦੇ ਉਮੀਦਵਾਰ ਵੱਲੋਂ ਆਪਣੀ ਉਮੀਦਵਾਰੀ ਵਾਪਸ ਲੈਣ ਤੋਂ ਬਾਅਦ, ਸਭ ਕੁਝ ਇੱਕ ਪਾਰਟੀ ਦੀ ਹਉਮੈ ਨੂੰ ਸੰਤੁਸ਼ਟ ਕਰਨ ਲਈ ਕੀਤਾ ਜਾ ਰਿਹਾ ਹੈ।

ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਬੈਨਰਜੀ ਨੇ ਚੋਣ ਕਮਿਸ਼ਨ ਦੇ ਆਪਣੀ ਪਾਰਟੀ ਦੇ ਚੋਣ ਨਿਸ਼ਾਨ ਨੂੰ ਫਰੀਜ਼ ਕਰਨ ਦੇ ਫੈਸਲੇ 'ਤੇ ਸਵਾਲ ਉਠਾਉਂਦੇ ਹੋਏ ਕਿਹਾ, "ਚੋਣ ਕਮਿਸ਼ਨ ਮੇਰੀ ਪਾਰਟੀ ਦੇ ਚੋਣ ਨਿਸ਼ਾਨ ਨੂੰ ਕਿਵੇਂ ਫਰੀਜ਼ ਕਰ ਸਕਦਾ ਹੈ ਜੋ 28 ਸਾਲਾਂ ਤੋਂ ਸਾਡੇ ਕੋਲ ਹੈ?"

ਉਪ ਚੋਣ ਲਈ ਆਪਣੀ ਪਾਰਟੀ ਦੇ ਅਗਲੇ ਪ੍ਰੋਗਰਾਮ ਦਾ ਐਲਾਨ ਕਰਦੇ ਹੋਏ ਉਨ੍ਹਾ ਕਿਹਾ ਕਿ ਪਾਰਟੀ ਇੰਡੀਆ ਬਲਾਕ ਨੂੰ ਮਜ਼ਬੂਤ ??ਕਰਨ ਲਈ ਨੰਦੀਗ੍ਰਾਮ ਵਿੱਚ ਕਾਂਗਰਸ ਉਮੀਦਵਾਰ ਦਾ ਸਮਰਥਨ ਕਰੇਗੀ। ਉਨ੍ਹਾ ਅੱਗੇ ਕਿਹਾ, "ਮੈਨੂੰ ਅਪੋਜ਼ੀਸ਼ਨ ਨੇਤਾਵਾਂ ਤੋਂ ਏਕਤਾ ਦੇ ਫੋਨ ਆਏ ਸਨ। ਰਾਹੁਲ ਗਾਂਧੀ ਨੇ ਫੋਨ ਕੀਤਾ, ਅਰਵਿੰਦ ਕੇਜਰੀਵਾਲ ਨੇ ਵੀ ਏਕਤਾ ਪ੍ਰਗਟਾਈ; ਅਸੀਂ ਸਾਰੇ ਭਾਜਪਾ ਵਿਰੁੱਧ ਇਕੱਠੇ ਲੜਾਂਗੇ। ਪਾਰਟੀ ਹਾਰ ਦੇ ਬਾਵਜੂਦ ਪਿੱਛੇ ਨਹੀਂ ਹਟੇਗੀ, ਅਸੀਂ ਨਾ ਤਾਂ ਆਪਣਾ ਸਿਰ ਝੁਕਾਵਾਂਗੇ, ਨਾ ਹੀ ਆਤਮਸਮਰਪਣ ਕਰਾਂਗੇ; ਅਸੀਂ ਲੜਾਂਗੇ ਅਤੇ ਵਾਪਸ ਮੁੜਾਂਗੇ।"

ਤ੍ਰਿਣਮੂਲ ਕਾਂਗਰਸ ਦੇ ਅੰਦਰੂਨੀ ਯੁੱਧ ਵਿੱਚ ਇੱਕ ਹੋਰ ਨਾਟਕੀ ਮੋੜ ਵਿੱਚ, ਮਮਤਾ ਬੈਨਰਜੀ ਦੀ ਪਾਰਟੀ ਦੀ ਨੰਦੀਗ੍ਰਾਮ ਉਪ-ਚੋਣ ਲਈ ਉਮੀਦਵਾਰ ਸੰਚਿਤਾ ਪ੍ਰਧਾਨ ਡੇ ਨੇ ਆਖਰੀ ਮਿਤੀ ਤੋਂ ਇੱਕ ਦਿਨ ਪਹਿਲਾਂ ਸ਼ੁੱਕਰਵਾਰ ਨੂੰ ਆਪਣੀ ਨਾਮਜ਼ਦਗੀ ਵਾਪਸ ਲੈ ਲਈ।

ਅਧਿਆਪਕਾ ਡੇ ਨੇ ਪਤੀ ਸੱਤਿਆਜੀਤ ਸਣੇ ਮੁੱਖ ਮੰਤਰੀ ਸੁਵੇਂਦੂ ਅਧਿਕਾਰੀ ਨਾਲ ਮੁਲਾਕਾਤ ਕੀਤੀ ਤੇ ਫਿਰ ਨਾਮਜ਼ਦਗੀ ਵਾਪਸ ਲੈ ਲਈ।

ਪੱਛਮੀ ਬੰਗਾਲ ਦੇ ਪੂਰਬੀ ਮੇਦਿਨੀਪੁਰ ਜ਼ਿਲ੍ਹੇ ਦੇ ਨੰਦੀਗ੍ਰਾਮ ਅਤੇ ਮੁਰਸ਼ੀਦਾਬਾਦ ਜ਼ਿਲ੍ਹੇ ਦੇ ਰੇਜੀਨਗਰ ਵਿੱਚ ਉਪ-ਚੋਣਾਂ 6 ਅਕਤੂਬਰ ਨੂੰ ਹੋਣੀਆਂ ਹਨ ਅਤੇ ਵੋਟਾਂ ਦੀ ਗਿਣਤੀ 9 ਅਕਤੂਬਰ ਨੂੰ ਹੋਵੇਗੀ। ਮੁੱਖ ਮੰਤਰੀ ਸੁਵੇਂਦੂ ਅਧਿਕਾਰੀ, ਜੋ ਨੰਦੀਗ੍ਰਾਮ ਅਤੇ ਭਬਾਨੀਪੁਰ ਦੋਵਾਂ ਤੋਂ ਜਿੱਤੇ ਸਨ, ਵੱਲੋਂ ਨੰਦੀਗ੍ਰਾਮ ਸੀਟ ਛੱਡਣ ਅਤੇ ਏ ਜੇ ਯੂ ਪੀ ਨੇਤਾ ਹੁਮਾਯੂੰ ਕਬੀਰ, ਜੋ ਨੌਦਾ ਅਤੇ ਰੇਜੀਨਗਰ ਤੋਂ ਜਿੱਤੇ ਸਨ, ਵੱਲੋਂ ਰੇਜੀਨਗਰ ਸੀਟ ਛੱਡਣ ਕਾਰਨ ਉਪ ਚੋਣਾਂ ਕਰਾਉਣੀਆਂ ਪੈ ਰਹੀਆਂ ਹਨ। ਚੋਣ • ਬਾਕੀ ਸਫਾ 2 'ਤੇ

## ਵੋਟ ਚੋਰੀ, ਸਰਕਾਰ ਚੋਰੀ ਤੇ ਹੁਣ ਪਾਰਟੀ ਚੋਰੀ : ਰਾਹੁਲ ਗਾਂਧੀ

**ਨਵੀਂ ਦਿੱਲੀ :** ਰਾਹੁਲ ਗਾਂਧੀ ਨੇ ਸ਼ੁੱਕਰਵਾਰ ਨੂੰ ਪੱਛਮੀ ਬੰਗਾਲ ਦੀਆਂ ਜ਼ਿਮਨੀ ਚੋਣਾਂ ਦੌਰਾਨ ਤ੍ਰਿਣਮੂਲ ਕਾਂਗਰਸ ਵਿਚਲੇ ਦੋ ਧੜਿਆਂ ਨੂੰ ਪਾਰਟੀ ਦਾ ਨਾਂਅ ਅਤੇ "ਫੁੱਲ ਅਤੇ ਘਾਹ" ਚੋਣ ਨਿਸ਼ਾਨ ਵਰਤਣ ਤੋਂ ਰੋਕਣ ਦੇ ਫ਼ੈਸਲੇ ਨੂੰ ਲੈ ਕੇ ਚੋਣ ਕਮਿਸ਼ਨ ਦੀ ਨਿਖੇਧੀ ਕੀਤੀ ਹੈ ਅਤੇ ਕਿਹਾ ਹੈ ਕਿ ਚੋਣ ਬਾਡੀ ਦੀ ਸੰਵਿਧਾਨਕ ਜ਼ਿੰਮੇਵਾਰੀ ਫ਼ਤਵੇ ਦੀ ਰੱਖਿਆ ਕਰਨਾ ਹੈ, ਪਰ ਇਸ ਦੀ ਬਜਾਏ, ਇਹ ਉਨ੍ਹਾਂ ਤਾਕਤਾਂ ਦੀ ਮਦਦ ਕਰ ਰਹੀ ਹੈ, ਜੋ ਲੋਕਾਂ ਦੇ ਫ਼ੈਸਲੇ ਨੂੰ ਪਲਟ ਦਿੰਦੀਆਂ ਹਨ। ਰਾਹੁਲ ਗਾਂਧੀ ਨੇ ਐਕਸ 'ਤੇ ਹਿੰਦੀ ਵਿੱਚ ਇੱਕ ਪੋਸਟ ਵਿੱਚ ਕਿਹਾ, "ਪਹਿਲਾਂ ਸ਼ਿਵ ਸੈਨਾ, ਫਿਰ ਐੱਨ.ਸੀ.ਪੀ. ਅਤੇ ਹੁਣ ਤ੍ਰਿਣਮੂਲ ਕਾਂਗਰਸ। ਹਰ ਵਾਰ, ਉਹੀ ਪੈਟਰਨ-ਭਾਜਪਾ ਅਤੇ ਚੋਣ ਕਮਿਸ਼ਨ ਕਿਸੇ ਪਾਰਟੀ ਨੂੰ ਵੰਡਣ ਲਈ ਤਾਕਤਾਂ ਜੋੜਦੇ ਹਨ। ਫਿਰ ਇਸ ਦਾ ਚੋਣ ਨਿਸ਼ਾਨ ਖੋਹ ਲਿਆ ਜਾਂਦਾ ਹੈ। ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਨੇ ਕਿਹਾ ਕਿ ਜਦੋਂ ਪੂਰੀ ਪਾਰਟੀ ਹੀ ਚੋਰੀ ਹੋ ਸਕਦੀ ਹੈ, ਤਾਂ ਇਹ ਕੋਈ ਹੈਰਾਨੀ ਦੀ ਗੱਲ ਨਹੀਂ ਹੈ ਕਿ ਕਰੋੜਾਂ ਭਾਰਤੀਆਂ ਦੀਆਂ ਵੋਟਾਂ ਵੀ ਚੋਰੀ ਹੋ ਸਕਦੀਆਂ ਹਨ। ਰਾਹੁਲ ਗਾਂਧੀ ਨੇ ਕਿਹਾ, "ਵੋਟ ਚੋਰੀ, ਸਰਕਾਰ ਚੋਰੀ ਤੇ ਹੁਣ ਪਾਰਟੀ ਚੋਰੀ। ਇਹ ਸਾਡੇ ਲੋਕਤੰਤਰੀ ਨਿਘਾਰ ਦੇ ਪ੍ਰਤੀਕ ਬਣ ਗਏ ਹਨ।"

ਰਾਹੁਲ ਗਾਂਧੀ ਨੇ ਕਿਹਾ, "ਇਹ ਲੜਾਈ ਸਿਰਫ਼ ਮਮਤਾ ਬੈਨਰਜੀ ਦੀ ਨਹੀਂ ਹੈ। ਇਹ ਹਰ ਉਸ ਸਿਆਸੀ ਪਾਰਟੀ, ਹਰ ਉਸ ਵੋਟਰ ਦੀ ਲੜਾਈ ਹੈ, ਜੋ ਆਜ਼ਾਦ ਅਤੇ ਨਿਰਪੱਖ ਚੋਣਾਂ ਚਾਹੁੰਦਾ ਹੈ। ਕਾਂਗਰਸ ਨੇ ਅੱਗੇ ਕਿਹਾ ਕਿ ਆਲ ਇੰਡੀਆ ਤ੍ਰਿਣਮੂਲ ਕਾਂਗਰਸ ਦੇ ਨਾਂਅ ਅਤੇ ਚੋਣ ਨਿਸ਼ਾਨ ਨੂੰ ਫਰੀਜ਼ ਕਰਨਾ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ "ਦੇਰ ਰਾਤ ਦਿੱਤਾ ਜਨਮ ਦਿਨ ਦਾ ਤੋਹਫ਼ਾ" ਹੈ। ਕਾਕਰੋਚ ਜਨਤਾ ਪਾਰਟੀ ਦੇ ਕੋ-ਕਨਵੀਨਰ ਸੌਰਵ ਦਾਸ ਨੇ ਕਿਹਾ ਕਿ ਭਾਰਤ ਦਾ ਚੋਣ ਕਮਿਸ਼ਨ ਇੱਕ ਸਰਕਾਰੀ ਕਠਪੁਤਲੀ ਬਣ ਗਿਆ ਹੈ। ਇਸਦੇ ਕਮਿਸ਼ਨਰ ਨੂੰ ਭੁਗਤਾਨ ਕਰਨ ਦਾ ਸਮਾਂ ਬਹੁਤ ਜਲਦੀ ਆ ਰਿਹਾ ਹੈ।

# ਬਦਫੈਲੀ ਤੇ ਕਤਲ ਦੇ ਦੋਸ਼ੀ ਨੂੰ ਫ਼ਾਂਸੀ ਦੀ ਸਜ਼ਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**
ਹੁਸ਼ਿਆਰਪੁਰ ਦੀ ਇਕ ਅਦਾਲਤ ਨੇ ਦੀਪ ਨਗਰ ਮੁਹੱਲੇ ਦੇ 5 ਸਾਲਾ ਬੱਚੇ ਹਰਵੀਰ ਸਿੰਘ ਨਾਲ ਬਦਫੈਲੀ ਕਰਨ ਉਪਰੰਤ ਉਸ ਦਾ ਕਤਲ ਕਰਨ ਦੇ ਮਾਮਲੇ ਵਿੱਚ ਦੋਸ਼ੀ ਨਾਨਕੇ ਯਾਦਵ ਨੂੰ ਫ਼ਾਂਸੀ ਦੀ ਸਜ਼ਾ ਸੁਣਾਈ ਹੈ।ਮਾਣਯੋਗ ਜੱਜ ਮਨਪ੍ਰੀਤ ਕੌਰ ਦੀ ਅਦਾਲਤ ਨੇ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਇਸ ਨੂੰ 'ਦੁਰਲੱਭ ਤੋਂ ਦੁਰਲੱਭ' ਮਾਮਲਾ ਮੰਨਿਆ ਅਤੇ ਦੋਸ਼ੀ ਲਈ ਮੌਤ ਦੀ ਸਜ਼ਾ ਦਾ ਐਲਾਨ ਕੀਤਾ।ਅਦਾਲਤ ਵੱਲੋਂ 15 ਸਤੰਬਰ ਨੂੰ ਯਾਦਵ ਨੂੰ ਦੋਸ਼ੀ ਕਰਾਰ ਦਿੱਤਾ ਗਿਆ ਸੀ ਤੇ ਸਜ਼ਾ ਸੁਣਾਉਣ ਲਈ 18 ਸਤੰਬਰ ਦੀ ਤਾਰੀਖ਼ ਮੁਕੱਰਰ ਕੀਤੀ ਸੀ।ਪਿਛਲੇ ਸਾਲ 9 ਸਤੰਬਰ ਨੂੰ ਹਰਵੀਰ ਸਿੰਘ ਆਪਣੇ ਘਰ ਦੇ ਬਾਹਰ ਖੇਡ ਰਿਹਾ ਸੀ।ਇਸ ਦੌਰਾਨ ਦੋਸ਼ੀ ਉਸ ਨੂੰ ਅਗਵਾ ਕਰਕੇ ਆਪਣੇ ਨਾਲ ਲੈ ਗਿਆ।ਪਰਿਵਾਰ ਵੱਲੋਂ ਬੱਚੇ ਦੀ ਭਾਲ ਕੀਤੀ ਗਈ ਅਤੇ ਮਾਮਲਾ ਪੁਲੀਸ ਤੱਕ ਪਹੁੰਚਣ ਉਪਰੰਤ ਪੁਲੀਸ ਨੇ ਤੁਰੰਤ ਕਾਰਵਾਈ ਸ਼ੁਰੂ ਕੀਤੀ।ਅਗਲੇ ਦਿਨ ਪੁਰਹੀਰਾਂ ਸਥਿਤ ਇੱਕ ਸ਼ਮਸ਼ਾਨਘਾਟ ਤੋਂ ਬੱਚੇ ਦੀ ਲਾਸ਼ ਬਰਾਮਦ ਹੋਈ, ਜਿਸ ਤੋਂ ਬਾਅਦ ਇਲਾਕੇ ਵਿੱਚ ਸੋਗ ਅਤੇ ਰੋਸ ਦੀ ਲਹਿਰ ਫੈਲ ਗਈ। ਪੋਸਟਮਾਰਟਮ ਰਿਪੋਰਟ ਵਿੱਚ ਸਾਹਮਣੇ ਆਇਆ ਕਿ ਬੱਚੇ ਨਾਲ ਕਤਲ ਤੋਂ ਪਹਿਲਾਂ ਬਦਫੈਲੀ ਕੀਤੀ ਗਈ ਸੀ।ਪੁਲੀਸ ਨੇ ਮਾਮਲੇ ਦੀ ਜਾਂਚ ਨੂੰ ਤੇਜ਼ ਕਰਦਿਆਂ ਵਾਰਦਾਤ ਤੋਂ ਅਗਲੇ ਹੀ ਦਿਨ ਯਾਦਵ ਨੂੰ ਗ੍ਰਿਫ਼ਤਾਰ ਕਰ ਲਿਆ ਸੀ।


ਮ੍ਰਿਤਕ ਹਰਵੀਰ ਦੀ ਫਾਈਲ ਫੋਟੋ

# ਸਾਊਦੀ ਅਰਬ ਨੇ ਭਾਰਤ ਨੂੰ ਕੱਚੇ ਤੇਲ ਦੀ ਸਪਲਾਈ ਰੋਕੀ

**ਨਵੀਂ ਦਿੱਲੀ :** ਸਾਊਦੀ ਅਰਬ ਦੀ ਸਰਕਾਰੀ ਤੇਲ ਕੰਪਨੀ ਅਰਾਮਕੋ ਨੇ ਆਪਣੀ ਅਹਿਮ ਪੂਰਬ-ਪੱਛਮ ਪਾਈਪਲਾਈਨ 'ਤੇ ਹੋਏ ਹਮਲੇ ਤੋਂ ਬਾਅਦ ਅਗਲੇ ਹੁਕਮਾਂ ਤੱਕ ਭਾਰਤੀ ਰਿਫਾਇਨਰੀਆਂ ਨੂੰ ਕੱਚੇ ਤੇਲ ਦੀ ਸਪਲਾਈ ਰੋਕ ਦਿੱਤੀ ਹੈ। ਇਸ ਮਾਮਲੇ ਨਾਲ ਜੁੜੇ ਸੂਤਰਾਂ ਨੇ ਇਹ ਜਾਣਕਾਰੀ ਦਿੱਤੀ ਹੈ। ਅਰਬ ਪ੍ਰਾਇਦੀਪ ਵਿੱਚ 1,200 ਕਿਲੋਮੀਟਰ ਤੱਕ ਫੈਲੀ ਪੂਰਬ-ਪੱਛਮੀ ਪਾਈਪਲਾਈਨ 'ਤੇ ਇਰਾਨ ਵੱਲੋਂ ਸਮਰਥਨ ਪ੍ਰਾਪਤ ਇਰਾਕੀ ਲੜਾਕੂਆਂ ਦੇ ਡਰੋਨ ਹਮਲਿਆਂ ਤੋਂ ਬਾਅਦ ਵੀਰਵਾਰ ਨੂੰ ਬੰਦ ਕਰ ਦਿੱਤਾ ਗਿਆ ਸੀ।

ਸਾਊਦੀ ਅਰਬ ਦੇ ਊਰਜਾ ਅਤੇ ਨਾਗਰਿਕ ਬੁਨਿਆਦੀ ਢਾਂਚੇ ਨੂੰ ਪੱਛਮੀ ਲਾਲ ਸਾਗਰ ਤੱਟ ਦੇ ਨਾਲ ਯਮਨ ਵਿੱਚ ਸਥਿਤ ਹੂਤੀ ਬਾਗ਼ੀਆਂ ਵੱਲੋਂ ਕਈ ਹਮਲਿਆਂ 'ਚ ਨਿਸ਼ਾਨਾ ਬਣਾਇਆ ਗਿਆ ਹੈ।

ਹੂਤੀ ਵੱਲੋਂ ਲਾਲ ਸਾਗਰ ਵਿੱਚ ਸਾਊਦੀ ਜਹਾਜ਼ਾਂ 'ਤੇ ਹਮਲੇ ਕਰਨ ਦੀ ਧਮਕੀ ਦਿੱਤੀ ਹੈ, ਜਿਸ ਕਾਰਨ ਇਸ ਮਹੀਨੇ ਦੇ ਸ਼ੁਰੂ ਵਿੱਚ ਲੰਡਨ 'ਚ ਤੇਲ ਦੀਆਂ ਕੀਮਤਾਂ 100 ਅਮਰੀਕੀ ਡਾਲਰ ਪ੍ਰਤੀ ਬੈਰਲ ਤੋਂ ਪਾਰ ਹੋ ਗਈਆਂ ਹਨ।

## ਸੁਰੇਂਦਰ ਕੋਲੀ ਦੁਕਾਨ 'ਤੇ ਮ੍ਰਿਤਕ ਮਿਲਿਆ

**ਨਵੀਂ ਦਿੱਲੀ :** ਨਿਠਾਰੀ ਮਾਮਲੇ ਦੇ ਦੋਸ਼ੀ ਸੁਰੇਂਦਰ ਕੋਲੀ ਸ਼ੁੱਕਰਵਾਰ ਨੂੰ ਆਪਣੇ ਚਾਹ ਦੇ ਸਟਾਲ 'ਤੇ ਮ੍ਰਿਤਕ ਪਾਇਆ ਗਿਆ। ਕੋਲੀ, ਜਿਸ ਨੂੰ ਬਾਅਦ ਵਿੱਚ ਕਈ ਨਿਠਾਰੀ ਮਾਮਲਿਆਂ ਵਿੱਚ ਬਰੀ ਕਰ ਦਿੱਤਾ ਗਿਆ ਸੀ, ਵਪਾਰੀ ਮੋਨਿੰਦਰ ਸਿੰਘ ਪੰਧੇਰ ਦੇ ਨੋਇਡਾ ਘਰ ਵਿੱਚ ਘਰੇਲੂ ਨੌਕਰ ਵਜੋਂ ਕੰਮ ਕਰਦਾ ਸੀ। ਨਿਠਾਰੀ ਮਾਮਲਾ 2006 ਵਿੱਚ ਉਦੋਂ ਸਾਹਮਣੇ ਆਇਆ ਸੀ ਜਦੋਂ ਨੋਇਡਾ ਦੇ ਸੈਕਟਰ 31 ਵਿੱਚ ਪੰਧੇਰ ਦੇ ਇੱਕ ਬੰਗਲੇ ਦੇ ਨੇੜੇ ਵਿਹੜੇ ਅਤੇ ਨਾਲੀਆਂ ਵਿੱਚੋਂ ਪਿੰਜਰਾਂ ਦੇ ਅਵਸ਼ੇਸ਼, ਖੋਪੜੀਆਂ ਅਤੇ ਹੱਡੀਆਂ ਮਿਲੀਆਂ ਸਨ। ਸ਼ੱਕ ਕੀਤਾ ਜਾਂਦਾ ਸੀ ਕਿ ਇਹ ਅਵਸ਼ੇਸ਼ ਲਾਪਤਾ ਬੱਚਿਆਂ ਅਤੇ ਔਰਤਾਂ ਦੇ ਹਨ। ਇਸ ਮਾਮਲੇ ਵਿੱਚ ਸਹਿ-ਮੁਲਜ਼ਮ ਪੰਧੇਰ ਨੂੰ 20 ਅਕਤੂਬਰ, 2023 ਨੂੰ ਇਸ ਮਾਮਲੇ ਵਿੱਚ ਬਰੀ ਹੋਣ ਤੋਂ ਬਾਅਦ ਰਿਹਾਅ ਕਰ ਦਿੱਤਾ ਗਿਆ ਸੀ।

## ਆਤਮਘਾਤੀ ਧਮਾਕੇ 'ਚ 16 ਮੌਤਾਂ

**ਇਸਲਾਮਾਬਾਦ :** ਉੱਤਰ-ਪੱਛਮੀ ਪਾਕਿਸਤਾਨ ਵਿੱਚ ਮਸਜਿਦ ਵਿੱਚ ਸ਼ੁੱਕਰਵਾਰ ਨਮਾਜ਼ ਦੌਰਾਨ ਆਤਮਘਾਤੀ ਧਮਾਕੇ ਵਿੱਚ 16 ਲੋਕ ਮਾਰੇ ਗਏ ਅਤੇ ਦਰਜਨਾਂ ਜ਼ਖ਼ਮੀ ਹੋ ਗਏ। ਧਮਾਕਾ ਪੇਸ਼ਾਵਰ ਤੋਂ ਲੱਗਭੱਗ 60 ਕਿਲੋਮੀਟਰ ਦੱਖਣ-ਪੱਛਮ ਵਿੱਚ ਕੋਹਾਟ ਜ਼ਿਲ੍ਹੇ ਵਿੱਚ ਪੁਰਾਣੀ ਪੁਲਸ ਲਾਈਨਾਂ ਦੇ ਨੇੜੇ ਸਥਿਤ ਮਸਜਿਦ ਵਿੱਚ ਹੋਇਆ। ਧਮਾਕੇ ਵਿੱਚ ਪੰਜ ਪੁਲਸ ਕਰਮਚਾਰੀ ਅਤੇ 11 ਨਾਗਰਿਕ ਮਾਰੇ ਗਏ।

## ਸੋਨੂ ਸੂਦ ਦਾ ਤਨਜ਼

**ਮੁੰਬਈ :** ਨਵੇਂ ਲਾਂਚ ਹੋਏ 'ਆਈਫੋਨ 18' ਨੂੰ ਲੈ ਕੇ ਦੇਸ਼ ਭਰ ਵਿੱਚ ਦੇਖੇ ਜਾ ਰਹੇ ਜ਼ਬਰਦਸਤ ਉਤਸ਼ਾਹ ਵਿਚਾਲੇ ਬਾਲੀਵੁੱਡ ਅਦਾਕਾਰ ਸੋਨੂ ਸੂਦ ਨੇ ਸੋਸ਼ਲ ਮੀਡੀਆ 'ਤੇ ਇੱਕ ਮਜ਼ੇਦਾਰ ਅਤੇ ਵਿਚਾਰਨਯੋਗ ਪੋਸਟ ਸਾਂਝੀ ਕੀਤੀ ਹੈ। ਸ਼ੁੱਕਰਵਾਰ ਨੂੰ ਐਪਲ ਸਟੋਰਾਂ ਦੇ ਬਾਹਰ ਲਾਈਨਾਂ ਵਿੱਚ ਖੜ੍ਹੇ ਗਾਹਕਾਂ ਦੀ ਤਸਵੀਰ ਸ਼ੇਅਰ ਕਰਦਿਆਂ ਅਦਾਕਾਰ ਨੇ ਲਿਖਿਆ, "ਨਵਾਂ ਫੋਨ, ਨਵੀਂ ਈ ਐੱਮ ਆਈ... ਪਰ ਬਿੱਲ ਉਹੀ ਪੁਰਾਣੇ! ਸ਼ਾਇਦ ਹੁਣ ਸਮਾਂ ਆ ਗਿਆ ਹੈ ਕਿ ਅਸੀਂ ਸਿਰਫ਼ ਫੋਨ ਅੱਪਗ੍ਰੇਡ ਕਰਨ ਲਈ ਹੀ ਨਹੀਂ, ਸਗੋਂ ਸਮਾਜ ਵਿੱਚ ਕੋਈ ਬਦਲਾਅ ਲਿਆਉਣ ਲਈ ਵੀ ਲਾਈਨਾਂ ਵਿੱਚ ਖੜ੍ਹੇ ਹੋਈਏ। ਅਸਲੀ ਅੱਪਗ੍ਰੇਡ ਇੱਕ ਬਿਹਤਰ ਸਮਾਜ ਬਣਾਉਣਾ ਹੈ। ਬਾਲੀਵੁੱਡ ਅਦਾਕਾਰ ਵਿੱਕੀ ਕੌਸ਼ਲ ਨਵਾਂ ਫੋਨ ਖਰੀਦਣ ਵਾਲੇ ਪਹਿਲੇ ਸਿਤਾਰਿਆਂ ਵਿੱਚੋਂ ਇੱਕ ਰਹੇ, ਜਿਨ੍ਹਾਂ ਨੂੰ ਮੁੰਬਈ ਦੇ ਐਪਲ ਬੀ.ਕੇ.ਸੀ. ਸਟੋਰ 'ਚ ਨਵੇਂ ਡਿਵਾਈਸ ਨਾਲ ਸੈਲਫ਼ੀਆਂ ਲੈਂਦੇ ਦੇਖਿਆ ਗਿਆ।

# ਅੰਮ੍ਰਿਤਸਰ 'ਚ ਏ ਐੱਸ ਆਈ ਦੀ ਹੱਤਿਆ



**ਛੇਹਰਟਾ (ਮਨੋਜ ਕੁਮਾਰ)**-ਵੀਰਵਾਰ ਰਾਤ ਪੰਜਾਬ ਪੁਲਿਸ ਦੇ ਇਕ ਏ ਐੱਸ ਆਈ ਨੂੰ ਗੋਲੀਆਂ ਮਾਰ ਕੇ ਮਾਰ ਦਿੱਤਾ ਗਿਆ। ਸ਼ਹੀਦ ਪੁਲਿਸ ਮੁਲਾਜ਼ਮ ਦੀ ਪੁਛਾਣ ਏ ਐੱਸ ਆਈ ਹਰਜੀਤ ਸਿੰਘ ਵਜੋਂ ਹੋਈ ਹੈ। ਡੀ ਜੀ ਪੀ ਗੌਰਵ ਯਾਦਵ ਨੇ ਮੌਕੇ 'ਤੇ ਦੌਰਾ ਕੀਤਾ ਤੇ ਪੀੜਤ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ। ਗੌਰਵ ਯਾਦਵ ਨੇ ਦੱਸਿਆ ਕਿ ਹਰਜੀਤ ਸਿੰਘ ਨੂੰ ਵੀਰਵਾਰ ਰਾਤ 9.30 ਵਜੇ ਦਾਣਾ ਮੰਡੀ ਭਗਤਾਂਵਾਲਾ ਵਿਚ ਡਿਊਟੀ 'ਤੇ ਭੇਜਿਆ ਗਿਆ ਸੀ। ਉਨ੍ਹਾਂ ਦੱਸਿਆ ਕਿ ਰਾਤ 1.05 ਵਜੇ 112 ਨੰਬਰ 'ਤੇ ਪੁਲਿਸ ਕੰਟਰੋਲ ਰੂਮ ਨੂੰ ਸੂਚਨਾ ਮਿਲੀ ਕਿ ਪੁਲਿਸ ਮੁਲਾਜ਼ਮ ਨੂੰ ਗੋਲੀ ਲੱਗੀ ਹੈ। ਜ਼ਖ਼ਮੀ ਹਰਜੀਤ ਸਿੰਘ ਨੂੰ ਤੁਰੰਤ ਅਮਨਦੀਪ ਹਸਪਤਾਲ ਪੁੰਚਾਇਆ ਗਿਆ, ਜਿਥੇ ਉਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਸੀ.ਸੀ.ਟੀ.ਵੀਜ਼. ਦੀ ਪੜਤਾਲ ਕਰਨ 'ਤੇ ਐਕਟਿਵਾ ਸਵਾਰ ਦੋ ਸ਼ੱਕੀ ਵਿਅਕਤੀਆਂ ਨੂੰ ਵੇਖਿਆ ਗਿਆ ਹੈ ਜਿਨ੍ਹਾਂ ਨੂੰ ਛੇਤੀ ਗ੍ਰਿਫਤਾਰ ਕਰ ਲਿਆ ਜਾਵੇਗਾ।

ਇਸੇ ਦੌਰਾਨ ਵੀਰਵਾਰ ਰਾਤ ਕਰੀਬ 10.30 ਵਜੇ ਥਾਣਾ ਇਸਲਾਮਾਬਾਦ ਅਧੀਨ ਪੈਂਦੀ ਕਬੀਰ ਪਾਰਕ ਪੁਲਿਸ ਚੌਕੀ ਤੋਂ ਕਰੀਬ 150 ਮੀਟਰ ਦੀ ਦੂਰੀ 'ਤੇ ਸਾਹਿਲਪ੍ਰੀਤ ਸਿੰਘ (24) ਵਾਸੀ ਸ੍ਰੀ ਗੁਰੂ ਹਰਿਕਿਸ਼ਨ ਨਗਰ ਨੂੰ ਘਰ ਤੋਂ ਕੁਝ ਮੀਟਰ ਦੀ ਦੂਰੀ 'ਤੇ ਐਕਟਿਵਾ 'ਤੇ ਆਏ ਦੋ ਨੌਜਵਾਨਾਂ ਨੇ ਗੋਲੀ ਮਾਰ ਕੇ ਜ਼ਖ਼ਮੀ ਕਰ ਦਿੱਤਾ। ਸਾਹਿਲਪ੍ਰੀਤ ਨੂੰ ਅਮਨਦੀਪ ਹਸਪਤਾਲ ਲਿਜਾਇਆ ਗਿਆ ਜਿਥੇ ਉਸ ਦੀ ਮੌਤ ਹੋ ਗਈ। ਸਾਹਿਲਪ੍ਰੀਤ ਸਿੰਘ ਪੁੱਤਰ ਮੁਖਤਿਆਰ ਸਿੰਘ ਮਾਪਿਆਂ ਦਾ ਇਕਲੌਤਾ ਪੁੱਤਰ ਸੀ। ਉਸ ਦਾ ਕਰੀਬ ਤਿੰਨ ਸਾਲ ਪਹਿਲਾਂ ਵਿਆਹ ਹੋਇਆ ਸੀ ਤੇ ਉਸ ਦਾ ਦੋ ਸਾਲ ਦਾ ਬੱਚਾ ਹੈ। ਸਾਹਿਲਪ੍ਰੀਤ ਡਲਿਵਰੀ ਬੁਆਏਜ਼ ਦਾ ਕੰਮ ਕਰਦਾ ਸੀ।

# ਮਾਮਲਾ ਦਰਜ ਹੋਣ ਦੇ ਇੱਕ ਮਹੀਨੇ ਬਾਅਦ ਵੀ ਨਹੀਂ ਹੋਈ ਚਾਵਲਾ ਦੀ ਗ੍ਰਿਫ਼ਤਾਰੀ



**ਰੂਪਨਗਰ :** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਅਮਰਜੀਤ ਸਿੰਘ ਚਾਵਲਾ ਖ਼ਿਲਾਫ਼ ਸੰਗੀਨ ਧਾਰਾਵਾਂ ਹੇਠ ਐੱਫ.ਆਈ.ਆਰ. ਦਰਜ ਹੋਣ ਦੇ ਲਗਭਗ ਇੱਕ ਮਹੀਨੇ ਬਾਅਦ ਵੀ ਗ੍ਰਿਫ਼ਤਾਰੀ ਨਾ ਹੋਣ 'ਤੇ ਸਵਾਲ ਉੱਠਣੇ ਸ਼ੁਰੂ ਹੋ ਗਏ ਹਨ। ਇਹ ਮਾਮਲਾ 21 ਅਗਸਤ ਨੂੰ ਥਾਣਾ ਆਨੰਦਪੁਰ ਸਾਹਿਬ ਵਿਖੇ ਦਰਜ ਕੀਤਾ ਗਿਆ ਸੀ ਪਰ ਰੂਪਨਗਰ ਪੁਲੀਸ ਦਾ ਕਹਿਣਾ ਹੈ ਕਿ ਮਾਮਲੇ ਦੀ ਜਾਂਚ ਚੱਲ ਰਹੀ ਹੈ ਅਤੇ ਸਬੂਤ ਇਕੱਠੇ ਕੀਤੇ ਜਾ ਰਹੇ ਹਨ। ਇਹ ਮਾਮਲਾ ਭਾਰਤੀ ਨਿਆਂ ਸੰਹਿਤਾ ਦੀਆਂ ਧਾਰਾਵਾਂ 64 (ਜਬਰ-ਜ਼ਨਾਹ), 127(2) (ਗ਼ੈਰ-ਕਾਨੂੰਨੀ ਢੰਗ ਨਾਲ ਹਿਰਾਸਤ 'ਚ ਰੱਖਣਾ) ਅਤੇ 351(2) (ਧਮਕਾਉਣਾ) ਹੇਠ ਦਰਜ ਕੀਤਾ ਗਿਆ ਹੈ। ਜਾਂਚ ਸਹਾਇਕ ਸਬ-ਇੰਸਪੈਕਟਰ ਨੀਲਮ ਰਾਣੀ ਨੂੰ ਸੌਂਪੀ ਗਈ ਹੈ। ਸੰਗਰੂਰ ਜ਼ਿਲ੍ਹੇ ਦੀ ਰਹਿਣ ਵਾਲੀ ਪੀੜਤਾ ਨੇ ਆਪਣੀ ਸ਼ਿਕਾਇਤ ਵਿਚ 27 ਫ਼ਰਵਰੀ ਤੋਂ 19 ਅਗਸਤ ਦਰਮਿਆਨ ਸਰੀਰਕ ਸ਼ੋਸ਼ਣ ਅਤੇ ਧਮਕੀਆਂ ਦੇ ਦੋਸ਼ ਲਗਾਏ ਹਨ, ਜਿਸ ਵਿੱਚ ਆਨੰਦਪੁਰ ਸਾਹਿਬ ਦੇ ਭਾਈ ਬਚਿੱਤਰ ਸਿੰਘ ਯਾਤਰੀ ਨਿਵਾਸ ਵਿਖੇ ਵਾਪਰੀ ਇੱਕ ਘਟਨਾ ਵੀ ਸ਼ਾਮਲ ਹੈ। ਸੂਤਰਾਂ ਮੁਤਾਬਕ ਚਾਵਲਾ 14 ਅਪਰੈਲ ਨੂੰ ਹੀ ਕੈਨੇਡਾ ਚਲਾ ਗਿਆ ਸੀ, ਜਦੋਂ ਕਿ ਪੁਲੀਸ ਨੇ ਉਨ੍ਹਾਂ ਦੀ ਮੌਜੂਦਾ ਸਥਿਤੀ ਬਾਰੇ ਕੋਈ ਅਧਿਕਾਰਤ ਜਾਣਕਾਰੀ ਨਹੀਂ ਦਿੱਤੀ ਹੈ।

# ਗੱਠਜੋੜ ਦੀ ਚਰਚਾ ਹਵਾਈ ਗੱਲਾਂ : ਮਨਪ੍ਰੀਤ ਇਆਲੀ

**ਲੁਧਿਆਣਾ :** ਕਿਸੇ ਵੀ ਮੁੱਖ ਧਾਰਾ ਦੀ ਸਿਆਸੀ ਪਾਰਟੀ ਨਾਲ ਗਠਜੋੜ ਕਰਨ ਦੀਆਂ ਅਫ਼ਵਾਹਾਂ ਅਤੇ ਅਟਕਲਾਂ ਨੂੰ ਸਿਰੇ ਤੋਂ ਖਾਰਜ ਕਰਦਿਆਂ 'ਵਾਰਿਸ ਪੰਜਾਬ ਦੇ' ਆਗੂ ਮਨਪ੍ਰੀਤ ਸਿੰਘ ਇਆਲੀ ਨੇ ਸਪੱਸ਼ਟ ਕੀਤਾ ਹੈ ਕਿ ਕਿਸੇ ਨਾਲ ਵੀ ਸਮਝੌਤੇ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ। ਉਨ੍ਹਾ ਕਿਹਾ ਕਿ ਹੋਰਨਾਂ ਪਾਰਟੀਆਂ ਨਾਲ ਹੱਥ ਮਿਲਾਉਣ ਦੀਆਂ ਚਰਚਾਵਾਂ ਮਹਿਜ਼ ਹਵਾਈ ਗੱਲਾਂ ਹਨ, ਜਦੋਂ ਕਿ 'ਵਾਰਿਸ ਪੰਜਾਬ ਦੇ' ਇੱਕ 'ਪੰਥਕ ਧਿਰ' ਹੈ ਜੋ ਹਮੇਸ਼ਾ 'ਸੰਗਤ' ਦੇ ਫ਼ੈਸਲੇ ਅਨੁਸਾਰ ਹੀ ਅੱਗੇ ਵਧੇਗੀ। ਇਨ੍ਹਾਂ ਚਰਚਾਵਾਂ ਬਾਰੇ ਪੁੱਛੇ ਜਾਣ 'ਤੇ ਕਿ 'ਵਾਰਿਸ ਪੰਜਾਬ ਦੇ' ਜਾਂ ਇਆਲੀ ਭਾਰਤੀ ਜਨਤਾ ਪਾਰਟੀ (ਭਾਜਪਾ) ਨਾਲ ਮਿਲ ਕੇ ਚੋਣਾਂ ਲੜ ਸਕਦੇ ਹਨ, ਇਆਲੀ ਨੇ ਕਿਹਾ ਕਿ ਜੇਕਰ ਅਜਿਹਾ ਹੁੰਦਾ ਹੈ ਤਾਂ ਪਾਰਟੀ ਨੂੰ ਪਿੰਡਾਂ ਵਿੱਚੋਂ ਇੱਕ ਵੀ ਵੋਟ ਨਹੀਂ ਮਿਲੇਗੀ। ਉਨ੍ਹਾ ਕਿਹਾ, "ਸਾਡੀ ਸਭ ਤੋਂ ਵੱਡੀ ਤਾਕਤ ਪਿੰਡਾਂ ਦੀ ਆਬਾਦੀ ਅਤੇ ਦਿਹਾਤੀ ਨੌਜਵਾਨ ਹਨ, ਜੋ ਭਾਈ ਅੰਮ੍ਰਿਤਪਾਲ ਸਿੰਘ ਦੀ ਸੋਚ ਨਾਲ ਜੁੜੇ ਹੋਏ ਹਨ।"

# ਮੇਰੇ ਕਾਫਲੇ 'ਤੇ ਆਪ ਵਰਕਰਾਂ ਨੇ ਹਮਲਾ ਕੀਤਾ : ਬਿੱਟੂ



**ਪਠਾਨਕੋਟ (ਨ ਜ਼ ਸ)**
ਭਾਜਪਾ ਆਗੂ ਰਵਨੀਤ ਸਿੰਘ ਬਿੱਟੂ ਨੇ ਸ਼ੁੱਕਰਵਾਰ ਦੋਸ਼ ਲਾਇਆ ਕਿ ਪਾਰਟੀ ਦੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦੇ ਉਦਘਾਟਨ ਵਿੱਚ ਸ਼ਾਮਲ ਹੋਣ ਲਈ ਪਠਾਨਕੋਟ ਆਉਂਦਿਆਂ ਉਨ੍ਹਾ ਦੇ ਕਾਫਲੇ 'ਤੇ 'ਆਪ' ਵਰਕਰਾਂ ਨੇ ਹਮਲਾ ਕੀਤਾ। ਵਿਧਾਇਕ ਸ਼ੈਰੀ ਨੇ ਹਮਲਾਵਰਾਂ ਨੂੰ ਭੇਜਿਆ ਸੀ। ਬਿੱਟੂ ਨੇ ਦਾਅਵਾ ਕੀਤਾ ਕਿ ਬਟਾਲਾ ਨੇੜੇ ਆਮ ਆਦਮੀ ਪਾਰਟੀ ਦੇ 100 ਤੋਂ ਵੱਧ ਵਰਕਰਾਂ ਵੱਲੋਂ ਕਾਫਲੇ 'ਤੇ ਪੱਥਰਾਂ ਅਤੇ ਆਂਡਿਆਂ ਨਾਲ ਹਮਲਾ ਕੀਤਾ ਗਿਆ, ਜਿਸ ਨਾਲ ਦੋ ਸੁਰੱਖਿਆ ਵਾਹਨਾਂ ਦੇ ਸ਼ੀਸ਼ੇ ਟੁੱਟ ਗਏ ਅਤੇ ਜੈਮਰ ਵਾਲੀ ਗੱਡੀ ਦਾ ਵੀ ਨੁਕਸਾਨ ਹੋਇਆ। ਸਥਾਨਕ ਪੁਲਸ ਖਾਮੋਸ਼ ਤਮਾਸ਼ਾਈ ਬਣੀ ਰਹੀ ਅਤੇ ਉਨ੍ਹਾਂ ਦੀ ਸੁਰੱਖਿਆ ਟੀਮ ਨੇ ਮੌਕੇ ਤੋਂ ਤਿੰਨ ਵਿਅਕਤੀਆਂ ਨੂੰ ਕਾਬੂ ਕਰ ਲਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾ ਕਿਹਾ ਕਿ ਉਨ੍ਹਾ ਇਸ ਪੂਰੇ ਮਾਮਲੇ ਬਾਰੇ ਕੇਂਦਰੀ ਗ੍ਰਹਿ ਮੰਤਰਾਲੇ ਨੂੰ ਜਾਣੂ ਕਰਵਾ ਦਿੱਤਾ ਹੈ ਅਤੇ ਚਿਤਾਵਨੀ ਦਿੱਤੀ ਹੈ ਕਿ ਜੇ ਉਨ੍ਹਾ ਨੂੰ ਜਾਂ ਉਨ੍ਹਾ ਦੇ ਸਾਥੀਆਂ ਨੂੰ ਕੋਈ ਨੁਕਸਾਨ ਪਹੁੰਚਦਾ ਹੈ ਤਾਂ ਇਸ ਲਈ ਮੁੱਖ ਮੰਤਰੀ ਭਗਵੰਤ ਮਾਨ ਅਤੇ ਸੂਬੇ ਦੇ ਡੀ ਜੀ ਪੀ ਜ਼ਿੰਮੇਵਾਰ ਹੋਣਗੇ। ਉਨ੍ਹਾ ਪੰਜਾਬ ਸਰਕਾਰ ਤੋਂ ਘਟਨਾ ਦੀ ਤੁਰੰਤ ਜਾਂਚ ਦੀ ਮੰਗ ਕੀਤੀ।

# ਖ਼ੁਦ ਨੂੰ ਵਧੀਆ ਮਹਿਸੂਸ ਕਰਨਾ ਹੀ ਖ਼ੂਬਸੂਰਤੀ

**ਚੰਡੀਗੜ੍ਹ :** ਬੱਚੇ ਦੇ ਜਨਮ ਤੋਂ ਬਾਅਦ ਵਧੇ ਵਜ਼ਨ (ਪੋਸਟਮਾਰਟਮ ਵੇਟ) ਕਾਰਨ ਲਗਾਤਾਰ ਟਰੋਲਿੰਗ ਦਾ ਸਾਹਮਣਾ ਕਰ ਰਹੀ ਬੌਲੀਵੁੱਡ ਅਦਾਕਾਰਾ ਕੈਟਰੀਨਾ ਕੈਫ ਨੇ ਇੱਕ ਇੰਟਰਵਿਊ ਦੌਰਾਨ ਖ਼ੂਬਸੂਰਤ ਦਿਸਣ ਦੇ ਬਦਲਦੇ ਮਾਇਨਿਆਂ 'ਤੇ ਆਪਣੀ ਰਾਏ ਸਾਂਝੀ ਕੀਤੀ ਹੈ। ਸੋਸ਼ਲ ਮੀਡੀਆ 'ਤੇ ਹੋ ਰਹੀ ਭਾਰੀ ਟਰੋਲਿੰਗ ਦੇ ਵਿਚਾਲੇ ਕੈਟਰੀਨਾ ਨੇ ਕਿਹਾ, "ਮਾਡਲਿੰਗ ਅਤੇ ਐਕਟਿੰਗ ਦੇ ਸ਼ੁਰੂਆਤੀ ਦਿਨਾਂ ਨਾਲੋਂ ਹੁਣ ਮੇਰੀ ਸੋਚ ਵਿੱਚ ਬਹੁਤ ਬਦਲਾਅ ਆਇਆ ਹੈ। ਉਦੋਂ ਖ਼ੂਬਸੂਰਤੀ ਦੇ ਕੁਝ ਖ਼ਾਸ ਪੈਮਾਨੇ ਤੈਅ ਸਨ, ਪਰ ਹੁਣ ਮੇਰੇ ਲਈ ਸਭ ਤੋਂ ਵਧੀਆ ਦਿਸਣ ਦਾ ਮਤਲਬ ਹੈ ਖ਼ੁਦ ਨੂੰ ਅੰਦਰੋਂ ਬਿਹਤਰ ਮਹਿਸੂਸ ਕਰਨਾ।" ਅਦਾਕਾਰਾ ਨੇ ਅੱਗੇ ਦੱਸਿਆ ਕਿ ਸਹੀ ਖ਼ੁਰਾਕ, ਸਰੀਰ ਦੀ ਸੋਜਸ਼ ਨੂੰ ਕੰਟਰੋਲ 'ਚ ਰੱਖਣਾ, ਸਰਗਰਮ ਰਹਿਣਾ, ਧਿਆਨ ਲਗਾਉਣਾ, ਸਵੇਰੇ ਫੋਨ ਤੋਂ ਦੂਰ ਰਹਿ ਕੇ ਕੁਦਰਤੀ ਧੁੱਪ ਲੈਂਦਿਆਂ ਦਿਨ ਦੀ ਸ਼ੁਰੂਆਤ ਕਰਨਾ, ਇਹ ਸਭ ਗੱਲਾਂ ਤੁਹਾਡੀ ਤੰਦਰੁਸਤੀ ਅਤੇ ਚਮੜੀ ਲਈ ਬਹੁਤ ਫ਼ਾਇਦੇਮੰਦ ਹੁੰਦੀਆਂ ਹਨ। ਜਦੋਂ ਤੁਸੀਂ ਅੰਦਰੋਂ ਸਿਹਤਮੰਦ ਮਹਿਸੂਸ ਕਰਦੇ ਹੋ, ਤਾਂ ਉਹ ਆਤਮਵਿਸ਼ਵਾਸ ਤੁਹਾਡੇ ਚਿਹਰੇ 'ਤੇ ਆਪਣੇ-ਆਪ ਝਲਕਦਾ ਹੈ। ਕੈਟਰੀਨਾ ਕੈਫ ਨੇ 7 ਨਵੰਬਰ 2025 ਨੂੰ ਆਪਣੇ ਬੇਟੇ 'ਵਿਹਾਨ' ਨੂੰ ਜਨਮ ਦਿੱਤਾ ਸੀ। ਅਜੇ ਬੱਚੇ ਦੇ ਜਨਮ ਨੂੰ ਇੱਕ ਸਾਲ ਵੀ ਨਹੀਂ ਹੋਇਆ ਹੈ, ਪਰ ਸੋਸ਼ਲ ਮੀਡੀਆ 'ਤੇ ਕੁਝ ਯੂਜ਼ਰਜ਼ ਵੱਲੋਂ ਉਨ੍ਹਾਂ ਦੀਆਂ ਪੁਰਾਣੀਆਂ ਅਤੇ ਮੌਜੂਦਾ ਤਸਵੀਰਾਂ ਦੀ ਤੁਲਨਾ ਕਰਕੇ ਘਟੀਆ ਟਿੱਪਣੀਆਂ ਕੀਤੀਆਂ ਜਾ ਰਹੀਆਂ ਹਨ।

# ਆਪ ਦੀ 'ਮਾਨ ਦੇ ਮੁਨਾਫ਼ੇ' ਮੁਹਿੰਮ ਭਲਕ ਤੋਂ




**ਚੰਡੀਗੜ੍ਹ (ਗੁਰਜੀਤ ਬਿੱਲਾ)**
ਆਦਮੀ ਪਾਰਟੀ ਪਾਰਟੀ ਵਿਧਾਨ ਸਭਾ ਚੋਣਾਂ ਦੀ ਤਿਆਰੀ ਵਜੋਂ 20 ਸਤੰਬਰ ਤੋਂ 'ਮਾਨ ਦੇ ਮੁਨਾਫ਼ੇ' ਮੁਹਿੰਮ ਵਿੱਢੇਗੀ। ਇਸ ਮੁਹਿੰਮ ਤਹਿਤ ਹਰ ਘਰ ਨੂੰ ਜਾਣੂ ਕਰਾਇਆ ਜਾਵੇਗਾ ਕਿ ਕਿਵੇਂ ਉਨ੍ਹਾਂ ਦੇ ਪਰਵਾਰ ਨੂੰ 'ਆਪ' ਸਰਕਾਰ ਦੌਰਾਨ ਸਾਲਾਨਾ 1.82 ਲੱਖ ਰੁਪਏ ਦਾ ਵਿੱਤੀ ਫ਼ਾਇਦਾ ਹੋਇਆ ਹੈ। ਇਸ ਮੁਹਿੰਮ ਤਹਿਤ 'ਆਪ' ਦੇ ਵਲੰਟੀਅਰ ਹੁਣ 'ਡੋਰ ਟੂ ਡੋਰ' ਜਾਣਗੇ ਅਤੇ ਹਰ ਘਰ ਨੂੰ 'ਆਪ' ਸਰਕਾਰ ਦੀਆਂ ਸਾਢੇ ਚਾਰ ਸਾਲਾਂ ਦੀਆਂ ਪ੍ਰਾਪਤੀਆਂ ਤੋਂ ਜਾਣੂ ਕਰਾਉਣਗੇ। ਪਾਰਟੀ ਦੇ ਪੰਜਾਬ ਇੰਚਾਰਜ ਮੁਨੀਸ਼ ਸਿਸੋਦੀਆ, 'ਆਪ' ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਤੇ ਵਰਕਿੰਗ ਪ੍ਰਧਾਨ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਐਤਵਾਰ ਨੂੰ ਇੱਥੇ ਨਵੀਂ ਮੁਹਿੰਮ ਤੋਂ ਜਾਣੂ ਕਰਾਇਆ। ਉਨ੍ਹਾਂ ਦੱਸਿਆ ਕਿ ਪੰਜਾਬ 'ਚ 25,332 ਪੋਲਿੰਗ ਬੂਥ ਹਨ ਅਤੇ ਇਨ੍ਹਾਂ ਬੂਥਾਂ ਦੀਆਂ ਕਮੇਟੀਆਂ ਬਣੀਆਂ ਹੋਈਆਂ ਹਨ। ਕਰੀਬ 2.68 ਲੱਖ ਵਲੰਟੀਅਰ ਇਨ੍ਹਾਂ ਕਮੇਟੀਆਂ ਨਾਲ ਜੁੜੇ ਹੋਏ ਹਨ। ਇਹ ਵਲੰਟੀਅਰ ਹੀ 20 ਸਤੰਬਰ ਤੋਂ ਸਮੁੱਚੇ ਪੰਜਾਬ ਦਾ ਹਰ ਬੂਹਾ ਖੜਕਾਉਣਗੇ।

## ਅੱਜ-ਨਾਮਾ

ਤ੍ਰਿਣਮੂਲ ਪਾਰਟੀ ਜੋ ਮਮਤਾ ਬੈਨਰਜੀ ਦੀ,
ਹਾਰਨ ਮਗਰੋਂ ਉਹ ਇੱਕ ਨਾ ਰਹੀ ਮੀਆਂ।
ਟੁੱਟੇ ਐੱਮ ਪੀ ਜਾਂ ਟੁੱਟੇ ਵਿਧਾਇਕ ਬਹੁਤੇ,
ਆਪਣੀ ਗੱਲ ਬੀਬੀ ਗਈ ਹੈ ਕਹੀ ਮੀਆਂ।
ਕੇਸ ਆ ਪੁੱਜਾ ਸਪੀਕਰ ਕੋਲ ਦੋਂਹ ਥਾਂਈਂ,
ਲੱਗੇ ਫੋਲਣ ਉਹ ਖਾਤਾ ਹਰ ਵਹੀ ਮੀਆਂ।
ਚੋਣ ਕਮਿਸ਼ਨ ਦੇ ਕੋਲ ਜਦ ਗੱਲ ਪਹੁੰਚੀ,
ਉਹਨੇ ਪਾ'ਤੀ ਹੈ ਪਾਟਕ 'ਤੇ ਸਹੀ ਮੀਆਂ।
ਪੁਰਾਣੀ ਪਾਰਟੀ ਪਹਿਲੀ ਨਹੀਂ ਰਹੀ ਦਿੱਸੇ,
ਕਰ'ਤੇ ਗਏ ਵੱਖ ਆ ਧੜੇ ਪ੍ਰਵਾਨ ਮੀਆਂ।
ਕਾਟਾ ਭਵਿੱਖ ਦਾ ਮਾਰਨਾ ਬਾਅਦ ਬੇਸ਼ੱਕ,
ਅੱਧੀ ਖਿੱਚ ਲਈ ਮਮਤਾ ਦੀ ਜਾਨ ਮੀਆਂ।

-ਤੀਸ ਮਾਰ ਖਾਂ

# ਕੈਨੇਡਾ ਦਾ ਪੀ ਆਰ ਨੌਜਵਾਨ ਦੋ ਗ੍ਰਨੇਡਾਂ ਸਣੇ ਕਾਬੂ

**ਫ਼ਰੀਦਕੋਟ :** ਕੈਨੇਡਾ ਤੋਂ 5 ਦਿਨ ਪਹਿਲਾਂ ਪਰਤਿਆ ਨੌਜਵਾਨ ਪੰਜਾਬ ਪੁਲਸ ਦੇ ਕਾਊਂਟਰ ਇੰਟੈਲੀਜੈਂਸ ਵਿੰਗ ਦੇ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ ਨੇ ਇੱਥੇ ਨਹਿਰੂ ਸਟੇਡੀਅਮ ਨੇੜਿਓਂ ਦੋ ਗ੍ਰਨੇਡਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ।

ਮੁਜ਼ਲਮ ਦੀ ਪਛਾਣ ਨਵਜੋਤ ਸਿੰਘ ਉਰਫ਼ ਨਵ ਵਜੋਂ ਹੋਈ ਹੈ, ਜੋ ਕੈਨੇਡਾ ਦਾ ਪੱਕਾ ਨਿਵਾਸੀ ਹੈ, ਜਿਸ ਦੇ ਮਾਪੇ ਗੁਰੂ ਅਰਜਨ ਦੇਵ ਨਗਰ, ਫ਼ਰੀਦਕੋਟ ਵਿੱਚ ਰਹਿੰਦੇ ਹਨ। ਸਟੇਟ ਸਪੈਸ਼ਲ ਅਪਰੇਸ਼ਨ ਸੈੱਲ ਪੁਲਸ ਸਟੇਸ਼ਨ ਫਾਜ਼ਿਲਕਾ ਵਿਖੇ ਦਰਜ ਐੱਫ.ਆਈ.ਆਰ. ਦੇ ਅਨੁਸਾਰ ਸ਼ੱਕ ਹੈ ਕਿ ਮੁਲਜ਼ਮ ਦੇ ਪਾਕਿਸਤਾਨ ਸਥਿਤ ਅੱਤਵਾਦੀ ਮੌਡਿਊਲਾਂ ਅਤੇ ਸਰਹੱਦ ਪਾਰ ਸਰਗਰਮ ਦੇਸ਼ ਵਿਰੋਧੀ ਅਨਸਰਾਂ ਨਾਲ ਸੰਬੰਧ ਹਨ।

ਮੁਲਜ਼ਮ ਦੇ ਪਿਤਾ ਸੂਬਾ ਸਿੰਘ ਨੇ ਇਨਸਾਫ ਦੀ ਮੰਗ ਕਰਦਿਆਂ ਕਿਹਾ ਹੈ ਕਿ ਉਨ੍ਹਾਂ ਦਾ ਪੁੱਤਰ 12 ਸਤੰਬਰ ਨੂੰ ਭਾਰਤ ਪਰਤਿਆ ਸੀ ਅਤੇ ਵੀਰਵਾਰ ਸ਼ਾਮ ਨੂੰ ਉਸ ਨੇ ਉਨ੍ਹਾਂ ਨੂੰ ਦੱਸਿਆ ਕਿ ਇੱਕ ਕੋਰੀਅਰ ਆ ਰਿਹਾ ਹੈ। ਉਹ ਦੋਵੇਂ ਇਸ ਨੂੰ ਲੈਣ ਲਈ ਸਦਿਸ਼ ਚੌਕ ਗਏ, ਜਿੱਥੇ ਉਨ੍ਹਾਂ ਦਾ ਦਾਅਵਾ ਹੈ ਕਿ ਪੁਲਸ ਨੇ ਉਨ੍ਹਾਂ ਨੂੰ ਫੜ ਲਿਆ; ਜਦੋਂ ਕਿ ਉਸ ਨੂੰ ਉਸੇ ਰਾਤ ਛੱਡ ਦਿੱਤਾ ਗਿਆ, ਜਦ ਕਿ ਪੁੱਤਰ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ।

# ਮੈਂ ਕਿਸਾਨਾਂ ਦਾ ਮਿੱਤਰ ਕੀੜਾ ਪਰ ਮੇਰੇ 'ਤੇ ਹੀ ਸਪਰੇਅ ਕਰ ਦਿੰਦੇ : ਮਾਨ



**ਲੁਧਿਆਣਾ (ਰੈਕਟਰ ਕਥੂਰੀਆ)**
ਕਿਸਾਨਾਂ ਦੇ ਭਾਰੀ ਇਕੱਠ ਨਾਲ ਸ਼ੁੱਕਰਵਾਰ ਪੀ ਏ ਯੂ ਦਾ ਦੋ ਰੋਜ਼ਾ ਕਿਸਾਨ ਮੇਲਾ ਅਰੰਭ ਹੋ ਗਿਆ। ਮੁੱਖ ਮੰਤਰੀ ਭਗਵੰਤ ਮਾਨ ਨੇ ਮੇਲੇ ਦਾ ਉਦਘਾਟਨ ਕਰਨ ਦੇ ਨਾਲ-ਨਾਲ ਅਗਾਂਹਵਧੂ ਕਿਸਾਨਾਂ ਤੇ ਖੇਤੀ ਵਿੱਚ ਉੱਘਾ ਯੋਗਦਾਨ ਪਾਉਣ ਵਾਲੇ ਮਾਹਰਾਂ ਨੂੰ ਸਨਮਾਨਤ ਵੀ ਕੀਤਾ। ਮੁੱਖ ਮੰਤਰੀ ਨੇ ਕਿਸਾਨ ਯੂਨੀਅਨਾਂ ਨੂੰ ਧਰਨੇ ਲਾਉਣ ਦੀ ਥਾਂ ਉਨ੍ਹਾ ਨਾਲ ਸਿੱਧੇ ਮਿਲ ਕੇ ਮੰਗਾਂ 'ਤੇ ਵਿਚਾਰ ਕਰਨ ਦੀ ਅਪੀਲ ਕੀਤੀ। ਉਨ੍ਹਾ ਕਿਹਾ, "ਤੁਸੀਂ ਪਹਿਲਾਂ ਪ੍ਰੋਟੈੱਸਟ ਕਰਦੇ ਹੋ ਤੇ ਫਿਰ ਕਹਿੰਦੇ ਹੋ ਕਿ ਮੀਟਿੰਗ ਕਰੋ। ਤੁਸੀਂ ਪਹਿਲਾਂ ਹੀ ਮੇਰੇ ਕੋਲ ਆਓ। ਮੈਂ ਕਿਸਾਨਾਂ ਦਾ ਮਿੱਤਰ ਕੀੜਾ ਹਾਂ ਪਰ ਤੁਸੀਂ ਮੇਰੇ 'ਤੇ ਹੀ ਸਪਰੇਅ ਕਰਦੇ ਹੋ।"

ਮਾਨ ਨੇ ਨਹਿਰੀ ਪਾਣੀ ਨੂੰ ਸੁਚੱਜੇ ਤਰੀਕੇ ਨਾਲ ਕਿਸਾਨਾਂ ਦੇ ਖੇਤਾਂ ਤੱਕ ਪਹੁੰਚਾਉਣ ਲਈ ਸਰਕਾਰੀ ਕੋਸ਼ਿਸ਼ਾਂ ਦਾ ਹਵਾਲਾ ਦਿੱਤਾ। ਉਨ੍ਹਾਂ ਕਿਹਾ ਕਿ 22 ਫੀਸਦੀ ਵਰਤੋਂ ਯੋਗ ਪਾਣੀ ਨੂੰ 88 ਫੀਸਦੀ ਤੱਕ ਵਧਾ ਦੇਣਾ ਨਾ ਸਿਰਫ ਧਰਤੀ ਹੇਠਲੇ ਪਾਣੀ ਦੀ ਖਪਤ ਨੂੰ ਘੱਟ ਕਰਨ ਵਾਲਾ ਤੱਤ ਹੈ ਬਲਕਿ ਇਸ ਨਾਲ ਕੁਦਰਤੀ ਪੋਸ਼ਕ ਤੱਤ ਵੀ ਫਸਲਾਂ ਨੂੰ ਮਿਲਦੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਸਮੱਸਿਆਵਾਂ ਅਤੇ ਹੱਲ ਵਿਚਕਾਰ ਜੋ ਅੰਤਰ ਹੈ, ਉਸਨੂੰ ਘਟਾਉਣ ਲਈ ਸਾਡੀ ਸਰਕਾਰ ਅਤੇ ਪੀ ਏ ਯੂ ਮਾਹਰਾਂ ਨੂੰ ਸਿਰਤੋੜ ਕੋਸ਼ਿਸ਼ ਕਰਨੀ ਪਵੇਗੀ। ਉਨ੍ਹਾ ਕਿਹਾ ਕਿ ਦਾਲਾਂ ਅਤੇ ਹੋਰ ਫਸਲਾਂ 'ਤੇ ਘੱਟੋ-ਘੱਟ ਸਮਰਥਨ ਮੁੱਲ ਅਤੇ ਮੰਡੀਕਰਨ ਗੰਭੀਰ ਸਮੱਸਿਆ ਬਣੀ ਹੋਈ ਹੈ।

ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਪਰਾਲੀ ਦੀ ਸੰਭਾਲ ਲਈ ਕਿਸਾਨਾਂ ਦੇ ਸਹਿਯੋਗ ਦੀ ਸਖਤ ਲੋੜ ਹੈ।

ਮੁੱਖ ਮੰਤਰੀ ਵੱਲੋਂ ਸਨਮਾਨੇ ਜਾਣ ਵਾਲਿਆਂ ਵਿੱਚ ਮਨਦੀਪ ਸਿੰਘ ਖੱਟੜਾ, ਕੁਲਵਿੰਦਰ ਸਿੰਘ, ਬਲਧੀਰ ਸਿੰਘ, ਗੁਰਦਿਆਲ ਸਿੰਘ, ਗੁਰਮੀਤ ਸਿੰਘ, ਜੋਬਨਜੀਤ ਸਿੰਘ, ਮਨਪ੍ਰੀਤ ਸਿੰਘ ਅਤੇ ਪਿੰਡ ਮੋਹੀ ਕਲਾਂ ਜ਼ਿਲ੍ਹਾ ਪਟਿਆਲਾ ਦੀ ਪੰਚਾਇਤ ਸ਼ਾਮਲ ਹੈ।

# ਬ੍ਰਿਟਿਸ਼ ਨਾਗਰਿਕ ਜਗਤਾਰ ਜੌਹਲ ਨੂੰ ਜ਼ਮਾਨਤ



**ਨਵੀਂ ਦਿੱਲੀ :** ਦਿੱਲੀ ਹਾਈ ਕੋਰਟ ਨੇ ਸ਼ੁੱਕਰਵਾਰ ਨੂੰ ਬਰਤਾਨਵੀ ਨਾਗਰਿਕ ਜਗਤਾਰ ਸਿੰਘ ਜੌਹਲ ਨੂੰ ਪੰਜਾਬ ਵਿੱਚ ਕਥਿਤ ਟਾਰਗੇਟ ਕਿਲਿੰਗ ਅਤੇ ਜਾਨੋਂ ਮਾਰਨ ਦੀਆਂ ਕੋਸ਼ਿਸ਼ਾਂ ਨਾਲ ਸੰਬੰਧਤ ਸੱਤ ਮਾਮਲਿਆਂ ਵਿੱਚ ਜ਼ਮਾਨਤ ਦੇ ਦਿੱਤੀ ਹੈ, ਜਿਨ੍ਹਾਂ ਵਿੱਚ ਗੈਰ-ਕਾਨੂੰਨੀ ਗਤੀਵਿਧੀਆਂ (ਰੋਕਥਾਮ) ਐਕਟ (ਯੂ.ਏ.ਪੀ.ਏ.) ਤਹਿਤ ਦਰਜ ਮਾਮਲੇ ਵੀ ਸ਼ਾਮਲ ਹਨ। ਜਸਟਿਸ ਨਵੀਨ ਚਾਵਲਾ ਅਤੇ ਜਸਟਿਸ ਰਵਿੰਦਰ ਡੁਡੇਜਾ ਦੇ ਡਵੀਜ਼ਨ ਬੈਂਚ ਨੇ ਵਿਚਾਰ ਅਧੀਨ 7 ਮਾਮਲਿਆਂ ਵਿੱਚ ਜੌਹਲ ਦੀਆਂ ਜ਼ਮਾਨਤ ਅਪੀਲਾਂ 'ਤੇ ਵਿਚਾਰ ਕਰਨ ਤੋਂ ਬਾਅਦ ਇਹ ਹੁਕਮ ਸੁਣਾਇਆ। ਹਾਈ ਕੋਰਟ ਨੇ ਮਾਮਲਿਆਂ ਵਿੱਚ ਦਲੀਲਾਂ ਸੁਣਨ ਤੋਂ ਬਾਅਦ 7 ਸਤੰਬਰ ਨੂੰ ਆਪਣਾ ਫ਼ੈਸਲਾ ਰਾਖਵਾਂ ਰੱਖ ਲਿਆ ਸੀ। ਜੌਹਲ 2017 ਵਿੱਚ ਪੰਜਾਬ ਵਿੱਚ ਆਪਣੀ ਗ੍ਰਿਫ਼ਤਾਰੀ ਤੋਂ ਬਾਅਦ ਹਿਰਾਸਤ ਵਿੱਚ ਹੈ। ਇਹ ਮਾਮਲੇ 2016-17 ਦੌਰਾਨ ਲੁਧਿਆਣਾ ਅਤੇ ਜਲੰਧਰ ਜ਼ਿਲ੍ਹਿਆਂ ਵਿੱਚ ਸਾਹਮਣੇ ਆਈਆਂ ਕਥਿਤ ਟਾਰਗੇਟ ਕਿਲਿੰਗ ਅਤੇ ਜਾਨੋਂ ਮਾਰਨ ਦੀਆਂ ਕੋਸ਼ਿਸ਼ਾਂ ਦੀ ਲੜੀ ਨਾਲ ਸੰਬੰਧਤ ਹਨ।

## ਭਗਵਾਨ ਵਿਸ਼ਵਕਰਮਾ ਜੀ ਦਾ ਜਨਮ ਉਤਸਵ ਧੂਮਧਾਮ ਨਾਲ ਮਨਾਇਆ



**ਧੂਰੀ (ਸੁਖਦੇਵ ਧੂਰੀ)**-ਵਿਸ਼ਵਕਰਮਾ ਕਾਰਪੇਂਟਰ ਐਸੋਸੀਏਸ਼ਨ ਧੂਰੀ ਤੇ ਪਿਡੀਲਾਈਟ ਫੈਵੀਕੋਲ ਕੰਪਨੀ ਵੱਲੋਂ ਭਗਵਾਨ ਵਿਸ਼ਵਕਰਮਾ ਜੀ ਦਾ ਜਨਮ ਉਤਸਵ ਸਥਾਨਕ ਵਿਸ਼ਵਕਰਮਾ ਮੰਦਰ ਧੂਰੀ ਵਿਖੇ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਐਸੋਸੀਏਸ਼ਨ ਦੇ ਪ੍ਰਧਾਨ ਹਰਪ੍ਰੀਤ ਸਿੰਘ, ਸਮੂਹ ਟੀਮ ਤੇ ਪਿਡੀਲਾਈਟ ਫੈਵੀਕੋਲ ਕੰਪਨੀ ਦੀ ਅਗਵਾਈ ਹੇਠ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਸਮਾਗਮ ਦੌਰਾਨ ਭਗਵਾਨ ਵਿਸ਼ਵਕਰਮਾ ਜੀ ਦੀ ਪੂਜਾ-ਅਰਚਨਾ ਕਰਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਕਾਰ ਪੈਂਟਰ ਭਾਈਚਾਰੇ ਤੇ ਐਸੋਸੀਏਸ਼ਨ ਨਾਲ ਜੁੜੇ ਮੈਂਬਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਭਗਵਾਨ ਵਿਸ਼ਵਕਰਮਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਸਮਾਗਮ ਵਿੱਚ ਪਿਡੀਲਾਈਟ ਫੈਵੀਕੋਲ ਕੰਪਨੀ ਦੇ ਡੀਲਰ ਦਰਸ਼ਨ ਕੁਮਾਰ ਕਰੀ ਚੂਨੇ ਵਾਲੇ ਵੱਲੋਂ ਵੀ ਵਿਸ਼ੇਸ਼ ਸਹਿਯੋਗ ਦਿੱਤਾ ਗਿਆ।ਪ੍ਰਬੰਧਕਾਂ ਵੱਲੋਂ ਸਮਾਗਮ ਵਿੱਚ ਪਹੁੰਚੇ ਸਮੂਹ ਸਾਥੀਆਂ ਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਬੋਲਦਿਆਂ ਐਸੋਸੀਏਸ਼ਨ ਦੇ ਪ੍ਰਧਾਨ ਹਰਪ੍ਰੀਤ ਸਿੰਘ ਤੇ ਸਮੂਹ ਟੀਮ ਨੇ ਕਿਹਾ ਕਿ ਭਗਵਾਨ ਵਿਸ਼ਵਕਰਮਾ ਜੀ ਨੂੰ ਮਿਹਨਤ, ਹੁਨਰ ਤੇ ਸਿਰਜਣਾਤਮਕਤਾ ਦਾ ਪ੍ਰਤੀਕ ਮੰਨਿਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਹਰ ਸਾਲ ਇਹ ਪਵਿੱਤਰ ਦਿਹਾੜਾ ਆਪਸੀ ਭਾਈਚਾਰੇ ਤੇ ਸ਼ਰਧਾ ਨਾਲ ਮਨਾਇਆ ਜਾਂਦਾ ਹੈ।ਇਸ ਮੌਕੇ ਵਿਸ਼ਵਕਰਮਾ ਮੰਦਰ ਕਮੇਟੀ ਦੇ ਪ੍ਰਧਾਨ ਕੁਲਵੀਰ ਸਿੰਘ ਨੰਨੜੇ, ਕਰਮ ਇੰਡਸਟਰੀ ਦੇ ਐਮ ਹਰਦੀਪ ਸਿੰਘ ਨੰਨੜੇ ਜਸਬੀਰ ਸਿੰਘ ਜਗਦਿਓ, ਆਸਾ ਸਿੰਘ, ਸੁਖਵਿੰਦਰ ਬਿਰਦੀ, ਮਿ. ਅਵਤਾਰ ਸਿੰਘ, ਨਿਰਭੈ ਸਿੰਘ ਧੀਮਾਨ, ਧੰਨਾ ਸਿੰਘ, ਰੂਪ ਸਿੰਘ ਧੀਮਾਨ, ਸੋਨੀ ਧੂਰੀ, ਰਿੰਕੂ ਧੂਰੀ ਤੇ ਸਮੂਹ ਰਾਮਗੜ੍ਹੀਆ ਭਾਈਚਾਰਾ ਹਾਜ਼ਰ ਸੀ।

## ਭਾਜਪਾ ਵੱਲੋਂ ਹਰਿਆਉ ਕਲਾਂ 'ਚ ਬੂਥ ਕਮੇਟੀ ਦਾ ਗਠਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਭਾਰਤੀ ਜਨਤਾ ਪਾਰਟੀ ਵੱਲੋਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸ਼ੁਰੂ ਕੀਤੀਆਂ ਸਰਗਰਮੀਆਂ ਤਹਿਤ ਹਲਕਾ ਇੰਚਾਰਜ ਨਰਾਇਣ ਸਿੰਘ ਨਰਸੋਤ ਦੀ ਅਗਵਾਈ ਵਿੱਚ ਪਿੰਡ ਹਰਿਆਉ ਕਲਾਂ ਵਿਖੇ ਮੀਟਿੰਗ ਕੀਤੀ ਗਈ।ਇਸ ਦੌਰਾਨ ਪਾਰਟੀ ਵੱਲੋਂ ਆਉਣ ਵਾਲੇ ਸਮੇਂ ਵਿੱਚ ਸੂਬੇ ਅੰਦਰ ਨਸ਼ਿਆਂ ਵਿਰੁੱਧ ਕੱਢੀ ਜਾਣ ਵਾਲੀ ਜਾਗਰੂਕਤਾ ਰੈਲੀ ਸਬੰਧੀ ਲੋਕਾਂ ਨੂੰ ਲਾਮਬੰਦ ਕੀਤਾ ਗਿਆ।ਇਸ ਦੌਰਾਨ ਪਿੰਡ ਵਿੱਚ ਭਾਜਪਾ ਦੀ ਬੂਥ ਕਮੇਟੀ ਬਣਾਈ, ਜਿਸ ਵਿੱਚ ਅੰਗਰੇਜ਼ ਸਿੰਘ, ਜਗਸੀਰ ਸਿੰਘ, ਬਲਵੀਰ ਸਿੰਘ, ਗੁਰਪ੍ਰੀਤ ਸਿੰਘ, ਕਰਤਾਰਾ ਸਿੰਘ, ਸੁਖਪਾਲ ਸਿੰਘ, ਅਮਰੀਕ ਸਿੰਘ, ਗੁਰਦੀਪ ਸਿੰਘ, ਗੁਰਪਿਆਰ ਸਿੰਘ, ਸ਼ੇਰਾ ਸਿੰਘ, ਪਾਲਾ ਸਿੰਘ, ਤਰਸੇਮ ਸਿੰਘ ਨੂੰ ਸ਼ਾਮਲ ਕੀਤਾ ਗਿਆ।ਹਲਕਾ ਇੰਚਾਰਜ ਨਰਾਇਣ ਸਿੰਘ ਨਰਸੋਤ ਨੇ ਦੱਸਿਆ ਕਿ ਪਿੰਡ ਵਾਸੀਆਂ ਵੱਲੋਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਨੂੰ ਭਾਰੀ ਸਮਰਥਨ ਦੇਣ ਨਾਲ ਪਿੰਡ ਵਿੱਚੋਂ ਜਿਤਾਉਣ ਦਾ ਵਿਸ਼ਵਾਸ ਦਿਵਾਇਆ ਗਿਆ ਹੈ।ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਲਾਲ ਚੰਦ ਲਾਲੀ ਤੇ ਜ਼ਿਲ੍ਹਾ ਵਾਇਸ ਪ੍ਰਧਾਨ ਬਗੀਚਾ ਸਿੰਘ ਦੁਤਾਲ ਮੌਜੂਦ ਸਨ।

## ਓਟ ਸੈਂਟਰ ਕਰਮਚਾਰੀਆਂ ਵੱਲੋਂ 22 ਤੋਂ ਅਣਮਿੱਥੇ ਸਮੇਂ ਦੀ ਹੜਤਾਲ ਦਾ ਐਲਾਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਸਰਕਾਰੀ ਨਸ਼ਾ-ਛੁਡਾਊ, ਮੁੜ-ਵਸੇਬਾ ਤੇ ਓਟ (ਓ.ਓ.ਏ.ਟੀ.) ਆਊਟਸੋਰਸ ਕਰਮਚਾਰੀ ਐਸੋਸੀਏਸ਼ਨ ਵੱਲੋਂ ਪੰਜਾਬ ਸਰਕਾਰ ਤੇ ਸਿਹਤ ਵਿਭਾਗ ਨੂੰ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਲੈ ਕੇ ਸਪੱਸ਼ਟ ਚੇਤਾਵਨੀ ਦਿੱਤੀ ਗਈ ਹੈ।ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਪਾਰਸ ਮੱਕੜ ਨੇ ਕਿਹਾ ਕਿ ਨਸ਼ਾ ਛੁਡਾਊ ਤੇ ਮੁੜ ਵਸੇਬਾ ਕੇਂਦਰ ਵਿੱਚ ਲੰਬੇ ਸਮੇਂ ਤੋਂ ਸੇਵਾਵਾਂ ਨਿਭਾਅ ਰਹੇ ਆਊਟਸੋਰਸ ਮੁਲਾਜ਼ਮ ਆਪਣੀਆਂ ਜਾਇਜ਼ ਮੰਗਾਂ ਸਬੰਧੀ ਲਗਾਤਾਰ ਸਰਕਾਰ ਤੇ ਵਿਭਾਗ ਦੇ ਧਿਆਨ ਵਿੱਚ ਮਾਮਲਾ ਲਿਆ ਰਹੇ ਹਨ।ਇਸ ਦੇ ਬਾਵਜੂਦ ਮੰਗਾਂ ਸਬੰਧੀ ਠੋਸ ਨੋਟੀਫਿਕੇਸ਼ਨ ਜਾਰੀ ਨਾ ਹੋਣ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਹੈ।ਐਸੋਸੀਏਸ਼ਨ ਨੇ ਸਰਕਾਰ ਤੋਂ ਮੰਗ ਕੀਤੀ ਕਿ 5 ਨਵੰਬਰ 2018 ਤੋਂ 6% ਸਾਲਾਨਾ ਇੰਕਰੀਮੈਂਟ ਲਾਗੂ ਕਰਕੇ ਬਣਦੇ ਬਕਾਏ ਸਮੇਤ ਭੁਗਤਾਨ ਕੀਤਾ ਜਾਵੇ, ਆਊਟਸੋਰਸ ਮੁਲਾਜ਼ਮਾਂ ਲਈ 9% ਤੇ 12% ਸਪੈਸ਼ਲ ਇੰਕਰੀਮੈਂਟ ਦੀ ਨੀਤੀ ਅਨੁਸਾਰ ਬਣਦਾ ਲਾਭ ਦਿੱਤਾ ਜਾਵੇ, ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਆਊਟਸੋਰਸ ਕੀਤੇ ਕਮਚਾਰੀ ਦੇਣ ਵਾਲੇ ਬਿੱਲ ਦੇ ਅਨੁਸਾਰ ਯੋਗ ਆਊਟਸੋਰਸ ਮੁਲਾਜ਼ਮਾਂ ਨੂੰ ਇਕਰਾਰਨਾਮਾ ਦੇ ਅਧੀਨ ਲਿਆਂਦਾ ਜਾਵੇ, ਇਸੇ ਜਿਹਾ ਕੰਮ ਕਰਨ ਵਾਲੇ ਮੁਲਾਜ਼ਮਾਂ ਲਈ ਬਰਾਬਰ ਕੰਮ-ਬਰਾਬਰ ਤਨਖਾਹ ਦਾ ਸਿਧਾਂਤ ਲਾਗੂ ਕੀਤਾ ਜਾਵੇ ਅਤੇ ਓਟ ਨਸ਼ਾ-ਛੁਡਾਊ ਪੁਨਰ-ਵਸੇਬਾ ਕੇਂਦਰ ਵਿੱਚ ਕੰਮ ਕਰ ਰਹੇ ਮੁਲਾਜ਼ਮਾਂ ਦੀ ਤਨਖਾਹ ਤੇ ਸੇਵਾ ਲਾਭਾਂ ਵਿੱਚ ਬਣਦਾ ਨਿਆ ਕੀਤਾ ਜਾਵੇ।ਸੂਬਾ ਪ੍ਰਧਾਨ ਪਾਰਸ ਮੱਕੜ ਨੇ ਕਿਹਾ ਕਿ ਐਸੋਸੀਏਸ਼ਨ ਵੱਲੋਂ ਸਰਕਾਰ ਨੂੰ 21 ਸਤੰਬਰ 2026 ਤੱਕ ਉਪਰੋਕਤ ਮੰਗਾਂ ਸਬੰਧੀ ਠੋਸ ਫੈਸਲਾ ਲੈ ਕੇ ਨੋਟੀਫਿਕੇਸ਼ਨ/ਹੁਕਮ ਜਾਰੀ ਕਰਨ ਦਾ ਸਮਾਂ ਦਿੱਤਾ ਗਿਆ ਹੈ।ਜੇਕਰ 21 ਸਤੰਬਰ 2026 ਤੱਕ ਮੰਗਾਂ ਸਬੰਧੀ ਕੋਈ ਠੋਸ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ ਜਾਂਦਾ, ਤਾਂ 22 ਸਤੰਬਰ 2026 ਤੋਂ ਪੰਜਾਬ ਭਰ ਦੇ ਓਟ ਸੈਂਟਰ ਨੂੰ ਬੰਦ ਕਰਕੇ ਮੁਲਾਜ਼ਮਾਂ ਵੱਲੋਂ ਅਣਮਿੱਥੇ ਸਮੇਂ ਲਈ ਹੜਤਾਲ ਕੀਤੀ ਜਾਵੇਗੀ।

## ਤਪਦਿਕ ਦੀ ਸਮੇਂ ਸਿਰ ਪਛਾਣ ਤੇ ਇਲਾਜ ਨਾਲ ਬਚਾਅ ਸੰਭਵ : ਡਾ. ਅਮਨਦੀਪ




**ਰਾਏਕੋਟ (ਸੰਤੋਖ ਗਿੱਲ)**-ਗੁਰੂ ਹਰਿਗੋਬਿੰਦ ਖ਼ਾਲਸਾ ਕਾਲਜ ਗੁਰੂਸਰ ਸੁਧਾਰ ਦੇ ਸੈਮੀਨਾਰ ਹਾਲ ਵਿੱਚ 3 ਪੰਜਾਬ ਬਟਾਲੀਅਨ ਐੱਨ ਸੀ ਸੀ (ਲੜਕੀਆਂ) ਨੂੰ ਸੰਬੋਧਨ ਕਰਦਿਆਂ ਪ੍ਰੇਮਜੀਤ ਮੈਮੋਰੀਅਲ ਸਰਕਾਰੀ ਹਸਪਤਾਲ ਦੇ ਮੈਡੀਕਲ ਅਫ਼ਸਰ ਡਾਕਟਰ ਸੁਧੀਰ ਤੇ ਡਾਕਟਰ ਅਮਨਦੀਪ ਸਿੰਘ ਨੇ ਟੀ ਬੀ ਦੇ ਕਾਰਨਾਂ, ਲੱਛਣਾਂ, ਬਚਾਅ ਤੇ ਇਲਾਜ ਬਾਰੇ ਵਿਗਿਆਨਕ ਨਜ਼ਰੀਏ ਤੋਂ ਜਾਣਕਾਰੀ ਦਿੱਤੀ।ਡਾਕਟਰ ਸੁਧੀਰ ਨੇ ਦੱਸਿਆ ਕਿ ਟੀ ਬੀ ਦੇ ਮੁੱਖ ਕਾਰਨਾਂ, ਲੱਛਣਾਂ, ਇਸ ਦੇ ਫੈਲਣ ਦੇ ਢੰਗ ਤੇ ਰੋਕਥਾਮ ਦੇ ਉਪਾਵਾਂ ਬਾਰੇ ਜਾਣਕਾਰੀ ਦਿੱਤੀ।ਡਾ. ਅਮਨਦੀਪ ਸਿੰਘ ਨੇ ਟੀ.ਬੀ ਤੋਂ ਬਚਾਅ, ਲੱਛਣ ਸਾਹਮਣੇ ਆਉਣ 'ਤੇ ਸਮੇਂ ਸਿਰ ਡਾਕਟਰੀ ਸਲਾਹ ਲੈਣ ਤੇ ਇਲਾਜ ਪ੍ਰਤੀ ਲਾਪ੍ਰਵਾਹੀ ਨਾ ਵਰਤਣ ਸਬੰਧੀ ਅਹਿਮ ਨੁਕਤੇ ਸਾਂਝੇ ਕੀਤੇ।ਕਾਲਜ ਪ੍ਰਿੰਸੀਪਲ ਪ੍ਰੋ. ਇੰਦਰਜੀਤ ਸਿੰਘ ਨੇ ਕਿਹਾ ਕਿ ਸਿਹਤ ਸਬੰਧੀ ਜਾਗਰੂਕਤਾ ਨੌਜਵਾਨਾਂ ਨੂੰ ਨਾ ਸਿਰਫ਼ ਬਿਮਾਰੀਆਂ ਤੋਂ ਬਚਾਅ ਲਈ ਸਚੇਤ ਕਰਦੀ ਹੈ, ਸਗੋਂ ਉਨ੍ਹਾਂ ਨੂੰ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਵੀ ਪ੍ਰੇਰਿਤ ਕਰਦੀ ਹੈ।ਉਨ੍ਹਾਂ ਐੱਨ.ਸੀ.ਸੀ. ਕੈਡਟਾਂ ਨੂੰ ਸਿਹਤ ਜਾਗਰੂਕਤਾ ਦੇ ਦੂਤ ਬਣ ਕੇ ਟੀ ਬੀ ਸਮੇਤ ਹੋਰ ਸਿਹਤ ਸਮੱਸਿਆਵਾਂ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਦਾ ਸੱਦਾ ਦਿੱਤਾ।ਮੰਚ ਸੰਚਾਲਨ ਦੀ ਜ਼ਿੰਮੇਵਾਰੀ ਜਸਪ੍ਰੀਤ ਕੌਰ ਨੇ ਨਿਭਾਈ। ਇਸ ਮੌਕੇ ਲੈਫ਼ਟੀਨੈਂਟ ਪ੍ਰੀਤੀ ਸੈਣੀ, ਪ੍ਰੋ. ਸ਼ੈਲਕਾ, ਪ੍ਰੋ. ਬੋਹੜ ਸਿੰਘ ਮੌਜੂਦ ਸਨ।

## ਰਿਟਾਇਰਡ ਡੀ ਸੀ ਆਫਿਸ ਇੰਪਲਾਈਜ਼ ਐਸੋਸੀਏਸ਼ਨ ਦੀ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਮਿਨੀ ਸਕੱਤਰੇਤ ਵਿਖੇ ਮੀਟਿੰਗ ਹਾਲ ਤਹਿਸੀਲ ਦਫਤਰ ਮੋਗਾ ਵਿਖੇ ਰਿਟਾਇਰਡ ਡੀ. ਸੀ. ਆਫਿਸ ਇੰਪਲਾਈਜ਼ ਐਸੋਸੀਏਸ਼ਨ ਦੀ ਮੀਟਿੰਗ ਸਤਨਾਮ ਸਿੰਘ ਸਾਬਕਾ ਲੀਡਰ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਜਿਵੇਂ ਕਿ ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਵੱਲੋਂ ਹੁਕਮ ਦੇਣ ਦੇ ਬਾਵਜੂਦ ਡੀ. ਏ. ਨਾ ਦੇਣਾ, ਨਵੇਂ ਕਰਮਚਾਰੀਆਂ ਨੂੰ ਪੁਰਾਣੀ ਪੈਨਸ਼ਨ ਨਾ ਦੇਣ, 2.59 ਦਾ ਫੈਕਟਰ ਲਾਗੂ ਨਾ ਕਰਨ, ਕੱਚੇ ਮੁਲਾਜ਼ਮ ਪੱਕੇ ਨਾ ਕਰਨ ਕਰਕੇ ਪੰਜਾਬ ਸਰਕਾਰ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।ਇਸ ਮੀਟਿੰਗ ਵਿੱਚ ਸ਼ਾਮਲ ਪਰਮਜੀਤ ਸਿੰਘ ਸੁਪਰਡੈਂਟ ਗਰੇਡ 1 (ਰਿਟਾ:), ਸੁਰਿੰਦਰ ਕੌਰ ਸੁਪਰਡੰਟ (ਰਿਟਾ), ਬੀ. ਪੀ. ਸਿੰਘ ਸੀਨੀਅਰ ਸਹਾਇਕ (ਰਿਟਾ.), ਤੇਜਿੰਦਰ ਸਿੰਘ ਖਹਿਰਾ ਸੀਨੀਅਰ ਸਹਾਇਕ (ਰਿਟਾ.) ਸ਼ਕੁੰਤਲਾ ਰਾਣੀ ਸੀਨੀਅਰ ਸਹਾਇਕ (ਰਿਟਾ), ਰਣਜੀਤ ਕੌਰ ਸੀਨੀਅਰ ਸਹਾਇਕ (ਰਿਟਾ), ਮਹਿੰਦਰ ਕੌਰ ਜੂਨੀਅਰ ਸਹਾਇਕ (ਰਿਟਾ), ਅਮਰੀਕ ਸਿੰਘ ਸੀਨੀਅਰ ਸਹਾਇਕ (ਰਿਟਾ) ਆਦਿ ਮੁਲਾਜ਼ਮਾਂ ਵੱਲੋਂ ਸਰਕਾਰ ਨੂੰ ਚਿਤਾਵਨੀ ਦਿੱਤੀ ਗਈ ਕਿ ਜਦੋਂ ਤੱਕ ਸਰਕਾਰ ਸਾਡੀਆਂ ਮੰਗਾਂ ਨਹੀਂ ਮੰਨਦੀ ਤਾਂ ਪੈਨਸ਼ਨਰ ਮੁਲਾਜ਼ਮਾਂ ਨਾਲ ਮਿਲ ਕੇ ਸਰਕਾਰ ਵਿਰੁੱਧ ਆਪਣਾ ਸੰਘਰਸ਼ ਹੋਰ ਤੇਜ਼ ਕਰਨਗੇ।

## ਮੁਫ਼ਤ ਆਯੂਸ਼ ਕੈਂਪ ਦਾ ਵੱਡੀ ਗਿਣਤੀ ਲੋਕਾਂ ਨੇ ਲਿਆ ਲਾਹਾ : ਸੁਖਵੀਰ ਸਿੰਘ



**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਜ਼ਿਲ੍ਹਾ ਪ੍ਰਸ਼ਾਸਨ ਸੰਗਰੂਰ ਦੇ ਉਪਰਾਲੇ ਤਹਿਤ ਧੂਰੀ ਦੇ ਸੰਤ ਨਿਰੰਕਾਰੀ ਸਤਿਸੰਗ ਭਵਨ ਵਿੱਚ ਮੁਫ਼ਤ ਹੋਮਿਓਪੈਥਿਕ ਤੇ ਆਯੁਰਵੈਦਿਕ ਆਯੂਸ਼ ਕੈਂਪ ਲਗਾਇਆ ਗਿਆ।ਕੈਂਪ ਦਾ ਉਦਘਾਟਨ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਕੀਤਾ।ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ।ਉਨ੍ਹਾਂ ਦੱਸਿਆ ਕਿ ਇਸ ਸਾਲ ਹਰੇਕ ਜ਼ਿਲ੍ਹੇ ਵਿੱਚ 24 ਮੈਡੀਕਲ ਕੈਂਪ ਲਗਾਏ ਜਾ ਰਹੇ ਹਨ, ਜਦਕਿ ਪਿਛਲੇ ਸਾਲ 15 ਕੈਂਪ ਲਗਾਏ ਗਏ ਸਨ।ਕੈਂਪ ਦੌਰਾਨ ਮਾਹਿਰ ਡਾਕਟਰਾਂ ਨੇ ਮਰੀਜ਼ਾਂ ਦੀ ਮੁਫ਼ਤ ਜਾਂਚ ਕੀਤੀ ਤੇ ਲੋੜ ਅਨੁਸਾਰ ਆਯੁਰਵੈਦਿਕ ਤੇ ਹੋਮਿਓਪੈਥਿਕ ਦਵਾਈਆਂ ਵੰਡੀਆਂ।ਕੈਂਪ ਨੂੰ ਸੰਤ ਨਿਰੰਕਾਰੀ ਮਿਸ਼ਨ ਤੇ ਸਥਾਨਕ ਕਮੇਟੀ ਵੱਲੋਂ ਸਹਿਯੋਗ ਦਿੱਤਾ ਗਿਆ। ਇਸ ਮੌਕੇ ਅਸ਼ੋਕ ਲੱਖਾ, ਡਾ. ਅਨਵਰ ਭਸੌੜ, ਅਮਰਜੋਤ ਕੌਰ, ਗਗਨ ਜਵੰਧਾ, ਰੂਬਲ ਬਾਜਵਾ ਤੇ ਹੋਰ ਹਾਜ਼ਰ ਸਨ।

## ਫਾਂਸੀ ਸੰਬੰਧੀ ਅਪੀਲ 'ਤੇ ਤੁਰੰਤ ਫ਼ੈਸਲਾ ਲਵੇ ਕੇਂਦਰ; ਰਾਜੋਆਣਾ ਵੱਲੋਂ ਪ੍ਰਧਾਨ ਮੰਤਰੀ ਨੂੰ ਚਿੱਠੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਦੇ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਕਤਲ ਕਾਂਡ ਵਿੱਚ ਫਾਂਸੀ ਦੀ ਸਜ਼ਾ ਦਾ ਸਾਹਮਣਾ ਕਰ ਰਹੇ ਬੰਦੀ ਸਿੰਘ ਬਲਵੰਤ ਸਿੰਘ ਰਾਜੋਆਣਾ ਨੇ ਕੇਂਦਰੀ ਜੇਲ੍ਹ ਪਟਿਆਲਾ ਤੋਂ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਇੱਕ ਪੱਤਰ ਲਿਖਿਆ ਹੈ।ਇਸ ਪੱਤਰ ਰਾਹੀਂ ਉਨ੍ਹਾਂ ਆਪਣੀ ਰਹਿਮ ਦੀ ਅਪੀਲ 'ਤੇ ਪਿਛਲੇ 15 ਸਾਲਾਂ ਤੋਂ ਲਟਕ ਰਹੇ ਫ਼ੈਸਲੇ ਨੂੰ ਜਲਦ ਸੁਣਾਉਣ ਦੀ ਪੁਰਜ਼ੋਰ ਮੰਗ ਕੀਤੀ ਹੈ।ਰਾਜੋਆਣਾ ਨੇ ਲਿਖਿਆ ਕਿ ਉਹ ਪਿਛਲੇ 31 ਸਾਲਾਂ ਤੋਂ ਜੇਲ੍ਹ ਵਿੱਚ ਬੰਦ ਹਨ ਤੇ ਬੀਤੇ 20 ਸਾਲਾਂ ਤੋਂ ਫਾਂਸੀ ਦੀ ਚੱਕੀ ਵਿੱਚ ਬੰਦ ਰਹਿ ਕੇ ਅੰਤਿਮ ਫ਼ੈਸਲੇ ਦਾ ਇੰਤਜ਼ਾਰ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਅਦਾਲਤ ਵਿੱਚ ਉਨ੍ਹਾਂ ਆਪਣੇ ਕੀਤੇ ਕੰਮ ਨੂੰ ਕਦੇ ਨਹੀਂ ਲੁਕਾਇਆ ਤੇ ਹੱਸ ਕੇ ਫਾਂਸੀ ਦੀ ਸਜ਼ਾ ਕਬੂਲ ਕੀਤੀ ਸੀ।ਸਾਲ 2012 ਵਿੱਚ ਜਦੋਂ ਅਦਾਲਤ ਨੇ ਉਨ੍ਹਾਂ ਦੇ ਫਾਂਸੀ ਦੇ ਵਾਰੰਟ ਜਾਰੀ ਕੀਤੇ ਸਨ, ਤਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਰਾਸ਼ਟਰਪਤੀ ਕੋਲ ਰਹਿਮ ਦੀ ਅਪੀਲ ਦਾਇਰ ਕੀਤੀ ਗਈ ਸੀ, ਜਿਸ 'ਤੇ ਕੇਂਦਰੀ ਗ੍ਰਹਿ ਮੰਤਰਾਲੇ ਨੇ ਰੋਕ ਲਗਾ ਦਿੱਤੀ ਸੀ।ਉਨ੍ਹਾਂ ਅਫ਼ਸੋਸ ਜਤਾਇਆ ਕਿ ਦੇਸ਼ ਦੀ ਸੁਪਰੀਮ ਕੋਰਟ ਦੇ ਵਾਰ-ਵਾਰ ਹੁਕਮਾਂ ਦੇ ਬਾਵਜੂਦ ਕੇਂਦਰ ਸਰਕਾਰ ਇਸ 'ਤੇ ਕੋਈ ਫ਼ੈਸਲਾ ਨਹੀਂ ਲੈ ਰਹੀ।ਕੇਂਦਰ ਵੱਲੋਂ ਸੁਪਰੀਮ ਕੋਰਟ ਵਿੱਚ ਉਨ੍ਹਾਂ ਦੇ ਫ਼ੈਸਲੇ ਨਾਲ 'ਦੇਸ਼ ਦੀ ਸੁਰੱਖਿਆ ਨੂੰ ਖ਼ਤਰਾ' ਦੱਸੇ ਜਾਣ 'ਤੇ ਸਵਾਲ ਚੁੱਕਦਿਆਂ ਰਾਜੋਆਣਾ ਨੇ ਕਿਹਾ ਕਿ ਤਿੰਨ ਦਹਾਕਿਆਂ ਤੋਂ ਨਜ਼ਰਬੰਦ ਇੱਕ ਇਕੱਲੇ ਬੰਦੇ ਨਾਲ ਪ੍ਰਮਾਣੂ ਸ਼ਕਤੀ ਸੰਪੰਨ ਦੇਸ਼ ਦੀ ਸੁਰੱਖਿਆ ਕਿਵੇਂ ਖ਼ਤਰੇ ਵਿੱਚ ਪੈ ਸਕਦੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਫ਼ੈਸਲੇ ਨੂੰ ਬਿਨਾਂ ਕਾਰਨ ਲਟਕਾਉਣਾ ਮੌਤ ਨਾਲੋਂ ਵੀ ਵੱਡੀ ਸਜ਼ਾ ਹੈ।ਉਨ੍ਹਾਂ ਪੰਜਾਬ ਅੰਦਰ ਏਜੰਸੀਆਂ ਦੀ ਕਾਰਗੁਜ਼ਾਰੀ ਤੇ ਰਾਜਸੀ ਖੇਡਾਂ 'ਤੇ ਵੀ ਸਖ਼ਤ ਨਿਸ਼ਾਨੇ ਵਿੰਨ੍ਹੇ। ਅਖ਼ੀਰ ਵਿੱਚ ਰਾਜੋਆਣਾ ਨੇ ਪ੍ਰਧਾਨ ਮੰਤਰੀ ਨੂੰ ਚੇਤੇ ਕਰਵਾਇਆ ਕਿ ਜੇਕਰ ਸਰਕਾਰ ਉਨ੍ਹਾਂ ਨੂੰ ਫਾਂਸੀ ਦੇ ਕੇ ਆਪਣੀ ਕੋਈ ਤਸੱਲੀ ਕਰਨਾ ਚਾਹੁੰਦੀ ਹੈ ਤਾਂ ਬੇਸ਼ੱਕ ਕਰੇ, ਪਰ ਇਸ ਲੰਮੇ ਸਮੇਂ ਤੋਂ ਲਟਕ ਰਹੇ ਮਾਮਲੇ 'ਤੇ ਸਰਕਾਰ ਬਿਨਾਂ ਕਿਸੇ ਹੋਰ ਦੇਰੀ ਤੋਂ ਤੁਰੰਤ ਅੰਤਿਮ ਫ਼ੈਸਲਾ ਸੁਣਾਵੇ।

## ਸ਼ਹਿਰ ਦੇ ਮੁੱਖ ਚੌਕ 'ਚ ਟ੍ਰੈਫਿਕ ਵਿਵਸਥਾ ਚਰਮਰਾਈ



**ਮਲੋਟ (ਰਜਿੰਦਰ ਜੁਨੇਜਾ)**-ਮਲੋਟ ਸ਼ਹਿਰ ਨੂੰ ਦੋ ਹਿੱਸਿਆਂ ਵਿੱਚ ਵੰਡਣ ਵਾਲੀ ਮੁੱਖ ਜੀ.ਟੀ. ਰੋਡ ਉੱਪਰ ਰੇਲਵੇ ਪੁਲ ਦੇ ਬਿਲਕੁਲ ਪੈਰਾਂ ਵਿੱਚ ਸਥਿਤ 'ਬੱਤੀਆਂ ਵਾਲੀ ਤਿਕੋਣੀ' ਨੂੰ ਜਦੋਂ ਦਾ ਸਿਆਸੀ ਦਬਾਅ ਹੇਠ ਚੌਕ ਵਿੱਚ ਤਬਦੀਲ ਕੀਤਾ ਗਿਆ ਹੈ, ਸ਼ਹਿਰ ਦੀ ਟ੍ਰੈਫਿਕ ਵਿਵਸਥਾ ਪੂਰੀ ਤਰ੍ਹਾਂ ਤਹਿਸ-ਨਹਿਸ ਹੋ ਚੁੱਕੀ ਹੈ।ਇਸ ਭਾਰੀ ਭੁਲੇਖੇ ਵਾਲੇ ਚੌਕ ਨਾਲ ਸਰਕਾਰੀ ਹਸਪਤਾਲ ਵੱਲੋਂ ਆਉਂਦੀ ਕੋਰੋ ਰੋਡ ਜੁੜਦੀ ਹੈ, ਜੋ ਪੁਰਾਣੀ ਮੰਡੀ ਨੂੰ ਸ਼ਹਿਰ ਦੇ ਮੁੱਖ ਬਾਜ਼ਾਰਾਂ ਨਾਲ ਜੋੜਨ ਵਾਲਾ ਮੁੱਖ ਰਸਤਾ ਹੈ। ਰਾਜਨੀਤਕ ਕਾਰਨਾਂ ਕਰਕੇ ਸਰਵਿਸ ਲਾਈਨ ਤੋਂ ਇੱਕ ਚੌਥਾ ਰਸਤਾ ਤਾਂ ਕੱਢ ਦਿੱਤਾ ਗਿਆ, ਪਰ ਉੱਥੇ ਆਵਾਜਾਈ ਦੇ ਨਿਯਮ ਜਾਂ ਦਿਸ਼ਾ-ਨਿਰਦੇਸ਼ ਤੈਅ ਨਾ ਹੋਣ ਕਾਰਨ ਵਾਹਨ ਚਾਲਕ ਆਪਣੀ ਮਨਮਰਜ਼ੀ ਨਾਲ ਖੱਬਿਓਂ-ਸੱਜਿਓਂ ਗੱਡੀਆਂ ਕੱਢਦੇ ਹਨ।ਇਸ ਕਾਰਨ ਪੁਲ ਦੀ ਕੁਦਰਤੀ ਢਲਾਣ ਤੋਂ ਤੇਜ਼ ਰਫ਼ਤਾਰ ਨਾਲ ਉਤਰਦੇ ਭਾਰੀ ਟਰੱਕਾਂ ਤੇ ਬੱਸਾਂ ਦੇ ਰਸਤੇ ਵਿੱਚ ਵੱਡਾ ਅੜਿੱਕਾ ਪੈਦਾ ਹੁੰਦਾ ਹੈ, ਜਿਸ ਕਰਨ ਨਿੱਤ ਦਿਨ ਛੋਟੇ-ਮੋਟੇ ਹਾਦਸੇ ਤੇ ਬਹਿਸਬਾਜ਼ੀ ਆਮ ਗੱਲ ਹੋ ਗਈ ਹੈ।

ਹਾਲਾਂਕਿ ਇਸ ਮਾਮਲੇ 'ਤੇ ਨਗਰ ਕੌਂਸਲ ਦੇ ਪ੍ਰਧਾਨ ਜੋਨੀ ਗਰਗ ਨੇ ਬਜਟ ਦੀ ਘਾਟ ਦਾ ਹਵਾਲਾ ਦਿੰਦਿਆਂ ਜਲਦ ਹੀ ਸਿਗਨਲ ਲਾਈਟਾਂ ਠੀਕ ਕਰਵਾਉਣ ਦੀ ਗੱਲ ਆਖੀ ਹੈ, ਪਰ ਜ਼ਮੀਨੀ ਪੱਧਰ 'ਤੇ ਅਜੇ ਤੱਕ ਕੋਈ ਠੋਸ ਕਦਮ ਨਹੀਂ ਚੁੱਕਿਆ ਗਿਆ।ਜੇਕਰ ਪ੍ਰਸ਼ਾਸਨ ਨੇ ਤੁਰੰਤ ਧਿਆਨ ਨਾ ਦਿੱਤਾ ਤਾਂ ਇੱਥੇ ਕੋਈ ਵੱਡੀ ਅਣਸੁਖਾਵੀਂ ਘਟਨਾ ਵਾਪਰ ਸਕਦੀ ਹੈ। ਸ਼ਹਿਰ ਵਾਸੀਆਂ ਦੀ ਮੰਗ ਕੀਤੀ ਹੈ ਕਿ ਰੇਲਵੇ ਪੁਲ ਤੋਂ ਉਤਰਦੀ ਢਲਾਣ ਉੱਪਰ ਭਾਰੀ ਵਾਹਨਾਂ ਦੀ ਰਫ਼ਤਾਰ ਮੱਠੀ ਕਰਨ ਲਈ ਤੁਰੰਤ ਸਪੀਡ ਬ੍ਰੇਕਰ ਜਾਂ ਰੰਬਲ ਸਟ੍ਰਿਪਸ ਲਗਾਏ ਜਾਣ।ਸਰਵਿਸ ਲਾਈਨ ਵਾਲੇ ਚੌਥੇ ਰਸਤੇ ਨੂੰ ਪਰਫੈਕਟ ਸਿਗਨਲ ਪ੍ਰਣਾਲੀ ਤੇ ਨਿਯਮਾਂ ਅਧੀਨ ਲਿਆਂਦਾ ਜਾਵੇ।ਖ਼ਰਾਬ ਟ੍ਰੈਫਿਕ ਲਾਈਟਾਂ ਤੁਰੰਤ ਚਾਲੂ ਕੀਤੀਆਂ ਜਾਣ ਤੇ ਉਦੋਂ ਤੱਕ ਪੀਕ ਆਵਰਜ਼ ਦੌਰਾਨ ਟ੍ਰੈਫਿਕ ਪੁਲਸ ਦੀ ਪੱਕੀ ਤੈਨਾਤੀ ਕੀਤੀ ਜਾਵੇ।

## ਹੋਲੀ ਹਾਰਟ 'ਚ ਅੰਤਰਰਾਸ਼ਟਰੀ ਸ਼ਾਂਤੀ ਦਿਵਸ ਮਨਾਇਆ



**ਅਜੀਤਵਾਲ (ਨਛੱਤਰ ਸੰਧੂ)**-ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਅੰਤਰਰਾਸ਼ਟਰੀ ਸ਼ਾਂਤੀ ਦਿਵਸ ਬੜੇ ਉਤਸ਼ਾਹ ਤੇ ਜਾਗਰੂਕਤਾ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਬੱਚਿਆਂ ਨੂੰ ਸ਼ਾਂਤੀ ਦੀ ਮਹੱਤਤਾ, ਆਪਸੀ ਸਤਿਕਾਰ, ਸਹਿਣਸ਼ੀਲਤਾ ਤੇ ਭਾਈਚਾਰੇ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਅਧਿਆਪਕਾਂ ਨੇ ਬੱਚਿਆਂ ਨੂੰ ਦੱਸਿਆ ਕਿ ਸ਼ਾਂਤੀ ਮਨੁੱਖੀ ਜੀਵਨ ਦਾ ਇੱਕ ਮਹੱਤਵਪੂਰਨ ਆਧਾਰ ਹੈ, ਜਿਸ ਤੋਂ ਬਿਨਾਂ ਕਿਸੇ ਵੀ ਸਮਾਜ ਦਾ ਸਰਬਪੱਖੀ ਵਿਕਾਸ ਸੰਭਵ ਨਹੀਂ।ਸਮਾਗਮ ਦੌਰਾਨ ਬੱਚਿਆਂ ਨੇ ਸ਼ਾਂਤੀ ਨਾਲ ਸਬੰਧਤ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਪਿਆਰ, ਏਕਤਾ ਤੇ ਸਦਭਾਵਨਾ ਦਾ ਸੰਦੇਸ਼ ਦਿੱਤਾ।ਸਕੂਲ ਦੇ ਚੇਅਰਮੈਨ ਸੁਭਾਸ਼ ਪਲਤਾ ਤੇ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਇਸ ਮੌਕੇ ਬੱਚਿਆਂ ਨੂੰ ਸ਼ਾਂਤੀ ਦੇ ਮਹੱਤਵ ਬਾਰੇ ਪ੍ਰੇਰਿਤ ਕਰਦਿਆਂ ਕਿਹਾ ਕਿ ਅੱਜ ਦੇ ਬੱਚੇ ਹੀ ਕੱਲ੍ਹ ਦੇ ਸਮਾਜ ਤੇ ਦੇਸ਼ ਦੀ ਨੀਂਹ ਹਨ।ਜੇਕਰ ਬੱਚਿਆਂ ਵਿੱਚ ਛੋਟੀ ਉਮਰ ਤੋਂ ਹੀ ਪਿਆਰ, ਸਤਿਕਾਰ, ਸਹਿਯੋਗ ਤੇ ਸਹਿਣਸ਼ੀਲਤਾ ਦੀ ਭਾਵਨਾ ਪੈਦਾ ਕੀਤੀ ਜਾਵੇ ਤਾਂ ਉਹ ਭਵਿੱਖ ਵਿੱਚ ਇੱਕ ਸ਼ਾਂਤੀਪੂਰਨ ਤੇ ਸੁੰਦਰ ਸਮਾਜ ਦੀ ਸਿਰਜਣਾ ਵਿੱਚ ਮਹੱਤਵਪੂਰਨ ਯੋਗਦਾਨ ਪਾ ਸਕਦੇ ਹਨ।ਸਕੂਲ ਦੇ ਡਾਇਰੈਕਟਰ ਅਮਿਤ ਪਲਤਾ, ਸ੍ਰੈਆ ਪਲਤਾ ਤੇ ਸ਼ਿਵਾਨੀ ਅਰੋੜਾ, ਰਮਨ ਅਰੋੜਾ ਨੇ ਬੱਚਿਆਂ ਨੂੰ ਹਮੇਸ਼ਾ ਪਿਆਰ, ਏਕਤਾ ਤੇ ਸਦਭਾਵਨਾ ਨਾਲ ਰਹਿਣ ਲਈ ਪ੍ਰੇਰਿਤ ਕੀਤਾ।

## ਬਾਬਾ ਵਿਸ਼ਵਕਰਮਾ ਜੀ ਦਾ ਪ੍ਰਗਟ ਦਿਵਸ ਮਨਾਇਆ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਵਿਸ਼ਵਕਰਮਾ ਸਮਾਜ ਭਲਾਈ ਸਭਾ ਫਤਿਹਗੜ੍ਹ ਸਾਹਿਬ ਵੱਲੋਂ ਬਾਬਾ ਵਿਸ਼ਵਕਰਮਾ ਜੀ ਦਾ ਪ੍ਰਗਟ ਦਿਵਸ ਜੱਗਾ ਸਿੰਘ ਦੀ ਵਰਕਸ਼ਾਪ ਜੀ ਟੀ ਰੋਡ ਸਰਹਿੰਦ ਵਿਖੇ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਗਿਆ।ਇਸ ਮੌਕੇ ਸਭਾ ਦੇ ਪ੍ਰਧਾਨ ਜਸਵੰਤ ਸਿੰਘ, ਚੇਅਰਮੈਨ ਮਾਸਟਰ ਹਰਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਮਾਸਟਰ ਰਾਮ ਸਿੰਘ ਤੇ ਜੱਗਾ ਸਿੰਘ ਚਨਾਰਥਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਵਿਸ਼ਵਕਰਮਾ ਸਮਾਜ ਕਿਰਤੀ ਲੋਕਾਂ ਨੂੰ ਜਾਗਰੂਕ ਕਰਨ ਤੇ ਛੋਟੇ ਉਦਯੋਗਕਾਰਾਂ ਨੂੰ ਆ ਰਹੀਆਂ ਦਰਪੇਸ਼ ਮੁਸ਼ਕਲਾਂ ਨੂੰ ਹੱਲ ਕਰਨ ਲਈ ਹਮੇਸ਼ਾ ਤੱਤਪਰ ਰਿਹਾ ਹੈ। ਇਸ ਮੌਕੇ ਸਰਬਸੰਮਤੀ ਨਾਲ ਸਮਾਜ ਦੇ ਲੋੜਵੰਦਾਂ ਦੀ ਮਦਦ ਜਾਰੀ ਰੱਖਣ ਦਾ ਵੀ ਫੈਸਲਾ ਲਿਆ ਗਿਆ।ਅਖੀਰ ਵਿੱਚ ਬਾਬਾ ਵਿਸ਼ਵਕਰਮਾ ਦੇ ਸਮਾਜ ਵੱਲੋਂ ਦੇਸ਼ ਦੀ ਤਰੱਕੀ ਲਈ ਪਾਏ ਗਏ ਯੋਗਦਾਨ ਦੀ ਪ੍ਰਸੰਸਾ ਕੀਤੀ ਗਈ।ਇਸ ਮੌਕੇ ਲੱਡੂ ਵੀ ਵੰਡੇ ਗਏ ਤੇ ਬਾਬਾ ਵਿਸ਼ਵਕਰਮਾ ਜੀ ਤੋਂ ਆਪਣੇ ਕੰਮ ਕਾਰਾਂ ਵਿੱਚ ਵਾਧੇ ਦੀ ਕਾਮਨਾ ਵੀ ਕੀਤੀ ਗਈ।ਇਸ ਮੌਕੇ ਭੁਪਿੰਦਰ ਸਿੰਘ ਖਰੋੜਾ, ਬਲਵੀਰ ਸਿੰਘ, ਜਰਨੈਲ ਸਿੰਘ, ਹਰਭਜਨ ਸਿੰਘ, ਮੱਖਣ ਸਿੰਘ, ਪਰਵਿੰਦਰ ਸਿੰਘ ਗੋਲੂ, ਗੁਰਪ੍ਰੀਤ ਸਿੰਘ, ਪਰਮਿੰਦਰ ਸਿੰਘ ਸੈਟੀ, ਮਨਕਰਨ ਸਿੰਘ, ਕੁਲਦੀਪ ਸਿੰਘ, ਅਮਰਜੀਤ ਸਿੰਘ ਆਦਿ ਹਾਜ਼ਰ ਸਨ।

## ਗਲੋਬਲ ਡਿਸਕਵਰੀ 'ਚ ਦੰਦਾਂ ਦਾ ਜਾਂਚ ਕੈਂਪ ਲਗਾਇਆ




**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਰਾਫ਼ ਐਜੂਬੀਕਨ ਗਲੋਬਲ ਡਿਸਕਵਰੀ ਸਕੂਲ ਰਾਮਪੁਰਾ ਫੂਲ ਵਿਖੇ ਪ੍ਰਿੰਸੀਪਲ ਸ੍ਰੀਮਤੀ ਕਾਵਿਆ ਅਸੀਜਾ ਦੇ ਮਾਰਗਦਰਸ਼ਨ ਹੇਠ ਦੰਦਾਂ ਦੀ ਜਾਂਚ ਦਾ ਕੈਂਪ ਲਗਾਇਆ ਗਿਆ।ਕੈਂਪ ਦੌਰਾਨ ਆਦੇਸ਼ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ ਐਂਡ ਰਿਸਰਚ ਦੇ ਮਾਹਰ ਡਾਕਟਰਾਂ ਤੇ ਉਨ੍ਹਾਂ ਦੀ ਟੀਮ ਵੱਲੋਂ ਵਿਦਿਆਰਥੀਆਂ ਦੇ ਦੰਦਾਂ ਤੇ ਮੂੰਹ ਦੀ ਸਿਹਤ ਦੀ ਜਾਂਚ ਕੀਤੀ ਗਈ।ਵਿਦਿਆਰਥੀਆਂ ਨੂੰ ਮੂੰਹ ਦੀ ਸਫ਼ਾਈ, ਸਹੀ ਤਰੀਕੇ ਨਾਲ ਬਰਸ਼ ਕਰਨ, ਸੰਤੁਲਿਤ ਖੁਰਾਕ ਤੇ ਸਿਹਤਮੰਦ ਜੀਵਨਸ਼ੈਲੀ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਪ੍ਰਿੰਸੀਪਲ ਸ੍ਰੀਮਤੀ ਕਾਵਿਆ ਅਸੀਜਾ ਨੇ ਕਿਹਾ ਕਿ ਬੱਚਿਆਂ ਵਿੱਚ ਛੋਟੀ ਉਮਰ ਤੋਂ ਹੀ ਦੰਦਾਂ ਦੀ ਸਫ਼ਾਈ ਅਤੇ ਸਿਹਤ ਸਬੰਧੀ ਚੰਗੀਆਂ ਆਦਤਾਂ ਦਾ ਵਿਕਾਸ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹੈ।ਸਕੂਲ ਪ੍ਰਬੰਧਨ ਨੇ ਇਸ ਕੈਂਪ ਨੂੰ ਗਿਆਨਵਰਧਕ ਤੇ ਲਾਭਦਾਇਕ ਦੱਸਦਿਆਂ ਆਦੇਸ਼ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ ਐਂਡ ਰਿਸਰਚ ਦੇ ਮਾਹਰ ਡਾਕਟਰਾਂ ਤੇ ਉਨ੍ਹਾਂ ਦੀ ਟੀਮ ਦਾ ਧੰਨਵਾਦ ਕੀਤਾ।

## ਐੱਨ ਐੱਸ ਐੱਸ ਯੂਨਿਟ ਵੱਲੋਂ ਏਡਜ਼ ਸਬੰਧੀ ਜਾਗਰੂਕਤਾ ਸੈਮੀਨਾਰ

**ਕੋਟਕਪੂਰਾ (ਰਛਪਾਲ ਭੁੱਲਰ)**-ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਵਿਖੇ ਐੱਨ ਐੱਸ ਐੱਸ ਯੂਨਿਟ ਵੱਲੋਂ ਐੱਚ ਆਈ ਵੀ/ਏਡਜ਼ ਸਬੰਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਨੂੰ ਐੱਚ ਆਈ ਵੀ/ਏਡਜ਼ ਦੇ ਕਾਰਨਾਂ, ਬਚਾਅ ਦੇ ਤਰੀਕਿਆਂ ਤੇ ਇਸ ਸਬੰਧੀ ਜਾਗਰੂਕਤਾ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ।ਇਸ ਮੌਕੇ ਵਿਦਿਆਰਥੀਆਂ ਨੇ ਵੀ ਪੂਰੀ ਰੁਚੀ ਨਾਲ ਭਾਗ ਲਿਆ ਤੇ ਸਬੰਧਤ ਵਿਸ਼ੇ ਬਾਰੇ ਆਪਣੇ ਸਵਾਲ ਪੁੱਛੇ।ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ, ਡਾਇਰੈਕਟਰ-ਪ੍ਰਿੰਸੀਪਲ ਸ੍ਰੀਮਤੀ ਸੁਰਿੰਦਰ ਕੌਰ ਤੇ ਪ੍ਰਿੰਸੀਪਲ ਸ੍ਰੀਮਤੀ ਸੋਮਾ ਦੇਵੀ ਹਾਜ਼ਰ ਸਨ।ਸਕੂਲ ਪ੍ਰਬੰਧਕਾਂ ਨੇ ਐੱਨ ਐੱਸ ਐੱਸ ਯੂਨਿਟ ਦੇ ਪ੍ਰੋਗਰਾਮ ਅਫਸਰ ਸ੍ਰੀਮਤੀ ਸ਼ਮਿੰਦਰ ਕੌਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਵਿੱਚ ਸਿਹਤ ਤੇ ਸਮਾਜਿਕ ਜਾਗਰੂਕਤਾ ਪੈਦਾ ਕਰਨ ਲਈ ਅਜਿਹੇ ਸੈਮੀਨਾਰ ਲਗਾਤਾਰ ਕਰਵਾਏ ਜਾਣੇ ਚਾਹੀਦੇ ਹਨ।ਇਸ ਮੌਕੇ ਕੋਆਰਡੀਨੇਟਰ ਸ੍ਰੀਮਤੀ ਸਤਵਿੰਦਰ ਕੌਰ ਤੇ ਹੋਰ ਅਧਿਆਪਕ ਹਾਜ਼ਰ ਸਨ।

## ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਡਰੋਨ ਸ਼ੋਅ

### ਨਵੀਂ ਪੀੜ੍ਹੀ ਨੂੰ ਗੁਰੂ ਸਾਹਿਬ ਦੀ ਵਿਚਾਰਧਾਰਾ ਨਾਲ ਜੋੜਨ ਦਾ ਇਹ ਪ੍ਰਭਾਵਸ਼ਾਲੀ ਮਾਧਿਅਮ-ਵਿਧਾਇਕ ਗਿਆਸਪੁਰਾ




**ਦੋਰਾਹਾ (ਹਰਮਿੰਦਰ ਸੇਠ)**-ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਸਮਾਗਮਾਂ ਦੀ ਲੜੀ ਤਹਿਤ ਵੀਰਵਾਰ ਨੂੰ ਅਨਾਜ ਮੰਡੀ ਪਾਇਲ ਵਿਖੇ 500 ਡਰੋਨਾਂ ਰਾਹੀਂ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ।ਇਸ ਨਿਵੇਕਲੇ ਡਰੋਨ ਸ਼ੋਅ ਨੇ ਸੰਗਤ ਨੂੰ ਅਧਿਆਤਮਿਕਤਾ ਤੇ ਆਧੁਨਿਕ ਤਕਨੀਕ ਦੇ ਸੁਮੇਲ ਨਾਲ ਰੂਬਰੂ ਕਰਵਾਇਆ।ਅੰਬਰ ਵਿੱਚ ਉੱਭਰੀਆਂ ਰੌਸ਼ਨ ਆਕ੍ਰਿਤੀਆਂ ਨੇ ਗੁਰੂ ਸਾਹਿਬ ਦੇ ਜੀਵਨ-ਦਰਸ਼ਨ, ਬਾਣੀ ਤੇ ਸਰਬ-ਸਾਂਝੀਵਾਲਤਾ ਦੇ ਸੰਦੇਸ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ।

ਇਸ ਮੌਕੇ ਸੰਗਤ ਵਜੋਂ ਸ਼ਾਮਲ ਹੋਏ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦਾ ਉਦੇਸ਼ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਫਲਸਫੇ ਨੂੰ ਸਮਾਗਮਾਂ ਤੱਕ ਸੀਮਤ ਰੱਖਣ ਦੀ ਬਜਾਏ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਲੋਕ-ਚੇਤਨਾ ਦਾ ਹਿੱਸਾ ਬਣਾਉਣਾ ਹੈ।ਗੁਰੂ ਸਾਹਿਬ ਨੇ ਬਰਾਬਰੀ, ਕਿਰਤ, ਮਨੁੱਖੀ ਮਾਣ-ਸਨਮਾਨ ਤੇ ਭੇਦ-ਭਾਵ ਰਹਿਤ ਸਮਾਜ ਦੀ ਸਿਰਜਣਾ ਦਾ ਸੰਦੇਸ਼ ਦਿੱਤਾ।ਉਨ੍ਹਾਂ ਕਿਹਾ ਕਿ ਡਰੋਨ ਸ਼ੋਅ ਦੌਰਾਨ ਅੰਬਰ ਵਿੱਚ ਉੱਭਰਦੀਆਂ ਰੌਸ਼ਨ ਆਕ੍ਰਿਤੀਆਂ ਨੇ ਆਧੁਨਿਕ ਤਕਨੀਕ ਤੇ ਅਧਿਆਤਮਿਕ ਵਿਰਾਸਤ ਦਾ ਅਨੋਖਾ ਸੰਗਮ ਪੇਸ਼ ਕੀਤਾ।ਇਹ ਪੇਸ਼ਕਾਰੀ ਵਿਸ਼ੇਸ਼ ਤੌਰ 'ਤੇ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਦੇ ਜੀਵਨ, ਬਾਣੀ ਤੇ ਵਿਚਾਰਧਾਰਾ ਨਾਲ ਜੋੜਨ ਦਾ ਪ੍ਰਭਾਵਸ਼ਾਲੀ ਮਾਧਿਅਮ ਬਣੀ। ਵਿਧਾਇਕ ਗਿਆਸਪੁਰਾ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਦੀਵੀ ਸਿੱਖਿਆਵਾਂ ਤੇ ਇਲਾਹੀ ਸੰਦੇਸ਼ ਪ੍ਰਤੀ ਸ਼ਰਧਾ ਤੇ ਸਤਿਕਾਰ ਭੇਟ ਕਰਦਿਆਂ ਪੰਜਾਬ ਸਰਕਾਰ ਵੱਲੋਂ ਜਲੰਧਰ ਦੇ ਡੇਰਾ ਸੱਚਖੰਡ ਬੱਲਾਂ ਵਿਖੇ 'ਸ੍ਰੀ ਗੁਰੂ ਰਵਿਦਾਸ ਜੀ ਬਾਣੀ ਅਧਿਐਨ ਕੇਂਦਰ' ਦੀ ਸਥਾਪਨਾ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਇਹ ਕੇਂਦਰ 10.4 ਏਕੜ ਰਕਬੇ ਵਿੱਚ ਬਣਾਇਆ ਜਾਵੇਗਾ ਤੇ ਇਸ ਦੀ ਕੁੱਲ ਲਾਗਤ 37 ਕਰੋੜ ਰੁਪਏ ਹੋਵੇਗੀ।ਇਸ ਮੌਕੇ ਬਾਬਾ ਹਰਜੀਤ ਸਿੰਘ ਦੋਰਾਹਾ ਤੇ ਭਾਈ ਮਨਦੀਪ ਸਿੰਘ ਬੀਜੇ ਦੇ ਜਥਿਆਂ ਵੱਲੋਂ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ।

## ਓਵਰਲੋਡਿੰਗ ਤੇ 'ਜੁਗਾੜੂ' ਵਾਹਨਾਂ ਵਿਰੁੱਧ ਆਰ.ਟੀ.ਓ. ਵੱਲੋਂ ਸਖ਼ਤ ਰੁਖ਼



**ਮਾਲੇਰਕੋਟਲਾ (ਅਸਗਰ ਪਰਿਹਾਰ)**

ਸੜਕ ਹਾਦਸਿਆਂ ਦੇ ਖ਼ਤਰੇ ਨੂੰ ਘਟਾਉਣ ਤੇ ਆਵਾਜਾਈ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣ ਦੇ ਮੱਦੇਨਜ਼ਰ ਰਿਜਨਲ ਟਰਾਂਸਪੋਰਟ ਅਫ਼ਸਰ ਕਰਨਬੀਰ ਸਿੰਘ ਛੀਨਾ ਨੇ ਵਾਹਨ ਚਾਲਕਾਂ ਤੇ ਟਰਾਂਸਪੋਰਟਰਾਂ ਨੂੰ ਓਵਰਲੋਡਿੰਗ ਅਤੇ ਅਣਅਧਿਕਾਰਤ ਢੰਗ ਨਾਲ ਤਿਆਰ ਕੀਤੇ 'ਜੁਗਾੜੂ' ਵਾਹਨਾਂ ਦੀ ਵਰਤੋਂ ਤੋਂ ਗੁਰੇਜ਼ ਕਰਨ ਦੀ ਹਦਾਇਤ ਕੀਤੀ ਹੈ।ਰਿਜਨਲ ਟਰਾਂਸਪੋਰਟ ਅਫ਼ਸਰ ਨੇ ਕਿਹਾ ਕਿ ਵਾਹਨ ਦੀ ਨਿਰਧਾਰਤ ਸਮਰੱਥਾ ਤੋਂ ਵੱਧ ਭਾਰ ਲੱਦਣਾ ਨਾ ਸਿਰਫ਼ ਆਵਾਜਾਈ ਨਿਯਮਾਂ ਦੀ ਉਲੰਘਣਾ ਹੈ, ਸਗੋਂ ਇਹ ਸੜਕ 'ਤੇ ਚੱਲਣ ਵਾਲੇ ਹੋਰ ਲੋਕਾਂ ਦੀ ਸੁਰੱਖਿਆ ਲਈ ਵੀ ਗੰਭੀਰ ਖ਼ਤਰਾ ਪੈਦਾ ਕਰ ਸਕਦਾ ਹੈ।ਵੱਧ ਭਾਰ ਕਾਰਨ ਵਾਹਨ ਨੂੰ ਕਾਬੂ ਕਰਨ ਤੇ ਸਮੇਂ ਸਿਰ ਰੋਕਣ ਵਿੱਚ ਮੁਸ਼ਕਲ ਆ ਸਕਦੀ ਹੈ, ਜਿਸ ਨਾਲ ਹਾਦਸੇ ਦਾ ਖ਼ਤਰਾ ਵਧਦਾ ਹੈ।

ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਵਾਹਨਾਂ ਦੇ ਮੂਲ ਢਾਂਚੇ ਵਿੱਚ ਅਣ-ਅਧਿਕਾਰਤ ਤਬਦੀਲੀਆਂ ਕਰਕੇ ਤਿਆਰ ਕੀਤੇ ਗਏ 'ਜੁਗਾੜੂ' ਵਾਹਨ ਵੀ ਸੜਕ ਸੁਰੱਖਿਆ ਲਈ ਚਿੰਤਾ ਦਾ ਵਿਸ਼ਾ ਹਨ।ਅਜਿਹੇ ਵਾਹਨਾਂ ਦੀ ਜਾਂਚ ਦੌਰਾਨ ਨਿਯਮਾਂ ਦੀ ਉਲੰਘਣਾ ਸਾਹਮਣੇ ਆਉਣ 'ਤੇ ਮੋਟਰ ਵਾਹਨ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਉਨ੍ਹਾਂ ਕਿਹਾ ਕਿ ਸੁਰੱਖਿਅਤ ਸੜਕਾਂ ਸਿਰਫ਼ ਨਿਯਮ ਲਾਗੂ ਕਰਨ ਨਾਲ ਨਹੀਂ, ਸਗੋਂ ਹਰ ਵਾਹਨ ਚਾਲਕ ਵੱਲੋਂ ਆਪਣੀ ਜ਼ਿੰਮੇਵਾਰੀ ਨਿਭਾਉਣ ਨਾਲ ਬਣਦੀਆਂ ਹਨ।

## ਕੁਹਾੜਿਆਂਵਾਲੀ ਵਿਖੇ ਲੱਗਾ ਦੁੱਧ ਉਤਪਾਦਕ ਜਾਗਰੂਕਤਾ ਕੈਂਪ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਪਸ਼ੂ ਪਾਲਣ, ਮੱਛੀ ਪਾਲਣ ਤੇ ਡੇਅਰੀ ਵਿਕਾਸ ਵਿਭਾਗ ਮੰਤਰੀ ਸ੍ਰ. ਗੁਰਮੀਤ ਸਿੰਘ ਖੁੱਡੀਆਂ ਦੇ ਦਿਸ਼ਾ-ਨਿਰਦੇਸ਼ਾਂ ਤੇ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਫਾਜ਼ਿਲਕਾ ਰਣਦੀਪ ਕੁਮਾਰ ਹਾਂਡਾ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਫਾਜ਼ਿਲਕਾ ਦੇ ਬਲਾਕ ਅਰਨੀਵਾਲਾ ਅਧੀਨ ਪੈਂਦੇ ਪਿੰਡ ਕੁਹਾੜਿਆਂ ਵਾਲੀ ਵਿਖੇ ਇੱਕ ਵਿਸ਼ੇਸ਼ ਦੁੱਧ ਉਤਪਾਦਕ ਜਾਗਰੂਕਤਾ ਕੈਂਪ ਲਗਾਇਆ ਗਿਆ।ਕੈਂਪ ਦੌਰਾਨ ਡੇਅਰੀ ਵਿਕਾਸ ਇੰਸਪੈਕਟਰ (ਗ੍ਰੇਡ-2) ਰਮਨਦੀਪ ਕੁਮਾਰ ਨੇ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਜਨ-ਹਿੱਤ ਸਕੀਮਾਂ ਬਾਰੇ ਜਾਣਕਾਰੀ ਦਿੱਤੀ।ਵੈਟਨਰੀ ਇੰਸਪੈਕਟਰ ਗੁਰਸ਼ੀਸ਼ ਕੌਰ ਨੇ ਫਾਰਮਰਾਂ ਨੂੰ ਪਸ਼ੂਆਂ ਦੀਆਂ ਬਿਮਾਰੀਆਂ ਤੇ ਉਨ੍ਹਾਂ ਦੀ ਸੁਚੱਜੀ ਸਾਂਭ-ਸੰਭਾਲ ਬਾਰੇ ਜਾਣੂ ਕਰਵਾਇਆ।ਵੇਰਕਾ ਦੇ ਸੇਵਾਮੁਕਤ ਏਰੀਆ ਮੈਨੇਜਰ ਗੁਰਤੇਜ ਸਿੰਘ ਨੇ ਗੁਣਵੱਤਾ ਭਰਪੂਰ ਤੇ ਸਾਫ਼-ਸੁਥਰੇ ਦੁੱਧ ਦੀ ਪੈਦਾਵਾਰ ਸਬੰਧੀ ਜਾਗਰੂਕ ਕੀਤਾ।ਇਸ ਦੌਰਾਨ ਬਾਨੀ ਡੇਅਰੀ ਦੇ ਨੁਮਾਇੰਦਿਆਂ ਚੰਨਪ੍ਰੀਤ ਸਿੰਘ ਤੇ ਲਵਦੀਪ ਸਿੰਘ ਨੇ ਆਪਣੀ ਸੰਸਥਾ ਦੇ ਕੰਮਕਾਜ ਤੇ ਸਹੂਲਤਾਂ ਬਾਰੇ ਦੱਸਿਆ।ਕੈਂਪ ਦੇ ਅਖੀਰ ਵਿੱਚ ਪਿੰਡ ਦੇ ਸਰਪੰਚ ਜਸਵਿੰਦਰ ਕੌਰ ਤੇ ਨੰਬਰਦਾਰ ਪਰਮਾਨੰਦ ਨੇ ਡੇਅਰੀ ਵਿਕਾਸ ਵਿਭਾਗ ਦੇ ਆਏ ਹੋਏ ਅਧਿਕਾਰੀਆਂ ਤੇ ਸਮੂਹ ਫਾਰਮਰਾਂ ਦਾ ਧੰਨਵਾਦ ਕੀਤਾ।

## ਅਕਾਲੀ ਦਲ 'ਵਾਰਿਸ ਪੰਜਾਬ ਦੇ' ਦੀ ਰਸੂਲਪੁਰ ਦੀ ਅਗਵਾਈ 'ਚ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਅਕਾਲੀ ਦਲ ਵਾਰਿਸ ਪੰਜਾਬ ਦੇ ਜ਼ਿਲ੍ਹਾ ਮੋਗਾ ਦੀ ਪਹਿਲੀ ਮੀਟਿੰਗ ਹਲਕਾ ਮੋਗਾ ਤੋਂ ਉਮੀਦਵਾਰ ਭਾਈ ਗੁਰਮੀਤ ਸਿੰਘ ਬੁੱਕਨ ਵਾਲਾ ਦੇ ਮੁੱਖ ਚੋਣ ਦਫਤਰ ਵਿੱਚ ਹੋਈ।ਇਸ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਜ਼ਿਲ੍ਹਾ ਪ੍ਰਧਾਨ ਕਰਮਜੀਤ ਸਿੰਘ ਰਸੂਲਪੁਰ ਤੇ ਜ਼ਿਲ੍ਹੇ ਦੇ ਚਾਰਾ ਹਲਕਾ ਇੰਚਾਰਜ ਵੱਲੋਂ ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਵਧਾਈ ਦਿੱਤੀ ਗਈ ਅਤੇ ਪਾਰਟੀ ਵਿੱਚ ਇੱਕ ਅਹੁਦੇਦਾਰ ਬਣ ਕੇ ਨਹੀਂ ਸਗੋਂ ਸੇਵਾਦਾਰ ਬਣ ਕੇ ਕੰਮ ਕਰਨ ਲਈ ਕਿਹਾ ਗਿਆ।ਰਸੂਲਪੁਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਜ਼ਿਲ੍ਹੇ ਵਿੱਚ ਕੁੱਲ 28 ਅਹੁਦੇਦਾਰਾਂ ਦੀ ਕਮੇਟੀ ਗਠਿਤ ਕੀਤੀ ਗਈ ਹੈ।ਇਹ ਕਮੇਟੀ ਹੁਣ ਅੱਗੇ ਹਲਕਿਆਂ ਦੀਆਂ ਇਕਾਈਆਂ ਬਣਾ ਕੇ ਪਾਰਟੀ ਲਈ ਕੰਮ ਕਰੇਗੀ ਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਇਆ ਜਾਵੇਗਾ।ਇਸ ਮੌਕੇ ਦਵਿੰਦਰ ਸਿੰਘ ਰਣੀਆਂ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਬਿਨਾਂ ਅਹੁਦਿਆਂ ਤੋਂ ਹੀ ਪਾਰਟੀ ਲਈ ਕੰਮ ਕਰਨ ਦੀ ਲੋੜ ਹੈ ਤੇ ਪਾਰਟੀ ਦੀ ਹਰ ਨੀਤੀ ਨੂੰ ਲੋਕਾਂ ਤੱਕ ਲੈ ਜਾਣਾ ਹੈ।ਹਲਕਾ ਮੋਗਾ ਤੋਂ ਅਗਵਾਈ ਕਰਤਾ ਤਰਨਦੀਪ ਸਿੰਘ ਗਿੱਲ ਤੇ ਭਰਾ ਜਗਜਿੰਦਰ ਸਿੰਘ ਗਿੱਲ ਨੇ ਨਵੇਂ ਚੁਣੇ ਅਹੁਦੇਦਾਰਾਂ ਨੂੰ ਵਧਾਈ ਦਿੱਤੀ।ਇਸ ਮੌਕੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਤੇ ਸਾਰੇ ਅਹੁਦੇਦਾਰਾਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਲੱਡੂਆਂ ਨਾਲ ਮੂੰਹ ਮਿੱਠਾ ਕਰਵਾਇਆ ਗਿਆ।ਇਸ ਮੌਕੇ ਨਵੇਂ ਚੁਣੇ ਗਏ ਅਹੁਦੇਦਾਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਸੁਰਜੀਤ ਰੱਖੜਾ ਨੂੰ ਇੰਚਾਰਜ ਬਣਨ 'ਤੇ ਢਿੱਲੋਂ ਨੇ ਦਿੱਤੀ ਵਧਾਈ

**ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਦੇ ਸੁਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਸ. ਸੁਰਜੀਤ ਸਿੰਘ ਰੱਖੜਾ ਨੂੰ ਮਾਣ ਬਖ਼ਸ਼ਦਿਆਂ ਉਨ੍ਹਾ ਨੂੰ ਹਲਕਾ ਸਮਾਣਾ ਦਾ ਇੰਚਾਰਜ ਨਿਯੁਕਤ ਕੀਤੇ ਜਾਣ 'ਤੇ ਲੋਕ ਸਭਾ ਇੰਚਾਰਜ ਤੇ ਪੰਜਾਬ ਐਗਰੋ ਦੇ ਚੇਅਰਮੈਨ ਸ. ਬਲਜਿੰਦਰ ਸਿੰਘ ਢਿੱਲੋਂ ਨੇ ਉਨ੍ਹਾਂ ਨੂੰ ਦਿਲੋਂ ਮੁਬਾਰਕਬਾਦ ਦਿੱਤੀ।ਇਸ ਮੌਕੇ ਸ੍ਰ. ਢਿੱਲੋਂ ਨੇ ਕਿਹਾ ਕਿ ਸੁਰਜੀਤ ਸਿੰਘ ਰੱਖੜਾ ਨੂੰ ਮਿਲੀ ਇਹ ਜ਼ਿੰਮੇਵਾਰੀ ਪਾਰਟੀ ਵੱਲੋਂ ਉਨ੍ਹਾਂ 'ਤੇ ਪ੍ਰਗਟਾਏ ਭਰੋਸੇ ਦਾ ਪ੍ਰਤੀਕ ਹੈ।ਉਨ੍ਹਾਂ ਸ੍ਰ. ਰੱਖੜਾ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁੱਭ-ਕਾਮਨਾਵਾਂ ਦਿੰਦਿਆਂ ਕਿਹਾ ਕਿ ਉਹ ਆਪਣੀ ਮਿਹਨਤ, ਤਜਰਬੇ ਤੇ ਸਮਰਪਣ ਨਾਲ ਹਲਕਾ ਸਮਾਣਾ ਦੇ ਲੋਕਾਂ ਨਾਲ ਹੋਰ ਮਜ਼ਬੂਤੀ ਨਾਲ ਜੁੜ ਕੇ ਕੰਮ ਕਰਨਗੇ।ਉਨ੍ਹਾਂ ਨੇ ਸ੍ਰ. ਸੁਰਜੀਤ ਸਿੰਘ ਰੱਖੜਾ ਦੇ ਉੱਜਵਲ ਭਵਿੱਖ ਦੀ ਵੀ ਕਾਮਨਾ ਕੀਤੀ।

## ਬਾਬਾ ਫਰੀਦ ਆਗਮਨ ਪੁਰਬ ਮੌਕੇ 'ਬਾਬਾ ਫ਼ਰੀਦ ਐਵਾਰਡ ਫਾਰ ਸਰਵਿਸ ਟੂ ਹਿਊਮੈਂਟੀ' ਤੇ 'ਇੰਦਰਜੀਤ ਸਿੰਘ ਖਾਲਸਾ ਯਾਦਗਰੀ ਐਵਾਰਡ' ਦਾ ਐਲਾਨ





**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਬਾਬਾ ਫਰੀਦ ਆਗਮਨ ਪੁਰਬ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 19 ਸਤੰਬਰ ਤੋਂ 23 ਸਤੰਬਰ ਤੱਕ ਮਨਾਇਆ ਜਾ ਰਿਹਾ ਹੈ।ਇਸ ਆਗਮਨ ਪੁਰਬ ਮੌਕੇ ਦਿੱਤੇ ਜਾਣ ਵਾਲੇ ਬਾਬਾ ਫ਼ਰੀਦ ਐਵਾਰਡ ਫਾਰ ਸਰਵਿਸ ਟੂ ਹਿਊਮੈਂਟੀ ਅਤੇ ਸ. ਇੰਦਰਜੀਤ ਸਿੰਘ ਖਾਲਸਾ ਯਾਦਗਰੀ ਅਵਾਰਡ ਦੇ ਐਲਾਨ ਲਈ ਬਾਬਾ ਫਰੀਦ ਧਾਰਮਿਕ ਤੇ ਵਿੱਦਿਅਕ ਸੰਸਥਾਵਾਂ ਦੇ ਪ੍ਰਧਾਨ ਸ. ਸਿਮਰਜੀਤ ਸਿੰਘ ਸੇਖੋਂ ਦੀ ਅਗਵਾਈ ਹੇਠ ਪ੍ਰੈੱਸ ਕਾਨਫਰੰਸ ਕੀਤੀ ਗਈ, ਜਿਸ ਵਿੱਚ ਉਨ੍ਹਾਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਸਾਲ 'ਬਾਬਾ ਫ਼ਰੀਦ ਐਵਾਰਡ ਫਾਰ ਸਰਵਿਸ ਟੂ ਹਿਊਮੈਂਟੀ' ਨਾਲ ਸ੍ਰ. ਜਸਵਿੰਦਰ ਸਿੰਘ ਖਾਲਸਾ ਨੂੰ ਸਨਮਾਨਤ ਕੀਤਾ ਜਾਵੇਗਾ।ਇਸੇ ਤਰ੍ਹਾਂ 'ਸ੍ਰ. ਇੰਦਰਜੀਤ ਸਿੰਘ ਖਾਲਸਾ ਯਾਦਗਰੀ ਅਵਾਰਡ' ਨਾਲ ਮਾਤਾ ਅਮਰ ਕੌਰ ਵਿਵੇਕ ਚੈਰੀਟੇਬਲ ਸੁਸਾਇਟੀ ਨੂੰ ਸਨਮਾਨਤ ਕੀਤਾ ਜਾਵੇਗਾ।ਸ੍ਰ. ਸਿਮਰਜੀਤ ਸਿੰਘ ਸੇਖੋਂ ਨੇ ਕਿਹਾ ਕਿ ਇਹ ਦੋਵੇਂ ਐਵਾਰਡ ਬਾਬਾ ਫਰੀਦ ਸੁਸਾਇਟੀ ਵੱਲੋਂ ਬਾਬਾ ਫਰੀਦ ਆਗਮਨ ਪੁਰਬ ਦੇ ਆਖਰੀ ਦਿਨ 23 ਸਤੰਬਰ ਨੂੰ ਗੁਰਦੁਆਰਾ ਗੋਦੜੀ ਸਾਹਿਬ ਵਿਖੇ ਨਗਰ ਕੀਰਤਨ ਪਹੁੰਚਣ ਉਪਰੰਤ ਸਜੇ ਹੋਏ ਧਾਰਮਿਕ ਦੀਵਾਨਾਂ ਤੇ ਸੰਗਤਾਂ ਦੀ ਹਾਜ਼ਰੀ ਵਿੱਚ ਦਿੱਤੇ ਜਾਣਗੇ।ਇਸ ਵਿੱਚ 'ਬਾਬਾ ਫ਼ਰੀਦ ਐਵਾਰਡ ਫਾਰ ਸਰਵਿਸ ਟੂ ਹਿਊਮੈਂਟੀ' ਵਿੱਚ ਸਿਰਪਾਉ, ਦੋਸ਼ਾਲਾ, ਸਾਈਟੇਸ਼ਨ ਤੇ ਦੋ (2) ਲੱਖ ਨਗਦ ਇਨਾਮ ਅਤੇ 'ਸ੍ਰ. ਇੰਦਰਜੀਤ ਸਿੰਘ ਖਾਲਸਾ ਯਾਦਗਰੀ ਐਵਾਰਡ' ਵਿੱਚ ਸਿਰਪਾਉ, ਦੋਸ਼ਾਲਾ, ਸਾਈਟੇਸ਼ਨ ਤੇ ਇੱਕ (1) ਲੱਖ ਨਗਦ ਇਨਾਮ ਦੀ ਰਾਸ਼ੀ ਭੇਟ ਕੀਤੀ ਜਾਵੇਗੀ।ਇਸ ਮੌਕੇ ਚਰਨਜੀਤ ਸਿੰਘ ਸੇਖੋਂ, ਸ. ਸੁਰਿੰਦਰ ਸਿੰਘ ਰੋਮਾਣਾ, ਡਾ. ਗੁਰਇੰਦਰ ਮੋਹਨ ਸਿੰਘ, ਸ. ਦੀਪਇੰਦਰ ਸਿੰਘ ਸੇਖੋਂ, ਸ. ਕੁਲਜੀਤ ਸਿੰਘ ਮੰਗੀਆਂ, ਸ. ਗੁਰਜਾਪ ਸਿੰਘ ਸੇਖੋਂ ਅਤੇ ਸ. ਨਰਿੰਦਰ ਪਾਲ ਸਿੰਘ ਬਰਾੜ ਹਾਜ਼ਰ ਸਨ।

## ਤਰਕਸ਼ੀਲ ਸੁਸਾਇਟੀ ਨੇ ਪੀ ਏ ਯੂ ਕਿਸਾਨ ਮੇਲੇ 'ਚ ਉਸਾਰੂ ਕਦਰਾਂ-ਕੀਮਤਾਂ ਦਾ ਦਿੱਤਾ ਹੋਕਾ



**ਲੁਧਿਆਣਾ (ਸਤੀਸ਼ ਸਚਦੇਵਾ)**-ਪੀਏਯੂ ਕਿਸਾਨ ਮੇਲੇ ਵਿੱਚ ਤਰਕਸ਼ੀਲ ਸਾਹਿਤ ਰਾਹੀਂ ਲੋਕਾਂ ਨੂੰ ਅੰਧ-ਵਿਸ਼ਵਾਸੀ ਵਿਚਾਰ ਛੱਡ ਵਿਗਿਆਨਕ ਵਿਚਾਰ ਅਪਣਾ ਕੇ ਉਸਾਰੂ ਕਦਰਾਂ ਕੀਮਤਾਂ ਦਾ ਹੋਕਾ ਦਿੱਤਾ।ਤਰਕਸ਼ੀਲ ਸੁਸਾਇਟੀ ਪੰਜਾਬ (ਜ਼ੋਨ ਲੁਧਿਆਣਾ) ਵੱਲੋਂ ਸਟਾਲ ਵਿੱਚ ਵੱਖ ਵੱਖ ਵਿਗਿਆਨੀਆਂ, ਸਮਾਜ ਚਿੰਤਕਾਂ ਦੇ ਵਿਚਾਰਾਂ ਦੀਆਂ ਟੂਕਾਂ ਸਮੇਤ ਤਾਂਤਰਿਕਾਂ ਵੱਲੋਂ ਲੋਕਾਂ ਤੋਂ ਬਟੋਰੇ ਰੁਪਏ ਵਾਪਸ ਕਰਵਾਉਣ ਤੇ ਮਾਨਸਿਕ ਰੋਗੀਆਂ ਦੇ ਗਲ਼ਾਂ 'ਚੋਂ ਲੁਹਾਏ ਤਵੀਤਾਂ ਦੀ ਪ੍ਰਦਰਸਨੀ ਲੋਕਾਂ ਨੂੰ ਪ੍ਰਭਾਵਤ ਕਰ ਰਹੀ ਸੀ।ਦਰਸ਼ਕਾਂ ਵੱਲੋਂ ਕਈ ਤਰ੍ਹਾਂ ਦੇ ਸਵਾਲ ਵੀ ਤਰਕਸ਼ੀਲ ਆਗੂਆਂ ਨਾਲ ਸਾਂਝੇ ਕਰਦਿਆਂ ਆਪਣੇ ਸ਼ੰਕੇ ਦੂਰ ਕੀਤੇ।ਤਰਕਸ਼ੀਲ ਮੈਗਜ਼ੀਨ ਦੇ ਸਲਾਨਾਂ ਚੰਦੇ ਵੀ ਦਰਸ਼ਕਾਂ ਵੱਲੋਂ ਦਰਜ ਕਰਵਾਏ ਗਏ।ਇਸ ਮੌਕੇ ਤਰਕਸ਼ੀਲ ਸਾਹਿਤ ਵੈਨ ਮੁਖੀ ਮੋਹਨ ਬਡਲਾ, ਜ਼ੋਨ ਮੁਖੀ ਜਸਵੰਤ ਜ਼ੀਰਖ, ਵਿੱਤ ਮੁਖੀ ਧਰਮਪਾਲ ਸਿੰਘ, ਮੀਡੀਆ ਮੁਖੀ ਹਰਚੰਦ ਭਿੰਡਰ, ਜਸਵੀਰ ਸੋਨੀ, ਇਕਾਈਆਂ ਦੇ ਮੁਖੀ, ਬਲਵਿੰਦਰ ਲੁਧਿਆਣਾ, ਧਰਮ ਸਿੰਘ ਸੁਧਾਰ, ਰਾਕੇਸ਼ ਆਜ਼ਾਦ, ਮਾ. ਕਰਨੈਲ ਸਿੰਘ, ਬੂਟਾ ਸਿੰਘ, ਰਾਜਿੰਦਰ ਜੰਡਿਆਲੀ, ਸਤੀਸ਼ ਸੱਚਦੇਵਾ, ਮਨਜੀਤ ਘਣਗਸ, ਕਰਤਾਰ ਸਿੰਘ ਨੇ ਪ੍ਰਬੰਧਕੀ ਜ਼ੁੰਮੇਵਾਰੀਆਂ ਨਿਭਾਈਆਂ ।ਮਨਜੀਤ ਘਣਗਸ ਨੇ ਤਰਕਸ਼ੀਲ ਗੀਤਾਂ ਰਾਹੀਂ ਮਨੋਰੰਜਨ ਕੀਤਾ।

## ਸਫਾ 1 ਦੇ ਬਾਕੀ...

### 50 ਫ਼ੀਸਦੀ ਡੀ ਏ ...

ਮੰਤਰੀ ਵੱਲੋਂ ਪੈਨਸ਼ਨਰਜ਼ ਦੇ 2.59 ਗੁਣਾਂਕ, 17.7.20 ਦੇ ਜਾਰੀ ਪੱਤਰ ਅਨੁਸਾਰ ਕੇਂਦਰੀ ਸਕੇਲ ਬਾਰੇ, ਤਿੰਨ ਸਾਲ ਦੇ ਪ੍ਰਬੋਸ਼ਨ ਪੀਰੀਅਡ, ਪੁਰਾਣੀ ਪੈਨਸ਼ਨ ਆਦਿ ਮੰਗਾਂ ਬਾਰੇ ਹਾਂ-ਪੱਖੀ ਹੁੰਗਾਰਾ ਭਰਿਆ ਗਿਆ ਹੈ। ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਡਾ. ਬਲਜੀਤ ਕੌਰ ਨੇ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਨਾਲ ਮੁਲਾਜ਼ਮਾਂ ਦੀ ਮੀਟਿੰਗ ਬਹੁਤ ਸੁਖਾਵੇਂ ਮਾਹੌਲ ਵਿੱਚ ਹੋਈ। ਉਨ੍ਹਾਂ ਕਿਹਾ ਕਿ ਮੁਲਾਜ਼ਮ ਤਬਕੇ ਦੀ ਸਹਾਇਤਾ ਬਿਨਾਂ ਕੋਈ ਵੀ ਸਰਕਾਰ ਨਹੀਂ ਚੱਲ ਸਕਦੀ। ਅਮਨ ਅਰੋੜਾ ਨੇ ਦੱਸਿਆ ਕਿ ਡੀ ਏ 'ਚ ਅੱਠ ਫ਼ੀਸਦੀ ਵਾਧੇ ਨਾਲ ਪੰਜਾਬ ਸਰਕਾਰ 'ਤੇ ਕਰੀਬ 250 ਕਰੋੜ ਦਾ ਵਿੱਤੀ ਬੋਝ ਪਵੇਗਾ। ਇਸ ਮੀਟਿੰਗ ਵਿੱਚ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਸਮੇਤ ਹੋਰ ਅਧਿਕਾਰੀ, ਮੁਲਾਜ਼ਮ ਆਗੂ ਸੁਖਚੈਨ ਸਿੰਘ ਖਹਿਰਾ, ਸੁਸ਼ੀਲ ਕੁਮਾਰ ਫੌਜੀ, ਸਾਹਿਲ ਸ਼ਰਮਾ, ਗੁਰਨਾਮ ਸਿੰਘ ਵਿਰਕ, ਸਤੀਸ਼ ਰਾਣਾ, ਭਜਨ ਸਿੰਘ ਗਿੱਲ, ਰਣਜੀਤ ਸਿੰਘ ਰਾਣਵਾਂ, ਤਰਸੇਮ ਸਿੰਘ ਭੱਠਲ, ਕਰਮ ਸਿੰਘ ਧਨੋਆ, ਹਰਜਿੰਦਰ ਸਿੰਘ ਪੰਨੂੰ, ਜਰਮਨ ਜੀਤ ਸਿੰਘ, ਮਨਪ੍ਰੀਤ ਸਿੰਘ, ਧਨਵੰਤ ਭੱਠਲ, ਕੁਲਵਿੰਦਰ ਸਿੰਘ ਸ਼ਾਮਲ ਸਨ। ਮੁਲਾਜ਼ਮ ਆਗੂਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਮੂੰਹ ਮਿੱਠਾ ਵੀ ਕਰਵਾਇਆ।

ਮੁੱਖ ਮੰਤਰੀ ਨਾਲ ਹੋਈ ਮੀਟਿੰਗ 'ਚ ਸਹਿਮਤੀ ਬਣਨ ਮਗਰੋਂ ਪੰਜਾਬ 'ਚ ਕਰੀਬ ਤਿੰਨ ਹਫ਼ਤੇ ਤੋਂ ਚੱਲ ਰਹੇ ਮੁਲਾਜ਼ਮ ਸੰਘਰਸ਼ ਦਾ ਅੱਜ ਸੁਖਾਵਾਂ ਅੰਤ ਹੋਇਆ ਹੈ।

### ਨੰਦੀਗ੍ਰਾਮ 'ਚ ਕਾਂਗਰਸ...

ਕਮਿਸ਼ਨ ਨੇ ਮਮਤਾ ਦੀ ਅਗਵਾਈ ਵਾਲੀ ਪਾਰਟੀ ਨੂੰ ਮਮਤਾ ਆਲ ਇੰਡੀਆ ਤ੍ਰਿਣਮੂਲ ਕਾਂਗਰਸ ਦਾ ਨਾਂਅ ਦੇ ਕੇ 'ਫੁੱਟਬਾਲ ਖਿਡਾਰੀ' ਚੋਣ ਨਿਸ਼ਾਨ ਜਦਕਿ ਅਰੂਪ ਰਾਏ ਦੀ ਅਗਵਾਈ ਵਾਲੇ ਧੜੇ ਨੂੰ ਡੈਮੋਕ੍ਰੇਟਿਕ ਤ੍ਰਿਣਮੂਲ ਕਾਂਗਰਸ ਨਾਂਅ ਦੇ ਕੇ 'ਲਿਫਾਫਾ' ਨਿਸ਼ਾਨ ਅਲਾਟ ਕੀਤਾ ਹੈ। ਦੋਨੋਂ 'ਜੋੜਾ ਘਾਹ ਫੁੱਲ' (ਤ੍ਰਿਣਮੂਲ) ਨਿਸ਼ਾਨ ਨਹੀਂ ਵਰਤ ਸਕਣਗੇ। ਵੀਰਵਾਰ ਰਾਤ ਨੂੰ ਜਾਰੀ ਆਪਣੇ ਅੰਤਰਿਮ ਹੁਕਮ ਵਿੱਚ ਕਮਿਸ਼ਨ ਨੇ ਮਮਤਾ ਬੈਨਰਜੀ ਅਤੇ ਅਰੂਪ ਰਾਏ ਦੀ ਅਗਵਾਈ ਵਾਲੇ ਦੋਵਾਂ ਧੜਿਆਂ ਦੇ ਨੇਤਾਵਾਂ ਨੂੰ ਸੁਣਨ ਤੋਂ ਬਾਅਦ ਕਿਹਾ ਸੀ ਕਿ ਚੋਣ ਚਿੰਨ੍ਹ (ਰਾਖਵੇਂਕਰਨ ਅਤੇ ਅਲਾਟਮੈਂਟ) ਆਦੇਸ਼ 1968 ਦੇ ਪ੍ਰਬੰਧਾਂ ਤਹਿਤ ਚੋਣ ਬਾਡੀ ਵੱਲੋਂ ਮਾਮਲੇ ਦਾ ਠੋਸ ਫ਼ੈਸਲਾ ਕੀਤਾ ਜਾਣਾ ਜ਼ਰੂਰੀ ਹੈ। ਚੋਣ ਕਮਿਸ਼ਨ ਨੇ ਕਿਹਾ, "ਰਿਕਾਰਡ 'ਤੇ ਉਪਲੱਬਧ ਸਾਰੀ ਜਾਣਕਾਰੀ 'ਤੇ ਪੂਰੀ ਤਰ੍ਹਾਂ ਵਿਚਾਰ ਕਰਨ ਤੋਂ ਬਾਅਦ... ਕਮਿਸ਼ਨ ਦੀ ਇਹ ਰਾਏ ਹੈ ਕਿ ਆਲ ਇੰਡੀਆ ਤ੍ਰਿਣਮੂਲ ਕਾਂਗਰਸ ਵਿੱਚ ਦੋ ਵਿਰੋਧੀ ਸਮੂਹ ਹਨ, ਇੱਕ ਦੀ ਅਗਵਾਈ ਮਮਤਾ ਬੈਨਰਜੀ ਕਰ ਰਹੀ ਹੈ ਅਤੇ ਦੂਜੇ ਦੀ ਅਗਵਾਈ ਸ੍ਰੀ ਅਰੂਪ ਰਾਏ ਕਰ ਰਹੇ ਹਨ। ਹਰੇਕ ਸਮੂਹ ਹੁਣ ਪਾਰਟੀ ਹੋਣ ਦਾ ਦਾਅਵਾ ਕਰ ਰਿਹਾ ਹੈ, ਇਸ ਲਈ ਚੋਣ ਚਿੰਨ੍ਹ (ਰਾਖਵੇਂਕਰਨ ਅਤੇ ਅਲਾਟਮੈਂਟ) ਆਦੇਸ਼ 1968 ਦੇ ਪੈਰਾ 15 ਤਹਿਤ ਕਮਿਸ਼ਨ ਵੱਲੋਂ ਸ੍ਰੀ ਅਰੂਪ ਰਾਏ (ਪਟੀਸ਼ਨਰ) ਅਤੇ ਮਮਤਾ ਬੈਨਰਜੀ (ਉੱਤਰਦਾਤਾ) ਦੀ ਅਗਵਾਈ ਵਾਲੇ ਦੋਵਾਂ ਸਮੂਹਾਂ ਵਿੱਚੋਂ ਕਿਸੇ ਨੂੰ ਵੀ ਪਾਰਟੀ ਦਾ ਨਾਂਅ ਆਲ ਇੰਡੀਆ ਤ੍ਰਿਣਮੂਲ ਕਾਂਗਰਸ ਵਰਤਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ ਤੇ ਨਾ ਹੀ ਰਾਖਵੇਂ ਚੋਣ ਨਿਸ਼ਾਨ 'ਫੁੱਲ ਅਤੇ ਘਾਹ' ਨੂੰ ਵਰਤਣ ਦੀ ਇਜਾਜ਼ਤ ਦਿੱਤੀ ਜਾਵੇਗੀ।

## ਉਤਸ਼ਾਹ ਨਾਲ ਮਨਾਇਆ ਜਾਵੇਗਾ ਵਿਸ਼ਵ ਪੰਜਾਬੀ ਦਿਵਸ

**ਭੀਖੀ (ਗੁਰਿੰਦਰ ਸਿੰਘ ਔਲਖ)**-ਮਾਡਰਨ ਸੈਕੂਲਰ ਪਬਲਿਕ ਸਕੂਲ ਭੀਖੀ ਵਿਖੇ 23 ਸਤੰਬਰ ਨੂੰ ਵਿਸ਼ਵ ਪੰਜਾਬੀ ਦਿਵਸ ਬੜੇ ਉਤਸ਼ਾਹ ਤੇ ਜੋਸ਼ ਨਾਲ ਮਨਾਇਆ ਜਾਵੇਗਾ। ਜਾਣਕਾਰੀ ਦਿੰਦਿਆਂ ਸਕੂਲ ਪਿੰਸੀਪਲ ਅਮਨਦੀਪ ਦੌਧਰੀਆ ਨੇ ਦੱਸਿਆ ਕਿ ਇਸ ਮੌਕੇ ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ ਨਾਲ ਜੋੜਨ ਅਤੇ ਇਸ ਪ੍ਰਤੀ ਪਿਆਰ ਤੇ ਸਤਿਕਾਰ ਦੀ ਭਾਵਨਾ ਪੈਦਾ ਕਰਨ ਲਈ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾਣਗੀਆਂ। ਵਿਦਿਆਰਥੀਆਂ ਵੱਲੋਂ 'ਪੰਜਾਬੀ ਦਸਤਖ਼ਤ', 'ਇੱਕ ਲਿਖਤ ਪੰਜਾਬੀ ਦੇ ਨਾਮ', 'ਆਪਣੇ ਹੱਥੀਂ ਪੰਜਾਬੀ ਪੈਂਤੀ', 'ਮੇਰਾ ਮੋਬਾਈਲ-ਮੇਰੀ ਪੰਜਾਬੀ', 'ਪੰਜਾਬੀ ਤੇ 19', 'ਇੱਕ ਕਿਤਾਬ ਪੰਜਾਬੀ ਦੀ', 'ਵਿਰਾਸਤ ਦੀ ਆਵਾਜ਼' ਤੇ 'ਇੱਕ ਮਿੰਟ ਪੰਜਾਬੀ' ਵਰਗੀਆਂ ਰਚਨਾਤਮਕ ਗਤੀਵਿਧੀਆਂ ਵਿੱਚ ਭਾਗ ਲਿਆ ਜਾਵੇਗਾ।ਇਨ੍ਹਾਂ ਗਤੀਵਿਧੀਆਂ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ ਦੀ ਮਹੱਤਤਾ, ਇਸ ਦੀ ਅਮੀਰ ਵਿਰਾਸਤ ਤੇ ਆਧੁਨਿਕ ਸਮੇਂ ਵਿੱਚ ਇਸ ਦੀ ਵਰਤੋਂ ਪ੍ਰਤੀ ਜਾਗਰੂਕ ਕਰਨਾ ਹੈ।

ਸਕੂਲ ਵੱਲੋਂ ਵਿਦਿਆਰਥੀਆਂ ਨੂੰ ਪੰਜਾਬੀ ਬੋਲਣ, ਲਿਖਣ ਤੇ ਪੜ੍ਹਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।

## ਵਿਧਾਇਕ ਕੋਹਲੀ ਨੇ ਤੀਰਥ ਯਾਤਰਾ ਬੱਸ ਕੀਤੀ ਰਵਾਨਾ



**ਪਟਿਆਲਾ (ਰਾਜਿੰਦਰ ਥਿੰਦ)**-ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਟਿਆਲਾ ਤੋਂ ਸ਼ਰਧਾਲੂਆਂ ਨੂੰ ਤੀਰਥ ਅਸਥਾਨਾਂ ਦੇ ਦਰਸ਼ਨਾਂ ਲਈ ਲੈ ਕੇ ਜਾਣ ਵਾਲੀ ਬੱਸ ਨੂੰ ਅੱਜ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਸਫ਼ਾਬਾਦੀ ਗੇਟ ਤੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਇਸ ਦੌਰਾਨ ਹਲਕਾ ਕੋਆਰਡੀਨੇਟਰ ਹਰਵਿੰਦਰਪਾਲ ਸਿੰਘ ਵਿੱਟੀ ਵੀ ਮੌਜੂਦ ਰਹੇ।ਵਿਧਾਇਕ ਕੋਹਲੀ ਨੇ ਕਿਹਾ ਕਿ ਤੀਰਥ ਯਾਤਰਾ ਲਈ ਰਵਾਨਾ ਹੋਈ ਇਹ ਬੱਸ ਹਰਿਦੁਆਰ ਤੇ ਰਿਸ਼ੀਕੇਸ਼ ਦੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏਗੀ।ਉਨ੍ਹਾਂ ਦੱਸਿਆ ਕਿ ਯਾਤਰਾ ਨਾਲ ਸਬੰਧਤ ਸਾਰਾ ਖਰਚਾ ਪੰਜਾਬ ਸਰਕਾਰ ਵੱਲੋਂ ਕੀਤਾ ਜਾ ਰਿਹਾ ਹੈ ਤੇ ਸ਼ਰਧਾਲੂਆਂ ਤੋਂ ਕਿਸੇ ਤਰ੍ਹਾਂ ਦੀ ਕੋਈ ਰਕਮ ਨਹੀਂ ਲਈ ਜਾ ਰਹੀ।ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਹੁਣ ਤੱਕ ਵੱਡੀ ਗਿਣਤੀ ਵਿੱਚ ਸ਼ਰਧਾਲੂ ਵੱਖ-ਵੱਖ ਤੀਰਥ ਅਸਥਾਨਾਂ ਦੇ ਦਰਸ਼ਨ ਕਰ ਚੁੱਕੇ ਹਨ ਤੇ ਲਗਾਤਾਰ ਲੋਕ ਇਸ ਯਾਤਰਾ ਦਾ ਲਾਭ ਲੈਣ ਲਈ ਆਪਣੇ ਇਲਾਕੇ ਦੇ ਆਗੂਆਂ ਨਾਲ ਸੰਪਰਕ ਕਰ ਰਹੇ ਹਨ।ਬੱਸ ਰਵਾਨਾ ਹੋਣ ਮੌਕੇ ਸ਼ਰਧਾਲੂਆਂ ਵਿੱਚ ਖਾਸਾ ਉਤਸ਼ਾਹ ਨਜ਼ਰ ਆਇਆ। ਯਾਤਰਾ 'ਤੇ ਜਾ ਰਹੀਆਂ ਸੰਗਤਾਂ ਨੇ ਪੰਜਾਬ ਸਰਕਾਰ ਵੱਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਦਾ ਧੰਨਵਾਦ ਕੀਤਾ। ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਯਾਤਰਾ 'ਤੇ ਰਵਾਨਾ ਹੋਏ ਸਾਰੇ ਸ਼ਰਧਾਲੂਆਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ ਤੇ ਉਨ੍ਹਾਂ ਦੀ ਯਾਤਰਾ ਸੁਖਦ ਤੇ ਮੰਗਲਮਈ ਹੋਣ ਦੀ ਕਾਮਨਾ ਕੀਤੀ।ਇਸ ਮੌਕੇ ਸ਼ਰਧਾਲੂਆਂ ਵੱਲੋਂ ਵੀ ਪੰਜਾਬ ਸਰਕਾਰ ਦੇ ਇਸ ਉਪਰਾਲੇ ਲਈ ਧੰਨਵਾਦ ਪ੍ਰਗਟ ਕੀਤਾ ਗਿਆ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

## ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ ਤਰੁਣ ਚੁੱਘ



**ਛੇਹਰਟਾ (ਮਨੋਜ ਕੁਮਾਰ)** : ਪ੍ਰਧਾਨ ਮੰਤਰੀ ਦੇ ਜਨਮ ਦਿਨ ਮੌਕੇ ਰਾਜ ਸਭਾ ਮੈਂਬਰ ਤੇ ਭਾਜਪਾ ਦੇ ਰਾਸ਼ਟਰੀ ਮੁੱਖ ਦਫ਼ਤਰ ਦੇ ਇੰਚਾਰਜ਼ ਤਰੁਣ ਚੁੱਘ ਨੇ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਨਰਿੰਦਰ ਮੋਦੀ ਦੀ ਚੰਗੀ ਸਿਹਤ, ਲੰਮੀ ਉਮਰ ਤੇ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਚੁੱਘ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਦੀਆਂ ਲੋਕ ਭਲਾਈ ਸਬੰਧੀ ਵੱਖ-ਵੱਖ ਯੋਜਨਾਵਾਂ ਰਾਹੀਂ ਕਰੋੜਾਂ ਗਰੀਬ ਤੇ ਲੋੜਵੰਦ ਪਰਿਵਾਰਾਂ ਨੂੰ ਘਰ, ਸ਼ੌਚਾਲਿਆ, ਬੈਂਕ ਖਾਤਿਆਂ, ਗੈਸ, ਸਿਹਤ ਤੇ ਖੁਰਾਕ ਸੁਰੱਖਿਆ ਅਤੇ ਹੋਰ ਬੁਨਿਆਦੀ ਸਹੂਲਤਾਂ ਨਾਲ ਜੋੜਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਯਤਨਾਂ ਨੇ ਜ਼ਮੀਨੀ ਪੱਧਰ 'ਤੇ ਆਮ ਲੋਕਾਂ ਦੇ ਜੀਵਨ ਵਿਚ ਠੋਸ ਬਦਲਾਅ ਲਿਆਂਦਾ ਹੈ।

## ਨੈਸ਼ਨਲ ਲੈਵਲ ਐਥਲੈਟਿਕ ਮੀਟ 'ਚ ਪੰਜਾਬ ਚਿਲਡਰਨ ਅਕੈਡਮੀ ਦਾ ਸ਼ਾਨਦਾਰ ਪ੍ਰਦਰਸ਼ਨ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਸੀ. ਆਈ. ਐੱਸ. ਸੀ. ਈ. ਪੈਟਰਨ ਅਧੀਨ ਆਉਣ ਵਾਲੀਆਂ ਸੰਸਥਾਵਾਂ ਦੇ ਵਿਦਿਆਰਥੀਆਂ ਲਈ ਬੈਂਗਲੌਰ ਵਿਖੇ ਕਰਵਾਈ ਗਈ ਨੈਸ਼ਨਲ ਲੈਵਲ ਐਥਲੈਟਿਕ ਮੀਟ-2026 ਵਿੱਚ ਤਰਨ ਤਾਰਨ ਦੀ ਪ੍ਰਸਿੱਧ ਸੰਸਥਾ ਪੰਜਾਬ ਚਿਲਡਰਨ ਅਕੈਡਮੀ ਦੇ ਹੋਣਹਾਰ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵੱਖ-ਵੱਖ ਮੁਕਾਬਲਿਆਂ ਵਿੱਚ ਗੋਲਡ ਅਤੇ ਸਿਲਵਰ ਮੈਡਲ ਹਾਸਲ ਕਰਕੇ ਸੰਸਥਾ, ਮਾਪਿਆਂ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ। ਇਸ ਰਾਸ਼ਟਰੀ ਪੱਧਰੀ ਖੇਡ ਮੁਕਾਬਲੇ ਵਿੱਚ ਦੇਸ਼ ਭਰ ਤੋਂ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਪੰਜਾਬ ਚਿਲਡਰਨ ਅਕੈਡਮੀ ਦੇ ਖਿਡਾਰੀਆਂ ਨੇ ਵੀ ਪੂਰੇ ਜੋਸ਼, ਲਗਨ ਅਤੇ ਮਿਹਨਤ ਨਾਲ ਮੁਕਾਬਲਿਆਂ ਵਿੱਚ ਹਿੱਸਾ ਲਿਆ ਅਤੇ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਮੁਕਾਬਲਿਆਂ ਦੌਰਾਨ ਉਦੇਬੀਰ ਸਿੰਘ ਨੇ ਅੰਡਰ-19 ਵਰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਟ੍ਰਿਪਲ ਜੰਪ ਅਤੇ ਲੌਂਗ ਜੰਪ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਦੋ ਗੋਲਡ ਮੈਡਲ ਆਪਣੇ ਨਾਮ ਕੀਤੇ। ਇਸੇ ਤਰ੍ਹਾਂ ਗੁਰਕੀਰਤ ਸਿੰਘ ਨੇ ਅੰਡਰ-19 ਵਰਗ ਦੇ ਸ਼ਾਟਪੁੱਟ ਮੁਕਾਬਲੇ ਵਿੱਚ ਸਖ਼ਤ ਟੱਕਰ ਦੇ ਬਾਵਜੂਦ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਗੋਲਡ ਮੈਡਲ ਜਿੱਤਿਆ।ਇਸੇ ਲੜੀ ਤਹਿਤ ਸਹਿਲਪ੍ਰੀਤ ਸਿੰਘ ਨੇ ਅੰਡਰ-17 ਵਰਗ ਦੇ ਹਾਈ ਜੰਪ ਮੁਕਾਬਲੇ ਵਿੱਚ ਆਪਣੀ ਕਾਬਲੀਅਤ ਦਾ ਪ੍ਰਦਰਸ਼ਨ ਕਰਦਿਆਂ ਸਿਲਵਰ ਮੈਡਲ ਹਾਸਲ ਕੀਤਾ।ਇਨ੍ਹਾਂ ਸ਼ਾਨਦਾਰ ਪ੍ਰਾਪਤੀਆਂ ਨਾਲ ਪੰਜਾਬ ਚਿਲਡਰਨ ਅਕੈਡਮੀ ਦੇ



ਖਿਡਾਰੀਆਂ ਨੇ ਸੰਸਥਾ ਦਾ ਨਾਮ ਰਾਸ਼ਟਰੀ ਪੱਧਰ ਤੇ ਰੌਸ਼ਨ ਕੀਤਾ।ਮੈਡਲ ਜਿੱਤ ਕੇ ਸੰਸਥਾ ਵਿੱਚ ਪਰਤਣ ਤੇ ਖਿਡਾਰੀਆਂ ਦਾ ਸਕੂਲ ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਸਕੂਲ ਦੇ ਡਾਇਰੈਕਟਰ ਹਰਮਨਪ੍ਰੀਤ ਸਿੰਘ ਅਤੇ ਪ੍ਰਿੰਸੀਪਲ ਮੈਡਮ ਸੰਧਿਆ ਖੰਨਾ ਵੱਲੋਂ ਜੇਤੂ ਖਿਡਾਰੀਆਂ ਨੂੰ ਨਗਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਦੀ ਸ਼ਾਨਦਾਰ ਉਪਲਬਧੀ ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਸਕੂਲ ਪ੍ਰਬੰਧਕਾਂ ਨੇ ਇਸ ਮੌਕੇ ਖਿਡਾਰੀਆਂ ਦੀ ਸਫਲਤਾ ਦਾ ਸਿਹਰਾ ਉਨ੍ਹਾਂ ਦੀ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਕੋਚਾਂ ਵੱਲੋਂ ਕਰਵਾਈ ਗਈ ਨਿਰੰਤਰ ਤਿਆਰੀ ਨੂੰ ਦਿੱਤਾ।

## ਚੰਡੀਗੜ੍ਹ ਮੋਰਚੇ 'ਚ ਸ਼ਾਮਲ ਕਿਸਾਨ ਸਭਾ ਦੇ ਆਗੂਆਂ ਦਾ ਸਨਮਾਨ

**ਤਰਨਤਾਰਨ (ਨ ਜ਼ ਸ)**- ਕੁੱਲ ਹਿੰਦ ਕਿਸਾਨ ਸਭਾ ਦੀ ਜ਼ਿਲ੍ਹਾ ਮੀਟਿੰਗ ਸਥਾਨਕ ਬਾਠ ਰੋਡ 'ਤੇ ਦੇਸ਼ ਭਗਤ ਅਰਜਨ ਸਿੰਘ ਗੜਗੱਜ ਯਾਦਗਾਰੀ ਹਾਲ ਵਿਖੇ ਮਹਾਂਵੀਰ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੇ ਸ਼ੁਰੂ ਵਿੱਚ ਕਿਸਾਨ ਸਭਾ ਦੇ ਆਗੂ ਸੁਖਦੇਵ ਸਿੰਘ ਚਾਹਲ ਦੀ ਪਤਨੀ ਅਮਰਜੀਤ ਕੌਰ, ਕਾ. ਸੁਖਚੈਨ ਸਿੰਘ ਦੇ ਵੱਡੇ ਭਰਾ ਕਰਮ ਸਿੰਘ ਸਮੇਤ ਹੋਰ ਆਗੂ ਸਾਥੀਆਂ ਦੇ ਨਜ਼ਦੀਕੀ ਰਿਸ਼ਤੇਦਾਰਾਂ ਦੇ ਬੇਵਕਤੀ ਵਿਛੋੜਾ ਦੇ ਜਾਣ 'ਤੇ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਦੇਣ ਉਪਰੰਤ ਜ਼ਿਲ੍ਹਾ ਸਕੱਤਰ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਮੀਟਿੰਗ ਦੇ ਏਜੰਡੇ ਹਾਜ਼ਰੀਨ ਸਾਹਮਣੇ ਪੇਸ਼ ਕੀਤੇ।ਇਸ ਮੀਟਿੰਗ ਵਿੱਚ ਪੇਸ਼ ਏਜੰਡਿਆਂ ਤੇ ਕਿਸਾਨ ਆਗੂ ਗੁਰਦਿਆਲ ਸਿੰਘ ਵਰਨਾਲਾ, ਦਰਸ਼ਨ ਸਿੰਘ ਬਿਹਾਰੀਪੁਰ, ਸੁਖਦੇਵ ਸਿੰਘ ਚਾਹਲ, ਜਗਜੀਤ ਸਿੰਘ ਮੰਨਣ, ਪ੍ਰਿੰਸੀਪਲ ਦਲਬੀਰ ਸਿੰਘ ਦਿਓਲ, ਦਵਿੰਦਰ ਸੋਹਲ, ਤਾਰਾ ਸਿੰਘ ਖਹਿਰਾ, ਬਾਬਾ ਹੀਰਾ ਸਿੰਘ, ਰਾਜਗੋਬਿੰਦ ਸਿੰਘ ਜਮਾਲਪੁਰ, ਰਛਪਾਲ ਸਿੰਘ ਬਾਠ, ਕਾਰਜ ਸਿੰਘ ਕੈਰੋਂ, ਬਲਦੇਵ ਸਿੰਘ ਧੂੰਦਾ, ਰਣਜੀਤ ਸਿੰਘ ਰਾਣਾ ਵੱਲੋਂ ਦਿੱਤੀਆਂ ਉਤਸ਼ਾਹਜਨਕ ਸਲਾਹਾਂ ਨੂੰ ਕਾਰਵਾਈ ਦਾ ਹਿੱਸਾ ਬਣਾ ਕੇ ਕਿਸਾਨ ਸਭਾ ਨੂੰ ਮਜ਼ਬੂਤ ਕਰਨ ਲਈ ਜਥੇਬੰਦੀ ਦੀ ਨਵੀਂ ਮੈਂਬਰਸ਼ਿਪ ਕਰਨ, ਪਿੰਡਾਂ ਵਿੱਚ ਨਵੀਆਂ ਇਕਾਈਆਂ ਬਨਾਉਣ, ਲੋੜੀਂਦੇ ਫੰਡ ਇਕੱਠੇ ਕਰਨ, ਸ਼ੇਰੋਂ ਖੰਡ ਮਿੱਲ ਮੋਰਚੇ ਦੀ ਲਗਾਤਾਰਤਾ ਲਈ ਜਥੇਬੰਦੀ ਦੀ ਸਰਗਰਮੀ ਵਧਾਉਣ, ਝੋਨੇ ਦੀ ਮੰਡੀਆਂ ਵਿੱਚ ਆਮਦ ਦੇ ਮੱਦੇਨਜ਼ਰ ਪੰਜਾਬ ਸਰਕਾਰ ਵੱਲੋਂ ਸਰਕਾਰੀ ਖਰੀਦ ਦਾ ਐਲਾਨ ਨਾ ਕਰਨ ਕਰਕੇ ਕਿਸਾਨਾਂ ਦੀ ਹੋ ਰਹੀ ਆਰਥਿਕ ਲੁੱਟ ਦੇ ਖਿਲਾਫ਼ ਕਿਸਾਨ ਸਭਾ ਦੀ ਮੰਡੀਆਂ ਵਿੱਚ ਸਰਗਰਮੀ ਵਧਾਉਣ ਸਬੰਧੀ ਫੈਸਲੇ ਲਏ ਗਏ।ਇਸੇ ਤਰ੍ਹਾਂ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਪੰਜਾਬ ਦੇ ਪਾਣੀਆਂ ਦੀ ਰਾਖੀ ਸਮੇਤ ਕਿਸਾਨਾਂ-ਮਜ਼ਦੂਰਾਂ ਦੇ ਭੱਖਦੇ ਮੁੱਦਿਆਂ ਵੱਲ ਹਾਕਮਾਂ ਦਾ ਧਿਆਨ ਖਿੱਚਣ ਲਈ 1 ਸਤੰਬਰ ਤੋਂ 7 ਸਤੰਬਰ ਤੱਕ ਚੰਡੀਗੜ੍ਹ ਵਿਖੇ ਲੱਗੇ ਇਕ ਹਫ਼ਤੇ ਦੇ ਪੱਕੇ ਮੋਰਚੇ ਵਿੱਚ ਹਿੱਸਾ ਲੈਣ ਵਾਲੇ ਕਿਸਾਨ ਸਭਾ ਦੇ ਆਗੂਆਂ ਮਹਾਂਵੀਰ ਸਿੰਘ ਗਿੱਲ , ਗੁਰਦਿਆਂ ਸਿੰਘ ਵਰਨਾਲਾ, ਬਲਦੇਵ ਸਿੰਘ ਰਸੂਲਪੁਰ, ਜਸਕਰਨ ਸਿੰਘ ਤੂਤ, ਹਰਵਿੰਦਰ ਸਿੰਘ ਤੂਤ, ਹਰਜੀਤ ਸਿੰਘ ਤੂਤ, ਸੰਤੋਖ ਸਿੰਘ ਰਾਮ ਸਿੰਘ ਵਾਲਾ, ਗੁਰਮੁੱਖ ਸਿੰਘ ਵਲਟੋਹਾ, ਮਨਮੋਹਨ ਸਿੰਘ ਵਰਨਾਲਾ ਸਮੇਤ ਮੋਰਚੇ ਵਿੱਚ ਟਰੈਕਟਰ ਟਰਾਲੀ ਭੇਜਣ ਲਈ ਪੂਰਨ ਸਿੰਘ ਮਾੜੀਮੇਘਾ ਨੂੰ ਯਾਦਗਾਰੀ ਸ਼ੀਲਡਾਂ ਅਤੇ ਇਨਕਲਾਬੀ ਕਿਤਾਬ ਦੇ ਨਾਲ ਹਾਰ ਪਾ ਕੇ ਸਨਮਾਨਤ ਕੀਤਾ।ਕਿਸਾਨ ਆਗੂਆਂ ਜੈਮਲ ਸਿੰਘ ਬਾਠ, ਪੰਜਾਬ ਸਿੰਘ ਕਸੇਲ, ਸੁਰਿੰਦਰ ਸਿੰਘ ਬਿੱਲਾ, ਕਾ. ਚਰਨ ਸਿੰਘ, ਬਲਵਿੰਦਰ ਸਿੰਘ ਨੰਦਪੁਰ, ਗੁਰਭੇਜ ਸਿੰਘ ਨੰਦਪੁਰ, ਸੁਖਜੀਤ ਸਿੰਘ ਡੁੱਗਰੀ, ਸਤਨਾਮ ਸਿੰਘ ਡੁੱਗਰੀ, ਮੋਤਾ ਸਿੰਘ, ਡਾ. ਗੁਰਦੇਵ ਸਿੰਘ ਆਦਿ ਨੇ ਵਿਚਾਰ ਪੇਸ਼ ਕਰਦਿਆਂ ਮਾਨ ਸਰਕਾਰ ਕੋਲੋਂ ਝੋਨੇ ਦੀ ਸਰਕਾਰੀ ਖਰੀਦ ਜਲਦੀ ਸ਼ੁਰੂ ਕਰਨ ਦੀ ਜ਼ੋਰਦਾਰ ਮੰਗ ਕੀਤੀ ।



## ਸਿਟੀ ਵੈੱਲਫੇਅਰ ਕਲੱਬ ਨੇ ਰੇਲਵੇ ਅਧਿਕਾਰੀਆਂ ਨੂੰ ਦਿੱਤਾ ਮੰਗ-ਪੱਤਰ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਡੇਰਾ ਬਾਬਾ ਨਾਨਕ ਰੇਲਵੇ ਸਟੇਸ਼ਨ ਦੇ 100 ਸਾਲ ਪੂਰੇ ਹੋਣ ਦੀ ਖੁਸ਼ੀ ਵਿੱਚ ਫਿਰੋਜ਼ਪੁਰ ਰੇਲਵੇ ਮੰਡਲ ਵੱਲੋਂ ਸਟੇਸ਼ਨ ਮਹਾਉਤਸਵ ਪ੍ਰੋਗਰਾਮ ਕਰਵਾਇਆ ਗਿਆ ।ਇਸ ਮੌਕੇ ਰੇਲਵੇ ਦੇ ਕਰਮਚਾਰੀਆਂ ਵੱਲੋਂ ਭੰਗੜੇ ਅਤੇ ਸਕਿੱਟਾਂ ਪੇਸ਼ ਕੀਤੀਆਂ ਗਈਆਂ ਅਤੇ ਸਕੂਲ ਦੇ ਬੱਚਿਆਂ ਵੱਲੋਂ ਸ਼ਬਦ ਸਕਿੱਟਾਂ ਆਦਿ ਪੇਸ਼ ਕੀਤੀਆਂ ਗਈਆਂ ।ਇਸ ਮੌਕੇ ਫਿਰੋਜ਼ਪੁਰ ਤੋਂ ਆਏ ਰੇਲਵੇ ਉੱਚ ਅਧਿਕਾਰੀਆਂ ਨੂੰ ਸਿਟੀ ਵੈੱਲਫੇਅਰ ਕਲੱਬ ਡੇਰਾ ਬਾਬਾ ਨਾਨਕ ਦੇ ਅਹੁਦੇਦਾਰਾਂ ਵੱਲੋਂ ਬੁੱਕੇ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਕਲੱਬ ਵੱਲੋਂ ਏ ਡੀ ਆਰ ਐੱਮ ਨਿਤਿਨ ਗਰਗ ਨੂੰ ਇੱਕ ਮੰਗ ਪੱਤਰ ਰਾਹੀਂ ਡੇਰਾ ਬਾਬਾ ਨਾਨਕ ਤੋਂ ਅੰਮ੍ਰਿਤਸਰ ਆਉਣ ਜਾਣ ਵਾਲੀਆਂ 74652,74653,74656 ਅਤੇ 74657 ਯਾਤਰੀ ਰੇਲ ਗੱਡੀਆਂ ਜੋ ਪਿਛਲੇ 11 ਸਾਲਾਂ ਤੋਂ ਵੇਰਕਾ ਜੰਕਸ਼ਨ ਤੱਕ ਸ਼ਾਰਟ ਟਰਮੀਨੇਟ ਕੀਤੀਆਂ ਹੋਈਆਂ ਹਨ ਉਨ੍ਹਾਂ ਗੱਡੀਆਂ ਨੂੰ ਡੇਰਾ ਬਾਬਾ ਨਾਨਕ ਤੋਂ ਅੰਮ੍ਰਿਤਸਰ ਅਤੇ ਅੰਮ੍ਰਿਤਸਰ ਤੋਂ ਡੇਰਾ ਬਾਬਾ ਨਾਨਕ ਤੱਕ ਚਲਾਉਣ ਲਈ ਮੰਗ ਪੱਤਰ ਦਿੱਤਾ ਏ ਡੀ ਆਰ ਐੱਮ ਨੇ ਕਲੱਬ ਨੂੰ ਇਹ ਸ਼ਾਰਟ ਟਰਮੀਨੇਸ਼ਨ ਜਲਦੀ ਖਤਮ ਕਰਕੇ ਡੇਰਾ ਬਾਬਾ ਨਾਨਕ ਤੋਂ ਅੰਮ੍ਰਿਤਸਰ ਅਤੇ ਅੰਮ੍ਰਿਤਸਰ ਤੋਂ ਡੇਰਾ ਬਾਬਾ ਨਾਨਕ ਸਾਰੀਆਂ ਗੱਡੀਆਂ ਚਲਾਉਣ ਦਾ ਵਿਸ਼ਵਾਸ਼ ਦਵਾਇਆ। ਇਸ ਮੌਕੇ ਕਲੱਬ ਵੱਲੋਂ ਰਮੇਸ਼ ਬੱਬਰ, ਰਜੇਸ਼ ਹਾਂਡਾ, ਪੁਲਵਿੰਦਰ ਸਿੰਘ ਰੰਧਾਵਾ, ਵਿਜੇ ਵਿੱਗ, ਤਜਿੰਦਰਜੀਤ ਸਿੰਘ, ਰਸ਼ਪਾਲ ਸਿੰਘ ਰੰਧਾਵਾ, ਅਸ਼ਵਨੀ ਕੁਮਾਰ ਹਾਂਡਾ, ਬਲਜੀਤ ਸਿੰਘ ਰੰਧਾਵਾ ਅਤੇ ਮਹਿੰਦਰ ਪਾਲ ਆਦਿ ਹਾਜ਼ਰ ਸਨ ।



## ਇੰਟਰਨੈਸ਼ਨਲ ਕਰਾਟੇ ਟੂਰਨਾਮੈਂਟ ਖੇਡ ਕੇ ਆਏ ਬੱਚਿਆਂ ਦਾ ਸਨਮਾਨ



**ਬਿਆਸ (ਪਰਮਜੀਤ ਸਿੰਘ ਰੱਖੜਾ)**- 7ਵੀਂ ਇੰਟਰਨੈਸ਼ਨਲ ਕਰਾਟੇ ਟੂਰਨਾਮੈਂਟ ਕਰਨਾਟਕਾ ਵਿੱਚ ਪੰਜਾਬ ਅਤੇ ਜ਼ਿਲ੍ਹਾ ਅੰਮ੍ਰਿਤਸਰ ਸਾਹਿਬ ਦਾ ਨਾਂ ਰੌਸ਼ਨ ਕਰਨ ਵਾਲ਼ੇ ਕਰਾਟੇ ਖਿਡਾਰੀਆਂ ਨੂੰ ਸ਼ਹੀਦ ਭਗਤ ਸਿੰਘ ਸਮਾਜ ਸੇਵਾ ਸੋਸਾਇਟੀ ਐਨ ਜੀ ਓ ਵੱਲੋਂ ਸਨਮਾਨਤ ਕੀਤਾ ਗਿਆ। ਫਤਹਿ ਅਕੈਡਮੀ ਬਿਆਸ ਕਰਾਟੇ ਕੋਚ ਦਲਵਿੰਦਰ ਸਿੰਘ ਦੀ ਅਗਵਾਈ ਹੇਠ 13 ਬੱਚਿਆਂ ਨੇ ਹਿੱਸਾ ਲਿਆ ਜਿਨ੍ਹਾਂ ਵਿਚੋਂ 7 ਗੋਲਡ, 4 ਬਰਾਸ ਅਤੇ 2 ਸਿਲਵਰ ਮੈਡਲ ਜਿੱਤੇ। ਐਨ.ਜੀ.ਓ ਦੇ ਪ੍ਰੈਜ਼ੀਡੈਂਟ ਜਗਦੀਸ਼ ਸਿੰਘ ਚਾਹਲ ਨੇ ਅੱਜ ਦੇ ਹਾਲਾਤ ਨੂੰ ਮੁੱਖ ਰੱਖਦਿਆਂ ਬੱਚਿਆਂ ਨੂੰ ਖੇਡਾਂ ਨਾਲ ਜੋੜਨ ਦਾ ਸੁਨੇਹਾ ਦਿੱਤਾ।

ਐਨ.ਜੀ.ਓ ਦੇ ਹੈਡ ਆਫਿਸ ਵਿੱਖੇ ਰੱਖੇ ਇਸ ਸਨਮਾਨ ਸਮਾਰੋਹ ਵਿੱਚ ਐਸ ਐਸ ਪੀ ਜਸਕਰਨ ਸਿੰਘ ਕਮਾਂਡੈਂਟ, ਮਨਜੀਤ ਸਿੰਘ ਮੰਨਾ ਮੀਆਂਵਿੰਡ ਜ਼ਿਲ੍ਹਾ ਇੰਚਾਰਜ ਬੀ ਜੇ ਪੀ ਦਾ ਭਰਾਤਾ ਸਾਬਕਾ ਚੇਅਰਮੈਨ ਰਣਜੀਤ ਸਿੰਘ, ਜਨਰਲ ਸੈਕਟਰੀ ਰਾਜੇਸ਼ ਟਾਂਗਰੀ, ਮੈਨੇਜਰ ਸੈਂਟਰਲ ਬੈਂਕ ਬਿਆਸ ਮੈਡਮ ਅਪਰਨਾ, ਸ਼ੂਟਿੰਗ ਕੋਚ ਪੰਕਜ ਕੁਮਾਰ, ਸਾਬਕਾ ਸਰਪੰਚ ਸਰਬਿੰਦਰ ਸਿੰਘ ਬੋਦੇਵਾਲ, ਮਾਨ ਸਿੰਘ, ਲਾਟ ਬਿਆਸ, ਸਮਾਜ ਸੇਵੀ ਅਮਰੀਕ ਸਿੰਘ, ਬਲਜੀਤ ਸਿੰਘ ਨੇ ਸ਼ਿਰਕਤ ਕੀਤੀ ਅਤੇ ਐਨ ਜੀ ਓ ਦੀ ਮੈਨੇਜਮੈਂਟ ਟੀਮ ਦੇ ਅਹੁਦੇਦਾਰਾਂ ਨੇ ਹਾਜ਼ਰੀ ਭਰੀ। ਸ਼ਹੀਦ ਭਗਤ ਸਿੰਘ ਸਮਾਜ ਸੇਵਾ ਸੋਸਾਇਟੀ ਐਨ ਜੀ ਓ ਦੇ ਪ੍ਰੈਜ਼ੀਡੈਂਟ ਜਗਦੀਸ਼ ਸਿੰਘ ਚਾਹਲ ਅਤੇ ਸਮੁੱਚੀ ਟੀਮ ਨੇ ਆਏ ਹੋਏ ਮਹਿਮਾਨਾਂ, ਖਿਡਾਰੀ ਬੱਚਿਆਂ, ਬੱਚਿਆਂ ਦੇ ਮਾਤਾ ਪਿਤਾ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਚੀਫ਼ ਖ਼ਾਲਸਾ ਦੀਵਾਨ ਯਤੀਮਖਾਨਾ ਵਿਖੇ ਆਧੁਨਿਕ ਜਿਮ ਦਾ ਉਦਘਾਟਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਚੀਫ਼ ਖ਼ਾਲਸਾ ਦੀਵਾਨ ਅਧੀਨ ਚੱਲ ਰਹੇ ਸੈਂਟਰਲ ਖ਼ਾਲਸਾ ਯਤੀਮਖਾਨਾ ਵਿਖੇ ਬੱਚਿਆਂ ਦੀ ਚੰਗੀ ਸਿਹਤ ਅਤੇ ਸਰਵਪੱਖੀ ਵਿਕਾਸ ਨੂੰ ਧਿਆਨ ਵਿਚ ਰੱਖਦਿਆਂ ਅਤਿ ਆਧੁਨਿਕ ਜਿਮ ਦਾ ਉਦਘਾਟਨ ਕੀਤਾ ਗਿਆ। ਮੁੱਖ ਮਹਿਮਾਨ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਵੱਲੋਂ ਜਿਮ ਦਾ ਉਦਘਾਟਨ ਕੀਤਾ ਗਿਆ ਜਦ ਕਿ ਅਮਨਦੀਪ ਹਸਪਤਾਲ ਦੇ ਡਾਇਰੈਕਟਰ ਅਤੇ ਆਰਥੋਪੈਡਿਕਸ ਵਿਭਾਗ ਦੇ ਚੇਅਰਮੈਨ ਡਾ. ਅਵਤਾਰ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਮੁੱਖ ਮਹਿਮਾਨ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਨੇ ਕਿਹਾ ਕਿ ਦੀਵਾਨ ਦਾ ਉਦੇਸ਼ ਯਤੀਮ ਬੱਚਿਆਂ ਨੂੰ ਵਧੀਆ ਰਹਿਣ-ਸਹਿਣ ਅਤੇ ਸਿੱਖਿਆ ਦੇਣਾ ਹੀ ਨਹੀਂ ਸਗੋਂ ਅਜੋਕੇ ਬਦਲਦੇ ਸਮੇਂ ਦੀਆਂ ਲੋੜਾਂ ਅਨੁਸਾਰ ਉਹਨਾਂ ਦਾ ਸਰੀਰਕ, ਮਾਨਸਿਕ ਅਤੇ ਨੈਤਿਕ ਤੌਰ ਤੇ ਵੀ ਵਿਕਾਸ ਕਰਨਾ ਹੈ। ਵਿਸ਼ੇਸ਼ ਮਹਿਮਾਨ ਡਾ. ਅਵਤਾਰ ਸਿੰਘ ਨੇ ਕਿਹਾ ਕਿ ਨਰੋਈ ਸਿਹਤ ਇਕ ਅਨੁਸ਼ਾਸਿਤ, ਮਜ਼ਬੂਤ ਅਤੇ ਰੋਗਮੁਕਤ ਸਮਾਜ ਦੀ ਸਿਰਜਣਾ ਕਰਦੀ ਹੈ। ਚੀਫ਼ ਖ਼ਾਲਸਾ ਦੀਵਾਨ ਦੇ ਆਨਰੇਰੀ ਸਕੱਤਰ ਰਮਣੀਕ ਸਿੰਘ ਨੇ ਆਸ ਕੀਤੀ ਕਿ ਯਤੀਮਖਾਨੇ ਦਾ ਹਰ ਬੱਚਾ ਸਰੀਰਕ ਅਤੇ ਮਾਨਸਿਕ ਪੱਖੋਂ ਮਜ਼ਬੂਤ ਬਣ ਕੇ ਵਿਕਸਿਤ ਸਮਾਜ ਦੀ ਸਿਰਜਣਾ ਵਿਚ ਆਪਣਾ ਬਿਹਤਰ ਯੋਗਦਾਨ ਪਾਵੇਗਾ। ਸੈਂਟਰਲ ਖ਼ਾਲਸਾ ਯਤੀਮਖਾਨਾ ਦੇ ਮੈਂਬਰ ਇੰਚਾਰਜ ਡਾ. ਆਤਮਜੀਤ ਸਿੰਘ ਬਸਰਾ, ਮੋਹਨਜੀਤ ਸਿੰਘ ਭੱਲਾ, ਲਖਵਿੰਦਰ ਸਿੰਘ ਢਿੱਲੋਂ ਨੇ ਕਿਹਾ ਕਿ ਜਿਮ ਦੀ ਵਰਤੋਂ ਵਿਚ ਬੱਚਿਆਂ ਦੀ ਦਿਲਚਸਪੀ ਅਤੇ ਰੋਜ਼ਾਨਾ ਰੁਟੀਨ ਨੂੰ ਧਿਆਨ ਵਿਚ ਰੱਖ ਕੇ ਕੰਮ ਕੀਤਾ ਜਾਵੇਗਾ। ਦੀਵਾਨ ਪ੍ਰਬੰਧਕਾਂ ਵੱਲੋਂ ਡਾ. ਅਵਤਾਰ ਸਿੰਘ ਦਾ ਯਤੀਮਖਾਨਾ ਵਿੱਚ ਜਿਮ ਬਣਾਉਣ ਵਿਚ ਦਿੱਤੇ ਗਏ ਵੱਡਮੁੱਲੇ ਸਹਿਯੋਗ ਲਈ ਧੰਨਵਾਦ ਕੀਤਾ ਗਿਆ ਅਤੇ ਦੀਵਾਨ ਵੱਲੋਂ ਉਹਨਾਂ ਦਾ ਵਿਸ਼ੇਸ਼ ਸਨਮਾਨ ਕਰਦਿਆਂ ਸਮਾਗਮ ਵਿੱਚ ਪੁੱਜੀਆਂ ਹੋਰਨਾਂ ਉੱਘੀਆਂ ਸ਼ਖ਼ਸੀਅਤਾਂ ਨੂੰ ਵੀ ਸਨਮਾਨਤ ਕੀਤਾ ਗਿਆ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ, ਸਥਾਨਕ ਪ੍ਰਧਾਨ ਕੁਲਜੀਤ ਸਿੰਘ ਸਾਹਨੀ, ਆਨਰੇਰੀ ਸਕੱਤਰ ਰਮਣੀਕ ਸਿੰਘ, ਐਡੀ.ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ, ਐਡੀ.ਆਨਰੇਰੀ ਸਕੱਤਰ/ਮੁੱਖ ਦਫ਼ਤਰ ਮੈਂਬਰ ਇੰਚਾਰਜ ਹਰਵਿੰਦਰ ਪਾਲ ਸਿੰਘ ਚੁੱਘ, ਐਜੂਕੇਸ਼ਨਲ ਕਮੇਟੀ ਦੇ ਐਡੀ.ਆਨਰੇਰੀ ਸਕੱਤਰ ਕੁਲਜੀਤ ਸਿੰਘ ਸਿੰਘ ਬ੍ਰਦਰਜ਼, ਡਾ. ਆਤਮਜੀਤ ਸਿੰਘ ਬਸਰਾ, ਮੋਹਨਜੀਤ ਸਿੰਘ ਭੱਲਾ, ਲਖਵਿੰਦਰ ਸਿੰਘ ਢਿੱਲੋਂ, ਏ.ਪੀ.ਐਸ.ਮਾਨ, ਰਬਿੰਦਰਬੀਰ ਸਿੰਘ ਭੱਲਾ, ਰਣਦੀਪ ਸਿੰਘ, ਮਹਿੰਦਰ ਸਿੰਘ, ਉੱਘੇ ਸੀਨੀਅਰ ਪੱਤਰਕਾਰ/ਸੰਪਾਦਕ ਵਰਿੰਦਰ ਸਿੰਘ ਵਾਲੀਆ, ਅਮਨਦੀਪ ਹਸਪਤਾਲ ਤੋਂ ਡਾ. ਰਕੇਸ਼ ਜੋਸ਼ੀ (ਐਗਜੈਕਟਿਵ ਡਾਇਰੈਕਟਰ) ਅਤੇ ਉਹਨਾਂ ਦੀ ਟੀਮ, ਪ੍ਰਿੰਸੀਪਲ ਯਸਪ੍ਰੀਤ ਕੌਰ ਸਮੇਤ ਵੱਡੀ ਗਿਣਤੀ ਵਿਚ ਹੋਰ ਉੱਘੀਆਂ ਸ਼ਖ਼ਸੀਅਤਾਂ ਅਤੇ ਸਟਾਫ ਹਾਜ਼ਰ ਸਨ।



## ਲਿੰਗ ਅਸਮਾਨਤਾ ਤੇ ਔਰਤਾਂ ਵਿਰੁੱਧ ਹਿੰਸਾ ਦੇ ਮੁੱਦੇ ਵਿਰੁੱਧ ਆਵਾਜ਼ ਉਠਾਈ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- 'ਪੀਸ ਬਿਗਇੰਜ਼ ਵਿਦ ਮੀ' ਭਾਵ 'ਸ਼ਾਂਤੀ ਮੇਰੇ ਨਾਲ ਸ਼ੁਰੂ ਹੁੰਦੀ ਹੈ', ਸੰਯੁਕਤ ਰਾਸ਼ਟਰ ਦਾ ਇਹ ਆਦਰਸ਼ ਵਾਕ, ਡਾਇਓਸਿਸ ਆਫ਼ ਅੰਮ੍ਰਿਤਸਰ (ਡੀ ਓ ਏ), ਚਰਚ ਆਫ਼ ਨੌਰਥ ਇੰਡੀਆ (ਸੀਐਨਆਈ) ਦੇ ਦਿਤ ਮੈਮੋਰੀਅਲ ਰਿਸੋਰਸ ਸੈਂਟਰ (ਡੀਐਮਆਰਸੀ), ਅੰਮ੍ਰਿਤਸਰ, ਵਿੱਚ ਗੂੰਜਿਆ ਜਿੱਥੇ ਸਮਾਨਤਾ, ਸਤਿਕਾਰ ਅਤੇ ਸ਼ਾਂਤੀ ਦਾ ਭਾਈਚਾਰਾ ਬਣਾਉਣ ਦੇ ਵਿਸ਼ੇ 'ਤੇ ਇੱਕ ਪ੍ਰਭਾਵਸ਼ਾਲੀ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।

ਦ ਰਾਈਟ ਰੈਵਰੈਂਡ ਮਨੋਜ ਚਰਨ, ਬਿਸ਼ਪ, ਡਾਇਓਸਿਸ ਆਫ਼ ਅੰਮ੍ਰਿਤਸਰ, ਸੀ ਐਨ ਆਈ ਦੀ ਅਗਵਾਈ ਹੇਠ ਹੋਈ ਇਸ ਵਰਕਸ਼ਾਪ ਵਿੱਚ ਪੰਜਾਬ ਦੇ ਚਰਚਾਂ ਦੇ ਲਗਭਗ 100 ਭਾਗੀਦਾਰਾਂ ਨੇ ਹਿੱਸਾ ਲਿਆ, ਜਿਨ੍ਹਾਂ ਵਿੱਚ ਪਾਦਰੀ, ਮਹਿਲਾ ਆਗੂ, ਨੌਜਵਾਨ ਅਤੇ ਡਾਇਓਸਿਸਨ ਦਫ਼ਤਰ ਦਾ ਸਟਾਫ਼ ਸ਼ਾਮਲ ਸੀ। ਡਾਇਓਸਿਸਨ ਲਿੰਗ ਸਮਾਨਤਾ ਅਤੇ ਸਸ਼ਕਤੀਕਰਨ ਪ੍ਰੋਜੈਕਟ ਨੇ ਡਾਇਓਸਿਸਨ ਵੂਮੈਨਜ਼ ਫੈਲੋਸ਼ਿਪ ਫਾਰ ਕ੍ਰਿਸਚੀਅਨ ਸਰਵਿਸ (ਡੀ ਡਬਲਯੂ ਐਫ ਸੀ ਐਸ) ਦੇ ਸਹਿਯੋਗ ਨਾਲ ਇਸ ਵਰਕਸ਼ਾਪ ਦਾ ਆਯੋਜਨ ਕੀਤਾ।

ਪ੍ਰੋਗਰਾਮ ਦੀ ਅਗਵਾਈ ਸੋਨੀਆ ਸਾਮੰਤਾਰਾਏ, ਪ੍ਰੋਜੈਕਟ ਇੰਚਾਰਜ ਅਤੇ ਵਿਕਾਸ ਅਧਿਕਾਰੀ, ਅਤੇ ਮੀਨਾ ਕੁਮਾਰੀ, ਪ੍ਰਧਾਨ, ਡੀ ਡਬਲਯ ਐਫ ਸੀ ਐਸ, ਦੁਆਰਾ ਕੀਤੀ ਗਈ। ਪ੍ਰੋਗਰਾਮ ਦੀ ਸ਼ੁਰੂਆਤ ਡਾਇਓਸਿਸ ਆਫ਼ ਅੰਮ੍ਰਿਤਸਰ ਦੇ ਉਪ ਪ੍ਰਧਾਨ ਰੈਵਰੈਂਡ ਸ਼ਮਸ਼ੇਰ ਮਸੀਹ ਦੁਆਰਾ ਕੀਤੀ ਗਈ ਸਵੇਰ ਦੀ ਅਰਾਧਨਾ ਅਤੇ ਸ਼ੁਰੂਆਤੀ ਪ੍ਰਾਰਥਨਾ ਨਾਲ ਹੋਈ, ਜਿਸ ਤੋਂ ਬਾਅਦ ਰੈਵਰੈਂਡ ਮਾਰਕਸ ਮਸੀਹ (ਬਿਸ਼ਪ ਦੇ ਚੈਪਲੇਨ) ਦੁਆਰਾ ਗਿਣਤੀ ਦੀ ਪੁਸਤਕ 24:1-12 'ਤੇ ਬਾਈਬਲ ਅਧਾਰਿਤ ਵਿਚਾਰ ਪੇਸ਼ ਕੀਤੇ ਗਏ।

## ਵਿਧਾਇਕ ਸ਼ੈਰੀ ਕਲਸੀ ਵੱਲੋਂ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣ ਦੀ ਅਪੀਲ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਗੁਰੂ ਨਾਨਕ ਦੇਵ ਦੇ ਵਿਆਹ ਪੁਰਬ ਸਮਾਗਮਾਂ ਦੇ ਸਬੰਧ ਵਿੱਚ ਬਟਾਲਾ ਵਿਖੇ ਦੇਸ਼-ਵਿਦੇਸ਼ ਤੋਂ ਪਹੁੰਚ ਰਹੀ ਸੰਗਤਾਂ ਦੀ ਸਹੂਲਤ ਅਤੇ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣ ਲਈ ਸਮਾਜ ਸੇਵੀ ਸੰਸਥਾਵਾਂ ਅੱਗੇ ਆ ਕੇ ਵੱਡੀ ਭੂਮਿਕਾ ਨਿਭਾਉਣ ਤਾਂ ਜੋ ਸਾਰੇ ਰਲ ਮਿਲ ਕੇ ਮਹਾਨ



ਵਿਆਹ ਪੁਰਬ ਸਮਾਗਮ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਿਆ ਜਾ ਸਕੇ। ਇਹ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਨਗਰ ਨਿਗਮ ਬਟਾਲਾ ਦਫਤਰ ਵਿਖੇ ਸਮਾਜ ਸੇਵੀ ਸੰਸਥਾਵਾਂ ਦੇ ਮੁੱਖ ਸੇਵਾਦਾਰਾਂ ਤੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਕੀਤਾ। ਇਸ ਮੌਕੇ ਕਮਿਸ਼ਨਰ ਨਗਰ ਨਿਗਮ ਬਟਾਲਾ ਗੁਰਸਿਮਰਨ ਸਿੰਘ ਢਿੱਲੋਂ ਵੀ ਮੌਜੂਦ ਸਨ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ ਨੇ ਹਮੇਸ਼ਾ ਨਿਰਸਵਾਰਥ ਭਾਵਨਾ ਨਾਲ ਸਮਾਜ ਦੀ ਸੇਵਾ ਵਿੱਚ ਵੱਡਾ ਯੋਗਦਾਨ ਪਾਇਆ ਹੈ ਅਤੇ ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਹੁਣ ਵੀ ਸਮਾਜ ਸੇਵੀ ਸੰਸਥਾਵਾਂ ਮਹਾਨ ਵਿਆਹ ਪੁਰਬ ਸਮਾਗਮ ਵਿੱਚ ਆਪਣੀ ਸ਼ਰਧਾ ਭਾਵਨਾ, ਸੰਗਤਾਂ ਦੀ ਸੇਵਾ ਤੇ ਸ਼ਹਿਰ ਨੂੰ ਸੁੰਦਰ ਰੱਖਣ ਲਈ ਵੱਡਮੁੱਲਾ ਯੋਗਦਾਨ ਪਾਉਣਗੀਆਂ।ਇਸ ਮੌਕੇ ਸਮਾਜ ਸੇਵੀ ਸੰਸਥਾਵਾਂ ਦੇ ਪ੍ਰਤੀਨਿਧੀਆਂ ਨੇ ਭਰੋਸਾ ਦਿੱਤਾ ਕਿ ਉਹ ਪਹਿਲਾਂ ਵੀ ਨਿਰਸਵਾਰਥ ਲੋਕ ਸੇਵਾ ਲਈ ਕਾਰਜ ਕਰ ਰਹੀਆਂ ਹਨ ਅਤੇ ਹੁਣ ਵੀ ਆਪਣੇ ਸਾਥੀਆਂ ਨਾਲ ਪੂਰਨ ਸਹਿਯੋਗ ਕਰਨਗੀਆਂ।

ਇਸ ਮੌਕੇ ਐਸ ਡੀ ਐਮ ਸਾਰੰਗਪ੍ਰੀਤ ਸਿੰਘ, ਮੇਅਰ ਭੁਪਿੰਦਰ ਸਿੰਘ ਬਾਜਵਾ, ਐਸ ਡੀ ਓ ਰੋਹਿਤ ਉਪਲ, ਵਾਇਸ ਆਫ ਬਟਾਲਾ ਦੇ ਮੁੱਖ ਸੇਵਾਦਾਰ ਡਾ. ਲਖਬੀਰ ਸਿੰਘ ਭਾਗੋਵਾਲੀਆ, ਰੋਟਰੀ ਕਲੱਬ ਬਟਾਲਾ ਤੋਂ ਹਰਦੀਪ ਸਿੰਘ ਬਾਜਵਾ ਡਿਪਟੀ ਚੀਫ ਵਾਰਡਨ ਸਿਵਲ ਡਿਫੈਂਸ, ਸਟਾਰ ਕਲੱਬ ਦੇ ਪ੍ਰਧਾਨ ਭੁਪਿੰਦਰ ਸਿੰਘ ,ਗਿਆਨੀ ਦੀ ਹੱਟੀ, ਤੋਂ ਰਤਨ ਲਾਲ ਬਟਵਾਲ, ਜਤਿੰਦਰ ਕੱਦ, ਪ੍ਰਧਾਨ ਵਿਜੇ ਸੋਨੀ, ਡਾਕਟਰ ਮਲਵਿੰਦਰ ਸਿੰਘ,ਅਸ਼ੋਕ ਲੂਣਾ, ਪ੍ਰੇਮ ਸਿੰਘ, ਸਫ਼ਾਈ ਸੇਵਕ ਜਥਾ ਬਟਾਲਾ ਦੇ ਮੁੱਖ ਸੇਵਾਦਾਰ ਬਲਦੇਵ ਸਿੰਘ ਐਸ.ਈ ਮੰਡੀ ਬੋਰਡ, ਐਡਵੋਕੇਟ ਸੁਖਬੀਰ ਸਿੰਘ ਪੰਨਵਾਂ, ਜਤਿੰਦਰਬੀਰ ਸਿੰਘ,ਗੁਰਬਿੰਦਰ ਸਿੰਘ ਕਾਹਲੋਂ, ਸੁਰਜੀਤ ਸਿੰਘ, ਬਲਦੇਵ ਸਿੰਘ ਬਸਰਾ, ਹਰਿੰਦਰ ਸਿੰਘ, ਤੇਜਬੀਰ ਸਿੰਘ, ਖਾਲਸਾ ਏਡ ਤੋਂ ਦਲਜੀਤ ਸਿੰਘ, ਮਨਪ੍ਰੀਤ ਸਿੰਘ ਆਦਿ ਹਾਜ਼ਰ ਸਨ।

## ਪੀਰ ਬਾਬਾ ਗੁੱਗਾ ਪੀਰ ਦਾ ਸਾਲਾਨਾ ਮੇਲਾ ਮਨਾਇਆ



**ਅਜਨਾਲਾ (ਸੁੱਖ ਦਿੰਦਰ ਸਿੰਘ ਰਾਜੂ)**- ਫਤਿਹਗੜ੍ਹ ਚੂੜੀਆਂ ਰੋਡ ਬਾਈਪਾਸ ਵਾਰਡ ਨੰਬਰ 5 ਵਿਖੇ ਪੀਰ ਬਾਬਾ ਗੁੱਗਾ ਪੀਰ ਦਾ ਸਲਾਨਾ ਮੇਲਾ ਕਰਵਾਇਆ ਗਿਆ। ਇਸ ਮੌਕੇ ਦਰਬਾਰ ਦੇ ਮੁੱਖ ਸੇਵਾਦਾਰ ਸਵਰਨ ਸਿੰਘ ਗੁਲਾਬ ਨੇ ਆਈਆਂ ਸੰਗਤਾਂ ਨੂੰ ਜੀ ਆਇਆ ਕਿਹਾ। ਅਜਨਾਲਾ ਹਲਕੇ ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਇੰਚਾਰਜ ਜੋਧ ਸਿੰਘ ਸਮਰਾ ਅਤੇ ਉਹਨਾਂ ਦੀ ਸਮੁੱਚੀ ਟੀਮ ਨੇ ਹਾਜ਼ਰੀ ਲਗਵਾਈ। ਦਰਬਾਰ ਦੇ ਮੁੱਖ ਸੇਵਾਦਾਰ ਸਵਰਨ ਸਿੰਘ ਗੁਲਾਬ ਨੇ ਆਏ ਹੋਏ ਪਤਵੰਤੇ ਸੱਜਣਾਂ ਨੂੰ ਸਿਰ ਪਾਓ ਦੇ ਕੇ ਸਨਮਾਨਿਤ ਕੀਤਾ ਅਤੇ ਗਰੀਬ ਪਰਿਵਾਰ ਦੀਆਂ ਬੀਬੀਆਂ ਨੂੰ ਰਾਸ਼ਨ ਵੀ ਵੰਡਿਆ ਗਿਆ। ਇਸ ਮੌਕੇ ਨਗਰ ਪੰਚਾਇਤ ਅਜਨਾਲਾ ਦੇ ਸਾਬਕਾ ਪ੍ਰਧਾਨ ਭਾਈ ਜੋਰਾਵਰ ਸਿੰਘ ,ਰਸ਼ਪਾਲ ਸਿੰਘ ਕਾਲੀ, ਸਵਿੰਦਰ ਸਿੰਘ ਸੈਂਸਰਾ ਬਾਊ , ਪ੍ਰਭਜੋਤ ਸਿੰਘ, ਪ੍ਰਦੀਪ ਕੁਮਾਰ ਬੰਟਾ,ਬਾਊ ਰਛਪਾਲ ਸਿੰਘ ਹੰਸ,ਵਿਪਣ ਖੱਤਰੀ, ਮਾਸਟਰ ਵਾਸਦੇਵ ਸ਼ਰਮਾ ,ਬਾਬਾ ਹੈਪੀ ਸ਼ਾਹ , ,ਦੀਪੂ ਅਰੋੜਾ,ਬਾਊ ਸੁਖਦੇਵ ਸਰੀਨ , ਪਰਮਜੀਤ ਸਿੰਘ ਪੰਮਾ ਆਦਿ ਹਾਜਰ ਸਨ । ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ।

## ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ ਨੂੰ ਐਕਸੀਲੈਂਸ ਇਨ ਐਜੂਕੇਸ਼ਨ ਐਵਾਰਡ ਨਾਲ ਨਿਵਾਜਿਆ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਜੀ.ਟੀ.ਵੀ.ਪੰਜਾਬ ਹਰਿਆਣਾ ਹਿਮਾਚਲ ਚੈਨਲ ਵੱਲੋਂ ਗੁਰੂ ਤੇਗ ਬਹਾਦਰ ਇੰਟਰਨੈਸ਼ਨਲ (ਜੀ.ਟੀ.ਬੀ.ਆਈ)



ਸਕੂਲ ਕਲਿਆਣਪੁਰ (ਧਾਰੀਵਾਲ) ਨੂੰ ਇਸ ਵਾਰ ਵੀ ਐਕਸੀਲੈਂਸ ਇਨ ਐਜੂਕੇਸ਼ਨ ਅਵਾਰਡ (ਸਿੱਖਿਆ ਦੇ ਖੇਤਰ ਵਿੱਚ ਉੱਤਮਤਾ ਪੁਰਸਕਾਰ) 2026 ਨਾਲ ਸਨਮਾਨਿਤ ਕੀਤਾ ਗਿਆ। ਪੂਰੇ ਪੰਜਾਬ ਵਿੱਚੋਂ ਇੱਕੋ ਹੀ ਸਕੂਲ ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ ਕਲਿਆਣਪੁਰ ਨੂੰ ਇਸ ਐਵਾਰਡ ਦਾ ਮਾਣ ਪ੍ਰਾਪਤ ਹੋਇਆ ਹੈ। ਇਹ ਅਵਾਰਡ ਮਿਲਣ 'ਤੇ ਖੁਸ਼ੀ ਪ੍ਰਗਟ ਕਰਦਿਆਂ ਸਕੂਲ ਦੇ ਚੇਅਰਮੈਨ ਸੁਰਜੀਤ ਸਿੰਘ ਅਤੇ ਪ੍ਰਿੰਸੀਪਲ ਸ੍ਰੀ ਮ੍ਰਿਮਲ ਦਾਸ ਨੇ ਦੱਸਿਆ ਕਿ ਜੀ.ਟੀ.ਵੀ ਪੰਜਾਬ ਹਰਿਆਣਾ ਹਿਮਾਚਲ ਚੈਨਲ ਵੱਲੋਂ ਆਈਕੋਨਿਕ ਲੀਡਰਸ਼ਿਪ-2026 ਅਵਾਰਡ ਸਮਾਰੋਹ ਚੰਡੀਗੜ੍ਹ ਵਿਖੇ ਕਰਵਾਇਆ ਗਿਆ। ਸਮਾਗਮ ਦੌਰਾਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੁਆਰਾ ਸਕੂਲ ਨੂੰ ਇਸ ਐਕਸੀਲੈਂਸ ਅਵਾਰਡ 2026 ਨਾਲ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਐਡਵੋਕੇਟ ਪ੍ਰਿਤਪਾਲ ਸਿੰਘ ਅਤੇ ਵਾਈਸ ਪ੍ਰਿੰਸੀਪਲ ਡਾ. ਕ੍ਰਿਤਇੰਦਰ ਕੌਰ ਨੂੰ ਸਨਮਾਨਿਤ ਕੀਤਾ ਗਿਆ। ਸਮਾਗਮ ਵਿੱਚ ਪੰਜਾਬ ਦੇ ਵੱਖ-ਵੱਖ ਖੇਤਰਾਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਸਕੂਲ, ਕਾਲਜ, ਸੰਸਥਾਵਾਂ ਆਦਿ ਨੂੰ ਵੀ ਸਨਮਾਨਿਤ ਕੀਤਾ ਗਿਆ। ਐਵਾਰਡ ਪ੍ਰਾਪਤ ਕਰਕੇ ਸਕੂਲ ਪਹੁੰਚਣ 'ਤੇ ਮੈਨੇਜਿੰਗ ਡਾਇਰੈਕਟਰ ਐਡਵੋਕੇਟ ਪ੍ਰਿਤਪਾਲ ਸਿੰਘ ਅਤੇ ਵਾਈਸ ਪ੍ਰਿੰਸੀਪਲ ਡਾ. ਕ੍ਰਿਤਇੰਦਰ ਕੌਰ ਦਾ ਸੁਆਗਤ ਕੀਤਾ ਗਿਆ।

## ਸੇਂਟ ਸੋਵਰੇਨ ਕਾਨਵੈਂਟ ਸਕੂਲ ਚਵਿੰਡਾ ਦੇਵੀ ਦੇ ਵਿਦਿਆਰਥੀਆਂ ਦੀ ਚੋਣ



**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਸੇਂਟ ਸੋਵਰਨ ਕਾਨਵੈਂਟ ਸਕੂਲ ਚਵਿੰਡਾ ਦੇਵੀ ਦੇ ਵਿਦਿਆਰਥੀ ਵਿਦਿਅਕ ਖੇਤਰ ਦੇ ਨਾਲ-ਨਾਲ ਖੇਡਾਂ ਵਿੱਚ ਵੀ ਮੱਲਾਂ ਮਾਰ ਰਹੇ ਹਨ। ਵਿਦਿਆਰਥੀਆਂ ਨੇ ਸੀ. ਬੀ. ਐਸ. ਈ ਕਲੱਸਟਰ ਐਥਲੈਟਿਕ ਮੀਟ 2026 ਵਿੱਚ ਹਿੱਸਾ ਲਿਆ। ਸਕੂਲ ਦੇ 2 ਵਿਦਿਆਰਥੀ ਅਬਰੂਰ ਬਾਠ ਅਤੇ ਏਕਮਜੋਤ ਕੌਰ ਢਿੱਲੋਂ ਉੱਚੀ ਛਾਲ ਲਈ ਰਾਸ਼ਟਰੀ ਪੱਧਰ ਲਈ ਚੁਣੇ ਗਏ। ਇਸ ਮੌਕੇ ਸਕੂਲ ਦੇ ਚੇਅਰਮੈਨ ਅਸ਼ਵਨੀ ਕਪੂਰ, ਐੱਮ.ਡੀ ਕੋਮਲ ਕਪੂਰ, ਡਾਇਰੈਕਟਰ ਸ਼ਵੀ ਕਪੂਰ ਅਤੇ ਪ੍ਰਿੰਸੀਪਲ ਨਿਤਿਕਾ ਸੇਠੀ ਨੇ ਵਿਦਿਆਰਥੀਆਂ ਨੂੰ ਉਹਨਾਂ ਦੀ ਜਿੱਤ 'ਤੇ ਵਧਾਈ ਦਿੰਦਿਆਂ ਹੋਇਆਂ, ਉਹਨਾਂ ਨੂੰ ਖੇਡਾਂ ਦੀ ਮਹੱਤਤਾ, ਅਨੁਸ਼ਾਸਨ ਅਤੇ ਟੀਮ ਵਰਕ ਦੀ ਭਾਵਨਾ ਬਾਰੇ ਜਾਣੂ ਕਰਵਾਇਆ। ਇਸ ਮੌਕੇ ਸੇਂਟ ਸੋਵਰਨ ਕਾਨਵੈਂਟ ਸਕੂਲ ਚਵਿੰਡਾ ਦੇਵੀ ਦੇ ਪ੍ਰਿੰਸੀਪਲ ਨਿਤਿਕਾ ਸੇਠੀ, ਕੋਆਰਡੀਨੇਟਰ ਪਾਰੁਲ ਸੁੰਦਰ, ਕੋਚ ਅੰਗਰੇਜ ਸਿੰਘ ਅਤੇ ਸਮੂਹ ਸਟਾਫ਼ ਹਾਜ਼ਰ ਸਨ।

## ਨਸ਼ਿਆਂ ਖ਼ਿਲਾਫ਼ 'ਯੁੱਧ' ਨੂੰ ਹੋਰ ਮਜ਼ਬੂਤ ਕਰਨ ਲਈ ਕੱਥੂਨੰਗਲ ਵਿਖੇ ਵਿਸ਼ੇਸ਼ ਮੀਟਿੰਗ



**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)** : ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਹਲਕਾ ਮਜੀਠਾ ਦੇ ਕੱਥੂਨੰਗਲ ਸਥਿਤ ਕਸ਼ਮੀਰ ਰਿਜ਼ੋਰਟ ਵਿਖੇ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਵਿਸ਼ੇਸ਼ ਮੀਟਿੰਗ ਕਰਵਾਈ ਗਈ। ਇਸ ਮੌਕੇ ਹਲਕਾ ਮਜੀਠਾ ਦੇ ਵੱਖ-ਵੱਖ ਪਿੰਡਾਂ ਦੇ ਪੰਚ-ਸਰਪੰਚ, ਪਾਰਟੀ ਅਹੁਦੇਦਾਰ ਅਤੇ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਰਹੇ। ਮੀਟਿੰਗ ਵਿੱਚ ਹਲਕਾ ਇੰਚਾਰਜ ਸਰਦਾਰ ਤਲਬੀਰ ਸਿੰਘ ਗਿੱਲ ਦੇ ਸਪੁੱਤਰ ਸਰਪ੍ਰੀਤ ਸਿੰਘ ਗਿੱਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਦ ਕਿ ਡੀ ਐਸ ਪੀ ਮਜੀਠਾ ਕਮਲਮੀਤ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਡੀ ਐਸ ਪੀ ਕਮਲਮੀਤ ਸਿੰਘ ਨੇ ਨਸ਼ਿਆਂ ਖ਼ਿਲਾਫ਼ ਚੱਲ ਰਹੀ ਮੁਹਿੰਮ ਸਬੰਧੀ ਪੁਲਿਸ ਦੀ ਕਾਰਵਾਈ ਅਤੇ ਆਉਣ ਵਾਲੇ ਸਮੇਂ ਦੀ ਰਣਨੀਤੀ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਨਸ਼ਿਆਂ ਖ਼ਿਲਾਫ਼ ਕਾਰਵਾਈ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਪੁਲਿਸ ਵੱਲੋਂ ਲਗਾਤਾਰ ਕਦਮ ਚੁੱਕੇ ਜਾ ਰਹੇ ਹਨ ।

## ਯੂਥ ਅਕਾਲੀ ਦਲ ਪੁਨਰ ਸੁਰਜੀਤ ਦੇ ਨਵ-ਨਿਯੁਕਤ ਪ੍ਰਧਾਨ ਸਨਮਾਨਿਤ

**ਅੱਡਾ ਸਰਾਂ (ਜਸਵੀਰ ਕਾਜਲ)**- ਯੂਥ ਅਕਾਲੀ ਦਲ ਪੁਨਰ ਸੁਰਜੀਤ ਜ਼ਿਲਾ ਹੁਸ਼ਿਆਰਪੁਰ ਦੇ ਨਵ ਨਿਯੁਕਤ ਪ੍ਰਧਾਨ ਸੁਖਜਿੰਦਰ ਸਿੰਘ ਸਿੰਘਪੁਰ ਦਾ ਵਿਸ਼ੇਸ਼ ਸਨਮਾਨ ਗ੍ਰੇਟ ਪੰਜਾਬ ਪੈਲਿਸ ਟਾਂਡਾ ਵਿਖੇ ਜ਼ਿਲਾ ਪ੍ਰਧਾਨ ਮਨਜੀਤ ਸਿੰਘ ਦਸੂਹਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸੀਨੀਅਰ ਨੌਜਵਾਨ ਅਕਾਲੀ ਆਗੂ ਸਰਬਜੀਤ ਸਿੰਘ ਗੋਲਡੀ ਦਸੂਹਾ ਦੀ ਅਗਵਾਈ ਵਿੱਚ ਜ਼ਿਲ੍ਹੇ ਦੇ ਸੀਨੀਅਰ ਅਕਾਲੀ ਆਗੂਆਂ ਤੇ ਵਰਕਰਾਂ ਵੱਲੋਂ ਕੀਤਾ ਗਿਆ।

ਇਸ ਮੌਕੇ ਨਵ ਨਿਯੁਕਤ ਜ਼ਿਲਾ ਜਲੰਧਰ ਯੂਥ ਵਿੰਗ ਦੇ ਪ੍ਰਧਾਨ ਜਸਪ੍ਰੀਤ ਸਿੰਘ, ਹਲਕਾ ਆਦਮਪੁਰ ਦੇ ਕੋਆਰਡੀਨੇਟਰ ਜਰਨੈਲ ਸਿੰਘ ਗੜਦੀਵਾਲ, ਹਲਕਾ ਸ਼ਾਮ 84 ਦੇ ਕੋਆਰਡੀਨੇਟਰ ਮਦਨਮੋਹਨ ਸਿੰਘ ਮੂਸਾ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ।

ਇਸ ਮੌਕੇ ਨੌਜਵਾਨ ਅਕਾਲੀ ਆਗੂ ਸਰਬਜੀਤ ਸਿੰਘ ਗੋਲਡੀ ਦਸੂਹਾ ਨੇ ਨਵੇਂ ਬਣੇ ਜ਼ਿਲ੍ਹਾ ਪ੍ਰਧਾਨ ਤੇ ਕੋਆਰਡੀਨੇਟਰਾਂ ਨੂੰ ਵਧਾਈ ਦਿੰਦਿਆਂ ਪਾਰਟੀ ਵੱਲੋਂ ਦਿੱਤੀ ਜਿੰਮੇਵਾਰੀ ਨੂੰ ਪੂਰੀ ਤਨ ਦੇਹੀ ਨਾਲ ਨਿਭਾਉਣ ਦੀ ਅਪੀਲ ਕੀਤੀ।

ਇਸ ਮੌਕੇ ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹੁਸ਼ਿਆਰਪੁਰ ਸੁਖਵਿੰਦਰ ਸਿੰਘ ਮੂਨਕ, ਚੀਫ ਨਿਰਮਲ ਸਿੰਘ ਮੁਕੇਰੀਆਂ, ਸਰਕਲ ਪ੍ਰਧਾਨ ਲਖਵੰਤ ਸਿੰਘ ਚੀਮਾ ਸਰਕਲ ਪ੍ਰਧਾਨ ਦਸੂਹਾ, ਜਥੇਦਾਰ ਪਰਮਜੀਤ ਸਿੰਘ ਖਾਲਸਾ, ਸਰਬਜੀਤ ਸਿੰਘ, ਜਥੇਦਾਰ ਕਿਰਪਾਲ ਸਿੰਘ ਜਾਜਾ ਸਰਕਲ ਪ੍ਰਧਾਨ ਟਾਂਡਾ, ਜਥੇਦਾਰ ਜਸਵਿੰਦਰ ਸਿੰਘ ਟਾਂਡਾ,ਬਲਜੀਤ ਸਿੰਘ ਕਾਨੂੰਗੋ, ਬਲਵਿੰਦਰ ਸਿੰਘ ਮਿਆਣੀ, ਰਤਨ ਸਿੰਘ ਖੋਖਰ,ਅਮਰਜੀਤ ਸਿੰਘ ਖੋਖਰ, ਮਨੀ ਸਿੰਘ ਕਲੋਆ, ਗੁਰਦੇਵ ਸਿੰਘ ਜੀਆ ਨੱਥਾ,ਬਾਬਾ ਰਜਿੰਦਰ ਸਿੰਘ ਖੁੱਡਾ, ਗੁਰਪ੍ਰੀਤ ਸਿੰਘ ਕਾਕਾ, ਰਵਿੰਦਰ ਸਿੰਘ ਮੋਮੀ, ਸੁਖਵਿੰਦਰ ਸਿੰਘ ਬਾਗੀ, ਸੁਖਬੀਰ ਸਿੰਘ ਕਾਕਾ, ਜਥੇਦਾਰ ਅਵਤਾਰ ਸਿੰਘ, ਪੰਚ ਪ੍ਰਿਥੀ ਪਾਲ ਸਿੰਘ ਬੋਲੇਵਾਲ, ਜਥੇਦਾਰ ਮਲਕੀਤ ਸਿੰਘ, ਜਥੇਦਾਰ ਮੋਹਨਜੀਤ ਸਿੰਘ ਮੂਨਕ ਖੁਰਦ, ਜਥੇਦਾਰ ਹਰਜੀਤ ਸਿੰਘ ਹਰਸੀ ਪਿੰਡ, ਹੁਕਮਪ੍ਰੀਤ ਸਿੰਘ ਬਗੋਲਾ,ਦਲਜੀਤ ਸਿੰਘ ਕੁਰਾਲਾ ਸੁਖਵਿੰਦਰ ਸਿੰਘ ਰਸੂਲਪੁਰ ਕਲੋਨੀ, ਸਤਵੰਤ ਸਿੰਘ ਜਾਜਾ, ਚੌਹਾਨ ਢਡਿਆਲਾ, ਕੁਲਵੰਤ ਸਿੰਘ ਜੌਹਲ, ਸਾਬਕਾ ਸਰਪੰਚ ਗੁਰਨਾਮ ਸਿੰਘ, ਸਾਬਕਾ ਸਰਪੰਚ ਬੂਟਾ ਸਿੰਘ, ਸਾਬਕਾ ਸਰਪੰਚ ਹਰਜਿੰਦਰ ਸਿੰਘ, ਸਾਬਕਾ ਸਰਪੰਚ ਹਰਬੰਸ ਸਿੰਘ, ਜੋਧ ਸਿੰਘ ਮਸੀਤੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਕਾਲੀ ਆਗੂ ਤੇ ਵਰਕਰ ਹਾਜ਼ਰ ਸਨ।





## ਨਵ-ਨਿਯੁਕਤ ਚੇਅਰਮੈਨ ਬਲਬੀਰ ਸਿੰਘ ਬੋਪਾਰਾਏ ਨੂੰ ਰਾਜਵੀਰ ਘੁੰਮਣ ਵੱਲੋਂ ਵਧਾਈ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਆਮ ਆਦਮੀ ਪਾਰਟੀ ਦੇ ਹਲਕਾ ਮਜੀਠਾ ਇੰਚਾਰਜ ਸਰਦਾਰ ਤਲਬੀਰ ਸਿੰਘ ਗਿੱਲ ਵੱਲੋਂ ਮਾਰਕੀਟ ਕਮੇਟੀ ਦੇ ਚੇਅਰਮੈਨ ਵਜੋਂ ਨਿਯੁਕਤ ਕੀਤੇ ਗਏ ਬਲਬੀਰ ਸਿੰਘ ਬੋਪਾਰਾਏ ਨੂੰ ਰਾਜਵੀਰ ਘੁੰਮਣ ਵੱਲੋਂ ਮੂੰਹ ਮਿੱਠਾ ਕਰਵਾ ਕੇ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।ਇਸ ਮੌਕੇ ਰਾਜਵੀਰ ਘੁੰਮਣ ਨੇ ਬਲਬੀਰ ਸਿੰਘ ਬੋਪਾਰਾਏ ਨੂੰ ਨਵੀਂ ਜ਼ਿੰਮੇਵਾਰੀ ਲਈ ਮੁਬਾਰਕਬਾਦ ਦਿੰਦਿਆਂ ਉਮੀਦ ਜਤਾਈ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਂਦੇ ਹੋਏ ਮਾਰਕੀਟ ਕਮੇਟੀ ਨਾਲ ਸਬੰਧਤ ਕੰਮਾਂ ਨੂੰ ਸੁਚਾਰੂ ਢੰਗ ਨਾਲ ਅੱਗੇ ਵਧਾਉਣ ਲਈ ਯਤਨ ਕਰਨਗੇ।ਉਨ੍ਹਾਂ ਕਿਹਾ ਕਿ ਨਵੀਂ ਜ਼ਿੰਮੇਵਾਰੀ ਮਿਲਣਾ ਬੋਪਾਰਾਏ ਲਈ ਸਨਮਾਨ ਦੇ ਨਾਲ-ਨਾਲ ਇੱਕ ਮਹੱਤਵਪੂਰਨ ਜ਼ਿੰਮੇਵਾਰੀ ਵੀ ਹੈ।ਇਸ ਮੌਕੇ ਬਲਬੀਰ ਸਿੰਘ ਬੋਪਾਰਾਏ ਨੇ ਰਾਜਵੀਰ ਘੁੰਮਣ ਵੱਲੋਂ ਦਿੱਤੀਆਂ ਵਧਾਈਆਂ ਲਈ ਧੰਨਵਾਦ ਕਰਦਿਆਂ ਕਿਹਾ ਕਿ ਉਹ ਮਿਲੀ ਜ਼ਿੰਮੇਵਾਰੀ ਨੂੰ ਪੂਰੀ ਲਗਨ ਅਤੇ ਇਮਾਨਦਾਰੀ ਨਾਲ ਨਿਭਾਉਣ ਲਈ ਯਤਨਸ਼ੀਲ ਰਹਿਣਗੇ।ਇਸ ਮੌਕੇ ਹਲਕਾ ਮਜੀਠਾ ਦੇ ਇੰਚਾਰਜ ਸਰਦਾਰ ਤਲਬੀਰ ਸਿੰਘ ਗਿੱਲ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।ਇਸ ਮੌਕੇ ਮੌਜੂਦ ਪਾਰਟੀ ਵਰਕਰਾਂ ਅਤੇ ਸਮਰਥਕਾਂ ਵੱਲੋਂ ਵੀ ਬਲਬੀਰ ਸਿੰਘ ਬੋਪਾਰਾਏ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ ਗਈ।



## ਗਿਨੀਵ ਕੌਰ ਮਜੀਠੀਆ ਅਫ਼ਸੋਸ ਕਰਨ ਲਈ ਮੇਵਾ ਸਿੰਘ ਸਾਧਪੁਰ ਦੇ ਘਰ ਪੁੱਜੇ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਪਿੰਡ ਸਾਧਪੁਰ ਤੋਂ ਪੰਚਾਇਤ ਸੈਕਟਰੀ ਮੇਵਾ ਸਿੰਘ ਜਿਨਾਂ ਦੀ ਬੇਟੀ ਦਾ ਪਿਛਲੇ ਦਿਨੀਂ ਅਚਾਨਕ ਦੇਹਾਂਤ ਹੋ ਗਿਆ ਸੀ, ਦੇ ਗ੍ਰਹਿ ਵਿਖੇ ਅਫਸੋਸ ਪਰਗਟ ਕਰਨ ਲਈ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਦੀ ਪਤਨੀ ਅਤੇ ਹਲਕਾ ਮਜੀਠਾ ਦੀ ਵਿਧਾਇਕਾ ਬੀਬਾ ਗਿਨੀਵ ਕੌਰ ਮਜੀਠੀਆ ਪੁੱਜੇ ਜਿਥੇ ਉਨ੍ਹਾਂ ਨੇ ਮੇਵਾ ਸਿੰਘ ਅਤੇ ਉਨ੍ਹਾਂ ਦੇ ਪਰਿਵਾਰ ਨਾਲ ਬਿਕਰਮ ਸਿੰਘ ਮਜੀਠੀਆ ਅਤੇ ਆਪਣੇ ਵੱਲੋਂ ਇਸ ਭਾਣੇ ਤੇ ਦੁੱਖ ਦਾ ਪ੍ਰਗਟਾਵਾ ਕਰਦਿਆ ਹਮਦਰਦੀ ਦਾ ਇਜ਼ਹਾਰ ਕੀਤਾ।ਇਸ ਮੌਕੇ ਸਾਬਕਾ ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ, ਰਣਧੀਰ ਸਿੰਘ ਬਾਠ ਭੋਏ, ਨਵਜਿੰਦਰਪਾਲ ਸਿੰਘ ਗਾਂਧੀ, ਸਰਵਣ ਸਿੰਘ ਰਾਮਦਿਵਾਲੀ, ਅਮਰਪਾਲ ਸਿੰਘ ਪਾਲੀ, ਸੋਨੂੰ ਬੋਪਾਰਾਏ, ਸੰਦੀਪ ਸਿੰਘ ਉਦੋਕੇ, ਭਾਈ ਦਲੇਰ ਸਿੰਘ ਸਾਧਪੁਰ, ਭਜਨ ਸਿੰਘ ਆਧੀ, ਬਾਬਾ ਪਰਮਜੀਤ ਸਿੰਘ, ਗੁਰਭੇਜ ਸਿੰਘ, ਬਲਵਿੰਦਰ ਸਿੰਘ ਫੌਜੀ, ਬੂਟਾ ਸਿੰਘ , ਸੇਵਾ ਸਿੰਘ , ਡਾ. ਗੱਜਣ ਸਿੰਘ ਅਤੇ ਹੋਰ ਆਗੂ ਵੀ ਹਾਜਰ ਸਨ।



## ਦਰਦਨਾਕ ਹਾਦਸੇ ਤੋਂ ਬਾਅਦ ਜ਼ੇਰੇ ਇਲਾਜ ਰਣਜੀਤ ਸਿੰਘ ਭੋਮਾ ਨੂੰ ਹਸਪਤਾਲ ਤੋਂ ਛੁੱਟੀ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਸਮਾਜ ਸੁਧਾਰ ਸੰਸਥਾ ਪੰਜਾਬ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਦੇ ਪ੍ਰਧਾਨ ਰਣਜੀਤ ਸਿੰਘ ਭੋਮਾ 5 ਸਤੰਬਰ ਨੂੰ ਸਿਰ 'ਤੇ ਅਚਾਨਕ ਵੱਡਾ ਦਰੱਖਤ/ਲੱਕੜ ਵੱਜਣ ਕਾਰਨ ਵਾਪਰੇ ਗੰਭੀਰ ਹਾਦਸੇ ਵਿੱਚ ਜ਼ਖ਼ਮੀ ਹੋ ਗਏ ਸਨ।ਉਨ੍ਹਾਂ ਨੂੰ ਇਲਾਜ ਲਈ ਅੰਮ੍ਰਿਤਸਰ ਦੇ ਹਸਪਤਾਲ ਪਾਰਬਤੀ ਵਿਖੇ ਦਾਖਲ ਕਰਵਾਇਆ ਗਿਆ ਸੀ।ਪਰਿਵਾਰਕ ਮੈਂਬਰਾਂ ਅਨੁਸਾਰ ਉਨ੍ਹਾਂ ਦੀ ਹਾਲਤ ਗੰਭੀਰ ਹੋਣ ਕਾਰਨ ਡਾਕਟਰਾਂ ਦੀ ਟੀਮ ਵੱਲੋਂ ਲਗਾਤਾਰ ਇਲਾਜ ਕੀਤਾ ਗਿਆ।ਭੋਮਾ ਨੇ ਕਿਹਾ ਕਿ ਉਹ ਸਿਹਤਯਾਬ ਹੋਣ ਉਪਰੰਤ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਪਵਿੱਤਰਤਾ ਬਹਾਲੀ ਨਾਲ ਜੁੜੇ ਮੁੱਦਿਆਂ ਲਈ ਆਪਣੀ ਆਵਾਜ਼ ਬੁਲੰਦ ਕਰਦੇ ਰਹਿਣਗੇ।ਉਨ੍ਹਾਂ ਵੱਲੋਂ ਚੌਕ ਮਹਾ ਸਿੰਘ ਇਲਾਕੇ ਵਿੱਚ ਸ਼ਰਾਬ ਦੇ ਠੇਕੇ ਅਤੇ ਹੋਰ ਅਜਿਹੀਆਂ ਦੁਕਾਨਾਂ ਨੂੰ ਪਵਿੱਤਰ ਸ਼ਹਿਰ ਦੀ ਮਰਯਾਦਾ ਅਨੁਸਾਰ ਬੰਦ ਕਰਵਾਉਣ ਲਈ ਸੰਘਰਸ਼ ਜਾਰੀ ਰੱਖਣ ਦੀ ਗੱਲ ਵੀ ਕਹੀ ਗਈ। ਉਨ੍ਹਾਂ ਕਿਹਾ ਕਿ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਪਵਿੱਤਰਤਾ ਅਤੇ ਸਤਿਕਾਰ ਲਈ ਉਨ੍ਹਾਂ ਦਾ ਸੰਘਰਸ਼ ਕਿਸੇ ਸਿਆਸੀ ਮਕਸਦ ਦੀ ਬਜਾਏ ਧਾਰਮਿਕ ਭਾਵਨਾਵਾਂ ਨਾਲ ਜੁੜਿਆ ਹੋਇਆ ਹੈ। ਭੋਮਾ ਨੇ ਸਾਰੀਆਂ ਨਾਨਕ ਨਾਮ ਲੇਵਾ ਸੰਗਤਾਂ ਦਾ ਦਿਲੋਂ ਧੰਨਵਾਦ ਕੀਤਾ।



## ਵਾਰਿਸ ਸ਼ਰੀਫ਼ ਨੂੰ ਨੌਰਥ ਜ਼ੋਨ ਜੂਨੀਅਰ ਅਥਲੈਟਿਕਸ ਚੈਂਪੀਅਨਸ਼ਿਪ ਜਿੱਤਣ ਦਾ ਮਾਣ ਹਾਸਲ

**ਬਿਆਸ (ਪਰਮਜੀਤ ਸਿੰਘ ਰੱਖੜਾ)**- ਡੇਰਾ ਬਿਆਸ ਦੇ ਇਲਾਕੇ ਲਈ ਬਹੁਤ ਮਾਣ ਵਾਲੀ ਗੱਲ ਹੈ ਕਿ ਸਾਡੇ ਇਲਾਕੇ ਦੇ ਇੱਕ ਬਹੁਤ ਹੋਣਹਾਰ ਖਿਡਾਰੀ ਵਾਰਿਸ ਸ਼ਰੀਫ ਜਿਸ ਨੇ ਨੌਰਥ ਜ਼ੋਨ ਜੂਨੀਅਰ ਅਥਲੈਟਿਕਸ ਚੈਂਪੀਅਨਸ਼ਿਪ ਜੋ 14 ਸਤੰਬਰ ਤੋਂ ਲੈ ਕੇ 16 ਸਤੰਬਰ ਤੱਕ ਕਰਵਾਈ ਗਈ ਜਿਸ ਵਿੱਚ ਨੌਰਥ ਜ਼ੋਨ (7 ਰਾਜਾਂ-ਪੰਜਾਬ, ਹਰਿਆਣਾ, ਦਿੱਲੀ, ਹਿਮਾਚਲ, ਚੰਡੀਗੜ੍ਹ, ਜੰਮੂ-ਕਸ਼ਮੀਰ ਅਤੇ ਉੱਤਰਾਖੰਡ) ਦੇ ਅੰਡਰ 16, 18, 20 ਵਰਗ ਦੇ ਤਕਰੀਬਨ 1100 ਪਲੇਅਰਾਂ ਨੇ ਹਿੱਸਾ ਲਿਆ। ਇਸ ਵਿੱਚ ਵਾਰਿਸ ਸ਼ਰੀਫ ਨੇ ਅੰਡਰ 20 ਵਰਗ ਸਭ ਤੋਂ ਵੱਡਾ ਹਾਈ ਜੰਪ ਲਗਾ ਕੇ ਗੋਲਡ ਮੈਡਲ ਹਾਸਲ ਕੀਤਾ। ਸੁਖਦੇਵ ਸਿੰਘ ਬਿਆਸ ਨੇ ਦੱਸਿਆ ਕਿ ਵਾਰਿਸ ਸ਼ਰੀਫ ਜੋ ਕਿ ਡੇਰਾ ਬਿਆਸ ਦਾ ਰਹਿਣ ਵਾਲਾ ਹੈ, ਦੇ ਪਿਤਾ ਸਿਕੰਦਰ ਸ਼ਰੀਫ ਜੋ ਕਿ ਫੁੱਟਬਾਲ ਦੇ ਬਹੁਤ ਵਧੀਆ ਖਿਡਾਰੀ ਰਹੇ ਹਨ, ਨੇ ਆਪਣੇ ਬੱਚੇ ਨੂੰ ਹਾਈਜੰਪ ਦੀ ਗੇਮ ਵਿੱਚ ਪਾਇਆ। ਵਾਰਸ ਸ਼ਰੀਫ ਜੋ ਕਿ ਬਚਪਨ ਤੋਂ ਹੀ ਇਸ ਗੇਮ ਨਾਲ ਬਹੁਤ ਪਿਆਰ ਕਰਦਾ ਸੀ ਤੇ ਵਾਰਿਸ ਦੇ ਪਿਤਾ ਸਿਕੰਦਰ ਸ਼ਰੀਫ ਨੇ ਉਸ ਨੂੰ ਦੁਬਈ, ਬੈਂਗਲੌਰ ਹੋਰ ਵੀ ਸਟੇਟਾਂ ਤੋਂ ਇਸ ਨੂੰ ਟ੍ਰੇਨਿੰਗ ਦਵਾਈ ਬਾਹਰੋਂ ਟ੍ਰੇਨਿੰਗ ਦਵਾਉਣ ਦਾ ਕਾਰਨ ਇਹ ਸੀ ਕਿ ਪੰਜਾਬ ਵਿੱਚ ਹਾਈ ਜੰਪ ਟਰੈਕ ਦੀ ਘਾਟ ਹੋਣਾ।ਪੰਜਾਬ ਸਰਕਾਰ ਨੂੰ ਬੇਨਤੀ ਹੈ ਕਿ ਪੰਜਾਬ ਵਿੱਚ ਹਰ ਜ਼ਿਲੇ ਵਿੱਚ ਸੈਂਥੈਟਿਕ ਟਰੈਕ ਬਣਾਇਆ ਜਾਵੇ ਤਾਂ ਜੋ ਇਨ੍ਹਾਂ ਗੇਮਾਂ ਨੂੰ ਵੀ ਪੰਜਾਬ ਵਿੱਚ ਪ੍ਰਮੋਟ ਕਰਨ ਦੀ ਕੋਸ਼ਿਸ਼ ਕੀਤੀ ਜਾਵੇ। ਹਾਈ ਜੰਪ ਇੱਕ ਬਹੁਤ ਹੀ ਮੁਸ਼ਕਿਲ ਤੇ ਤਕਨੀਕੀ ਗੇਮ ਹੈ ਜਿਸ ਨੂੰ ਬਹੁਤ ਹੀ ਮਿਹਨਤ ਦੀ ਲੋੜ ਹੁੰਦੀ ਹੈ। ਵਾਰਿਸ ਨੇ ਇਸ ਗੇਮ ਵਿੱਚ ਬਹੁਤ ਮਿਹਨਤ ਕੀਤੀ ਹੈ ਤੇ ਕਰ ਵੀ ਰਿਹਾ।ਉਸ ਦੀ ਮਿਹਨਤ ਰੰਗ ਵੀ ਲਿਆ ਰਹੀ ਹੈ। ਉਸਨੇ ਨੌਰਥ ਜ਼ੋਨ ਦੇ ਕਾਫੀ ਖਿਡਾਰੀਆਂ ਨੂੰ ਪਿੱਛੇ ਛੱਡ ਕੇ ਪੰਜਾਬ ਵੱਲੋਂ ਗੋਲਡ ਮੈਡਲ ਹਾਸਲ ਕੀਤਾ ਅਤੇ ਇਹ ਇਲਾਕੇ ਲਈ ਬਹੁਤ ਮਾਣ ਵਾਲੀ ਗੱਲ ਹੈ।



## ਮੰਤਰੀ ਸਾਹਿਬ, ਚੋਈ ਬਾਜ਼ਾਰ ਦੀ ਸਮੱਸਿਆ ਕਦੋਂ ਹੱਲ ਕਰੋਗੇ : ਅਮਰ ਸੋਢੀ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਚੋਈ ਬਾਜ਼ਾਰ ਦੀ ਬਰਸਾਤੀ ਪਾਣੀ ਦੀ ਸਮੱਸਿਆ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਮੰਡਲ ਸ੍ਰੀ ਅਨੰਦਪੁਰ ਸਾਹਿਬ ਦੇ ਸੀਨੀਅਰ ਮੀਤ ਪ੍ਰਧਾਨ ਅਮਰ ਸੋਢੀ ਨੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੂੰ ਸਵਾਲ ਕਰਦਿਆਂ ਕਿਹਾ ਕਿ ਮੰਤਰੀ ਸਾਹਿਬ, ਜੇਕਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਸਾਹਮਣੇ ਪਾਈਪ ਪਏ ਹਨ ਅਤੇ ਇਹ ਕਿਸੇ ਹੋਰ ਕੰਮ ਲਈ ਨਹੀਂ ਵਰਤੇ ਜਾਣੇ ਤਾਂ ਇਨ੍ਹਾਂ ਨੂੰ ਚੋਈ ਬਾਜ਼ਾਰ ਵਿੱਚ ਪਾ ਕੇ ਬਰਸਾਤੀ ਪਾਣੀ ਦੀ ਨਿਕਾਸੀ ਦਾ ਪ੍ਰਬੰਧ ਕਿਉਂ ਨਹੀਂ ਕੀਤਾ ਜਾਂਦਾ? ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਮੰਤਰੀ ਜੀ ਵੱਲੋਂ ਖੁਦ ਲਾਈਵ ਹੋ ਕੇ ਇਹ ਪਾਈਪ ਦਿਖਾਏ ਗਏ ਸਨ, ਪਰ ਦੂਜੇ ਪਾਸੇ ਚੋਈ ਬਾਜ਼ਾਰ ਦੇ ਲੋਕ ਹਰ ਬਰਸਾਤ ਵਿੱਚ ਪਾਣੀ ਦੀ ਮਾਰ ਝੱਲਣ ਲਈ ਮਜਬੂਰ ਹਨ। ਉਨ੍ਹਾਂ ਕਿਹਾ ਕਿ ਸਾਢੇ ਚਾਰ ਸਾਲ ਦੇ ਕਰੀਬ ਸਮਾਂ ਬੀਤ ਜਾਣ ਦੇ ਬਾਵਜੂਦ ਇਸ ਸਮੱਸਿਆ ਦਾ ਹੱਲ ਨਾ ਹੋਣਾ ਬੇਹੱਦ ਚਿੰਤਾਜਨਕ ਹੈ।ਅਮਰ ਸੋਢੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਸਾਢੇ ਚਾਰ ਸਾਲ ਦੇ ਕਰੀਬ ਦਾ ਸਮਾਂ ਹੋ ਚੁੱਕਾ ਹੈ ਅਤੇ ਹੁਣ ਨਵੀਆਂ ਚੋਣਾਂ ਲਈ ਵੀ ਕੁਝ ਸਮਾਂ ਹੀ ਬਾਕੀ ਰਹਿ ਗਿਆ ਹੈ। ਇਸ ਦੇ ਬਾਵਜੂਦ ਚੋਈ ਬਾਜ਼ਾਰ ਦੀ ਬਰਸਾਤੀ ਪਾਣੀ ਦੀ ਸਮੱਸਿਆ ਦਾ ਕੋਈ ਸਥਾਈ ਹੱਲ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਕਿਸਾਨ ਹਵੇਲੀ ਤੋਂ ਲੈ ਕੇ ਪੂਰੇ ਚੋਈ ਬਾਜ਼ਾਰ ਵਿੱਚ ਜਦੋਂ ਵੀ ਬਰਸਾਤ ਹੁੰਦੀ ਹੈ ਤਾਂ ਇੰਨਾ ਜ਼ਿਆਦਾ ਪਾਣੀ ਇਕੱਠਾ ਹੋ ਜਾਂਦਾ ਹੈ ਕਿ ਲੋਕਾਂ ਦਾ ਆਪਣੇ ਘਰਾਂ ਅਤੇ ਦੁਕਾਨਾਂ ਤੋਂ ਬਾਹਰ ਨਿਕਲਣਾ ਵੀ ਮੁਸ਼ਕਲ ਹੋ ਜਾਂਦਾ ਹੈ। ਬਰਸਾਤੀ ਪਾਣੀ ਸੜਕਾਂ 'ਤੇ ਖੜ੍ਹਾ ਹੋਣ ਕਾਰਨ ਆਮ ਜਨਜੀਵਨ ਪ੍ਰਭਾਵਿਤ ਹੁੰਦਾ ਹੈ ਅਤੇ ਦੁਕਾਨਦਾਰਾਂ ਨੂੰ ਵੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ।ਅਮਰ ਸੋਢੀ ਨੇ ਕਿਹਾ ਕਿ ਬਰਸਾਤ ਦੇ ਦਿਨਾਂ ਵਿੱਚ ਸਕੂਲੀ ਬੱਚਿਆਂ ਨੂੰ ਵੀ ਮੁਸ਼ਕਲਾਂ ਝੱਲਣੀਆਂ ਪੈਂਦੀਆਂ ਹਨ ਤੇ ਕਈ ਵਾਰ ਬੱਚੇ ਸਕੂਲ ਜਾਣ ਤੋਂ ਵਾਂਝੇ ਰਹਿ ਜਾਂਦੇ ਹਨ। ਚੋਈ ਬਾਜ਼ਾਰ ਵਿੱਚ ਪਾਣੀ ਭਰ ਜਾਣ ਕਾਰਨ ਨਾ ਤਾਂ ਬੱਚੇ ਆਸਾਨੀ ਨਾਲ ਪੈਦਲ ਲੰਘ ਸਕਦੇ ਹਨ ਅਤੇ ਨਾ ਹੀ ਗੱਡੀਆਂ, ਸਕੂਟਰ ਜਾਂ ਮੋਟਰਸਾਈਕਲ ਇੱਥੋਂ ਲੰਘਾਉਣੇ ਆਸਾਨ ਰਹਿੰਦੇ ਹਨ।ਉਨ੍ਹਾਂ ਕਿਹਾ ਕਿ ਚੋਈ ਬਾਜ਼ਾਰ ਸ੍ਰੀ ਅਨੰਦਪੁਰ ਸਾਹਿਬ ਸ਼ਹਿਰ ਦਾ ਇੱਕ ਮਹੱਤਵਪੂਰਨ ਰਸਤਾ ਹੈ, ਜਿਸ ਵਿੱਚੋਂ ਰੋਜ਼ਾਨਾ ਵੱਡੀ ਗਿਣਤੀ ਵਿੱਚ ਲੋਕ ਲੰਘਦੇ ਹਨ। ਉਨ੍ਹਾਂ ਕਿਹਾ ਕਿ ਕਈ ਸਰਕਾਰਾਂ ਆਈਆਂ ਅਤੇ ਚਲੀਆਂ ਗਈਆਂ, ਪਰ ਮੌਜੂਦਾ ਸਰਕਾਰ ਵੱਲੋਂ ਲੋਕਾਂ ਦੇ ਮਸਲੇ ਹੱਲ ਕਰਨ ਦੇ ਕੀਤੇ ਵਾਅਦਿਆਂ ਦੇ ਬਾਵਜੂਦ ਇਸ ਸਮੱਸਿਆ ਵੱਲ ਲੋੜੀਂਦਾ ਧਿਆਨ ਨਹੀਂ ਦਿੱਤਾ ਗਿਆ।



## ਦੁਕਾਨ ਤੇ ਰੇਹੜੀਆਂ ਨੂੰ ਲੱਗੀ ਭਿਆਨਕ ਅੱਗ, ਲੱਖਾਂ ਰੁਪਏ ਦਾ ਨੁਕਸਾਨ

**ਧਾਰੀਵਾਲ, (ਮਨਦੀਪ ਵਿੱਕੀ)**- ਬੀਤੀ ਰਾਤ ਜੀ.ਟੀ. ਰੋਡ ਧਾਰੀਵਾਲ ਸਥਿਤ ਇੱਕ ਦੁਕਾਨ ਅਤੇ ਫਰੂਟ/ਸਬਜ਼ੀ ਦੀਆਂ ਚਾਰ ਰੇਹੜੀਆਂ ਨੂੰ ਅੱਗ ਲੱਗਣ ਕਾਰਨ ਲਗਭਗ 8-9 ਲੱਖ ਰੁਪਏ ਦਾ ਮਾਲੀ ਨੁਕਸਾਨ ਹੋਣ ਦਾ ਸਮਾਚਾਰ ਹੈ।ਸਬਜ਼ੀ ਵਿਕਰੇਤਾ ਵਿਸ਼ਾਲ ਨੇ ਦੱਸਿਆ ਕਿ ਰਾਤ ਕਰੀਬ 11 ਵਜੇ ਉਨ੍ਹਾਂ ਨੂੰ ਕਿਸੇ ਨੇ ਫੋਨ ਕਰਕੇ ਸੂਚਨਾ ਦਿੱਤੀ ਕਿ ਉਨ੍ਹਾਂ ਦੀ ਦੁਕਾਨ/ਰੇਹੜੀ ਨੂੰ ਅੱਗ ਲੱਗ ਗਈ ਹੈ।ਇਸ ਤੋਂ ਬਾਅਦ ਜਦੋਂ ਉਹ ਮੌਕੇ ਤੇ ਪਹੁੰਚੇ ਅਤੇ ਹੋਰ ਸ਼ਹਿਰ ਵਾਸੀ ਵੀ ਇਕੱਠੇ ਹੋਏ ਤਾਂ ਉਨ੍ਹਾਂ ਫਾਇਰ ਬ੍ਰਿਗੇਡ ਨੂੰ ਸੂਚਿਤ ਕਰਨ ਦੇ ਨਾਲ-ਨਾਲ ਆਪਣੇ ਪੱਧਰ ਤੇ ਵੀ ਅੱਗ ਬੁਝਾਉਣ ਦੀ ਕੋਸ਼ਿਸ਼ ਕੀਤੀ।ਪਰ ਦੇਖਦੇ ਹੀ ਦੇਖਦੇ ਅੱਗ ਨੇ ਚਾਰੇ ਰੇਹੜੀਆਂ ਅਤੇ ਨਜ਼ਦੀਕ ਸਥਿਤ ਵਿਜੈ ਬਰਤਨ ਸਟੋਰ ਨਾਮਕ ਦੁਕਾਨ ਨੂੰ ਪੂਰੀ ਤਰ੍ਹਾਂ ਆਪਣੀ ਲਪੇਟ ਵਿੱਚ ਲੈ ਲਿਆ।ਹਾਲਾਂਕਿ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨੇ ਮੌਕੇ ਤੇ ਪਹੁੰਚ ਕੇ ਅੱਗ ਬੁਝਾਉਣ ਦੀਆਂ ਕਾਫ਼ੀ ਕੋਸ਼ਿਸ਼ਾਂ ਕੀਤੀਆਂ, ਪਰ ਇਸ ਦੇ ਬਾਵਜੂਦ ਰੇਹੜੀਆਂ ਅਤੇ ਵਿਜੈ ਬਰਤਨ ਸਟੋਰ ਦਾ ਲੱਖਾਂ ਰੁਪਏ ਦਾ ਸਾਮਾਨ ਸੜ ਕੇ ਸੁਆਹ ਹੋ ਗਿਆ। ਦੁਕਾਨਦਾਰਾਂ ਨੇ ਸ਼ੱਕ ਜਤਾਇਆ ਹੈ ਕਿ ਕਿਸੇ ਸ਼ਰਾਰਤੀ ਅਨਸਰ ਵੱਲੋਂ ਦੁਕਾਨਾਂ ਨੂੰ ਅੱਗ ਲਗਾਈ ਗਈ ਹੈ।ਪੁਲਸ ਨੇ ਮੌਕੇ ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ।



## 'ਮੈਂ ਪੰਜਾਬ ਬੋਲ ਰਿਹਾ...' ਗੀਤ ਬਣਿਆ ਨਸ਼ਿਆਂ ਵਿਰੁੱਧ ਪੰਜਾਬ ਦੀ ਆਵਾਜ਼ : ਸੇਖੜੀ



**ਬਟਾਲਾ (ਤਰਲੋਕ ਬੱਗਾ)**- ਇੰਦਰ ਸੇਖੜੀ ਨੇ ਆਪਣੇ ਦਫ਼ਤਰ ਵਿਖੇ ਪ੍ਰੈੱਸ ਮੀਡੀਆ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਚੰਡੀਗੜ੍ਹ ਵਿਖੇ 'ਮੈਂ ਪੰਜਾਬ ਬੋਲ ਰਿਹਾ' ਗੀਤ ਦਾ ਪੋਸਟਰ ਜਾਰੀ ਕੀਤਾ।ਇਸ ਮੌਕੇ ਇੰਦਰ ਸੇਖੜੀ, ਅਦਾਕਾਰ ਹੋਬੀ ਧਾਲੀਵਾਲ, ਜਤਿੰਦਰ ਸਿੰਘ ਸਰਨ, ਰਣਜੀਤ ਸਿੰਘ ਗਿੱਲਕੋ ਅਤੇ ਪ੍ਰੋ. ਸਰਚੰਦ ਸਿੰਘ ਖਿਆਲਾ ਨੇ ਇਸ ਗੀਤ ਦੇ ਰਿਲੀਜ਼ ਸਮਾਗਮ ਦੀ ਸਹਿ-ਮੇਜ਼ਬਾਨੀ ਕੀਤੀ। ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਅਤੇ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਦੇ ਉਦੇਸ਼ ਨਾਲ ਪੰਜਾਬੀ ਗੀਤਕਾਰ, ਗਾਇਕ ਅਤੇ ਫ਼ਿਲਮ ਨਿਰਮਾਤਾ ਸ਼ੈਗੀ ਬੌਸ ਨੇ ਮੈਂ ਪੰਜਾਬ ਬੋਲ ਰਿਹਾ ਗੀਤ ਤਿਆਰ ਕੀਤਾ ਹੈ। ਇਹ ਗੀਤ ਭਾਜਪਾ ਦੀ ਨਸ਼ਾ ਮੁਕਤ ਪੰਜਾਬ ਯਾਤਰਾ ਨਾਲ ਜੁੜੀ ਇੱਕ ਸੱਭਿਆਚਾਰਕ ਆਵਾਜ਼ ਵਜੋਂ ਸਾਹਮਣੇ ਆਇਆ ਹੈ।ਇਹ ਗੀਤ ਭਾਜਪਾ ਦੀ ਐਂਟੀ-ਡਰੱਗ ਰੱਥ ਯਾਤਰਾ ਦਾ ਥੀਮ ਸੌਂਗ ਹੋਵੇਗਾ, ਜਿਸ ਨੂੰ ਇਸ ਪਵਿੱਤਰ ਮੌਕੇ ਰਾਸ਼ਟਰੀ ਭਾਜਪਾ ਪ੍ਰਧਾਨ ਨਿਤਿਨ ਨਵੀਨ ਵੱਲੋਂ ਪਠਾਨਕੋਟ ਤੋਂ ਰਵਾਨਾ ਕੀਤਾ ਜਾਵੇਗਾ।ਗੀਤ ਨੂੰ ਸਿਰਫ਼ ਇੱਕ ਸੰਗੀਤਕ ਰਚਨਾ ਤੋਂ ਵੱਧ ਦੱਸਦਿਆਂ ਕਿਹਾ ਗਿਆ, 'ਮੈਂ ਪੰਜਾਬ ਬੋਲ ਰਿਹਾ' ਸਿਰਫ਼ ਇੱਕ ਗੀਤ ਨਹੀਂ ਹੈ; ਇਹ ਨਸ਼ਿਆਂ ਨਾਲ ਪੀੜਤ ਪੰਜਾਬ ਦਾ ਦਰਦ ਅਤੇ ਇਸ ਦੀ ਨੌਜਵਾਨ ਪੀੜ੍ਹੀ ਨੂੰ ਬਚਾਉਣ ਦੀ ਪੁਕਾਰ ਹੈ। 'ਮੇਰੀ ਜਵਾਨੀ ਨੂੰ ਬਚਾ ਲਓ, ਮੈਂ ਪੰਜਾਬ ਬੋਲ ਰਿਹਾ' ਗੀਤ ਦੇ ਕੇਂਦਰੀ ਸੰਦੇਸ਼ ਨੂੰ ਦਰਸਾਉਂਦਾ ਹੈ।

# ਬਾਬੂ ਕਾਂਸ਼ੀ ਰਾਮ ਦੀ ਇਮਾਰਤ

*ਬਾਬੂ ਕਾਂਸ਼ੀ ਰਾਮ ਦੇ ਬਹੁਜਨ ਅੰਦੋਲਨ ਨੇ ਉੱਤਰੀ ਭਾਰਤੀ ਰਾਜਨੀਤੀ ਦੇ ਸਮਾਜਿਕ ਵਿਆਕਰਣ ਨੂੰ ਬਦਲ ਦਿੱਤਾ ਸੀ। ਇਸ ਨੇ ਇੱਕ ਦਲਿਤ ਔਰਤ ਨੂੰ ਚਾਰ ਵਾਰ ਦੇਸ਼ ਦੇ ਸਭ ਤੋਂ ਵੱਡੇ ਰਾਜ ਯੂ ਪੀ ਦੀ ਮੁੱਖ ਮੰਤਰੀ ਬਣਾਇਆ। ਅੱਜ ਇਸ ਪਾਰਟੀ ਦਾ ਯੂ ਪੀ ਵਿਧਾਨ ਸਭਾ ਵਿੱਚ ਕੋਈ ਵਿਧਾਇਕ ਨਹੀਂ ਹੈ, ਲੋਕ ਸਭਾ ਵਿੱਚ ਕੋਈ ਸੰਸਦ ਮੈਂਬਰ ਨਹੀਂ ਹੈ ਅਤੇ ਰਾਜ ਸਭਾ ਵਿੱਚ ਆਖਰੀ ਬਚਿਆ ਹੋਇਆ ਸੰਸਦ ਮੈਂਬਰ ਰਾਮਜੀ ਗੌਤਮ ਨਵੰਬਰ 2026 ਵਿੱਚ ਸੇਵਾਮੁਕਤ ਹੋ ਜਾਵੇਗਾ। ਇਸ ਲਈ ਸਵਾਲ ਗੰਭੀਰ ਹੈ : ਕੀ ਕਾਂਸ਼ੀ ਰਾਮ ਦਾ ਬਹੁਜਨ ਮਿਸ਼ਨ ਆਪਣੇ ਰਾਜਨੀਤਕ ਅੰਤ ਵੱਲ ਵਧ ਰਿਹਾ ਹੈ?*

*ਇਹ ਕਹਾਣੀ ਕਿਸੇ ਵੱਡੇ ਰਾਜਨੀਤਕ ਪਰਵਾਰ, ਪੂੰਜੀਪਤੀਆਂ ਜਾਂ ਸਥਾਪਤ ਪਾਰਟੀ ਤੋਂ ਸ਼ੁਰੂ ਨਹੀਂ ਸੀ ਹੋਈ। ਕਾਂਸ਼ੀ ਰਾਮ ਨੇ ਪਹਿਲਾਂ ਪੜ੍ਹੇ-ਲਿਖੇ ਦਲਿਤ, ਆਦਿਵਾਸੀ, ਪੱਛੜੇ ਅਤੇ ਘੱਟਗਿਣਤੀ ਸਰਕਾਰੀ ਕਰਮਚਾਰੀਆਂ ਨੂੰ ਜਥੇਬੰਦ ਕੀਤਾ। ਇਹ ਯਤਨ, ਜੋ 1970 ਦੇ ਦਹਾਕੇ ਵਿੱਚ ਸ਼ੁਰੂ ਹੋਇਆ ਸੀ, 1978 ਵਿੱਚ ਬਾਮਸੇਫ (ਆਲ ਇੰਡੀਆ ਬੈਕਵਰਡ ਐਂਡ ਮਾਈਨੌਰਿਟੀ ਕਮਿਊਨਿਟੀਜ਼ ਇੰਪਲਾਈਜ਼ ਫੈਡਰੇਸ਼ਨ) ਦੇ ਗਠਨ ਨਾਲ ਸਿਰੇ ਲੱਗਾ। 1981 ਵਿੱਚ ਉਨ੍ਹਾ ਨੇ ਦਲਿਤ ਸੋਸ਼ਿਤ ਸਮਾਜ ਸੰਘਰਸ਼ ਸਮਿਤੀ (ਡੀ ਐੱਸ 4) ਬਣਾਈ ਅਤੇ 14 ਅਪ੍ਰੈਲ, 1984 ਨੂੰ ਬਹੁਜਨ ਸਮਾਜ ਪਾਰਟੀ ਦੀ ਸਥਾਪਨਾ ਕੀਤੀ। ਇਹ ਕ੍ਰਮ ਬਹੁਤ ਅਹਿਮ ਸੀ-ਪਹਿਲਾਂ, ਵਿਚਾਰਧਾਰਕ ਕਾਰਕੁੰਨ, ਫਿਰ ਸਮਾਜਿਕ ਸੰਗਠਨ ਅਤੇ ਅੰਤ ਵਿੱਚ ਇੱਕ ਰਾਜਨੀਤਕ ਪਾਰਟੀ। ਦੂਜੇ ਸ਼ਬਦਾਂ ਵਿੱਚ, ਪਹਿਲਾਂ ਜ਼ਮੀਨ ਤਿਆਰ ਕੀਤੀ ਗਈ, ਫਿਰ ਬੀਜ ਬੀਜੇ ਗਏ ਅਤੇ ਫਿਰ ਵਾਢੀ ਦੀ ਉਮੀਦ ਕੀਤੀ ਗਈ।*

*ਕਾਂਸ਼ੀ ਰਾਮ ਦਾ ਮੰਨਣਾ ਸੀ ਕਿ ਜਿਸ ਸਮਾਜ ਦੀ ਆਬਾਦੀ ਬਹੁਤ ਵੱਡੀ ਹੈ, ਪਰ ਸੱਤਾ ਵਿੱਚ ਹਿੱਸੇਦਾਰੀ ਬਹੁਤ ਛੋਟੀ, ਉਸ ਦੀ ਪਹਿਲੀ ਲੋੜ ਆਪਣੀ ਗਿਣਤੀ ਨੂੰ ਰਾਜਨੀਤਕ ਚੇਤਨਾ ਵਿੱਚ ਬਦਲਣਾ ਹੈ। ਉਨ੍ਹਾ ਦਾ ਸੰਦੇਸ਼ ਸਾਫ ਸੀ ਕਿ ਬਹੁਜਨਾਂ ਨੂੰ ਕਿਸੇ ਹੋਰ ਦਾ ਵੋਟ ਬੈਂਕ ਕਿਉਂ ਬਣਨਾ ਚਾਹੀਦਾ ਹੈ, ਉਨ੍ਹਾਂ ਨੂੰ ਖੁਦ ਸੱਤਾ ਦੇ ਦਾਅਵੇਦਾਰ ਕਿਉਂ ਨਹੀਂ ਬਣਨਾ ਚਾਹੀਦਾ? ਯੂ ਪੀ ਇਸ ਲਈ ਸਭ ਤੋਂ ਵੱਡਾ ਪ੍ਰਯੋਗ ਖੇਤਰ ਬਣਿਆ। 1995 ਵਿੱਚ ਮਾਇਆਵਤੀ ਪਹਿਲੀ ਵਾਰ ਭਾਜਪਾ ਦੇ ਸਮਰਥਨ ਨਾਲ ਮੁੱਖ ਮੰਤਰੀ ਬਣੀ। ਉਹ ਬਾਅਦ ਵਿੱਚ 1997, 2002 ਅਤੇ 2007 ਵਿੱਚ ਮੁੱਖ ਮੰਤਰੀ ਬਣੀ। ਇੱਕ ਨਿਮਨ ਦਲਿਤ ਪਰਵਾਰ ਤੋਂ ਇੱਕ ਔਰਤ ਦਾ ਯੂ ਪੀ ਦੇ ਮੁੱਖ ਮੰਤਰੀ ਦੇ ਅਹੁਦੇ ਤੱਕ ਪਹੁੰਚਣਾ ਭਾਰਤੀ ਲੋਕਤੰਤਰ ਵਿੱਚ ਅਸਾਧਾਰਨ ਘਟਨਾਵਾਂ ਵਿੱਚੋਂ ਇੱਕ ਸੀ। ਬਸਪਾ ਨੇ ਲੱਖਾਂ ਦਲਿਤਾਂ ਨੂੰ ਇਹ ਅਹਿਸਾਸ ਕਰਨ ਲਈ ਮਨੋਵਿਗਿਆਨਕ ਤਾਕਤ ਦਿੱਤੀ ਕਿ ਉਹ ਸਿਰਫ ਸਰਕਾਰੀ ਸਹਾਇਤਾ ਮੰਗਣ ਵਾਲਾ ਭਾਈਚਾਰਾ ਨਹੀਂ-ਉਹ ਆਪਣੀਆਂ ਸਰਕਾਰਾਂ ਬਣਾ ਸਕਦੇ ਹਨ। ਆਪਣੇ ਬਲਬੂਤੇ ਪੂਰਨ ਬਹੁਮਤ ਨਾਲ ਮੁੱਖ ਮੰਤਰੀ ਬਣਨ ਵਾਲੀ ਮਾਇਆਵਤੀ ਨੂੰ ਇੱਕ ਵਾਰ ਭਵਿੱਖ ਦੀ ਪ੍ਰਧਾਨ ਮੰਤਰੀ ਵੀ ਮੰਨਿਆ ਜਾਣ ਲੱਗਾ ਸੀ, ਪਰ ਉਹ ਸਿਖਰ ਅੰਤ ਵਿੱਚ ਗਿਰਾਵਟ ਦੀ ਸ਼ੁਰੂਆਤ ਸਾਬਤ ਹੋਇਆ।*

*ਕਾਂਸ਼ੀ ਰਾਮ ਦੀ ਤਾਕਤ ਇਸ ਦਾ ਕਾਡਰ ਸੀ। ਮਾਇਆਵਤੀ ਦੇ ਕਾਰਜਕਾਲ ਦੌਰਾਨ ਬਸਪਾ ਹੌਲੀ-ਹੌਲੀ ਇੱਕ ਬਹੁਤ ਹੀ ਕੇਂਦਰੀਕ੍ਰਿਤ ਪਾਰਟੀ ਬਣ ਗਈ। ਬਹੁਤ ਸਾਰੇ ਪ੍ਰਮੁੱਖ ਨੇਤਾ ਛੱਡ ਗਏ ਜਾਂ ਕੱਢ ਦਿੱਤੇ ਗਏ। ਕਾਂਸ਼ੀ ਰਾਮ ਨੇ ਮਾਇਆਵਤੀ ਨੂੰ ਆਪਣਾ ਉੱਤਰਾਧਿਕਾਰੀ ਨਿਯੁਕਤ ਕੀਤਾ ਸੀ। ਦੋਵਾਂ ਵਿਚਕਾਰ ਕੋਈ ਖ਼ੂਨ ਦਾ ਰਿਸ਼ਤਾ ਨਹੀਂ ਸੀ। ਉਨ੍ਹਾ ਆਪਣੇ ਅੰਦੋਲਨ ਦੇ ਅੰਦਰੋਂ ਇੱਕ ਵਰਕਰ ਚੁਣਿਆ ਅਤੇ ਉਸ ਨੂੰ ਦੇਸ਼ ਦੇ ਸਭ ਤੋਂ ਮਹੱਤਵਪੂਰਨ ਦਲਿਤ ਨੇਤਾਵਾਂ ਵਿੱਚੋਂ ਇੱਕ ਵਿੱਚ ਬਦਲ ਦਿੱਤਾ। ਅੱਜ ਉਸੇ ਪਾਰਟੀ ਦੇ ਅੰਦਰ ਉੱਤਰਾਧਿਕਾਰੀ ਬਾਰੇ ਚਰਚਾ ਮਾਇਆਵਤੀ ਦੇ ਭਰਾ ਆਨੰਦ ਕੁਮਾਰ ਅਤੇ ਭਤੀਜਿਆਂ ਆਕਾਸ਼ ਅਤੇ ਈਸ਼ਾਨ ਆਨੰਦ ਦੇ ਆਲੇ-ਦੁਆਲੇ ਘੁੰਮਦੀ ਹੈ। ਕਾਂਸ਼ੀ ਰਾਮ ਦਾ ਮਾਡਲ ਕੇਡਰ ਤੋਂ ਉੱਤਰਾਧਿਕਾਰੀ ਪੈਦਾ ਕਰਨਾ ਸੀ; ਅੱਜ ਪਰਵਾਰ ਦੇ ਅੰਦਰ ਉੱਤਰਾਧਿਕਾਰੀਆਂ ਦੀ ਭਾਲ ਕੀਤੀ ਜਾ ਰਹੀ ਹੈ। ਇਹ ਸਿਰਫ ਇੱਕ ਸੰਗਠਨਾਤਮਕ ਤਬਦੀਲੀ ਨਹੀਂ ਹੈ, ਸਗੋਂ ਪੂਰੇ ਅੰਦੋਲਨ ਦੀ ਦਿਸ਼ਾ ਵਿੱਚ ਤਬਦੀਲੀ ਦਾ ਸੰਕੇਤ ਹੈ।*

*ਕਈ ਸਾਲਾਂ ਤੋਂ ਇਹ ਰਾਜਨੀਤਕ ਧਾਰਨਾ ਹੈ ਕਿ ਮਾਇਆਵਤੀ ਭਾਜਪਾ ਦਾ ਵਿਰੋਧ ਸਿਰਫ ਉਸ ਹੱਦ ਤੱਕ ਕਰਦੀ ਹੈ, ਜੋ ਉਸ ਲਈ ਸੁਰੱਖਿਅਤ ਹੈ, ਪਰ ਸਿੱਧੀ ਰਾਜਨੀਤਕ ਜੰਗ ਸ਼ੁਰੂ ਕਰਨ ਦੀ ਹੱਦ ਤੱਕ ਨਹੀਂ ਜਾਂਦੀ। ਮਾਇਆਵਤੀ ਦਾ ਵਾਰ-ਵਾਰ ਸ਼ਿਕਸਤਾਂ ਦੇ ਬਾਵਜੂਦ 'ਇਕੱਲੇ ਚੱਲਣ' 'ਤੇ ਜ਼ੋਰ ਕੁਦਰਤੀ ਤੌਰ 'ਤੇ ਸਵਾਲ ਖੜ੍ਹੇ ਕਰਦਾ ਹੈ। ਜੇ ਮੁੱਖ ਉਦੇਸ਼ ਭਾਜਪਾ ਨੂੰ ਸੱਤਾ ਤੋਂ ਹਟਾਉਣਾ ਹੈ, ਤਾਂ ਵਿਰੋਧੀ ਗੱਠਜੋੜ ਤੋਂ ਦੂਰੀ ਕਿਉਂ ਬਣਾਈ ਹੈ? ਜੇ ਉਦੇਸ਼ ਬਸਪਾ ਨੂੰ ਮੁੜ ਸੁਰਜੀਤ ਕਰਨਾ ਹੈ, ਤਾਂ ਉਸ ਰਣਨੀਤੀ ਨੂੰ ਕਿਉਂ ਨਹੀਂ ਬਦਲਿਆ ਜਾਂਦਾ, ਜਿਸ ਨੇ ਇਕੱਲੇ ਲੜ ਕੇ ਲਗਾਤਾਰ ਵੋਟਾਂ ਅਤੇ ਸੰਗਠਨ ਦੋਵੇਂ ਗੁਆ ਦਿੱਤੇ ਹਨ? ਇਹ ਕਹਿਣਾ ਗਲਤ ਹੋਵੇਗਾ ਕਿ ਬਸਪਾ ਖਤਮ ਹੋ ਗਈ ਹੈ। ਇਸ ਕੋਲ ਅਜੇ ਵੀ ਯੂ ਪੀ ਵਿੱਚ ਲੱਖਾਂ ਵੋਟਾਂ ਹਨ। ਰਾਜਨੀਤੀ ਵਿੱਚ ਕੁਝ ਵੀ ਅਸੰਭਵ ਨਹੀਂ ਹੁੰਦਾ, ਪਰ ਪਾਰਟੀ ਅੱਗੇ ਇਸ ਵੇਲੇ ਵੱਡੇ ਸਵਾਲ ਇਹ ਹਨ-ਇਸ ਦਾ ਉਦੇਸ਼ ਕੀ ਹੈ? ਕੀ ਇਹ ਸੱਤਾ ਮੁੜ ਪ੍ਰਾਪਤ ਕਰਨਾ ਚਾਹੁੰਦੀ ਹੈ? ਕੀ ਇਹ ਸੁਤੰਤਰ ਬਹੁਜਨ ਅੰਦੋਲਨ ਨੂੰ ਬਚਾਉਣਾ ਚਾਹੁੰਦੀ ਹੈ? ਕੀ ਇਹ ਸਿਰਫ ਆਪਣੀ ਸੁਰੱਖਿਅਤ ਵੋਟ ਹਿੱਸੇਦਾਰੀ ਬਣਾਈ ਰੱਖਣਾ ਚਾਹੁੰਦੀ ਹੈ? ਜਾਂ ਇਹ ਇੱਕ ਰਾਜਨੀਤਕ ਉਲਝਣ ਵਿੱਚ ਹੈ, ਜਿਸ ਦੀ ਦਿਸ਼ਾ ਇਸ ਦੇ ਵਰਕਰਾਂ ਲਈ ਵੀ ਅਸਪੱਸ਼ਟ ਹੈ? ਕਾਂਸ਼ੀ ਰਾਮ ਦਾ ਸੁਪਨਾ ਅਜੇ ਮਰਿਆ ਨਹੀਂ। ਬਹੁਜਨ ਸਮਾਜ ਵੀ ਗਾਇਬ ਨਹੀਂ ਹੋਇਆ।। ਦਲਿਤ, ਪੱਛੜੇ ਵਰਗ, ਆਦਿਵਾਸੀ ਅਤੇ ਘੱਟਗਿਣਤੀਆਂ ਅੱਜ ਵੀ ਰਾਜਨੀਤਿਕ ਪ੍ਰਤੀਨਿਧਤਾ ਲਈ ਓਨੇ ਹੀ ਬੇਤਾਬ ਹਨ, ਜਿੰਨੇ ਉਹ ਕਾਂਸ਼ੀ ਰਾਮ ਦੇ ਸਮੇਂ ਦੌਰਾਨ ਸਨ। ਕਾਂਸ਼ੀ ਰਾਮ ਨੇ ਲਹਿਰ ਅਤੇ ਪਾਰਟੀ ਦੋਵੇਂ ਬਣਾਈਆਂ। ਅੱਜ ਪਾਰਟੀ ਜਿਊਂਦੀ ਹੈ, ਪਰ ਲਹਿਰ ਪੜਤਾਲ ਅਧੀਨ ਹੈ। ਬਹੁਜਨ ਰਾਜਨੀਤੀ ਦੀ ਲੋੜ ਅਜੇ ਵੀ ਮੌਜੂਦ ਹੈ; ਸਵਾਲ ਇਹ ਹੈ : ਕੀ ਬਹੁਜਨ ਸਮਾਜ ਪਾਰਟੀ ਅਜੇ ਵੀ ਉਸ ਲੋੜ ਦਾ ਸਭ ਤੋਂ ਪ੍ਰਭਾਵਸ਼ਾਲੀ ਰਾਜਨੀਤਕ ਪ੍ਰਗਟਾਵਾ ਹੈ? 2027 ਦੀਆਂ ਯੂ ਪੀ ਚੋਣਾਂ ਸੰਭਾਵਤ ਤੌਰ 'ਤੇ ਇਸ ਸਵਾਲ ਦਾ ਸਭ ਤੋਂ ਫੈਸਲਾਕੁੰਨ ਜਵਾਬ ਪ੍ਰਦਾਨ ਕਰਨਗੀਆਂ ਅਤੇ ਇਹ ਜਵਾਬ ਨਾ ਸਿਰਫ ਬਸਪਾ ਦਾ ਭਵਿੱਖ, ਸਗੋਂ ਸਮੁੱਚੇ ਬਹੁਜਨ ਅੰਦੋਲਨ ਦੀ ਦਿਸ਼ਾ ਨਿਰਧਾਰਤ ਕਰੇਗਾ।*

# ਯੂ ਪੀ ਆਈ ਭੁਗਤਾਨਾਂ 'ਤੇ ਕਾਟ ਕੱਟਣ ਦੀ ਕਵਾਇਦ

ਹਰਚਰਨ ਸਿੰਘ ਚਹਿਲ

ਯੂ ਪੀ ਆਈ ਭੁਗਤਾਨਾਂ ਸੰਬੰਧੀ ਕੇਂਦਰ ਸਰਕਾਰ ਵੱਲੋਂ ਲੋਕਾਂ ਦੀਆਂ ਜੇਬਾਂ 'ਤੇ ਡਾਕਾ ਮਾਰਨ ਦਾ ਲੋਕ ਵਿਰੋਧੀ ਫ਼ੈਸਲਾ ਆਖ਼ਰ ਸਾਹਮਣੇ ਆ ਹੀ ਗਿਆ ਹੈ। ਸਰਕਾਰ ਦੇ ਇਸ ਫ਼ੈਸਲੇ ਬਾਰੇ ਵਿਸਥਾਰ ਵਿੱਚ ਜਾਨਣ ਦੀ ਲੋੜ ਹੈ। ਗੂਗਲ-ਪੇਅ, ਫੋਨ-ਪੇਅ, ਪੇ ਟੀ ਐੱਮ, ਭੀਮ ਐਪ ਆਦਿ ਤੋਂ ਹੁਣ ਅਸੀਂ ਜਾਣੂ ਹੀ ਨਹੀਂ, ਬਲਕਿ ਬਹੁਗਿਣਤੀ ਲੋਕ ਹੁਣ ਖੁਦ ਵੀ ਇਨ੍ਹਾਂ ਸੇਵਾਵਾਂ ਦੀ ਵਰਤੋਂ ਕਰਦੇ ਹਨ । ਵੱਡੇ-ਵੱਡੇ ਮੌਲਜ਼ ਤੋਂ ਲੈ ਕੇ, ਛੋਟੀਆਂ-ਛੋਟੀਆਂ ਦੁਕਾਨਾਂ ਤੱਕ, ਕਿਸੇ ਦੂਸਰੇ ਸ਼ਖਸ, ਸੰਸਥਾ ਨੂੰ ਭੁਗਤਾਨ (ਪੇਮੈਂਟ) ਕਰਨ ਅਤੇ ਇੱਥੋਂ ਤੱਕ ਕਿ ਹੁਣ ਤਾਂ ਸਬਜ਼ੀ-ਫ਼ਲ ਆਦਿ ਵੇਚਣ ਵਾਲੇ ਰੇਹੜੀ ਵਾਲਿਆਂ ਨੂੰ ਵੀ ਇਨ੍ਹਾਂ ਐਪਾਂ ਰਾਹੀਂ ਭੁਗਤਾਨ ਕੀਤਾ ਜਾਣ ਲੱਗਾ ਹੈ। ਹੁਣ ਤਾਂ ਹਰ ਇਕ ਬੈਂਕ ਦੀ ਐਪ ਵਿੱਚ ਅਤੇ ਇੱਥੋਂ ਤੱਕ ਕੇ ਵਟਸਐਪ ਉਪਰ ਵੀ ਯੂਪੀਆਈ ਪੇਮੈਂਟ ਲਈ ਲਿੰਕ ਮੁਹੱਈਆ ਕਰਵਾਏ ਹੋਏ ਹਨ । ਇਨ੍ਹਾਂ ਸਭ ਐਪਾਂ ਦੇ ਪਿਛੋਕੜ ਵਿਚ ਕੰਮ ਕਰਨ ਵਾਲੀ ਤਕਨੀਕ ਦਾ ਨਾਂਅ ਹੀ ਯੂ ਪੀ ਆਈ ਹੈ, ਅਰਥਾਤ ਯੂਨੀਫਾਈਡ ਪੇਮੈਂਟ ਇੰਟਰਫੇਸ (Unified Payment Interphase)। ਇਹ ਸੇਵਾ ਇਸ ਕਾਰਨ ਚਰਚਾ ਵਿਚ ਹੈ ਕਿ ਹੁਣ ਤੱਕ ਮੁਫ਼ਤ ਚੱਲੀ ਆ ਰਹੀ ਇਸ ਭੁਗਤਾਨ ਸੇਵਾ ਉਪਰ ਭਾਰਤ ਸਰਕਾਰ ਨੇ 'ਫੀਸ' ਲਾਉਣ ਦਾ ਫੈਸਲਾ ਕਰ ਲਿਆ ਹੈ। 'ਫੀਸ' ਲਾਉਣ ਨਾਲੋਂ 'ਕਾਟ-ਕੱਟਣਾ' ਵਧੇਰੇ ਢੁਕਵਾਂ ਸ਼ਬਦ ਹੈ ਕਿਉਂਕਿ ਇਹ ਫੀਸ ਭੁਗਤਾਨ ਕਰਨ ਵਾਲੇ ਤੋਂ ਵਸੂਲ ਨਹੀਂ ਕੀਤੀ ਜਾਂਦੀ, ਬਲਕਿ ਭੁਗਤਾਨ ਪ੍ਰਾਪਤ-ਕਰਤਾ (ਕਾਰੋਬਾਰੀ) ਨੂੰ ਮਿਲਣ ਵਾਲੀ ਰਾਸ਼ੀ ਵਿਚੋਂ 'ਕੱਟੀ' ਜਾਂਦੀ ਹੈ । ਸਰਕਾਰਾਂ ਨੇ ਸੰਸਦ ਦੇ ਹੁਣੇ ਲੰਘੇ ਸੈਸ਼ਨ ਵਿਚ ਇਸ ਮੰਤਵ ਲਈ 'ਟੈਕਸੇਸ਼ਨ ਅਤੇ ਦੂਸਰਾ ਨਿਯਮ (ਸੋਧ) ਬਿੱਲ 2026' ਪਾਸ ਕਰਵਾ ਕੇ 15 ਅਕਤੂਬਰ ਤੋਂ ਲੋਕਾਈ ਦੀ ਜੇਬ 'ਤੇ ਡਾਕਾ ਮਾਰਨ ਦਾ ਫ਼ੈਸਲਾ ਕਰ ਲਿਆ ਹੈ।

ਹੁਣ ਤੱਕ ਯੂ ਪੀ ਆਈ ਅਤੇ ਰੁਪੇ (RUPAY) ਡੈਬਿਟ ਕਾਰਡ ਰਾਹੀਂ ਪ੍ਰਾਪਤ ਕੀਤੇ ਭੁਗਤਾਨਾਂ ਵਿੱਚੋਂ ਕੋਈ ਕਟੌਤੀ ਨਹੀਂ ਸੀ ਕੱਟੀ ਜਾਂਦੀ। ਰੁਪੇ ਕਾਰਡ ਆਰ ਬੀ ਆਈ ਦੀ ਨਿਗਰਾਨੀ ਹੇਠ ਕੰਮ ਕਰਨ ਵਾਲੇ ਅਦਾਰੇ 'ਨੈਸ਼ਨਲ ਪੇਮੈਂਟ ਕਾਰਪੋਰੇਸ਼ਨ ਆਫ ਇੰਡੀਆ' ਦੁਆਰਾ ਸੰਚਾਲਿਤ ਕੀਤਾ ਜਾਂਦਾ ਹੈ ਅਤੇ ਇਸ ਦੇਸੀ ਕਾਰਡ ਨੂੰ ਵੀਜ਼ਾ, ਮਾਸਟਰ ਕਾਰਡ ਆਦਿ ਵਿਦੇਸ਼ੀ ਕਾਰਡਾਂ ਦੇ ਮੁਕਾਬਲੇ, ਵਿਸ਼ੇਸ਼ ਰਿਆਇਤਾਂ ਹਾਸਲ ਹਨ। ਦੂਸਰੇ ਸਭ ਡੈਬਿਟ ਕਾਰਡਾਂ ਉਪਰ 0.4 ਤੋਂ 0.9 ਫੀਸਦੀ ਅਤੇ ਕਰੈਡਿਟ ਕਾਰਡਾਂ ਰਾਹੀਂ ਪ੍ਰਾਪਤ ਕੀਤੇ ਭੁਗਤਾਨਾਂ ਉਪਰ 1 ਤੋਂ 3 ਫੀਸਦੀ ਤੱਕ ਕਟੌਤੀ ਕੱਟੀ ਜਾਂਦੀ ਹੈ। ਇਸ ਕਟੌਤੀ ਨੂੰ ਵਪਾਰਕ/ਬੈਂਕਿੰਗ ਸ਼ਬਦਾਵਲੀ ਵਿੱਚ 'ਮਰਚੈਂਟ ਡਿਸਕਾਊਂਟ ਰੇਟ' (MDR) ਕਿਹਾ ਜਾਂਦਾ ਹੈ। ਡੈਬਿਟ ਕਾਰਡ ਉਹ ਹੁੰਦੇ ਹਨ, ਜਿੱਥੇ ਅਸੀਂ ਸੇਵਿੰਗਜ਼ ਜਾਂ ਕਰੰਟ ਅਕਾਊਂਟ ਵਿਚ ਪਿਆ ਆਪਣਾ ਹੀ ਪੈਸਾ ਵਰਤਦੇ ਹਾਂ।

ਸਾਡਾ ਏ ਟੀ ਐੱਮ ਕਾਰਡ ਇਕ ਡੈਬਿਟ ਕਾਰਡ ਹੈ ਅਤੇ ਕਰੈਡਿਟ ਕਾਰਡ ਇਕ ਤਰ੍ਹਾਂ ਦਾ ਕਰਜ਼ਾ ਹੁੰਦਾ ਹੈ, ਜਿਹੜਾ ਕਾਰਡ ਜਾਰੀ ਕਰਨ ਵਾਲਾ ਬੈਂਕ ਸਾਨੂੰ ਲਿਮਟ ਨਿਰਧਾਰਿਤ ਕਰਕੇ ਦਿੰਦਾ ਹੈ । ਡੈਬਿਟ ਕਾਰਡਾਂ ਨਾਲੋਂ ਕ੍ਰੈਡਿਟ ਕਾਰਡਾਂ ਦਾ ਐੱਮ ਡੀ ਆਰ ਜ਼ਿਆਦਾ ਹੁੰਦਾ ਹੈ।

**ਮਰਚੈਂਟ ਡਿਸਕਾਊਂਟ ਰੇਟ (MDR-ਫੀਸ) ਵਸੂਲਣ ਦੀ ਵਿਧੀ**: ਸਿੱਧੇ ਤੌਰ 'ਤੇ ਇਹ ਫੀਸ ਮਰਚੈਂਟ ਅਰਥਾਤ ਕਾਰਬਾਰੀ ਤੋਂ ਹੀ ਵਸੂਲੀ ਜਾਂਦੀ ਹੈ, ਪਰ ਕਿਉਂਕਿ ਕਾਰੋਬਾਰੀ ਨੇ ਆਪਣੇ ਹਰ ਤਰ੍ਹਾਂ ਖ਼ਰਚੇ ਅਤੇ ਮੁਨਾਫ਼ਾ ਆਖ਼ਰ ਗਾਹਕ ਤੋਂ ਹੀ ਵਸੂਲਣਾ ਹੁੰਦਾ ਹੈ, ਇਸ ਲਈ ਐੱਮ ਡੀ ਆਰ ਦਾ ਖ਼ਰਚਾ ਆਖ਼ਰ ਗਾਹਕ ਦੇ ਸਿਰ ਹੀ ਪੈਂਦਾ ਹੈ। ਮੰਨ ਲਓ ਮੈਂ ਵੀਜ਼ਾ ਕਾਰਡ (ਇਹ ਕਾਰਡ ਮੇਰੇ ਆਪਣੇ ਬੈਂਕ, ਜਿਵੇਂ ਪੀ ਐਨ ਬੀ ਨੇ ਹੀ ਜਾਰੀ ਕੀਤਾ ਹੁੰਦਾ ਹੈ, ਪਰ ਵੀਜ਼ਾ (VISA) ਕੰਪਨੀ ਦੁਆਰਾ ਬਰਾਂਡਡ ਹੁੰਦਾ ਹੈ) ਰਾਹੀਂ ਕਿਸੇ ਕਾਰੋਬਾਰੀ ਨੂੰ 10000 ਰੁਪਏ ਦੀ ਪੇਮੈਂਟ ਕੀਤੀ। ਜੇਕਰ ਇਸ ਕਾਰਡ ਦਾ ਐੱਮ ਡੀ ਆਰ 2 ਫੀਸਦੀ ਹੈ ਤਾਂ ਕਾਰੋਬਾਰੀ ਦੇ ਖਾਤੇ ਵਿੱਚ ਸਿਰਫ਼ 9800 ਰੁਪਏ ਕਰੈਡਿਟ ਹੋਣਗੇ ਅਤੇ 200 ਰੁਪਏ ਕ੍ਰੈਡਿਟ ਕਾਰਡ ਜਾਰੀ ਕਰਨ ਵਾਲੇ ਬੈਂਕ ਅਤੇ ਵੀਜ਼ਾ ਕਾਰਡ ਕੰਪਨੀ ਦਰਮਿਆਨ ਤੈਅ-ਸ਼ੁਦਾ ਅਨੁਪਾਤ ਵਿੱਚ ਵੰਡ ਲਏ ਜਾਣਗੇ । ਇਸ ਤਰ੍ਹਾਂ ਵੀਜ਼ਾ, ਮਾਸਟਰ ਕਾਰਡ, ਅਮਰੀਕਨ ਐਕਸਪ੍ਰੈੱਸ ਆਦਿ ਇਹ ਕੰਪਨੀਆਂ (ਜਿਹੜੀਆਂ ਜ਼ਿਆਦਾ ਅਮਰੀਕਨ ਕੰਪਨੀਆਂ ਹਨ) ਹਰ ਸਾਲ ਕਰੋੜਾਂ, ਅਰਬਾਂ ਰੁਪਏ ਦੀ ਕਮਾਈ ਕਰਦੀਆਂ ਹਨ। ਕਾਰੋਬਾਰੀ 200 ਰੁਪਏ ਦੀ ਮਾਰ ਇਸ ਲਈ ਝੱਲਦਾ ਹੈ ਕਿ ਇਕ ਤਾਂ ਇਹ ਸਹੂਲਤ ਦੇਣ ਕਾਰਨ ਉਸ ਦੀ ਸੇਲ ਵਧਦੀ ਹੈ ਅਤੇ ਦੂਸਰੇ ਉਸ ਨੂੰ ਨਗਦੀ ਗਿਣਨ, ਸੰਭਾਲਣ, ਬੈਂਕ ਵਿਚ ਨਗਦੀ ਜਮ੍ਹਾਂ ਕਰਵਾਉਣ ਆਦਿ ਦੇ ਝੰਜਟ ਤੋਂ ਛੁਟਕਾਰਾ ਮਿਲ ਜਾਂਦਾ ਹੈ।

**ਯੂ ਪੀ ਆਈ ਭੁਗਤਾਨਾਂ ਦਾ ਕਾਰੋਬਾਰ**: ਪਿਛਲੇ ਸਿਰਫ ਇਕ ਦਹਾਕੇ ਦੇ ਦੌਰਾਨ ਹੀ ਯੂਪੀਆਈ ਪੇਮੈਂਟਾਂ ਦੀ ਗਿਣਤੀ ਵਿਚ ਬੇਤਹਾਸ਼ਾ ਵਾਧਾ ਹੋਇਆ ਹੈ। ਸਭ ਤੋਂ ਵੱਡਾ ਕਾਰਨ ਤਾਂ ਇਸ ਸੇਵਾ ਲਈ ਲੋੜੀਂਦੇ ਬੁਨਿਆਦੀ ਢਾਂਚੇ ਦਾ ਉਪਲੱਬਧ ਹੋ ਜਾਣਾ ਹੈ; ਸਮਾਰਟ ਫੋਨ, ਇੰਟਰਨੈੱਟ ਸਹੂਲਤ ਆਦਿ ਦੀ ਬਹੁਗਿਣਤੀ ਲੋਕਾਂ ਦੀ ਰਸਾਈ ਹੋ ਜਾਣ ਕਾਰਨ ਇਸ ਸਹੂਲਤ ਨੂੰ ਵਰਤਣ ਵਾਲੇ ਲੋਕਾਂ ਦੀ ਗਿਣਤੀ ਬਹੁਤ ਵਧ ਗਈ ਹੈ । ਕੋਰੋਨਾ ਦੌਰ ਦੌਰਾਨ ਜਦੋਂ ਕਿਸੇ ਦੂਸਰੇ ਦੇ ਹੱਥੋਂ ਨਗਦੀ ਫੜਨ ਕਾਰਨ 'ਲਾਗ' ਲੱਗਣ ਦਾ ਅੰਦੇਸ਼ਾ ਹੁੰਦਾ ਸੀ, ਉਦੋਂ ਇਸ ਸੇਵਾ ਦਾ ਬਹੁਤ ਪ੍ਰਸਾਰ ਹੋਇਆ । ਅੱਜ-ਕੱਲ੍ਹ ਹਾਲਤ ਇਹ ਹੈ ਕਿ ਸਾਡੇ ਮੁਲਕ ਵਿਚ ਹਰ ਰੋਜ਼ ਇਸ ਮਾਧਿਅਮ ਰਾਹੀਂ 76 ਕਰੋੜ ਟਰਾਂਜੈਕਸ਼ਨਾਂ ਹੁੰਦੀਆਂ ਹਨ, ਪਰ ਪਿਛਲੇ ਪੰਜ ਸਾਲਾਂ ਦੌਰਾਨ ਇਸ ਦੇ ਵਾਧੇ ਦੀ ਦਰ ਵਿਚ ਕਮੀ ਆਈ ਹੈ ਅਤੇ ਨਗਦ ਭੁਗਤਾਨ ਕਰਨ ਦੇ ਰੁਝਾਨ ਵਿਚ ਵਾਧੇ ਦੀ ਦਰ ਵਧ ਰਹੀ ਹੈ।

ਭਾਰਤ ਸਰਕਾਰ ਕਹਿ ਰਹੀ ਹੈ ਕਿ ਯੂ ਪੀ ਆਈ ਭੁਗਤਾਨਾਂ ਉਪਰ 'ਫੀਸ' ਲਾਉਣ ਨਾਲ ਆਮ ਲੋਕਾਂ ਉਪਰ ਕੋਈ ਬੋਝ ਨਹੀਂ ਪਵੇਗਾ। ਸਰਕਾਰ 'ਵਿਅਕਤੀ ਤੋਂ ਵਿਅਕਤੀ' (Person to Person) ਭੁਗਤਾਨ ਕਰਨ 'ਤੇ ਫ਼ੀਸ ਨਹੀਂ ਲਗਾਏਗੀ, ਸਿਰਫ 'ਵਿਅਕਤੀ ਤੋਂ ਕਾਰੋਬਾਰੀ (Person to Merchant) ਪੇਮੈਂਟਾਂ ਉਪਰ ਹੀ ਫ਼ੀਸ ਲੱਗੇਗੀ। ਸਰਕਾਰ ਦੇ ਕਹਿਣ ਮੁਤਾਬਕ 'ਫੀਸ' ਸਿਰਫ਼ ਤਦ ਹੀ ਲੱਗੇਗੀ, ਜੇਕਰ ਕੋਈ ਵਿਅਕਤੀ ਕਿਸੇ ਅਜਿਹੇ ਕਾਰੋਬਾਰੀ ਨੂੰ 2000 ਰੁਪਏ ਤੋਂ ਵੱਧ ਦੀ ਪੇਮੈਂਟ ਕਰਦਾ ਹੈ, ਜਿਸ ਕਾਰੋਬਾਰੀ ਦੀ ਸਾਲਾਨਾ ਸੇਲ (ਟਰਨਓਵਰ) 1.5 ਕਰੋੜ ਤੋਂ ਜ਼ਿਆਦਾ ਹੈ, ਪਰ ਸਰਕਾਰ ਨੇ ਐੱਮ ਡੀ ਆਰ ਰੇਟ ਅਜੇ ਤੈਅ ਨਹੀਂ ਕੀਤੇ। ਸਰਕਾਰ ਦੇ ਦਾਅਵਿਆਂ ਵਿਚ ਦਮ ਨਹੀਂ ਹੈ। ਪਹਿਲੀ ਗੱਲ, ਕਾਰੋਬਾਰੀ ਆਪਣਾ ਬੋਝ ਆਖ਼ਰ ਗਾਹਕਾਂ ਉਪਰ ਹੀ ਪਾਏਗਾ ਅਤੇ ਦੂਸਰਾ, ਇਹ 2000 ਰੁਪਏ ਅਤੇ 1.5 ਕਰੋੜ ਟਰਨਓਵਰ ਦੀ ਹੱਦ ਭਵਿੱਖ ਵਿਚ ਕਦੇ ਵੀ ਘਟਾਈ ਜਾ ਸਕਦੀ ਹੈ ਅਤੇ ਸਾਰੀਆਂ ਟ੍ਰਾਂਜੈਕਸ਼ਨਾਂ ਉਪਰ ਫੀਸ ਲਗਾਈ ਜਾ ਸਕਦੀ ਹੈ।

**ਸਾਮਰਾਜੀ ਦਾਬੇ ਦਾ ਅਸਰ : ਯੂ ਪੀ ਆਈ**

ਪਲੇਟਫਾਰਮ ਨੂੰ ਰਿਜ਼ਰਵ ਬੈਂਕ ਆਫ ਇੰਡੀਆ ਦੇ ਇਕ ਅਦਾਰੇ ਨੈਸ਼ਨਲ ਪੇਮੈਂਟ ਕਾਰਪੋਰੇਸ਼ਨ ਆਫ਼ ਇੰਡੀਆ (NPCI), ਨੇ ਵਿਕਸਿਤ ਕੀਤਾ ਹੈ। ਸਰਕਾਰ ਦਾ ਤਰਕ ਹੈ ਕਿ ਇਸ ਸੇਵਾ ਨੂੰ ਵਿਕਸਿਤ ਕਰਨ ਅਤੇ ਇਸ ਦੇ ਸੰਚਾਲਣ ਲਈ ਵੱਡਾ ਖ਼ਰਚਾ ਹੁੰਦਾ ਹੈ। ਆਖ਼ਰ ਕਿਸੇ ਨੂੰ ਤਾਂ ਇਹ ਖ਼ਰਚਾ ਝੱਲਣਾ ਹੀ ਪੈਣਾ ਹੈ, ਹੁਣ ਤੱਕ ਸਰਕਾਰ ਝੱਲਦੀ ਆਈ ਹੈ, ਅੱਗੇ ਨੂੰ ਵਰਤੋਂਕਾਰ ਵੀ ਖ਼ਰਚਾ ਝੱਲਣ, ਪਰ ਸਰਕਾਰ ਦਾ ਇਹ ਤਰਕ ਬਹੁਤ ਕਮਜ਼ੋਰ ਹੈ ਅਤੇ ਫੀਸ ਲਾਉਣ ਦੇ ਅਸਲੀ ਕਾਰਨਾਂ ਨੂੰ ਛੁਪਾਉਂਦਾ ਹੈ। ਇਕ ਅੰਦਾਜ਼ੇ ਮੁਤਾਬਕ ਇਸ ਸਹੂਲਤ ਦੇ ਸੰਚਾਲਣ ਉਪਰ ਐੱਨ ਪੀ ਸੀ ਆਈ (NPCI) ਤਕਰੀਬਨ 15000 ਕਰੋੜ ਰੁਪਏ ਖ਼ਰਚ ਕਰਦਾ ਹੈ। ਲੋਕ ਭਲਾਈ ਅਤੇ ਭਾਰਤੀ ਆਰਥਿਕਤਾ ਲਈ ਇਸ ਦੇ ਮਹੱਤਵ ਨੂੰ ਦੇਖਦਿਆਂ ਰਿਜ਼ਰਵ ਬੈਂਕ ਲਈ ਇਹ 15000 ਕਰੋੜ ਮਾਮੂਲੀ ਰਾਸ਼ੀ ਹੈ। ਚੇਤੇ ਰਹੇ ਆਰ ਬੀ ਆਈ ਨੇ ਇਸ ਸਾਲ ਆਪਣੇ ਰਿਜ਼ਰਵ ਫੰਡ ਵਿੱਚੋਂ ਭਾਰਤ ਸਰਕਾਰ ਨੂੰ 287000 ਕਰੋੜ ਰੁਪਏ ਅਤੇ ਪਿਛਲੇ ਸਾਲ 269000 ਕਰੋੜ ਰੁਪਏ ਦਿੱਤੇ, ਜਦੋਂ ਕਿ ਇਕ ਖੁਦ-ਮੁਖਤਿਆਰ ਅਦਾਰਾ ਹੋਣ ਨਾਤੇ ਆਰ ਬੀ ਆਈ ਲਈ ਅਜਿਹਾ ਕਰਨਾ ਜ਼ਰੂਰੀ ਨਹੀਂ ਸੀ। ਇਸ ਤੋਂ ਇਲਾਵਾ ਜੇਕਰ ਯੂ ਪੀ ਆਈ ਪੇਮੈਂਟ ਉਪਰ ਖ਼ਰਚਾ ਦੇਣਾ ਪਵੇਗਾ ਤਾਂ ਵਪਾਰੀ ਗਾਹਕ ਨੂੰ ਨਗਦ ਰਾਸ਼ੀ ਦੇਣ ਲਈ ਕਹੇਗਾ। ਇਸ ਕਾਰਨ ਨਗਦੀ ਦਾ ਚਲਣ ਵਧੇਗਾ ਅਤੇ ਆਰਥਿਕਤਾ ਲਈ ਨਗਦੀ ਦਾ ਚਲਣ, ਡਿਜੀਟਲ ਅਰਥਾਤ ਯੂ ਪੀ ਆਈ ਸਿਸਟਮ ਨਾਲੋਂ ਬਹੁਤ ਮਹਿੰਗਾ ਪੈਂਦਾ ਹੈ। ਕਰੰਸੀ ਛਾਪਣ ਅਤੇ ਵਿਤਰਣ ਦਾ ਕੰਮ ਬਹੁਤ ਮਹਿੰਗਾ ਪ੍ਰੋਜੈਕਟ ਹੈ । ਇਸ ਲਈ ਇਹ ਫੀਸ ਲਾਉਣ ਦਾ ਅਸਲੀ ਕਾਰਨ ਕੋਈ ਹੋਰ ਹੈ।

ਇਕੱਲਾ ਭਾਰਤ ਹੀ ਨਹੀਂ, ਦੁਨੀਆ ਭਰ ਦੇ ਅਨੇਕਾਂ ਮੁਲਕਾਂ ਨੇ ਯੂ ਪੀ ਆਈ ਵਰਗੇ ਸਿਸਟਮ ਵਿਕਸਿਤ ਕਰ ਲਏ ਹਨ। ਬਰਾਜ਼ੀਲ ਦਾ 'ਪਿਕਸ' (PIX) ਵੀ ਯੂਪੀਆਈ ਦੀ ਹੀ ਤਰ੍ਹਾਂ ਬਹੁਤ ਵਧੀਆ ਕੰਮ ਕਰ ਰਿਹਾ ਹੈ। ਇਨ੍ਹਾਂ ਮੁਫ਼ਤ ਸਹੂਲਤਾਂ ਦੇ ਚਲਦੇ ਵੀਜ਼ਾ, ਮਾਸਟਰ ਕਾਰਡ ਵਰਗੀਆਂ ਦਿਉ-ਕੱਦ ਅਮਰੀਕੀ ਕੰਪਨੀਆਂ ਦੇ ਕਾਰੋਬਾਰ ਨੂੰ ਵੱਡੀ ਢਾਹ ਲੱਗੀ ਹੈ। ਇਹ ਕੰਪਨੀਆਂ ਅਮਰੀਕੀ ਸਰਕਾਰ ਅਤੇ ਵਿਕਾਸਸ਼ੀਲ ਮੁਲਕਾਂ ਦੀਆਂ ਸਰਕਾਰਾਂ ਉਪਰ ਲਗਾਤਾਰ ਦਬਾਅ ਪਾਉਂਦੀਆਂ ਆਈਆਂ ਹਨ ਕਿ ਇਨ੍ਹਾਂ ਮੁਫਤ ਸਹੂਲਤਾਂ ਉਪਰ ਫੀਸ ਲਾਈ ਜਾਵੇ। ਅਮਰੀਕਾ ਸਰਕਾਰ ਦੇ ਟੈਕਸੇਸ਼ਨ ਵਿਭਾਗ ਦੀ ਇਕ ਰਿਪੋਰਟ ਵਿਚ ਇਹ ਮੰਗ ਬਹੁਤ ਜ਼ੋਰਦਾਰ ਢੰਗ ਨਾਲ ਉਭਾਰੀ ਗਈ ਸੀ ਕਿ ਯੂਪੀਆਈ, ਰੁਪੇ ਅਤੇ ਪਿਕਸ ਵਰਗੀਆਂ ਸੇਵਾਵਾਂ ਦੇ ਮੁਫ਼ਤ ਚਰਿਤਰ ਨੂੰ ਖ਼ਤਮ ਕਰਵਾਇਆ ਜਾਵੇ ਤਾਂ ਜੁ ਇਸ ਖੇਤਰ ਦੀਆਂ ਅਮਰੀਕੀ ਕੰਪਨੀਆਂ ਦੇ ਮੁਨਾਫ਼ਿਆਂ ਉਪਰ ਮਾੜਾ ਅਸਰ ਨਾ ਪਵੇ। ਇਸ ਤੋਂ ਇਲਾਵਾ ਗੂਗਲ-ਪੇਅ ਅਤੇ ਫੋਨ-ਪੇਅ ਵੀ ਅਮਰੀਕੀ ਕੰਪਨੀਆਂ ਹਨ ਅਤੇ ਸਾਡੇ ਮੁਲਕ ਦੀਆਂ ਤਕਰੀਬਨ 80 ਫੀਸਦੀ ਯੂਪੀਆਈ ਪੇਮੈਂਟਾਂ ਇਨ੍ਹਾਂ ਦੋ ਕੰਪਨੀਆਂ ਰਾਹੀਂ ਹੀ ਹੁੰਦੀਆਂ ਹਨ। ਸੋਚੋ, ਜੇਕਰ ਹਰ ਰੋਜ਼ ਹੋਣ ਵਾਲੀਆਂ 76 ਕਰੋੜ ਟਰਾਂਜੈਕਸ਼ਨਾਂ ਵਿੱਚੋਂ 50 ਫੀਸਦੀ ਟਰਾਂਜੈਕਸ਼ਨਾਂ ਉਪਰ 5-10 ਰੁਪਏ ਦੀ ਵੀ ਫੀਸ ਲਗਾ ਦਿੱਤੀ ਜਾਵੇ ਤਾਂ ਇਨ੍ਹਾਂ ਅਮਰੀਕੀ ਕੰਪਨੀਆਂ ਨੂੰ ਰੋਜ਼ਾਨਾ ਕਿੰਨੀ ਕਮਾਈ ਹੋ ਜਾਵੇਗੀ।

ਬਰਾਜ਼ੀਲ ਸਰਕਾਰ ਨੇ ਪਿਕਸ ਉਪਰ ਕੋਈ ਵੀ ਖ਼ਰਚਾ ਲਾਉਣ ਤੋਂ ਸਾਫ਼ ਮਨ੍ਹਾਂ ਕਰ ਦਿੱਤਾ, ਪਰ ਭਾਰਤ ਸਰਕਾਰ ਤੋਂ ਅਜਿਹੀ ਉਮੀਦ ਨਹੀਂ ਕੀਤੀ ਜਾ ਸਕਦੀ। ਅਸੀਂ ਦੇਖ ਚੁੱਕੇ ਹਾਂ ਕਿ ਕਿਵੇਂ ਟਰੰਪ ਦੀ ਇੱਕ ਘੁਰਕੀ ਕਾਰਨ ਹੀ ਅਸੀਂ ਰੂਸ ਤੋਂ ਤੇਲ ਖ਼ਰੀਦਣਾ ਬੰਦ ਕਰ ਦਿੰਦੇ ਹਾਂ। ਸੋ ਸਾਮਰਾਜ ਮੂਹਰੇ ਭਾਰਤ ਸਰਕਾਰ ਦੀ ਗੋਡੇ ਟੇਕੂ ਨੀਤੀ ਦੇ ਕਾਰਨ ਹੀ ਲੋਕਾਂ ਉਪਰ ਇਹ ਬੋਝ ਪਾਇਆ ਜਾ ਰਿਹਾ ਹੈ। ਸਾਨੂੰ ਇਸ ਕਾਨੂੰਨ ਦੇ ਇਸ ਅਸਲੀ ਕਾਰਨਾਂ ਨੂੰ ਲੋਕਾਂ ਸਾਹਮਣੇ ਨੰਗਾ ਕਰਨਾ ਅਤੇ ਇਸ ਦਾ ਵਿਰੋਧ ਕਰਨਾ ਚਾਹੀਦਾ ਹੈ।

**# ਸੰਪਰਕ : 81465-06583**

# ਚਿੱਟੇ ਨੇ ਉਜਾੜੇ ਕਈ ਘਰ

ਗੁਰਮੀਤ ਸਿੰਘ ਸੁਖਪੁਰ

ਨਸ਼ਿਆਂ ਵਿਰੁੱਧ ਜੰਗ ਦੇ ਦਾਅਵਿਆਂ ਅਤੇ ਪਿੰਡਾਂ ਦੀ ਜ਼ਮੀਨੀ ਹਕੀਕਤ ਵਿਚਲਾ ਫ਼ਾਸਲਾ ਕਦੋਂ ਮੁੱਕੇਗਾ? ਪੰਜਾਬ ਦੀ ਧਰਤੀ ਨੇ ਕਦੇ ਆਪਣੇ ਪੁੱਤਰਾਂ ਨੂੰ ਖੇਤਾਂ ਵਿੱਚ ਮਿਹਨਤ ਕਰਦੇ, ਸਰਹੱਦਾਂ 'ਤੇ ਪਹਿਰਾ ਦਿੰਦੇ ਅਤੇ ਦੁਨੀਆ ਭਰ ਵਿੱਚ ਕਾਬਲੀਅਤ ਦੇ ਝੰਡੇ ਗੱਡਦੇ ਦੇਖਿਆ ਸੀ। ਸਾਡੇ ਨੌਜਵਾਨਾਂ ਦੀ ਅਣਖ ਨੂੰ ਮਾਰਨ ਲਈ ਤੇ ਉਨ੍ਹਾਂ ਦੇ ਸੰਘਰਸ਼ਮਈ ਜੀਵਨ ਤੋਂ ਡਰਦਿਆਂ ਹਾਕਮਾਂ ਨੇ ਇਹ ਨਸ਼ਿਆਂ ਦਾ ਜਾਲ ਬੁਣਿਆ ਹੋਇਆ ਹੈ।ਅੱਜ ਅਨੇਕਾਂ ਘਰਾਂ ਵਿੱਚ ਨਸ਼ੇ ਨੇ ਐਸਾ ਹਨੇਰਾ ਉਤਾਰ ਦਿੱਤਾ ਹੈ ਕਿ ਮਾਪਿਆਂ ਦੀਆਂ ਅੱਖਾਂ ਵਿੱਚ ਸੁਪਨਿਆਂ ਦੀ ਥਾਂ ਚਿੰਤਾ ਅਤੇ ਬੇਬਸੀ ਵਸ ਗਈ ਹੈ । ਚਿੱਟੇ ਨੇ ਕਿੰਨੇ ਹੀ ਘਰਾਂ ਦੇ ਚਿਰਾਗ ਬੁਝਾ ਦਿੱਤੇ ਹਨ। ਕਿਸੇ ਮਾਂ ਦੀ ਕੁੱਖ ਸੁੰਨੀ ਹੋਈ, ਕਿਸੇ ਪਿਓ ਦੇ ਮੋਢਿਆਂ 'ਤੇ ਜਵਾਨ ਪੁੱਤਰ ਦੀ ਅਰਥੀ ਆਈ ਅਤੇ ਕਿਸੇ ਬਜ਼ੁਰਗ ਦੀ ਆਖ਼ਰੀ ਆਸ ਵੀ ਨਸ਼ੇ ਦੀ ਭੇਟ ਚੜ੍ਹ ਗਈ।ਇਨ੍ਹਾਂ ਉਜੜੇ ਘਰਾਂ ਦੇ ਬਜ਼ੁਰਗ ਸਰਕਾਰਾਂ ਤੋਂ ਸਿਰਫ਼ ਹਮਦਰਦੀ ਨਹੀਂ, ਜਵਾਬ ਮੰਗਣ ਦਾ ਹੱਕ ਰੱਖਦੇ ਹਨ ਕਿ ਨਸ਼ਿਆਂ ਵਿਰੁੱਧ ਜੰਗ ਆਖ਼ਰ ਚੱਲ ਕਿੱਥੇ ਰਹੀ ਹੈ? ਕੀ ਮਾਪਿਆਂ ਵੱਲੋਂ ਮੰਤਰੀਆਂ ਨੂੰ ਨਸਿਆਂ ਬਾਰੇ ਪੁੱਛਿਆ ਸਵਾਲ ਖੁਦਕੁਸ਼ੀ ਕਰਨ ਲਈ ਮਜਬੂਰ ਕਰਦਾ ਰਹੇਗਾ ।ਪੁਲਸ ਦੇ ਛਾਪਿਆਂ ਗ੍ਰਿਫ਼ਤਾਰੀਆਂ ਅਤੇ ਕੇਸਾਂ ਦੇ ਅੰਕੜੇ ਪੇਸ਼ ਕਰਕੇ ਸਰਕਾਰਾਂ ਸਫਲਤਾ ਦੇ ਦਾਅਵੇ ਕਰਦੀਆਂ ਰਹੀਆਂ ਹਨ, ਪਰ ਆਮ ਲੋਕ ਇਨ੍ਹਾਂ ਦਾਅਵਿਆਂ ਨੂੰ ਆਪਣੀ ਜ਼ਿੰਦਗੀ ਦੀ ਹਕੀਕਤ ਨਾਲ ਤੋਲਦੇ ਹਨ। ਉਨ੍ਹਾਂ ਦਾ ਸਵਾਲ ਸਿੱਧਾ ਹੈ ਜੇ ਨਸ਼ਾ ਅਜੇ ਵੀ ਆਸਾਨੀ ਨਾਲ ਮਿਲ ਰਿਹਾ ਹੈ ਤਾਂ ਇਹ ਜੰਗ ਜਿੱਤੀ ਕਿਵੇਂ ਜਾ ਰਹੀ ਹੈ? ਛੋਟੇ ਪੈਡਲਰਾਂ ਨੂੰ ਫੜਨਾ ਕਾਰਵਾਈ ਦਾ ਇੱਕ ਹਿੱਸਾ ਹੈ, ਪੂਰਾ ਹੱਲ ਨਹੀਂ। ਅਸਲ ਲੜਾਈ ਵੱਡੇ ਤਸਕਰਾਂ, ਉਨ੍ਹਾਂ ਦੇ ਵਿੱਤੀ ਜਾਲ, ਸਪਲਾਈ ਦੇ ਸਰੋਤਾਂ ਅਤੇ ਉਨ੍ਹਾਂ ਨੂੰ ਸਹਾਰਾ ਦੇਣ ਵਾਲੇ ਭ੍ਰਿਸ਼ਟ ਤੰਤਰ ਵਿਰੁੱਧ ਹੋਣੀ ਚਾਹੀਦੀ ਹੈ। ਜਦੋਂ ਤੱਕ ਜੜ੍ਹਾਂ ਤੱਕ ਹੱਥ ਨਹੀਂ ਪਹੁੰਚਦਾ, ਟਾਹਣੀਆਂ ਕੱਟਣ ਨਾਲ ਨਸ਼ੇ ਦਾ ਦਰੱਖਤ ਨਹੀਂ ਸੁੱਕੇਗਾ।

ਚਿੰਤਾ ਦੀ ਗੱਲ ਇਹ ਵੀ ਹੈ ਕਿ ਕਈ ਥਾਵਾਂ 'ਤੇ ਲੋਕ ਨਸ਼ਾ ਵੇਚਣ ਵਾਲਿਆਂ ਨੂੰ ਜਾਣਦੇ ਹੋਏ ਚੁੱਪ ਰਹਿੰਦੇ ਹਨ। ਉਨ੍ਹਾਂ ਨੂੰ ਡਰ ਹੁੰਦਾ ਹੈ ਕਿ ਸ਼ਿਕਾਇਤ ਕਰਨ 'ਤੇ ਪਛਾਣ ਸਾਹਮਣੇ ਆ ਸਕਦੀ ਹੈ ਅਤੇ ਬਾਅਦ ਵਿੱਚ ਉਨ੍ਹਾਂ ਨੂੰ ਨੁਕਸਾਨ ਝੱਲਣਾ ਪੈ ਸਕਦਾ ਹੈ । ਜਦੋਂ ਨਾਗਰਿਕ ਆਪਣੇ ਹੀ ਪਿੰਡ ਵਿੱਚ ਨਸ਼ੇ ਦੇ ਕਾਰੋਬਾਰੀਆਂ ਬਾਰੇ ਬੋਲਣ ਤੋਂ ਡਰਨ ਲੱਗੇ ਤਾਂ ਇਹ ਕਾਨੂੰਨ ਦੇ ਰਾਜ ਅਤੇ ਲੋਕਾਂ ਦੇ ਭਰੋਸੇ ਦਾ ਸੰਕਟ ਹੈ।ਇਸ ਡਰ ਨੂੰ ਦੂਰ ਕਰਨਾ ਸਰਕਾਰ ਦੀ ਪਹਿਲੀ ਜ਼ਿੰਮੇਵਾਰੀ ਹੈ। ਗੁਪਤ ਸ਼ਿਕਾਇਤ ਪ੍ਰਣਾਲੀ, ਸ਼ਿਕਾਇਤ ਕਰਤਾਵਾਂ ਦੀ ਸੁਰੱਖਿਆ, ਤੁਰੰਤ ਕਾਰਵਾਈ ਅਤੇ ਸੁਤੰਤਰ ਨਿਗਰਾਨੀ ਕਾਗਜ਼ੀ ਐਲਾਨ ਨਹੀਂ, ਜ਼ਮੀਨੀ ਹਕੀਕਤ ਬਣਨੇ ਚਾਹੀਦੇ ਹਨ।

ਨਸ਼ਿਆਂ ਦੀ ਸਮੱਸਿਆ ਦਾ ਇੱਕ ਹੋਰ ਗੰਭੀਰ ਪੱਖ ਬੇਰੁਜ਼ਗਾਰੀ ਅਤੇ ਨੌਜਵਾਨਾਂ ਵਿੱਚ ਵਧ ਰਹੀ ਨਿਰਾਸ਼ਾ ਹੈ । ਹਰ ਨੌਜਵਾਨ ਨਸ਼ੇ ਵੱਲ ਬੇਰੁਜ਼ਗਾਰੀ ਕਾਰਨ ਨਹੀਂ ਜਾਂਦਾ, ਪਰ ਲੰਮੇ ਸਮੇਂ ਤੱਕ ਬੇਰੁਜ਼ਗਾਰੀ, ਖਾਲੀ ਸਮਾਂ, ਆਰਥਿਕ ਤੰਗੀ ਅਤੇ ਭਵਿੱਖ ਦੀ ਅਨਿਸਚਿਤਤਾ ਉਸ ਨੂੰ ਗਲਤ ਸੰਗਤ ਅਤੇ ਨਸ਼ੇ ਦੇ ਜਾਲ ਵੱਲ ਧੱਕ ਸਕਦੀ ਹੈ। ਨਸ਼ਾ ਤਸਕਰ ਇਸੇ ਨਿਰਾਸ਼ਾ ਨੂੰ ਆਪਣਾ ਹਥਿਆਰ ਬਣਾ ਲੈਂਦੇ ਹਨ।ਇਸ ਲਈ ਨੌਜਵਾਨਾਂ ਨੂੰ ਸਿਰਫ਼ ਨਸ਼ੇ ਤੋਂ ਦੂਰ ਰਹਿਣ ਦੀ ਨਸੀਹਤ ਦੇਣਾ ਕਾਫ਼ੀ ਨਹੀਂ, ਸਗੋਂ ਉਨ੍ਹਾਂ ਨੂੰ ਨੌਕਰੀਆਂ, ਜਿਉਣ ਦਾ ਮਕਸਦ, ਸਨਮਾਨ ਅਤੇ ਭਵਿੱਖ ਦੀ ਉਮੀਦ ਦੇਣੀ ਪਵੇਗੀ। ਸਰਕਾਰ ਨੂੰ ਨਵੇਂ ਉਦਯੋਗ ਲਿਆਉਣ, ਛੋਟੇ ਤੇ ਦਰਮਿਆਨੇ ਕਾਰੋਬਾਰਾਂ ਨੂੰ ਸਹਾਇਤਾ ਦੇਣ, ਹੁਨਰ ਵਿਕਾਸ ਕੇਂਦਰਾਂ ਨੂੰ ਪ੍ਰਭਾਵਸ਼ਾਲੀ ਬਣਾਉਣ, ਖੇਤੀ ਨਾਲ ਜੁੜੇ ਸਹਾਇਕ ਧੰਦੇ ਵਿਕਸਤ ਕਰਨ ਅਤੇ ਪਿੰਡਾਂ ਵਿੱਚ ਸਥਾਨਕ ਰੁਜ਼ਗਾਰ ਪੈਦਾ ਕਰਨ ਲਈ ਠੋਸ ਨੀਤੀ ਬਣਾਉਣੀ ਚਾਹੀਦੀ ਹੈ ।

ਰੁਜ਼ਗਾਰ ਨਸ਼ਿਆਂ ਦਾ ਇਕੱਲਾ ਇਲਾਜ ਨਹੀਂ, ਪਰ ਬੇਰੁਜ਼ਗਾਰੀ ਅਤੇ ਨਿਰਾਸ਼ਾ ਨੂੰ ਨਜ਼ਰਅੰਦਾਜ਼ ਕਰਕੇ ਇਸ ਸੰਕਟ ਦਾ ਹੱਲ ਵੀ ਨਹੀਂ ਲੱਭਿਆ ਜਾ ਸਕਦਾ।ਪੁਲਸ ਦੀ ਭੂਮਿਕਾ ਵੀ ਮਹੱਤਵਪੂਰਨ ਹੈ ।ਕੁਝ ਪੁਲਸ ਅਧਿਕਾਰੀ ਇਮਾਨਦਾਰੀ ਨਾਲ ਡਿਊਟੀ ਨਿਭਾ ਰਹੇ ਹੋ ਸਕਦੇ ਹਨ, ਪਰ ਜਿੱਥੇ ਕਿਸੇ ਕਰਮਚਾਰੀ 'ਤੇ ਨਸ਼ਾ ਤਸਕਰੀ ਨਾਲ ਮਿਲੀਭੁਗਤ ਦੇ ਦੋਸ਼ ਲੱਗਦੇ ਹਨ, ਉੱਥੇ ਨਿਰਪੱਖ ਜਾਂਚ ਅਤੇ ਦੋਸ਼ ਸਾਬਤ ਹੋਣ 'ਤੇ ਸਖ਼ਤ ਸਜ਼ਾ ਲਾਜ਼ਮੀ ਹੈ। ਵਰਦੀ ਕਾਨੂੰਨ ਤੋਂ ਉੱਪਰ ਨਹੀਂ ਹੋ ਸਕਦੀ। ਜਵਾਬਦੇਹੀ ਨਸ਼ਾ ਵੇਚਣ ਵਾਲੇ ਦੇ ਨਾਲ-ਨਾਲ ਉਸ ਨੂੰ ਸਹਾਰਾ ਦੇਣ ਵਾਲੇ ਹਰ ਵਿਅਕਤੀ ਅਤੇ ਤੰਤਰ ਦੀ ਹੋਣੀ ਚਾਹੀਦੀ ਹੈ।ਨਸ਼ਿਆਂ ਵਿਰੁੱਧ ਜੰਗ ਨੂੰ ਸਿਰਫ਼ ਗ੍ਰਿਫ਼ਤਾਰੀਆਂ, ਕੇਸਾਂ ਜਾਂ ਜ਼ਬਤ ਕੀਤੇ ਨਸ਼ੇ ਦੀ ਮਾਤਰਾ ਨਾਲ ਨਹੀਂ ਮਾਪਿਆ ਜਾ ਸਕਦਾ।

ਅਸਲ ਸਫਲਤਾ ਉਦੋਂ ਹੋਵੇਗੀ, ਜਦੋਂ ਸਪਲਾਈ ਚੇਨ ਟੁੱਟੇਗੀ, ਨਸ਼ੇ ਦੀ ਉਪਲਬਧਤਾ ਘਟੇਗੀ, ਨੌਜਵਾਨਾਂ ਨੂੰ ਰੁਜ਼ਗਾਰ ਮਿਲੇਗਾ ਅਤੇ ਨਸ਼ੇ ਦੀ ਲਪੇਟ ਵਿੱਚ ਆ ਚੁੱਕੇ ਲੋਕਾਂ ਨੂੰ ਇਲਾਜ, ਮਨੋਵਿਗਿਆਨਕ ਸਹਾਇਤਾ ਅਤੇ ਪੁਨਰਵਾਸ ਮਿਲੇਗਾ। ਹੁਣ ਸਰਕਾਰਾਂ ਨੂੰ ਨਾਅਰਿਆਂ ਅਤੇ ਅੰਕੜਿਆਂ ਤੋਂ ਅੱਗੇ ਵਧ ਕੇ ਨਤੀਜਿਆਂ ਦੀ ਭਾਸ਼ਾ ਬੋਲਣੀ ਪਵੇਗੀ। ਲੋਕਾਂ ਨੂੰ ਮਹਿਸੂਸ ਹੋਣਾ ਚਾਹੀਦਾ ਹੈ ਕਿ ਕਾਨੂੰਨ ਉਨ੍ਹਾਂ ਦੇ ਨਾਲ ਖੜ੍ਹਾ ਹੈ, ਨਸ਼ਾ ਤਸਕਰਾਂ ਦੇ ਨਾਲ ਨਹੀਂ। ਸਰਕਾਰ ਦੀ ਸਫਲਤਾ ਇਸ ਗੱਲ ਨਾਲ ਮਾਪੀ ਜਾਣੀ ਚਾਹੀਦੀ ਹੈ ਕਿ ਕਿੰਨੇ ਘਰ ਬਚੇ, ਕਿੰਨੇ ਨੌਜਵਾਨਾਂ ਨੂੰ ਕੰਮ ਮਿਲਿਆ ਅਤੇ ਕਿੰਨੇ ਪਰਵਾਰਾਂ ਨੂੰ ਮੁੜ ਉਮੀਦ ਮਿਲੀ।ਸਵਾਲ ਅੱਜ ਵੀ ਉਹੀ ਹੈ, ਜੇ ਚਿੱਟਾ ਘਰਾਂ ਦੇ ਚੁੱਲ੍ਹੇ ਬੁਝਾ ਰਿਹਾ ਹੈ, ਮਾਵਾਂ ਦੀਆਂ ਕੁੱਖਾਂ ਸੁੰਨੀਆਂ ਹੋ ਰਹੀਆਂ ਹਨ, ਨੌਜਵਾਨ ਬੇਰੁਜ਼ਗਾਰੀ ਅਤੇ ਨਿਰਾਸ਼ਾ ਵਿੱਚ ਭਟਕ ਰਹੇ ਹਨ। ਨਸ਼ੇ ਦੀ ਲੱਤ ਲੱਗੇ ਗੱਭਰੂ ਪੁੱਤਾਂ ਨੂੰ ਬੇਬੱਸ ਮਾਵਾਂ ਲਕੋ ਕਿ ਕਿਤੋਂ ਨਾ ਕਿੱਤੋਂ ਨਸ਼ੇ ਲਿਆ ਕੇ ਵੀ ਦਿੰਦੀਆਂ ਹਨ ਸਿਰਫ਼ ਇਸ ਲਈ ਕਿ ਉਨ੍ਹਾਂ ਦੀਆਂ ਆਂਦਰਾਂ ਦਾ ਟੁਕੜਾ ਜਿਉਂਦਾ ਰਹਿ ਸਕੇ ਅਤੇ ਜਦੋਂ ਨਸ਼ੇ ਵਿਰੁੱਧ ਬੋਲਣ ਵਾਲਾ ਨਾਗਰਿਕ ਹੀ ਡਰਿਆ ਬੈਠਾ ਹੈ, ਤਾਂ ਸਰਕਾਰਾਂ ਵੱਲੋਂ ਦੱਸੀ ਜਾ ਰਹੀ 'ਨਸ਼ਿਆਂ ਵਿਰੁੱਧ ਜੰਗ' ਦੀ ਅਸਲ ਲੜਾਈ ਕਿੱਥੇ ਚੱਲ ਰਹੀ ਹੈ?

**# ਸੰਪਰਕ : 94659-15763**

# ਮਨਿ ਜੀਤੈ ਜਗੁ ਜੀਤੁ

ਮਦਨ ਬੰਗੜ

ਦਿਨ ਭਰ ਦੀ ਭੱਜ-ਦੌੜ, ਕੰਮ ਦਾ ਦਬਾਅ, ਪਰਵਾਰਕ ਜ਼ਿੰਮੇਵਾਰੀਆਂ ਤੇ ਡਿਜੀਟਲ ਦੁਨੀਆ ਦੀ ਭੀੜ ਮਨੁੱਖ ਦੇ ਮਨ ਨੂੰ ਥਕਾ ਦਿੰਦੀ ਹੈ । ਸੋਸ਼ਲ ਮੀਡੀਆ, ਮੁਕਾਬਲੇ ਦੀ ਦੌੜ ਅਤੇ ਅਸਥਿਰ ਜੀਵਨ ਸ਼ੈਲੀ ਮਨੁੱਖ ਦੇ ਮਨ 'ਤੇ ਵੱਡਾ ਅਸਰ ਪਾਉਂਦੇ ਹਨ । ਜੇ ਮਨ ਸ਼ਾਂਤ ਹੋਵੇ ਤਾਂ ਜੀਵਨ ਦੇ ਹਰ ਪੱਖ ਵਿੱਚ ਸੰਤੁਲਨ ਬਣਿਆ ਰਹਿੰਦਾ ਹੈ। ਅੱਜ ਦੇ ਸਮੇਂ ਵਿੱਚ ਇਹ ਸੰਤੁਲਨ ਬਣਾਈ ਰੱਖਣਾ ਆਸਾਨ ਨਹੀਂ । ਸਵੈ-ਕਾਬੂ ਲਈ ਮਨ ਦੀ ਸ਼ਾਂਤੀ ਬਹੁਤ ਜ਼ਰੂਰੀ ਹੈ । ਸ਼ਾਂਤ ਮਨ ਨਾਲ ਹੀ ਸਵੈ 'ਤੇ ਕਾਬੂ ਪਾਇਆ ਜਾ ਸਕਦਾ ਹੈ । ਸ਼ਾਂਤ ਮਨ ਨਾਲ ਇਨਸਾਨ ਸਮਾਜ ਵਿੱਚ ਪ੍ਰਭਾਵਸ਼ਾਲੀ ਭਾਗੀਦਾਰੀ ਮਾਣ ਸਕਦਾ ਹੈ । ਮਨ ਨੂੰ ਸ਼ਾਂਤ ਕਰਨ ਲਈ ਧਿਆਨ ਅਤੇ ਭਗਤੀ ਸਹਾਈ ਹੁੰਦੇ ਹਨ । ਜੀਵਨ ਦੇ ਹਰ ਪੱਖ ਵਿੱਚ ਸੰਤੁਲਨ ਨੂੰ ਬਣਾਈ ਰੱਖਣ ਲਈ ਰਿਲੈਕਸ ਹੋਣ ਵਾਲੀਆਂ ਤਕਨੀਕਾਂ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ । ਹਰ ਰੋਜ਼ ਕਸਰਤ ਕਰਨ ਨਾਲ ਨਾ ਸਿਰਫ ਸਰੀਰ ਤੰਦਰੁਸਤ ਰਹਿੰਦਾ ਹੈ, ਸਗੋਂ ਮਨ ਵੀ ਹਲਕਾ ਮਹਿਸੂਸ ਕਰਦਾ ਹੈ। ਹਰੇ-ਭਰੇ ਦਰੱਖਤਾਂ ਵਿੱਚ ਟਹਿਲਣਾ, ਪੰਛੀਆਂ ਦੀਆਂ ਆਵਾਜ਼ਾਂ ਸੁਣਨਾ ਜਾਂ ਖੁੱਲ੍ਹੇ ਅਸਮਾਨ ਹੇਠਾਂ ਕੁਝ ਸਮਾਂ ਬਿਤਾਉਣਾ ਵੀ ਮਨ ਨੂੰ ਤਾਜ਼ਗੀ ਦਿੰਦਾ ਹੈ । ਸੰਗੀਤ ਵੀ ਮਨ ਨੂੰ ਸਕੂਨ ਦਿੰਦਾ ਹੈ । ਪਰਵਾਰ ਤੇ ਦੋਸਤਾਂ ਨਾਲ ਸਮਾਂ ਬਿਤਾਉਣ ਨਾਲ ਵੀ ਸਾਨੂੰ ਅੰਦਰੋਂ ਖੁਸ਼ੀ ਮਿਲਦੀ ਹੈ । ਜੇ ਅਸੀਂ ਆਪਣੇ ਰੋਜ਼ਾਨਾ ਜੀਵਨ ਵਿੱਚ ਛੋਟੇ-ਛੋਟੇ ਬਦਲਾਅ ਕਰ ਲਈਏ, ਜਿਵੇਂ ਕਿ ਸਵੇਰੇ ਜਲਦੀ ਉੱਠਣਾ, ਸਮੇਂ ਸਿਰ ਭੋਜਨ ਖਾਣਾ, ਪੂਰੀ ਨੀਂਦ ਲੈਣਾ ਤੇ ਆਪਣੇ ਸ਼ੌਕ ਲਈ ਸਮਾਂ ਕੱਢਣਾ ਤਾਂ ਮਨ ਦੀ ਸਿਹਤ ਆਪਣੇ-ਆਪ ਸੁਧਰ ਜਾਂਦੀ ਹੈ । ਸਾਡੇ ਮਨ ਵਿੱਚ ਪੰਜ ਵਿਕਾਰ ਕਾਮ, ਕ੍ਰੋਧ, ਲੋਭ, ਮੋਹ ਤੇ ਹੰਕਾਰ ਵਸਦੇ ਹਨ । ਇਹ ਵਿਕਾਰ ਸਾਨੂੰ ਸ਼ਾਂਤੀ ਨਾਲ ਬੈਠਣ ਨਹੀਂ ਦਿੰਦੇ । ਇਨ੍ਹਾਂ ਵਿਕਾਰਾਂ ਕਾਰਨ ਮਨੁੱਖ ਆਖਰੀ ਸਾਹ ਤੱਕ ਭਟਕਦਾ ਰਹਿੰਦਾ ਹੈ । ਮਨੁੱਖੀ ਸਫਲਤਾ ਇਨ੍ਹਾਂ 'ਤੇ ਕਾਬੂ ਪਾਉਣ 'ਤੇ ਹੀ ਨਿਰਭਰ ਕਰਦੀ ਹੈ । ਇਨ੍ਹਾਂ ਵਿਕਾਰਾਂ ਦੀ ਗੁਲਾਮੀ ਮਨੁੱਖ ਵਿੱਚੋਂ ਸਾਰੀਆਂ ਨੈਤਿਕ ਕਦਰਾਂ-ਕੀਮਤਾਂ ਦਾ ਅੰਤ ਕਰ ਦਿੰਦੀ ਹੈ । ਕਾਮ ਨੂੰ ਤਾਂ ਸੁਖਾਵੇ, ਗ੍ਰਹਿਸਥੀ ਜੀਵਨ ਰਾਹੀਂ ਸੇਧ ਦੇਣੀ ਸਹਿਜ ਹੈ । ਇਸ ਨਾਲ ਪਤੀ-ਪਤਨੀ ਦੀ ਆਪਸੀ ਸਾਂਝ ਪੱਕੀ ਹੋ ਜਾਂਦੀ ਹੈ । ਮਨੁੱਖੀ ਸੋਚ ਸਾਰਥਕ ਪਾਸੇ ਜੁੜਦੀ ਹੈ, ਜਿਸ ਨਾਲ ਜੀਵਨ ਨੂੰ ਸੁਖਾਵਾਂ ਬਣਾਉਣ ਵਿੱਚ ਸਹਾਇਤਾ ਪ੍ਰਾਪਤ ਕਰਦੀ ਹੈ ।ਕ੍ਰੋਧ ਸਿਹਤ ਦਾ ਵੱਡਾ ਦੁਸ਼ਮਣ ਹੈ । ਕ੍ਰੋਧ ਵਿਚ ਆਇਆ ਮਨੁੱਖ ਉੱਚੀ-ਉੱਚੀ ਬੋਲਦਾ ਹੈ । ਕ੍ਰੋਧ ਵਿਚ ਆਇਆ ਮਨੁੱਖ ਆਪਣੀ ਹੋਸ਼ ਗੁਆ ਬੈਠਦਾ ਹੈ । ਗੁੱਸਾ ਇਕ ਬਹੁਤ ਹੀ ਭੈੜਾ ਤੇ ਘਾਤਕ ਰੋਗ ਹੈ, ਜਿਹੜਾ ਆਪਣੇ ਸਰੀਰ ਲਈ ਹੀ ਘਾਤਕ ਨਹੀਂ, ਸਗੋਂ ਮਨੁੱਖੀ ਰਿਸ਼ਤਿਆਂ ਨੂੰ ਵੀ ਤੋੜਦਾ ਹੈ । ਇਸ ਦੇ ਉਲਟ ਸੂਝਵਾਨ ਮਨੁੱਖ ਕ੍ਰੋਧ 'ਤੇ ਕਾਬੂ ਪਾ ਕੇ ਇਸ ਨੂੰ ਜੋਸ਼ ਵਿੱਚ ਤਬਦੀਲ ਕਰ ਲੈਂਦਾ ਹੈ ਅਤੇ ਇਸ ਵਧੀ ਊਰਜਾ ਨਾਲ ਔਖੇ ਸਮਝੇ ਜਾਂਦੇ ਕਾਰਜ ਵੀ ਪੂਰੇ ਹੋ ਜਾਂਦੇ ਹਨ ।ਸਹਿਣਸ਼ੀਲ, ਸ਼ਾਂਤ ਸੁਭਾਅ ਮਨੁੱਖੀ ਗੁਣਾਂ ਵਿੱਚ ਸਿਰਮੌਰ ਹਨ ।ਨਫ਼ਰਤ ਦਾ ਕੰਡਾ ਪਿਆਰ ਦੀ ਸੂਈ ਨਾਲ ਕੱਢਣਾ ਚਾਹੀਦਾ ਹੈ ।ਲੋਭ ਜਾਂ ਲਾਲਚ ਵੀ ਬੁਰੀ ਬਲਾ ਹੈ । ਲੋਭੀ ਮਨੁੱਖ ਹਮੇਸ਼ਾ ਹੀ ਦੁਖੀ ਰਹਿੰਦਾ ਹੈ । ਲੋਭੀ ਮਨੁੱਖ ਜੋ ਆਪਣੇ ਕੋਲ ਹੈ, ਉਸ ਦਾ ਆਨੰਦ ਮਾਨਣ ਦੀ ਥਾਂ ਹੋਰ ਤੋਂ ਹੋਰ ਦੀ ਪ੍ਰਾਪਤੀ ਲਈ ਝੂਰਦਾ ਰਹਿੰਦਾ ਹੈ । ਲੋਭੀ ਮਨੁੱਖ ਹਰ ਤਰ੍ਹਾਂ ਦੇ ਗਲਤ-ਸਹੀ ਢੰਗ ਅਪਣਾਉਣ ਤੋਂ ਵੀ ਗੁਰੇਜ਼ ਨਹੀਂ ਕਰਦਾ । ਸਬਰ, ਸੰਤੋਖ ਮਨ ਨੂੰ ਸਕੂਨ ਦਿੰਦਾ ਹੈ, ਜੋ ਪ੍ਰਾਪਤ ਹੋਇਆ, ਉਸ ਨੂੰ ਮਾਨਣ ਲਈ ਉਤਸ਼ਾਹਿਤ ਕਰਦਾ ਹੈ । ਸੰਤੋਖੀ ਮਨੁੱਖ ਉਪਰ ਵੱਲ ਵੇਖ ਝੂਰਦਾ ਨਹੀਂ, ਸਗੋਂ ਆਪਣੇ ਤੋਂ ਹੇਠਾਂ ਵੱਲ ਵੇਖ ਦਾਤੇ ਦਾ ਸ਼ੁਕਰਾਨਾ ਕਰਦਾ ਹੈ । ਮੋਹ ਵੀ ਮਨੁੱਖੀ ਸ਼ਕਤੀ ਦਾ ਹੀ ਇਕ ਹਥਿਆਰ ਹੈ, ਪਰ ਜਦੋਂ ਇਹ ਹੱਦੋਂ ਵਧ ਜਾਵੇ ਤਾਂ ਪਾਗਲਪਨ ਦਾ ਰੂਪ ਅਖਤਿਆਰ ਕਰ ਲੈਂਦਾ ਹੈ । ਪਿਆਰ ਰਿਸ਼ਤਿਆਂ ਨੂੰ ਜੋੜਦਾ ਹੈ, ਜਦਕਿ ਨਫ਼ਰਤ ਰਿਸ਼ਤਿਆਂ ਨੂੰ ਤੋੜਦੀ ਹੈ । ਜੀਵਨ ਦੀਆਂ ਘੜੀਆਂ ਹਰ ਕੋਲ ਗਿਣਤੀ ਦੀਆਂ ਹੀ ਹੁੰਦੀਆਂ ਹਨ । ਸਭਨਾਂ ਨਾਲ ਪਿਆਰ ਕਰੋ, ਪਰ ਮੋਹ ਦੀਆਂ ਤੰਦਾਂ ਏਨੀਆਂ ਮਜ਼ਬੂਤ ਨਾ ਕਰੋ ਕਿ ਉਹ ਕਬਜ਼ੇ ਦਾ ਰੂਪ ਧਾਰ ਲੈਣ । ਪਿਆਰ ਸਭਨਾਂ ਨਾਲ ਕਰੋ, ਪਰ ਭਾਣਾ ਮੰਨਣ ਦਾ ਬਲ ਵੀ ਆਪਣੇ ਅੰਦਰ ਪੈਦਾ ਕਰੋ । ਹੰਕਾਰ ਵੀ ਇਕ ਰੋਗ ਹੈ । ਪੈਸੇ ਦਾ, ਕੁਰਸੀ ਦਾ, ਸ਼ਕਤੀ ਦਾ ਜਾਂ ਸੁੰਦਰਤਾ ਦਾ ਹੰਕਾਰ ਮਨੁੱਖ ਨੂੰ ਬਿਮਾਰ ਕਰ ਦਿੰਦਾ ਹੈ । ਉਹ ਆਪਣੇ-ਆਪ ਵਿੱਚ ਸੁੰਗੜ ਜਾਂਦਾ ਹੈ । ਪ੍ਰਸਿੱਧ ਅਖਾਣ ਹੈ, ਹੰਕਾਰਿਆ ਸੋ ਮਾਰਿਆ । ਹੰਕਾਰੀ ਮਨੁੱਖ ਤੋਂ ਸਭ ਦੂਰ ਰਹਿਣ ਦਾ ਯਤਨ ਕਰਦੇ ਹਨ । ਸ਼ਾਂਤੀ ਦੇ ਰਾਹ ਵਿੱਚ ਹੰਕਾਰ ਸਭ ਤੋਂ ਵੱਡਾ ਅੜਿੱਕਾ ਹੈ । ਹੰਕਾਰੀ ਅਤੇ ਕ੍ਰੋਧੀ ਇਨਸਾਨ ਆਪਣੇ-ਆਪ ਵਿੱਚ ਸਿਮਟ ਕੇ ਰਹਿ ਜਾਂਦਾ ਹੈ । ਜੀਵਨ ਵਿੱਚ ਨਿਮਰਤਾ ਜ਼ਰੂਰੀ ਹੈ । ਸਵੈ-ਮਾਨ ਊਰਜਾ ਪ੍ਰਦਾਨ ਕਰਦਾ ਹੈ, ਜਦਕਿ ਹੰਕਾਰ ਵਿਨਾਸ਼ ਕਰਦਾ ਹੈ । ਗੁਰੂ ਗ੍ਰੰਥ ਸਾਹਿਬ ਦੀ ਪਵਿੱਤਰ ਬਾਣੀ ਵਿੱਚ ਦਰਜ ਹੈ:-

*ਕਾਮ, ਕ੍ਰੋਧ ਅਰੁ ਲੋਭ, ਮੋਹ ਬਿਨਸਿ ਜਾਇ ਅੰਹੇਮੇਵ ॥*
*ਨਾਨਕ ਪ੍ਰਭ ਸਰਣਾਗਤੀ ਕਰਿ, ਪ੍ਰਸਾਦ ਗੁਰਦੇਵ ॥*

ਭਾਵ ਕਿ ਪ੍ਰਭੂ ਦੀ ਸ਼ਰਨ ਵਿੱਚ ਆ ਕੇ ਅਤੇ ਗੁਰੂ ਦੀ ਮੇਹਰ ਨਾਲ ਕਾਮ, ਕ੍ਰੋਧ, ਲੋਭ, ਮੋਹ ਤੇ ਹੰਕਾਰ ਵਰਗੇ ਵਿਕਾਰ ਅੰਦਰੋਂ ਖ਼ਤਮ ਹੋ ਜਾਂਦੇ ਹਨ । ਗੁਰੂ ਸਾਹਿਬ ਅੱਗੇ ਅਰਦਾਸ ਬੇਨਤੀ ਕਰੀਏ ਕਿ ਸਾਨੂੰ ਆਪਣੇ ਮਨ 'ਤੇ ਕਾਬੂ ਪਾਉਣ ਲਈ ਸਮਰੱਥਾ ਬਣਾਓ ਤੇ ਇਨ੍ਹਾਂ ਵਿਕਾਰਾਂ ਤੋਂ ਦੂਰ ਕਰੋ । ਭਗਤ ਕਬੀਰ ਜੀ ਅਨੁਸਾਰ ਵੀ ਹਰੇਕ ਜੀਵ ਦਾ ਸੰਸਾਰ ਵਿਚ ਆਉਣ ਦਾ ਅਸਲ ਕੰਮ ਮਨ ਨਾਲ ਹੈ । ਉਹ ਕੰਮ ਇਹ ਹੈ ਕਿ ਜੀਵ ਆਪਣੇ ਮਨ ਨੂੰ ਕਾਬੂ ਵਿੱਚ ਰੱਖੇ । ਮਨ ਨੂੰ ਵੱਸ ਵਿਚ ਕੀਤਿਆਂ ਹੀ ਜੀਵ ਨੂੰ ਅਸਲ ਮਨੋਰਥ ਦੀ ਕਾਮਯਾਬੀ ਹੁੰਦੀ ਹੈ । ਸ੍ਰੀ ਗੁਰੂ ਨਾਨਕ ਦੇਵ ਜੀ ਨੇ 'ਮਨਿ ਜੀਤੈ ਜਗੁ ਜੀਤੁ' ਰਾਹੀਂ ਮਨੁੱਖੀ ਜੀਵਨ ਦੀ ਇਕ ਅਟੱਲ ਸਚਾਈ ਨੂੰ ਪੇਸ਼ ਕੀਤਾ ਹੈ । ਸ੍ਰੀ ਗੁਰੂ ਨਾਨਕ ਦੇਵ ਜੀ ਅਨੁਸਾਰ ਜਿਹੜਾ ਮਨੁੱਖ ਆਪਣੇ ਮਨ ਨੂੰ ਜਿੱਤ ਲੈਂਦਾ ਹੈ, ਉਹ ਸਾਰੀਆ ਦੁਨੀਆ ਨੂੰ ਹੀ ਜਿੱਤ ਸਕਦਾ ਹੈ । ਮਨ ਨੂੰ ਜਿੱਤਣ ਦਾ ਅਰਥ ਮਨ ਨੂੰ ਮਾਰਨਾ ਨਹੀਂ, ਸਗੋਂ ਮਨ ਨੂੰ ਸਮਝਾਉਣਾ ਤੇ ਕਾਬੂ ਕਰਨਾ ਹੈ । ਆਪਣੀਆਂ ਭਾਵਨਾਵਾਂ 'ਤੇ ਕਾਬੂ ਪਾਉਣ ਵਾਲਾ ਮਨੁੱਖ ਹੀ ਜੀਵਨ ਵਿਚ ਸਫਲ ਹੋ ਸਕਦਾ ਹੈ । ਮਨ ਵਿੱਚ ਹੀ ਸਾਡੀਆਂ ਇਛਾਵਾਂ, ਉਮੰਗਾਂ, ਲਾਲਸਾਵਾਂ ਤੇ ਸਧਰਾਂ ਪਲਦੀਆਂ ਹਨ ।ਮਨ ਹੀ ਮਨੁੱਖੀ ਸਰੀਰਕ ਢਾਂਚੇ ਨੂੰ ਚਲਾਉਂਦਾ ਹੈ।ਮਨ ਦੇ ਹੁਕਮ ਅਨੁਸਾਰ ਹੀ ਵਿਅਕਤੀ ਦੀਆਂ ਗਿਆਨ ਇੰਦਰੀਆਂ ਕੰਮ ਕਰਦੀਆਂ ਹਨ ।ਮਨ ਇਕ ਬਿਰਤੀ ਹੈ । ਮਨ ਚੰਚਲ ਹੈ । ਮਨ ਭਟਕਦਾ ਹੈ । ਮਨ ਡੋਲਦਾ ਹੈ, ਪਰ ਮਨ ਸਾਡੇ ਅੰਗ-ਸੰਗ ਰਹਿੰਦਾ ਹੈ । ਸਹਿਜ ਅਤੇ ਸ਼ਾਂਤ ਮਨ ਹੀ ਪਰਮ ਮਨੁੱਖ ਦੀ ਪਛਾਣ ਹੈ । ਆਪਣੇ ਮਨ ਨੂੰ ਜਿੱਤਣ ਵਾਲਾ ਵਿਅਕਤੀ ਹੀ ਦੁਨੀਆ ਦੀ ਹਮਾਇਤ ਅਤੇ ਪ੍ਰਸੰਸਾ ਹਾਸਲ ਕਰ ਸਕਦਾ ਹੈ । ਦਿਲ ਅਤੇ ਦਿਮਾਗ ਦਾ ਸੰਤੁਲਨ ਕਰਨ ਵਾਲਾ ਮਨ ਹੀ ਵਿਅਕਤੀ ਲਈ ਸੁਖਦ ਅਤੇ ਆਨੰਦ ਅਵਸਥਾ ਸਥਾਪਤ ਕਰ ਸਕਦਾ ਹੈ । ਕਾਬੂ ਮਨ ਮਨੁੱਖ ਲਈ ਵਰਦਾਨ ਸਾਬਤ ਹੁੰਦਾ ਹੈ । ਇਕਾਗਰਤਾ ਮਨ ਨੂੰ ਸਹੀ ਦਿਸ਼ਾ ਵੱਲ ਮੋੜਨ ਦਾ ਵਧੀਆ ਹਥਿਆਰ ਹੈ। ਮਨੁੱਖ ਵਿਕਾਰਾਂ ਤੋਂ ਉੱਪਰ ਉੱਠ ਕੇ ਅਤੇ ਸ਼ਾਨਦਾਰ ਜੀਵਨ ਸ਼ੈਲੀ ਸਿਰਜ ਕੇ ਹੀ ਦੁਨੀਆ ਨੂੰ ਜਿੱਤ ਸਕਦਾ ਹੈ । ਕਾਮ, ਕ੍ਰੋਧ, ਲੋਭ, ਮੋਹ, ਹੰਕਾਰ ਵਰਗੇ ਵਿਸ਼ੇ ਵਿਕਾਰਾਂ 'ਤੇ ਕਾਬੂ ਪਾਉਣਾ ਹੀ ਮਨ ਜਿੱਤਣ ਅਤ ਸੰਸਾਰ ਤੇ ਜਿੱਤ ਪ੍ਰਾਪਤ ਕਰਨ ਵਰਗਾ ਹੀ ਹੁੰਦਾ ਹੈ । ਸਧਾਰਨ ਜੀਵਨ ਬਤੀਤ ਕਰਨ, ਆਸ਼ਾਵਾਦੀ ਸੋਚ ਰੱਖਣਾ, ਚੜ੍ਹਦੀ ਕਲਾ ਵਿੱਚ ਰਹਿਣਾ, ਕਦੇ ਕਿਸੇ ਦਾ ਮਾੜਾ ਨਾ ਸੋਚਣਾ, ਆਪਣੀਆਂ ਇਛਾਵਾਂ ਨੂੰ ਸੀਮਤ ਘੇਰੇ ਵਿਚ ਰੱਖਣਾ ਅਤੇ ਸਰਬੱਤ ਦਾ ਭਲਾ ਮੰਗਣ ਵਾਲਾ ਮਨੁੱਖ ਹਮੇਸ਼ਾ ਸੁਖੀ ਰਹਿੰਦਾ ਹੈ । ਸਬਰ-ਸੰਤੋਖ ਨਾਲ ਜੀਵਨ ਗੁਜ਼ਾਰਨ ਵਾਲੇ ਮਨੁੱਖ ਦੀ ਸਥਿਤੀ ਦੁਨੀਆ ਜਿੱਤ ਲੈਣ ਵਾਲੀ ਹੀ ਹੁੰਦੀ ਹੈ । ਮਨ ਸਵੈ-ਸ਼ਕਤੀ, ਇੱਛਾਵਾਂ, ਪਸੰਦਗੀਆਂ ਅਤੇ ਫੈਸਲਿਆਂ ਦਾ ਸੋਮਾ ਹੈ । ਮਨ ਅਤੇ ਸਰੀਰ ਲਗਾਤਾਰ ਚੌਗਿਰਦੇ ਦੀ ਦੁਨੀਆ ਤੋਂ ਸੰਦੇਸ਼ ਹਾਸਲ ਕਰਦੇ ਹਨ । ਮਨ ਨੂੰ ਠੇਸ ਪਹੁੰਚਾਉਣ ਵਾਲੀਆਂ ਸਥਿਤੀਆਂ ਤੋਂ ਇਨਸਾਨ ਨੂੰ ਬਚਣਾ ਚਾਹੀਦਾ ਹੈ । ਜਿਸ ਵਿਅਕਤੀ ਨੇ ਆਪਣੇ ਮਨ ਨੂੰ ਕਾਬੂ ਕਰ ਲਿਆ, ਉਸ ਨੇ ਜੀਵਨ ਦੀਆਂ ਅੱਧੀਆਂ ਚੁਣੌਤੀਆਂ 'ਤੇ ਜਿੱਤ ਹਾਸਲ ਕਰ ਲਈ ।

ਅੱਜ ਜ਼ਰੂਰੀ ਹੈ ਕਿ ਅਸੀਂ ਆਧੁਨਿਕਤਾ ਦੀ ਦੌੜ ਵਿਚ ਅੰਦਰੂਨੀ ਸੰਤੁਲਨ ਨੂੰ ਨਾ ਗੁਆਈਏ, ਕਿਉਂਕਿ ਸ਼ਾਂਤ ਅਤੇ ਸੰਤੁਲਿਤ ਮਨ ਹੀ ਜੀਵਨ ਨੂੰ ਸਹੀ ਅਰਥਾਂ ਵਿੱਚ ਸੁੰਦਰ ਬਣਾਉਂਦਾ ਹੈ। ਚੜ੍ਹਦੀ ਕਲਾ ਵਾਲੇ ਵਿਅਕਤੀਆਂ ਦਾ ਕਿਰਦਾਰ ਦੂਜਿਆਂ ਲਈ ਮਿਸਾਲ ਬਣਦਾ ਹੈ । ਚੜ੍ਹਦੀ ਕਲਾ ਇਕ ਅਜਿਹਾ ਮੰਤਰ ਹੈ, ਜਿਹੜਾ ਇਨਸਾਨ ਨੂੰ ਕਦੇ ਵੀ ਨਿਰਾਸ਼ਤਾ ਅਤੇ ਨਕਾਰਾਤਮਕਤਾ ਦੇ ਨੇੜੇ ਨਹੀਂ ਢੁਕਣ ਦਿੰਦਾ । ਔਖੀ ਘੜੀ ਵਿਚ ਜਿਹੜਾ ਵਿਅਕਤੀ ਚੜ੍ਹਦੀ ਕਲਾ ਵਿੱਚ ਰਹਿੰਦਾ ਹੈ, ਉਹ ਹੀ ਸਰਬੱਤ ਦੇ ਭਲੇ ਬਾਰੇ ਸੋਚ ਸਕਦਾ ਹੈ । ਚੜ੍ਹਦੀ ਕਲਾ ਦਾ ਮੰਤਰ ਮਨੁੱਖ ਨੂੰ ਸਵੈ-ਕਾਬੂ ਕਰਨ ਦੀ ਸ਼ਕਤੀ ਬਖ਼ਸ਼ਦਾ ਹੈ ਤੇ ਉਹ ਆਪਣੇ ਮਨ ਨੂੰ ਜਿੱਤ ਲੈਂਦਾ ਹੈ । ਜ਼ਿੰਦਗੀ ਵਿੱਚ ਤਰੱਕੀ ਲਈ ਮਨ 'ਤੇ ਕਾਬੂ ਪਾਉਣ ਦੀ ਬੇਹੱਦ ਲੋੜ ਹੈ ।

**# ਸੰਪਰਕ : 98146-62260**

# ਗੁਲਜ਼ਾਰ ਸਿੰਘ ਨੂੰ ਇਨਸਾਫ਼ ਦਿਵਾਉਣ ਲਈ ਜਨਤਕ ਜਥੇਬੰਦੀਆਂ ਵੱਲੋਂ ਰੋਸ ਮੁਜ਼ਾਹਰਾ

## ਹਰਪਾਲ ਚੀਮਾ 'ਤੇ ਪਰਚਾ ਦਰਜ ਕਰਵਾਉਣ ਦੀ ਕੀਤੀ ਮੰਗ



**ਸੰਗਰੂਰ (ਪ੍ਰਵੀਨ ਸਿੰਘ)**-ਵੱਖ ਵੱਖ ਜਨਤਕ ਜਮਹੂਰੀ, ਕਿਸਾਨ ਤੇ ਮਜ਼ਦੂਰ ਜਥੇਬੰਦੀਆਂ ਵੱਲੋਂ ਤੂਰਵਣਜਾਰਾ ਦੇ ਦਲਿਤ ਮਜ਼ਦੂਰ ਦੇ ਪਰਵਾਰ ਨੂੰ ਪੂਰਨ ਇਨਸਾਫ਼ ਦਿਵਾਉਣ ਲਈ ਡੀ ਸੀ ਦਫ਼ਤਰ ਸੰਗਰੂਰ ਵਿਖੇ ਰੋਹ ਭਰਪੂਰ ਰੋਸ ਰੈਲੀ ਅਤੇ ਮੁਜ਼ਾਹਰਾ ਕੀਤਾ ਗਿਆ।ਆਗੂਆਂ ਨੇ ਪੰਜਾਬ ਸਰਕਾਰ ਦੀ ਸਖ਼ਤ ਆਲੋਚਨਾ ਕਰਦਿਆਂ ਹਰ ਫਰੰਟ 'ਤੇ ਫੇਲ੍ਹ ਕਰਾਰ ਦਿੱਤਾ।ਮਜ਼ਦੂਰ ਗੁਲਜ਼ਾਰ ਸਿੰਘ ਦੇ ਪਰਿਵਾਰ ਨੂੰ ਪੂਰਨ ਇਨਸਾਫ਼ ਦਿਵਾਉਣ ਲਈ ਸਾਰੇ ਆਗੂਆਂ ਵੱਲੋਂ ਸਰਕਾਰ ਤੇ ਪ੍ਰਸ਼ਾਸਨ ਨੂੰ ਮੰਨੀਆਂ ਸ਼ਰਤਾਂ ਨੂੰ ਤੁਰੰਤ ਲਾਗੂ ਕਰਨ ਲਈ ਕਿਹਾ ਅਤੇ ਨਾਲ ਹੀ ਵਿੱਤ ਮੰਤਰੀ ਹਰਪਾਲ ਚੀਮੇ 'ਤੇ ਪਰਚਾ ਦਰਜ ਕਰਨ ਦੀ ਮੰਗ ਕੀਤੀ।ਇਸ ਮੌਕੇ ਖੇਤ ਮਜ਼ਦੂਰ ਦੇ ਸੂਬਾ ਆਗੂ ਲਛਮਣ ਸੇਵੇਵਾਲਾ, ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਗੋਬਿੰਦ ਛਾਜਲੀ, ਸਾਬਕਾ ਸੈਨਿਕ ਯੂਨੀਅਨ ਦੇ ਮੀਤ ਪ੍ਰਧਾਨ ਅਵਤਾਰ ਸਿੰਘ ਮਾਲੇਰਕੋਟਲਾ, ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਸੂਬਾ ਆਗੂ ਜਗਤਾਰ ਕਾਲਾਝਾੜ, ਹਰਜੀਤ ਮਹਿਲਾਂ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੇ ਬਲਜੀਤ ਨਮੋਲ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਮੁਕੇਸ਼ ਮਲੌਦ, ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਸੂਬਾ ਸਕੱਤਰ ਰੇਸ਼ਮ ਸਿੰਘ ਬਠਿੰਡਾ, ਦਾਤਾ ਨਮੋਲ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਹਰਭਗਵਾਨ ਮੂਣਕ, ਦੇਸ਼ ਭਗਤ ਯਾਦਗਾਰ ਕਮੇਟੀ ਦੇ ਬਲਬੀਰ ਲੌਂਗੋਵਾਲ, ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾ ਆਗੂ ਜੁਝਾਰ ਲੌਂਗੋਵਾਲ, ਖੇਤ ਮਜ਼ਦੂਰ ਸਭਾ ਦੇ ਨਿਰੰਜਣ ਸਿੰਘ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੇ ਲਖਵੀਰ ਲੌਂਗੋਵਾਲ, ਪ੍ਰਗਟ ਕਾਲਾਝਾੜ, ਲੋਕ ਮੋਰਚੇ ਦੇ ਜਗਮੇਲ ਸਿੰਘ, 1158 ਯੂਨੀਅਨ ਦੇ ਪ੍ਰੋ. ਨਿਰਭੈ ਸਿੰਘ, ਟੋਲ ਪਲਾਜ਼ਾ ਯੂਨੀਅਨ ਦੇ ਨਾਜਰ ਸਿੰਘ, ਬੇਰੁਜ਼ਗਾਰ ਮੋਰਚੇ ਦੇ ਸੰਦੀਪ ਮੋਫ਼ਰ ਆਦਿ ਆਗੂਆਂ ਨੇ ਪਰਵਾਰ ਨੂੰ ਇਨਸਾਫ਼ ਦਿਵਾਉਣ ਤੱਕ ਸੰਘਰਸ਼ ਕਰਨ ਦਾ ਅਹਿਦ ਕਰਦਿਆਂ ਵੋਟ ਬਟੋਰੂ ਰਾਜਨੀਤਕ ਪਾਰਟੀਆਂ ਨੂੰ ਮਸਲੇ ਦੇ ਰਾਜਨੀਤੀਕਰਨ ਕਰਕੇ ਵਿਗਾੜਨ ਤੇ ਸਖਤ ਤਾੜਨਾ ਵੀ ਕੀਤੀ।ਅੰਤ 'ਤੇ ਹਰਭਗਵਾਨ ਮੂਨਕ ਵੱਲੋਂ ਸਭ ਸ਼ਾਮਲ ਸਾਥੀਆਂ ਤੇ ਜਥਬੰਦੀਆਂ ਦਾ ਧੰਨਵਾਦ ਕੀਤਾ ਗਿਆ।

# ਮੁਲਾਜ਼ਮ ਝੂਠੇ ਵਾਅਦਿਆਂ 'ਚ ਨਾ ਆਉਣ, ਸਗੋਂ ਆਪਣਾ ਬਣਦਾ ਪੂਰਾ ਹੱਕ ਲੈਣ : ਸੁਖਬੀਰ ਬਾਦਲ

## ਅਕਾਲੀ ਦਲ ਦੀ ਸਰਕਾਰ ਬਣਨ 'ਤੇ ਨਵਾਂ ਜਲਾਲਾਬਾਦ ਸਿਰਜਣ, ਮੈਡੀਕਲ ਤੇ ਵੈਟਨਰੀ ਕਾਲਜ ਖੋਲ੍ਹਣ ਤੇ ਗਰੀਬ ਦੇ 'ਗੱਡੇ' 'ਤੇ ਰੋਡ ਟੈਕਸ ਖ਼ਤਮ ਕਰਨ ਦਾ ਕੀਤਾ ਐਲਾਨ



**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)**

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ ਨੇ ਪੰਜਾਬੀਆਂ ਨੂੰ ਅਪੀਲ ਕੀਤੀ ਹੈ ਕਿ ਪੰਜਾਬ ਦਾ ਆਮ ਆਦਮੀ ਪਾਰਟੀ (ਆਪ) ਤੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਖਹਿੜਾ ਛੁਡਵਾਉਣ ਲਈ ਉਹ ਇਕਜੁੱਟ ਹੋ ਜਾਣ, ਕਿਉਂਕਿ ਭਗਵੰਤ ਮਾਨ ਨੇ ਪੰਜਾਬ ਨੂੰ ਲੁੱਟਿਆ ਤੇ ਕੁੱਟਿਆ ਅਤੇ ਉਨ੍ਹਾਂ ਸਰਕਾਰੀ ਮੁਲਾਜ਼ਮਾਂ ਨੂੰ ਚੌਕਸ ਕੀਤਾ ਕਿ ਉਹ ਆਪਣੇ ਮਹਿੰਗਾਈ ਭੱਤੇ ਦਾ ਸਾਰਾ ਲਾਭ ਲੈ ਲੈਣ ਤੇ ਝੂਠੇ ਵਾਅਦਿਆਂ ਦੇ ਝਾਂਸੇ ਵਿੱਚ ਨਾ ਆਉਣ।

ਇਥੇ ਪੰਜਾਬ ਬਚਾਓ ਮੁਹਿੰਮ ਦੇ ਤਹਿਤ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਵਾਅਦਾ ਕੀਤਾ ਕਿ ਇਕ ਵਾਰ ਅਕਾਲੀ ਦਲ ਸੱਤਾ ਵਿੱਚ ਆ ਗਿਆ ਤਾਂ ਨਵੇਂ ਜਲਾਲਾਬਾਦ ਦੀ ਸਿਰਜਣਾ ਕਰਨਗੇ, ਕਿਉਂਕਿ ਜਲਾਲਾਬਾਦ ਨੂੰ ਪਿਛਲੀ ਕਾਂਗਰਸ ਤੇ ਮੌਜੂਦਾ ਆਪ ਸਰਕਾਰ ਦੋਵਾਂ ਨੇ ਪੂਰੀ ਤਰ੍ਹਾਂ ਅਣਡਿੱਠ ਕੀਤਾ।ਉਨ੍ਹਾਂ ਕਿਹਾ ਕਿ ਸਿਰਫ ਅਕਾਲੀ ਦਲ ਹੀ ਹਲਕੇ ਨੂੰ ਮੁੜ ਲੀਹ 'ਤੇ ਪਾ ਸਕਦਾ ਸਕਦਾ ਹੈ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਉਹ ਹਲਕੇ ਵਿਚ ਮੈਡੀਕਲ ਤੇ ਵੈਟਨਰੀ ਕਾਲਜ ਦੀ ਸਥਾਪਨਾ ਕਰਨਗੇ ਤੇ ਯਕੀਨੀ ਬਣਾਉਣਗੇ ਕਿ ਕਿਸਾਨਾਂ ਨੂੰ ਦਰਿਆਈ ਕੰਢੇ ਪੈਂਦੀ ਉਨ੍ਹਾਂ ਵੱਲੋਂ ਵਾਹੀ ਜਾਂਦੀ ਜ਼ਮੀਨ ਦੇ ਮਾਲਕਾਨਾ ਹੱਕ ਮਿਲਣ।ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਗਰੀਬ ਦੇ ਗੱਡੇ ਮੋਟਰ ਸਾਈਕਲ 'ਤੇ ਕੋਈ ਰੋਡ ਟੈਕਸ ਨਹੀਂ ਲਗਾਇਆ ਜਾਵੇਗਾ।ਉਤਸ਼ਾਹੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਸ੍ਰ. ਬਾਦਲ ਨੇ ਕਿਹਾ ਕਿ ਹਾਲਾਤ ਅਜਿਹੇ ਬਣ ਗਏ ਹਨ ਕਿ ਮੁੱਖ ਮੰਤਰੀ ਦੀ ਰਿਹਾਇਸ਼ ਭ੍ਰਿਸ਼ਟਾਚਾਰ ਦਾ ਅੱਡਾ ਬਣ ਚੁੱਕੀ ਹੈ।ਉਨ੍ਹਾਂ ਕਿਹਾ ਕਿ ਇਸ ਵਾਰ ਭਗਵੰਤ ਮਾਨ ਵਾਰਿਸ ਪੰਜਾਬ ਦੇ ਜਥੇਬੰਦੀ ਤਿਆਰ ਕਰ ਰਿਹਾ ਹੈ, ਜੋ ਅਸਲ ਵਿੱਚ ਪੰਜਾਬ ਲਈ ਵਾਇਰਸ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਹੀ ਵਾਰਿਸ ਪੰਜਾਬ ਦੇ ਨੂੰ ਫੰਡ ਦੇ ਰਿਹਾ ਹੈ ਅਤੇ ਮੰਡੀ ਬੋਰਡ ਦਾ ਇਕ ਅਧਿਕਾਰੀ ਇਸ ਜਥੇਬੰਦੀ ਨੂੰ ਪੈਸਾ ਸਪਲਾਈ ਕਰਦਾ ਹੈ।ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਹ ਸਾਰੀਆਂ ਕੋਝੀਆਂ ਚਾਲਾਂ ਸਮਝਣ ਤੇ ਕਿਹਾ ਕਿ ਜੇਕਰ ਅਜਿਹੇ ਲੋਕ ਸੱਤਾ ਵਿੱਚ ਆ ਗਏ ਤਾਂ ਸੂਬੇ ਦੀ ਸ਼ਾਂਤੀ ਤੇ ਆਪਸੀ ਭਾਈਚਾਰਕ ਸਾਂਝ ਖ਼ਤਮ ਹੋ ਜਾਵੇਗੀ ਅਤੇ ਸੂਬਾ ਮੁੜ ਤੋਂ ਕਾਲੇ ਦੌਰ ਵੱਲ ਧੱਕਿਆ ਜਾਵੇਗਾ।ਅਕਾਲੀ ਦਲ ਦੇ ਪ੍ਰਧਾਨ ਨੇ ਭਵਿੱਖ ਦੀ ਕਾਰਜ ਯੋਜਨਾ ਦੀ ਗੱਲ ਕਰਦਿਆਂ ਕਿਹਾ ਕਿ ਅਕਾਲੀ ਦਲ ਦੀ ਸਰਕਾਰ ਆਉਣ 'ਤੇ ਜਿਹੜੇ ਕਿਸਾਨਾਂ ਕੋਲ ਟਿਊਬਵੈਲ ਕੁਨੈਕਸ਼ਨ ਨਹੀਂ ਹਨ, ਉਨ੍ਹਾਂ ਨੂੰ ਕੁਨੈਕਸ਼ਨ ਦਿੱਤੇ ਜਾਣਗੇ।ਆਟਾ ਦਾਲ ਸਕੀਮ ਦੇ ਤਹਿਤ 50 ਕਿੱਲੋ ਕਣਕ ਪ੍ਰਦਾਨ ਕੀਤੀ ਜਾਵੇਗੀ ਤੇ ਸ਼ਗਨ ਸਕੀਮ ਤਹਿਤ ਰਾਸ਼ੀ ਵਧਾ ਕੇ 1 ਲੱਖ ਰੁਪਏ ਕੀਤੀ ਜਾਵੇਗੀ ਤੇ ਬੁਢਾਪਾ ਪੈਨਸ਼ਨ ਵਧਾ ਕੇ 3100 ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇਗੀ।ਇਸ ਮੌਕੇ ਸੀਨੀਅਰ ਆਗੂ ਸਤਿੰਦਰਜੀਤ ਸਿੰਘ ਮੰਟਾ, ਨਰਦੇਵ ਸਿੰਘ ਮਾਨ, ਰਾਜ ਸਿੰਘ ਡਿੱਬੀਪੁਰਾ, ਅਸ਼ੋਕ ਅਨੇਜਾ, ਪ੍ਰੇਮ ਵਲੇਚਾ ਤੇ ਗੁਰਪਾਲ ਸਿੰਘ ਗਰੇਵਾਲ ਨੇ ਵੀ ਸੰਬੋਧਨ ਕੀਤਾ।

# ਸਿਵਲ ਹਸਪਤਾਲ ਆਸ਼ਾ ਵਰਕਰਾਂ ਦੀ ਗੇਟ ਰੈਲੀ, 24 ਨੂੰ ਮੁੱਖ ਮੰਤਰੀ ਦੀ ਕੋਠੀ ਘੇਰਨ ਦੀ ਤਿਆਰੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਆਸ਼ਾ ਵਰਕਰ ਯੂਨੀਅਨ ਫ਼ਿਰੋਜ਼ਪੁਰ ਵੱਲੋਂ ਆਪਣੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਲੈ ਕੇ ਅੱਜ ਸਿਵਲ ਹਸਪਤਾਲ ਫ਼ਿਰੋਜ਼ਪੁਰ ਵਿਖੇ ਜ਼ੋਰਦਾਰ ਗੇਟ ਰੈਲੀ ਕੀਤੀ ਗਈ। ਇਹ ਰੈਲੀ 24 ਸਤੰਬਰ ਨੂੰ ਮੁੱਖ ਮੰਤਰੀ ਪੰਜਾਬ ਦੇ ਪਿੰਡ ਸਤੌਜ ਵਿਖੇ ਲਗਾਏ ਜਾ ਰਹੇ ਸੂਬਾ ਪੱਧਰੀ ਧਰਨੇ ਦੀ ਤਿਆਰੀ ਵਜੋਂ ਕੀਤੀ ਗਈ। ਰੈਲੀ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਰਾਜਵੰਤ ਕੌਰ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਵੱਲੋਂ ਆਸ਼ਾ ਵਰਕਰਾਂ ਦੀਆਂ ਹੱਕੀ ਮੰਗਾਂ ਨੂੰ ਲਗਾਤਾਰ ਅਣਗੌਲਿਆ ਕੀਤਾ ਜਾ ਰਹਾ ਹੈ। ਵਰਕਰਾਂ ਨੂੰ ਬਹੁਤ ਹੀ ਨਗੂਣੇ ਇਨਸੈਂਟਿਵ 'ਤੇ ਕੰਮ ਕਰਨਾ ਪੈ ਰਿਹਾ ਹੈ ਤੇ ਇਹ ਇਨਸੈਂਟਿਵ ਵੀ ਚਾਰ-ਚਾਰ, ਪੰਜ-ਪੰਜ ਮਹੀਨੇ ਲਿਖਤੀ ਮੰਗ ਪੱਤਰ ਦੇਣ ਤੋਂ ਬਾਅਦ ਮਿਲਦਾ ਹੈ। ਉਨ੍ਹਾਂ ਕਿਹਾ ਕਿ ਚੋਣਾਂ ਸਮੇਂ ਸਰਕਾਰ ਨੇ ਘੱਟੋ-ਘੱਟ ਡੀ.ਸੀ. ਰੇਟ ਤਨਖਾਹ ਦੇਣ ਦਾ ਵਾਅਦਾ ਕੀਤਾ ਸੀ, ਪਰ ਸਰਕਾਰ ਹੁਣ ਮੀਟਿੰਗਾਂ ਦਾ ਸਮਾਂ ਦੇ ਕੇ ਮੰਗਾਂ ਤੋਂ ਭੱਜ ਰਹੀ ਹੈ। ਉਨ੍ਹਾਂ ਐਲਾਨ ਕੀਤਾ ਕਿ 1680/222 ਚੰਡੀਗੜ੍ਹ ਦੇ ਸੱਦੇ 'ਤੇ 24 ਸਤੰਬਰ ਨੂੰ ਪੂਰੇ ਪੰਜਾਬ ਦੀਆਂ ਵਰਕਰਾਂ ਇਕੱਠੀਆਂ ਹੋ ਕੇ ਸਤੌਜ ਵਿਖੇ ਧਰਨਾ ਦੇਣਗੀਆਂ, ਜਿਸ ਵਿੱਚ ਫ਼ਿਰੋਜ਼ਪੁਰ ਜ਼ਿਲ੍ਹੇ ਤੋਂ ਵੀ ਲਗਭਗ 100 ਆਸ਼ਾ ਵਰਕਰਾਂ ਰਵਾਨਾ ਹੋਣਗੀਆਂ। ਜੇਕਰ ਫਿਰ ਵੀ ਮੰਗਾਂ ਨਾ ਮੰਨੀਆਂ ਗਈਆਂ ਤਾਂ ਮੁਕੰਮਲ ਕੰਮ ਛੱਡ ਹੜਤਾਲ ਕੀਤੀ ਜਾਵੇਗੀ ਤੇ ਆਉਣ ਵਾਲੀਆਂ ਚੋਣਾਂ ਵਿੱਚ 'ਆਪ' ਮੰਤਰੀਆਂ ਦਾ ਵਿਰੋਧ ਕੀਤਾ ਜਾਵੇਗਾ। ਪੈਰਾ ਮੈਡੀਕਲ ਸਿਹਤ ਕਰਮਚਾਰੀ ਪੰਜਾਬ ਦੇ ਪ੍ਰਧਾਨ ਨਰਿੰਦਰ ਸ਼ਰਮਾ ਨੇ ਮੰਗਾਂ ਦਾ ਸਮਰਥਨ ਕਰਦਿਆਂ ਕਿਹਾ ਕਿ ਸਰਕਾਰ ਨੇ ਪੂਰੇ ਮੁਲਾਜ਼ਮ ਵਰਗ ਨਾਲ ਧੋਖਾ ਕੀਤਾ ਹੈ। ਇਸ ਮੌਕੇ ਸੁਨੀਤਾ, ਲਕਸ਼ਮੀ, ਉਰਮਿਲਾ, ਅਬੀਮਲਾ, ਬਲਜੀਤ, ਮੰਜੂ ਸਮੇਤ ਵੱਡੀ ਗਿਣਤੀ 'ਚ ਆਸ਼ਾ ਵਰਕਰਾਂ ਹਾਜ਼ਰ ਸਨ।



## ਕਾਤਰਾਂ

### ਵਿਧਾਇਕ ਦੇ ਘਰ ਦਾ ਘਿਰਾਓ ਭਲਕੇ

**ਬੁਢਲਾਡਾ (ਅਸ਼ੋਕ ਲਾਕੜਾ)**-ਪੈਨਸ਼ਨਰਜ਼ ਤੇ ਮੁਲਾਜ਼ਮ ਸਾਂਝਾ ਫਰੰਟ ਦੀ ਮੀਟਿੰਗ ਪੈਨਸ਼ਨ ਭਵਨ ਬੁਢਲਾਡਾ ਵਿਖੇ ਪ੍ਰਗਟ ਸਿੰਘ ਚਹਿਲ ਪ੍ਰਧਾਨ ਪੈਨਸ਼ਨ ਐਸੋਸੀਏਸ਼ਨ ਬੁਢਲਾਡਾ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਵੱਖ ਵੱਖ ਬੁਲਾਰਿਆਂ ਨੇ ਸਰਕਾਰ ਦੀਆਂ ਪੈਨਸ਼ਨਰਜ਼ ਤੇ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨਾ ਮੰਨਣ ਨੂੰ ਲੈ ਕੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਅਤੇ ਰੋਹ ਦੇਖਣ ਨੂੰ ਮਿਲ ਰਿਹਾ ਹੈ।ਮੀਟਿੰਗ ਦੌਰਾਨ ਸਰਬਸਮਤੀ ਨਾਲ ਮਤਾ ਪਾਸ ਕੀਤਾ ਗਿਆ ਕਿ ਸੂਬਾਈ ਲੀਡਰਸ਼ਿਪ ਦੇ ਸੱਦੇ 'ਤੇ 20 ਸਤੰਬਰ ਨੂੰ ਹਲਕਾ ਬੁਢਲਾਡਾ ਦੇ ਵਿਧਾਇਕ ਦੇ ਘਰ ਦਾ ਸਵੇਰੇ 9 ਵਜੇ ਘਿਰਾਓ ਕਰਕੇ ਰੋਸ ਧਰਨਾ ਦਿੱਤਾ ਜਾਵੇਗਾ।ਇਸ ਸਮੇਂ ਗੁਰਚਰਨ ਸਿੰਘ ਮਾਨ, ਨਰੇਸ਼ ਕਾਂਸਲ, ਜਗਸੀਰ ਸਿੰਘ ਰਾਏਕੇ, ਰਘੂ ਨਾਥ ਸਿੰਗਲਾ, ਮਿੱਤ ਸਿੰਘ, ਗੁਰਜੰਟ ਸਿੰਘ ਵੀਰੋਕੇ ਜਰਨੈਲ ਸਿੰਘ, ਜੋਗਿੰਦਰ ਸਿੰਘ ਬਰੇ, ਗੁਰਲਾਲ ਸਿੰਘ, ਲਖਵੀਰ ਸਿੰਘ, ਮੋਹਨ ਪਾਲ ਸਿੰਘ, ਜਸ਼ਨ ਗਰਗ, ਪ੍ਰੀਤਮ ਸਿੰਘ, ਭਗਵਾਨ ਸਿੰਘ ਆਦਿ ਹਾਜ਼ਰ ਸਨ।

### ਗੁਰਦਿਆਲ ਨਿਰਮਾਣ ਦਾ ਸਨਮਾਨ ਭਲਕੇ

**ਧੂਰੀ (ਮਨੋਹਰ ਸਿੰਘ ਸੱਗੂ)**-ਪੰਜਾਬੀ ਸਾਹਿਤ ਸਭਾ (ਰਜਿ:) ਧੂਰੀ ਵੱਲੋਂ ਮਹੀਨਾਵਾਰ ਸਾਹਿਤਕ ਸਮਾਗਮ 20 ਸਤੰਬਰ ਨੂੰ ਸਵੇਰੇ 10 ਵਜੇ ਡਾ. ਰਾਮ ਸਿੰਘ ਸਿੱਧੂ ਯਾਦਗਾਰੀ ਸਾਹਿਤ ਭਵਨ ਵਿਖੇ ਕਰਵਾਇਆ ਜਾ ਰਿਹਾ ਹੈ।ਇਸ ਮੌਕੇ ਸਭਾ ਦੇ ਬਾਨੀ ਮੈਂਬਰ ਤੇ ਮੁੱਖ ਸਲਾਹਕਾਰ ਲੋਕ ਗਾਇਕ ਗੁਰਦਿਆਲ ਨਿਰਮਾਣ ਧੂਰੀ ਨੂੰ ਸਾਹਿਤ ਤੇ ਪੰਜਾਬੀ ਗੀਤ-ਸੰਗੀਤ ਦੇ ਖੇਤਰ ਵਿੱਚ ਜੀਵਨ ਭਰ ਦੀਆਂ ਪ੍ਰਾਪਤੀਆਂ ਲਈ ਪਹਿਲੇ ਮਰਹੂਮ ਕ੍ਰਿਸ਼ਨ ਗੋਪਾਲ ਭੰਡਾਰੀ ਯਾਦਗਾਰੀ ਐਵਾਰਡ ਨਾਲ ਸਨਮਾਨਤ ਕੀਤਾ ਜਾਵੇਗਾ।ਇਹ ਸਨਮਾਨ ਸਵ. ਭੰਡਾਰੀ ਦੇ ਸਪੁੱਤਰ ਅਸ਼ੋਕ ਭੰਡਾਰੀ ਤੇ ਪਰਵਾਰ ਵੱਲੋਂ ਸਭਾ ਦੇ ਸਹਿਯੋਗ ਨਾਲ ਦਿੱਤਾ ਜਾਵੇਗਾ।ਸਮਾਗਮ ਦੌਰਾਨ ਕਵਿਤਾ ਸਿਖਲਾਈ ਸਕੂਲ ਦਾ ਨੌਵਾਂ ਪਾਠ, ਕਵੀ ਦਰਬਾਰ, ਸਤੰਬਰ ਮਹੀਨੇ ਵਿੱਚ ਜਨਮੇ ਮੈਂਬਰਾਂ ਦੇ ਜਨਮ ਦਿਨ ਮਨਾਉਣ ਤੋਂ ਇਲਾਵਾ ਭਖਦੇ ਮਸਲਿਆਂ 'ਤੇ ਸਾਹਿਤਕ ਵਿਚਾਰ-ਚਰਚਾ ਵੀ ਹੋਵੇਗੀ।ਸਭਾ ਦੇ ਪ੍ਰਧਾਨ ਮੂਲ ਚੰਦ ਸ਼ਰਮਾ ਤੇ ਜਨਰਲ ਸਕੱਤਰ ਚਰਨਜੀਤ ਸਿੰਘ ਮੀਮਸਾ ਨੇ ਸਾਹਿਤ ਤੇ ਸੰਗੀਤ ਪ੍ਰੇਮੀਆਂ ਨੂੰ ਸਮਾਗਮ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ।

### ਰੇਲਵੇ ਪੁਲਸ ਨੂੰ ਨੌਜਵਾਨ ਦੀ ਲਾਸ਼ ਮਿਲੀ

**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਰੇਲਵੇ ਪੁਲਿਸ ਧੂਰੀ ਵੱਲੋਂ ਧੂਰੀ-ਅੰਬਾਲਾ ਰੇਲਵੇ ਲਾਈਨ 'ਤੇ ਦੋਹਲਾ ਰੇਲ ਫਾਟਕਾਂ ਨੇੜਿਓਂ 30 ਸਾਲਾ ਨੌਜਵਾਨ ਦੀ ਲਾਸ਼ ਬਰਾਮਦ ਕੀਤੀ ਗਈ ਹੈ। ਮ੍ਰਿਤਕ ਦੀ ਪਛਾਣ ਪਿੰਡ ਦੋਹਲਾ ਵਾਸੀ ਸਤਿਗੁਰ ਸਿੰਘ ਵਜੋਂ ਹੋਈ ਹੈ।ਜਾਣਕਾਰੀ ਅਨੁਸਾਰ ਸਤਿਗੁਰ ਸਿੰਘ 15 ਸਤੰਬਰ ਨੂੰ ਸਵੇਰੇ ਘਰੋਂ ਇਹ ਕਹਿ ਕੇ ਗਿਆ ਸੀ ਕਿ ਉਹ ਕੰਮ 'ਤੇ ਜਾ ਰਿਹਾ ਹੈ, ਪਰ ਉਸ ਤੋਂ ਬਾਅਦ ਉਹ ਘਰ ਵਾਪਸ ਨਹੀਂ ਪਰਤਿਆ। ਰੇਲਵੇ ਪੁਲਿਸ ਚੌਕੀ ਧੂਰੀ ਦੇ ਮੁਲਾਜ਼ਮ ਅਨਿਲ ਕੁਮਾਰ ਨੇ ਲਾਸ਼ ਮਿਲਣ ਦੀ ਪੁਸ਼ਟੀ ਕਰਦਿਆਂ ਦੱਸਿਆ ਕਿ ਮ੍ਰਿਤਕ ਦੇ ਪਿਤਾ ਪਰਮਜੀਤ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

# ਦਸਮੇਸ਼ ਕਾਨਵੈਂਟ ਸਕੂਲ ਦੇ ਕੁਸ਼ਤੀ ਖਿਡਾਰੀਆਂ ਨੇ ਸੋਨ ਤਮਗੇ ਜਿੱਤੇ

## ਖੁਸ਼ਤਿੰਦਰ ਤੇ ਸੁਰੇਸ਼ ਦੀ ਸਟੇਟ ਪੱਧਰੀ ਮੁਕਾਬਲਿਆਂ ਲਈ ਹੋਈ ਚੋਣ



**ਸਰਦੂਲਗੜ੍ਹ (ਅਵਤਾਰ ਜਟਾਣਾ)**-ਦਸਮੇਸ਼ ਕਾਨਵੈਂਟ ਸੀਨੀ: ਸੈਕੰਡਰੀ ਸਕੂਲ ਸਰਦੂਲਗੜ੍ਹ ਦੇ ਖਿਡਾਰੀਆਂ ਨੇ 70ਵੀਆਂ ਜ਼ਿਲ੍ਹਾ ਪੱਧਰੀ ਕੁਸ਼ਤੀ ਖੇਡਾਂ, ਜੋ ਕਿ ਬੁਢਲਾਡਾ ਵਿਖੇ ਹੋਈਆਂ, ਵਿੱਚ ਸਕੂਲ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਅੰਡਰ-17 ਲੜਕਿਆਂ ਨੇ ਭਾਗ ਲਿਆ। ਇਸ ਵਿੱਚ ਕੁਸ਼ਤੀ ਮੁਕਾਬਲਿਆਂ ਵਿੱਚ ਦਸਮੇਸ਼ ਕਾਨਵੈਂਟ ਸੀਨੀ. ਸੈਕੰ. ਸਕੂਲ ਦੇ ਕੁਸ਼ਤੀ ਖਿਡਾਰੀ ਖੁਸ਼ਤਿੰਦਰ ਸਿੰਘ ਸਪੁੱਤਰ ਸਰਪੰਚ ਜਰਮਲ ਸਿੰਘ ਝੰਡਾ ਖੁਰਦ ਤੇ ਸੁਰੇਸ਼ ਕੁਮਾਰ ਸਪੁੱਤਰ ਸ੍ਰੀ ਦੀਵਾਨ ਚੰਦ ਖੈਰਾ ਖੁਰਦ ਨੇ ਫਾਇਨਲ ਮੁਕਾਬਲਿਆਂ ਵਿੱਚ ਜ਼ਿਲ੍ਹੇ ਵਿੱਚੋਂ ਪਹਿਲੇ ਸਥਾਨ 'ਤੇ ਰਹਿੰਦਿਆਂ 2 ਸੋਨ ਤਮਗੇ ਜਿੱਤੇ। ਇਸ ਤਰ੍ਹਾਂ ਕੁਸ਼ਤੀ ਦੇ ਮੁਕਾਬਲਿਆਂ ਵਿੱਚੋਂ ਇਨ੍ਹਾਂ ਦੋਨਾਂ ਖਿਡਾਰੀਆਂ ਦੀ ਸਟੇਟ ਪੱਧਰ 'ਤੇ ਚੋਣ ਹੋਈ। ਇਸ ਮੌਕੇ ਪ੍ਰਿੰਸੀਪਲ ਭੁਪਿੰਦਰ ਸਿੰਘ ਸੰਧੂ ਨੇ ਟੀਮ ਕੋਚ ਗੁਰਜੀਤ ਸਿੰਘ, ਮਨਦੀਪ ਸਿੰਘ ਤੇ ਖਿਡਾਰੀਆਂ ਨੂੰ ਵਧਾਈਆਂ ਦਿੰਦਿਆਂ ਸਟੇਟ ਵਿੱਚੋਂ ਵੀ ਵਧੀਆ ਕਾਰਗੁਜ਼ਾਰੀ ਦਿਖਾਉਣ ਲਈ ਪ੍ਰੇਰਿਤ ਕੀਤਾ।

### ਨਸ਼ਾ ਮੁਕਤ ਪੰਜਾਬ ਯਾਤਰਾ 22 ਨੂੰ ਮੁਕਤਸਰ 'ਚ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-'ਭਾਜਪਾ ਦਾ ਨਾਅਰਾ ਨਸ਼ਾ ਮੁਕਾਉਣਾ ਸਾਰਾ' ਮੁਹਿੰਮ ਤਹਿਤ ਕੱਢੀ ਜਾ ਰਹੀ ਨਸ਼ਾ ਮੁਕਤ ਪੰਜਾਬ ਯਾਤਰਾ 22 ਸਤੰਬਰ ਨੂੰ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ 'ਚ ਦਾਖਲ ਹੋਵੇਗੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰੈੱਸ ਸਕੱਤਰ ਅਜੈ ਕੁੱਛਲ ਨੇ ਦੱਸਿਆ ਕਿ ਭਾਜਪਾ ਵੱਲੋਂ ਨਸ਼ਾ ਮੁਕਤ ਪੰਜਾਬ ਮੁਹਿੰਮ ਤਹਿਤ ਕੱਢੀ ਜਾ ਰਹੀ ਇਸ ਯਾਤਰਾ ਦਾ 22 ਸਤੰਬਰ ਨੂੰ ਪਿੰਡ ਲੱਧੂਵਾਲਾ ਨਹਿਰਾਂ ਕੋਲ ਜ਼ੋਰਦਾਰ ਸਵਾਗਤ ਹੋਵੇਗਾ।ਇਹ ਯਾਤਰਾ 22 ਤੇ 23 ਸਤੰਬਰ ਨੂੰ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਭੰਗੇਵਾਲਾ ਤੇ ਅਰਜਨ ਰਾਮ ਮੇਘਵਾਲ ਦੀ ਅਗਵਾਈ ਵਿੱਚ ਜ਼ਿਲ੍ਹੇ 'ਚ ਵੱਖ-ਵੱਖ ਪਿੰਡਾਂ 'ਚ ਰਹੇਗੀ ਤੇ ਲੋਕਾਂ ਨੂੰ ਨਸ਼ਾ ਮੁਕਤ ਪੰਜਾਬ ਬਣਾਉਣ ਦਾ ਸੁਨੇਹਾ ਦੇਵੇਗੀ।

# ਫਾਜ਼ਿਲਕਾ ਦੇ ਪ੍ਰਾਈਵੇਟ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਫਾਜ਼ਿਲਕਾ ਜ਼ਿਲ੍ਹੇ ਦੇ ਕੁਝ ਨਿੱਜੀ ਸਕੂਲਾਂ ਨੂੰ ਬੰਬ ਨਾਲ ਉਡਾਉਣ ਸਬੰਧੀ ਧਮਕੀ ਭਰੀਆਂ ਈਮੇਲਾਂ ਪ੍ਰਾਪਤ ਹੋਈਆਂ ਹਨ।ਇਨ੍ਹਾਂ ਈਮੇਲਾਂ ਵਿੱਚ ਸਕੂਲਾਂ ਵਿੱਚ ਧਮਾਕੇ ਕਰਨ ਦੀਆਂ ਧਮਕੀਆਂ ਦਿੱਤੀਆਂ ਗਈਆਂ ਹਨ ਤੇ ਇਹ ਈਮੇਲਾਂ ਬੱਬਰ ਖ਼ਾਲਸਾ ਅਤੇ ਖ਼ਾਲਿਸਤਾਨ ਨੈਸ਼ਨਲ ਆਰਮੀ ਦੇ ਨਾਮ ਤੋਂ ਭੇਜੀਆਂ ਗਈਆਂ ਹਨ।ਫਾਜ਼ਿਲਕਾ ਪੁਲਸ ਵੱਲੋਂ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਜ਼ਿਲ੍ਹੇ ਦੇ ਸਾਰੇ ਸਕੂਲਾਂ ਨੂੰ ਅਲਰਟ ਕੀਤਾ ਗਿਆ ਹੈ।ਸੁਰੱਖਿਆ ਪ੍ਰਬੰਧਾਂ ਨੂੰ ਮਜ਼ਬੂਤ ?ਕਰਨ ਦੇ ਨਾਲ-ਨਾਲ ਸਬੰਧਤ ਏਜੰਸੀਆਂ ਦੇ ਤਾਲਮੇਲ ਨਾਲ ਲੋੜੀਂਦੀ ਵੈਰੀਫਿਕੇਸ਼ਨ ਤੇ ਜਾਂਚ ਕੀਤੀ ਜਾ ਰਹੀ ਹੈ। ਫਾਜ਼ਿਲਕਾ ਪੁਲਸ ਵੱਲੋਂ ਸਕੂਲਾਂ ਦੀ ਸੁਰੱਖਿਆ ਤੇ ਜਨਤਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਲੋੜੀਂਦੇ ਕਦਮ ਚੁੱਕੇ ਜਾ ਰਹੇ ਹਨ।ਫਾਜ਼ਿਲਕਾ ਪੁਲਸ ਵੱਲੋਂ ਜ਼ਿਲ੍ਹੇ ਭਰ ਵਿੱਚ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਹਨ ਅਤੇ ਵੈਰੀਫਿਕੇਸ਼ਨ ਤੇ ਜਾਂਚ ਜਾਰੀ ਹੈ। ਐੱਸ ਐੱਸ ਪੀ ਫਾਜ਼ਿਲਕਾ ਗਗਨ ਅਜੀਤ ਸਿੰਘ ਨੇ ਲੋਕਾਂ ਨੂੰ ਸ਼ਾਂਤੀ ਬਣਾਈ ਰੱਖਣ ਦੀ ਅਪੀਲ ਕੀਤੀ ਤੇ ਕਿਹਾ ਕਿ ਇਸ ਤਰ੍ਹਾਂ 'ਤੇ ਭਰੋਸਾ ਨਾ ਕਰੋ ਅਤੇ ਜੇਕਰ ਤੁਹਾਨੂੰ ਕਿਸੇ ਤਰ੍ਹਾਂ ਦੀ ਕੋਈ ਮੇਲ ਆਉਂਦੀ ਹੈ ਤਾਂ 112 ਨੰਬਰ 'ਤੇ ਤੁਰੰਤ ਸੂਚਿਤ ਕਰੋ।

# ਸ਼੍ਰੋਮਣੀ ਅਕਾਲੀ ਦਲ ਵੱਲੋਂ ਇਸਤਰੀ ਵਿੰਗ ਦੇ ਸਰਕਲ ਪ੍ਰਧਾਨਾਂ ਦੀ ਨਿਯੁਕਤੀ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸ਼੍ਰੋਮਣੀ ਅਕਾਲੀ ਦਲ ਨੇ ਹਲਕਾ ਰਾਮਪੁਰਾ ਫੂਲ 'ਚ ਜਥੇਬੰਦੀ ਦਾ ਵਿਸਥਾਰ ਕਰਦਿਆਂ ਪਾਰਟੀ ਦੇ ਇਸਤਰੀ ਵਿੰਗ ਦੇ ਸਰਕਲ ਪ੍ਰਧਾਨਾਂ ਦੀ ਨਿਯੁਕਤੀ ਕੀਤੀ ਗਈ ਹੈ। ਪਾਰਟੀ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਸਾਬਕਾ ਪੰਚਾਇਤ ਮੰਤਰੀ ਸਿਕੰਦਰ ਸਿੰਘ ਮਲੂਕਾ ਦੀ ਅਗਵਾਈ 'ਚ ਜਾਰੀ ਕੀਤੀ ਗਈ ਸੂਚੀ ਅਨੁਸਾਰ ਮਹਿੰਦਰਜੀਤ ਕੌਰ ਪਤਨੀ ਗੁਰਤੇਜ ਸਿੰਘ ਨੂੰ ਰਾਮਪੁਰਾ ਸ਼ਹਿਰ, ਸਿਮਰਨ ਉਰਫ ਪਿੰਕੀ ਵਾਲੀਆ ਨੂੰ ਨਾਭਾ ਮੰਡੀ ਰਾਮਪੁਰਾ, ਸੋਨੀਆ ਪਤਨੀ ਠਾਕੁਰ ਦਾਸ ਨੂੰ ਪਟਿਆਲਾ ਮੰਡੀ ਰਾਮਪੁਰਾ, ਸਰਬਜੀਤ ਕੌਰ ਪਤਨੀ ਸੁਖਦੇਵ ਸਿੰਘ ਨੂੰ ਮਹਿਰਾਜ, ਹਰਪਾਲ ਕੌਰ ਪਤਨੀ ਭੋਲਾ ਸਿੰਘ ਨੂੰ ਰਾਈਆ, ਚਰਨਜੀਤ ਕੌਰ ਪਤਨੀ ਕਰਮਜੀਤ ਸਿੰਘ ਫੂਲੇਵਾਲਾ ਨੂੰ ਢਪਾਲੀ, ਮਨਜੀਤ ਕੌਰ ਮੈਂਬਰ ਬਲਾਕ ਸੰਮਤੀ ਪਤਨੀ ਜਗਸੀਰ ਸਿੰਘ ਦੁੱਲੇਵਾਲਾ ਨੂੰ ਭਾਈਰੂਪਾ, ਗੁਰਮੀਤ ਕੌਰ ਪਤਨੀ ਗੁਰਜੀਤ ਸਿੰਘ ਨੂੰ ਦਿਆਲਪੁਰਾ ਭਾਈਕਾ, ਸੰਦੀਪ ਕੌਰ ਪਤਨੀ ਰਾਜਾ ਸਿੰਘ ਭੋਡੀਪੁਰਾ ਨੂੰ ਜਲਾਲ, ਪਰਮਜੀਤ ਕੌਰ ਬਰਾੜ ਪਤਨੀ ਰਾਜਵਿੰਦਰ ਸਿੰਘ ਬਰਾੜ ਨੂੰ ਭਗਤਾ ਭਾਈਕਾ ਤੇ ਕਰਮਜੀਤ ਕੌਰ ਪਤਨੀ ਦਰਸ਼ਨ ਸਿੰਘ ਮਲੂਕਾ ਨੂੰ ਕੋਠਾ ਗੁਰੂ ਦਾ ਸਰਕਲ ਪ੍ਰਧਾਨ ਨਿਯੁਕਤ ਕੀਤਾ ਗਿਆ।

ਸਿਕੰਦਰ ਸਿੰਘ ਮਲੂਕਾ ਨੇ ਨਵਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੱਤੀ ਮਲੂਕਾ ਨੇ ਕਿਹਾ ਕੇ ਸ਼੍ਰੋਮਣੀ ਅਕਾਲੀ ਦਲ ਔਰਤਾਂ ਨੂੰ ਸੱਤਾ 'ਚ ਬਰਾਬਰੀ ਦਾ ਹਿੱਸਾ ਦੇਣ ਵਾਲੀ ਦੇਸ਼ ਦੀ ਸਭ ਤੋਂ ਪਹਿਲੀ ਪਾਰਟੀ ਹੈ, ਜਿਨ੍ਹਾਂ ਸਮਿਆਂ 'ਚ ਦੁਨੀਆ ਦੇ ਕਿਸੇ ਵੀ ਦੇਸ਼ 'ਚ ਔਰਤਾਂ ਨੂੰ ਵੋਟ ਪਾਉਣ ਦਾ ਅਧਿਕਾਰ ਨਹੀਂ ਸੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕੀ ਕਮੇਟੀ ਨੇ ਔਰਤਾਂ ਨੂੰ ਵੋਟ ਪਾਉਣ ਦਾ ਅਧਿਕਾਰ ਦਿੱਤਾ, ਜੋ ਆਪਣੇ ਆਪ 'ਚ ਇਤਿਹਾਸਿਕ ਫੈਸਲਾ ਸੀ। ਸ਼੍ਰੋਮਣੀ ਅਕਾਲੀ ਦਲ ਨੇ ਸਿਆਸੀ ਖੇਤਰ ਚ ਵੀ ਔਰਤਾਂ ਨੂੰ ਹਮੇਸ਼ਾ ਵੱਧ ਤੋਂ ਵੱਧ ਹਿੱਸੇਦਾਰੀ ਦੀ ਪੈਰਵਾਈ ਕੀਤੀ। ਇਸ ਮੌਕੇ ਨਵਨਿਯੁਕਤ ਅਹੁਦੇਦਾਰਾਂ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਲੋਕ ਸਭਾ ਮੈਂਬਰ ਬੀਬਾ ਹਰਸਿਮਰਤ ਕੌਰ ਬਾਦਲ ਤੇ ਸਿਕੰਦਰ ਸਿੰਘ ਮਲੂਕਾ ਦਾ ਅਹਿਮ ਨਿਯੁਕਤੀ ਲਈ ਧੰਨਵਾਦ ਕੀਤਾ।

# ਕਾਰ 'ਚੋਂ 144 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ, ਚਾਲਕ ਫ਼ਰਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੁਲਸ ਵੱਲੋਂ ਸਰਹਿੰਦ ਵਿਖੇ ਰੋਕੀ ਗਈ ਇੱਕ ਕਾਰ ਵਿੱਚੋਂ ਸ਼ਰਾਬ ਦੀਆਂ 144 ਬੋਤਲਾਂ ਬਰਾਮਦ ਹੋਣ ਦੀ ਸੂਚਨਾ ਹੈ, ਜਦੋਂ ਕਿ ਉਕਤ ਕਾਰ ਦਾ ਡਰਾਈਵਰ ਮੌਕੇ ਤੋਂ ਫ਼ਰਾਰ ਦੱਸਿਆ ਜਾ ਰਿਹਾ ਹੈ।ਪ੍ਰਾਪਤ ਵੇਰਵਿਆਂ ਅਨੁਸਾਰ ਸੀ.ਆਈ.ਏ. ਸਟਾਫ਼ ਸਰਹਿੰਦ ਦੀ ਪੁਲਸ ਨੂੰ ਮੁਖ਼ਬਰੀ ਮਿਲੀ ਸੀ ਕਿ ਦਵਿੰਦਰ ਕੁਮਾਰ ਵਾਸੀ ਪਿੰਡ ਕੁੰਡਲ (ਫ਼ਾਜ਼ਿਲਕਾ) ਚੰਡੀਗੜ੍ਹ ਤੋਂ ਸਸਤੇ ਭਾਅ 'ਤੇ ਖਰੀਦੀ ਸ਼ਰਾਬ ਕਾਰ ਨੰਬਰ ਐੱਚ.ਆਰ.29- ਏ.ਜੀ.-5101 ਵਿੱਚ ਲੱਦ ਕੇ ਸਰਹਿੰਦ ਇਲਾਕੇ ਦੇ ਗਾਹਕਾਂ ਨੂੰ ਸਪਲਾਈ ਕਰਨ ਆ ਰਿਹਾ ਹੈ, ਜਿਸ 'ਤੇ ਸੀ.ਆਈ.ਏ. ਸਟਾਫ਼ ਦੀ ਟੀਮ ਨੇ ਨਾਕਾਬੰਦੀ ਕਰਦਿਆਂ ਉਕਤ ਕਾਰ ਨੂੰ ਕਾਬੂ ਕੀਤਾ ਤਾਂ ਕਾਰ ਦਾ ਡਰਾਈਵਰ ਕਾਰ ਨੂੰ ਛੱਡ ਕੇ ਮੌਕੇ ਤੋਂ ਭੱਜਣ ਵਿੱਚ ਸਫਲ ਹੋ ਗਿਆ।ਤਲਾਸ਼ੀ ਦੌਰਾਨ ਕਾਰ ਵਿੱਚੋਂ ਚੰਡੀਗੜ੍ਹ 'ਚ ਵਿਕਣਯੋਗ ਸ਼ਰਾਬ ਦੀਆਂ 144 ਬੋਤਲਾਂ ਬਰਾਮਦ ਹੋਈਆਂ।ਦਵਿੰਦਰ ਕੁਮਾਰ ਵਿਰੁੱਧ ਥਾਣਾ ਸਰਹਿੰਦ ਵਿਖੇ ਆਬਕਾਰੀ ਐਕਟ ਤਹਿਤ ਮੁਕੱਦਮਾ ਦਰਜ ਕਰਵਾ ਕੇ ਸੀ.ਆਈ.ਏ. ਦੇ ਸਹਾਇਕ ਥਾਣੇਦਾਰ ਸ਼ਮਸ਼ੇਰ ਸਿੰਘ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

### ਹੈਰੋਇਨ ਸਮੇਤ ਵਿਅਕਤੀ ਕਾਬੂ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਫ਼ਤਹਿਗੜ੍ਹ ਸਾਹਿਬ ਪੁਲਸ ਵੱਲੋਂ ਇੱਕ ਵਿਅਕਤੀ ਨੂੰ ਕਾਬੂ ਕਰਕੇ ਉਸ ਕੋਲੋਂ ਹੈਰੋਇਨ ਬਰਾਮਦ ਕੀਤੇ ਜਾਣ ਦੀ ਸੂਚਨਾ ਹੈ।ਪ੍ਰਾਪਤ ਵੇਰਵਿਆਂ ਅਨੁਸਾਰ ਫ਼ਤਹਿਗੜ੍ਹ ਸਾਹਿਬ ਦੇ ਅਦਾਲਤ ਕੰਪਲੈਕਸ ਦੇ ਬਾਹਰ ਪੁਲਸ ਵੱਲੋਂ ਚੈਕਿੰਗ ਕੀਤੀ ਜਾ ਰਹੀ ਸੀ, ਇਸ ਦੌਰਾਨ ਪੁਲਸ ਪਾਰਟੀ ਵੱਲੋਂ ਸ਼ੱਕ ਦੇ ਆਧਾਰ 'ਤੇ ਕਾਬੂ ਕੀਤੇ ਗਏ ਰਾਜਵਿੰਦਰ ਸਿੰਘ ਵਾਸੀ ਪਿੰਡ ਝੰਡੇਕੇ (ਬਠਿੰਡਾ) ਦੀ ਤਲਾਸ਼ੀ ਕੀਤੀ ਤਾਂ ਉਸ ਦੇ ਕਬਜ਼ੇ ਵਿੱਚੋਂ 56 ਗ੍ਰਾਮ ਹੈਰੋਇਨ ਬਰਾਮਦ ਹੋਈ।ਇਸ ਸਬੰਧੀ ਥਾਣਾ ਫ਼ਤਹਿਗੜ੍ਹ ਸਾਹਿਬ ਵਿਖੇ ਦਰਜ ਕਰਵਾਏ ਗਏ ਮੁਕੱਦਮੇ ਵਿੱਚ ਰਾਜਵਿੰਦਰ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਥਾਣਾ ਫ਼ਤਹਿਗੜ੍ਹ ਸਾਹਿਬ ਦੇ ਐੱਸ.ਐੱਚ.ਓ. ਇੰਸਪੈਕਟਰ ਰੁਪਿੰਦਰ ਸਿੰਘ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

# ਬੀ ਐੱਲ ਓ ਯੂਨੀਅਨ ਨੇ ਡੀ ਸੀ ਨੂੰ ਸੌਂਪਿਆ ਮੰਗ ਪੱਤਰ

**ਲੁਧਿਆਣਾ (ਐੱਮ ਐੱਸ ਭਾਟੀਆ)**-ਬੀ.ਐੱਲ.ਓ. ਯੂਨੀਅਨ, ਜ਼ਿਲ੍ਹਾ ਲੁਧਿਆਣਾ ਦੇ ਨੁਮਾਇੰਦਿਆਂ ਵੱਲੋਂ ਡਿਪਟੀ ਕਮਿਸ਼ਨਰ ਲੁਧਿਆਣਾ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ।ਇਸ ਮੀਟਿੰਗ ਦੌਰਾਨ ਯੂਨੀਅਨ ਦੇ ਆਗੂਆਂ ਨੇ ਬੀ.ਐੱਲ.ਓਜ਼ ਨੂੰ ਆ ਰਹੀਆਂ ਵੱਖ-ਵੱਖ ਮੁਸ਼ਕਲਾਂ ਤੇ ਸਮੱਸਿਆਵਾਂ ਬਾਰੇ ਬੜੇ ਵਿਸਥਾਰ ਨਾਲ ਚਰਚਾ ਕੀਤੀ ਤੇ ਇੱਕ ਮੰਗ ਪੱਤਰ ਸੌਂਪਿਆ। ?ਜ਼ਿਲ੍ਹਾ ਪ੍ਰਧਾਨ ਪਰਮਿੰਦਰ ਸਿੰਘ ਕਲੇਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਬੀ ਐੱਲ ਓ ਯੂਨੀਅਨ ਲੁਧਿਆਣਾ ਵੱਲੋਂ ਡਿਪਟੀ ਕਮਿਸ਼ਨਰ ਲੁਧਿਆਣਾ ਹਿਮਾਂਸ਼ੂ ਜੈਨ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿਸ ਵਿੱਚ ਦਰਪੇਸ਼ ਮੁਸ਼ਕਲਾਂ ਬਾਰੇ ਜਾਣੂੰ ਕਰਵਾਇਆ ਗਿਆ।ਇਸ ਮੌਕੇ ਧਰਮਿੰਦਰ ਸਿੰਘ ਜਗਰਾਓਂ, ਗੁਰਮੀਤ ਸਿੰਘ ਜੱਸਲ, ਮਨਪ੍ਰੀਤ ਸਿੰਘ ਲੁਧਿਆਣਾ, ਪਰਮਜੀਤ ਸਿੰਘ ਹਲਕਾ ਸਮਰਾਲਾ, ਬਰਿੰਦਰ ਸਿੰਘ, ਮਨਦੀਪ ਸਿੰਘ ਸ਼ਿੰਗਾਰਾ ਸਿੰਘ ਹਲਕਾ ਰਾਏਕੋਟ, ਗੁਰਦੀਪ ਸਿੰਘ ਹਲਕਾ ਲੁਧਿਆਣਾ ਤੇ ਮੀਨੂ ਮੈਡਮ ਲੁਧਿਆਣਾ ਤੋਂ ਆਗੂ ਹਾਜ਼ਰ ਸਨ। ?ਯੂਨੀਅਨ ਆਗੂਆਂ ਨੇ ਉਮੀਦ ਪ੍ਰਗਟਾਈ ਕਿ ਪ੍ਰਸ਼ਾਸਨ ਬੀ.ਐੱਲ.ਓਜ਼ ਨੂੰ ਆ ਰਹੀਆਂ ਇਨ੍ਹਾਂ ਗੰਭੀਰ ਸਮੱਸਿਆਵਾਂ ਵੱਲ ਤੁਰੰਤ ਧਿਆਨ ਦਿੰਦਿਆਂ ਜਲਦੀ ਤੋਂ ਜਲਦੀ ਨਿਪਟਾਰਾ ਕਰੇਗਾ।

# ਖੁੱਡੀਆਂ ਨੇ ਖੇਡ ਮੈਦਾਨ ਦਾ ਕੀਤਾ ਉਦਘਾਟਨ



**ਲੰਬੀ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਪਿੰਡਾਂ ਵਿੱਚ ਹਰ ਤਰ੍ਹਾਂ ਦੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਅਤੇ ਪਿੰਡਾਂ ਦੇ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ। ਇਹ ਪ੍ਰਗਟਾਵਾ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਹਲਕੇ ਦੇ ਪਿੰਡ ਸਹਿਣਾ ਖੇੜਾ ਵਿਖੇ 24.86 ਲੱਖ ਰੁਪਏ ਦੀ ਲਾਗਤ ਨਾਲ ਬਣਾਏ ਗਏ ਖੇਡ ਗਰਾਊਂਡ ਦਾ ਉਦਘਾਟਨ ਕਰਨ ਮੌਕੇ ਕੀਤਾ।ਇਸ ਮੌਕੇ ਕੈਬਨਿਟ ਮੰਤਰੀ ਸ. ਖੁੱਡੀਆਂ ਨੇ ਕਿਹਾ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਪਿੰਡਾਂ ਵਿੱਚ ਖੇਡ ਗਰਾਊਂਡ ਬਣਾਉਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ ਅਤੇ ਸਰਕਾਰ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਵੱਧ ਤੋਂ ਵੱਧ ਖੇਡਾਂ ਨਾਲ ਜੋੜਨਾ ਹੈ ਤਾਂ ਜੋ ਉਹ ਨਸ਼ਿਆਂ ਵਰਗੀਆਂ ਬਿਮਾਰੀਆਂ ਤੋਂ ਦੂਰ ਰਹਿ ਸਕਣ। ਇਸ ਮੌਕੇ ਉਨ੍ਹਾਂ ਵੱਲੋਂ ਖਿਡਾਰੀਆਂ ਨੂੰ ਖੇਡ ਕਿੱਟਾਂ ਦੀ ਵੀ ਵੰਡ ਕੀਤੀ ਗਈ। ਇਸ ਮੌਕੇ ਕੈਬਨਿਟ ਮੰਤਰੀ ਵੱਲੋਂ ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਨੂੰ ਸੁਣਿਆ ਗਿਆ ਅਤੇ ਮੌਕੇ 'ਤੇ ਸਬੰਧਤ ਅਧਿਕਾਰੀਆਂ ਨੂੰ ਸਮੱਸਿਆਵਾਂ ਦੇ ਹੱਲ ਲਈ ਦਿਸ਼ਾ ਨਿਰਦੇਸ਼ ਜਾਰੀ ਕੀਤੇ। ਇਸ ਮੌਕੇ ਚੇਅਰਮੈਨ ਗੁਰਬਾਜ ਬਣਵਾਲਾ, ਚੇਅਰਮੈਨ ਰਸ਼ਪਾਲ ਖੁੱਡੀਆਂ, ਸਰਪੰਚ ਖੁਸ਼ਵੀਰ ਮਾਨ, ਸਾਬਕਾ ਸਰਪੰਚ ਜਸਵਿੰਦਰ ਭਾਗੂ, ਡਾ. ਗੁਰਲਾਲ ਮਾਨ, ਤੇਜਾ ਸਿੰਘ ਭੀਟੀਵਾਲਾ, ਅਰਸ਼ਦੀਪ ਧਾਲੀਵਾਲ, ਬਲਾਕ ਪ੍ਰਧਾਨ ਹਰਕੇਵਲ ਧਾਲੀਵਾਲ, ਬਲਾਕ ਪ੍ਰਧਾਨ ਚੰਨਾ ਮਾਨ, ਸਰਪੰਚ ਪਿੰਦਰ ਸਿੱਧੂ, ਸ. ਬਲਵੰਤ ਸਿੰਘ ਮਾਨ, ਰਣਧੀਰ ਸਿੰਘ ਮਾਨ, ਹਰਦੀਪ ਮਾਨ, ਲਖਵੀਰ ਸਿੰਘ ਵਰਣ, ਸੁਖਜਿੰਦਰ ਸਿੰਘ ਮੈਂਬਰ ਪੰਚਾਇਤ, ਨਿਰਮਾਣ ਸਿੰਘ ਮੈਂਬਰ ਪੰਚਾਇਤ, ਸੁਖਮੰਦਰ ਸਿੰਘ ਮੈਂਬਰ, ਗੁਰਪ੍ਰੀਤ ਸਿੰਘ ਮੈਂਬਰ, ਲਖਵਿੰਦਰ ਮਾਨ, ਵਰਿੰਦਰ ਬਰਾੜ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਇਲੈਕਟਰੋ ਹੋਮਿਓਪੈਥਿਕ ਡਾਕਟਰਾਂ ਦੀ ਸਤੰਬਰ ਮਹੀਨੇ ਦੀ ਹੋਈ ਮੀਟਿੰਗ

## 23 ਤੋਂ ਚੰਬਾ 'ਚ ਹੋਵੇਗਾ ਕੌਮੀ ਪੱਧਰ ਦਾ ਸੈਮੀਨਾਰ : ਡਾ. ਗਿੱਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਇਲੈਕਟਰੋ ਹੋਮਿਓਪੈਥਿਕ ਡਾਕਟਰਜ਼ ਮੈਡੀਕਲ ਐਸੋਸੀਏਸ਼ਨ ਪੰਜਾਬ ਦੀ ਸਤੰਬਰ ਮਹੀਨੇ ਦੀ ਅਹਿਮ ਮੀਟਿੰਗ ਮੋਗਾ ਦੇ ਚੋਖਾ ਅੰਪਾਇਰ ਵਿਖੇ ਹੋਈ।ਇਸ ਮੀਟਿੰਗ ਦੌਰਾਨ ਪੰਜਾਬ, ਹਰਿਆਣਾ ਤੇ ਦਿੱਲੀ ਤੋਂ 100 ਤੋਂ ਵੀ ਵਧੇਰੇ ਡਾਕਟਰਾਂ ਨੇ ਸ਼ਮੂਲੀਅਤ ਕਰਕੇ ਵੱਖ ਵੱਖ ਬਿਮਾਰੀਆਂ ਦੇ ਇਲਾਜ ਸਬੰਧੀ ਵਿਚਾਰਾਂ ਦੀ ਸਾਂਝ ਪਾਈ।ਮੀਟਿੰਗ ਦੀ ਸ਼ੁਰੂਆਤ ਡਾ. ਜਗਜੀਤ ਸਿੰਘ ਗਿੱਲ ਵੱਲੋਂ ਕੀਤੀ ਗਈ।ਉਨ੍ਹਾਂ ਐਸੋਸੀਏਸ਼ਨ ਦੀਆਂ ਪਿਛਲੇ ਮਹੀਨੇ ਦੀਆਂ ਗਤੀਵਿਧੀਆਂ 'ਤੇ ਚਾਨਣਾ ਪਾਇਆ ਤੇ ਇਸ ਮਹੀਨੇ ਚੰਬਾ (ਹਿਮਾਚਲ ਪ੍ਰਦੇਸ਼) ਵਿਖੇ ਹੋਣ ਵਾਲੇ ਕੌਮੀ ਪੱਧਰ ਦੇ ਸੈਮੀਨਾਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜ ਦਿਨਾਂ ਇਹ ਸੈਮੀਨਾਰ 23 ਸਤੰਬਰ ਤੋਂ 27 ਸਤੰਬਰ ਤੱਕ ਹੋ ਰਿਹਾ ਹੈ, ਜਿਸ 'ਚ ਪੂਰੇ ਭਾਰਤ 'ਚੋਂ ਵੱਖ ਵੱਖ ਸਟੇਟਾਂ ਤੋਂ 200 ਤੋਂ ਵੀ ਵਧੇਰੇ ਡਾਕਟਰ ਸ਼ਮੂਲੀਅਤ ਕਰਨਗੇ।

ਮੀਟਿੰਗ ਦੌਰਾਨ ਵੱਖ-ਵੱਖ ਮਾਹਰ ਡਾਕਟਰਾਂ ਨੇ ਇਲੈਕਟਰੋ ਹੋਮਿਓਪੈਥੀ ਤੇ ਹੋਰ ਗੰਭੀਰ ਬਿਮਾਰੀਆਂ ਦੇ ਇਲਾਜ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਡਾ. ਪ੍ਰਮਿੰਦਰ ਪਾਠਕ ਨੇ ਪੌਦਿਆਂ ਵਿੱਚ ਮੌਜੂਦ ਆਦਿ-ਸ਼ਕਤੀ ਬਾਰੇ ਵਿਸਥਾਰ ਵਿੱਚ ਦੱਸਿਆ।ਡਾ. ਅਵਤਾਰ ਸਿੰਘ ਦੇਵਗਨ ਮੋਗਾ ਨੇ ਪੀਲੀਆ ਰੋਗ ਦੇ ਟੈਸਟ ਰਿਪੋਰਟ ਦੀਆਂ ਬਰੀਕੀਆਂ ਬਾਰੇ, ਡਾ. ਜਗਪ੍ਰੀਤ ਸਿੰਘ ਖੋਖਰ ਨੇ ਤੰਤੂ ਨਾੜੀ ਸਿਸਟਮ ਦੇ ਕੰਮਾਂ ਬਾਰੇ, ਡਾ. ਕਿਸ਼ੋਰ ਚੰਦ ਨੇ ਦਿਲ ਦੇ ਰੋਗਾਂ ਤੇ ਦਿਲ ਦੇ ਵੱਖ ਵੱਖ ਭਾਗਾਂ ਦੇ ਕੰਮਾਂ ਦੀ ਜਾਣਕਾਰੀ ਸਾਂਝੀ ਕੀਤੀ।ਇਸ ਸਮੇਂ ਡਾ. ਸੁਰੇਸ਼ ਸ਼ਰਮਾ, ਡਾ. ਵੀਰਪਾਲ ਕੌਰ ਤੇ ਡਾ. ਸੁਰਜੀਤ ਸਿੰਘ ਭੰਗਾਲਾ ਨੇ ਚਮੜੀ ਰੋਗ, ਡਾ. ਪ੍ਰਦੀਪ ਸਿੰਘ ਪਲੇਟਲੈੱਟ ਸਿੱਲਾਂ ਦਾ ਘਟਨਾ, ਡਾ. ਜਸਵਿੰਦਰ ਸਿੰਘ ਗਿੱਲ ਕੈਂਸਰ ਤੇ ਗਠੀਆ, ਡਾ. ਰਾਜੇਸ਼ ਸਿਰਸਾ ਸੂਗਰ, ਡਾ. ਮਨਦੀਪ ਸਿੰਘ ਹਾਰਮੋਨ ਦੇ ਇਲਾਜ ਸਬੰਧੀ ਆਪਣੇ ਸਫ਼ਲ ਤਜਰਬੇ ਸਾਂਝੇ ਕੀਤੇ।ਮੀਟਿੰਗ ਵਿੱਚ ਡਾ. ਸ਼ਮਸ਼ੇਰ ਸਿੰਘ ਸਿੱਧੂ, ਡਾ. ਵਰਿੰਦਰ ਸਿੰਘ, ਡਾ. ਰੋਬਿਨ ਅਰੋੜਾ, ਡਾ. ਜਸਵਿੰਦਰ ਸਿੰਘ ਸਮਾਧ ਭਾਈ, ਡਾ. ਜਗਮੋਹਣ ਸਿੰਘ ਡਾਲਾ, ਡਾ. ਮਨਪ੍ਰੀਤ ਸਿੰਘ ਨਿਹਾਲ ਸਿੰਘ ਵਾਲਾ, ਡਾ. ਕਮਲਜੀਤ ਕੌਰ ਸੇਖੋਂ, ਡਾ. ਅਰਚਨਾ ਸ਼ਰਮਾ, ਡਾ. ਹਰਦੇਵ ਸਿੰਘ ਸੈਣੀ, ਡਾ. ਐੱਸ ਕੇ ਕਟਾਰੀਆ, ਡਾ. ਸਤਾਰ ਮੁਹੰਮਦ, ਡਾ. ਕਿਰਨ ਖਾਨ, ਡਾ. ਸੁਨੀਲ ਕੁਮਾਰ, ਡਾ. ਬਲਜਿੰਦਰ ਸਿੰਘ ਆਦਿ ਹਾਜ਼ਰ ਸਨ।ਅੰਤ ਵਿੱਚ ਡਾ. ਪਰਮਿੰਦਰ ਪਾਠਕ ਨੇ ਆਏ ਹੋਏ ਡਾਕਟਰਾਂ ਦਾ ਧੰਨਵਾਦ ਕੀਤਾ ਤੇ ਅਗਲੇ ਮਹੀਨੇ ਦੀ ਮੀਟਿੰਗ ਤੇ ਆਉਣ ਦਾ ਸੱਦਾ ਦਿੱਤਾ।

# ਜੇਲ੍ਹ 'ਚੋਂ ਚੱਲ ਰਹੇ ਅੰਤਰਰਾਸ਼ਟਰੀ ਹਥਿਆਰ ਤਸਕਰੀ ਨੈੱਟਵਰਕ ਦਾ ਪਰਦਾਫ਼ਾਸ਼, 2 ਗ੍ਰਿਫ਼ਤਾਰ

## *10 ਪਿਸਤੌਲ ਤੇ 20 ਜ਼ਿੰਦਾ ਕਾਰਤੂਸ ਬਰਾਮਦ*

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਫ਼ਰੀਦਕੋਟ ਪੁਲਸ ਨੇ ਇੱਕ ਵੱਡੀ ਸਫ਼ਲਤਾ ਹਾਸਲ ਕਰਦਿਆਂ ਜੇਲ੍ਹ ਅਧਾਰਤ ਅੰਤਰਰਾਸ਼ਟਰੀ ਹਥਿਆਰਾਂ ਦੇ ਗਰੋਹ ਦਾ ਪਰਦਾਫ਼ਾਸ਼ ਕੀਤਾ ਹੈ।ਡੀ.ਜੀ.ਪੀ. ਪੰਜਾਬ ਸ਼੍ਰੀ ਗੌਰਵ ਯਾਦਵ ਦੇ ਦਿਸ਼ਾ-ਨਿਰਦੇਸ਼ਾਂ ਤੇ ਆਈ.ਜੀ. ਫ਼ਰੀਦਕੋਟ ਰੇਂਜ ਸ਼੍ਰੀਮਤੀ ਨਿਲਾਬਰੀ ਜੱਗਦਲੇ ਵਿਜੇ ਦੀ ਅਗਵਾਈ ਹੇਠ, ਐੱਸ.ਐੱਸ.ਪੀ. ਫ਼ਰੀਦਕੋਟ ਗੁਰਬੰਸ ਸਿੰਘ ਬੈਂਸ ਦੀ ਸੁਪਰਵਿਜ਼ਨ ਵਿੱਚ ਪੁਲਸ ਨੇ 2 ਮੁਲਜ਼ਮਾਂ ਨੂੰ ਕਾਬੂ ਕਰਕੇ 10 ਨਜਾਇਜ਼ ਪਿਸਤੌਲ ਤੇ 20 ਜਿੰਦਾ ਕਾਰਤੂਸ ਬਰਾਮਦ ਕੀਤੇ ਹਨ।

ਇਹ ਕਾਰਵਾਈ ਐੱਸ.ਪੀ. (ਇਨਵੈਸਟੀਗੇਸ਼ਨ) ਸ਼੍ਰੀ ਨਰਿੰਦਰ ਸਿੰਘ ਤੇ ਡੀ.ਐੱਸ.ਪੀ. (ਇਨਵੈਸਟੀਗੇਸ਼ਨ) ਸ਼੍ਰੀ ਅਵਤਾਰ ਸਿੰਘ ਦੀ ਨਿਗਰਾਨੀ ਹੇਠ ਸੀ.ਆਈ.ਏ. ਸਟਾਫ਼ ਫ਼ਰੀਦਕੋਟ ਦੀ ਟੀਮ ਵੱਲੋਂ ਅੰਜਾਮ ਦਿੱਤੀ ਗਈ।ਜਾਣਕਾਰੀ ਅਨੁਸਾਰ 16 ਸਤੰਬਰ 2026 ਨੂੰ ਕੋਟਕਪੂਰਾ ਰੋਡ ਪੁਲ ਨਹਿਰਾਂ ਫ਼ਰੀਦਕੋਟ ਵਿਖੇ ਗਸ਼ਤ ਦੌਰਾਨ ਸਹਾਇਕ ਥਾਣੇਦਾਰ ਪਰਮਿੰਦਰ ਸਿੰਘ ਨੂੰ ਮੁਖ਼ਬਰ ਖ਼ਾਸ ਤੋਂ ਇਤਲਾਹ ਮਿਲੀ ਸੀ ਕਿ ਦੋ ਵਿਅਕਤੀ ਭਾਰੀ ਮਾਤਰਾ ਵਿੱਚ ਅਸਲੇ ਸਮੇਤ ਕੇਂਦਰੀ ਮਾਡਰਨ ਜੇਲ੍ਹ ਫ਼ਰੀਦਕੋਟ ਦੇ ਨੇੜੇ ਤਲਵੰਡੀ ਭਾਈ ਰੋਡ 'ਤੇ ਘੁੰਮ ਰਹੇ ਹਨ।ਪੁਲਸ ਟੀਮ ਨੇ ਤੁਰੰਤ ਕਾਰਵਾਈ ਕਰਦਿਆਂ ਦੋਵਾਂ ਮੁਲਜ਼ਮਾਂ ਨੂੰ ਧਰ ਦਬੋਚਿਆ।ਮੁੱਢਲੀ ਜਾਂਚ 'ਚ ਸਾਹਮਣੇ ਆਇਆ ਕਿ ਇਹ ਗਰੋਹ ਪਾਕਿਸਤਾਨੀ ਸਮੱਗਲਰਾਂ ਨਾਲ ਸੰਪਰਕ ਕਰਕੇ ਡਰੋਨ ਰਾਹੀਂ ਅਸਲਾ ਮੰਗਵਾਉਂਦਾ ਸੀ।ਗਰੋਹ ਦਾ ਮੁੱਖ ਸਰਗਨਾ ਦੀਪ ਸਿੰਘ ਉਰਫ਼ ਦੀਪਕ (ਵਾਸੀ ਰੌੜਾਂਵਾਲੀ, ਅਟਾਰੀ, ਅੰਮ੍ਰਿਤਸਰ) ਹੈ, ਜੋ ਇਸ ਸਮੇਂ ਜੇਲ੍ਹ ਵਿੱਚ ਬੰਦ ਹੈ।ਦੀਪਕ ਦੇ ਇਸ਼ਾਰੇ 'ਤੇ ਹੀ ਇਹ ਹਥਿਆਰ ਸਰਹੱਦੀ ਖੇਤਰ ਤੋਂ ਲਿਆ ਕੇ ਫ਼ਰੀਦਕੋਟ ਤੇ ਆਸ-ਪਾਸ ਦੇ ਇਲਾਕਿਆਂ ਵਿੱਚ ਸਪਲਾਈ ਕੀਤੇ ਜਾਣੇ ਸਨ।

ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮ ਰਾਜਬੀਰ ਸਿੰਘ ਉਰਫ਼ ਅਮਿਤ (21 ਸਾਲ) ਵਾਸੀ ਛੇਹਰਟਾ, ਅੰਮ੍ਰਿਤਸਰ ਤੇ ਅਮਰ ਸਿੰਘ ਉਰਫ਼ ਅਮਰ (25 ਸਾਲ) ਵਾਸੀ ਛੇਹਰਟਾ, ਅੰਮ੍ਰਿਤਸਰ ਨਾਲ ਸਬੰਧਤ ਹਨ। ਇਨ੍ਹਾਂ ਪਾਸੋਂ 03 ਜ਼ਿਗਾਨਾ .30 ਬੋਰ ਪਿਸਤੌਲ, 01 ਪੀ.ਐਕਸ-5 ਸਟੌਰਮ .30 ਬੋਰ ਪਿਸਤੌਲ, 02 ਦੇਸੀ .32 ਬੋਰ ਪਿਸਤੌਲ, 04 ਦੇਸੀ .30 ਬੋਰ ਪਿਸਤੌਲ ਤੇ 20 ਜਿੰਦਾ ਕਾਰਤੂਸ ਬਰਾਮਦ ਕੀਤੇ ਗਏ। ਥਾਣਾ ਸਿਟੀ ਫ਼ਰੀਦਕੋਟ ਵਿਖੇ ਅਸਲਾ ਐਕਟ ਦੀਆਂ ਧਾਰਾਵਾਂ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਐੱਸ.ਐੱਸ.ਪੀ. ਗੁਰਬੰਸ ਸਿੰਘ ਬੈਂਸ ਅਨੁਸਾਰ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਚੇਨ ਤੇ ਅੰਤਰਰਾਸ਼ਟਰੀ ਲਿੰਕਾਂ ਨੂੰ ਪੂਰੀ ਤਰ੍ਹਾਂ ਬੇਨਕਾਬ ਕਰਨ ਲਈ ਡੂੰਘਾਈ ਨਾਲ ਤਫ਼ਤੀਸ਼ ਕੀਤੀ ਜਾ ਰਹੀ ਹੈ।

# ਨੌਜਵਾਨ ਦੀ ਮੌਤ ਦੇ ਮਾਮਲੇ 'ਚ ਇਨਸਾਫ਼ ਲਈ ਹਾਈਵੇ ਜਾਮ

## ਪੁਲਸ ਦੇ ਭਰੋਸੇ ਮਗਰੋਂ ਧਰਨਾ ਚੁੱਕਿਆ



**ਭਵਾਨੀਗੜ੍ਹ (ਰਾਜ ਖੁਰਮੀ)**

ਇੱਥੋਂ ਦੇ ਨੇੜਲੇ ਪਿੰਡ ਹਰਦਿੱਤਪੁਰਾ ਦੇ 18 ਸਾਲਾ ਨੌਜਵਾਨ ਸਹਿਜਪ੍ਰੀਤ ਸਿੰਘ ਦੀ ਜ਼ਹਿਰੀਲੀ ਚੀਜ਼ ਨਿਗਲਣ ਮਗਰੋਂ ਹੋਈ ਮੌਤ ਦੇ ਮਾਮਲੇ ਵਿੱਚ ਕਥਿਤ ਤੌਰ 'ਤੇ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਨੂੰ ਲੈ ਕੇ ਪਿੰਡ ਵਾਸੀਆਂ ਨੇ ਵੀਰਵਾਰ ਨੌਜਵਾਨ ਦੀ ਲਾਸ਼ ਨੂੰ ਭਵਾਨੀਗੜ੍ਹ-ਬਠਿੰਡਾ-ਚੰਡੀਗੜ੍ਹ ਨੈਸ਼ਨਲ ਹਾਈਵੇ 'ਤੇ ਰੱਖ ਕੇ ਧਰਨਾ ਲਗਾ ਦਿੱਤਾ।ਧਰਨੇ ਕਾਰਨ ਨੈਸ਼ਨਲ ਹਾਈਵੇ 'ਤੇ ਆਵਾਜਾਈ ਪੂਰੀ ਤਰ੍ਹਾਂ ਪ੍ਰਭਾਵਿਤ ਹੋ ਗਈ ਤੇ ਕਈ ਕਿਲੋਮੀਟਰ ਲੰਬਾ ਜਾਮ ਲੱਗਣ ਕਾਰਨ ਰਾਹਗੀਰਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ।

ਧਰਨੇ ਦੌਰਾਨ ਪਿੰਡ ਦੇ ਸਰਪੰਚ ਪ੍ਰਿਤਪਾਲ ਸਿੰਘ ਨੇ ਦੱਸਿਆ ਕਿ ਸਹਿਜਪ੍ਰੀਤ ਸਿੰਘ ਪੁੱਤਰ ਜਗਸੀਰ ਸਿੰਘ 12ਵੀਂ ਜਮਾਤ ਦਾ ਵਿਦਿਆਰਥੀ ਸੀ।ਉਨ੍ਹਾਂ ਦੱਸਿਆ ਕਿ ਕੁਝ ਸਾਥੀਆਂ ਨਾਲ ਉਸ ਦੀ ਲੜਾਈ ਹੋ ਗਈ ਸੀ।ਸਰਪੰਚ ਅਨੁਸਾਰ, ਮਾਪਿਆਂ ਦੇ ਡਰ ਕਾਰਨ ਸਹਿਜਪ੍ਰੀਤ ਦੇ ਸਾਥੀਆਂ ਵੱਲੋਂ ਕਥਿਤ ਤੌਰ 'ਤੇ ਕੋਲਡ ਡਰਿੰਕ ਵਿੱਚ ਕੋਈ ਜ਼ਹਿਰੀਲੀ ਚੀਜ਼ ਮਿਲਾ ਕੇ ਉਸ ਨੂੰ ਪੀਣ ਲਈ ਕਿਹਾ ਗਿਆ, ਜਿਸ ਤੋਂ ਬਾਅਦ ਉਸ ਨੇ ਉਹ ਪੀ ਲਈ।ਘਟਨਾ ਦਾ ਪਤਾ ਲੱਗਣ 'ਤੇ ਪਰਿਵਾਰਕ ਮੈਂਬਰਾਂ ਤੇ ਸਾਥੀਆਂ ਵੱਲੋਂ ਸਹਿਜਪ੍ਰੀਤ ਸਿੰਘ ਨੂੰ ਤੁਰੰਤ ਭਵਾਨੀਗੜ੍ਹ ਦੇ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ।ਉਸ ਦੀ ਹਾਲਤ ਗੰਭੀਰ ਹੋਣ ਕਾਰਨ ਡਾਕਟਰਾਂ ਨੇ ਉਸ ਨੂੰ ਪੀ.ਜੀ.ਆਈ. ਚੰਡੀਗੜ੍ਹ ਵਿਖੇ ਰੈਫਰ ਕਰ ਦਿੱਤਾ, ਜਿੱਥੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ।ਸਰਪੰਚ ਨੇ ਇਹ ਵੀ ਦੱਸਿਆ ਕਿ ਸਹਿਜਪ੍ਰੀਤ ਵੱਲੋਂ ਘਟਨਾ ਸਬੰਧੀ ਬਿਆਨ ਦਿੱਤੇ ਗਏ ਸਨ।

ਧਰਨੇ ਵਿੱਚ ਮੌਜੂਦ ਪਿੰਡ ਵਾਸੀਆਂ ਨੇ ਮੰਗ ਕੀਤੀ ਕਿ ਮਾਮਲੇ ਦੀ ਨਿਰਪੱਖ ਜਾਂਚ ਕਰਕੇ ਘਟਨਾ ਲਈ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਤੇ ਪੀੜਤ ਪਰਵਾਰ ਨੂੰ ਇਨਸਾਫ਼ ਦਿਵਾਇਆ ਜਾਵੇ।ਪਿੰਡ ਵਾਸੀਆਂ ਨੇ ਕਿਹਾ ਕਿ ਜਦੋਂ ਤੱਕ ਮਾਮਲੇ ਵਿੱਚ ਬਣਦੀ ਕਾਰਵਾਈ ਨਹੀਂ ਹੁੰਦੀ, ਉਹ ਆਪਣਾ ਸੰਘਰਸ਼ ਜਾਰੀ ਰੱਖਣਗੇ।ਮਾਮਲੇ ਦੀ ਸੂਚਨਾ ਮਿਲਣ 'ਤੇ ਥਾਣਾ ਭਵਾਨੀਗੜ੍ਹ ਦੇ ਐੱਸ.ਐੱਚ.ਓ. ਯਸ਼ਪਾਲ ਸ਼ਰਮਾ ਪੁਲਸ ਪਾਰਟੀ ਸਮੇਤ ਧਰਨੇ ਵਾਲੀ ਥਾਂ 'ਤੇ ਪੁੱਜੇ ਅਤੇ ਪੀੜਤ ਪਰਵਾਰ ਤੇ ਪਿੰਡ ਵਾਸੀਆਂ ਨਾਲ ਗੱਲਬਾਤ ਕੀਤੀ।

ਐੱਸ.ਐੱਚ.ਓ. ਨੇ ਦੱਸਿਆ ਕਿ ਮਾਮਲੇ ਵਿੱਚ ਇੱਕ ਵਿਅਕਤੀ ਨੂੰ ਕਾਬੂ ਕਰ ਲਿਆ ਗਿਆ ਹੈ, ਜਦਕਿ ਬਾਕੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।ਉਨ੍ਹਾਂ ਪੀੜਤ ਪਰਵਾਰ ਨੂੰ ਭਰੋਸਾ ਦਿੱਤਾ ਕਿ ਮਾਮਲੇ ਦੀ ਜਾਂਚ ਕਰਕੇ ਦੋਸ਼ੀ ਪਾਏ ਜਾਣ ਵਾਲੇ ਵਿਅਕਤੀਆਂ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਪੁਲਸ ਅਧਿਕਾਰੀ ਦੇ ਭਰੋਸੇ ਤੋਂ ਬਾਅਦ ਪਿੰਡ ਵਾਸੀਆਂ ਨੇ ਧਰਨਾ ਚੁੱਕ ਲਿਆ, ਜਿਸ ਉਪਰੰਤ ਨੈਸ਼ਨਲ ਹਾਈਵੇ 'ਤੇ ਆਵਾਜਾਈ ਮੁੜ ਬਹਾਲ ਹੋ ਗਈ।

# ਰਾਈਸ ਮਿੱਲ ਮਾਲਕਾਂ ਦੀਆਂ ਮੁਸ਼ਕਲਾਂ ਵੱਲ ਸਰਕਾਰ ਤੁਰੰਤ ਧਿਆਨ ਦੇਵੇ : ਗੁਰਦੀਪ ਚੀਮਾ

## ਅਲਾਟਮੈਂਟ ਲਈ ਮਿਲਿੰਗ ਦੀ ਜ਼ਰੂਰੀ ਸ਼ਰਤ ਖਤਮ ਕਰਕੇ ਸਾਰੇ ਮਿਲਰਾਂ ਨੂੰ ਬਰਾਬਰ ਝੋਨਾ ਜਾਰੀ ਕਰਨ ਦੀ ਕੀਤੀ ਮੰਗ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਝੋਨੇ ਦੇ ਸੀਜ਼ਨ ਤੋਂ ਪਹਿਲਾਂ ਆ ਰਹੀਆਂ ਸਮੱਸਿਆਵਾਂ ਨੂੰ ਲੈ ਕੇ ਅੱਜ ਪੰਜਾਬ ਰਾਈਸ ਮਿਲਰ ਐਸੋਸੀਏਸ਼ਨ ਦੀ ਮੀਟਿੰਗ ਕਾਰਜਕਾਰੀ ਸੂਬਾ ਪ੍ਰਧਾਨ ਗੁਰਦੀਪ ਸਿੰਘ ਚੀਮਾ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਵੱਡੀ ਸੰਖਿਆ ਵਿੱਚ ਅਹੁਦੇਦਾਰਾਂ ਤੇ ਸ਼ੈਲਰ ਮਾਲਕਾਂ ਨੇ ਭਾਗ ਲਿਆ।ਮੀਟਿੰਗ ਵਿੱਚ ਸਾਰੇ ਮਿਲਰਾਂ ਨੇ ਇੱਕ ਸੁਰ ਵਿਚ ਸਰਕਾਰ ਤੋਂ ਮੰਗ ਕੀਤੀ ਕਿ ਇੰਪਰੂਵਡ ਰਾਈਸ ਦੀ ਥਾਂ 'ਤੇ ਸੀ.ਐੱਮ.ਆਰ. ਰਾਈਸ ਲਗਾਇਆ ਜਾਵੇ।ਮੀਟਿੰਗ 'ਚ ਹੋਏ ਹੋਰ ਫੈਸਲਿਆਂ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਸੂਬਾ ਪ੍ਰਧਾਨ ਗੁਰਦੀਪ ਸਿੰਘ ਚੀਮਾ ਨੇ ਦੱਸਿਆ ਕਿ ਪੰਜਾਬ ਦੇ ਸ਼ੈਲਰ ਮਾਲਕ ਪਿਛੇ ਕਾਫੀ ਸਮੇਂ ਤੋਂ ਕਾਫੀ ਜ਼ਿਆਦਾ ਆਰਥਿਕ ਨੁਕਸਾਨ ਵਿੱਚ ਜਾ ਰਹੇ ਹਨ, ਪਰ ਸੂਬੇ ਤੇ ਕਿਸਾਨਾਂ ਦੇ ਹਿੱਤਾਂ ਕਾਰਨ ਸ਼ੈਲਰ ਮਾਲਕਾਂ ਵੱਲੋਂ ਹਰ ਤਰ੍ਹਾਂ ਦਾ ਸਹਿਯੋਗ ਕੀਤਾ ਗਿਆ, ਪਰ ਇਸ ਸਾਲ ਸਥਿਤੀ ਥੋੜ੍ਹੀ ਜ਼ਿਆਦਾ ਖਰਾਬ ਹੈ।ਇਸ ਲਈ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਇੰਪਰੂਵਡ ਰਾਈਸ ਦੀ ਥਾਂ 'ਤੇ ਸੀ.ਐੱਮ.ਆਰ. ਰਾਈਸ ਲਗਵਾਏ।ਉਨ੍ਹਾਂ ਦੱਸਿਆ ਕਿ ਸਾਰੇ ਮਿਲਰਾਂ ਦੇ ਸ਼ੈਲਰਾਂ ਵਿੱਚ ਝੋਨਾ ਲਗਾਇਆ ਜਾਵੇ ਤੇ ਅਲਾਟਮੈਂਟ ਲਈ ਮਿਲਿੰਗ ਦੀ ਜ਼ਰੂਰੀ ਸ਼ਰਤ ਨੂੰ ਖਤਮ ਕੀਤਾ ਜਾਵੇ, ਕਿਉਂਕਿ ਸਾਲ 2025-26 ਦੇ ਸੀਜ਼ਨ ਦਾ ਚੌਲ ਲਗਵਾਉਣ ਲਈ ਐੱਫ.ਸੀ.ਆਈ. ਦੇ ਕੋਲ ਉਚਿਤ ਸਪੇਸ ਨਹੀਂ ਹੈ, ਜਿਸ ਕਾਰਨ ਮਿਲਰਾਂ ਨੂੰ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਸ ਲਈ ਸੂਬਾ ਸਰਕਾਰ ਨੂੰ ਚਾਹੀਦਾ ਹੈ ਕਿ ਸਾਲ 2026-27 ਦੇ ਚੌਲਾ ਲਈ ਕੇਂਦਰ ਨਾਲ ਤਾਲਮੇਲ ਕਰਕੇ ਜਲਦ ਤੋਂ ਜਲਦ ਸਪੇਸ ਬਣਾਈ ਜਾਵੇ।ਸੂਬਾ ਪ੍ਰਧਾਨ ਗੁਰਦੀਪ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੈਲਰਾਂ ਮਾਲਕਾਂ ਨੂੰ ਝੋਨੇ ਦੀ ਅਲਾਟਮੈਂਟ ਵਿੱਚ ਪਹਿਲਾਂ ਦਿੱਤੀ ਹੋਈ 85 ਫੀਸਦੀ ਦੀ ਰਿਆਇਤ ਤੋਂ ਇਲਾਵਾ ਐੱਫਸੀਆਈ ਕੋਲ ਜਗ੍ਹਾ ਨਾ ਹੋਣ ਕਾਰਨ, ਜਿਨ੍ਹਾਂ 85 ਫੀਸਦੀ ਤੱਕ ਮਾਲ ਨਹੀਂ ਭੁਗਤਿਆ ਹੈ, ਉਨ੍ਹਾਂ ਨੂੰ ਪੈਡੀ ਅਲਾਟ ਕਰਨ ਦੇ ਯਤਨ ਕੀਤੇ ਜਾ ਰਹੇ ਹਨ, ਭਾਵ ਹਰ ਇੱਕ ਮਿੱਲਰ ਨੂੰ ਸਾਲ 2026-27 ਵਿੱਚ ਪੈਡੀ ਅਲਾਟ ਕੀਤੀ ਜਾਵੇ ਤਾਂ ਜੋ ਕਿਸਾਨਾਂ ਨੂੰ ਝੋਨਾ ਵੇਚਣ ਵਿੱਚ ਕੋਈ ਪ੍ਰੇਸ਼ਾਨੀ ਨਾ ਆਵੇ।ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਗਰੁੱਪ ਆਫ ਮਨਿਸਟਰ ਦੀ ਮੀਟਿੰਗ ਵਿੱਚ ਫੈਸਲੇ ਲਏ ਗਏ ਸੀ ਕਿ ਬਾਹਰਲੀ ਸਟੇਟ ਤੋਂ ਆਏ ਦੂਜੇ ਰਾਜਾਂ ਦੀ ਤਰਜ 'ਤੇ ਚਾਵਲਾਂ 'ਤੇ ਮਾਰਕੀਟ ਫੀਸ ਨੂੰ ਖਤਮ ਕੀਤਾ ਜਾਵੇ, ਪਰ ਅਜੇ ਦੋਨੋ ਫੈਸਲੇ ਲਾਗੂ ਨਹੀਂ ਕੀਤੇ ਗਏ।ਸੂਬਾ ਪ੍ਰਧਾਨ ਨੇ ਕਿਹਾ ਕਿ ਪੰਜਾਬ ਦੀ ਸਾਰੀ ਪੈਡੀ ਸੀਐੱਮਆਰ ਵਿੱਚ ਖਰੀਦ ਕੀਤੀ ਜਾਂਦੀ ਹੈ ਤੇ ਮਿੱਲਾਂ ਵਿੱਚ ਲੱਖਾਂ ਦੀ ਤਦਾਦ ਵਿੱਚ ਵਰਕਰ ਕੰਮ ਕਰਦੇ ਹਨ, ਉਨ੍ਹਾਂ ਨੂੰ ਖਾਣ ਲਈ ਚਾਵਲ ਬਾਹਰੋਂ ਲੈਣਾ ਪੈਂਦਾ ਹੈ ਤੇ ਇਹ ਚਾਵਲ ਹਰਿਆਣੇ ਨਾਲੋਂ 400 ਰੁਪਏ ਕੁਇੰਟਲ ਮਹਿੰਗਾ ਪੈਂਦਾ ਹੈ।ਉਨ੍ਹਾਂ ਕਿਹਾ ਕਿ ਐੱਫ.ਸੀ.ਆਈ. ਵਿੱਚ ਚੱਕਿਆਂ ਦੀ ਵੰਡ ਨੂੰ ਲੈ ਕੇ 7000 ਟਨ ਪੈਡੀ ਤੱਕ ਇੱਕ ਚੱਕਾ ਦੇਣ ਦਾ ਨਿਯਮ ਬਣਾਇਆ ਜਾਵੇ ਤਾਂ ਜੋ ਹਰ ਇੱਕ ਮਿੱਲਰ ਨੂੰ ਇੱਕ-ਇੱਕ ਚੱਕਾ ਜ਼ਰੂਰ ਮਿਲੇ, ਜੇਕਰ ਉਥੇ ਵਾਧੂ ਜਗਾ ਹੈ ਤਾਂ 7000 ਟਨ ਪੈਡੀ ਤੋਂ ਉਪਰ ਵਾਲੇ ਨੂੰ 2 ਚੱਕੇ ਦਿੱਤੇ ਜਾ ਸਕਦੇ ਹਨ।

ਸੂਬਾ ਪ੍ਰਧਾਨ ਗੁਰਦੀਪ ਸਿੰਘ ਚੀਮਾ ਨੇ ਕਿਹਾ ਕਿ 14 ਸਤੰਬਰ 26 ਨੂੰ ਚੰਡੀਗੜ੍ਹ ਵਿੱਚ ਸੈਕਟਰੀ ਫੂਡ ਭਾਰਤ ਸਰਕਾਰ ਨਾਲ ਆਨਲਾਈਨ ਤੇ ਸੀ.ਐਮ.ਡੀ ਐੱਫ.ਸੀ.ਆਈ, ਈਡੀ ਨੌਰਥ ਐੱਫ.ਸੀ.ਆਈ, ਜੀ.ਐਮ ਐੱਫ.ਸੀ.ਆਈ, ਸੈਕਟਰੀ ਫੂਡ ਪੰਜਾਬ, ਡਾਇਰੈਕਟਰ ਫੂਡ ਪੰਜਾਬ, ਅਡਿਸ਼ਨਲ ਡਾਇਰੈਕਟਰ ਫੂਡ ਪੰਜਾਬ ਨਾਲ ਜਿਹੜੀ ਮੀਟਿੰਗ ਹੋਈ ਸੀ, ਉਸ ਵਿਚ 100 ਪ੍ਰਤੀਸ਼ਤ ਇੰਪਰੂਵਡ ਚਾਵਲ ਮੰਗਿਆ ਗਿਆ ਸੀ, ਜਿਸ ਵਿਚ ਪੰਜਾਬ ਰਾਈਸ ਮਿਲਰ ਐਸੋਸੀਏਸ਼ਨ ਵੱਲੋਂ ਰਾਸ਼ਟਰੀ ਪ੍ਰਧਾਨ ਤਰਸੇਮ ਸੈਣੀ ਦੀ ਹਾਜ਼ਰੀ ਵਿੱਚ ਮੀਟਿੰਗ ਦੌਰਾਨ ਇਹ ਸਪੱਸ਼ਟ ਕੀਤਾ ਗਿਆ ਸੀ ਕਿ ਮਿਲਿੰਗ ਦੀ ਕੋਸਟ ਘੱਟ ਹੋਣ ਕਾਰਨ ਇਹ ਕਾਫੀ ਜ਼ਿਆਦਾ ਮੁਸ਼ਕਲ ਹੈ।ਇਸ ਲਈ ਸਰਕਾਰ ਨੂੰ ਚਾਹੀਦਾ ਹੈ ਕਿ ਜਿਹੜੀ ਪਿਛਲੇ ਸਾਲ ਵਿੱਚ 2.23 ਪੈਸੇ ਪ੍ਰਤੀ ਕੁਇੰਟਲ ਦਿੱਤਾ ਹੈ, ਉਸ ਵਿੱਚ ਵਾਧਾ ਕਰਨਾ ਚਾਹੀਦਾ ਹੈ।ਇਸ ਦੇ ਨਾਲ ਹੀ ਜੋ ਬਰੋਕਨ ਦੇ ਸਟੋਰੇਜ ਚਾਰਜਿਜ਼ 1.23 ਪੈਸੇ ਪ੍ਰਤੀ ਕੁਇੰਟਲ ਦਿੱਤੇ ਹਨ, ਉਹ ਵੀ ਬਹੁਤ ਘੱਟ ਹਨ।ਉਨ੍ਹਾਂ ਦੱਸਿਆ ਕਿ ਸਟੋਰੇਜ ਚਾਰਜਿਜ਼ ਐੱਫ.ਸੀ.ਆਈ. ਦੇ ਮੈਨੂਅਲ ਦੇ ਮੁਤਾਬਕ ਮਿਲਣੇ ਚਾਹੀਦੇ ਹਨ, ਜਿਸ ਤਰ੍ਹਾਂ ਐੱਫ.ਸੀ.ਆਈ. ਨੂੰ ਮਿਲਦੇ ਹਨ।ਇਸਦੇ ਨਾਲ ਸਟੋਰੇਜ ਲੋਸ, ਜਿਸ ਵਿੱਚ ਬਰੋਕਨ ਦਾ ਨਮੀ ਪਿਛਲੇ ਸਾਲ 14 ਪ੍ਰਤੀਸ਼ਤ ਤੋਂ ਘੱਟ ਕੇ 10 ਪ੍ਰਤੀਸ਼ਤ ਰਹਿ ਗਿਆ ਸੀ ਉਸ ਨਾਲ ਮਿਲਰਾਂ ਨੂੰ ਵੱਡਾ ਘਾਟਾ ਪਿਆ। ਉਨ੍ਹਾਂ ਕਿਹਾ ਕਿ ਅਸੀ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਨੂੰ ਇਥੇ ਅਸੀਂ ਦੱਸਣਾ ਚਾਹੁੰਦੇ ਹਾਂ ਕਿ ਸਪੇਸ ਕਰਕੇ 100 ਪ੍ਰਤੀਸ਼ਤ ਇੰਮਪਰੂਵਡ ਰਾਈਸ ਲੱਗਣਾ ਮੁਸਕਿਲ ਹੋਵੇਗਾ , ਕਿਉਕਿ 2025-26 ਦਾ ਰਹਿੰਦਾ ਬਕਾਇਆ 8.80 ਲੱਖ ਮੀਟਰਿਕ ਟਨ ਜੋ ਕਿ ਸਪੇਸ ਦੀ ਘਾਟ ਕਾਰਨ ਰਹਿ ਗਿਆ ਹੈ ਉਹ 30-11-26 ਤੱਕ ਮੁਸ਼ਕਲ ਨਾਲ ਹੀ ਲੱਗ ਪਾਏਗਾ।ਇਸ ਲਈ ਜਿਸ ਹਿਸਾਬ ਨਾਲ ਚਾਵਲ ਦੀ ਮੂਵਮੈਂਟ ਹੋ ਰਹੀ ਹੈ ਉਸ ਹਿਸਾਬ ਨਾਲ ਸ਼ੈਲਰਾਂ ਵਾਲੇ 31 ਮਾਰਚ 27 ਤੱਕ ਅੰਦਾਜਨ 20 ਪ੍ਰਤੀਸ਼ਤ ਹੀ ਇੰਪਰੂਵਡ ਰਾਈਸ ਲਗਾ ਸਕਣਗੇ।ਇਸ ਲਈ ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਕੇਂਦਰ ਸਰਕਾਰ ਨਾਲ ਤਾਲਮੇਲ ਕਰਕੇ ਇਨਾਂ ਸਾਰੀਆਂ ਔਕੜਾਂ ਦਾ ਹੱਲ ਕੱਢਿਆ ਜਾਵੇ।ਇਸ ਮੌਕੇ ਦਿਲਬਾਗ ਸਿੰਘ, ਇੰਦਰਜੀਤ ਸਿੰਘ ਸੰਧੂ, ਨਰੇਸ਼ ਬਾਂਸਲ, ਹਰਦੀਪ ਸਿੰਘ ਬੁੱਟਰ, ਰੋਸ਼ਨ ਲਾਲ ਅਮਲੋਹ, ਸਤੀਸ਼ ਕੁਮਾਰ ਨਾਭਾ, ਅਸ਼ੋਕ ਗੋਇਲ, ਦਵਿੰਦਰ ਬੱਗਾ, ਸੁਰੇਸ਼ ਕੁਮਾਰ ਸਿੰਗਲਾ, ਹਨੀਸ਼ ਗੋਇਲ, ਰਿੰਕੂ ਬਾਂਸਲ, ਅਨਿਲ ਮਿੱਤਲ, ਰਜਿੰਦਰ ਪੱਪੂ, ਵਿੱਕੀ ਮਿੱਤਲ, ਪ੍ਰੇਮ ਬਾਂਸਲ, ਗਗਨ ਬਦਵਾਰ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਸੀਵਰੇਜ ਘਪਲੇ ਦੀ ਪੰਜਾਬ ਵਿਜੀਲੈਂਸ ਨਿਰਪੱਖ ਜਾਂਚ ਕਰੇ : ਸਮਸ਼ਪੁਰ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕਾਂਗਰਸ ਪਾਰਟੀ ਦੇ ਹਲਕਾ ਸਨੌਰ ਤੋਂ ਸੀਨੀਅਰ ਆਗੂ ਬਲਿਹਾਰ ਸਮਸ਼ਪੁਰ ਨੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖੇ ਹਮਲੇ ਕਰਦਿਆਂ ਦੋਸ਼ ਲਗਾਇਆ ਹੈ ਕਿ ਚੋਣਾਂ ਤੋਂ ਪਹਿਲਾਂ ਵੱਡੇ ਵੱਡੇ ਵਾਅਦੇ ਕਰਕੇ ਸੱਤਾ 'ਚ ਆਈ ਪਾਰਟੀ ਨੇ ਲੋਕਾਂ ਨਾਲ ਸਰਾਸਰ ਧੋਖਾ ਕੀਤਾ ਹੈ।ਉਨ੍ਹਾਂ ਕਿਹਾ ਕਿ ਅੱਜ ਜ਼ਮੀਨੀ ਪੱਧਰ 'ਤੇ ਆਮ ਜਨਤਾ ਬੁਨਿਆਦੀ ਸਹੂਲਤਾਂ ਤੋਂ ਵਾਂਝੀ ਹੈ ਤੇ ਅਨੇਕਾਂ ਸਮੱਸਿਆਵਾਂ ਨਾਲ ਜੂਝਣ ਲਈ ਮਜਬੂਰ ਹੈ, ਜਿਸ ਤੋਂ ਸਾਬਿਤ ਹੁੰਦਾ ਹੈ ਕਿ 'ਆਪ' ਨੇ ਲੋਕਾਂ ਨੂੰ ਗੁੰਮਰਾਹ ਕੀਤਾ ਹੈ।ਬਲਿਹਾਰ ਸਮਸ਼ਪੁਰ ਨੇ ਸਨੌਰ ਵਿਖੇ ਨਗਰ ਕੌਂਸਲ ਸਨੌਰ ਵੱਲੋਂ ਪਾਏ ਜਾ ਰਹੇ ਸੀਵਰੇਜ ਪਾਈਪ ਲਾਈਨ ਦੇ ਪ੍ਰੋਜੈਕਟ 'ਚ ਵੱਡੇ ਪੱਧਰ 'ਤੇ ਕਥਿਤ ਘਪਲਾ ਹੋਣ ਦਾ ਗੰਭੀਰ ਦੋਸ਼ ਲਗਾਇਆ।ਉਨ੍ਹਾਂ ਮੰਗ ਕੀਤੀ ਕਿ ਇਸ ਸਾਰੇ ਪ੍ਰੋਜੈਕਟ ਦੀ ਕਿਸੇ ਨਿਰਪੱਖ ਤੇ ਉੱਚ ਪੱਧਰੀ ਏਜੰਸੀ ਪੰਜਾਬ ਵਿਜੀਲੈਂਸ ਤੋਂ ਤੁਰੰਤ ਜਾਂਚ ਕਰਵਾਈ ਜਾਵੇ, ਤਾਂ ਜੋ ਸਰਕਾਰ ਦੇ ਫ਼ਰਜ਼ੀ ਲੱਖਾਂ ਰੁਪਏ ਦਾ ਪਰਦਾਫਾਸ਼ ਹੋ ਸਕੇ।ਉਨ੍ਹਾਂ ਸਪੱਸ਼ਟ ਕੀਤਾ ਕਿ ਵਿਕਾਸ ਕਾਰਜਾਂ ਲਈ ਜਾਰੀ ਹੁੰਦੇ ਫੰਡ ਆਮ ਜਨਤਾ ਦੇ ਟੈਕਸਾਂ ਦੀ ਕਮਾਈ ਹੁੰਦੇ ਹਨ, ਇਸ ਲਈ ਇਨ੍ਹਾਂ ਦੀ ਵਰਤੋਂ 'ਚ ਪੂਰੀ ਪਾਰਦਰਸ਼ਤਾ ਤੇ ਜਵਾਬਦੇਹੀ ਯਕੀਨੀ ਬਣਾਈ ਜਾਣੀ ਚਾਹੀਦੀ ਹੈ।ਉਨ੍ਹਾਂ ਚਿਤਾਵਨੀ ਦਿੱਤੀ ਕਿ ਸਨੌਰ ਦੇ ਲੋਕਾਂ ਨੂੰ ਸੀਵਰੇਜ ਸਮੇਤ ਹੋਰ ਬੁਨਿਆਦੀ ਸਹੂਲਤਾਂ ਸਬੰਧੀ ਆ ਰਹੀਆਂ ਮੁਸ਼ਕਲਾਂ ਦਾ ਜਵਾਬ ਸਰਕਾਰ ਤੇ ਸਬੰਧਤ ਵਿਭਾਗ ਨੂੰ ਦੇਣਾ ਪਵੇਗਾ।ਇਸ ਮੌਕੇ ਜ਼ਿਲ੍ਹਾ ਯੂਥ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਅਰਸ਼ਦੀਪ ਸਿੰਘ ਮੱਲ ਅਤੇ ਹੋਰ ਬਹੁਤ ਸਾਰੇ ਆਗੂ ਤੇ ਵਰਕਰ ਇਸ ਮੌਕੇ ਹਾਜ਼ਰ ਸਨ।

## ਜਮਹੂਰੀ ਅਧਿਕਾਰ ਸਭਾ ਜ਼ਿਲ੍ਹਾ ਕਾਰਜਕਾਰਨੀ ਦੀ ਮੀਟਿੰਗ



**ਲਹਿਰਾਗਾਗਾ (ਪਵਨ ਸ਼ਰਮਾ)**-ਜਮਹੂਰੀ ਅਧਿਕਾਰ ਸਭਾ ਪੰਜਾਬ ਇਕਾਈ ਸੰਗਰੂਰ ਦੀ ਜ਼ਿਲ੍ਹਾ ਕਾਰਜਕਾਰਨੀ ਦੀ ਮੀਟਿੰਗ ਗਦਰ ਮੈਮੋਰੀਅਲ ਭਵਨ ਸੰਗਰੂਰ ਵਿਖੇ ਹੋਈ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਜਗਜੀਤ ਭੁਟਾਲ ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ 20 ਸਤੰਬਰ ਨੂੰ ਸਵੇਰੇ 10.30 ਵਜੇ ਅਗਰਵਾਲ ਧਰਮਸ਼ਾਲਾ ਨੇੜੇ ਵੱਡਾ ਚੌਂਕ ਸੰਗਰੂਰ ਵਿਖੇ ਸਭਾ ਵੱਲੋਂ ਮੌਜੂਦਾ ਫਾਸ਼ੀਵਾਦੀ ਦੌਰ ਵਿੱਚ ਜਮਹੂਰੀ ਅਧਿਕਾਰਾਂ ਨੂੰ ਚੁਣੌਤੀਆਂ ਅਤੇ ਭਾਰਤ ਵਿੱਚ ਨਾਗਰਿਕਤਾ ਦਾ ਸਵਾਲ ਤੇ ਜਮਹੂਰੀ ਅਧਿਕਾਰ ਵਿਸ਼ੇ ਉੱਪਰ ਵਿਚਾਰ ਚਰਚਾ ਕਰਵਾਈ ਜਾ ਰਹੀ ਹੈ।ਇਨ੍ਹਾਂ ਵਿਸ਼ਿਆਂ ਉੱਪਰ ਬੂਟਾ ਸਿੰਘ ਮਹਿਮੂਦਪੁਰ ਤੋਂ ਇਲਾਵਾ ਸਵਰਨਜੀਤ ਸਿੰਘ ਸੰਗਰੂਰ ਚਰਚਾ ਕਰਨਗੇ ਜਮਹੂਰੀ, ਜਨਤਕ ਜਥੇਬੰਦੀਆਂ ਤੇ ਇਨਸਾਫ ਪਸੰਦ ਲੋਕਾਂ ਨੂੰ ਵਿਚਾਰ ਚਰਚਾ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਮੀਟਿੰਗ ਵਿੱਚ ਕੁਲਦੀਪ ਸਿੰਘ, ਬਸੰਸਰ ਰਾਮ, ਕੁਲਵਿੰਦਰ ਸਿੰਘ (ਬਸਾਖਾ) ਕੁਲਵਿੰਦਰ ਬੰਟੀ, ਅਮਰੀਕ ਖੋਖਰ, ਕਮਲਜੀਤ ਸਿੰਘ, ਲਛਮਨ ਅਲੀਸ਼ੇਰ, ਰਘਵੀਰ ਭੁਟਾਲ, ਗੁਰਜੰਟ ਸਿੰਘ, ਚੰਦ ਸਿੰਘ ਧੂਰੀ, ਸੁਖਚੈਨ ਸਿੰਘ, ਡਾ: ਕਿਰਪਾਲ ਕੌਰ ਤੇ ਤਰਪ੍ਰੀਤ ਕੌਰ ਹਾਜ਼ਰ ਸਨ।

## ਬਾਬਾ ਫਰੀਦ ਲਾਅ ਕਾਲਜ ਦੀ ਟੀਮ ਨੇ ਯੂਨੀਵਰਸਿਟੀ ਮੁਕਾਬਲੇ 'ਚ ਗੱਡੇ ਝੰਡੇ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਬਾਬਾ ਫਰੀਦ ਲਾਅ ਕਾਲਜ ਫਰੀਦਕੋਟ ਵੱਲੋਂ ਸਵ. ਇੰਦਰਜੀਤ ਸਿੰਘ ਖਾਲਸਾ ਦੀ ਅਗਾਂਹਵਧੂ ਸੋਚ ਨੂੰ ਅੱਗੇ ਵਧਾਉਂਦੇ ਹੋਏ ਚੇਅਰਮੈਨ ਸਿਮਰਜੀਤ ਸਿੰਘ ਸੇਖੋਂ ਦੀ ਰਹਿਨੁਮਾਈ ਤੇ ਪ੍ਰਿੰਸੀਪਲ ਡਾ. ਵਰਿੰਦਰ ਕੁਮਾਰ ਕੌਸ਼ਿਕ ਦੀ ਅਗਵਾਈ ਹੇਠ ਕਾਲਜ ਦੇ ਵਿਦਿਆਰਥੀਆਂ ਬਬਲਪ੍ਰੀਤ ਸਿੰਘ, ਗੌਤਮ ਚੌਧਰੀ ਤੇ ਕੇਸ਼ਵ ਦੀ ਟੀਮ ਨੇ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਕਰਵਾਏ 'ਕ੍ਰਮਿਨ-2026' ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਹਾਸਲ ਕੀਤਾ।ਜ਼ਿਕਰਯੋਗ ਹੈ ਕਿ ਇਸ ਮੁਕਾਬਲੇ ਵਿੱਚ ਵੱਖ-ਵੱਖ ਕਾਲਜਾਂ ਤੇ ਯੂਨੀਵਰਸਿਟੀ ਦੀਆਂ ਟੀਮਾਂ ਨੇ ਭਾਗ ਲੈ ਕੇ ਆਪਣੀਆਂ ਰਣਨੀਤੀਆਂ, ਟੀਮ ਮੈਨੇਜਮੈਂਟ ਤੇ ਖਿਡਾਰੀਆਂ ਦੀ ਚੋਣ ਸਬੰਧੀ ਕਾਬਲੀਅਤ ਦਾ ਪ੍ਰਦਰਸ਼ਨ ਕੀਤਾ ਸੀ, ਜਿਸ ਵਿੱਚ ਕਾਲਜ ਦੇ ਵਿਦਿਆਰਥੀਆਂ ਬਬਲਪ੍ਰੀਤ ਸਿੰਘ, ਗੌਤਮ ਚੌਧਰੀ ਤੇ ਕੇਸ਼ਵ ਦੀ ਟੀਮ ਨੇ ਸੋਚ-ਵਿਚਾਰ ਨਾਲ ਕੀਤੀਆਂ ਬੋਲੀਆਂ ਨੇ ਸੰਤੁਲਿਤ ਟੀਮ ਚੋਣ ਤੇ ਪ੍ਰਭਾਵਸ਼ਾਲੀ ਪ੍ਰਬੰਧਨ ਹੁਨਰ ਦੇ ਆਧਾਰ 'ਤੇ ਨਿਰਣਾਇਕਾਂ ਤੇ ਦਰਸ਼ਕਾਂ ਉੱਤੇ ਡੂੰਘਾ ਪ੍ਰਭਾਵ ਛੱਡਿਆ।ਵਿਦਿਆਰਥੀਆਂ ਦੇ ਕਾਲਜ ਵਿਖੇ ਪਹੁਚੰਣ 'ਤੇ ਪ੍ਰਿੰਸੀਪਲ ਡਾ. ਵਰਿੰਦਰ ਕੁਮਾਰ ਕੌਸ਼ਿਕ ਨੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਤੇ ਵਧਾਈਆਂ ਦਿੱਤੀਆਂ।ਇਸ ਮੌਕੇ ਡਾ. ਗੁਰਦਿਵਰ ਮੋਹਣ ਸਿੰਘ (ਮੈਨੇਜਮੈਂਟ ਕਮੇਟੀ ਮੈਂਬਰ), ਡਾ. ਮੋਹਣ ਸਿੰਘ ਸੱਗੂ, ਮਨਿੰਦਰ ਸਿੰਘ, ਅਮਿਤ ਛਾਬੜਾ ਤੇ ਡਾ. ਪਰਮਿੰਦਰ ਸਿੰਘ ਮੌਜੂਦ ਰਹੇ।

## ਜਮਹੂਰੀ ਅਧਿਕਾਰ ਸਭਾ ਵੱਲੋਂ ਦਰਪੇਸ਼ ਚੁਣੌਤੀਆਂ 'ਤੇ ਚਰਚਾ 20 ਨੂੰ

**ਸੰਗਰੂਰ (ਪ੍ਰਵੀਨ ਸਿੰਘ)**-ਜਮਹੂਰੀ ਅਧਿਕਾਰ ਸਭਾ ਪੰਜਾਬ ਇਕਾਈ ਸੰਗਰੂਰ ਦੀ ਜ਼ਿਲਾ ਕਾਰਜਕਾਰਨੀ ਦੀ ਮੀਟਿੰਗ ਗਦਰ ਮੈਮੋਰੀਅਲ ਭਵਨ ਸੰਗਰੂਰ ਵਿਖੇ ਹੋਈ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਜਗਜੀਤ ਭੁਟਾਲ ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ 20 ਸਤੰਬਰ ਨੂੰ ਸਵੇਰੇ 10. 30 ਵਜੇ ਅਗਰਵਾਲ ਧਰਮਸ਼ਾਲਾ ਨੇੜੇ ਵੱਡਾ ਚੌਂਕ ਸੰਗਰੂਰ ਵਿਖੇ ਸਭਾ ਵੱਲੋਂ ਮੌਜੂਦਾ ਫਾਸ਼ੀਵਾਦੀ ਦੌਰ ਵਿੱਚ ਜਮਹੂਰੀ ਅਧਿਕਾਰਾਂ ਨੂੰ ਚੁਣੌਤੀਆਂ ਅਤੇ ਭਾਰਤ ਵਿੱਚ ਨਾਗਰਿਕਤਾ ਦਾ ਸਵਾਲ ਤੇ ਜਮਹੂਰੀ ਅਧਿਕਾਰ ਵਿਸ਼ੇ ਉੱਪਰ ਵਿਚਾਰ ਚਰਚਾ ਕਰਵਾਈ ਜਾ ਰਹੀ ਹੈ। ਇਨ੍ਹਾਂ ਵਿਸ਼ਿਆਂ ਉੱਪਰ ਬੂਟਾ ਸਿੰਘ ਮਹਿਮੂਦਪੁਰ ਤੋਂ ਇਲਾਵਾ ਸਵਰਨਜੀਤ ਸਿੰਘ ਸੰਗਰੂਰ ਚਰਚਾ ਕਰਨਗੇ। ਮੀਟਿੰਗ ਵਿੱਚ ਕੁਲਦੀਪ ਸਿੰਘ, ਬਸੰਸਰ ਰਾਮ, ਕੁਲਵਿੰਦਰ ਸਿੰਘ (ਬਸਾਖਾ), ਕੁਲਵਿੰਦਰ ਬੰਟੀ, ਅਮਰੀਕ ਖੋਖਰ, ਕਮਲਜੀਤ ਸਿੰਘ, ਲਛਮਨ ਅਲੀਸ਼ੇਰ, ਰਘਵੀਰ ਭੁਟਾਲ, ਗੁਰਜੰਟ ਸਿੰਘ, ਚੰਦ ਸਿੰਘ ਧੂਰੀ, ਸੁਖਚੈਨ ਸਿੰਘ, ਡਾ: ਕਿਰਪਾਲ ਕੌਰ ਤੇ ਤਰਪ੍ਰੀਤ ਕੌਰ ਹਾਜ਼ਰ ਸਨ।

## ਤਿਉਹਾਰਾਂ ਦੇ ਮੱਦੇਨਜ਼ਰ ਰੇਲਵੇ ਸਟੇਸ਼ਨ 'ਤੇ ਜੀ.ਆਰ.ਪੀ. ਵੱਲੋਂ ਵਿਸ਼ੇਸ਼ ਚੈਕਿੰਗ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਪੈਸ਼ਲ ਡੀ ਜੀ ਪੀ (ਜੀ.ਆਰ.ਪੀ. ਪਟਿਆਲਾ) ਤੇ ਡੀ ਐੱਸ ਪੀ (ਜ਼ੋਨਲ ਜੀ.ਆਰ.ਪੀ. ਫ਼ਿਰੋਜ਼ਪੁਰ) ਵੱਲੋਂ ਦਿੱਤੇ ਗਏ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਐੱਸ ਐੱਚ ਓ ਜੀ ਆਰ ਪੀ ਫ਼ਿਰੋਜ਼ਪੁਰ ਵੱਲੋਂ ਰੇਲਵੇ ਸਟੇਸ਼ਨ ਵਿਖੇ ਵਿਸ਼ੇਸ਼ ਚੈਕਿੰਗ ਅਭਿਆਨ ਚਲਾਇਆ ਗਿਆ। ਰੇਲਵੇ ਮੁਸਾਫ਼ਿਰਾਂ ਦੀ ਜਾਨ-ਮਾਲ ਦੀ ਸੁਰੱਖਿਆ ਤੇ ਆਉਣ ਵਾਲੇ ਤਿਉਹਾਰਾਂ ਦੇ ਸੀਜ਼ਨ ਨੂੰ ਧਿਆਨ ਵਿੱਚ ਰੱਖਦਿਆਂ ਇਹ 'ਪੈਸੰਜਰ ਅਵੇਅਰਨੈੱਸ ਤੇ ਸਰਚ ਆਪ੍ਰੇਸ਼ਨ' ਅਮਲ ਵਿੱਚ ਲਿਆਂਦਾ ਗਿਆ।

ਇਸ ਚੈਕਿੰਗ ਅਭਿਆਨ ਦੌਰਾਨ ਜੀ.ਆਰ.ਪੀ. ਦੀਆਂ ਟੀਮਾਂ ਵੱਲੋਂ ਰੇਲਵੇ ਸਟੇਸ਼ਨ ਦੇ ਸਮੂਹ ਪਲੇਟਫਾਰਮਾਂ, ਟਰੇਨਾਂ, ਵੇਟਿੰਗ ਏਰੀਆ, ਮੋਟਰਸਾਈਕਲ ਪਾਰਕਿੰਗ ਤੇ ਐਂਟਰੀ/ਐਗਜ਼ਿਟ ਗੇਟਾਂ ਦੀ ਬਾਰੀਕੀ ਨਾਲ ਤਲਾਸ਼ੀ ਲਈ ਗਈ। ਚੈਕਿੰਗ ਅਭਿਆਨ ਦੇ ਨਾਲ-ਨਾਲ ਪੁਲਸ ਟੀਮ ਨੇ ਰੇਲਵੇ ਸਟੇਸ਼ਨ 'ਤੇ ਮੌਜੂਦ ਤੇ ਸਫ਼ਰ ਕਰ ਰਹੇ ਯਾਤਰੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਜਾਗਰੂਕ ਵੀ ਕੀਤਾ। ਯਾਤਰੀਆਂ ਨੂੰ ਅਪੀਲ ਕੀਤੀ ਗਈ ਕਿ ਜੇਕਰ ਉਨ੍ਹਾਂ ਨੂੰ ਸਫ਼ਰ ਦੌਰਾਨ ਜਾਂ ਸਟੇਸ਼ਨ ਪਰਿਸਰ ਵਿੱਚ ਕੋਈ ਵੀ ਸ਼ੱਕੀ ਵਿਅਕਤੀ, ਸ਼ੱਕੀ ਚੀਜ਼ ਜਾਂ ਲਾਵਾਰਿਸ ਸਾਮਾਨ ਨਜ਼ਰ ਆਉਂਦਾ ਹੈ, ਤਾਂ ਉਹ ਬਿਨਾਂ ਕਿਸੇ ਦੇਰੀ ਦੇ ਇਸ ਦੀ ਸੂਚਨਾ ਨਜ਼ਦੀਕੀ ਰੇਲਵੇ ਸਟੇਸ਼ਨ 'ਤੇ ਤਾਇਨਾਤ ਜੀ.ਆਰ.ਪੀ. ਜਾਂ ਆਰ.ਪੀ.ਐੱਫ. ਦੇ ਜਵਾਨਾਂ ਨੂੰ ਦੇਣ। ਇਸ ਮੌਕੇ ਇੰਸਪੈਕਟਰ ਨਵੀਨ ਕੁਮਾਰ ਮੁੱਖ ਅਫ਼ਸਰ, ਥਾਣਾ ਜੀ.ਆਰ.ਪੀ. ਫ਼ਿਰੋਜ਼ਪੁਰ ਨੇ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਵੀ ਅਜਿਹੇ ਸੁਰੱਖਿਆ ਅਭਿਆਨ ਲਗਾਤਾਰ ਜਾਰੀ ਰਹਿਣਗੇ ਤਾਂ ਜੋ ਯਾਤਰੀ ਬਿਨਾਂ ਕਿਸੇ ਡਰ ਤੋਂ ਸੁਖਾਵਾਂ ਤੇ ਸੁਰੱਖਿਅਤ ਸਫ਼ਰ ਕਰ ਸਕਣ।

# ਸਲੇਮਪੁਰ ਬ੍ਰਾਹਮਣਾਂ ਦੀ ਪੰਚਾਇਤ ਸਮੇਤ ਸੌ ਤੋਂ ਵੱਧ ਪਰਵਾਰ 'ਆਪ' 'ਚ ਸ਼ਾਮਲ

## ਬਿਨਾਂ ਕਿਸੇ ਪੱਖਪਾਤ ਦੇ ਕਰਵਾਏ ਜਾਣਗੇ ਪਿੰਡਾਂ ਦੇ ਕੰਮ : ਹਡਾਣਾ



**ਸਨੌਰ/ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਵਿੱਚ ਕੀਤੇ ਜਾ ਰਹੇ ਬੇਮਿਸਾਲ ਵਿਕਾਸ ਕਾਰਜਾਂ ਤੋਂ ਹਲਕਾ ਸਨੌਰ ਅੰਦਰ ਆਪ ਪ੍ਰਤੀ ਲਗਾਤਾਰ ਵੱਧ ਰਹੇ ਲੋਕ-ਸਮਰਥਨ ਸਦਕਾ ਆਮ ਆਦਮੀ ਪਾਰਟੀ ਨੇ ਪਿੰਡ ਸਲੇਮਪੁਰ ਬ੍ਰਾਹਮਣਾ ਵਿਖੇ ਵੱਡਾ ਸਿਆਸੀ ਧਮਾਕਾ ਦੇਖਣ ਨੂੰ ਮਿਲ ਰਿਹਾ ਹੈ, ਜਿਸ ਤਹਿਤ ਮੌਜੂਦਾ ਸਰਪੰਚ, ਸਮੁੱਚੇ ਪੰਚਾਇਤ ਮੈਂਬਰਾਂ ਤੇ 100 ਤੋਂ ਵੱਧ ਪਰਵਾਰਾਂ ਨੇ ਪੁਰਾਣੀਆਂ ਪਾਰਟੀਆਂ ਨਾਲੋਂ ਨਾਤਾ ਤੋੜ ਕੇ ਹਲਕਾ ਸਨੌਰ ਇੰਚਾਰਜ ਸ੍ਰ. ਰਣਜੋਧ ਸਿੰਘ ਹਡਾਣਾ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ।ਇਸ ਮੌਕੇ ਸੀਨੀਅਰ ਚੇਅਰਮੈਨ ਹੈਪੀ ਪਹਾੜੀਪੁਰ, ਚੇਅਰਮੈਨ ਜਗਪ੍ਰੀਤ ਰੇਹਲ, ਸਰਪੰਚ ਗੁਰਪ੍ਰੀਤ ਸਿੰਘ, ਸਰਪੰਚ ਤੇ ਬਲਾਕ ਪ੍ਰਧਾਨ ਰਾਜਾ ਧੰਜੂ, 'ਆਪ' ਆਗੂ, ਬਲਾਕ ਪ੍ਰਧਾਨ, ਪੰਚਾਇਤੀ ਨੁਮਾਇੰਦੇ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।ਇਸ ਮੌਕੇ ਹਡਾਣਾ ਨੇ ਪਾਰਟੀ 'ਚ ਸ਼ਾਮਲ ਹੋਈ ਪੰਚਾਇਤ ਤੇ ਸਮੂਹ ਪਰਵਾਰਾਂ ਦਾ ਸਿਰੋਪਾਓ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਅਤੇ ਕਿਹਾ ਕਿ ਪਿੰਡ ਸਲੇਮਪੁਰ ਬ੍ਰਾਹਮਣਾ ਵੱਲੋਂ ਦਿੱਤਾ ਗਿਆ ਇਹ ਭਰਵਾਂ ਹੁੰਗਾਰਾ ਇਸ ਗੱਲ ਦਾ ਪ੍ਰਤੱਖ ਪ੍ਰਮਾਣ ਹੈ ਕਿ ਲੋਕ ਹੁਣ ਧੜੇਬੰਦੀ ਤੇ ਲਾਰਿਆਂ ਦੀ ਰਾਜਨੀਤੀ ਤੋਂ ਅੱਕ ਚੁੱਕੇ ਹਨ ਤੇ ਵਿਕਾਸ ਦੀ ਸੋਚ ਨਾਲ ਜੁੜ ਰਹੇ ਹਨ।ਉਨ੍ਹਾਂ ਭਰੋਸਾ ਦਿਵਾਇਆ ਕਿ ਪਾਰਟੀ ਵਿੱਚ ਸ਼ਾਮਲ ਹੋਏ ਹਰੇਕ ਸਾਥੀ ਨੂੰ ਬਣਦਾ ਪੂਰਾ ਮਾਣ-ਸਨਮਾਨ ਮਿਲੇਗਾ ਤੇ ਪਿੰਡ ਦੇ ਸਮੁੱਚੇ ਵਿਕਾਸ ਕਾਰਜ ਬਿਨਾਂ ਕਿਸੇ ਪੱਖਪਾਤ ਦੇ ਪਹਿਲ ਦੇ ਆਧਾਰ 'ਤੇ ਮੁਕੰਮਲ ਕਰਵਾਏ ਜਾਣਗੇ।ਇਸ ਮੌਕੇ ਸ਼ਾਮਲ ਹੋਣ ਵਾਲਿਆਂ ਵਿੱਚ ਨਛੱਤਰ ਕੌਰ ਸਰਪੰਚ, ਸੇਵਾ ਦਾਸ ਸਾਬਕਾ ਸਰਪੰਚ, ਹੇਮ ਰਾਜ ਮੈਂਬਰ, ਲਖਵਿੰਦਰ ਬਾਵਾ ਮੈਂਬਰ, ਰਾਜ ਕੁਮਾਰ ਸ਼ਰਮਾ, ਰਵਿੰਦਰ ਸਿੰਘ, ਲਖਵਿੰਦਰ ਸਿੰਘ, ਹਰਵਿੰਦਰ ਸਿੰਘ, ਬਲਦੇਵ ਦਾਸ, ਓਮ ਪ੍ਰਕਾਸ਼, ਸੁਖਵਿੰਦਰ ਕੌਰ, ਸੁਰੇਸ਼ ਕੁਮਾਰੀ, ਪ੍ਰੀਤੋ, ਰਾਮ ਕੌਰ, ਨਸੀਬ ਕੌਰ, ਕਰਮਜੀਤ ਕੌਰ, ਮਨਜੀਤ ਕੌਰ ਤੇ ਹੋਰ ਕਈ ਪਿੰਡ ਵਾਸੀ ਮੌਜੂਦ ਸਨ।

## ਕਿਸਾਨ ਅੰਦੋਲਨ ਕਾਰਨ ਲੁਧਿਆਣਾ-ਜਾਖਲ ਰੇਲਵੇ ਆਵਾਜਾਈ ਪ੍ਰਭਾਵਤ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਆਪਣੀਆਂ ਮੰਗਾਂ ਨੂੰ ਲੈ ਕੇ ਪਿਛਲੇ ਚਾਰ ਦਿਨਾਂ ਤੋਂ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਕੋਠੀ ਦੇ ਬਾਹਰ ਧਰਨਾ ਦੇ ਰਹੇ ਕਿਸਾਨਾਂ ਵੱਲੋਂ ਅੱਜ ਰੋਸ ਵਜੋਂ ਲੁਧਿਆਣਾ-ਜਾਖਲ ਰੇਲਵੇ ਲਾਈਨ 'ਤੇ ਰੇਲਾਂ ਰੋਕ ਦਿੱਤੀਆਂ ਗਈਆਂ।ਕਿਸਾਨਾਂ ਦੇ ਰੇਲਵੇ ਟਰੈਕ 'ਤੇ ਬੈਠਣ ਕਾਰਨ ਇਸ ਰੂਟ 'ਤੇ ਰੇਲ ਆਵਾਜਾਈ ਪ੍ਰਭਾਵਿਤ ਹੋਈ।ਕਿਸਾਨ ਆਗੂਆਂ ਨੇ ਕਿਹਾ ਕਿ ਪਿਛਲੇ ਚਾਰ ਦਿਨਾਂ ਤੋਂ ਮੰਤਰੀ ਦੀ ਕੋਠੀ ਦੇ ਬਾਹਰ ਸ਼ਾਂਤਮਈ ਢੰਗ ਨਾਲ ਧਰਨਾ ਦੇਣ ਦੇ ਬਾਵਜੂਦ ਉਨ੍ਹਾਂ ਦੀਆਂ ਮੰਗਾਂ ਵੱਲ ਸਰਕਾਰ ਵੱਲੋਂ ਬਣਦਾ ਧਿਆਨ ਨਹੀਂ ਦਿੱਤਾ ਗਿਆ।

ਇਸ ਦੇ ਰੋਸ ਵਜੋਂ ਕਿਸਾਨ ਅੰਦੋਲਨਕਾਰੀਆਂ ਨੇ ਰੇਲਵੇ ਲਾਈਨ 'ਤੇ ਪਹੁੰਚ ਕੇ ਰੇਲ ਆਵਾਜਾਈ ਠੱਪ ਕਰ ਦਿੱਤੀ।ਕਿਸਾਨ ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਕਿਸਾਨਾਂ ਦੀਆਂ ਲੰਬਿਤ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ ਤੇ ਉਨ੍ਹਾਂ ਨਾਲ ਗੱਲਬਾਤ ਕਰਕੇ ਮਸਲਿਆਂ ਦਾ ਹੱਲ ਕੱਢਿਆ ਜਾਵੇ।

ਉਨ੍ਹਾਂ ਕਿਹਾ ਕਿ ਮੰਗਾਂ ਸਬੰਧੀ ਸਰਕਾਰ ਨੂੰ ਠੋਸ ਕਦਮ ਚੁੱਕਣੇ ਚਾਹੀਦੇ ਹਨ।ਰੇਲਵੇ ਟਰੈਕ 'ਤੇ ਧਰਨਾ ਲੱਗਣ ਕਾਰਨ ਰੇਲ ਆਵਾਜਾਈ ਪ੍ਰਭਾਵਿਤ ਹੋਈ, ਜਿਸ ਨਾਲ ਇਸ ਰੂਟ 'ਤੇ ਸਫ਼ਰ ਕਰਨ ਵਾਲੇ ਯਾਤਰੀਆਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ।

# ਬਰਸਟ ਵੱਲੋਂ ਲੋਕਾਂ ਦੀਆਂ ਮੁਸ਼ਕਲਾਂ ਦਾ ਮੌਕੇ 'ਤੇ ਨਿਪਟਾਰਾ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਵੱਲੋਂ ਸਮਾਣਾ ਦਫ਼ਤਰ ਵਿਖੇ ਲੋਕ ਮਿਲਣੀ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਲੋਕਾਂ ਅਤੇ ਪੰਚਾਇਤਾਂ ਵੱਲੋਂ ਆਪਣੇ ਪਿੰਡਾਂ ਦੇ ਵਿਕਾਸ ਕਾਰਜਾਂ, ਮੰਗਾਂ ਅਤੇ ਸਮੱਸਿਆਵਾਂ ਸਬੰਧੀ ਚੇਅਰਮੈਨ ਬਰਸਟ ਨੂੰ ਜਾਣੂ ਕਰਵਾਇਆ, ਜਿਨ੍ਹਾਂ ਨੂੰ ਉਨ੍ਹਾਂ ਬਹੁਤ ਹੀ ਧਿਆਨ ਨਾਲ ਸੁਣਿਆ ਅਤੇ ਮੌਕੇ 'ਤੇ ਹੀ ਨਿਪਟਾਰਾ ਕਰਕੇ ਜਨਤਾ ਨੂੰ ਵੱਡੀ ਰਾਹਤ ਦਿੱਤੀ।ਇਸ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਪਿੰਡਾਂ ਦੀ ਨੁਹਾਰ ਬਦਲਣਾ, ਪੇਂਡੂ ਆਰਥਿਕਤਾ ਨੂੰ ਮਜ਼ਬੂਤ ਕਰਨਾ ਅਤੇ ਹਰ ਲੋੜਵੰਦ ਤੱਕ ਸਰਕਾਰੀ ਯੋਜਨਾਵਾਂ ਤੇ ਲੋਕ ਭਲਾਈ ਸਕੀਮਾਂ ਦਾ ਲਾਭ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਸੂਬੇ ਵਿੱਚ ਵਿਕਾਸ ਅਤੇ ਲੋਕ ਭਲਾਈ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਲਏ ਜਾ ਰਹੇ ਕ੍ਰਾਂਤੀਕਾਰੀ ਫੈਸਲਿਆਂ ਅਤੇ ਕੀਤੇ ਜਾ ਰਹੇ ਵਿਕਾਸ ਕਾਰਜਾਂ ਤੋਂ ਸੂਬੇ ਦੇ ਲੋਕ ਬੇਹੱਦ ਖੁਸ਼ ਹਨ।ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਪੂਰੀ ਇਮਾਨਦਾਰੀ, ਪਾਰਦਰਸ਼ਤਾ ਅਤੇ ਦ੍ਰਿੜ੍ਹਤਾ ਨਾਲ ਨਿਰੰਤਰ ਕਾਰਜ ਕਰ ਰਹੀ ਹੈ।ਚੇਅਰਮੈਨ ਨੇ ਕਿਹਾ ਕਿ ਪੰਜਾਬ ਮੰਡੀ ਬੋਰਡ ਵੱਲੋਂ ਸੂਬੇ ਦੀਆਂ ਪੇਂਡੂ ਲਿੰਕ ਸੜਕਾਂ ਦੇ ਨਵੀਨੀਕਰਨ, ਮੁਰੰਮਤ, ਚੌੜਾ ਕਰਨ ਅਤੇ ਅਨਾਜ ਮੰਡੀਆਂ ਦੇ ਬੁਨਿਆਦੀ ਢਾਂਚੇ ਦਾ ਵਿਕਾਸ ਵੱਡੇ ਪੱਧਰ 'ਤੇ ਕੀਤਾ ਜਾ ਰਿਹਾ ਹੈ।ਇਸ ਮੌਕੇ ਬਲਕਾਰ ਸਿੰਘ ਰਾਜਗੜ੍ਹ ਵਾਇਸ ਚੇਅਰਮੈਨ ਬਲਾਕ ਸਮੰਤੀ, ਰਾਣਾ ਵਿਰਕ ਬਿਜਲਪੁਰ ਬਲਾਕ ਸਮੰਤੀ ਮੈਂਬਰ, ਬਲਜਿੰਦਰ ਸਿੰਘ ਪਹਾੜਪੁਰ ਬਲਾਕ ਸਮੰਤੀ ਮੈਂਬਰ, ਪਰਗਟ ਸਿੰਘ ਸਰਪੰਚ ਢਕੜਬਾ, ਨਰਿੰਦਰ ਸਿੰਘ ਸਰਪੰਚ ਬਰਸਟ, ਨਿਸ਼ਾਨ ਸਿੰਘ ਸਰਪੰਚ ਲਾਲਗੜ੍ਹ, ਗੁਰਪ੍ਰੀਤ ਸਿੰਘ ਸਰਪੰਚ ਸਹਿਜਪੁਰਾ ਖੁਰਦ, ਗੁਰਪ੍ਰੀਤ ਸਿੰਘ ਸਰਪੰਚ ਚੁਹੜਪੁਰ ਜੱਟਾਂ, ਕੁਲਵੀਰ ਸਿੰਘ ਸਰਪੰਚ ਲਲੋਛੀ, ਹਰਦੀਪ ਸਿੰਘ ਕਮਾਲਪੁਰ ਬਲਾਕ ਪ੍ਰਧਾਨ, ਜੋਗਿੰਦਰ ਸਿੰਘ ਸਾਬਕਾ ਸਰਪੰਚ ਬਰਸਟ, ਜਸਵੀਰ ਸਿੰਘ ਸਾਬਕਾ ਸਰਪੰਚ ਲਾਲਗੜ੍ਹ, ਜਗਮਾਲ ਸਿੰਘ ਪੰਚਾਇਤ ਮੈਂਬਰ, ਅਸ਼ੋਕ ਵਧਵਾ ਸਾਬਕਾ ਐਮ.ਸੀ., ਹਜਾਰੀ ਲਾਲ ਜੋਹਰੀ, ਐਡਵੋਕੇਟ ਹਰਤੇਜ਼ ਸਿੰਘ ਸੰਧੂ, ਜਸਪਾਲ ਸਿੰਘ ਬੀਬੀਪੁਰ, ਗੁਰਪਿਆਰ ਸਿੰਘ ਨਵਾਂਗਾਓ, ਕੁਲਦੀਪ ਨਮਾਦਾ, ਕੁਲਦੀਪ ਫਤਿਹਗੜ੍ਹ ਛੰਨਾ, ਨਵੀ ਉੱਚਾ ਗਾਓਂ, ਡਾ. ਹਰਮੇਸ਼, ਸੁੱਖੀ ਖੱਤਰੀਵਾਲ ਸਮੇਤ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਰਹੇ।

## ਸਰਵਿਸ ਸੇਵਾ ਦੇ ਨਾਂ 'ਤੇ ਇੱਕਠਾ ਕੀਤਾ ਜਾ ਰਿਹਾ ਪੈਸਾ

**ਲੁਧਿਆਣਾ (ਰਾਜ ਸਿੰਗਲਾ)**-ਮਹਾਨਗਰ ਲੁਧਿਆਣਾ ਵਿਖੇ ਗਲਾਡਾ ਤੋਂ ਮਨਜ਼ੂਰ ਸ਼ੁਦਾ ਕਲੋਨੀਆਂ ਜਾਂ ਟਾਉਨਸ਼ਿੱਪ ਕੱਟੀਆਂ ਜਾ ਰਹੀਆਂ ਹਨ ਜਿਨਾਂ ਅੰਦਰ ਸਾਰੀਆਂ ਸਹੂਲਤਾਂ ਜਿਵੇਂ ਕਿ ਸੀਵਰੇਜ ਪੀਣ ਵਾਲਾ ਪਾਣੀ, ਸੜਕਾਂ ਅਤੇ ਛਾਂ ਵਾਲੇ ਬੂਟੇ ਲਾਏ ਜਾਂਦੇ ਹਨ ਪਰ ਕਲੋਨੀ ਜਾਂ ਟਾਉਨਸ਼ਿਪ ਦੀ ਮੈਨੇਜਮੈਂਟ ਸਰਵਿਸ ਦੇ ਨਾਂ 'ਤੇ ਖਰੀਦਦਾਰਾਂ ਤੇ ਵਸਨੀਕਾਂ ਤੋਂ ਮੋਟੀਆਂ ਰਕਮਾਂ ਵਸੂਲ ਲੈਂਦੇ ਹਨ ਅਤੇ ਸਰਵਿਸ ਨਾ ਬਰਾਬਰ ਹੀ ਦਿੰਦੀਆਂ ਹਨ।ਅਜਿਹਾ ਮਾਮਲਾ ਕਨਾਲ ਰੋਡ ਉਪਰ ਸਥਿਤ ਏ ਆਈ ਪੀ ਐਲ ਟਾਉਨਸ਼ਿਪ ਵਿਖੇ ਵੇਖਣ ਨੂੰ ਮਿਲ ਰਿਹਾ ਹੈ। ਨਿਵਾਸੀਆਂ ਨੇ ਪੰਜਾਬ ਸਰਕਾਰ ਦੇ ਉੱਚੇ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਉਨਾਂ ਤੋਂ ਸਰਵਿਸ ਦੇ ਨਾਂ 'ਤੇ ਇਕੱਤਰ ਕੀਤੇ ਗਏ ਪੈਸੇ ਵਾਪਸ ਕਰਵਾਏ ਜਾਣ ਅਤੇ ਸਹੂਲਤਾਂ ਪੂਰੀ ਤਰਾਂ ਦਿਵਾਈਆਂ ਜਾਣ ।


## ਉਤਰ ਰੇਲਵੇ

ਪ੍ਰਮੁੱਖ ਮੁੱਖ ਸਮਗਰੀ ਪ੍ਰਬੰਧਕ ਦਫਤਰ ਹੈਡਕੁਆਟਰ, ਬੜੌਦਾ ਹਾਉਸ, ਨਵੀਂ ਦਿੱਲੀ-110001, Mail ID: salenr365@gmail.com

**ਨੀਲਾਮੀ ਸੂਚਨਾ ਨੰ.-ਅਕਤੂਬਰ-2026**

ਰੱਦ ਲੋਹਾ, ਅਲੋਹ, ਹੋਰ ਵਿਵਿਧ ਸਕ੍ਰੈਪ, ਕੰਡਮ ਲੋਕੋ ਕੋਚੇਜ ਅਤੇ ਵੈਗਨਸ, ਸਕ੍ਰੈਪ ਰੇਲ ਅਤੇ ਹੋਰ ਰੇਲਪਥ ਸਮਗਰੀ ਦੇ ਨਿਪਟਾਰੇ ਲਈ ਈ-ਨੀਲਾਮੀ ਕੀਤੀ ਜਾਵੇਗੀ। ਲੈਡ ਅਸਿਡ ਬੈਟਰੀਜ/ਯੂਜਡ ਆਯਲ/ਰਿਯੂਜਡ ਆਯਲ ਕੇਵਲ ਉਨ੍ਹਾਂ ਸੰਭਰਨਕਰਤਾਵਾਂ ਨੂੰ ਵਿਕਰੀ ਕੀਤਾ ਜਾਵੇਗਾ ਜੋ ਕਿ ਰਾਜ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਤਹਿਤ ਰਜਿਸਟਰਡ ਹੋਣਗੇ।

ਅਕਤੂਬਰ- 2026 ਦੀ ਈ-ਨੀਲਾਮੀ ਮਿਤੀ

| ਨੀਲਾਮੀ ਕਰਨ ਵਾਲਾ ਡਿਪੋ/ਡਵੀਜਨ | ਨੀਲਾਮੀ ਸਮਾਂ | ਪਹਿਲਾ ਪੜਾਅ ਮਿਤੀ | ਸੈਕਿੰਡ ਪੜਾਅ ਮਿਤੀ | ਤੀਜੇ ਪੜਾਅ ਮਿਤੀ | ਚੌਥੇ ਪੜਾਅ ਮਿਤੀ | ਪੰਜਵੇਂ ਪੜਾਅ ਮਿਤੀ | ਛੇਵੇਂ ਪੜਾਅ ਮਿਤੀ | ਸੱਤਵੇਂ ਪੜਾਅ ਮਿਤੀ |
|---|---|---|---|---|---|---|---|---|
| ਆਲਮਬਾਗ/ਲਖਨਊ 0522-2451257 | 10:30 ਸਵੇਰੇ | 6 | 9 | 13 | 16 | 21 | 26 | 29 |
| ਸ਼ਕੂਰਬਸਤੀ 011-27015387 | 10:30 ਸਵੇਰੇ | 8 | 13 | 16 | 22 | 28 | - | - |
| ਜਗਾਧਰੀ 01732-252388 | 10:30 ਸਵੇਰੇ | 7 | 13 | 16 | 22 | 28 | - | - |
| ਸੀਨੀਅਰ ਮੰਡਲ ਸਮਗਰੀ ਪ੍ਰਬੰਧਕ/ ਦਿੱਲੀ 011-23365311 | 10:30 ਸਵੇਰੇ | 7 | 13 | 16 | 22 | 28 | - | - |
| ਸੀਨੀਅਰ ਮੰਡਲ ਸਮਗਰੀ ਪ੍ਰਬੰਧਕ/ ਅੰਬਾਲਾ 0171-2611203 | 10:30 ਸਵੇਰੇ | 8 | 14 | 21 | 27 | 30 | - | - |
| ਸੀਨੀਅਰ ਮੰਡਲ ਸਮਗਰੀ ਪ੍ਰਬੰਧਕ/ ਫਿਰੋਜਪੁਰ 01632-244154 | 10:30 ਸਵੇਰੇ | 7 | 13 | 16 | 22 | 28 | - | - |
| ਸੀਨੀਅਰ ਮੰਡਲ ਸਮਗਰੀ ਪ੍ਰਬੰਧਕ/ ਲਖਨਊ 0522-2234756 | 10:30 ਸਵੇਰੇ | 6 | 9 | 14 | 21 | 27 | - | - |
| ਸੀਨੀਅਰ ਮੰਡਲ ਸਮਗਰੀ ਪ੍ਰਬੰਧਕ/ ਮੁਰਾਦਾਬਾਦ 0591-2413141 | 10:30 ਸਵੇਰੇ | 6 | 9 | 14 | 21 | 27 | - | - |
| ਸੀਨੀਅਰ ਮੰਡਲ ਸਮਗਰੀ ਪ੍ਰਬੰਧਕ/ ਜੰਮੂ ਤਵੀ | 10:30 ਸਵੇਰੇ | 8 | 14 | 21 | 27 | 30 | - | - |

ਨੋਟ: 1. ਨੀਲਾਮੀ ਵਿਚ ਵੇਚੀ ਜਾਣ ਵਾਲੀ ਸਮਗਰੀ ਦਾ ਵੇਰਵਾ www.ireps.gov.in 'ਤੇ ਦਿਤੇ ਕੈਟਲਾਗ 'ਤੇ ਉਪਲਬਧ ਹੋਣਗੇ। 2. ਇਛੁਕ ਖਰੀਦਦਾਰ ਉਪਰੋਕਤ ਵਰਣਿਤ ਸਮਗਰੀ ਨੂੰ ਨੀਲਾਮੀ ਦੇ ਪੂਰਵ ਨਾਮਿਤ ਸਥਾਨ 'ਤੇ ਕੰਮ ਦਿਵਸ ਵਿਚ ਦੇਖ ਸਕਦੇ ਹਨ। 3. ਪੂਰਵ ਨਿਲਾਮੀ ਵਿਚ ਵੇਚੇ ਗਏ ਸਮਗਰੀ ਦਾ ਵੇਰਵਾ www.nr.railnet.gov.in 'ਤੇ ਉਪਲਬਧ ਹੈ। 4. ਈ-ਨੀਲਾਮੀ ਵਿਚ ਭਾਗ ਲੈਣ ਦੇ ਲਈ ਕ੍ਰੇਤਾ ਨੂੰ ireps 'ਤੇ ਰਜਿਸਟਰਡ ਹੋਣਾ ਜਰੂਰੀ ਹੈ। ਨੀਲਾਮੀ ਦੀ ਵਿਸਤ੍ਰਿਤ ਜਾਣਕਾਰੀ, ਰਜਿਸਟਰੇਸ਼ਨ ਅਤੇ ਹੋਰ ਨਿਯਮ ਤੇ ਸ਼ਰਤਾਂ ਦੇ ਲਈ ਕਿਰਪਾ ਰੇਲਵੇ ਵੈਬਸਾਈਟ www.ireps.gov.in ਦੇਖੋ।

ਅੰਕਿਤ ਗੁਪਤਾ
ਉਪ ਮੁਖ ਸਮਗਰੀ ਪ੍ਰਬੰਧਕ/ਐਸ ਅਤੇ ਪੀ

ਨੰਬਰ:-117 ਐਸ/ਸੇਲ/ਆਕਸ਼ਨ ਪ੍ਰੋਗਰਾਮ/2026-27 ਤਾਰੀਕ: 14.09.2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 3247/2026



## ਉੱਤਰ ਰੇਲਵੇ

**ਈ-ਟੈਂਡਰ ਸੂਚਨਾ**

ਟੈਂਡਰ ਸੂਚਨਾ ਨੰ : 92,150,151,152,153-2026-27-ADEN-LDH & 154,155-2026-27- ADEN-JRC ਮਿਤੀ : 18.09.2026

ਸੀਨੀਅਰ ਮੰਡਲ ਇੰਜੀਨੀਅਰ - ਪਹਿਲੀ/ਫ਼ਿਰੋਜ਼ਪੁਰ, ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਸ਼ੀਰਸ਼ਕ ਵਾਲੀ ਖੁਲੀ ਈ-ਟੈਂਡਰਾ ਮੰਗ ਕਰਦੇ ਹਨ, ਜੋ www.ireps.gov.in ਉਤੇ ਉਪਲਬਧ ਹੈ ਅਤੇਜਿਨ੍ਹਾਂ ਦੀ ਟੈਂਡਰ ਬੰਦ ਹੋਣ ਦੀ ਮਿਤੀ 09.10.2026 ਦੁਪਿਹਰ 15.00 ਵਜੇ ਤਕ ਹੈ । ਟੈਂਡਰਕਰਤਾ ਕੇਵਲ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਅਪਣੀ ਮੂਲ ਜਾਂ ਸੰਸ਼ੋਧਿਤ ਟੈਂਡਰਾ ਪੇਸ਼ ਕਰ ਸਕਣਗੇ । ਇਸ ਟੈਂਡਰ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਸਵੀਕਾਰ ਨਹੀਂ ਕੀਤੇ ਜਾਣਗੇ ਅਤੇ ਪ੍ਰਾਪਤ ਹੋਣ ਵਾਲੇ ਕਿਸੀ ਵੀ ਮੈਨੂੰਅਲ ਪ੍ਰਸਤਾਵ ਉਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ । ਠੇਕੇਦਾਰ ਇਸ ਟੈਂਡਰ ਦੇ ਲਈ ਟੈਂਡਰ ਪ੍ਰਪੱਤਰ ਸ਼ੁਲਕ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਭੁਗਤਾਨ ਦੁਆਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਦੇ ਦੁਆਰਾ ਹੀ ਕਰ ਸਕਣਗੇ । ਡਿਮਾਂਡ ਡਰਾਫਟ, ਚੈਕਰਸ ਚੈਕ, ਜਮਾਂ ਰਸੀਦ, ਐਫ.ਡੀ.ਆਰ. ਆਦਿ ਦੇ ਦੁਆਰਾ ਤੋਂ ਮੈਨੂੰਅਲ ਭੁਗਤਾਨ ਸਵੀਕਾਰ ਕੀਤਾ ਜਾਵੇਗਾ । ਜ਼ਿਆਦਾ ਜਾਣਕਾਰੀ ਦੇ ਲਈ www.ireps.gov.in ਉਤੇ ਲਾਗ ਇਨ ਕਰੋਂ ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲੀ | ਕੰਮ | ਇਕ ਬੋਲੀ ਪ੍ਰਣਾਲੀ |
| **ਟੈਂਡਰ ਅਪਲੋਡ ਕਰਨ ਦੀ ਮਿਤੀ** | **ਬੋਲੀ ਸ਼ੁਰੂ ਦੀ ਮਿਤੀ** | **ਬੋਲੀ ਪੂਰਾ ਕਰਨ ਦੀ ਮਿਤੀ ਅਤੇ ਸਮਾਂ** |
| 17.09.2026 | 25.09.2026 | 09.10.2026 / 15:00 ਵਜੇ |

| ਲੜੀ ਨੰ: | ਟੈਂਡਰ ਨੰਬਰ ਮਿਤੀ | ਟੈਂਡਰ ਦਾ ਵੇਰਵਾ | | | |
|---|---|---|---|---|---|
| 1. | 92-2026-27-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਅਧਿਕਾਰ ਖੇਤਰ ਵਿਚ ਲੁਧਿਆਣਾ ਸਥਿਤ ਸਟੇਸ਼ਨ ਬਿਲਡਿੰਗ ਅਤੇ ਹੋਰ ਸਰਵਿਸ ਬਿਲਡਿੰਗ ਵਿਚ ਜੋਨ ਨੰਬਰ 1/2026-27 ਦੇ ਤਹਿਤ ਸਮਾਨਯ ਮੁਰੰਮਤ ਅਤੇ ਰੱਖ-ਰੱਖਾਵ, ਨਾਲ ਹੀ ਨਵੇਂ ਕੰਮ, ਮੌਜੂਦਾ ਢਾਂਚਿਆਂ ਵਿਚ ਵਿਸਤਾਰ ਅਤੇ ਤਬਦੀਲੀ ਅਤੇ ਆਪਾਤਕਾਲੀਨ ਕੰਮ । | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 1,09,99,999.65 | 2,20,000.00 | 60 ਦਿਨ | 12 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ:- "ਟ੍ਰੈਕ ਦੇ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ ।" | | | |
| 2. | 150-2026-27-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਅਧਿਕਾਰ ਖੇਤਰ ਵਿਚ ਲੁਧਿਆਣਾ ਸਥਿਤ ਡੀਜ਼ਲ ਸ਼ੇਡ, RPF ਬੈਰਕ, RPSF ਬੈਰਕ ਅਤੇ ਲੋਕੋ ਆਫਿਸ ਆਦਿ ਵਿਚ ਜੋਨ ਨੰਬਰ 2/2026-27 ਦੇ ਤਹਿਤ ਸਮਾਨਯ ਮੁਰੰਮਤ ਅਤੇ ਰੱਖ-ਰੱਖਾਵ, ਨਾਲ ਹੀ ਨਵੇਂ ਕੰਮ, ਮੌਜੂਦਾ ਢਾਂਚਿਆਂ ਵਿਚ ਵਿਸਤਾਰ ਅਤੇ ਤਬਦੀਲੀ ਅਤੇ ਆਪਾਤਕਾਲੀਨ ਕੰਮ । | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 89,99,998.58 | 1,80,000.00 | 60 ਦਿਨ | 12 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ:- "ਟ੍ਰੈਕ ਦੇ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ ।" | | | |
| 3. | 151-2026-27-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਅੰਤਰਗਤ ਸੀਨੀਅਰ ਅਨੁਭਾਗੀਯ ਇੰਜੀਨੀਅਰ/ਕੰਮ/ਲੁਧਿਆਣਾ ਸੈਕਸ਼ਨ ਵਿਚ, ਲੁਧਿਆਣਾ ਵਿਚ, ਲੁਧਿਆਣਾ (ਇਸਨੂੰ ਛੱਡਕੇ)-ਸਾਨੇਹਵਾਲ ਸੈਕਸ਼ਨ ਉਤੇ ਸਰਵਿਸ ਬਿਲਡਿੰਗ ਅਤੇ ਸਟਾਫ ਕਵਾਟਰ ਵਿਚ ਜੋਨ ਨੰਬਰ 3/2026-27 ਦੇ ਤਹਿਤ ਸਮਾਨਯ ਮੁਰੰਮਤ ਅਤੇ ਰੱਖ-ਰੱਖਾਵ ਦੇ ਨਾਲ-ਨਾਲ ਨਵੇ ਕੰਮ, ਮੌਜੂਦਾ ਢਾਂਚਿਆਂ ਵਿਚ ਵਿਸਤਾਰ/ਤਬਦੀਲੀ ਅਤੇ ਆਪਾਤਕਾਲੀਨ ਕੰਮ । | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 99,99,997.82 | 2,00,000.00 | 60 ਦਿਨ | 12 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ:- "ਟ੍ਰੈਕ ਦੇ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ ।" | | | |
| 4. | 152-2026-27-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਅੰਤਰਗਤ ਸੀਨੀਅਰ ਅਨੁਭਾਗੀਯ ਇੰਜੀਨੀਅਰ/ਕੰਮ/ਲੁਧਿਆਣਾ ਸੈਕਸ਼ਨ ਵਿਚ, ਲੁਧਿਆਣਾ ਦੀ ਕਾਲੋਨੀ ਨੰਬਰ 1 ਤੋਂ 13 ਵਿਚ ਸਥਿਤ ਸਟਾਫ ਕਵਾਟਰਾਂ ਦੇ ਲਈ ਸਮਾਨਯ ਮੁਰੰਮਤ ਅਤੇ ਰੱਖ-ਰੱਖਾਵ, ਨਾਲ ਹੀ ਨਵੇ ਕੰਮ, ਮੌਜੂਦਾ ਢਾਂਚਿਆਂ ਵਿਚ ਵਿਸਤਾਰ ਅਤੇ ਤਬਦੀਲੀ, ਅਤੇ ਆਪਾਤਕਾਲੀਨ ਕੰਮਾਂ (ਜੋਨ ਨੰਬਰ 4/2026-27) ਤੋਂ ਸਬੰਧਿਤ ਕੰਮ । | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 1,19,99,894.94 | 2,40,000.00 | 60 ਦਿਨ | 12 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ:- "ਟ੍ਰੈਕ ਦੇ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ ।" | | | |
| 5. | 153-2026-27-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਅੰਤਰਗਤ ਸੀਨੀਅਰ ਅਨੁਭਾਗੀਯ ਇੰਜੀਨੀਅਰ/ਕੰਮ/ਫਗਵਾੜਾ ਸੈਕਸ਼ਨ ਵਿਚ ਸਟੇਸ਼ਨ ਬਿਲਡਿੰਗ ਅਤੇ ਹੋਰ ਸਬੰਧਿਤ ਅਤੇ ਹੋਰ ਸਰਵਿਸ ਬਿਲਡਿੰਗ ਵਿਚ ਸਮਾਨਯ ਮੁਰੰਮਤ ਅਤੇ ਰੱਖ-ਰੱਖਾਵ ਦੇ ਨਾਲ-ਨਾਲ ਨਵੇਂ ਕੰਮ, ਮੌਜੂਦਾ ਢਾਂਚਿਆਂ ਵਿਚ ਵਿਸਤਾਰ ਅਤੇ ਤਬਦੀਲੀ ਅਤੇ ਆਪਾਤਕਾਲੀਨ ਕੰਮ । | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 1,29,99,994.71 | 2,60,000.00 | 60 ਦਿਨ | 12 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ:- "ਟ੍ਰੈਕ ਦੇ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ ।" | | | |
| 6. | 154-2026-27-ADEN-JRC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਕੈਂਟ ਦੇ ਅਧਿਕਾਰ ਖੇਤਰ ਵਿਚ ਆਉਣ ਵਾਲੇ ਸੀਨੀਅਰ ਅਨੁਭਾਗੀਯ ਇੰਜੀਨੀਅਰ/ਕੰਮ/ਨਕੋਦਰ ਸੈਕਸ਼ਨ ਤੇ ਤਹਿਤ ਫਿਲੋਰ-ਲੋਹਿਯਾਂ ਖਾਸ ਅਤੇ ਜਲੰਧਰ ਸਿਟੀ-ਨਕੋਦਰ ਸੈਕਸ਼ਨ ਵਿਚ ਸਟੇਸ਼ਨ ਬਿਲਡਿੰਗ ਅਤੇ ਹੋਰ ਸਰਵਿਸ ਬਿਲਡਿੰਗ ਵਿਚ ਜੋਨ ਵਰਕ/2026-27 ਦੇ ਅੰਤਰਗਤ ਸਮਾਨਯ ਮੁਰੰਮਤ ਅਤੇ ਰੱਖ-ਰੱਖਾਵ ਦੇ ਨਾਲ-ਨਾਲ ਨਵੇਂ ਕੰਮ, ਮੌਜੂਦਾ ਢਾਂਚਿਆਂ ਵਿਚ ਤਬਦੀਲੀ ਅਤੇ ਜ਼ਰੂਰੀ ਕੰਮ । | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 99,99,995.60 | 2,00,000.00 | 60 ਦਿਨ | 12 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ:- "ਟ੍ਰੈਕ ਦੇ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ ।" | | | |
| 7. | 155-2026-27-ADEN-JRC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਕੈਂਟ ਦੇ ਅਧਿਕਾਰ ਸੀਨੀਅਰ ਅਨੁਭਾਗੀਯ ਇੰਜੀਨੀਅਰ/ਕੰਮ/ਜਲੰਧਰ ਕੈਂਟ ਸੈਕਸ਼ਨ ਵਿਚ ਸਾਲ 2026-27 ਦੇ ਲਈ ਸਮਾਨਯ ਮੁਰੰਮਤ ਅਤੇ ਰੱਖ-ਰੱਖਾਵ, ਨਾਲ ਹੀ ਮੌਜੂਦਾ ਢਾਂਚਿਆਂ ਵਿਚ ਨਵੇਂ ਕੰਮ, ਵਿਸਤਾਰ ਅਤੇ ਤਬਦੀਲੀ, ਅਤੇ ਸਰਵਿਸ ਬਿਲਡਿੰਗ ਤੇ ਸਟਾਫ ਕਵਾਟਰ ਤੋਂ ਜੁੜੇ ਜ਼ਰੂਰੀ (ਇਮਰਜੈਂਸੀ) ਕੰਮ । | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 1,39,99,999.41 | 2,80,000.00 | 60 ਦਿਨ | 12 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ:- "ਟ੍ਰੈਕ ਦੇ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ ।" | | | |

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਨਗੇ ।
2. ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ । 3239/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



## ਉਤਰ ਰੇਲਵੇ

**ਈ-ਨਿਵਿਦਾ ਸੂਚਨਾ**

ਸੀਨੀਅਰ ਮੰਡਲ ਸੰਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉਤਰ ਰੇਲਵੇ, ਫਿਰੋਜਪੁਰ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਟੈਂਡਰ ਨੰ. 433-ਸਿਗ/ਟੀ-45/26-27 ਈ ਟੈਂਡਰਿੰਗ ਦੇ ਮਾਧਿਅਮ ਨਾਲ ਮਿਤੀ 09.10.2026 ਨੂੰ 15:00 ਵਜੇ ਤਕ ਵੈਬਸਾਈਟ https://www.ireps.gov.in'ਤੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਟੈਂਡਰ ਅਸਲੀ/ਸੰਸ਼ੋਧਿਤ ਤੈਅ ਕੀਤੇ ਗਏ ਸਮੇਂ ਅਤੇ ਮਿਤੀ ਤਕ ਜਰੂਰ ਜਮ੍ਹਾ ਕਰਾਉਣ ਇਸ ਟੈਂਡਰ ਦੇ ਤਹਿਤ ਮੈਨੂੰਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂੰਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ।

ਠੇਕੇਦਾਰਾਂ ਦੁਆਰਾ ਟੈਂਡਰ ਡਾਕੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋ ਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਵੇਂ ਕਿ ਨੈਟ ਬੈਕਿੰਗ, ਡੈਬਿਟ ਕਾਰਡ, ਕਰੈਡਿਟ ਕਾਰਡ ਆਦਿ ਦੁਆਰਾ ਸਵੀਕ੍ਰਿਤ ਕੀਤੀ ਜਾਵੇਗੀ ਇਸ ਦੇ ਇਲਾਵਾ ਡਿਮਾਂਡ ਡ੍ਰਾਫਟ, ਬੈਂਕਰ ਚੈਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਦੁਆਰਾ ਜਮ੍ਹਾ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ।

ਐਨ.ਆਈ.ਟੀ

| ਕੰਮ ਦਾ ਨਾਮ | ਫਿਰੋਜਪੁਰ ਡਵੀਜਨ ਵਿਚ ਨਾਨ ਇੰਟਰਲਾਕ LC ਗੇਟਸ ਤੇ ਫਾਈਬਰ ਬੇਸਡ CCTV ਦਾ ਪ੍ਰਬੰਧ ਕਰਨ ਦਾ ਕੰਮ। | | |
|---|---|---|---|
| ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ | 09.10.2026 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 17.09.2026 11:21 |
| ਅੰਦਾਜਨ ਲਾਗਤ (ਰੁ.) | 46036687.72 | ਬਿਡਿੰਗ ਸ਼ੁਰੂ ਦੀ ਮਿਤੀ (ਆਈ.ਆਰ.ਈ.ਪੀ.ਐਸ.) | 25.09.2026 |
| ਬਿਆਨਾ ਰਾਸ਼ੀ (ਰੁ) | 920700.00 | ਕੰਮ ਪੂਰਾ ਕਰਨ ਦੀ ਮਿਆਦ | 9 ਮਹੀਨੇ |

ਨੋਟ: ਨਿਵਿਦਾਕਰਤਾ ਰੈਗੁਲਰ ਤੌਰ ਤੇ ਵੈਬਸਾਈਟ ਦੇ ਸੰਪਰਕ ਵਿਚ ਰਹਿ ਕੇ ਨਿਵਿਦਾ ਸੰਸ਼ੋਧਨਾਂ, ਸੋਧ ਪੱਤਰ ਆਦਿ ਦੇ ਬਾਰੇ ਵਿਚ ਖੁਦ ਨੂੰ ਅਪਡੇਟ ਰਖਣ।
ਮਹੀਨੇ ਨਿਵਿਦਾ ਸੂਚਨਾ ਨੰਬਰ: 433-Sig-T-45-26-27 ਤਾਰੀਕ : 17.09.2026 3235/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



## SBI STATE BANK OF INDIA

RETAIL ASSETS CENTRAL PROCESSING CENTRE (05296), 1ST FLOOR, CIVIL LINES, FOUNTAIN CHOWK, LUDHIANA

**ਅਚੱਲ/ਚੱਲ ਜਾਇਦਾਦ ਦੀ ਵਿਕਰੀ ਲਈ ਵਿਕਰੀ ਨੋਟਿਸ "ਅੰਤਿਕਾ-IV-ਏ [ ਦੇਖੋ ਰੂਲ 8 (6) ਦੀ ਵਿਵਸਥਾ ]**
**ਨਿਲਾਮੀ ਦੀ ਮਿਤੀ ਤੇ ਸਮਾਂ 30.09.2026 ਸਵੇਰੇ 11.00 ਵਜੇ ਤੋਂ ਸ਼ਾਮ 5.00 ਵਜੇ ਤੱਕ (10 ਮਿੰਟਾਂ ਦੇ ਸਵੈ-ਵਾਧਿਆਂ ਨਾਲ)**
**ਈ ਐੱਮ ਡੀ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ ਅਤੇ ਸਮਾਂ 29.09.2026 ਨੂੰ ਸ਼ਾਮ 5.00 ਵਜੇ ਤੱਕ ਜਾਂ ਇਸ ਤੋਂ ਪਹਿਲਾਂ**

ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 ਅਤੇ 9 ਤਹਿਤ ਅਚੱਲ ਸਕਿਉਰਡ ਐੱਸਟਸ ਦੀ ਵਿਕਰੀ ਦਾ 30 ਦਿਨਾ ਨੋਟਿਸ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰੀਜੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ 2002 ਦੇ ਤਹਿਤ ਅਚੱਲ/ਚੱਲ ਐੱਸਟਸ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਨੋਟਿਸ।

ਆਮ ਜਨਤਾ ਅਤੇ ਕਰਜ਼ਦਾਰ (ਕਰਜ਼ਦਾਰਾਂ) ਅਤੇ ਗਰੰਟਰ (ਗਰੰਟਰਾਂ) ਨੂੰ ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ/ਚੱਲ ਜਾਇਦਾਦ ਸਕਿਉਰਡ ਕ੍ਰੈਡਿਟਰ ਕੋਲ ਗਿਰਵੀ/ਚਾਰਜਡ/ਹਾਈਪੋਥੇਕੇਟਿਡ ਹੈ, ਜਿਸ ਦਾ ਸਟੇਟ ਬੈਂਕ ਆਫ ਇੰਡੀਆ/ਸਕਿਉਰਡ ਕ੍ਰੈਡਿਟਰ ਨੇ ਸੰਬੰਧਤ ਕਰਜ਼ਦਾਰ (ਕਰਜ਼ਦਾਰਾਂ) ਅਤੇ ਗਰੰਟਰ (ਗਰੰਟਰਾਂ) ਤੋਂ ਬਕਾਇਆ ਦੀ ਵਸੂਲੀ ਲਈ ਸਟੇਟ ਬੈਂਕ ਆਫ ਇੰਡੀਆ ਦੇ ਅਧਿਕਾਰਤ ਅਫਸਰ (ਸਕਿਉਰਡ ਕ੍ਰੈਡਿਟਰ) ਵੱਲੋਂ "ਜਿਵੇਂ ਹੈ ਜਿੱਥੇ ਹੈ", "ਉਥੇ ਜੋ ਹੈ ਜਿਵੇਂ ਹੈ" ਅਤੇ "ਉਥੇ ਜੋ ਵੀ ਹੈ" ਦੇ ਆਧਾਰ 'ਤੇ 30.09.2026 ਨੂੰ ਵਿਕਰੀ ਕੀਤੀ ਜਾਵੇਗੀ। ਸੰਬੰਧਤ ਜਾਇਦਾਦਾਂ ਦੀ ਰਾਖਵੀਂ ਕੀਮਤ ਅਤੇ ਰਕਮ ਬਿਆਨਾ ਜਮ੍ਹਾਂ ਹੇਠਾਂ ਸਾਰਣੀ 'ਚ ਦਰਸਾਈ ਗਈ ਹੈ। ਆਨਲਾਈਨ ਈ-ਨਿਲਾਮੀ ਵੈੱਬ ਪੋਰਟਲ/ਵੈੱਬਸਾਈਟ https://baanknet.com ਰਾਹੀਂ ਉੱਪਰ ਦਰਸਾਈ ਮਿਤੀ ਅਤੇ ਸਮੇਂ 'ਤੇ ਅਸੀਮਤ 10 ਮਿੰਟਾਂ ਦੇ ਵਾਧਿਆਂ ਸਹਿਤ ਕੀਤੀ ਜਾਵੇਗੀ।

| ਕਰਜ਼ਦਾਰ ਦਾ ਨਾਂਅ | ਬਕਾਇਆ ਰਕਮ / ਕਬਜ਼ੇ ਦੀ ਮਿਤੀ | ਜਾਇਦਾਦ ਦਾ ਵੇਰਵਾ | ਰਾਖਵੀਂ ਕੀਮਤ ਈ ਐੱਮ ਡੀ ਵਾਧਾ ਰਕਮ | ਜਾਇਦਾਦ ਦੇ ਨਿਰੀਖਣ ਦੀ ਮਿਤੀ ਅਤੇ ਸਮਾਂ | ਈ-ਨਿਲਾਮੀ ਦੀ ਮਿਤੀ ਅਤੇ ਸਮਾਂ |
|---|---|---|---|---|---|
| ਕਰਜ਼ਦਾਰ : ਸ਼੍ਰੀਮਤੀ ਪ੍ਰੀਤੀ ਪਤਨੀ ਸ਼੍ਰੀ ਸੁਰਿੰਦਰ ਕੁਮਾਰ ਅਤੇ ਸ਼੍ਰੀ ਸੁਰਿੰਦਰ ਕੁਮਾਰ ਪੁੱਤਰ ਸ਼੍ਰੀ ਰਾਜ ਕੁਮਾਰ ਮਕਾਨ ਨੰ. 167, ਗੁਰੂ ਗੋਬਿੰਦ ਸਿੰਘ ਨਗਰ ਲੁਧਿਆਣਾ | 05.05.2026 ਨੂੰ ਰੁਪਏ 24.06 ਲੱਖ ਲੱਗਭੱਗ ਅਤੇ ਇਸ 'ਤੇ ਵਿਆਜ। / 09.05.2024 | ਮਕਾਨ/ਜਾਇਦਾਦ ਰਕਬਾ 60 ਵਰਗ ਗਜ਼, ਖਸਰਾ ਨੰ: 28//6/2, ਖੱਤਾ ਨੰ: 775/827, ਜਮ੍ਹਾਂਬੰਦੀ ਸਾਲ 2007-08, ਪਿੰਡ ਜੱਸੀਆਂ ਵਿਖੇ ਸਥਿਤ, ਜ਼ਿਲ੍ਹਾ ਲੁਧਿਆਣਾ। ਜਾਇਦਾਦ ਦੀ ਹੱਦਬੰਦੀ:- ਪੂਰਬ: ਗਲੀ 15', ਪੱਛਮ: ਗੁਆਂਢ 4'-3", ਉੱਤਰ: ਰੌਸ਼ਨ ਸ਼ਰਮਾ-40', ਦੱਖਣ: ਗੁਆਂਢ 26'-10", ਬੈਨਾਮਾ ਵਸੀਕਾ ਨੰ: 29 ਮਿਤੀ 05.04.2017 ਅਨੁਸਾਰ ਸ਼੍ਰੀਮਤੀ ਪ੍ਰੀਤੀ ਪਤਨੀ ਸੁਰਿੰਦਰ ਕੁਮਾਰ ਦੇ ਨਾਂਅ 'ਤੇ। | Rs. 12,30,000/- Rs. 1,23,000/- Rs. 15,000/- | 28.09.2026 10 AM To 4:00 PM | 30.09.2026 11 AM To 5:00 PM |
| ਕਰਜ਼ਦਾਰ : ਸ਼੍ਰੀ ਨਰਿੰਦਰ ਸਿੰਘ ਪੁੱਤਰ ਸ਼੍ਰੀ ਦਲੀਪ ਸਿੰਘ, ਸ਼੍ਰੀਮਤੀ ਅਮਰਜੀਤ ਕੌਰ ਪਤਨੀ ਸ਼੍ਰੀ ਨਰਿੰਦਰ ਸਿੰਘ ਅਤੇ ਜਸਮੀਨ ਕੌਰ ਪੁੱਤਰੀ ਨਰਿੰਦਰ ਸਿੰਘ, ਜੈਨ ਕਾਲੋਨੀ, ਨੇੜੇ ਉਬਰਾਏ ਨਰਸਿੰਗ ਹੋਮ, 33 ਫੁੱਟ ਰੋਡ, ਭਾਮੀਆਂ ਖੁਰਦ ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ। | 28.03.2026 ਨੂੰ ਰੁਪਏ 32,31,000/- ਅਤੇ ਇਸ 'ਤੇ ਵਿਆਜ। / 24.01.2025 | ਜਾਇਦਾਦ/ਮਕਾਨ ਰਕਬਾ 64.44 ਵਰਗ ਗਜ਼, ਖਸਰਾ ਨੰ: 37//3, 36//22, 37//2, ਖੱਤਾ ਨੰ: 33/54, 34/55, 117/143, ਸਫਾ ਨੰ: 63, 64, 162, ਜਮ੍ਹਾਂਬੰਦੀ ਸਾਲ 2005-06, ਹੱਦਬਸਤ ਨੰ: 180, ਵਾਕਿਆ ਭਾਮੀਆਂ ਖੁਰਦ, ਅਬਾਦੀ ਜੈਨ ਕਲੋਨੀ ਵਜੋਂ ਜਾਣੀ ਜਾਂਦੀ, ਨੇੜੇ ਓਬਰਾਏ ਨਰਸਿੰਗ ਹੋਮ, 33 ਫੁੱਟ ਰੋਡ, ਭਾਮੀਆਂ ਖੁਰਦ, ਤਹਿ. ਤੇ ਜ਼ਿਲ੍ਹਾ ਲੁਧਿਆਣਾ, ਤਬਾਦਲਾ ਬੈਨਾਮਾ ਵਸੀਕਾ ਨੰ: 13456 ਮਿਤੀ 27/11/2015 ਅਨੁਸਾਰ ਸ਼੍ਰੀਮਤੀ ਅਮਰਜੀਤ ਕੌਰ ਪਤਨੀ ਸ਼੍ਰੀ ਨਰਿੰਦਰ ਸਿੰਘ ਦੇ ਨਾਂਅ 'ਤੇ ਰਜਿਸਟਰਡ। | Rs. 12,96,000/- Rs. 1,29,600/- Rs. 15,000/- | 28.09.2026 10 AM To 4:00 PM | 30.09.2026 11 AM To 5:00 PM |

ਈ-ਨਿਲਾਮੀ ਦੇ ਨਿਯਮ ਅਤੇ ਸ਼ਰਤਾਂ : ਈ-ਨਿਲਾਮੀ "ਜਿਵੇਂ ਹੈ ਜਿੱਥੇ ਹੈ", "ਜੋ ਹੈ ਜਿਵੇਂ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ ਕੀਤੀ ਜਾਵੇਗੀ : (1) ਅਧਿਕਾਰਤ ਅਫਸਰ ਦੀ ਜਾਣਕਾਰੀ ਅਨੁਸਾਰ ਜਾਇਦਾਦ 'ਤੇ ਕੋਈ ਵੀ ਬੋਝ ਨਹੀਂ ਹੈ। ਫਿਰ ਵੀ ਚਾਹਵਾਨ ਬੋਲੀਕਾਰ ਨੂੰ ਆਪਣੀ ਬੋਲੀ ਜਮ੍ਹਾਂ ਕਰਨ ਤੋਂ ਪਹਿਲਾਂ, ਨਿਲਾਮੀ 'ਤੇ ਰੱਖੀ ਗਈ ਜਾਇਦਾਦ ਦੇ ਬੋਝ, ਸਿਰਲੇਖ ਅਤੇ ਦਾਅਵਿਆਂ/ਅਧਿਕਾਰਾਂ/ਬਕਾਇਆਂ/ਜਾਇਦਾਦ ਨੂੰ ਪ੍ਰਭਾਵਿਤ ਕਰਨ ਵਾਲੇ ਦਾਅਵਿਆਂ ਬਾਰੇ ਆਪਣੇ ਤੌਰ 'ਤੇ ਪੁੱਛਗਿੱਛ ਕਰ ਲੈਣੀ ਚਾਹੀਦੀ ਹੈ। (2) ਬੋਲੀਕਾਰਾਂ ਨੂੰ ਹੇਠਾਂ ਦਰਸਾਈਆਂ ਰਸਮਾਂ ਪਹਿਲਾਂ ਹੀ ਪੂਰੀਆਂ ਕਰ ਲੈਣੀਆਂ ਹੋਣਗੀਆਂ : ਕਦਮ 1-ਬੋਲੀਕਾਰ/ਖਰੀਦਦਾਰ ਰਜਿਸਟਰੇਸ਼ਨ : ਬੋਲੀਕਾਰ ਨੂੰ ਆਪਣੇ ਮੋਬਾਇਲ ਨੰ. ਅਤੇ ਈ-ਮੇਲ ਆਈ ਡੀ ਦੀ ਵਰਤੋਂ ਕਰਦੇ ਈ-ਨਿਲਾਮੀ ਪੋਰਟਲ https://BAANKNET.com 'ਤੇ ਰਜਿਸਟਰ ਕਰਨਾ ਹੋਵੇਗਾ। ਕਦਮ-2 : ਕੇ ਵਾਈ ਸੀ ਵੈਰੀਫਿਕੇਸ਼ਨ : ਬੋਲੀਕਾਰ ਨੂੰ ਲੋੜੀਂਦੇ ਕੇ ਵਾਈ ਸੀ ਦਸਤਾਵੇਜ਼ ਅਪਲੋਡ ਕਰਨੇ ਹੋਣਗੇ। ਕੇ ਵਾਈ ਸੀ ਦਸਤਾਵੇਜ਼ ਦੀ ਪੁਸ਼ਟੀ ਈ-ਨਿਲਾਮੀ ਸਰਵਿਸ ਪ੍ਰੋਵਾਈਡਰ ਦੁਆਰਾ ਕੀਤੀ ਜਾਵੇਗੀ। (ਇਸ ਵਿੱਚ ਦੋ ਕੰਮਕਾਜੀ ਦਿਨ ਲੱਗ ਸਕਦੇ ਹਨ) (3) ਈ ਐੱਮ ਡੀ ਰਕਮ ਦਾ ਉਸ ਦੇ ਗਲੋਬਲ ਈ ਐੱਮ ਡੀ ਵਾਲੇਟ ਵਿੱਚ ਟਰਾਂਸਫਰ ਕਰਨਾ : ਐੱਨ ਈ ਐੱਫ ਟੀ/ਟਰਾਂਸਫਰ ਦੀ ਵਰਤੋਂ ਕਰਕੇ ਫੰਡ ਦਾ ਆਨਲਾਈਨ/ਆਫ ਲਾਈਨ ਟਰਾਂਸਫਰ, ਈ-ਨਿਲਾਮੀ ਪੋਰਟਲ 'ਤੇ ਤਿਆਰ ਕੀਤੇ ਚਲਾਨ ਦੀ ਵਰਤੋਂ ਕਰਕੇ। ਕਦਮ 1 ਤੋਂ 3 ਬੋਲੀਕਾਰ ਦੁਆਰਾ ਈ-ਨਿਲਾਮੀ ਦੀ ਮਿਤੀ ਤੋਂ ਪਹਿਲਾਂ ਐਡਵਾਂਸ 'ਚ ਪੂਰਾ ਕੀਤਾ ਜਾਣਾ ਚਾਹੀਦਾ ਹੈ। ਪਤੇ ਦੇ ਸਬੂਤ ਦੀ ਕਾਪੀ, ਜਿਸ ਤੋਂ ਬਿਨਾਂ ਬੋਲੀ ਰੱਦ ਹੋ ਸਕਦੀ ਹੈ। ਅਨੁਸੂਚੀ-II ਅਤੇ III (ਟੈਂਡਰ ਨੋਟਿਸ 'ਚ ਦਰਸਾਈ ਗਈ ਹੈ) ਦੀ ਸਕੈਨ ਕਾਪੀ ਅਪਲੋਡ ਕਰਨਾ ਪੂਰੀ ਤਰ੍ਹਾਂ ਭਰੇ ਜਾਣ ਅਤੇ ਦਸਤਖਤ ਕਰਨ ਤੋਂ ਬਾਅਦ (3) ਬੋਲੀਆਂ ਜਮ੍ਹਾਂ ਕਰਵਾਉਣ ਅਤੇ ਈ-ਨਿਲਾਮੀ 'ਚ ਭਾਗ ਲੈਣ ਲਈ ਪਹਿਲਾਂ ਈ-ਨਿਲਾਮੀ ਦੇ ਨਿਯਮ ਅਤੇ ਸ਼ਰਤਾਂ ਲਈ ਕਿਰਪਾ ਕਰਕੇ https ://BAANKNET.com ਅਤੇ ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ https//www.SBI.bank.in ਲਿੰਕ ਦਾ ਹਵਾਲਾ ਲਿਆ ਜਾਵੇ।

ਮਿਤੀ :18.09.2026 ਸਥਾਨ : ਲੁਧਿਆਣਾ ਅਧਿਕਾਰਤ ਅਫਸਰ



## CFM ASSET RECONSTRUCTION PRIVATE LIMITED

thoughtful regeneration

Corporate Office: 1st Floor, Wakefield House, Sprott Road, Ballard East, Mumbai - 400038

ਅੰਤਿਕਾ IV **ਕਬਜ਼ਾ ਨੋਟਿਸ (ਅਚੱਲ ਜਾਇਦਾਦ ਲਈ)** ਰੂਲ 8(1) ਨਾਲ ਪੜ੍ਹੇ ਜਾਂਦੇ

ਜਦੋਂ ਕਿ ਨਿਮਨਹਸਤਾਖਰੀ ਨੇ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ (ਸੀ ਐੱਫ ਐੱਮ ਏ ਆਰ ਸੀ ਟਰੱਸਟ-193 ਦੇ ਟਰੱਸਟੀ ਦੀ ਹੈਸੀਅਤ 'ਚ ਕਾਰਜਸ਼ੀਲ) ਦਾ ਅਧਿਕਾਰਤ ਅਫ਼ਸਰ ਹੋਣ ਦੇ ਨਾਤੇ ਸਕਿਉਰਟਾਈਜੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 (ਸਰਫੇਸੀ ਐਕਟ 2002) ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(12), ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਉਕਤ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ ਨੋਟਿਸ 'ਚ ਦਰਸਾਈ ਰਕਮ 60 ਦਿਨਾਂ ਦੇ ਅੰਦਰ-ਅੰਦਰ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਇਸ ਤੋਂ ਇਲਾਵਾ ਸਰਫੇਸੀ ਐਕਟ 2002 ਦੇ ਸੈਕਸ਼ਨ 5 ਦੀਆਂ ਵਿਵਸਥਾਵਾਂ ਅਧੀਨ ਐਕਸਕਲੂਸਿਵ ਲੀਜ਼ਿੰਗ ਐਂਡ ਫਾਇਨਾਂਸ ਪ੍ਰਾਈਵੇਟ ਲਿਮਟਿਡ ਅਤੇ ਸੀ ਐੱਫ ਐੱਮ ਐੱਸਟ ਰੀਕੰਸਟਰੱਕਸ਼ਨ ਪ੍ਰਾਈਵੇਟ ਲਿਮਟਿਡ ਦਰਮਿਆਨ ਮਿਤੀ 30.09.2025 ਨੂੰ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਦੇ ਪੱਖ 'ਚ ਐਕਸਕਲੂਸਿਵ ਲੀਜ਼ਿੰਗ ਐਂਡ ਫਾਇਨਾਂਸ ਪ੍ਰਾਈਵੇਟ ਲਿਮਟਿਡ ਨੇ ਉਕਤ ਕਰਜ਼ਾ ਖਾਤੇ 'ਚ ਆਪ ਦੇ ਸਾਰੇ ਅਧਿਕਾਰ, ਸਿਰਲੇਖ ਅਤੇ ਹਿੱਤ, ਸਮੁੱਚੀ ਬਕਾਇਆ ਕਰਜ਼ ਰਕਮ ਸਕਿਉਰਟੀਜ਼ ਸਹਿਤ ਸੌਂਪ ਦਿੱਤੇ ਹਨ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਕਰਜ਼ਦਾਰਾਂ/ਸਹਿ-ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਜਾਇਦਾਦ ਦਾ ਉਕਤ ਦਰਸਾਏ ਰੂਲਜ਼ ਦੇ ਰੂਲ 8(1) ਨਾਲ ਪੜ੍ਹੇ ਜਾਂਦੇ ਸਰਫੇਸੀ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13(4) ਅਧੀਨ ਉਪਰੋਕਤ ਦਰਸਾਈ ਜਾਇਦਾਦ ਦਾ "ਕਬਜ਼ੇ ਦੀ ਮਿਤੀ ਕਾਲਮ" ਤਹਿਤ ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ। ਬੈਂਕ ਦੁਆਰਾ ਲਏ ਗਏ ਗਿਰਵੀ ਜਾਇਦਾਦ ਦੇ ਕਬਜ਼ੇ ਦੇ ਨਾਲ-ਨਾਲ ਧਿਰਾਂ ਦੇ ਵੇਰਵੇ ਹੇਠਾਂ ਦਿੱਤੇ ਗਏ ਹਨ:-

| ਕਰਜ਼ਦਾਰ/ਡਾਇਰੈਕਟਰ/ਰਹਿਣਕਾਰ/ਗਰੰਟਰ ਦਾ ਨਾਂਅ ਅਤੇ ਪਤਾ/ਕਰਜ਼ਾ ਖਾਤਾ ਨੰ. | ਡਿਮਾਂਡ ਨੋਟਿਸ ਦੀ ਮਿਤੀ / ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ ਅਨੁਸਾਰ ਬਕਾਇਆ ਰਕਮ | ਰਹਿਣ ਕੀਤੀ ਜਾਇਦਾਦ/ਸਕਿਉਰਡ ਐਸਟਸ ਦਾ ਵੇਰਵਾ |
|---|---|---|---|
| ਭੁਪਿੰਦਰ ਸਿੰਘ (ਕਰਜ਼ਦਾਰ) ਐੱਲ ਏ ਐੱਨ-ਐੱਲ ਏ ਪੀ-ਮੋਗਾ-168 ਜਗਦੀਸ਼ ਕੌਰ (ਸਹਿ-ਕਰਜ਼ਦਾਰ) ਅਮਰੀਕ ਸਿੰਘ (ਗਰੰਟਰ) | 20 ਮਾਰਚ 2026 / 14 ਸਤੰਬਰ 2026 | 28 ਫਰਵਰੀ 2026 ਨੂੰ ਰੁਪਏ 4,64,008/- (ਚਾਰ ਲੱਖ ਚੌਂਹਠ ਹਜ਼ਾਰ ਅੱਠ ਰੁਪਏ ਕੇਵਲ) | ਖੇਵਟ ਨੰ. 114, ਖਤੌਨੀ ਨੰ. 296-299, ਖਸਰਾ ਨੰ. 42 ਐਮ, 17 ਮਿੰਨ (2-18), 24(2-1), 17(1-16), 42/24/1 ਮਿੰਨ (2-1) 17 (2-15) ਵਾਕਿਆ ਰਕਬਾ ਕੋਹਾਲਾ, ਨੇੜੇ ਗੁਰਦੁਆਰਾ ਸਾਹਿਬ, ਪਿੰਡ ਕੋਹਾਲਾ, ਤਹਿਸੀਲ ਜ਼ੀਰਾ, ਫਿਰੋਜ਼ਪੁਰ-142047 ਨਾਲ ਸੰਬੰਧਤ ਸਭ ਕੁੱਝ। ਜਾਇਦਾਦ ਦੀਆਂ ਹੱਦਾਂ ਹੇਠਾਂ ਅਨੁਸਾਰ ਹਨ :- ਪੂਰਬ : ਜਗੀਰ ਸਿੰਘ ਪੁੱਤਰ ਫਤਹਿ ਸਿੰਘ ਦੀ ਜਾਇਦਾਦ, ਪੱਛਮ : ਖੁਦ ਦੀ ਜਾਇਦਾਦ, ਉੱਤਰ : ਗੁਰਵੰਤ ਸਿੰਘ ਅਤੇ ਜਗਤਾਰ ਸਿੰਘ ਦੀ ਜਾਇਦਾਦ, ਦੱਖਣ : ਸ਼ੁਬੇਗ ਸਿੰਘ, ਟਹਿਲ ਸਿੰਘ ਅਤੇ ਸ਼ੁਬੇਗ ਸਿੰਘ ਦੀ ਜਾਇਦਾਦ |
| ਬਲਵਿੰਦਰ ਸਿੰਘ (ਕਰਜ਼ਦਾਰ) ਐੱਲ ਏ ਐੱਨ-ਐੱਲ ਏ ਪੀ-ਜੇ ਡੀ ਐੱਚ-912 1. ਜਸਵਿੰਦਰ ਕੌਰ 2. ਯਾਦਵਿੰਦਰ ਸਿੰਘ ਮਨੇਸ (ਸਹਿ-ਕਰਜ਼ਦਾਰ) ਜਗਰੂਪ ਸਿੰਘ (ਗਰੰਟਰ) | 29 ਜਨਵਰੀ 2026 / 15 ਸਤੰਬਰ 2026 | 31 ਜਨਵਰੀ 2026 ਨੂੰ ਰੁਪਏ 12,44,505.71/- (ਬਾਰਾਂ ਲੱਖ ਚੁਤਾਲੀ ਹਜ਼ਾਰ ਪੰਜ ਸੌ ਪੰਜ ਰੁਪਏ ਅਤੇ ਇਕਹੱਤਰ ਪੈਸੇ ਕੇਵਲ) | ਖੇਵਟ ਨੰ. 39, ਖਤੌਨੀ ਨੰ. 57, ਖਸਰਾ ਨੰ. 23 ਐਮ//16/1 (3-0), 24 ਐਮ//20 (8-0), ਵਾਕਿਆ ਲਲੇਹ, ਤਹਿਸੀਲ ਜ਼ੀਰਾ, ਫਿਰੋਜ਼ਪੁਰ, ਪੰਜਾਬ ਨਾਲ ਸੰਬੰਧਤ ਸਭ ਕੁੱਝ। ਉੱਤਰ : ਹਰਜਿੰਦਰ ਕੌਰ ਦੀ ਜਾਇਦਾਦ, ਦੱਖਣ : ਜਸਪਾਲ ਸਿੰਘ ਦੀ ਜਾਇਦਾਦ, ਪੂਰਬ : ਜਸਪਾਲ ਸਿੰਘ ਦੀ ਜਾਇਦਾਦ, ਪੱਛਮ : ਗਲੀ। |
| ਗੁਰਪਿੰਦਰ ਸਿੰਘ (ਕਰਜ਼ਦਾਰ) ਐੱਲ ਏ ਐੱਨ-ਐੱਲ ਏ ਪੀ-ਬੀ ਏ ਟੀ-422 1. ਮੁਖਤਾਰ ਸਿੰਘ 2. ਸਪਨਾ ਕੌਰ 3. ਦਵਿੰਦਰ ਸਿੰਘ (ਸਹਿ-ਕਰਜ਼ਦਾਰ) ਨਵਜੋਤ ਸਿੰਘ (ਗਰੰਟਰ) | 20 ਮਾਰਚ 2026 / 17 ਸਤੰਬਰ 2026 | 31 ਜਨਵਰੀ 2026 ਨੂੰ ਰੁਪਏ 5,40,159/- (ਪੰਜ ਲੱਖ ਚਾਲੀ ਹਜ਼ਾਰ ਇੱਕ ਸੌ ਉਨਾਹਠ ਰੁਪਏ ਕੇਵਲ) | ਕਿੱਲਾ ਨੰ. 54//8/1/1/1 (2-13), ਖੱਤਾ ਨੰ. 234/345, ਜਮ੍ਹਾਂਬੰਦੀ ਸਾਲ 2021-2022, ਪਿੰਡ ਚੋਗਾਵਾਂ, ਅਜਨਾਲਾ, ਅੰਮ੍ਰਿਤਸਰ-143109 ਨਾਲ ਸੰਬੰਧਤ ਸਭ ਕੁੱਝ । ਜਾਇਦਾਦ ਦੀਆਂ ਹੱਦਾਂ ਹੇਠ ਅਨੁਸਾਰ : ਪੂਰਬ : ਹਵੇਲੀ ਗੰਡਾ ਸਿੰਘ ਦੀ ਜਾਇਦਾਦ, ਪੱਛਮ : ਸੁਬੇਗ ਸਿੰਘ ਦੀ ਜਾਇਦਾਦ, ਉੱਤਰ : ਗਲੀ 6' ਚੌੜੀ 56', ਦੱਖਣ : ਮੁਖਤਾਰ ਸਿੰਘ ਦੀ ਜਾਇਦਾਦ। |
| ਜਗਤਾਰ ਸਿੰਘ (ਕਰਜ਼ਦਾਰ) ਐੱਲ ਏ ਐੱਨ-ਐੱਲ ਏ ਪੀ-ਜੇ ਡੀ ਐਚ-598 ਰੁਪਿੰਦਰਜੀਤ ਕੌਰ (ਸਹਿ-ਕਰਜ਼ਦਾਰ) ਬੁੱਧ ਸਿੰਘ (ਗਰੰਟਰ) | 15 ਦਸੰਬਰ 2025 / 15 ਸਤੰਬਰ 2026 | 31 ਅਕਤੂਬਰ 2025 ਨੂੰ ਰੁਪਏ 20,60,818.96/- (ਵੀਹ ਲੱਖ ਸੱਠ ਹਜ਼ਾਰ ਅੱਠ ਸੌ ਅਠਾਰਾਂ ਰੁਪਏ ਅਤੇ ਛਿਆਨਵੇਂ ਪੈਸੇ ਕੇਵਲ) | ਖਸਰਾ ਨੰ. 23 ਐਮ/10/2 (5-2) 11(7-8), 12(8-0), 13(3-0), 20/1(0-16), ਜਮ੍ਹਾਂਬੰਦੀ ਸਾਲ 2019-20, ਅੱਲੇ ਵਾਲਾ ਵਿਖੇ ਸਥਿਤ, ਤਹਿਸੀਲ ਜ਼ੀਰਾ, ਫਿਰੋਜ਼ਪੁਰ, ਪੰਜਾਬ ਨਾਲ ਸੰਬੰਧਤ ਸਭ ਕੁੱਝ। ਉੱਤਰ : ਮਨਜੀਤ ਸਿੰਘ, ਪੂਰਬ : ਨਿਸ਼ਾਨ ਸਿੰਘ ਦੀ ਜ਼ਮੀਨ, ਦੱਖਣ : ਸੜਕ, ਪੱਛਮ : ਭਾਗ ਸਿੰਘ ਦੀ ਜ਼ਮੀਨ। |
| ਹਜ਼ਾਰਾ ਸਿੰਘ (ਕਰਜ਼ਦਾਰ) ਐੱਲ ਏ ਐੱਨ-ਐੱਲ ਏ ਪੀ-ਜੇ ਡੀ ਐਚ-807 ਬਲਵਿੰਦਰ ਕੌਰ (ਸਹਿ-ਕਰਜ਼ਦਾਰ) ਵਜੀਰ ਸਿੰਘ (ਗਰੰਟਰ) | 16 ਦਸੰਬਰ 2025 / 16 ਸਤੰਬਰ 2026 | 31 ਅਕਤੂਬਰ 2025 ਨੂੰ ਰੁਪਏ 7,27,629/- (ਸੱਤ ਲੱਖ ਸਤਾਈ ਹਜ਼ਾਰ ਛੇ ਸੌ ਉਣੱਤੀ ਰੁਪਏ ਕੇਵਲ) | ਖੇਵਟ/ਖਤੌਨੀ ਨੰ. 31/33, ਖਸਰਾ ਨੰ. 9//4/1/1(2-8) ਖੇਵਟ/ਖਤੌਨੀ ਨੰ. 34/36, ਖਸਰਾ/ਖਤੌਨੀ ਨੰ. 10/1/2(3-11), 4(6-4), 10(8-0) ਖੇਵਟ/ਖਤੌਨੀ ਨੰ. 31/33, ਖਸਰਾ ਨੰ. 9/16(14-8), ਹੱਦਬਸਤ ਨੰ. 226, ਜਮ੍ਹਾਂਬੰਦੀ ਸਾਲ 2017-2018, ਪਿੰਡ ਮੁੰਡੀ ਚੋਹਲੀਆਂ ਨਾਹਲ ਜਲੰਦ ਨਾਲ ਸੰਬੰਧਤ ਸਭ ਕੁੱਝ। ਉੱਤਰ : ਗੁਲਜ਼ਾਰ ਸਿੰਘ ਦੀ ਜ਼ਮੀਨ, ਪੂਰਬ : ਬਲਵਿੰਦਰ ਸਿੰਘ ਦੀ ਜ਼ਮੀਨ, ਦੱਖਣ : ਗਲੀ ਅਤੇ ਸਰਦਾਰ ਸਿੰਘ ਦਾ ਮਕਾਨ, ਪੱਛਮ : ਗੁਲਜ਼ਾਰ ਸਿੰਘ ਦੀ ਜ਼ਮੀਨ |
| ਬਲਕਾਰ ਸਿੰਘ (ਕਰਜ਼ਦਾਰ) ਐੱਲ ਏ ਐੱਨ-ਐੱਲ ਏ ਪੀ-ਜੇ ਡੀ ਐਚ-1014 ਬਲਵੰਤ ਕੌਰ (ਸਹਿ-ਕਰਜ਼ਦਾਰ) ਸ਼ਾਮ ਸਿੰਘ (ਗਰੰਟਰ) | 18 ਫਰਵਰੀ 2026 / 16 ਸਤੰਬਰ 2026 | 31 ਦਸੰਬਰ 2025 ਨੂੰ ਰੁਪਏ 9,36,497.07/- (ਨੌਂ ਲੱਖ ਛੱਤੀ ਹਜ਼ਾਰ ਚਾਰ ਸੌ ਸਤਾਨਵੇਂ ਰੁਪਏ ਅਤੇ ਸੱਤ ਪੈਸੇ ਕੇਵਲ) | ਪਿੰਡ ਮੰਡਾਲਾ ਛੰਨਾ, ਨੇੜੇ ਸਰਕਾਰੀ ਪ੍ਰਾਇਮਰੀ ਸਕੂਲ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ, ਪੰਜਾਬ-144629 ਨਾਲ ਸੰਬੰਧਤ ਸਭ ਕੁੱਝ। ਉੱਤਰ : ਚਿਮਨ ਲਾਲ ਦੀ ਖੇਤੀਬਾੜੀ ਵਾਲੀ ਜ਼ਮੀਨ 74'-5", ਪੂਰਬ : ਤਰਲੋਕ ਸਿੰਘ ਖਾਲੀ ਪਲਾਟ 146'-1", ਦੱਖਣ : ਸੜਕ 18' ਚੌੜੀ 74'-5", ਪੱਛਮ : ਬਲਕਾਰ ਸਿੰਘ ਦੀ ਜਾਇਦਾਦ 146'-1" |

ਉਕਤ ਦਰਸਾਏ ਕਰਜ਼ਦਾਰਾਂ ਨੂੰ ਖਾਸ ਕਰ ਅਤੇ ਆਮ ਜਨਤਾ ਨੂੰ ਇਸ ਨੋਟਿਸ ਦੁਆਰਾ ਸਾਵਧਾਨ ਕੀਤਾ ਜਾਂਦਾ ਹੈ ਕਿ ਉਕਤ ਜਾਇਦਾਦ ਨਾਲ ਕੋਈ ਵੀ ਲੈਣ-ਦੇਣ ਨਾ ਕਰਨ। ਇਸ ਨਾਲ ਕੀਤਾ ਕੋਈ ਵੀ ਲੈਣ-ਦੇਣ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਦੇ ਚਾਰਜ ਅਧੀਨ ਹੋਵੇਗਾ, ਜੋ ਕਿ ਇਸ ਨੋਟਿਸ 'ਚ ਦੱਸੀ ਰਕਮ, ਇਕਰਾਰਨਾਮਾ ਦਰ 'ਤੇ ਵਿਆਜ, ਅਚਨਚੇਤੀ ਖਰਚੇ, ਲਾਗਤਾਂ ਅਤੇ ਚਾਰਜਜ਼ ਆਦਿ ਉਪਰੋਕਤ ਵੇਰਵਿਆਂ ਵਿੱਚ ਦਰਸਾਈ ਗਈ ਬਕਾਇਆ ਰਕਮ ਦੀ ਕਿਸਮ ਦੀ ਅਗਲੀ ਮਿਤੀ ਤੋਂ ਪੂਰੀ ਅਦਾਇਗੀ ਅਤੇ/ਜਾਂ ਪ੍ਰਾਪਤੀ ਮਿਤੀ ਦੀ ਮਿਤੀ ਤੱਕ। ਇਸ ਤੋਂ ਇਲਾਵਾ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਤਹਿਤ ਸਕਿਉਰਡ ਐਸਟਸ ਦੇ ਪੁਨਰਗ੍ਰਹਿਣ ਲਈ ਉਪਲਬਧ ਸਮੇਂ ਵੱਲ ਦਿਵਾਇਆ ਜਾਂਦਾ ਹੈ।

ਕਿਰਪਾ ਕਰਕੇ ਨੋਟ ਕੀਤਾ ਜਾਵੇ ਕਿ ਦਰਸਾਈਆਂ ਜਾਇਦਾਦਾਂ ਦਾ ਵੇਰਵਾ ਉਕਤ ਦੱਸਿਆ ਗਿਆ ਹੈ।

ਮਿਤੀ : 19-09-2026
ਸਥਾਨ : ਪੰਜਾਬ

ਅਧਿਕਾਰਤ ਅਫਸਰ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ
[ਸੀ ਐੱਫ ਐੱਮ ਏ ਆਰ ਸੀ ਟਰੱਸਟ-193 ਦੀ ਹੈਸੀਅਤ ਵਜੋਂ ਕਾਰਜਸ਼ੀਲ]

# ਭੋਆ ਹਲਕੇ 'ਚ ਕਰੀਬ 1.20 ਕਰੋੜ ਰੁਪਏ ਦੀ ਲਾਗਤ ਨਾਲ ਤਿੰਨ ਸੜਕਾਂ ਦੇ ਨਿਰਮਾਣ ਕਾਰਜ ਸ਼ੁਰੂ



ਪਠਾਨਕੋਟ, : (ਦਵਿੰਦਰ ਸਿੰਘ)- ਵਿਧਾਨ ਸਭਾ ਹਲਕਾ ਭੋਆ ਦੇ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਵੱਲੋਂ ਵੱਖ-ਵੱਖ ਤਿੰਨ ਪਿੰਡਾਂ ਦਾ ਦੌਰਾ ਕਰਕੇ ਕਰੀਬ 1 ਕਰੋੜ 20 ਲੱਖ ਰੁਪਏ ਦੀ ਲਾਗਤ ਨਾਲ ਬਣਾਈਆਂ ਜਾਣ ਵਾਲੀਆਂ ਤਿੰਨ ਸੜਕਾਂ ਦੇ ਨਿਰਮਾਣ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ। ਇਨ੍ਹਾਂ ਵਿਕਾਸ ਕਾਰਜਾਂ ਤਹਿਤ ਲਗਭਗ ਢਾਈ ਕਿਲੋਮੀਟਰ ਲੰਬੀਆਂ ਸੜਕਾਂ ਅਤੇ ਫਿਰਨੀਆਂ ਦਾ ਨਿਰਮਾਣ ਕੀਤਾ ਜਾਵੇਗਾ, ਜਿਸ ਨਾਲ ਇਲਾਕੇ ਦੇ ਲੋਕਾਂ ਨੂੰ ਆਵਾਜਾਈ ਦੀ ਬਿਹਤਰ ਸਹੂਲਤ ਮਿਲੇਗੀ।ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਕਟਾਰੂਚੱਕ ਨੇ ਦੱਸਿਆ ਕਿ ਪਿੰਡ ਮਸਤਪੁਰ ਤੋਂ ਅਲਿਆਲ ਨੂੰ ਜੋੜਨ ਵਾਲੇ ਕੱਚੇ ਰਸਤੇ ਨੂੰ ਪੱਕੀ ਸੜਕ ਵਿੱਚ ਤਬਦੀਲ ਕੀਤਾ ਜਾਵੇਗਾ।ਇਸ 1.15 ਕਿਲੋਮੀਟਰ ਲੰਬੀ ਸੜਕ ਤੇ ਕਰੀਬ 39.10 ਲੱਖ ਰੁਪਏ ਖਰਚ ਕੀਤੇ ਜਾਣਗੇ ਅਤੇ ਇਸ ਸੜਕ ਦੇ ਨਿਰਮਾਣ ਨਾਲ ਦੋਵਾਂ ਪਿੰਡਾਂ ਦੇ ਵਸਨੀਕਾਂ ਨੂੰ ਆਉਣ-ਜਾਣ ਵਿੱਚ ਵੱਡੀ ਸਹੂਲਤ ਮਿਲੇਗੀ ਅਤੇ ਇਲਾਕੇ ਵਿੱਚ ਸੰਪਰਕ ਹੋਰ ਮਜ਼ਬੂਤ ਹੋਵੇਗਾ।ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਪਿੰਡ ਜਨਿਆਲ ਵਿੱਚ ਲਗਭਗ 0.64 ਕਿਲੋਮੀਟਰ ਲੰਬੀ ਫਿਰਨੀ ਦੇ ਨਿਰਮਾਣ ਦਾ ਕੰਮ ਵੀ ਸ਼ੁਰੂ ਕਰਵਾਇਆ ਗਿਆ ਜਿਸ ਤੇ ਕਰੀਬ 36.41 ਲੱਖ ਰੁਪਏ ਖਰਚ ਕੀਤੇ ਜਾਣਗੇ।ਇਸ ਤੋਂ ਇਲਾਵਾ ਨਵੇਂ ਉਸਾਰੀ ਕਿੰਡ ਸੜਕ ਪਿੰਡ ਕੱਥ ਵਿਖੇ ਵੀ ਲਗਭਗ 0.65 ਕਿਲੋਮੀਟਰ ਲੰਬੀ ਫਿਰਨੀ ਦਾ ਨਿਰਮਾਣ ਕੀਤਾ ਜਾਵੇਗਾ ਜਿਸ ਦੇ ਕਰੀਬ 44.90 ਲੱਖ ਰੁਪਏ ਖਰਚ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਪਿੰਡਾਂ ਦੀਆਂ ਫਿਰਨੀਆਂ ਅਤੇ ਸੰਪਰਕ ਸੜਕਾਂ ਦਾ ਸੁਧਾਰ ਹੋਣ ਨਾਲ ਪਿੰਡ ਵਾਸੀਆਂ ਦੀ ਰੋਜ਼ਾਨਾ ਆਵਾਜਾਈ ਆਸਾਨ ਹੋਵੇਗੀ ਅਤੇ ਖੇਤਰ ਦੇ ਵਿਕਾਸ ਨੂੰ ਹੋਰ ਗਤੀ ਮਿਲੇਗੀ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾਵੇ ਅਤੇ ਜੇਕਰ ਕਿਸੇ ਤਰ੍ਹਾਂ ਦੀ ਕੋਈ ਸਮੱਸਿਆ ਸਾਹਮਣੇ ਆਉਂਦੀ ਹੈ ਤਾਂ ਉਸ ਨੂੰ ਤੁਰੰਤ ਸਬੰਧਤ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦਾ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪਰਵਿੰਦਰ ਕੁਮਾਰ ਬਲਾਕ ਪ੍ਰਧਾਨ, ਸੂਬੇਦਾਰ ਕੁਲਵੰਤ ਸਿੰਘ ਬਲਾਕ ਪ੍ਰਧਾਨ, ਦਵਿੰਦਰ ਸਿੰਘ ਸਰਪੰਚ, ਮੁਨੀਸ਼ ਗੁਪਤਾ ਸਰਪੰਚ ਬਸਿਆਲ, ਮਦਨ ਗੋਪਾਲ ਬਲਾਕ ਸਮਿਤੀ ਮੈਂਬਰ,ਵਿਸ਼ਾਲ ਸਿੰਘ ਬਲਾਕ ਸਮਿਤੀ ਮੈਂਬਰ, ਮੁਕੇਸ਼ ਸ਼ਰਮਾ, ਜੋਗਿੰਦਰ ਸਰਪੰਚ ਖੋਜਕੀਚੱਕ, ਧਰਮਪਾਲ ਚੇਅਰਮੈਨ ਬਲਾਕ ਸਮਿਤੀ ਬਸਿਆਲ, ਲਵ ਜਨਿਆਲ, ਐਨੀ ਨੱਕੀਆਂ, ਡਾ. ਵਿਨੋਦ ਸਰਪੰਚ ਨਰੋਲੀ, ਪਰਸ਼ੋਤਮ ਲਾਲ ਸਰਪੰਚ ਤਲੂਰ ਅਤੇ ਹੋਰ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਤੇ ਵਰਕਰ ਵੀ ਹਾਜ਼ਰ ਸਨ।



ਬਟਾਲਾ-ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਮੌਕੇ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ (ਰਜਿਸਟਰਡ) ਕਾਹਨੂੰਵਾਨ ਰੋਡ ਬਟਾਲਾ ਵਿਖੇ ਕਮੇਟੀ ਮੈਂਬਰ ਪ੍ਰਧਾਨ ਸੁਲੱਖਣ ਸਿੰਘ, ਹਰਪਾਲ ਸਿੰਘ ਮੀਤ ਪ੍ਰਧਾਨ, ਜਨਰਲ ਸਕੱਤਰ ਬਾਵਾ ਸਿੰਘ, ਪ੍ਰੀਤਮ ਸਿੰਘ, ਸਵਿੰਦਰ ਪਾਲ ਸਿੰਘ, ਕੈਸ਼ੀਅਰ ਕੁਲਵੰਤ ਸਿੰਘ, ਡਾਕਟਰ ਪ੍ਰੇਮ ਸਿੰਘ ਨੇ ਰਾਜ ਰਾਣੀ ਸੀ ਐਂਚ ਟੀ ਸਿਵਾਪ੍ਰਮਤ ਸਿੱਖਿਆ ਵਿਭਾਗ, ਮਨਦੀਪ ਕੌਰ ਸਿੱਖਿਆ ਵਿਭਾਗ, ਸੰਦੀਪ ਕੌਰ, ਡਾ. ਮਲਵਿੰਦਰ ਸਿੰਘ ਚੇਅਰਮੈਨ ਪ੍ਰੈੱਸ ਫੀਲਡ ਐਸੋਸੀਏਸ਼ਨ, ਕਰਨੈਲ ਸਿੰਘ ਸ਼ੇਰਪੁਰ ਅਕਾਲੀ ਲੀਡਰ ਅਤੇ ਨਵਤਾਜ ਸਿੰਘ ਨੂੰ ਸਿਰੋਪਾਉ ਦੇ ਕੇ ਸਨਮਾਨਿਤ ਕੀਤਾ ਗਿਆ। (ਫੋਟੋ ਤੇ ਵੇਰਵਾ: ਡਾ. ਮਲਵਿੰਦਰ ਸਿੰਘ)



ਜਲੰਧਰ-ਡੀ ਏ ਵੀ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਜਲੰਧਰ ਆਪਣੇ ਰਚਨਾਤਮਕ ਕਲੱਬ ਆਰਟੇਸੋ- ਕੈਨਵਸ ਆਫ਼ ਇਮੈਜੀਨੇਸ਼ਨ ਰਾਹੀਂ 'ਆਰਟ ਅਟੈਕ' ਦਾ ਸਫਲਤਾਪੂਰਵਕ ਆਯੋਜਨ ਕੀਤਾ। ਸਮਾਗਮ ਵਿੱਚ ਜਲੰਧਰ ਦੇ 10 ਕਾਲਜਾਂ ਨੇ ਭਾਗ ਲਿਆ।

# ਗੈਰ-ਤਜਰਬੇਕਾਰ ਅਧਿਕਾਰੀ ਦੀ ਤਾਇਨਾਤੀ ਦਾ ਜ਼ਬਰਦਸਤ ਵਿਰੋਧ



ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)-ਬਿਜਲੀ ਸੰਕਟ ਵਿੱਚੋਂ ਹਾਲੇ ਪੰਜਾਬ ਨਿਕਲਿਆ ਨਹੀਂ ਕਿ ਹੁਣ ਖੇਤੀਬਾੜੀ ਵਿਭਾਗ ਵਿੱਚ ਨਵਾਂ ਤਜਰਬਾ ਕਰਕੇ ਖਾਦ ਸੰਕਟ ਵੱਲ ਧੱਕਣ ਦੀ ਤਿਆਰੀ ਕੀਤੀ ਜਾ ਰਹੀ ਹੈ।ਇਸ ਸਬੰਧੀ ਪਲਾਂਟ ਡਾਕਟਰਜ਼ ਸਰਵਿਸਿਜ਼ ਐਸੋਸੀਏਸ਼ਨ ਪੰਜਾਬ ਦੇ ਆਗੂ ਡਾ ਹਰਮਨਦੀਪ ਸਿੰਘ ਘੁੰਮਣ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਵਿੱਚ ਅਕਤੂਬਰ ਮਹੀਨੇ ਤੋਂ ਹਾੜੀ ਦੀਆਂ ਫਸਲਾਂ ਆਲੂ, ਕਣਕ ਆਦਿ ਦੀ ਬਿਜਾਈ ਦਾ ਕੰਮ ਸ਼ੁਰੂ ਹੋ ਜਾਂਦਾ ਹੈ ਜਿਸ ਲਈ ਬਿਜਾਈ ਸਮੇਂ ਖਾਦਾਂ ਦੀ ਕਿਸਾਨ ਨੂੰ ਲੋੜ ਪੈਂਦੀ ਹੈ।ਇਸ ਤੋਂ ਇਲਾਵਾ ਪੰਜਾਬ ਵਿੱਚ ਖਾਦਾਂ ਜਿਵੇਂ ਡੀ ਏ ਪੀ, ਯੂਰੀਆ ਆਦਿ ਨਾਲ ਟੈਗਿੰਗ ਦੀ ਬਹੁਤ ਵੱਡੀ ਸਮੱਸਿਆ ਵੀ ਇਨ੍ਹਾਂ ਦਿਨਾਂ ਵਿੱਚ ਸੁਰਖੀਆਂ ਵਿੱਚ ਰਹਿੰਦੀ ਹੈ।ਸੂਬੇ ਵਿਚ ਡਾਇਰੈਕਟਰ ਖੇਤੀਬਾੜੀ ਦੀ ਅਗਵਾਈ ਵਿੱਚ ਖਾਦ ਸਿਰ ਤੋਂ ਸਾਰਾ ਪ੍ਰਬੰਧ ਜੁਆਇੰਟ ਡਾਇਰੈਕਟਰ ਖੇਤੀਬਾੜੀ (ਇਨਪੁਟਸ) ਵੱਲੋਂ ਕੀਤਾ ਜਾਂਦਾ ਹੈ।ਉਹਨਾਂ ਦੱਸਿਆ ਕਿ 31 ਅਗਸਤ ਨੂੰ ਇਸ ਅਸਾਮੀ 'ਤੇ ਤੈਨਾਤ ਅਧਿਕਾਰੀ ਦੀ ਸੇਵਾ ਮੁਕਤੀ ਉਪਰੰਤ ਖੇਤੀਬਾੜੀ ਵਿਭਾਗ ਵਿੱਚ ਇਸ ਅਸਾਮੀ ਲਈ ਪੰਜ ਯੋਗ ਅਫ਼ਸਰ ਹੋਣ ਦੇ ਬਾਵਜੂਦ ਪੰਜਾਬ ਸਰਕਾਰ ਵੱਲੋਂ ਅੰਕੜਾ ਵਿੰਗ ਦੇ ਇੱਕ ਅਧਿਕਾਰੀ ਜਿਸ ਕੋਲ ਫੀਲਡ ਦਾ ਕੋਈ ਤਜਰਬਾ ਨਹੀਂ ਹੈ ਉਸ ਦੀ ਇਸ ਅਹਿਮ ਅਸਾਮੀ 'ਤੇ ਤੈਨਾਤੀ ਕੀਤੀ ਗਈ ਹੈ। ਪਲਾਂਟ ਡਾਕਟਰਜ਼ ਸਰਵਿਸਜ਼ ਐਸੋਸੀਏਸ਼ਨ ਪੰਜਾਬ ਦੇ ਨੁਮਾਇੰਦਿਆਂ ਡਾ ਹਰਮਨਦੀਪ ਸਿੰਘ ਘੁੰਮਣ, ਮਨਜਿੰਦਰ ਸਿੰਘ, ਸਤਵਿੰਦਰਬੀਰ ਸਿੰਘ, ਗੁਰਵੰਤ ਸਿੰਘ, ਵਿਕਰਾਂਤ, ਜਸਪਾਲ ਸਿੰਘ ਧੰਜੂ, ਸੁਚੇਤਨ ਸਿੰਘ, ਪ੍ਰਦੀਪ ਸਿੰਘ, ਅਮਨਪ੍ਰੀਤ ਸਿੰਘ ਨੇ ਕਿਹਾ ਕਿ ਇਸ ਤਰਾਂ ਨਾਨ ਟੈਕਨੀਕਲ ਅਧਿਕਾਰੀ ਜਿਸ ਕੋਲ ਫੀਲਡ ਦਾ ਕੋਈ ਤਜਰਬਾ ਨਹੀਂ ਉਸ ਦੀ ਇਸ ਅਹਿਮ ਅਸਾਮੀ 'ਤੇ ਤੈਨਾਤੀ ਕਰਨ ਨਾਲ ਜਿਥੇ ਖਾਦ ਕੰਟਰੋਲ ਆਰਡਰ 1985 ਦੀ ਉਲੰਘਣਾ ਕੀਤੀ ਗਈ ਉੱਥੇ ਹੀ ਸਰਕਾਰ ਦਾ ਕਾਰਪੋਰੇਟ ਪੱਖੀ ਹੋਣ ਦਾ ਸਬੂਤ ਵੀ ਹੈ। ਉਨ੍ਹਾਂ ਕਿਹਾ ਕਿ ਪਲਾਂਟ ਡਾਕਟਰਜ਼ ਸਰਵਿਸਜ਼ ਐਸੋਸੀਏਸ਼ਨ ਪੰਜਾਬ ਸਰਕਾਰ ਦੇ ਖੇਤੀ ਟੈਕਨੋਕਰੇਟ ਨੂੰ ਅੱਖੋਂ ਪਰੋਖੇ ਕਰਕੇ ਹੋਰ ਕੇਡਰ ਦੇ ਅਧਿਕਾਰੀ ਦੀ ਤੈਨਾਤੀ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ ਅਤੇ ਉਨ੍ਹਾਂ ਮੰਗ ਕੀਤੀ ਕਿ ਸਰਕਾਰ ਕਿਸਾਨੀ ਹਿੱਤਾਂ ਨੂੰ ਮੁੱਖ ਰੱਖਦਿਆਂ ਇਸ ਅਹਿਮ ਅਸਾਮੀ 'ਤੇ ਖੇਤੀ ਟੈਕਨੋਕਰੇਟ ਦੀ ਤੈਨਾਤੀ ਹੀ ਕਰੇ।

# ਪੁਲਿਸ ਵੱਲੋਂ ਜ਼ਿਲ੍ਹਾ ਸੁਧਾਰ ਘਰ 'ਚ ਅਚਨਚੇਤ ਤਲਾਸ਼ੀ ਮੁਹਿੰਮ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ /ਪੂਜਾ) - ਪੰਜਾਬ ਸਰਕਾਰ ਅਤੇ ਡੀ.ਜੀ.ਪੀ. ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੂਬਾ ਪੱਧਰ 'ਤੇ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਗੈਂਗਸਟਰਾਂ 'ਤੇ ਵਾਰ ਅਤੇ ਯੁੱਧ ਨਸ਼ਿਆਂ ਵਿਰੁੱਧ ਤਹਿਤ ਐਸ.ਐਸ.ਪੀ. ਸ੍ਰੀ ਮੁਕਤਸਰ ਸਾਹਿਬ ਸ੍ਰੀ ਅਭਿਮੰਨਿਊ ਰਾਣਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਵਿੱਚ ਅਪਰਾਧਿਕ ਨੈੱਟਵਰਕਾਂ ਨੂੰ ਜੜ੍ਹੋਂ ਖਤਮ ਕਰਨ ਲਈ ਲਗਾਤਾਰ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਮੁਹਿੰਮ ਤਹਿਤ ਜ਼ਿਲ੍ਹਾ ਸੁਧਾਰ ਘਰ (ਜੇਲ੍ਹ) ਅੰਦਰ ਇੱਕ ਵਿਸ਼ੇਸ਼, ਅਚਨਚੇਤ ਸਰਚ ਅਭਿਆਨ ਚਲਾਇਆ ਗਿਆ। ਇਸ ਕਾਰਵਾਈ ਦਾ ਮੁੱਖ ਉਦੇਸ਼ ਜੇਲ੍ਹ ਦੀ ਸੁਰੱਖਿਆ ਨੂੰ ਹੋਰ ਮਜ਼ਬੂਤ ਬਣਾਉਣਾ, ਗੈਰ-ਕਾਨੂੰਨੀ ਗਤੀਵਿਧੀਆਂ 'ਤੇ ਰੋਕ ਲਗਾਉਣਾ ਅਤੇ ਕਿਸੇ ਵੀ ਅਪਰਾਧਿਕ ਨੈੱਟਵਰਕ ਨੂੰ ਨਾਕਾਮ ਕਰਨਾ ਹੈ। ਇਹ ਸਰਚ ਅਭਿਆਨ ਅਭਿਆਨ ਜੇਲ੍ਹ ਸੁਪਰਡੈਂਟ ਸ੍ਰੀ ਕੁਲਵਿੰਦਰ ਸਿੰਘ, ਡਿਪਟੀ ਸੁਪਰਡੈਂਟ ਪੁਨੀਤ ਗਰਗ ਅਤੇ ਡੀ.ਐਸ.ਪੀ. ਸ੍ਰੀ ਬਚਨ ਸਿੰਘ ਦੀ ਅਗਵਾਈ ਹੇਠ ਚਲਾਇਆ ਗਿਆ। ਇੰਸਪੈਕਟਰ ਹਰਪ੍ਰੀਤ ਸਿੰਘ ਮੁੱਖ ਅਫਸਰ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਅਤੇ ਐਸ ਆਈ ਜਗਸੀਰ ਸਿੰਘ ਮੁੱਖ ਅਫਸਰ ਥਾਣਾ ਬਰੀਵਾਲਾ ਅਤੇ ਜ਼ਿਲ੍ਹੇ ਦੇ ਵੱਖ-ਵੱਖ ਥਾਣਿਆਂ ਤੋਂ 70 ਤੋਂ ਵੱਧ ਪੁਲਿਸ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਇਸ ਕਾਰਵਾਈ ਵਿੱਚ ਹਿੱਸਾ ਲਿਆ। ਸਰਚ ਦੌਰਾਨ ਜੇਲ੍ਹ ਦੀਆਂ ਸਾਰੀਆਂ ਬੈਰਕਾਂ, ਵਾਰਡਾਂ ਅਤੇ ਸੰਵੇਦਨਸ਼ੀਲ ਸਥਾਨਾਂ ਦੀ ਬਰੀਕੀ ਨਾਲ ਤਲਾਸ਼ੀ ਲਈ ਗਈ। ਕੈਦੀਆਂ ਅਤੇ ਹਵਾਲਾਤੀਆਂ ਦੀ ਨਿੱਜੀ ਤਲਾਸ਼ੀ ਲੈ ਕੇ ਉਨ੍ਹਾਂ ਦੇ ਸਮਾਨ ਦੀ ਵਿਸਥਾਰਪੂਰਵਕ ਜਾਂਚ ਕੀਤੀ ਗਈ। ਐਸ.ਐਸ.ਪੀ ਸ਼੍ਰੀ ਅਭਿਮੰਨਿਊ ਰਾਣਾ ਨੇ ਕਿਹਾ ਕਿ ਜਨਤਕ ਸੁਰੱਖਿਆ ਸਾਡੀ ਸਭ ਤੋਂ ਵੱਡੀ ਤਰਜੀਹ ਹੈ। ਜੇਲ੍ਹ ਅੰਦਰੋਂ ਕਿਸੇ ਵੀ ਤਰ੍ਹਾਂ ਦੀ ਅਪਰਾਧਿਕ ਯੋਜਨਾ ਜਾਂ ਨੈੱਟਵਰਕ ਚਲਾਉਣ ਦੀ ਕੋਸ਼ਿਸ਼ ਨੂੰ ਕਿਸੇ ਵੀ ਕੀਮਤ 'ਤੇ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ।

# ਉਜੀਵਨ ਐੱਸ ਐੱਫ ਬੀ ਵੱਲੋਂ 'ਨਥਿੰਗ ਸਮਾਲ ਅਬਾਊਟ ਅੱਸ' ਮੁਹਿੰਮ ਸ਼ੁਰੂ

ਲੁਧਿਆਣਾ : ਉੱਜੀਵਨ ਸਮਾਲ ਫਾਇਨੈਂਸ ਬੈਂਕ (ਉੱਜੀਵਨ ਐੱਸ ਐੱਫ ਬੀ) ਨੇ ਨਵੀਂ ਬ੍ਰਾਂਡ ਮੁਹਿੰਮ 'ਨਥਿੰਗ ਸਮਾਲ ਅਬਾਊਟ ਅੱਸ' ਸ਼ੁਰੂ ਕਰਦਿਆਂ ਅਦਾਕਾਰ ਅਤੇ ਪਦਮਸ਼੍ਰੀ ਐਵਾਰਡੀ ਆਰ. ਮਾਧਵਨ ਨੂੰ ਬ੍ਰਾਂਡ ਅੰਬੈਸਡਰ ਬਣਾਇਆ ਹੈ।26 ਸੂਬਿਆਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ 800 ਤੋਂ ਵੱਧ ਬ੍ਰਾਂਚਾਂ ਰਾਹੀਂ 1 ਕਰੋੜ ਤੋਂ ਵੱਧ ਗਾਹਕਾਂ ਨੂੰ ਸੇਵਾਵਾਂ ਦੇ ਰਹੇ ਬੈਂਕ ਦਾ ਉਦੇਸ਼ 'ਸਮਾਲ ਫਾਇਨਾਂਸ ਬੈਂਕ' ਨਾਂਅ ਨਾਲ ਜੁੜੀ ਸੀਮਤ ਸੇਵਾਵਾਂ ਦੀ ਧਾਰਨਾ ਨੂੰ ਦੂਰ ਕਰਨਾ ਹੈ।ਬੈਂਕ ਮੁਤਾਬਕ ਇਹ ਸੇਵਿੰਗਜ਼, ਡਿਪਾਜ਼ਿਟ, ਲੈਂਡਿੰਗ, ਬਿਜ਼ਨਸ ਬੈਂਕਿੰਗ, ਫਾਰੇਕਸ, ਐਨ ਆਰ ਆਈ ਅਤੇ ਵੈਲਥ ਸੋਲਿਊਸ਼ਨਜ਼ ਸਮੇਤ ਕਈ ਸੇਵਾਵਾਂ ਪ੍ਰਦਾਨ ਕਰਦਾ ਹੈ।ਇਸ ਦੀਆਂ ਕਰਜ਼ਾ ਸੇਵਾਵਾਂ 6,000 ਤੋਂ 250 ਕਰੋੜ ਤੱਕ ਹਨ।

# ਪਹਿਲਾ ਐਕਸਕਲੂਸਿਵ ਸਰਵਿਸ ਸੈਂਟਰ ਤੇ ਏ ਆਈ + ਅਸਿਸਟੈਂਸ ਐਪ ਲਾਂਚ ਕਰਨ ਦਾ ਐਲਾਨ

ਅੰਮ੍ਰਿਤਸਰ : ਏਆਈ+ ਸਮਾਰਟਫੋਨ ਭਾਰਤ ਵਿੱਚ ਆਪਣੀਆਂ ਵਿਕਰੀ ਤੋਂ ਬਾਅਦ ਦੀਆਂ ਸੇਵਾਵਾਂ ਦੇ ਤਜਰਬੇ ਨੂੰ ਮਜ਼ਬੂਤ ਕਰ ਰਿਹਾ ਹੈ ਅਤੇ ਦੇਸ਼ ਭਰ ਵਿੱਚ ਆਪਣੇ ਸਰਵਿਸ ਨੈੱਟਵਰਕ ਨੂੰ 1,000+ ਸਰਵਿਸ ਸੈਂਟਰਾਂ ਤੱਕ ਵਧਾਉਣ ਦੀ ਯੋਜਨਾ ਬਣਾ ਰਿਹਾ ਹੈ। ਇਸ ਦੇ ਨਾਲ ਹੀ ਇਸ ਦੀਵਾਲੀ 'ਤੇ ਦਿੱਲੀ ਵਿੱਚ ਆਪਣਾ ਪਹਿਲਾ ਐਕਸਕਲੂਸਿਵ ਏ ਆਈ+ ਸਰਵਿਸ ਸੈਂਟਰ ਵੀ ਸਥਾਪਿਤ ਕੀਤਾ ਜਾਵੇਗਾ। ਆਪਣੇ ਭੌਤਿਕ ਸਰਵਿਸ ਇੰਫ੍ਰਾਸਟ੍ਰਕਚਰ ਦੇ ਵਿਸਥਾਰ ਦੇ ਨਾਲ ਬ੍ਰਾਂਡ ਏਆਈ + ਅਸਿਸਟੈਂਸ ਐਪ ਵੀ ਪੇਸ਼ ਕਰ ਰਿਹਾ ਹੈ।ਇਹ ਇੱਕ ਯੂਨੀਫਾਈਡ ਡਿਜੀਟਲ ਪਲੇਟਫਾਰਮ ਹੈ, ਜਿਸ ਨੂੰ ਡਿਵਾਈਸ ਸਪੋਰਟ, ਸਰਵਿਸ ਬੁਕਿੰਗ, ਟਿਕਟ ਟ੍ਰੈਕਿੰਗ ਅਤੇ ਸਮੱਸਿਆ ਹੱਲ ਕਰਨ ਵਿੱਚ ਸਹਾਇਤਾ ਨੂੰ ਇੱਕੋ ਥਾਂ 'ਤੇ ਉਪਲਬਧ ਕਰਵਾਉਣ ਲਈ ਤਿਆਰ ਕੀਤਾ ਗਿਆ ਹੈ।ਇਸ ਵਿਸਥਾਰ ਨਾਲ ਇਸ ਦੇ ਮੌਜੂਦਾ 800+ ਸਰਵਿਸ ਸੈਂਟਰਾਂ ਦੇ ਨੈੱਟਵਰਕ ਵਿੱਚ 200+ ਸਰਵਿਸ ਸੈਂਟਰ ਹੋਰ ਸ਼ਾਮਲ ਹੋਣਗੇ, ਜਿਸ ਨਾਲ ਭਾਰਤ ਭਰ ਵਿੱਚ ਬ੍ਰਾਂਡ ਦੀ ਵਿਕਰੀ ਤੋਂ ਬਾਅਦ ਦੀ ਸੇਵਾ ਦੀ ਪਹੁੰਚ ਹੋਰ ਵਧੇਗੀ।ਭੌਤਿਕ ਅਤੇ ਡਿਜੀਟਲ ਦੋਵਾਂ ਪੱਧਰਾਂ 'ਤੇ ਇਹ ਵਿਸਥਾਰ ਏਆਈ+ਗਾਹਕਾਂ ਲਈ ਡਿਵਾਈਸ ਦੀ ਮਾਲਕੀ ਦੇ ਤਜਰਬੇ ਨੂੰ ਹੋਰ ਆਸਾਨ, ਪਾਰਦਰਸ਼ੀ ਅਤੇ ਇਕਸਾਰ ਬਣਾਉਣ ਦੇ ਉਦੇਸ਼ ਨਾਲ ਕੀਤਾ ਜਾ ਰਿਹਾ ਹੈ।ਇਸ ਵਿੱਚ ਸਰਵਿਸ ਰਿਕਵੈਸਟ ਦਰਜ ਕਰਨ ਤੋਂ ਲੈ ਕੇ ਉਸ ਦੇ ਹੱਲ ਦੀ ਸਥਿਤੀ ਟ੍ਰੈਕ ਕਰਨ ਤੱਕ ਦੀ ਪ੍ਰਕਿਰਿਆ ਸ਼ਾਮਲ ਹੈ।

# ਗਣੇਸ਼ ਚਤੁਰਥੀ ਸਮਾਗਮ 'ਚ ਡਾ. ਇੰਦਰਪਾਲ ਨੇ ਕੀਤੀ ਸ਼ਿਰਕਤ



ਛੇਹਰਟਾ, (ਮਨੋਜ ਕੁਮਾਰ) : ਡੀਐੱਸ ਇਨਕਲੇਵ, ਪਿੰਡ ਮਾਹਲ ਵਿਚ ਗਣੇਸ਼ ਚਤੁਰਥੀ ਸਬੰਧੀ ਸਮਾਗਮ ਰਾਜ ਕੁਮਾਰ ਧਰਨਾ ਦੀ ਅਗਵਾਈ ਹੇਠ ਮਨਾਇਆ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਐੱਸ. ਸੀ. ਵਿੰਗ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਇੰਦਰਪਾਲ ਵਿਸ਼ੇਸ਼ ਤੌਰ 'ਤੇ ਨਤਮਸਤਕ ਹੋਏ। ਰਾਜ ਕੁਮਾਰ ਧਰਨਾ ਤੇ ਉਨ੍ਹਾਂ ਦੇ ਪਰਿਵਾਰ ਨੇ ਡਾਕਟਰ ਇੰਦਰਪਾਲ ਨੂੰ ਸਨਮਾਨਿਤ ਕੀਤਾ। ਇਸ ਮੌਕੇ ਰਾਮੇਸ਼ ਕੁਮਾਰ ਥਾਪਾ, ਸਾਹਿਬ ਸਿੰਘ, ਰਾਘਵ, ਨਿਸ਼ਾਂਤ, ਚਰਨਜੀਤ ਸਿੰਘ, ਸੁਮੀਤ, ਮਾਸਟਰ ਬਲਜੀਤ ਸਿੰਘ ਆਦਿ ਹਾਜ਼ਰ ਸਨ।




# ਕਲਾਸੀਫਾਈਡ ਇਸ਼ਤਿਹਾਰ



## Change of Name

I, Kavita Kumari wife of Rakesh Kumar resident of House No. 224, Ward No. 15, Near Hari Baba Mandir, Hari Nagar, Hoshiarpur, Punjab have changed my name Kavita Kumari to Kavita. All concerned note.

I, Gurpreet Singh son of Baljit Singh Village Booh Tehsil Patti District Tarn Taran have changed my name from Gurpreet Singh to Surname as Singh and my given name is Gurpreet Plz note it.

I, Kuldip Singh Chahal Son Of Joginder Ram Chahal R/O Vpo Samrai, Tehsil Phillaur, (Jalandhar) Have Changed My Name From Kuldip Singh Chahal To Kuldip Singh Son Of Joginder Ram Please Note.

I, Danial Masih S/o Mukhtiar Masih R/o H.No. 101, Aman Nagar, Suranussi, Jalandhar, Pb. have changed my name from Danial Masih to Daniel Masih. Please note.

I Gian Kaur(Aadhar Card No. 2163 7474 1520) wife of Satpal resident of village Dhaliwal Dona, Tehsil & District Kapurthala , Punjab-144601 have changed my name from GIAN KAUR to GIANO. All concerned please note.

I, Shivani Thakur Alias Seema Thakur W/o Deepak Thakur R/o 1762, Gali No.5, Sharifpura, Amritsar, Punjab have changed my name from Shivani Thakur Alias Seema Thakur to Seema Thakur.

I, Gagandeep S/o Rakesh Kumar Village Rajpur, P.O. Garhdiwala, Teh. Dasuya, Distt. Hoshiarpur Punjab, Declare that I have change my name from Gagandeep to Gagandeep Singh. All concerned note.

I, Gurdip Singh son of Nirmal Singh resident of Village Ittan Badhi, PO. Manak Rai, District Jalandhar, Punjab have declare that Singh is my Surname Gurdip is my given name. All concerned note.

I Sarbjit kaur W/o Swarn Chand R/o Vpo. Lakhpur, Teh. Phagwara, Distt. Kapurthala, Punjab have changed My Name From Sarbjit Kaur To Sarabjit Kaur. All concerned please note.

I, Ramesh, Son of Sh. Ram Lubhaiya, resident of House No. B-34, 5629/2A, Street No. 5, Raghubir Park, Haibowal Kalan, Ludhiana, Punjab, India, have changed my name from Ramesh to RAMESH THAPAR. All concerned please note.

I Kamlesh Kakkar W/O Yograj R/O H.No. 151, Street No. 4, Vijay Nagar, Batala Road, Amritsar Have Changed My Name From Kamlesh To Kamlesh Kakkar.

I, Nishan Singh S/o Baldev Singh R/o VPO Dhianpur, Tehsil Baba Bakala, Distt Amritsar, Punjab, have changed my name from Nishan Singh to Nishan is given name and Singh is surname. Concerned note please.

I, Jaj Pal Choudhary S/o Lahori Mal Chaudhri R/o Hno.68-A Rani Ka Bagh Amritsar, Punjab 143001 From Jaj Pal Choudhary to Jaj Pal Chaudhri.

I, Aneeta Rani W/o Mukesh Kumar R/o H.No.45, Ward No 10, Ram Nagar, Ajnala, Amritsar have changed my name from Aneeta Rani to Anita Kumari.

I, Ranjit Singh NA S/o Harpal Singh R/o Village Jagatpur Bazaj Amritsar have declare that Ranjit is my give name and Singh is my Surname.

I, Jagdish Ram S/O - Mohinder Pal R/O - H No D-17/1289, Gali No 3, Back Side Post Office, Kartar Nagar, Chheharta, Amritsar, Punjab Have Changed My Name From Jagdish Ram To Jagdish Chand.

I, Balvir Kaur W/o Kirtan Parkash Singh R/o Patti Behniwal Sultanwind Pind Amritsar have changed my name Balvir Kaur to Balveer Kaur.

I, Nirmaljeet Kaur W/o Daljit Singh Sidhu R/o Near Telephone Exchange, Majitha, Distt. Amritsar, Punjab-143601 have changed my name from Nirmaljeet Kaur to Nirmaljeet Kaur Sidhu.

I, Palwinder Kaur W/o Narinder Singh R/o Majitha, Chawinda Devi, Distt. Amritsar, Punjab-143504 have changed my name from Palwinder Kaur to Palwinder Jit Kaur.

I,Gurdip Singh S/o Lachhman Singh R/o Majitha, Chawinda Devi, Distt. Amritsar, Punjab-143504 have changed my name from Gurdip Singh to Gurdeep Singh.

I Parminder Singh S/o Jagdish Lal R/o VPO Kandola Distt Jalandhar Punjab. Inform that my given name is Parminder and surname is Singh.

## Change of Name

I, Nirmala Devi w/o Lamber Dass r/o H.No. 8, Mithapur Colony, Jalandhar, Punjab have changed the spelling of my name from Nirmala Devi to Nirmla Devi. All Please Note.

I, Rashpal Kaur w/o Kewal Singh r/o Village Tahli, Teh. Nakodar, Distt.Jalandhar, Punjab have changed my Given name as Rashpal & Surname as Kaur. All Please Note.

I, Kewal Singh s/o Gurdip Singh r/o VPO. Tahli, Tehsil Nakodar, Distt. Jalandhar, Punjab have changed my Given name as Kewal & Surname as Singh. All Please Note.

I, Kuldip Kumar s/o Amarjit r/o Village Dhak Khalwara, Po. Pandori, Teh. Phagwara, Distt.Kapurthala have changed my Given name as Kuldip & Surname as Kumar. All Please Note.

I, Kamlesh Kaur W/o Surinder Pal R/o VPO. Jaitewali, Distt.Jalandhar, Punjab have changed my name from Kamlesh Kaur to Kamlesh Rani. All Please Note.

I, Ravi S/o Makhan Lal R/o H.No. 7, Malko Colony Malko, Distt. Jalandhar, Punjab have changed my name from Ravi to Ravi Kumar. All Please Note.

I, Bakhtawar Lal S/o Lal Singh R/o Village Alaudinpur, Po. Bhawanipur, Distt. Kapurthala, Punjab have changed my name from Bakhtawar Lal to Bakhtawar Singh. All Please Note.

I, Harpreet Kaur D/o Pavittar Singh R/o VPO. Jamsher Khas, Moh. Nimawala, Jalandhar have changed my name from Harpreet Kaur to Given Name Harpreet & Surname as Kaur. All concerned please note.

I, Goldi W/o Rajwinder Masih R/o Vill. Theh Gulam Nabi, PO. Naushera Majja Singh, Distt. Gurdaspur, Punjab have changed my name from Goldi to Goldy. Concerned Note.

I, Manav Sharma S/O Rakesh Kumar, R/o Lehal, PO: Dhariwal, DIST: Gurdaspur, Punjab- 143519. Declare that Name of My Mother has been wrongly written as Madhu in my 12th Class Certificate. The actual name of My Mother is Madhu Bala, which may be amended accordingly.

I, Amarjit Singh Malhi S/o Didar Singh R/o H.No. 158, Santoshi Nagar, Jalandhar-144001, Punjab have changed my name from Amarjit Singh Malhi to Amarjit Malhi. All concerned please note.

I, Kulwant Rai Verma S/o Late Lekh Raj R/o H.No. 218, Makhdoom Pura, Jalandhar-144003, Punjab have changed my name from Kulwant Verma to Kulwant Rai Verma. All concerned please note.

I, Radhika W/o Shri Vijay Kumar R/o H.No. 11/6, Amar Nagar, Gulab Devi Road, Jalandhar, Punjab declare that Radhika and Jaswinder Kaur belong to one and same person. All concerned please note.

## PUBLIC NOTICE

We, Sindhu Panjiyar S/o Vishwanath Panjiyar & Lilam Devi W/o Sindhu Panjiyar R/o Village Madhaul Shani, Manpur Ratmauli Urf Ratmauli Asli, Po. Manpur Ratnauli, Distt. Siatmarhi, Bihar 843117 declare that our son Sumit Kumar is out of our control. We disinherit him from our moveable and immovable properties. We and our family shall not be held responsible for any of them his, deeds and things.

## ਨਾਂਅ ਦੀ ਬਦਲੀ

ਮੈਂ, ਕੰਵਲਜੀਤ ਮਹਿਮੀ ਪੁੱਤਰ ਹਰਦਿਆਲ, ਵਾਸੀ ਖੁਸਰੋਪੁਰ, ਡਾਕਘਰ ਕੁੱਕਰ ਪਿੰਡ, ਜ਼ਿਲ੍ਹਾ ਜਲੰਧਰ-144024, ਪੰਜਾਬ, ਭਾਰਤ, ਆਪਣੀ ਨਾਬਾਲਗ ਧੀ ਗੌਰੀ (ਉਮਰ 16 ਸਾਲ) ਦਾ ਨਾਮ ਬਦਲ ਦਿੱਤਾ ਹੈ ਅਤੇ ਹੁਣ ਤੋਂ ਉਹ ਗੌਰੀ ਮਹਿਮੀ ਵਜੋਂ ਜਾਣੀ ਜਾਵੇਗੀ।

ਮੈਂ, ਗੁਰਮੀਤ ਕੌਰ ਪੁੱਤਰੀ ਮਲਕੀਤ ਸਿੰਘ, ਪਤਨੀ ਜਗਦੀਪ ਸਿੰਘ, ਪਿੰਡ ਬੱਬਨਪੁਰ, ਭਸੌੜ, ਤਹਿਸੀਲ ਧੂਰੀ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਗੁਰਦੀਪ ਕੌਰ ਰੱਖ ਲਿਆ ਹੈ।

ਮੈਂ, ਹਰਜਿੰਦਰ ਕੌਰ ਪਤਨੀ ਬਲਬੀਰ ਸਿੰਘ ਵਾਸੀ ਤਰਨ ਤਾਰਨ ਰੋਡ, ਪੱਤੀ ਸ਼ੇਰੇ ਕੀ, ਗੁਰੂਵਾਲੀ, ਗਿੱਲਵਾਲੀ, ਜ਼ਿਲ੍ਹਾ ਅੰਮ੍ਰਿਤਸਰ ਪੰਜਾਬ ਨੇ ਆਪਣਾ ਨਾਂਅ ਹਰਜਿੰਦਰ ਕੌਰ ਤੋਂ ਬਦਲ ਕੇ ਰਜਿੰਦਰ ਕੌਰ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ, ਅੰਜਲੀ, ਪੁੱਤਰੀ ਸੁਰਿੰਦਰ ਪਾਲ, ਵਾਸੀ ਪਿੰਡ ਸੋਫੀ, ਡਾਕਖਾਨਾ ਕੁੱਕੜ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੈਂ ਆਪਣਾ ਨਾਮ ਅੰਜਲੀ ਤੋਂ ਬਦਲ ਕੇ ਅੰਜਲੀ ਕੌਰ ਰੱਖ ਲਿਆ ਹੈ। ਅੰਜਲੀ ਅਤੇ ਅੰਜਲੀ ਕੌਰ ਇੱਕੋ ਹੀ ਵਿਅਕਤੀ ਹਨ।

ਮੈਂ, ਪਵਿਤਾ ਦੇਵੀ ਪਤਨੀ ਸ਼੍ਰੀ ਸੁਖਵਿੰਦਰ ਸਿੰਘ ਵਾਸੀ ਪਿੰਡ ਰਾਮਟਟਵਾਲੀ, ਡਾਕਖਾਨਾ ਢੋਲਬਾਹਾ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ-144206 ਬਿਆਨ ਕਰਦੀ ਹਾਂ ਕਿ ਮੈਂ ਆਪਣੇ ਲੜਕੇ ਦਾ ਨਾਮ ਸਾਗਰ ਤੋਂ ਬਦਲ ਕੇ ਸਾਗਰ ਸਿੰਘ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ ਬਲਵਿੰਦਰ ਕੌਰ ਪਤਨੀ ਬਖਸ਼ੀਸ਼ ਸਿੰਘ ਪਿੰਡ ਮਾੜੇ ਕਲਾਂ ਤਹਿਸੀਲ ਗੁਰੂਹਰਸਹਾਏ ਜਿਲਾ ਫਿਰੋਜਪੁਰ ਦੀ ਰਹਿਣ ਵਾਲੀ ਹਾਂ । ਮੇਰਾ ਲੜਕਾ ਸਤਨਾਮ ਸਿੰਘ ਜੋ ਬਾਲਗ ਹੈ ਅਤੇ ਮਾੜੀ ਸੰਗਤ ਦਾ ਸ਼ਿਕਾਰ ਹੋ ਗਿਆ ਹੈ ਤੇ ਮੇਰੇ ਕਹਿਣੇ ਤੋਂ ਬਾਹਰ ਹੈ । ਮੈਂ ਉਸਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ । ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ । ਸਬੰਧਤ ਨੋਟ ਕਰਨ ।

ਮੈਂ ਸਕੱਤਰ ਸਿੰਘ ਪੁੱਤਰ ਦਿਆਲ ਸਿੰਘ ਵਾਸੀ ਚੂਸਲੇਵੜ੍ਹ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ। ਮੇਰਾ ਲੜਕਾ ਗੁਰਚੇਤ ਸਿੰਘ ਤੇ ਇਸਦੀ ਪਤਨੀ ਬਲਜੀਤ ਕੌਰ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਆਪਣੇ ਲੜਕੇ ਤੇ ਨੂੰਹ ਦੋਹਾਂ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ। ਇਹਨਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ।

ਅਸੀਂ ਅਵਤਾਰ ਸਿੰਘ ਪੁੱਤਰ ਜੋਗਿੰਦਰ ਸਿੰਘ ਅਤੇ ਪਰਮਜੀਤ ਕੌਰ ਪਤਨੀ ਅਵਤਾਰ ਸਿੰਘ ਵਾਸੀ ਚੂੜਲ ਕਲਾਂ, ਤਹਿਸੀਲ ਲਹਿਰਾ, ਜ਼ਿਲ੍ਹਾ ਸੰਗਰੂਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਹਰਿੰਦਰਜੀਤ ਸਿੰਘ (ਰਿੰਕੂ) ਅਤੇ ਨੂੰਹ ਸੰਦੀਪ ਕੌਰ, ਜੋ ਸਾਡੇ ਕਹਿਣੇ ਤੋਂ ਬਾਹਰ ਹਨ ਤੇ ਸਾਨੂੰ ਤੰਗ-ਪ੍ਰੇਸ਼ਾਨ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਤੇ ਸਾਡੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਹੈ।

ਮੈਂ ਰਾਣੀ ਪਤਨੀ ਓਮ ਪ੍ਰਕਾਸ਼ ਵਾਸੀ ਪਿੰਡ ਕਾਹਲਵਾਂ, ਸਬ ਤਹਿਸੀਲ ਕਰਤਾਰਪੁਰ, ਜ਼ਿਲ੍ਹਾ ਜਲੰਧਰ ਦੀ ਰਹਿਣ ਵਾਲੀ ਹਾਂ। ਇਹ ਕਿ ਮੇਰਾ ਪੁੱਤਰ ਸਤਪਾਲ ਸਿੱਧੂ ਅਤੇ ਉਸ ਦੀ ਪਤਨੀ ਅਨੀਸ਼ਾ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰ ਰਹੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕਿਸੇ ਕਿਸਮ ਦਾ ਤਲਕ-ਵਾਸਤਾ ਨਹੀਂ ਰਹਿ ਗਿਆ।

ਮੈਂ, ਪ੍ਰਮੋਦ ਪਾਂਡੇ ਪੁੱਤਰ ਰਾਮ ਪਾਂਡੇ ਨਿਵਾਸੀ ਅਮਰੀਕ ਨਗਰ ਜਲੰਧਰ, ਮੇਰੀ ਲੜਕੀ ਸਪਨਾ ਮੇਰੇ ਕਹਿਣੇ-ਸੁਣਨੇ ਤੋਂ ਬਾਹਰ ਹੈ, ਨੂੰ ਮੈਂ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। (13840)

ਮੈਂ, ਕਰਨੈਲ ਸਿੰਘ ਪੁੱਤਰ ਚੰਦ ਸਿੰਘ, ਪਿੰਡ ਬੁਗਰਾ (ਸੰਗਰੂਰ) ਆਪਣੇ ਲੜਕੇ ਹਰਮੇਲ ਸਿੰਘ, ਨੂੰਹ ਲਵਪ੍ਰੀਤ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਰਕੇ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾ ਨਾਲ ਲੈਣ-ਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁੱਦ ਜ਼ਿੰਮੇਵਾਰ ਹੋਣਗੇ।

ਮੈਂ ਹਰਜੀਤ ਕੌਰ ਪਤਨੀ ਕੁਲਵੰਤ ਸਿੰਘ, ਵਾਸੀ ਡੀਲੇਕਸ਼ ਕਾਲੋਨੀ, ਫੇਰੂਮਾਨ ਰੋਡ, ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ) ਆਪਣੇ ਲੜਕੇ ਗੁਰਵਿੰਦਰ ਸਿੰਘ ਨੂੰ ਕਹਿਣੇ ਤੋਂ ਬਾਹਰੀ ਹੋਣ ਕਾਰਣ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਕਾਂਤਾ ਰਾਣੀ ਪਤਨੀ ਮੁਖਤਿਆਰ ਸਿੰਘ ਅਤੇ ਮੁਖਤਿਆਰ ਸਿੰਘ ਪੁੱਤਰ ਸ੍ਰੀ ਠਾਕੁਰ ਦਾਸ ਵਾਸੀ ਮਕਾਨ ਨੰ: 45, ਗਲੀ ਨੰ: 24, ਮੇਹਰਪੁਰਾ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਪਰਮਜੀਤ ਸਿੰਘ, ਉਸ ਦੀ ਪਤਨੀ ਸਰਬਜੀਤ ਕੌਰ ਅਤੇ ਉਨ੍ਹਾਂ ਦੇ ਲੜਕੇ ਗੁਰਪ੍ਰੀਤ ਸਿੰਘ ਅਤੇ ਮਨਪ੍ਰੀਤ ਸਿੰਘ ਸਾਰੇ ਸਾਡੇ ਕਹਿਣੇ ਤੋਂ ਬਾਹਰ ਹਨ, ਆਪਣੀਆਂ ਮਨਮਾਨੀਆਂ ਕਰਦੇ ਹਨ ਅਤੇ ਬਹੁਤ ਤੰਗ-ਪ੍ਰੇਸ਼ਾਨ ਕਰਦੇ ਹਨ। ਅਸੀਂ ਉਨ੍ਹਾਂ ਸਭ ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਚੰਗੇ-ਮਾੜੇ ਕੰਮਾਂ ਦੇ ਅਸੀਂ ਤੇ ਸਾਡਾ ਪਰਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ, ਉਹ ਖੁਦ ਜ਼ਿੰਮੇਵਾਰ ਹੋਣਗੇ। ਸਾਡਾ ਤੇ ਸਾਡੇ ਪਰਵਾਰ ਦਾ ਉਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਰਣਜੀਤ ਸਿੰਘ ਪੁੱਤਰ ਹਰਭਜਨ ਸਿੰਘ ਵਾਸੀ ਮਕਾਨ ਨੰ: 530, ਆਦਰਸ਼ ਨਗਰ, ਇਸਲਾਮਾਬਾਦ, ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਮੁਤਬੰਨਾ ਲੜਕਾ ਰਾਜਿੰਦਰ ਸਿੰਘ ਅਤੇ ਉਸ ਦੀ ਪਤਨੀ ਹਰਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੈਂ ਅਤੇ ਮੇਰਾ ਪਰਵਾਰ ਇਨ੍ਹਾਂ ਦੇ ਕਿਸੇ ਲੈਣ-ਦੇਣ ਦਾ ਜ਼ਿੰਮੇਵਾਰ ਨਹੀਂ ਹੋਵੇਗਾ।

ਮੈਂ, ਪਰਮਜੀਤ ਸਿੰਘ ਪੁੱਤਰ ਸਰਦਾਰਾ ਸਿੰਘ, ਵਾਸੀ ਮਕਾਨ ਨੰਬਰ-91, ਗਲੀ ਨੰਬਰ-05, ਨਿਰਮਲ ਇਨਕਲੇਵ, ਢੁਡੀਆਂਵਾਲਾ, ਕਪੂਰਥਲਾ, ਪੰਜਾਬ, ਬਿਆਨ ਕਰਦੇ ਹਾਂ ਕਿ ਮੇਰਾ ਲੜਕਾ ਸੁਖਪ੍ਰੀਤ ਸਿੰਘ ਅਤੇ ਨੂੰਹ ਨਵਪ੍ਰੀਤ, ਮੇਰੇ ਕਹਿਣੇਕਾਰ ਵਿੱਚ ਨਹੀਂ ਹਨ, ਜਿਸ ਕਰਕੇ ਮੈਂ ਆਪਣੇ ਲੜਕੇ ਸੁਖਪ੍ਰੀਤ ਸਿੰਘ, ਨੂੰਹ ਨਵਪ੍ਰੀਤ ਅਤੇ ਇਨ੍ਹਾਂ ਦੇ ਦੋਵਾਂ ਬੱਚਿਆਂ, ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਕਿਸੇ ਵੀ ਕਿਸਮ ਦਾ ਲੈਣ-ਦੇਣ ਕਰਨ ਵਾਲਾ ਵਿਅਕਤੀ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੇ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ ਅਮਰੀਕ ਸਿੰਘ ਪੁੱਤਰ ਸ੍ਰ: ਸਰਦੂਲ ਸਿੰਘ ਅਤੇ ਰਾਜਵਿੰਦਰ ਕੌਰ ਪਤਨੀ ਸ੍ਰ ਅਮਰੀਕ ਸਿੰਘ ਵਾਸੀ ਮਕਾਨ ਨੰ: 2674, ਪੱਤੀ ਮਨਸੂਰ ਦੀ, ਪਿੰਡ ਸੁਲਤਾਨਵਿੰਡ, ਜ਼ਿਲ੍ਹਾ ਅੰਮ੍ਰਿਤਸਰ ਇਹ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਜੋਬਨਦੀਪ ਸਿੰਘ ਅਤੇ ਉਸਦੀ ਪਤਨੀ ਸੰਦੀਪ ਕੌਰ ਮੇਰੇ ਕਹਿਣੇ ਤੋ ਬਾਹਰ ਹੈ ਇਹਨਾ ਨੂੰ ਅਸੀ ਆਪਣੀ ਚਲ-ਅਚਲ ਜਾਇਦਾਦ ਤੋ ਬੇਦਖਲ ਕਰਦੇ ਹਾਂ ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਅਸੀਂ ਦਿਆਲ ਸਿੰਘ ਪੁੱਤਰ ਲੇਟ ਮੋਹਨ ਸਿੰਘ ਅਤੇ ਕੁਲਦੀਪ ਕੌਰ ਪਤਨੀ ਦਿਆਲ ਸਿੰਘ , ਵਾਸੀਆਨ 51, ਖੁਰਲਾ ਕਿੰਗਰਾ , ਜਲੰਧਰ 144001 ,ਪੰਜਾਬ ਇਹ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਬਲਜੀਤ ਸਿੰਘ ਸਾਡੇ ਕਹਿਣੇ ਤੋਂ ਬਾਹਰ ਹੈ । ਇਸ ਲਈ ਅਸੀਂ ਇਸ ਨੂੰ ਆਪਣੀ ਚੱਲ - ਅੱਚਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਮੈਂ, ਮੋਹਨ ਕੁਮਾਰ ਪਾਂਡੇ ਪੁੱਤਰ ਜੀਵਾ ਨੰਦ ਪਾਂਡੇ ਵਾਸੀ ਮਕਾਨ ਨੰ. 197, ਗੁਲਾਬ ਦੇਵੀ ਰੋਡ, ਅਮਰ ਨਗਰ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਕਵੀ ਪਾਂਡੇ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਰਾਜ ਕੁਮਾਰ ਪੁੱਤਰ ਵਰਿਆਮ ਰਾਮ ਵਾਸੀ ਪਿੰਡ ਤੇ ਡਾਕਖਾਨਾ ਕਿੱਤਣਾ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਵੱਡਾ ਲੜਕਾ ਮਨੀਸ਼ ਕੁਮਾਰ ਅਤੇ ਮੇਰੀ ਨੂੰਹ ਪ੍ਰਿਆ ਰਾਣੀ ਪਤਨੀ ਮਨੀਸ਼ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਪਰਮਜੀਤ ਕੌਰ ਪਤਨੀ ਸ੍ਰੀ ਇੰਦਰਜੀਤ ਸਿੰਘ ਵਾਸੀ ਮਕਾਨ ਨੰ: 210, ਨਿਊ ਇਸ਼ਰਪੁਰੀ ਕਲੋਨੀ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰਵਿੰਦਰਪਾਲ ਸਿੰਘ ਅਤੇ ਉਸਦੀ ਪਤਨੀ ਹਰਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਹਰਭਜਨ ਸਿੰਘ ਪੁੱਤਰ ਅਮਰ ਸਿੰਘ ਵਾਸੀ ਕੇ-3/1123, ਈਸਟ ਗੋਬਿੰਦ ਨਗਰ ਸੁਲਤਾਨਵਿੰਡ ਰੋਡ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਰਨੈਲ ਸਿੰਘ ਅਤੇ ਉਸ ਦੀ ਪਤਨੀ ਸੁਖਮੀਤ ਕੌਰ, ਜੋ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਆਸ਼ਾ ਪਤਨੀ ਲੇਟ ਐਲਗਨ ਮਸੀਹ, ਵਾਸੀ ਮਗਰਾਲਾ ਦੀਨਾਨਗਰ, ਤਹਿਸੀਲ ਦੀਨਾਨਗਰ, ਜ਼ਿਲ੍ਹਾ ਗੁਰਦਾਸਪੁਰ, ਮੇਰੇ ਦੋ ਲੜਕੇ ਸੁਨੀਲ ਮਸੀਹ ਅਤੇ ਪਰਦੀਪ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

## ਆਮ ਸੂਚਨਾ

ਮੈਂ, ਵਰਿੰਦਰ ਕੁਮਾਰ ਹਾਊਸ ਨੰਬਰ B1-129, ਰਵੀਦਾਸ ਨਗਰ ਦਾ ਰਹਿਣ ਵਾਲਾ ਮੈਂ ਜਿਹੜਾ ਮੇਰੇ ਪਾਸਪੋਰਟ ਤੇ ਮੇਰੀ ਪਤਨੀ ਦਾ ਨਾਮ nitu ਗਲਤ ਲਿਖਿਆ ਹੋਇਆ ਸੀ ਹੁਣ ਉਹ ਨਾਮ NEETU ਨੀਤੂ ਹੈ ਮੇਰੀ ਪਤਨੀ ਦਾ ਨਾਮ ਬਿਲਕੁਲ ਠੀਕ ਕੀਤਾ ਜਾਵੇ।

ਮੈਂ, ਸੁਖਮਨਦੀਪ ਕੌਰ ਪੁੱਤਰੀ ਸੰਦੀਪ ਸਿੰਘ ਵਾਸੀ ਬੰਡਾਲਾ, ਤਹਿ. ਵਾ ਜ਼ਿਲ੍ਹਾ ਫਿਰੋਜ਼ਪੁਰ ਦੀ ਹਾਂ। ਮੈਂ ਆਪਣਾ ਨਾਂਅ ਸੁਖਮਨਪ੍ਰੀਤ ਕੌਰ (Sukhmanpreet Kaur) ਤੇ ਜਨਮ ਮਿਤੀ 11.10.2007 ਤੋਂ ਬਦਲੀ ਕਰਕੇ ਸੁਖਮਨਦੀਪ ਕੌਰ (Sukhmandeep Kaur) ਤੇ ਜਨਮ ਮਿਤੀ 25.08.2008 ਕਰ ਲਈ ਹੈ। ਸੰਬੰਧਤ ਨੋਟ ਕਰਨ।

ਮੈਂ ਲਵਲੀ ਰਾਣੀ ਪਤਨੀ ਬਲਕਾਰ ਸਿੰਘ ਪਿੰਡ ਕੁਲਾਰਾਂ ਤਹਿਸੀਲ ਸਮਾਣਾ ਜ਼ਿਲ੍ਹਾ ਪਟਿਆਲਾ ਹਰੇਕ ਨੂੰ ਸੂਚਿਤ ਕਰਦੀ ਹਾਂ ਕਿ ਮੇਰਾ ਨਾਮ ਲਵਲੀ ਰਾਣੀ ਹੈ ਜੋ ਮੇਰੇ ਸਾਰੇ ਦਸਤਾਵੇਜਾ ਤੇ ਦਰਜ ਹੈ ਪ੍ਰੰਤੂ ਸਕੂਲ ਵਿੱਚ ਮੇਰੇ ਬੱਚੇ ਦੇ ਸਰਟੀਫਿਕੇਟ ਤੇ ਮੇਰਾ ਨਾਮ ਇਕੱਲਾ ਲਵਲੀ ਲਿਖਿਆ ਗਿਆ ਹੈ ਜਦੋਂ ਕਿ ਮੇਰਾ ਨਾਮ ਲਵਲੀ ਰਾਣੀ ਹੈ ਮੈਨੂੰ ਲਵਲੀ ਰਾਣੀ ਦੇ ਨਾਮ ਨਾਲ ਹੀ ਜਾਣਿਆ ਜਾਵੇ।

ਮੈਂ ਸੁਰਿੰਦਰ ਕੁਮਾਰ ਪੁੱਤਰ ਸ਼੍ਰੀ ਰਾਮ ਦਾਸ, ਵਾਸੀ ਪਿੰਡ ਤੇ ਡਾਕਖਾਨਾ ਜੰਡੂ ਸਿੰਘਾ, ਨੇੜੇ ਯੂਕੋ ਬੈਂਕ, ਜ਼ਿਲ੍ਹਾ ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੈਂ ਆਪਣੀ ਲੜਕੇ ਧਰਿੰਦਰ ਕੁਮਾਰ ਨੂੰ ਹੁਣ ਆਪਣੇ ਕਹਿਣੇਕਾਰ ਹੋਣ ਕਰਕੇ ਉਸ ਸੰਬੰਧੀ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲੀ ਸੰਬੰਧੀ ਦਿੱਤਾ ਪਬਲਿਕ ਨੋਟਿਸ ਵਾਪਸ ਲੈਂਦਾ ਹਾਂ। ਹੁਣ ਮੇਰਾ ਲੜਕਾ ਮੇਰੀ ਚੱਲ-ਅਚੱਲ ਜਾਇਦਾਦ ਵਿਚ ਪੂਰਾ ਹੱਕਦਾਰ ਹੈ । ਸੰਬੰਧਤ ਨੋਟ ਕਰਨ।

ਮੈਂ, ਮਨਦੀਪ ਸਿੰਘ ਪੁੱਤਰ ਜਸਵੰਤ ਸਿੰਘ ਵਾਸੀ ਮਕਾਨ ਨੰ: ਐੱਲ-12/226, 10577, ਸੁਲਤਾਨਵਿੰਡ ਰੋਡ, ਗੁਰੂ ਨਾਨਕ ਨਗਰ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੇ ਘਰ ਦੀ ਪੁਰਾਣੀ ਰਜਿਸਟਰੀ, ਜੋ ਮੇਰੇ ਦਾਦਾ ਮੁਖਤਾਰ ਸਿੰਘ ਦੇ ਨਾਂਅ ਹੈ, ਕੁਲ ਰਕਬਾ 93 ਵਰਗ ਗਜ਼, ਖਸਰਾ ਨੰ: 1367, ਦਸਤਾਵੇਜ਼ ਨੰ: 596, ਬਹੀ ਨੰ: 1, ਜਿਲਦ ਨੰ. 3230, ਸਫਾ ਨੰ: 46/47, ਸਬ ਰਜਿਸਟਰਾਰ ਅੰਮ੍ਰਿਤਸਰ ਜੋ 20.08.26 ਨੂੰ ਗੁੰਮ ਹੋ ਗਈ ਹੈ। ਇਸ ਦੀ ਐੱਫ ਆਈ ਆਰ 07.09.26 ਨੂੰ ਥਾਣਾ ਡਵੀਜ਼ਨ ਬੀ ਅੰਮ੍ਰਿਤਸਰ ਵਿਖੇ ਦਰਜ ਕਰਵਾ ਦਿੱਤੀ ਹੈ। ਇਸ ਦਾ ਜੀ. ਡੀ. ਨੰ: 016 ਹੈ।

ਖਾਤਾ ਨੰਬਰ ਏ ਪੀ 12/238, ਜੋ ਕਿ ਪਿੰਡ ਧਰਮਪੁਰਾ ਵਿਖੇ ਚਾਨਣ ਸਿੰਘ ਪੁੱਤਰ ਵਜੀਰ ਸਿੰਘ ਵਾਸੀ ਧਰਮਪੁਰਾ ਦੇ ਨਾਂਅ 'ਤੇ ਚੱਲਦਾ ਹੈ। ਇਸ ਕੁਨੈਕਸ਼ਨ ਨੂੰ ਨਿਰਮਲ ਸਿੰਘ ਪੁੱਤਰ ਚਾਨਣ ਸਿੰਘ ਵਾਸੀ ਧਰਮਪੁਰਾ ਆਪਣੇ ਨਾਂਅ ਕਰਵਾਉਣਾ ਚਾਹੁੰਦਾ ਹੈ। ਇਸ ਸੰਬੰਧੀ ਜੇਕਰ ਕਿਸੇ ਵਿਅਕਤੀ ਨੂੰ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਪੀ.ਐੱਸ.ਪੀ.ਸੀ.ਐੱਲ ਦਫ਼ਤਰ ਬਰੇਟਾ ਵਿਖੇ ਸੰਪਰਕ ਕਰ ਸਕਦਾ ਹੈ।

ਸੂਚਿਤ ਕੀਤਾ ਜਾਂਦਾ ਹੈ ਕਿ ਜਸਪ੍ਰੀਤ ਕੌਰ ਪੁਤਰੀ ਬਲਬੀਰ ਸਿੰਘ ਵਾਸੀ 1708, ਗਲੀ ਨਬੀ ਬਖਸ਼ ਚੌਕ ਜੈ ਸਿੰਘ ਅੰਮ੍ਰਿਤਸਰ ਨੇ ਹੋਮ ਲੋਨ ਲੈਣ ਲਈ ਆਈ ਡੀ ਬੀ ਆਈ ਬੈਂਕ ਬ੍ਰਾਂਚ ਸ਼ਾਸਤਰੀ ਨਗਰ ਬਟਾਲਾ ਵਿਖੇ ਅਪਲਾਈ ਕੀਤਾ ਹੈ / ਮਿਨ ਵਾਕਿਆ ਰਕਬਾ ਪਿੰਡ ਨੁਸ਼ਿਹਰਾ ਕੁਲ ਰਕਬਾ 109.66 ਵਰਗ ਗਜ ਖਸਰਾ ਨੰਬਰ 126//1/1, ਜਿਸ ਵਿਚ ਪੁਰਾਣਾ ਲੋੜੀਂਦਾ ਦਸਤਾਵੇਜ ਨੰਬਰ 8817 ਮਿਤੀ 11/10/2010, ਬੈਨਾਮਾ ਅਤੇ ਵਸੀਕਾ ਨੰਬਰ 1060 ਮਿਤੀ 21/07/2011 ਵਸੀਹਤ ਰਾਜਿਸਤਰਡ ਅੰਮ੍ਰਿਤਸਰ ਗੰਮ ਹੋ ਚੁਕਾ ਹੈ ਉਕਤ ਦਸੇ ਗਏ ਲੈਣ ਦੇਣ ਕਿਸੇ ਵੀ ਵਿਅਕਤੀ ਨੂੰ ਇਤਰਾਜ ਹੈ ਤਾਂ ਉਹ ਨੋਟਿਸ ਦੇ ਛਪਣ ਦੇ 10 ਦਿਨਾਂ ਦੇ ਅੰਦਰ ਅੰਦਰ IDBI Bank ਬਟਾਲਾ ਵਿਖੇ ਸੰਪਰਕ ਕਰੇ ਮੈਨੇਜਰ ਮੋਬਾਈਲ ਨੰਬਰ 80829-01386, 98157-45959.

ਮੈਂ, ਯਾਦਵਿੰਦਰ ਸਿੰਘ ਪੁੱਤਰ ਸ੍ਰੀ ਇੰਦਰਜੀਤ ਸਿੰਘ ਅਤੇ ਸੋਨਲ ਤੇਜੀ ਵਾਸੀ ਮਕਾਨ ਨੰ: 210, ਇਸ਼ਰਪੁਰੀ ਕਲੋਨੀ, ਜਲੰਧਰ, ਪੰਜਾਬ-144001 ਬਿਆਨ ਕਰਦਾ ਹਾਂ ਕਿ ਸਾਡਾ ਲੜਕਾ ਰਵਿੰਦਰਪਾਲ ਸਿੰਘ ਅਤੇ ਉਸਦੀ ਪਤਨੀ ਹਰਜੀਤ ਕੌਰ ਜੋ ਕਿ Troststrasse 13-19/9/3, 1100 Vienna, Austria ਦੇ ਪੱਕੇ ਰਹਿਣ ਵਾਲੇ ਹਨ। ਸਾਡਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਹੈ। ਜੋ ਕੋਈ ਵੀ ਇਨ੍ਹਾਂ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ ਦੇਣ ਕਰੇਗਾ, ਉਹ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਨਿਲਾਮੀ ਨੋਟਿਸ

ਦੀ ਮੰਡੇਰ ਖੁਰਦ ਬਹੁਮੰਤਵੀ ਸਹਿਕਾਰੀ ਸਭਾ ਲਿਮਟਿਡ ਮੰਡੇਰ ਖੁਰਦ ਖੇਤੀਬਾੜੀ ਸੰਦਾਂ ਦੀ ਨਿਲਾਮੀ ਖੁੱਲ੍ਹੀ ਬੋਲੀ ਰਾਹੀਂ ਸਭਾ ਦੇ ਦਫ਼ਤਰ ਵਿਚ ਹੋਵੇਗੀ। ਜਿਸ ਵਿਚ ਰੋਟਾਵੇਟਰ 7 ਫੁੱਟਾ-1, ਜ਼ੀਰੋ ਡਰਿੱਲ-2, ਐੱਮ. ਬੀ. ਪਲਾਉ-1, ਤਵੀਆਂ-14 ਸੈੱਟ 1 ਦੀ ਨਿਲਾਮੀ 21.09.2026 ਦਿਨ ਸੋਮਵਾਰ ਨੂੰ ਸਵੇਰੇ 12 ਵਜੇ ਕੀਤੀ ਜਾਵੇਗੀ। ਸ਼ਰਤਾਂ ਮੌਕੇ 'ਤੇ ਬਣਾਈ ਸਬ-ਕਮੇਟੀ ਵੱਲੋਂ ਦੱਸੀਆਂ ਜਾਣਗੀਆਂ। ਬੋਲੀ ਦੇਣ ਵਾਲੇ ਨੂੰ 2000 ਰੁਪਏ ਸਕਿਉਰਿਟੀ ਦੇਣੀ ਹੋਵੇਗੀ।

ਸਕੱਤਰ ਹਰਪ੍ਰੀਤ ਸਿੰਘ, ਮੋਬਾ. ਨੰ: 62808-00445

## SHORT TERM TENDER NOTICE

PM SHRI GSSS AKKANWALI, DISTRICT MANSA

Punjab Education Department is Organizing Dehradun, Mansoori, Jim Corbett (Utrakhand) Tour for Students (6 nights) Proposals are invited from qualified travel agencies. Inter-ested agencies may submit their details with in Five working days from the date of publication of this advertisement.

Chairman/Secretary SMC PM SHRI GSSS AKKANWALI
M: 95010-77229

## COURT NOTICE

(U/o 5 Rule 20 CPC)
In the Court of
Hasan Deep Singh Bajwa
Additional Civil Judge (Senior Division), Kharar
CNR No. PBSAA0-001624-2026
Next Date:- 28-10-2026
GW/22/2026

Lovepreet Kaur W/O Late Dalveer Singh R/O Near Govt. School, Chahar Majra, Distt. SAS Nagar Appearing Herein As Natural Guardian Of Her Minor Daughter Navjot Kaur

Vs.

General Public
Publication Issued To:
General Public
:- General Public

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 28-10-2026 at 10:00 a.m.

For details logon to https://highcourtchd.gov.in/?mod=district_notice&district=mogacourt

Additional Civil Judge (Senior Division),Kharar
Dated, this day of 15-09-2026

## COURT NOTICE

In the Court of
Sh. Harwinder Singh
Judicial Magistrate - Ist Class -14 Patiala
CNR No.:- PBPT03-013859-2022
Next Date:-21-10-2026
Madan Gopal Vs. Jasvir Singh Sidhu
Detail Of Offence:- 138 Ni Act
Notice To:
Jasvir Singh Sidhu
Father : - Jarnail Singh
H.no. 1383, First Floor, Urban Estate, Phase-II, Patiala

In above titled case, the accused could not be served. It is ordered that accused should appear in person or through counsel on 21-10-2026 at 10.00 a.m.

For details logon to https://highcourtchd.gov.in/?mod=district notice& district=patiala

Judicial Magistrate - Ist Class -14 Patiala
Dated, this day of 16-09-2026

## ਪਬਲਿਕ ਨੋਟਿਸ

ਸਰਕਾਰੀ ਪ੍ਰਾਇਮਰੀ ਸਕੂਲ ਖੰਨਾ ਐਟ ਸ਼ਰਫ ਅਲੀ (ਬਲਾਕ ਮੱਖੂ), ਤਹਿਸੀਲ ਜ਼ੀਰਾ, ਫਿਰੋਜ਼ਪੁਰ ਵਿਚ ਖਸਤਾ ਹਾਲਤ ਦੇ 3 ਕਮਰੇ ਜਿਸ ਦੀ ਨਿਲਾਮੀ ਮਿਤੀ 25.09.26 ਦਿਨ ਸ਼ੁੱਕਰਵਾਰ 12.30 ਵਜੇ ਦੁਪਹਿਰ ਕੀਤੀ ਜਾਣੀ ਹੈ। ਇਛੁੱਕ ਵਿਅਕਤੀ ਇਸ ਨਿਲਾਮੀ ਵਿੱਚ ਹਿੱਸਾ ਲੈ ਸਕਦੇ ਹਨ। ਸ਼ਰਤਾਂ ਮੌਕੇ 'ਤੇ ਦੱਸੀਆਂ ਜਾਣਗੀਆਂ।

ਵੱਲੋਂ : ਸਕੂਲ ਮੈਨੇਜਮੈਂਟ ਕਮੇਟੀ
ਸ. ਪ੍ਰਾ. ਸ. ਖੰਨਾ ਐਟ ਸ਼ਰਫ ਅਲੀ

## ਪਬਲਿਕ ਨੋਟਿਸ

ਸਰਕਾਰੀ ਪ੍ਰਾਇਮਰੀ ਸਕੂਲ ਲੱਲ੍ਹੇ (ਬਲਾਕ ਮੱਖੂ), ਤਹਿਸੀਲ ਜ਼ੀਰਾ, ਫਿਰੋਜ਼ਪੁਰ ਵਿਚ ਖਸਤਾ ਹਾਲਤ ਦੇ 2 ਕਮਰੇ ਦਫ਼ਤਰ ਸਮੇਤ ਬਰਾਂਡਾ ਜਿਸ ਦੀ ਨਿਲਾਮੀ ਮਿਤੀ 25.09.26 ਦਿਨ ਸ਼ੁੱਕਰਵਾਰ ਸਵੇਰੇ 11 ਵਜੇ ਕੀਤੀ ਜਾਣੀ ਹੈ। ਇਛੁੱਕ ਵਿਅਕਤੀ ਇਸ ਨਿਲਾਮੀ ਵਿੱਚ ਹਿੱਸਾ ਲੈ ਸਕਦੇ ਹਨ। ਸ਼ਰਤਾਂ ਮੌਕੇ 'ਤੇ ਦੱਸੀਆਂ ਜਾਣਗੀਆਂ।

ਵੱਲੋਂ : ਸਕੂਲ ਮੈਨੇਜਮੈਂਟ ਕਮੇਟੀ ਲੱਲ੍ਹੇ

## ਅਦਾਲਤੀ ਇਸ਼ਤਿਹਾਰ

ਨਾਇਬ-ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਨਵਾਂਸ਼ਹਿਰ
ਮਿਸਲ ਨੰ. : 13 ਐੱਨ.ਟੀ ਕਿਸਮ : ਤਕਸੀਮ
ਪਿੰਡ : ਸਲੋਹ
ਦਾਇਰ ਮਿਤੀ : 04/08/2026 ਫੈਸਲਾ ਮਿਤੀ
ਅਨੁਵਾਨ ਮੁਕੱਦਮਾ ਭੁਪਿੰਦਰ ਸਿੰਘ ਬਨਾਮ ਮੋਹਨ ਸਿੰਘ ਵਗੈਰਾ
2. ਭੁਪਿੰਦਰ ਸਿੰਘ ਪੁੱਤਰ ਗੁਰਚਰਨ ਸਿੰਘ ਪੁੱਤਰ ਬਲਵੀਰ ਸਿੰਘ ਵਾਸੀ ਪਿੰਡ ਖੋਜਾ ਤਹਿ. ਨਵਾਂਸ਼ਹਿਰ
ਬਨਾਮ
2. ਮੋਹਨ ਸਿੰਘ ਪੁੱਤਰ ਸਰਵਨ ਸਿੰਘ ਪੁੱਤਰ ਸ਼ਾਮ ਸਿੰਘ 2. ਰੁਪਿੰਦਰ ਸਿੰਘ ਪੁੱਤਰ ਬੂਟਾ ਸਿੰਘ ਪੁੱਤਰ ਸਰਵਨ ਸਿੰਘ 3. ਦਵਿੰਦਰ ਸਿੰਘ ਪੁੱਤਰ ਬੂਟਾ ਸਿੰਘ 4. ਹਰਬੰਸ ਕੌਰ ਪਤਨੀ ਬਖਸ਼ੀਸ਼ ਸਿੰਘ ਪੁੱਤਰ ਭਗਵਾਨ ਸਿੰਘ 5. ਜੋਗਿੰਦਰ ਸਿੰਘ ਪੁੱਤਰ ਬਖਸ਼ੀਸ਼ ਸਿੰਘ ਪੁੱਤਰ ਭਗਵਾਨ ਸਿੰਘ 6. ਅਮਰੀਕ ਸਿੰਘ ਪੁੱਤਰ ਜਗਤ ਸਿੰਘ ਪੁੱਤਰ ਸ਼ਾਮ ਸਿੰਘ 7. ਕੁਲਵਿੰਦਰ ਕੌਰ ਪਤਨੀ ਪਰਮਜੀਤ ਸਿੰਘ ਪੁੱਤਰ ਦਲਬਾਰਾ ਸਿੰਘ 8. ਕੁਲਵੀਰ ਕੌਰ ਪਤਨੀ ਪਰਮਿੰਦਰ ਸਿੰਘ ਪੁੱਤਰ ਕੇਵਲ ਸਿੰਘ 9. ਸ਼ਲਿੰਦਰ ਸਿੰਘ ਰਾਏ ਪੁੱਤਰ ਜਗਤ ਸਿੰਘ ਪੁੱਤਰ ਸ਼ਾਮ ਸਿੰਘ 10. ਸੈਂਟਰਲ ਬੈਂਕ ਆਫ ਇੰਡੀਆ ਬਰਾਂਚ ਨਵਾਂਸ਼ਹਿਰ 11. ਪੰਜਾਬ ਅਤੇ ਸਿੰਧ ਬੈਂਕ ਸ਼ਨੀ ਮੰਦਿਰ ਨਵਾਂਸ਼ਹਿਰ। ਸਾਰੇ ਵਾਸੀਆਨ ਪਿੰਡ ਸਲੋਹ, ਤਹਿ. ਨਵਾਂਸ਼ਹਿਰ

ਦਰਖਾਸਤ ਕੀਏ ਜਾਣੇ ਤਕਸੀਮ ਅਰਾਜੀ ਖੇਵਟ ਨੰ. 288 ਖਤੌਨੀ ਨੰ. 310 (ਰਕਬਾ 20 ਕਨਾਲ 00 ਮਰਲੇ), ਪਿੰਡ ਸਲੋਹ ਬਰੂਏ ਜਮ੍ਹਾਂਬੰਦੀ ਸਾਲ 2022-2023

ਤਹਿਸੀਲ ਦਫਤਰ ਜਮ੍ਹਾਂਦਾਰ

ਉਕਤ ਮੁਕੱਦਮੇ ਵਿੱਚ ਅਦਾਲਤ ਨੂੰ ਪੂਰਾ ਯਕੀਨ ਹੋ ਚੁੱਕਾ ਹੈ ਕਿ ਮੁਦਾਇਲਾ ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਿਲ ਹੈ। ਇਸ ਲਈ ਮਿਤੀ 07/10/2026 ਦੀ ਤਾਰੀਖ ਪੇਸ਼ੀ ਨਿਸ਼ਚਿਤ ਕਰਕੇ ਇਸ ਇਸ਼ਤਿਹਾਰ ਰਾਹੀਂ ਮੁਦਾਇਲਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਤਾਰੀਖ ਪੇਸ਼ੀ 'ਤੇ ਅਸਾਲਤਨ ਜਾਂ ਵਕਾਲਤਨ ਹਾਜ਼ਰ ਅਦਾਲਤ ਆਉਣ। ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਮਿਤੀ 16/09/2026 ਨੂੰ ਮੇਰੇ ਦਸਤਖ਼ਤ ਅਤੇ ਮੋਹਰ ਅਦਾਲਤ ਨਾਲ ਇਹ ਪਬਲੀਕੇਸ਼ਨ ਨੋਟਿਸ ਜਾਰੀ ਕੀਤਾ ਜਾਂਦਾ ਹੈ।

ਨਾਇਬ-ਤਹਿਸੀਲਦਾਰ ਸਹਾਇਕ-ਕਮ ਕੁਲੈਕਟਰ ਦਰਜਾ ਅੱਵਲ ਨਵਾਂਸ਼ਹਿਰ
ਪੱਤਰ ਨੰ: 187 ਆਰ-2, ਮਿਤੀ : 17.09.26

## COURT NOTICE

(U/o 5 Rule 20 CPC)
In the Court of
Ms. Harpreet Kaur Randhawa
District and Sessions Judge, Ludhiana
CNR No. PBLD01-009158-2026
Next Date:-23-10-2026
Kamaljit Kaur
Vs.
Satnam Singh
Publication Issued To:
(2). M/S Delhi Howrah Roadlines Pvt. Ltd.
Address- Fleet Owners and Transport, Contractors, Branch Office, G T Road, Ferozepur Cantt. Punjab. (Owner of Troalla No. PB-04-N-9719)

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 23-10-2026 at 10:00 a.m.

For details logon to https://highcourtchd.gov.in/?mod=district_notice&district=mogacourt

District and Sessions Judge, Ludhiana
Dated, this day of 17-09-2026

## COURT NOTICE

(U/o 5 Rule 20 CPC)
In the Court of Ms. Girish
Principal Judge Family Court, Muktsar
CNR No. PBSM01-003749-2026
Next Date:-08-10-2026
Ravi Dass
Vs. General Public
Publication Issued To:
General Public
:- Sri Muktsar Sahib

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 08-10-2026 at 10:00 a.m.

For details logon to https://highcourtchd.gov.in/?mod=district_notice&district=mogacourt

Principal Judge Family Court Muktsar
Dated, this day of 17-09-2026

## COURT NOTICE

(U/o 5 Rule 20 CPC)
In the Court of
Sh. Deepak Kumar Choudhary
Principal Judge (FC), Barnala
CNR No. PBBR01-004426-2026
Next Date:- 15-10-2026
Gurpreet Singh
Vs.
General Public
Publication Issued To:
General Public
:- Barnala

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 15-10-2026 at 10:00 a.m.

For details logon to https://highcourtchd.gov.in/?mod=district_notice&district=Barnala

Principal Judge (FC), Barnala
Dated, this day of 16-09-2026

## COURT NOTICE

(U/o 5 Rule 20 CPC)
In The Court of
Ms. Sucheta Ashish Dev
Additional District and Sessions Judge -5, Patiala
CNR No. PBPT01-005710-2024
Next Date:- 09-12-2026
Balwinder Singh
Vs.
Sardari Lal
Publication Issued To:
2. Kishan Chand , 3. Girdhari Lal. All Sons of Annat Ram S/o Basambar Dass, R/o Village Nasirpur, Sub Tehsil Ghanaur, Tehsil Rajpura, Distt. Patiala.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 09-12-2026 at 10:00 a.m.

For details logon to https://highcourtchd.gov.in/?mod=district_notice&district=patiala

Additional District and Sessions Judge -5, Patiala
Dated, this day of 15-09-2026

## COURT NOTICE

(Uo 5 Rule 20 CPC)
In The Court of Rajbinder Kaur
Additional Civil Judge Senior Division -2, Patiala
CNR No. PBPT02-002373-2026
Next Date:- 23-10-2026
Gurpal Singh S/o Davinder Singh R/o Vill. Bhuinerheri, Shadipur Patiala and others
Vs.
General Public
Publication Issued To:
General Public
: GP

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 23-10-2026 at 10:00 a.m.

For details logon to https://highcourtchd.gov.in/?mod=district_notice&district=patiala

Additional Civil Judge Senior Division -2, Patiala
Dated, this day of 17-09-2026

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਰਾਜ ਪ੍ਰਿਤਪਾਲ ਸਿੰਘ (ਸ਼ਾਵਰ) ਨਾਇਬ ਤਹਿਸੀਲਦਾਰ, ਰਾਜਾਸਾਂਸੀ, ਤਹਿਸੀਲ ਰਾਜਾਸਾਂਸੀ, ਜ਼ਿਲ੍ਹਾ ਅੰਮ੍ਰਿਤਸਰ
ਕੇਸ ਨੰਬਰ/ਅਦਰ ਕੇਸ 11/2026 ਕਿਸਮ ਕੇਸ : ਤਕਸੀਮ ਵਾਕਿਆ ਰਕਬਾ- ਝੰਜੋਟੀ ਦਾਇਰ ਮਿਤੀ : 03-03-2026 ਤਾਰੀਖ ਪੇਸ਼ੀ 21-9-2026
1) ਵਰਿੰਦਰ ਕੌਰ ਵਿਧਵਾ ਰਨਧੀਰ ਸਿੰਘ 2) ਜੋਬਨਬੀਰ ਸਿੰਘ 3) ਮੋਹਕਮਜੀਤ ਸਿੰਘ ਪੁੱਤਰਾਨ ਰਨਧੀਰ ਸਿੰਘ, ਸਾਰੇ ਵਾਸੀਆਨ ਮਕਾਨ ਨੰਬਰ 166, ਵਾਰਡ ਨੰਬਰ 6, ਬਾਬਾ ਜਵੰਦ ਸਿੰਘ ਕਾਲੋਨੀ, ਰਾਜਾਸਾਂਸੀ, ਤਹਿਸੀਲ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ।
......ਦਾਹਵਾ ਕਰਤਾ ਧਿਰ
ਬਨਾਮ
ਜੋਗਿੰਦਰ ਸਿੰਘ ਪੁੱਤਰ ਚੈਂਚਲ ਸਿੰਘ ਆਦਿ। ......ਉੱਤਰਵਾਦੀ ਧਿਰਾਂ

ਦਰਖਾਸਤ ਤਕਸੀਮ ਜ਼ੇਰ ਧਾਰਾ 111 ਮਾਲ ਗੁਜ਼ਾਰੀ ਐਕਟ (ਪੰਜਾਬ ਲੈਂਡ ਰੈਵੀਨਿਊ, ਐਕਟ 1887) ਬਾਬਤ ਕੁੱਲ ਰਕਬਾ 174 ਕਨਾਲ 6 ਮਰਲੇ ਖਸਰਾ ਨੰਬਰ ਦਰਖਾਸਤ ਜ਼ੇਰ ਧਾਰਾ 111 ਐਕਟ ਮਾਲ ਗੁਜ਼ਾਰੀ (ਪੰਜਾਬ ਲੈਂਡ ਰੈਵੀਨਿਊ ਐਕਟ) ਬਰਾਏ ਕਰਵਾਉਣੇ ਤਕਸੀਮ ਬਾਬਤ ਭੂਮੀ 174 ਕਨਾਲ 6 ਮਰਲੇ ਖਸਰਾ ਨੰਬਰਾਨ 37//20/1 (4-16), 37//20/2 (2-16), 37//21/1 (3-16),37//21/2 (3-16), 43//1/1 (6-0), 34//20/1 (1-12), 34//20/2 (5-12), 34//21 (5-18), 37//1/1 (6-4), 37//1/2 (1-8), 37//2/1 (3-12), 37//2/2 (4-8), 37//9/1 (4-18), 37//10 (7-12), 37//11/1 (1-16), 37//11/2 (2-8), 37//11/3 (3-8), 38//6/1 (0-4), 38//6/2 (2-13), 38//6/3 (3-19), 38//15 (7-19), 38//13 (7-4), 38//14 (7-11), 38//17/1 (5-12), 38//5/2 (2- 8), 38//18 (7-7), 38//16/1 (4-0), 38//16/2 (4-0), 38//25/1 (6-8), 38//25/2 (1- 12), 42//4/2(6-9), 42//5(8-0), 34//11/2(5-0), 34//12(8-0), 34//19 (8-0), 34//22(8-0) ਖਾਤਾ ਖਤੌਨੀ ਨੰਬਰ 86/207, 208, 209, 210, 211, 212 ਮੁਦਰਜਾ ਜਮ੍ਹਾਂਬੰਦੀ ਸਾਲ 2021-2022 ਹਦਬਸਤ ਨੰਬਰ 317 ਉਪਰੋਕਤ ਅਨੁਵਾਨ ਕੇਸ ਵਿੱਚ ਹੇਠ ਦਰਜ ਉੱਤਰਵਾਦੀਆਂ ਨੂੰ ਅਖ਼ਬਾਰੀ ਇਸ਼ਤਿਹਾਰ ਰਾਹੀਂ ਅਤੇ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਅਦਾਲਤ ਵਿੱਚ ਕੇਸ ਤਕਸੀਮ ਉਪਰੋਕਤ ਖਸਰਾ ਨੰਬਰ 'ਤੇ ਪੇਸ਼ ਹੋਇਆ ਹੈ। ਇਸ ਲਈ ਜੇਕਰ ਕੋਈ ਵਿਅਕਤੀ ਜਾਂ ਹੇਠਾਂ ਲਿਖੇ ਉੱਤਰਵਾਦੀਆਂ ਵਿੱਚੋਂ ਕੋਈ ਇਸ ਕੇਸ ਤਕਸੀਮ ਵਿਚ ਕੋਈ ਜਵਾਬ/ਇਤਰਾਜ਼ ਸੰਬੰਧੀ ਕਾਰਵਾਈ ਕਰਨਾ ਚਾਹੁੰਦੇ ਹਨ ਜਾਂ ਪੱਖ ਪੇਸ਼ ਕਰਨਾ ਚਾਹੁੰਦੇ ਹਨ, ਤਾਂ ਉੱਤਰਵਾਦੀ ਧਿਰਾਂ ਜਵਾਬ/ ਇਤਰਾਜ਼ ਅਗਲੀ ਤਾਰੀਖ ਪੇਸ਼ੀ ਮਿਤੀ 21-9-2026 ਨੂੰ ਅਸਾਲਤਨ ਜਾਂ ਵਕਾਲਤਨ ਅਦਾਲਤ ਵਿੱਚ ਪੇਸ਼ ਹੋਣ ਤੇ ਕੇਸ ਦੀ ਪੈਰਵਾਈ ਕਰਨ ਲਈ ਨਿੱਜੀ ਤੌਰ 'ਤੇ ਇਸ ਅਦਾਲਤ ਵਿਖੇ ਪੇਸ਼ ਕਰ ਸਕਦੇ ਹਨ। ਇਸ ਮਿਤੀ ਤੋਂ ਬਾਅਦ ਕਿਸੇ ਦਾ ਕੋਈ ਉਜ਼ਰ ਨਹੀਂ ਸੁਣਿਆ ਜਾਵੇਗਾ। ਹਾਜ਼ਰ ਨਾ ਹੋਣ ਦੀ ਸੂਰਤ ਵਿੱਚ ਉਨ੍ਹਾਂ ਦੇ ਖਿਲਾਫ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਸਹੀ-ਨਾਇਬ ਤਹਿਸੀਲਦਾਰ ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ ਰਾਜਾਸਾਂਸੀ
ਨੰਬਰ/ਰੀਡਰ/ਐੱਨ.ਟੀ./813 ਮਿਤੀ : 16/09/2026

ਉੱਤਰਵਾਦੀ ਧਿਰਾਂ

ਜੋਗਿੰਦਰ ਸਿੰਘ 2) ਮਹਿੰਦਰ ਸਿੰਘ 3) ਕਸ਼ਮੀਰ ਸਿੰਘ 4) ਦਲਬੀਰ ਸਿੰਘ ਪੁੱਤਰਾਨ ਚੈਂਚਲ ਸਿੰਘ ਪੁੱਤਰ ਹਰਨਾਮ ਸਿੰਘ, ਸਾਰੇ ਵਾਸੀਆਨ ਪਿੰਡ ਝੰਜੋਟੀ, ਤਹਿਸੀਲ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ 5) ਦੀ ਅੰਮ੍ਰਿਤਸਰ ਸੈਂਟਰਲ ਕੋਆਪਰੇਟਿਵ ਬੈਂਕ ਬਰਾਂਚ ਰਾਜਾਸਾਂਸੀ, ਤਹਿਸੀਲ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ ਰਾਹੀਂ ਬਰਾਂਚ ਮੈਨੇਜਰ 6) ਸਟੇਟ ਬੈਂਕ ਆਫ ਪਟਿਆਲਾ ਬਰਾਂਚ ਝੰਜੋਟੀ, ਤਹਿਸੀਲ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ ਰਾਹੀਂ ਬਰਾਂਚ ਮੈਨੇਜਰ 7) ਪੰਜਾਬ ਨੈਸ਼ਨਲ ਬੈਂਕ ਬਰਾਂਚ ਰਾਜਾਸਾਂਸੀ, ਤਹਿਸੀਲ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ ਰਾਹੀਂ ਬਰਾਂਚ ਮੈਨੇਜਰ।

## ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਵਿਖੇ ਏਰੀਅਲ ਸਿਨੇਮੈਟੋਗ੍ਰਾਫੀ ਬਾਰੇ ਵਿਸ਼ੇਸ਼ ਲੈਕਚਰ



**ਜਲੰਧਰ (ਨ ਜ਼ ਸ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ [illegible]

## ਗੁਰਸ਼ਰਨ ਸਿੰਘ ਇਨਕਲਾਬੀ ਰੰਗ ਮੰਚ ਸਮਾਗਮ 27 ਨੂੰ

**ਜਲੰਧਰ (ਨ ਜ਼ ਸ)**- ਪੰਜਾਬ ਲੋਕ ਸਭਿਆਚਾਰਕ ਮੰਚ [illegible]

## ਖਾਲਸਾ ਏਡ ਵੱਲੋਂ ਯੂ ਕੇ ਦੀਆਂ ਜੇਲ੍ਹਾਂ 'ਚ ਸਿੱਖ ਕੈਦੀਆਂ ਲਈ ਧਾਰਮਿਕ ਸਮੱਗਰੀ ਮੁਹੱਈਆ ਕਰਵਾਉਣ ਦੀ ਸੇਵਾ

**ਜਲੰਧਰ (ਨ ਜ਼ ਸ)**- [illegible]

## ਸੜਕ ਹਾਦਸੇ 'ਚ ਨੌਜਵਾਨ ਲੜਕੇ ਦੀ ਮੌਤ



**ਬਲਾਚੌਰ (ਜਸਵਿੰਦਰ ਚੰਡ)**- [illegible]

## ਬਿਜਲੀ ਕੱਟ ਵਿਰੁੱਧ ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਧਰਨਾ

**ਜਲੰਧਰ (ਇਕਬਾਲ ਸਿੰਘ ਉਭੀ)**- [illegible] ਗੁਰਜੀਤ ਸਿੰਘ ਪੋਪਲੀ, ਚਰਨਜੀਤ ਸਿੰਘ ਲੁਬਾਣਾ, ਡਾ. ਰਘਬੀਰ ਸਿੰਘ, ਜਸਕੀਰਤ ਸਿੰਘ ਜੱਸੀ, ਗੁਰਮੀਤ ਸਿੰਘ ਬਾਵਾ, ਗੁਰਬਿੰਦਰ ਸਿੰਘ ਜੱਜ,ਜਸਪ੍ਰੀਤ ਸਿੰਘ ਜੱਸੀ, ਗੁਰਪ੍ਰੀਤ ਸਿੰਘ ਸਚਦੇਵਾ, ਜਗਦੀਪ ਸਿੰਘ ਸੈਣੀ, ਬਲਜੀਤ ਸਿੰਘ, ਵੰਸ਼,ਬੀਬੀ ਰੀਟਾ ਕੌਰ, ਜਸਵਿੰਦਰ ਕੌਰ ਕੰਬੋਜ, ਸਿਮਰਨ ਕੌਰ ਕੰਬੋਜ, ਮਮਤਾ ਗੁਪਤਾ, ਸੰਧਿਆ, ਕਲਾਵਤੀ , ਚੰਪਾ ਦੇਵੀ, ਰੀਨਾ ਕੁਮਾਰੀ, ਛੀਨਾਂ ਆਦਿ ਹਾਜ਼ਰ ਸਨ।

## ਜੰਕ ਫੂਡ ਤੋਂ ਪਰਹੇਜ਼ ਕਰਕੇ ਪੌਸ਼ਟਿਕ ਭੋਜਨ ਖਾਣ ਵਿਦਿਆਰਥੀ

**ਆਦਮਪੁਰ (ਮਦਨ ਬੰਗੜ)**- [illegible]



[illegible] ਸਿਹਤਮੰਦ ਖ਼ੁਰਾਕ ਅਤੇ ਤੰਦਰੁਸਤੀ ਸਬੰਧੀ ਜਾਣਕਾਰੀ ਦਿੱਤੀ। ਸੈਮੀਨਾਰ ਦੀ ਸ਼ੁਰੂਆਤ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਦੀ ਤਸਵੀਰ 'ਤੇ ਫੁੱਲਮਾਲਾਵਾਂ ਭੇਟ ਕਰਕੇ ਕੀਤੀ ਗਈ। ਸਕੂਲ ਪਹੁੰਚੀ ਡਾਕਟਰਾਂ ਦੀ ਟੀਮ ਦਾ ਪ੍ਰਿੰਸੀਪਲ ਵੱਲੋਂ ਸਵਾਗਤ ਕੀਤਾ ਗਿਆ। ਡਾ. ਪ੍ਰਿਯਾਂਸ਼ੂ ਨੇ ਵਿਦਿਆਰਥੀਆਂ ਨੂੰ ਰੋਜ਼ਾਨਾ ਜੰਕ ਫੂਡ ਖਾਣ ਤੋਂ ਪਰਹੇਜ਼ ਕਰਨ ਅਤੇ ਫਲਾਂ, ਤਾਜ਼ੀਆਂ ਹਰੀਆਂ ਪੱਤੇਦਾਰ ਸਬਜ਼ੀਆਂ ਸਮੇਤ ਪੌਸ਼ਟਿਕ ਭੋਜਨ ਨੂੰ ਖ਼ੁਰਾਕ ਦਾ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ। ਡਾ. [illegible] ਨੂੰ ਕੰਸੋਲੇਸ਼ਨ ਪ੍ਰਾਇਜ਼ ਦਿੱਤਾ ਗਿਆ। ਪੋਸਟਰ ਮੇਕਿੰਗ ਮੁਕਾਬਲੇ ਵਿੱਚ ਵੀਨੂੰ ਨੇ ਪਹਿਲਾ, ਨਜ਼ੀਮ ਨੇ ਦੂਜਾ ਅਤੇ ਖ਼ੁਸ਼ੀ ਨੇ ਤੀਜਾ ਸਥਾਨ ਹਾਸਲ ਕੀਤਾ। ਜੇਤੂ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।ਸਕੂਲ ਦੇ ਪ੍ਰਿੰਸੀਪਲ ਅਤੇ ਵਾਈਸ ਪ੍ਰਿੰਸੀਪਲ ਮੈਡਮ ਸਤਵਿੰਦਰ ਕੌਰ ਵੱਲੋਂ ਡਾ. ਪ੍ਰਿਯਾਂਸ਼ੂ, ਡਾ. ਕੰਚਨ ਜੋਤੀ ਹੀਰਾ ਐੱਮ.ਬੀ.ਬੀ.ਐੱਸ. ਅਤੇ ਟੀਮ ਮੈਂਬਰ ਮਨਦੀਪ ਕੌਰ, ਮਮਤਾ ਦੇਵੀ ਤੇ ਕੁਲਵਿੰਦਰ ਸਿੰਘ ਦਾ ਸਿਰੋਪਾਓ ਦੇ ਕੇ ਸਨਮਾਨ ਕੀਤਾ ਗਿਆ।

## 'ਨਸ਼ਿਆਂ 'ਚ ਰੁਲਦੀ ਜਵਾਨੀ' ਜਾਗਰੂਕਤਾ ਭਰਪੂਰ ਨਾਟਕ ਕੀਤਾ ਪੇਸ਼

**ਕਰਤਾਰਪੁਰ (ਰਘਬੀਰ ਦੱਤ)**- [illegible]



ਪ੍ਰਭਾਵਸ਼ਾਲੀ ਅਤੇ ਜਾਗਰੂਕਤਾ ਭਰਪੂਰ ਨਾਟਕ ਪੇਸ਼ ਕੀਤਾ ਗਿਆ ਜਿਸ ਵਿੱਚ ਵਿਦਿਆਰਥੀਆਂ ਵੱਲੋਂ ਬਹੁਤ ਵਧੀਆ ਤਰੀਕੇ ਨਾਲ ਭੂਮਿਕਾ ਨਿਭਾਈ ਗਈ ਇਹ ਨਾਟਕ ਬਡੀ ਗਰੁੱਪ ਦੇ ਮੈਂਬਰ ਅਰਚਨਾ ਤੇ ਵੰਦਨਾ ਦੀ ਰਹਿਨੁਮਾਈ ਹੇਠ ਪੇਸ਼ ਕੀਤਾ ਗਿਆ।ਨਾਟਕ [illegible] ਪ੍ਰਭਾਵਾਂ ਬਾਰੇ [illegible] ਸਮਾਜ ਦੀ ਸਿਰਜਣਾ ਲਈ ਯਤਨ ਕਰਨ ਦਾ ਸੰਦੇਸ਼ ਦਿੱਤਾ।ਇਸ ਮੌਕੇ ਪਰਮਜੀਤ ਕੌਰ ਢਾਅ ਵੱਲੋਂ ਵਿਦਿਆਰਥੀਆਂ ਦੀ ਪ੍ਰਸ਼ੰਸਾ ਕੀਤੀ ਗਈ। ਇਸ ਮੌਕੇ ਸਮੂਹ ਸਕੂਲ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

## ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਕਰਨ ਵਾਲੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ



**ਪੋਜੇਵਾਲ (ਰਾਮ ਲਾਲ)**- [illegible]

## ਜੋੜ ਮੇਲਾ ਭਲਕੇ

**ਅੱਡਾ ਸਰਾਂ (ਜਸਵੀਰ ਕਾਜਲ)**- [illegible] ਗੁਰਮੇਲ ਕਰ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ 20 ਸਤਬਰ ਦਿਨ ਅਤਵਾਰ ਨੂੰ ਮੁਕਦਸ ਦਰਗਾਹ ਤੇ ਚਾਦਰ, ਚੋਰਾਗ ਰੋਸ਼ਨ ਅਤੇ ਝੰਡੇ ਦੀ ਰਸਮ ਅਦਾ ਕਰਨ ਉਪਰੰਤ ਮਹਿਫਲ ਏ ਕਵਾਲ ਹੋਵੇਗੀ ਜਿਸ ਵਿੱਚ ਕਵਾਲ ਪਾਰਟੀ ਕਰਾਮਤ ਅਲੀ ਤੋ ਇਲਾਵਾਂ ਲਵਿਸ ਚੋਹਾਨ, ਅਸਵਿਨ ਸੂਫੀ ਆਪਣੇ ਫਨ ਦਾ ਮੁਜ਼ਾਹਾਰਾ ਕਰਨਗੇ ਅਤੇ ਬਾਅਦ 'ਚ ਬਿਲੋ ਨਕਾਲ ਪਾਰਟੀ ਬਠਿੰਡਾ ਵੱਲੋ ਨਕਲਾਂ ਦਾ ਪ੍ਰੋਗਰਾਮ ਕਰਨਗੇ। ਇਸ ਮੌਕੇ ਚਾਹ ਪਕੌੜਿਆਂ ਤੇ ਅਤੁੱਟ ਲੰਗਰ ਵੀ ਵਰਤਿਆ ਜਾਵੇਗਾ।

## ਖੇਤ ਮਜ਼ਦੂਰਾਂ ਦੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਤੇਜ਼ ਕੀਤਾ ਜਾਵੇਗਾ : ਡਾ ਵਿਕਰਮ




**ਬੰਗਾ (ਅਵਤਾਰ ਕਲੇਰ)**- ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਡਾ. ਸਤਪਾਲ ਬਨੂੜ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਸ਼ੁਰੂ ਹੋਣ ਤੋਂ ਪਹਿਲਾ ਯੂਨੀਅਨ ਦੇ ਵਿੱਛੜੇ ਗਏ ਸਾਥੀਆਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਕੌਮੀ ਜੁਆਇੰਟ ਸਕੱਤਰ ਡਾ. ਵਿਕਰਮ ਸਿੰਘ ਨੇ ਕਿਹਾ ਕਿ ਸਾਡੀ ਯੂਨੀਅਨ ਦੇਸ਼ ਭਰ ਦੇ ਕਰੋੜਾਂ ਮਿਹਨਤਕਸ਼ ਲੋਕਾਂ ਲਈ ਸੰਘਰਸ਼ ਕਰ ਰਹੀ ਹੈ। ਮਨਰੇਗਾ, ਵਧ ਰਹੀ ਮਹਿੰਗਾਈ, ਰੁਜਗਾਰ, ਸਮਾਜਿਕ ਸੁਰੱਖਿਆ, ਔਰਤਾਂ ਤੇ ਜ਼ਬਰ, ਤਿੱਖੇ ਜ਼ਮੀਨੀ ਸੁਧਾਰ, ਖੇਤ ਮਜ਼ਦੂਰਾਂ ਤੇ ਜ਼ਬਰ ਅਤੇ ਰਿਹਾਇਸ਼ ਦੇ ਪਲਾਟ ਆਦਿ ਮੁੱਦਿਆਂ ਤੇ ਮੋਦੀ ਸਰਕਾਰ ਦੀਆਂ ਖੇਤ ਮਜ਼ਦੂਰ ਵਿਰੋਧੀ, ਗਰੀਬ ਵਿਰੋਧੀ ਅਤੇ ਕਿਰਤੀਆਂ ਵਿਰੋਧੀ ਅਪਣਾਈਆਂ ਜਾਣ ਵਾਲੀਆਂ ਨੀਤੀਆਂ ਲਈ ਸੰਘਰਸ਼ਸ਼ੀਲ ਹੈ। ਯੂਨੀਅਨ ਦੇ ਸੂਬਾ ਜਨਰਲ ਸਕੱਤਰ ਚਮਕੌਰ ਸਿੰਘ ਖੇੜੀ ਨੇ ਫੈਸਲਿਆਂ ਦੀ ਰਿਪੋਰਟਿੰਗ ਕਰਦਿਆਂ ਕਿਹਾ ਕਿ ਯੂਨੀਅਨ ਦੀ ਮੈਂਬਰਸ਼ਿਪ ਜਨਵਰੀ 2027 ਤੱਕ ਮੁਕੰਮਲ ਕੀਤੀ ਜਾਵੇਗੀ ਅਤੇ 500 ਪ੍ਰਾਇਮਰੀ ਯੂਨਿਟ ਬਣਾਏ ਜਾਣਗੇ। ਦਸੰਬਰ ਵਿਚ ਦੋ ਰੋਜਾ ਸੂਬਾਈ ਸਕੂਲ ਲਾਇਆ ਜਾਵੇਗਾ।

ਪੰਜਾਬ ਅੰਦਰ ਖੇਤ ਮਜ਼ਦੂਰ ਔਰਤਾਂ ਨੂੰ ਜਥੇਬੰਦ ਕਰਨ ਲਈ ਸੂਬਾਈ ਕੰਨਵੈਨਸ਼ਨ ਕੀਤੀ ਜਾਵੇਗੀ। ਯਨੀਅਨ ਦੀ 11 ਵੀਂ ਕੌਮੀ ਕਾਨਫਰੰਸ ਫਰਵਰੀ 2027 ਵਿਚ ਹੋ ਰਹੀ ਹੈ ਜਿਸ ਦੀ ਤਿਆਰੀ ਵਜੋਂ ਯੂਨਿਟ, ਤਹਿਸੀਲ ਅਤੇ ਜਿਲ੍ਹਾ ਪੱਧਰ ਦੀਆਂ ਜਨਰਲ ਬਾਡੀ ਮੀਟਿੰਗਾਂ ਕੀਤੀਆਂ ਜਾਣਗੀਆਂ ਅਤੇ ਸੂਬਾ ਪੱਧਰ ਦੀ ਕੰਨਵੈਨਸ਼ਨ ਲੁਧਿਆਣਾ ਵਿਖੇ ਕਰਕੇ ਕੌਮੀ ਕਾਨਫਰੰਸ ਵਿਚ ਜਾਣ ਵਾਲੇ ਡੈਲੀਗੇਟਾਂ ਦੀ ਚੋਣ ਕੀਤੀ ਜਾਵੇਗੀ। ਮੀਟਿੰਗ ਵਿਚ ਭੂਪ ਚੰਦ ਚੰਨੋ, ਰਾਮ ਸਿੰਘ ਨੂਰਪੁਰੀ ਅਤੇ ਗੁਰਮੇਸ਼ ਸਿੰਘ ਸਮੇਤ 22 ਸਾਥੀ ਸ਼ਮਲ ਹੋਵੇ।

## ਮਕਸੂਦਾਂ ਚੌਂਕ ਵਿਖੇ ਵਿਸ਼ਾਲ ਰੋਸ ਧਰਨਾ

**ਜਲੰਧਰ (ਸ਼ੈਲੀ ਐਲਬਰਟ)**- ਮਕਸੂਦਾਂ ਚੌਂਕ ਵਿਖੇ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਸਥਾਨਕ ਪ੍ਰਸ਼ਾਸਨ ਦੀ ਕਾਰਗੁਜ਼ਾਰੀ ਵਿਰੁੱਧ ਕਾਂਗਰਸ ਪਾਰਟੀ ਵੱਲੋਂ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ। ਇਸ ਧਰਨੇ ਵਿੱਚ ਵੱਖ-ਵੱਖ ਵਾਰਡਾਂ ਤੋਂ ਕੌਂਸਲਰ ਸਾਹਿਬਾਨ, ਮਹਿਲਾ ਕਾਂਗਰਸ ਦੀ ਪ੍ਰਧਾਨ ਅਨੁਰਾਧਾ ਬੰਗਾ ਸਮੇਤ ਮਹਿਲਾ ਕਾਂਗਰਸ ਦੀ ਸਮੁੱਚੀ ਟੀਮ ਅਤੇ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਜਲੰਧਰ ਨੌਰਥ ਦੇ ਵਿਧਾਇਕ ਬਾਵਾ ਹੈਨਰੀ ਨੇ ਧਰਨੇ ਵਿੱਚ ਪਹੁੰਚ ਕੇ ਸੈਂਕੜੇ ਕਾਂਗਰਸੀ ਵਰਕਰਾਂ ਅਤੇ ਸਮਰਥਕਾਂ ਨੂੰ ਲੋਕਾਂ ਦੇ ਮੁੱਦਿਆਂ ਲਈ ਆਵਾਜ਼ ਬੁਲੰਦ ਕਰਨ ਵਾਸਤੇ ਪ੍ਰੇਰਿਤ ਕੀਤਾ। ਵਿਧਾਇਕ ਬਾਵਾ ਹੇਨਰੀ ਨੇ ਵਾਰਡ ਨੰਬਰ 84 ਸਮੇਤ ਜਲੰਧਰ ਨੌਰਥ ਹਲਕੇ ਵਿੱਚ ਲੋਕਾਂ ਨੂੰ ਦਰਪੇਸ਼ ਪਾਣੀ, ਸੀਵਰੇਜ, ਸੜਕਾਂ, ਬਿਜਲੀ ਅਤੇ ਹੋਰ ਬੁਨਿਆਦੀ ਸਮੱਸਿਆਵਾਂ ਦਾ ਮੁੱਦਾ ਉਠਾਇਆ।

ਉਨ੍ਹਾਂ ਕਿਹਾ ਕਿ ਲੋਕ ਲੰਬੇ ਸਮੇਂ ਤੋਂ ਆਪਣੀਆਂ ਸਮੱਸਿਆਵਾਂ ਦੇ ਹੱਲ ਦੀ ਉਡੀਕ ਕਰ ਰਹੇ ਹਨ ਅਤੇ ਨਗਰ ਨਿਗਮ ਨਾਲ ਜੁੜੇ ਕਈ ਮਾਮਲਿਆਂ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਦੀ ਲੋੜ ਹੈ। ਧਰਨੇ ਦੌਰਾਨ ਜਲੰਧਰ ਸ਼ਹਿਰ ਦੇ ਮੇਅਰ ਅਤੇ ਜਲੰਧਰ ਨੌਰਥ ਹਲਕੇ ਦੇ ਇੰਚਾਰਜ ਵਨੀਤ ਧੀਰ ਨਾਲ ਸੰਬੰਧਤ ਵੱਖ-ਵੱਖ ਮਾਮਲਿਆਂ ਬਾਰੇ ਵੀ ਕਾਂਗਰਸੀ ਆਗੂਆਂ ਵੱਲੋਂ ਸਵਾਲ ਉਠਾਏ ਗਏ ਅਤੇ ਕਥਿਤ ਧਾਂਦਲੀਆਂ ਦੀ ਜਾਂਚ ਦੀ ਮੰਗ ਕੀਤੀ ਗਈ। ਆਗੂਆਂ ਨੇ ਕਿਹਾ ਕਿ ਨਗਰ ਨਿਗਮ ਦੇ ਕੰਮਕਾਜ ਵਿੱਚ ਪੂਰੀ ਪਾਰਦਰਸ਼ਤਾ ਅਤੇ ਲੋਕਾਂ ਪ੍ਰਤੀ ਜਵਾਬਦੇਹੀ ਯਕੀਨੀ ਬਣਾਈ ਜਾਣੀ ਚਾਹੀਦੀ ਹੈ। ਬਾਵਾ ਹੈਨਰੀ ਨੇ ਕਾਂਗਰਸੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਲੈ ਕੇ ਕਾਂਗਰਸ ਪਾਰਟੀ ਲਗਾਤਾਰ ਸੰਘਰਸ਼ ਕਰਦੀ ਰਹੇਗੀ। ਇਸ ਵਿਸ਼ਾਲ ਰੋਸ ਧਰਨੇ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਲੋਕਾਂ, ਕਾਂਗਰਸੀ ਵਰਕਰਾਂ ਅਤੇ ਸਮਰਥਕਾਂ ਨੇ ਸ਼ਮੂਲੀਅਤ ਕਰਕੇ ਆਪਣਾ ਰੋਸ ਪ੍ਰਗਟ ਕੀਤਾ।



ਇਸ ਵਿਸ਼ਾਲ ਰੋਸ ਧਰਨੇ ਨੂੰ ਕਾਮਯਾਬ ਬਣਾਉਣ ਵਿੱਚ ਜਲੰਧਰ ਉੱਤਰੀ ਤੋਂ ਵਾਰਡ ਨੰਬਰ 84 ਦੇ ਕੌਂਸਲਰ ਨੀਰਜ ਜੱਸਲ ਅਤੇ ਮੋਤੀ ਨਗਰ ਤੋਂ ਇੰਚਾਰਜ ਸੰਨੀ ਜੌਹਲ ਨੇ ਪੂਰੀ ਤਨਦੇਹੀ ਅਤੇ ਮਿਹਨਤ ਨਾਲ ਯੋਗਦਾਨ ਪਾਇਆ। ਦੋਵਾਂ ਆਗੂਆਂ ਵੱਲੋਂ ਲੋਕਾਂ ਨੂੰ ਧਰਨੇ ਵਿੱਚ ਸ਼ਾਮਲ ਹੋਣ ਲਈ ਲਾਮਬੰਦ ਕੀਤਾ ਗਿਆ ਅਤੇ ਵੱਡੀ ਗਿਣਤੀ ਵਿੱਚ ਲੋਕਾਂ ਦੀ ਸ਼ਮੂਲੀਅਤ ਯਕੀਨੀ ਬਣਾਈ ਗਈ।

## ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਆਗਮਨ ਪੁਰਬ ਨੂੰ ਸਮਰਪਤ ਗੁਰਮਤਿ ਸਮਾਗਮ

**ਜਲੰਧਰ (ਇਕਬਾਲ ਸਿੰਘ ਉਭੀ)**- ਸਥਾਨਕ ਗੁਰੂਦਵਰਾ ਸਾਹਿਬ ਦੀਵਾਨ ਅਸਥਾਨ ਸੈਂਟਰਲ ਟਾਊਨ ਵਿਖੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਆਗਮਨ ਪੁਰਬ ਨੂੰ ਸਮਰਪਿਤ ਕਰਵਾਏ ਗਏ ਗੁਰਮਤਿ ਸਮਾਗਮ ਵਿਚ ਭਾਈ ਜਗਜੀਤ ਸਿੰਘ ਬਬੀਹਾ, ਬੀਬੀ ਬਲਵਿੰਦਰ ਕੌਰ ਖਡੂਰ ਸਾਹਿਬ ਅਤੇ ਭਾਈ ਤਲਵਿੰਦਰ ਸਿੰਘ ਨੇ ਰਸਭਿਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਪ੍ਰਧਾਨ ਮੋਹਨ ਸਿੰਘ ਢੀਂਡਸਾ, ਸੁਰਿੰਦਰ ਸਿੰਘ ਵਿਰਦੀ ਅਤੇ ਜਨਰਲ ਸਕੱਤਰ ਗੁਰਮੀਤ ਸਿੰਘ ਬਿੱਟੂ ਨੇ ਸੰਗਤਾਂ ਦਾ ਧੰਨਵਾਦ ਕੀਤਾ। ਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆਗਮਨ ਪੁਰਬ ਨੂੰ ਸਮਰਪਿਤ ਸਜਾਏ ਜਾਣ ਵਾਲੇ ਮੁੱਖ ਨਗਰ ਕੀਰਤਨ ਬਾਰੇ ਦੱਸਿਆ ਕਿ 21 ਨਵੰਬਰ ਨੂੰ ਨਗਰ ਕੀਰਤਨ ਸਜਾਇਆ ਜਾਵੇਗਾ। ਇਸ ਮੌਕੇ ਦਵਿੰਦਰ ਸਿੰਘ ਰਿਆਤ, ਜਸਕੀਰਤ ਸਿੰਘ ਜੱਸੀ,ਪ੍ਰੀਤਮ ਸਿੰਘ ਅਰੋੜਾ, ਨਿਰਮਲ ਸਿੰਘ ਬੇਦੀ, ਗੁਰਜੀਤ ਸਿੰਘ ਟੱਕਰ, ਬਾਵਾ ਗਾਬਾ, ਕਰਨ ਵਧਵਾ, ਗੁਰਨੀਤ ਸਿੰਘ, ਹਰਮਨ ਜੋਤ ਸਿੰਘ, ਅਨਮੋਲਪ੍ਰੀਤ ਸਿੰਘ, ਜਸਦੀਪ ਸਿੰਘ, ਭਵਰਾਜ ਸਿੰਘ, ਗਗਨ ਸਿੰਘ, ਭਵਜੋਤ ਸਿੰਘ, ਮਨਕੀਰਤ ਸਿੰਘ, ਪ੍ਰਭਗੁਣ ਸਿੰਘ, ਹਰਮਨ ਮੱਕੜ, ਅਜਮੇਰ ਸਿੰਘ, ਪਰਮਿੰਦਰ ਸਿੰਘ, ਮਨਪ੍ਰੀਤ ਸਿੰਘ, ਹਰਪ੍ਰੀਤ ਸਿੰਘ ਮਨੀ, ਦਿਮੰਤਜੀਤ ਸਿੰਘ ਨੇ ਹਾਜ਼ਰੀ ਭਰੀ।

## ਮੁਲਾਜ਼ਮ ਤੇ ਪੈਨਸ਼ਨਰ ਜਥੇਬੰਦੀ ਵੱਲੋਂ ਧਰਨਾ 21 ਨੂੰ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ ਵੱਲੋਂ ਸਾਂਝੀ ਤਾਲਮੇਲ ਕਮੇਟੀ ਦੇ ਸੱਦੇ ਤੇ ਪਹਿਲੇ ਪੜਾਅ ਅੰਦਰ ਕੈਬਨਿਟ ਮੰਤਰੀਆਂ ਦੀਆਂ ਰਿਹਾਇਸ਼ਾਂ ਦੇ ਘਿਰਾਓ ਤੋਂ ਬਾਅਦ ਹੁਣ ਵੱਖ ਵੱਖ ਵਿਧਾਇਕਾਂ ਦੀਆਂ ਰਿਹਾਇਸ਼ਾਂ ਅੱਗੇ ਧਰਨੇ ਦੇਣ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ। ਮੁਹਾਲੀ ਜ਼ਿਲ੍ਹੇ ਅੰਦਰ ਵਿਧਾਨ ਸਭਾ ਹਲਕਾ ਡੇਰਾ ਬੱਸੀ ਦੇ ਵਿਧਾਇਕ ਦੀ ਰਿਹਾਇਸ਼ ਅੱਗੇ ਧਰਨਾ ਦਿੱਤਾ ਜਾਵੇਗਾ।ਰਾਮ ਤਲਾਈ ਡੇਰਾ ਬੱਸੀ ਵਿੱਚ ਸੂਬਾ ਕਨਵੀਨਰ ਸੁੱਖਦੇਵ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਮੁਲਾਜ਼ਮ ਤੇ ਪੈਨਸ਼ਨਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ। ਮੀਟਿੰਗ ਵਿੱਚ ਇਹ ਫੈਸਲਾ ਕੀਤਾ ਗਿਆ ਕਿ 21 ਸਤੰਬਰ ਨੂੰ 1.30 ਵਜੇ ਬੱਸ ਸਟੈਂਡ ਡੇਰਾ ਬੱਸੀ ਵਿਖੇ ਵੱਖ ਵੱਖ ਵਿਭਾਗਾਂ ਦੇ ਮੁਲਾਜ਼ਮ ਅਤੇ ਪੈਨਸ਼ਨਰ ਇੱਕਠੇ ਹੋ ਕੇ ਕਾਫ਼ਲੇ ਦੇ ਰੂਪ ਵਿੱਚ ਵਿਧਾਇਕ ਦੀ ਰਿਹਾਇਸ਼ ਵੱਲ ਕੂਚ ਕਰਨਗੇ ਤੇ ਉਥੇ ਪਹੁੰਚ ਕੇ ਸਰਕਾਰ ਦਾ ਪਿੱਟ ਸਿਆਪਾ ਕਰਨਗੇ।ਮੀਟਿੰਗ ਵਿੱਚ ਆਗੂਆਂ ਵਲੋਂ ਵੱਧ ਤੋਂ ਵੱਧ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਵਿਧਾਇਕ ਦੀ ਰਿਹਾਇਸ਼ ਦੇ ਘਿਰਾਓ ਵਿੱਚ ਪਹੁੰਚਣ ਦੀ ਅਪੀਲ ਕੀਤੀ। ਮੀਟਿੰਗ ਵਿੱਚ ਗੁਰਬਿੰਦਰ ਸਿੰਘ, ਮਹਿੰਦਰ ਸਿੰਘ ਸੈਣੀ, ਸਵਰਨ ਸਿੰਘ ਮਾਵੀ, ਭਜਨ ਸਿੰਘ ਹੈਬਤਪੁਰ, ਸ਼ਿੰਦਰ ਸਿੰਘ, ਮੁੱਖਤਿਆਰ ਸਿੰਘ ਛੱਤ, ਨਿਰਮਲ ਸਿੰਘ ਹੈਬਤਪੁਰ, ਮੋਹਨ ਸਿੰਘ ਛੱਤ, ਦਿਲਬਾਗ ਸਿੰਘ, ਸੁਰਿੰਦਰ ਕੁਮਾਰ ਸ਼ਰਮਾ ਫੈਡਰੇਸ਼ਨ ਬਿਜਲੀ ਬੋਰਡ, ਪ੍ਰਵੀਨ ਕੁਮਾਰ, ਸ਼ੀਲਾ ਦੇਵੀ, ਮੰਗਤ ਰਾਮ, ਤਰਲੋਚਨ ਸਿੰਘ, ਰਜਿੰਦਰ ਸਿੰਘ, ਨਿਰਮੈਲ ਸਿੰਘ, ਅਮਰਜੀਤ ਸਿੰਘ, ਹਰਦੀਪ ਸਿੰਘ ਕੰਬੋਜ ਅਤੇ ਹੋਰ ਸਾਥੀ ਹਾਜ਼ਰ ਸਨ।



## ਫਗਵਾੜਾ 'ਚ ਮਿਸ਼ਨ ਕਲੀਨ ਪੰਜਾਬ ਨੂੰ ਮਿਲਿਆ ਹੋਰ ਹੁਲਾਰਾ

**ਫਗਵਾੜਾ (ਜਸਵਿੰਦਰ ਢੱਡਾ)**- ਪੰਜਾਬ ਸਰਕਾਰ ਦੇ ਮਿਸ਼ਨ ਕਲੀਨ ਪੰਜਾਬ ਨੂੰ ਹੋਰ ਹੁਲਾਰਾ ਦਿੰਦਿਆਂ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਵਸਨੀਕਾਂ ਨੂੰ ਸਾਫ਼-ਸੁਥਰਾ ਅਤੇ ਸਿਹਤਮੰਦ ਆਲਾ-ਦੁਆਲਾ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਫਗਵਾੜਾ ਦੇ ਅਰਬਨ ਅਸਟੇਟ ਵਿਖੇ ਬਣੇ ਸੈਕੰਡਰੀ ਕੂੜਾ ਕੁਲੈਕਸ਼ਨ ਪੁਆਇੰਟ ਨੂੰ ਪੱਕੇ ਤੌਰ 'ਤੇ ਬੰਦ ਕਰਨ ਦਾ ਐਲਾਨ ਕੀਤਾ। ਇਸ ਮੌਕੇ ਮੇਅਰ ਰਾਮਪਾਲ ਉੱਪਲ, ਨਗਰ ਨਿਗਮ ਕਮਿਸ਼ਨਰ ਰਣਦੀਪ ਸਿੰਘ ਹੀਰ ਅਤੇ ਨਗਰ ਨਿਗਮ ਫਗਵਾੜਾ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ। ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਸੈਕੰਡਰੀ ਕੂੜਾ ਪੁਆਇੰਟ ਦੇ ਬੰਦ ਹੋਣ ਨਾਲ ਹੁਣ ਇਸ ਥਾਂ 'ਤੇ ਕੋਈ ਵੀ ਕੂੜਾ ਨਹੀਂ ਸੁੱਟਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਫੈਸਲੇ ਦਾ ਮਕਸਦ ਵਸਨੀਕਾਂ ਲਈ ਪ੍ਰੇਸ਼ਾਨੀ ਦੇ ਮੌਜੂਦਾ ਕਾਰਨ ਨੂੰ ਖਤਮ ਕਰਨਾ ਅਤੇ ਅਰਬਨ ਅਸਟੇਟ ਖੇਤਰ ਵਿੱਚ ਸਾਫ਼-ਸਫਾਈ ਨੂੰ ਹੋਰ ਬਿਹਤਰ ਬਣਾਉਣਾ ਹੈ। ਉਨ੍ਹਾਂ ਦੱਸਿਆ ਕਿ ਨਗਰ ਨਿਗਮ ਵੱਲੋਂ ਘਰ-ਘਰ ਜਾ ਕੇ ਕੂੜਾ ਇਕੱਠਾ ਕਰਨ ਵਾਲੀਆਂ ਤਿੰਨ ਗੱਡੀਆਂ ਵੀ ਤਾਇਨਾਤ ਕੀਤੀਆਂ ਗਈਆਂ ਹਨ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਘਰਾਂ ਵਿੱਚੋਂ ਨਿਕਲਣ ਵਾਲਾ ਕੂੜਾ ਨਿਯਮਤ ਤੌਰ 'ਤੇ ਇਕੱਠਾ ਕੀਤਾ ਜਾਵੇ ਅਤੇ ਢੁਕਵੇਂ ਕੂੜਾ ਪ੍ਰਬੰਧਨ ਸਿਸਟਮ ਰਾਹੀਂ ਇਸ ਦੀ ਢੋਆ-ਢੁਆਈ ਕੀਤੀ ਜਾ ਸਕੇ। ਡਾ. ਚੱਬੇਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਸਾਫ਼-ਸਫ਼ਾਈ, ਸੈਨੀਟੇਸ਼ਨ ਅਤੇ ਬਿਹਤਰ ਨਾਗਰਿਕ ਸਹੂਲਤਾਂ ਨੂੰ ਪਹਿਲ ਦੇ ਰਹੀ ਹੈ ਅਤੇ ਜ਼ਮੀਨੀ ਪੱਧਰ 'ਤੇ ਸਫਾਈ ਵਿੱਚ ਸੁਧਾਰ ਲਿਆਉਣ ਦੇ ਮੁੱਖ ਮਕਸਦ ਨਾਲ ਹੀ ਮਿਸ਼ਨ ਕਲੀਨ ਪੰਜਾਬ ਲਾਗੂ ਕੀਤਾ ਜਾ ਰਿਹਾ ਹੈ। ਉਨ੍ਹਾਂ ਵਸਨੀਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਘਰੇਲੂ ਕੂੜਾ ਸਿਰਫ਼ ਘਰ-ਘਰ ਆਉਣ ਵਾਲੀਆਂ ਕੂੜੇ ਵਾਲੀਆਂ ਗੱਡੀਆਂ ਨੂੰ ਹੀ ਸੌਂਪਣ ਅਤੇ ਜਨਤਕ ਥਾਵਾਂ 'ਤੇ ਕੂੜਾ ਸੁੱਟਣ ਤੋਂ ਗੁਰੇਜ਼ ਕਰਕੇ ਨਗਰ ਨਿਗਮ ਨੂੰ ਆਪਣਾ ਸਹਿਯੋਗ ਦੇਣ।

## 'ਡਿਜੀਟਲ ਅਤੇ ਪ੍ਰਿੰਟ ਮੀਡੀਆ: ਚੁਣੌਤੀਆਂ ਤੇ ਰੋਜ਼ਗਾਰ' ਵਿਸ਼ੇ 'ਤੇ ਲੈਕਚਰ ਕਰਵਾਇਆ

**ਜ਼ੀਰਕਪੁਰ (ਜਤਿੰਦਰ ਕੁਮਾਰ)**- ਡਿਜੀਟਲ ਦੌਰ ਨੇ ਪੱਤਰਕਾਰੀ ਦੇ ਰਵਾਇਤੀ ਸਰੂਪ ਨੂੰ ਤੇਜ਼ੀ ਨਾਲ ਬਦਲ ਦਿੱਤਾ ਹੈ ਅਤੇ ਇਸ ਬਦਲਾਅ ਨੇ ਨੌਜਵਾਨਾਂ ਲਈ ਮੀਡੀਆ ਦੇ ਖੇਤਰ ਵਿੱਚ ਰੁਜ਼ਗਾਰ ਦੇ ਨਵੇਂ ਦਰਵਾਜ਼ੇ ਵੀ ਖੋਲ੍ਹੇ ਹਨ। ਇਸੇ ਬਦਲਦੇ ਮੀਡੀਆ ਸੰਸਾਰ ਦੀਆਂ ਚੁਣੌਤੀਆਂ ਅਤੇ ਸੰਭਾਵਨਾਵਾਂ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਉਣ ਲਈ ਦਸਮੇਸ਼ ਖਾਲਸਾ ਕਾਲਜ, ਜ਼ੀਰਕਪੁਰ ਦੇ ਪੰਜਾਬੀ ਵਿਭਾਗ ਵੱਲੋਂ 'ਡਿਜੀਟਲ ਅਤੇ ਪ੍ਰਿੰਟ ਮੀਡੀਆ: ਚੁਣੌਤੀਆਂ ਅਤੇ ਰੁਜ਼ਗਾਰ' ਵਿਸ਼ੇ 'ਤੇ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ਉੱਘੇ ਪੱਤਰਕਾਰ ਅਵਤਾਰ ਧੀਮਾਨ ਨੇ ਮੁੱਖ ਵਕਤਾ ਵਜੋਂ ਵਿਦਿਆਰਥੀਆਂ ਨਾਲ ਪੱਤਰਕਾਰੀ ਦੇ ਵਿਹਾਰਕ ਪਹਿਲੂ ਸਾਂਝੇ ਕੀਤੇ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੇ ਕਾਲਜ ਵਿੱਚ ਇਹ ਸਮਾਗਮ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਸਰਪ੍ਰਸਤੀ, ਵਿੱਦਿਆ ਸਕੱਤਰ ਇੰਜੀ. ਸੁਖਮਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼, ਪ੍ਰਿੰਸੀਪਲ ਡਾ. ਕਰਮਬੀਰ ਸਿੰਘ ਦੀ ਅਗਵਾਈ ਅਤੇ ਡਾ. ਕਿਰਨਪਾਲ ਕੌਰ ਦੀ ਦੇਖ-ਰੇਖ ਹੇਠ ਕਰਵਾਇਆ ਗਿਆ। ਡਾ. ਕਿਰਨਪਾਲ ਕੌਰ ਨੇ ਮੁੱਖ ਵਕਤਾ ਅਤੇ ਵਿਸ਼ੇਸ਼ ਮਹਿਮਾਨ ਦਾ ਸਵਾਗਤ ਕੀਤਾ। ਅਵਤਾਰ ਧੀਮਾਨ ਨੇ ਕਿਹਾ ਕਿ ਅੱਜ ਪੱਤਰਕਾਰੀ ਸਿਰਫ਼ ਅਖ਼ਬਾਰ, ਰੇਡੀਓ ਜਾਂ ਟੈਲੀਵਿਜ਼ਨ ਤੱਕ ਸੀਮਤ ਨਹੀਂ ਰਹੀ। ਡਿਜੀਟਲ ਮੀਡੀਆ ਦੇ ਤੇਜ਼ੀ ਨਾਲ ਹੋਏ ਵਿਸਥਾਰ ਨੇ ਰਿਪੋਰਟਿੰਗ, ਸੰਪਾਦਨ, ਵੀਡੀਓ ਪੱਤਰਕਾਰੀ ਅਤੇ ਡਿਜੀਟਲ ਸਮੱਗਰੀ ਤਿਆਰ ਕਰਨ ਸਮੇਤ ਕਈ ਖੇਤਰਾਂ ਵਿੱਚ ਰੁਜ਼ਗਾਰ ਦੀਆਂ ਸੰਭਾਵਨਾਵਾਂ ਪੈਦਾ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਮੀਡੀਆ ਵਿੱਚ ਅੱਗੇ ਵਧਣ ਲਈ ਡਿਗਰੀ ਦੇ ਨਾਲ ਭਾਸ਼ਾ 'ਤੇ ਪਕੜ, ਖ਼ਬਰ ਦੀ ਸਮਝ, ਤੱਥਾਂ ਦੀ ਜਾਂਚ ਅਤੇ ਪ੍ਰਭਾਵਸ਼ਾਲੀ ਲਿਖਣ ਸ਼ੈਲੀ ਬੇਹੱਦ ਜ਼ਰੂਰੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਖ਼ਬਰ ਲਿਖਣ ਦੇ ਅਹਿਮ ਨੁਕਤਿਆਂ, ਪ੍ਰੈਸ ਰਿਪੋਰਟਾਂ ਦੀਆਂ ਕਿਸਮਾਂ, ਪੱਤਰਕਾਰੀ ਦੇ ਵੱਖ-ਵੱਖ ਖੇਤਰਾਂ ਅਤੇ ਰੁਜ਼ਗਾਰ ਦੇ ਮੌਕਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਵਿਚਾਰ-ਚਰਚਾ ਦੌਰਾਨ ਵਿਦਿਆਰਥੀਆਂ ਨੇ ਡਿਜੀਟਲ ਅਤੇ ਪ੍ਰਿੰਟ ਮੀਡੀਆ ਨਾਲ ਜੁੜੇ ਸਵਾਲ ਪੁੱਛੇ, ਜਿਨ੍ਹਾਂ ਦੇ ਮੁੱਖ ਵਕਤਾ ਨੇ ਜਵਾਬ ਦਿੱਤੇ। ਪ੍ਰਿੰਸੀਪਲ ਡਾ. ਕਰਮਬੀਰ ਸਿੰਘ ਨੇ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਪੰਜਾਬੀ ਵਿਭਾਗ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਮੌਕੇ ਡਾ. ਕਰਮਬੀਰ ਸਿੰਘ, ਡਾ. ਕਿਰਨਪਾਲ ਕੌਰ, ਡਾ. ਰਮਨਪ੍ਰੀਤ ਕੌਰ ਅਤੇ ਪ੍ਰੋ. ਧਰਮਪ੍ਰੀਤ ਸਿੰਘ ਨੇ ਅਵਤਾਰ ਧੀਮਾਨ ਨੂੰ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ। ਜਤਿੰਦਰ ਗੋਇਲ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।




## ਸੰਗਰੂਰ ਵਿਖੇ ਮੁੱਖ ਮੰਤਰੀ ਦੀ ਕੋਠੀ ਦਾ ਘਿਰਾਉ ਕਰਨ ਲਈ ਹਜ਼ਾਰਾਂ ਨੰਬਰਦਾਰ ਹੋਣਗੇ ਸ਼ਾਮਲ

**ਨਕੋਦਰ (ਮਨਜੀਤ ਮਾਨ)**- ਨੰਬਰਦਾਰ ਯੂਨੀਅਨ ਦੀ ਇੱਕ ਭਰਵੀਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਹਰਕੰਵਲ ਸਿੰਘ ਮੁੱਧ ਸੀਨੀਅਰ ਮੀਤ ਪ੍ਰਧਾਨ ਪੰਜਾਬ ਨੇ ਕਿਹਾ ਕਿ ਨੰਬਰਦਾਰ ਪਿਛਲੇ ਕਈ ਦਹਾਕਿਆਂ ਤੋਂ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਹਨ। ਪ੍ਰੰਤੂ ਪੰਜਾਬ ਸਰਕਾਰ ਵੱਲੋਂ ਨੰਬਰਦਾਰਾਂ ਦੀਆਂ ਜਾਇਜ਼ ਮੰਗਾਂ ਨੂੰ ਮੰਨਣ ਤੋਂ ਆਨਾਕਾਨੀ ਕੀਤੀ ਜਾ ਰਹੀ ਹੈ । ਉਹਨਾਂ ਕਿਹਾ ਕਿ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੇ ਆਪਣੇ ਚੋਣ ਮੈਨੀਫੈਸਟੋ ਵਿੱਚ ਨੰਬਰਦਾਰਾਂ ਨਾਲ ਵਾਅਦਾ ਕੀਤਾ ਸੀ ਕਿ ਸਾਡੀ ਸਰਕਾਰ ਆਉਣ ਉਪਰੰਤ ਨੰਬਰਦਾਰਾਂ ਦੀਆਂ ਜਾਇਜ਼ ਮੰਗਾਂ ਪੂਰੀਆਂ ਕੀਤੀਆਂ ਜਾਣਗੀਆਂ । ਪ੍ਰੰਤੂ ਸਾਢੇ ਚਾਰ ਸਾਲ ਬੀਤ ਜਾਣ ਉਪਰੰਤ ਆਮ ਆਦਮੀ ਪਾਰਟੀ ਨੇ ਸਾਡੀ ਕਿਸੇ ਵੀ ਮੰਗ ਵੱਲ ਧਿਆਨ ਨਹੀਂ ਦਿੱਤਾ ਜਿਸ ਕਾਰਨ ਪੂਰੇ ਪੰਜਾਬ ਵਿੱਚ ਹਜ਼ਾਰਾਂ ਨੰਬਰਦਾਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਆਪਣੀਆਂ ਮੰਗਾਂ ਨੂੰ ਮਨਵਾਉਣ ਲਈ ਨੰਬਰਦਾਰ ਯੂਨੀਅਨ ਦੇ ਪੰਜਾਬ ਦੇ ਸੂਬਾ ਪ੍ਰਧਾਨ ਗੁਰਪਾਲ ਸਿੰਘ ਸਮਰਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸੂਬਾ ਬਾਡੀ ਦੇ ਅਹੁਦੇਦਾਰਾਂ ਨੇ ਫੈਸਲਾ ਕੀਤਾ ਹੈ ਕਿ 5 ਅਕਤੂਬਰ ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਪੰਜਾਬ ਦੀ ਕੋਠੀ ਦਾ ਘਿਰਾਉ ਕਰਕੇ ਰੋਸ ਰੈਲੀ ਕਰਨ ਦਾ ਫੈਸਲਾ ਕੀਤਾ ਗਿਆ ਹੈ ਜਿਸ ਲਈ ਪੂਰੇ ਪੰਜਾਬ ਵਿੱਚ ਵੱਖ ਵੱਖ ਤਹਿਸੀਲਾਂ ਅਤੇ ਜ਼ਿਲ੍ਹਿਆਂ ਦੇ ਅਹੁਦੇਦਾਰਾਂ ਆਪਣੀਆਂ ਵੱਡੀਆਂ ਵੱਡੀਆਂ ਮੀਟਿੰਗਾਂ ਕਰਕੇ ਨੰਬਰਦਾਰਾਂ ਨੂੰ ਲਾਮਬੰਦ ਕਰ ਰਹੇ ਹਨ ਤਾਂ ਜੋ ਪੰਜ ਅਕਤੂਬਰ ਦੀ ਰੈਲੀ ਨੂੰ ਕਾਮਯਾਬ ਕਰਕੇ ਸਰਕਾਰ ਦੇ ਕੰਨਾਂ ਤੱਕ ਆਵਾਜ਼ ਪਹੁੰਚਾਈ ਜਾ ਸਕੇ। ਇਸ ਮੌਕੇ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਤਹਿਸੀਲ ਪ੍ਰਧਾਨ ਸੁਰਜੀਤ ਸਿੰਘ ਹੇਅਰ ਅਤੇ ਚਰਨਜੀਤ ਸਿੰਘ ਕਰਤਾਰਪੁਰ ਮੁੱਖ ਬੁਲਾਰਾ ਪੰਜਾਬ ਨੇ ਕਿਹਾ ਕਿ ਪੰਜ ਅਕਤੂਬਰ ਨੂੰ ਜਲੰਧਰ ਜ਼ਿਲ੍ਹੇ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਨੰਬਰਦਾਰ ਸਰਦਾਰ ਹਰਕੰਵਲ ਸਿੰਘ ਮੁੱਧ ਸੀਨੀਅਰ ਮੀਤ ਪ੍ਰਧਾਨ ਪੰਜਾਬ ਦੀ ਅਗਵਾਈ ਵਿੱਚ ਵੱਡੇ ਕਾਫਲੇ ਵਿੱਚ ਰੈਲੀ ਦੇ ਰੂਪ ਵਿੱਚ ਸ਼ਾਮਿਲ ਹੋਣਗੇ। ਇਸ ਮੌਕੇ ਰਾਜਕੁਮਾਰ ਮਹਿੰਮੀ ਜਿਲ੍ਹਾ ਜਨਰਲ ਸਕੱਤਰ ਜਲੰਧਰ ਦਿਹਾਤੀ, ਬੂਟਾ ਸਿੰਘ ਪੰਡੋਰੀ, ਰਘਬੀਰ ਸਿੰਘ ਪ੍ਰਧਾਨ ਮਹਿਤਪੁਰ, ਰਾਜ ਬਹਾਦਰ ਸਿੰਘ ਤੂਰ, ਗੁਰਮਿੰਦਰ ਸਿੰਘ ਕੈਂਥ, ਰਤਨ ਰਾਏ ਨਕੋਦਰ, ਅਜੈਬ ਸਿੰਘ ਸੰਗੋਵਾਲ, ਲਾਭ ਸਿੰਘ,ਰਸਪਾਲ ਸਿੰਘ, ਗੁਰਦੇਵ ਸਿੰਘ ਮਾਲੜੀ, ਸੁਖਦੇਵ ਸਿੰਘ ਦਰਗਾਹਾਬਾਦਰ, ਪਲਵਿੰਦਰ ਸਿੰਘ ਮਹਿਮੂਦਪੁਰ, ਪਰਮਜੀਤ ਸਿੰਘ ਸਰਹਾਲੀ, ਗੁਰਮੁਖ ਸਿੰਘ ਸੰਧੂ, ਬਨਾਰਸੀ ਦਾਸ, ਜਸਵੀਰ ਸਿੰਘ ਚੌਧਰੀ, ਸੁਖਰਾਜ ਸਿੰਘ, ਜਰਨੈਲ ਸਿੰਘ ਮਹਿਤਪੁਰ, ਮਨਜੀਤ ਲਾਲ ਕੋਟਲਾ ਜੰਗਾਂ, ਪਰਮਿੰਦਰ ਸਿੰਘ, ਮਨਪ੍ਰੀਤ ਸਿੰਘ ਨੰਗਲ ਜੀਵਨ ਤੋਂ ਇਲਾਵਾ ਅਨੇਕਾਂ ਨੰਬਰਦਾਰ ਹਾਜ਼ਰ ਸਨ।



## ਕੋਚ ਵਿਸ਼ਾਲ ਜੱਸ ਮਾਨ ਨੇ ਬਣਾਇਆ ਵਿਸ਼ਵ ਰਿਕਾਰਡ



**ਗੁਰਾਇਆ (ਬਿੰਦਰ ਸੁੰਮਨ)**: ਗੁਰਾਇਆ ਸ਼ਹਿਰ ਦੀ ਸ਼ੌਰਿਆ ਮਾਰਸ਼ਲ ਆਰਟਸ ਸਪੋਰਟਸ ਅਕੈਡਮੀ ਰਜਿ. ਦੇ ਇੰਟਰਨੈਸ਼ਨਲ ਤੇ ਸਟੇਟ ਐਵਾਰਡੀ ਕੋਚ ਜੱਸ ਮਾਨ ਨੇ 2022 ਤੋ ਲੈਕੇ 2026 ਤੱਕ ਫਿਲੌਰ ਤਹਿਸੀਲ ਅਤੇ ਪੰਜਾਬ ਦੇ ਵੱਖ ਵੱਖ ਸ਼ਹਿਰਾਂ ਵਿੱਚ ਜਾਕੇ ਵੱਖ ਵੱਖ ਸਕੂਲਾਂ ਵਿੱਚ 5,08,070 ਦੇ ਕਰੀਬ ਲੜਕੀਆਂ ਨੂੰ ਆਤਮ ਰੱਖਿਆ ਦੇ ਹੁਨਰ ਸਿਖਾਏ। ਕੋਚ ਜੱਸ ਮਾਨ ਵੱਲੋਂ ਅਕੈਡਮੀ ਵਿਖੇ ਵੀ ਗ਼ਰੀਬ ਅਤੇ ਲੋੜਵੰਦ ਬੱਚਿਆਂ ਨੂੰ ਬਿਲਕੁਲ ਫ਼੍ਰੀ ਕਰਾਟੇ ਅਤੇ ਮਾਰਸ਼ਲ ਆਰਟਸ ਦੀਆ ਹੋਰ ਖੇਡਾਂ ਬਾਰੇ ਵੀ ਜਾਣਕਾਰੀ ਦਿੱਤੀ ਜਾਂਦੀ ਹੈ। ਇਸ ਤੇ ਅਮੈਰੀਕਨ ਸ਼ੋਟੋਕਨ ਕਰਾਟੇ ਫੈਡਰੇਸ਼ਨ ਆਫ ਯੂ ਐੱਸ ਏ ਵੱਲੋ ਵਰਲਡ ਰਿਕਾਰਡ ਬਣਾਉਣ ਤੇ ਕੋਚ ਜੱਸ ਮਾਨ ਨੂੰ ਸਨਮਾਨ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਕੋਚ ਜੱਸ ਮਾਨ ਨੇ ਪਹਿਲਾ ਪ੍ਰਮਾਤਮਾ ਦਾ ਸ਼ੁਕਰ ਕੀਤਾ ਫਿਰ ਸਾਰੇ ਬੱਚਿਆ ਦਾ ਤੇ ਉਨ੍ਹਾਂ ਦੇ ਮਾਪਿਆ ਦਾ ਧੰਨਵਾਦ ਕੀਤਾ ਜਿੰਨ੍ਹਾਂ ਦੇ ਬੱਚਿਆ ਨੇ ਕਈ ਮੈਡਲ ਅਤੇ ਕਈ ਰਿਕਾਰਡ ਬਣਾਏ ਹਨ ਅਤੇ ਜੇਕਰ 5 ਜਾ 6 ਸਾਲ ਦਾ ਬੱਚਾ ਇਸ ਖੇਡ ਵਿੱਚ ਆ ਜਾਂਦਾ ਹੈ ਫਿਰ 4 ਜਾ 5 ਸਾਲਾ ਵਿੱਚ ਉਹ ਮਜ਼ਬੂਤ ਵੀ ਬਣੇਗਾ ਅਤੇ ਉਸ ਦਾ ਧਿਆਨ ਬੁਰੀਆ ਆਦਤਾਂ ਤੋਂ ਮੋਬਾਈਲ ਤੋ ਦੂਰ ਰਹੇਗਾ ਕਿਉਕਿ ਇੰਨੇ ਸਮੇਂ ਵਿੱਚ ਬੱਚੇ ਨੂੰ ਸਿਰਫ ਪੜ੍ਹਾਈ ਤੇ ਖੇਡਣ ਤੋ ਇਲਾਵਾ ਸਮਾਂ ਹੀ ਨਹੀ ਮਿਲਣਾ।

## ਸਖੀ ਸਨਮਾਨ ਸਮਾਰੋਹ 'ਚ ਮਹਿਲਾਵਾਂ ਦਾ ਵੱਡਾ ਇਕੱਠ ਹੋਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਚੱਬੇਵਾਲ ਵਿਧਾਇਕ ਡਾ. ਇਸ਼ਾਂਕ ਕੁਮਾਰ ਦੁਆਰਾ ਕਰਵਾਏ ਗਏ ਸਖੀ ਸਨਮਾਨ ਸਮਾਰੋਹ ਵਿੱਚ ਮਹਿਲਾਵਾਂ ਦਾ ਵੱਡਾ ਇਕੱਠ ਦੇਖਣ ਨੂੰ ਮਿਲਿਆ। ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਨੂੰ ਜ਼ਮੀਨੀ ਪੱਧਰ 'ਤੇ ਮਹਿਲਾਵਾਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੀਆਂ ਸਖੀਆਂ ਦੇ ਸਨਮਾਨ ਲਈ ਕੀਤੇ ਗਏ ਇਸ ਸਮਾਰੋਹ ਵਿਚ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੇ ਸ਼ਮੂਲੀਅਤ ਕਰਦਿਆਂ ਇਸ ਨੂੰ ਸਾਂਝ ਅਤੇ ਅਪਣੇਪਣ ਨਾਲ ਸਫਲ ਬਣਾਇਆ। ਇਸ ਮੌਕੇ 'ਤੇ ਮੈਂਬਰ ਪਾਰਲੀਮੈਂਟ ਹੁਸ਼ਿਆਰਪੁਰ ਡਾ. ਰਾਜ ਕੁਮਾਰ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਮਾਗਮ ਦੌਰਾਨ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦਾ ਲਾਭ ਚੱਬੇਵਾਲ ਦੀ ਹਰ ਯੋਗ ਮਹਿਲਾ ਤੱਕ ਪਹੁੰਚਾਉਣ ਲਈ ਸਖੀਆਂ ਵੱਲੋਂ ਕੀਤੀ ਗਈ ਮਿਹਨਤ ਅਤੇ ਉਨ੍ਹਾਂ ਦੀ ਭੂਮਿਕਾ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਾ. ਰਾਜ ਨੇ ਕਿਹਾ ਕਿ ਸਖੀਆਂ ਨੇ ਯੋਜਨਾ ਦੀ ਜਾਣਕਾਰੀ ਲੋਕਾਂ ਤੱਕ ਪਹੁੰਚਾਉਣ ਦੇ ਨਾਲ-ਨਾਲ ਮਹਿਲਾਵਾਂ ਨਾਲ ਸਿੱਧਾ ਸੰਪਰਕ ਬਣਾਉਂਦਿਆਂ ਇਸ ਮੁਹਿੰਮ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਵਿੱਚ ਅਹਿਮ ਯੋਗਦਾਨ ਪਾਇਆ ਹੈ। ਵਿਧਾਇਕ ਨੇ ਸਖੀਆਂ ਅਤੇ ਹਲਕੇ ਦੀਆਂ ਸਾਰੀਆਂ ਮਹਿਲਾਵਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੇਰੇ ਹਲਕਾ ਰੂਪੀ ਪਰਿਵਾਰ ਦੀਆਂ ਮੇਰੀਆਂ ਮਾਵਾਂ ਦਾ ਅਸ਼ੀਰਵਾਦ ਅਤੇ ਭੈਣਾਂ ਦਾ ਵਿਸ਼ਵਾਸ ਮੇਰੇ ਲਈ ਸਭ ਤੋਂ ਵੱਡ ਤਾਕਤ ਹੈ ਅਤੇ ਇਸ ਨੂੰ ਬਣਾਈ ਰੱਖਣਾ ਮੇਰੀ ਸਭ ਤੋਂ ਵੱਡੀ ਜ਼ਿੰਮੇਵਾਰੀ ਵੀ ਹੈ।

ਡਾ. ਇਸ਼ਾਂਕ ਕੁਮਾਰ ਨੇ ਇਸ ਮੌਕੇ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਦੀ ਮੌਜੂਦਗੀ ਦਾ ਸਵਾਗਤ ਕਰਦਿਆਂ ਕਿਹਾ ਕਿ ਚੱਬੇਵਾਲ ਦੀ ਮਿੱਟੀ ਨਾਲ ਉਨ੍ਹਾਂ ਦੋਵਾਂ ਦਾ ਰਿਸ਼ਤਾ ਪਿਆਰ, ਸਤਿਕਾਰ ਅਤੇ ਸੇਵਾ ਦਾ ਹੈ ਅਤੇ ਇਹ ਖਾਸ ਰਿਸ਼ਤਾ ਹਮੇਸ਼ਾ ਕਾਇਮ ਰਹੇਗਾ। ਸਮਾਗਮ ਵਿੱਚ ਸੁਆਮੀ ਸਤਿਆਵਰਤਾਨੰਦ ਦੀ ਹਾਜ਼ਰੀ ਨੇ ਵੀ ਮੌਕੇ ਨੂੰ ਹੋਰ ਵਿਸ਼ੇਸ਼ ਬਣਾਇਆ।



## ਸੀਚੇਵਾਲ ਨੇ ਅਧਿਕਾਰੀਆਂ ਸਮੇਤ ਧੁੱਸੀ ਬੰਨ੍ਹ ਦਾ ਕੀਤਾ ਦੌਰਾ

**ਜਲੰਧਰ (ਸੁਰਿੰਦਰ ਕੁਮਾਰ)**- ਰਾਜ ਸਭਾ ਮੈਂਬਰ ਅਤੇ ਪ੍ਰਸਿੱਧ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਧੁੱਸੀ ਬੰਨ੍ਹ ਦਾ ਦੌਰਾ ਕਰਕੇ ਇੱਥੇ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ। ਉਨ੍ਹਾਂ ਮੰਡੀ ਬੋਰਡ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਧੁੱਸੀ ਬੰਨ੍ਹ 'ਤੇ ਬਣਨ ਵਾਲੀ ਸੜਕ ਦੇ ਪਹਿਲੇ ਪੜਾਅ ਦਾ ਕੰਮ ਅਕਤੂਬਰ ਮਹੀਨੇ ਤੱਕ ਹਰ ਹਾਲ ਵਿੱਚ ਮੁਕੰਮਲ ਕੀਤਾ ਜਾਵੇ, ਤਾਂ ਜੋ ਇਲਾਕੇ ਦੇ ਲੋਕਾਂ ਨੂੰ ਜਲਦ ਤੋਂ ਜਲਦ ਇਸ ਦਾ ਲਾਭ ਮਿਲ ਸਕੇ।ਜ਼ਿਕਰਯੋਗ ਹੈ ਕਿ ਪਹਿਲੇ ਪੜਾਅ ਤਹਿਤ 14 ਕਿਲੋਮੀਟਰ ਸੜਕ ਦਾ ਨਿਰਮਾਣ ਕੀਤਾ ਜਾਣਾ ਹੈ, ਜੋ ਧੁੱਸੀ ਬੰਨ੍ਹ 'ਤੇ ਗਿੱਦੜਪਿੰਡੀ ਤੋਂ ਫਿਲੌਰ ਤੱਕ ਬਣੇਗੀ।ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਲੋਕਾਂ ਨਾਲ ਜੁੜੇ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਪੂਰਾ ਕਰਨਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਇਸ ਇਲਾਕੇ ਵਿੱਚ ਪੁਲ ਦੇ ਨਿਰਮਾਣ ਦਾ ਕੰਮ ਸ਼ੁਰੂ ਹੋ ਗਿਆ ਹੈ। ਰਾਜ ਸਭਾ ਮੈਂਬਰ ਸੰਤ ਸੀਚੇਵਾਲ ਨੇ ਅਧਿਕਾਰੀਆਂ ਨੂੰ ਪੁਲ ਦੇ ਨਾਲ-ਨਾਲ ਸੜਕਾਂ ਦੇ ਕੰਮ ਵਿੱਚ ਵੀ ਤੇਜ਼ੀ ਲਿਆਉਣ ਲਈ ਕਿਹਾ। ਉਨ੍ਹਾਂ ਮੰਡੀ ਬੋਰਡ ਦੇ ਅਧਿਕਾਰੀਆਂ ਨੂੰ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਪੱਧਰ 'ਤੇ ਬੇਲੋੜੀ ਦੇਰੀ ਨਾ ਹੋਵੇ ਅਤੇ ਕੰਮ ਦੀ ਗੁਣਵੱਤਾ ਦਾ ਧਿਆਨ ਰੱਖਦਿਆਂ ਇਸ ਨੂੰ ਤੇਜ਼ੀ ਨਾਲ ਮੁਕੰਮਲ ਕੀਤਾ ਜਾਵੇ।

ਇਸ ਮੌਕੇ ਮਗਨਰੇਗਾ ਵਰਕਰਾਂ ਦਾ ਇੱਕ ਵਫ਼ਦ ਸੰਤ ਸੀਚੇਵਾਲ ਨੂੰ ਮਿਲਿਆ ਅਤੇ ਆਪਣੀਆਂ ਮੁਸ਼ਕਿਲਾਂ ਤੋਂ ਜਾਣੂ ਕਰਵਾਇਆ। ਸੰਤ ਸੀਚੇਵਾਲ ਨੇ ਉਨ੍ਹਾਂ ਦੀਆਂ ਗੱਲਾਂ ਨੂੰ ਧਿਆਨ ਨਾਲ ਸੁਣਦਿਆਂ ਮੌਕੇ 'ਤੇ ਹੀ ਸਬੰਧਤ ਅਧਿਕਾਰੀਆਂ ਨਾਲ ਫੋਨ 'ਤੇ ਗੱਲ ਕੀਤੀ ਅਤੇ ਵਰਕਰਾਂ ਦੀਆਂ ਜਾਇਜ਼ ਸਮੱਸਿਆਵਾਂ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਕਿਹਾ।



## ਮਹਾਰਾਜ ਹੇਮਾਨੰਦ ਦੇ ਸਤਿਸੰਗ ਸਮਾਗਮ 'ਚ ਬੈਂਸ ਨੇ ਕੀਤੀ ਸ਼ਮੂਲੀਅਤ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)** ਪਿੰਡ ਬਾਸ ਵਿਖੇ ਸ੍ਰੀ ਸ੍ਰੀ 1008 ਮਹਾਰਾਜ ਹੇਮਾਨੰਦ ਦੇ ਪਾਵਨ ਸਤਿਸੰਗ ਸਮਾਗਮ ਵਿੱਚ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਨੇ ਸ਼ਰਧਾ ਅਤੇ ਭਾਵਨਾ ਨਾਲ ਸ਼ਮੂਲੀਅਤ ਕੀਤੀ ਗਈ। ਇਸ ਮੌਕੇ ਸੰਗਤ ਵੱਲੋਂ ਪੂਰੀ ਸ਼ਰਧਾ ਨਾਲ ਸਤਿਸੰਗ ਸਰਵਣ ਕੀਤਾ ਗਿਆ ਅਤੇ ਗੁਰੂ ਮਹਾਰਾਜ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ ਗਿਆ। ਸਮਾਗਮ ਦੌਰਾਨ ਆਧਿਆਤਮਿਕ ਮਾਹੌਲ ਬਣਿਆ ਰਿਹਾ ਅਤੇ ਸੰਗਤ ਨੇ ਗੁਰੂ ਮਹਾਰਾਜ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਸੰਦੇਸ਼ ਪ੍ਰਾਪਤ ਕੀਤਾ। ਇਸ ਮੌਕੇ ਕੈਬਨਿਟ ਮੰਤਰੀ ਨੇ ਸੰਬੋਧਨ ਕਰਦਿਆਂ ਕਿਹਾ ਗਿਆ ਕਿ ਸਤਿਸੰਗ ਮਨੁੱਖ ਨੂੰ ਆਤਮਿਕ ਸ਼ਾਂਤੀ ਦੇਣ ਦੇ ਨਾਲ-ਨਾਲ ਸੱਚ, ਸੇਵਾ, ਨਿਮਰਤਾ ਅਤੇ ਆਪਸੀ ਭਾਈਚਾਰੇ ਦੇ ਰਾਹ 'ਤੇ ਚੱਲਣ ਲਈ ਪ੍ਰੇਰਿਤ ਕਰਦਾ ਹੈ। ਗੁਰੂ ਮਹਾਰਾਜ ਜੀ ਦੀਆਂ ਸਿੱਖਿਆਵਾਂ ਮਨੁੱਖ ਨੂੰ ਆਪਣੇ ਜੀਵਨ ਵਿੱਚ ਚੰਗੇ ਗੁਣ ਅਪਣਾਉਣ ਅਤੇ ਸਮਾਜ ਦੀ ਭਲਾਈ ਲਈ ਯੋਗਦਾਨ ਪਾਉਣ ਦਾ ਮਾਰਗ ਦਿਖਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਸੰਗਤ ਨੂੰ ਇਕਜੁੱਟ ਕਰਨ ਅਤੇ ਸਮਾਜ ਵਿੱਚ ਪਿਆਰ ਤੇ ਸਦਭਾਵਨਾ ਦੀ ਭਾਵਨਾ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਹਰਜੋਤ ਬੈਂਸ ਨੇ ਸਤਿਸੰਗ ਸਮਾਗਮ ਦੌਰਾਨ ਗੁਰੂ ਮਹਾਰਾਜ ਜੀ ਦਾ ਆਸ਼ੀਰਵਾਦ ਪ੍ਰਾਪਤ ਕਰਦਿਆਂ ਪੰਜਾਬ ਦੀ ਚੜ੍ਹਦੀ ਕਲਾ, ਇਲਾਕੇ ਦੀ ਖੁਸ਼ਹਾਲੀ ਅਤੇ ਸਮੂਹ ਸੰਗਤ ਦੀ ਤੰਦਰੁਸਤੀ ਲਈ ਅਰਦਾਸ ਕੀਤੀ ਗਈ।ਇਸ ਮੌਕੇ ਪਿੰਡ ਬਾਸ ਅਤੇ ਆਸ-ਪਾਸ ਦੇ ਇਲਾਕਿਆਂ ਤੋਂ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਸਰਪੰਚ ਰਾਜ ਦੁਲਾਰੀ, ਪੰਚ ਦੀਪੂ ਬਾਂਸ, ਸਤੀਸ਼ ਕੁਮਾਰ, ਸ਼ਿਵ ਕੁਮਾਰ, ਆਸ਼ੂ ਪੰਡਿਤ, ਦਿਨੇਸ਼ ਦੱਤ, ਰਾਜੇਸ਼ ਕੁਮਾਰ ਮਿੰਟੂ, ਮਾਸਟਰ ਬੁੱਧ ਦੇਵ ਹਾਜ਼ਰ ਸਨ।



## ਜਨਮ ਦਿਨ ਮੁਬਾਰਕ



ਹਰਗੁਣ ਕੌਰ ਸੰਧੂ
ਸਾਹਨਕੇ



ਜਸਮੀਤ ਕੌਰ
ਹੁਸ਼ਿਆਰਪੁਰ

## ਆਬਜ਼ਰਵੇਸ਼ਨ ਹੋਮ ਤੇ ਸਪੈਸ਼ਲ ਹੋਮ ਦੇ 48 ਬੱਚਿਆਂ ਨੇ ਪੂਰੇ ਕੀਤੇ ਰੋਜ਼ਗਾਰਮੁਖੀ ਹੁਨਰ ਵਿਕਾਸ ਕੋਰਸ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜੁਵੇਨਾਇਲ ਜਸਟਿਸ ਐਕਟ ਅਧੀਨ ਰਜਿਸਟਰਡ ਹੋਮਾਂ ਵਿੱਚ ਰਹਿ ਰਹੇ ਬੱਚਿਆਂ ਨੂੰ ਸਿੱਖਿਆ, ਹੁਨਰ ਅਤੇ ਬਿਹਤਰ ਭਵਿੱਖ ਦੇ ਮੌਕੇ ਪ੍ਰਦਾਨ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।



ਇਸੇ ਦਿਸ਼ਾ ਵਿੱਚ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੀ ਅਗਵਾਈ ਹੇਠ ਸਕਿੱਲ ਡਿਵੈਲਪਮੈਂਟ ਅਤੇ ਵੋਕੇਸ਼ਨਲ ਟ੍ਰੇਨਿੰਗ ਪ੍ਰੋਗਰਾਮ ਲਾਗੂ ਕੀਤੇ ਜਾ ਰਹੇ ਹਨ। ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀ ਇਸ ਵਿਸ਼ੇਸ਼ ਪਹਿਲਕਦਮੀ ਤਹਿਤ ਹੁਸ਼ਿਆਰਪੁਰ ਦੇ ਸਪੈਸ਼ਲ ਹੋਮ ਅਤੇ ਆਬਜ਼ਰਵੇਸ਼ਨ ਹੋਮ ਵਿੱਚ ਰਹਿ ਰਹੇ 48 ਬੱਚਿਆਂ ਨੇ ਸਫਲਤਾਪੂਰਵਕ ਰੋਜ਼ਗਾਰਮੁਖੀ ਸਕਿੱਲ ਡਿਵੈਲਪਮੈਂਟ ਕੋਰਸ ਪੂਰੇ ਕੀਤੇ ਹਨ। ਸਪੈਸ਼ਲ ਹੋਮ, ਹੁਸ਼ਿਆਰਪੁਰ ਦੇ 25 ਬੱਚਿਆਂ ਨੇ ਹੇਅਰ ਡਰੈਸਰ ਐਂਡ ਸਟਾਇਲਿਸਟ ਅਤੇ ਆਬਜ਼ਰਵੇਸ਼ਨ ਹੋਮ ਦੇ 23 ਬੱਚਿਆਂ ਨੇ ਮਲਟੀ ਸਕਿਲ ਟੈਕਨੀਸ਼ੀਅਨ ਕੋਰਸ ਮੁਕੰਮਲ ਕੀਤਾ। ਇਨ੍ਹਾਂ ਸਾਰੇ ਬੱਚਿਆਂ ਦੀ 100 ਫੀਸਦੀ ਸਿਖਲਾਈ ਪੂਰੀ ਹੋਣ ਦੇ ਨਾਲ ਉਨ੍ਹਾਂ ਦੀ ਅਸੈਸਮੈਂਟ ਅਤੇ ਸਰਟੀਫਿਕੇਸ਼ਨ ਪ੍ਰਕਿਰਿਆ ਵੀ ਸੰਪੂਰਨ ਹੋ ਚੁੱਕੀ ਹੈ। ਇਹ ਸਫਲਤਾ ਉਨ੍ਹਾਂ ਨੂੰ ਹੁਨਰ ਦੇ ਨਾਲ ਆਤਮ-ਵਿਸ਼ਵਾਸ ਅਤੇ ਸਵੈ-ਨਿਰਭਰ ਜੀਵਨ ਵੱਲ ਅੱਗੇ ਵਧਣ ਦਾ ਮੌਕਾ ਪ੍ਰਦਾਨ ਕਰੇਗੀ।ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੀਆਂ ਹਦਾਇਤਾਂ ਅਨੁਸਾਰ ਰਾਜ ਦੇ ਆਬਜ਼ਰਵੇਸ਼ਨ ਹੋਮਾਂ ਅਤੇ ਸਪੈਸ਼ਲ ਹੋਮਾਂ ਵਿੱਚ ਕੁੱਲ 187 ਬੱਚਿਆਂ ਲਈ ਵੱਖ-ਵੱਖ ਹੁਨਰ ਵਿਕਾਸ ਅਤੇ ਵੋਕੇਸ਼ਨਲ ਟ੍ਰੇਨਿੰਗ ਕੋਰਸ ਸ਼ੁਰੂ ਕੀਤੇ ਗਏ ਹਨ।

## ਪੰਜਾਬ ਸਰਕਾਰ ਨੇ ਵਪਾਰੀਆਂ ਦੇ ਮਸਲਿਆਂ ਦੇ ਨਿਪਟਾਰੇ ਲਈ 40 ਕਰੋੜ ਕੀਤੇ ਮਨਜ਼ੂਰ : ਅਨਿਲ ਠਾਕੁਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਰਾਜ ਟਰੇਡਰਜ਼ ਕਮਿਸ਼ਨ ਦੇ ਚੇਅਰਮੈਨ ਅਨਿਲ ਠਾਕੁਰ ਨੇ ਇਥੇ ਵਪਾਰੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਵਪਾਰ ਅਤੇ ਬਾਜ਼ਾਰਾਂ ਨਾਲ ਸਬੰਧਤ ਮਾਮਲਿਆਂ ਅਤੇ ਸਮੱਸਿਆਵਾਂ ਦਾ ਫੌਰੀ ਨਿਪਟਾਰਾ ਕਰਨ ਨੂੰ ਤਰਜ਼ੀਹ ਦਿੱਤੀ ਜਾ ਰਹੀ ਹੈ ਅਤੇ ਰਾਜ ਸਰਕਾਰ ਵਲੋਂ ਬਾਜ਼ਾਰਾਂ ਦੀ ਦਿੱਖ ਸੰਵਾਰਨ ਦੇ ਨਾਲ-ਨਾਲ ਮੁੱਢਲੀਆਂ ਸਹੂਲਤਾਂ ਨੂੰ ਯਕੀਨੀ ਬਣਾਉਣ ਲਈ 40 ਕਰੋੜ ਰੁਪਏ ਤੋਂ ਵੱਧ ਦੇ ਫੰਡ ਮਨਜ਼ੂਰ ਕੀਤੇ ਜਾ ਚੁੱਕੇ ਹਨ ਜਿਨ੍ਹਾਂ ਵਿਚੋਂ ਹਰੇਕ ਜ਼ਿਲ੍ਹੇ ਲਈ 2-2 ਕਰੋੜ ਰੁਪਏ ਖਰਚੇ ਜਾਣਗੇ। ਚੇਅਰਮੈਨ ਅਨਿਲ ਠਾਕੁਰ ਨੇ ਦੱਸਿਆ ਕਿ ਰਾਜ ਵਿਚ ਪਿਛਲੇ ਕਈ ਮਹੀਨਿਆਂ ਤੋਂ ਕਮਿਸ਼ਨ ਵਲੋਂ ਵਪਾਰੀਆਂ ਨਾਲ ਲਗਾਤਾਰ ਮੀਟਿੰਗਾਂ ਦਾ ਸਿਲਸਿਲਾ ਜਾਰੀ ਰਿਹਾ ਜਿਸ ਵਿਚ ਵਪਾਰੀਆਂ ਵਲੋਂ 7 ਹਜ਼ਾਰ ਦੇ ਕਰੀਬ ਸ਼ਿਕਾਇਤਾਂ ਅਤੇ ਮਾਮਲੇ ਰੱਖੇ ਗਏ ਜਿਨ੍ਹਾਂ ਵਿਚੋਂ 6 ਹਜ਼ਾਰ ਤੋਂ ਵੱਧ ਸ਼ਿਕਾਇਤਾਂ ਦਾ ਢੁਕਵਾਂ ਨਿਪਟਾਰਾ ਕੀਤਾ ਜਾ ਚੁੱਕਾ ਹੈ ਅਤੇ ਰਹਿੰਦੇ ਮਾਮਲਿਆਂ 'ਤੇ ਵੀ ਜੰਗੀ ਪੱਧਰ 'ਤੇ ਕਾਰਵਾਈ ਜਾਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਵਪਾਰੀਆਂ ਵਿਚਾਲੇ ਪੁੱਲ ਦਾ ਕੰਮ ਕਰਦਿਆਂ ਟਰੇਡਰਜ਼ ਕਮਿਸ਼ਨ ਨੇ ਵਪਾਰ, ਵਪਾਰੀਆਂ ਦੇ ਮਸਲਿਆਂ ਦੀ ਸੁਣਵਾਈ ਤੋਂ ਇਲਾਵਾ ਬਾਜ਼ਾਰਾਂ ਵਿਚ ਲੋੜੀਂਦੀਆਂ ਸਹੂਲਤਾਂ ਯਕੀਨੀ ਬਣਾਉਣ ਲਈ ਅਹਿਮ ਭੂਮਿਕਾ ਨਿਭਾਅ ਰਿਹਾ ਹੈ। ਉਨ੍ਹਾਂ ਦੱਸਿਆ ਕਿ ਹਰੇਕ ਜ਼ਿਲ੍ਹੇ ਨੂੰ ਦਿੱਤੇ ਜਾ ਰਹੇ 2-2 ਕਰੋੜ ਰੁਪਏ ਕਮਿਸ਼ਨ ਦੀਆਂ ਜ਼ਿਲ੍ਹਾ ਕਮੇਟੀਆਂ ਦੀਆਂ ਸਿਫਾਰਸ਼ਾਂ ਅਨੁਸਾਰ ਬਾਜ਼ਾਰਾਂ ਵਿਚ ਡਿਪਟੀ ਕਮਿਸ਼ਨਰਾਂ ਰਾਹੀਂ ਖਰਚੇ ਜਾਣਗੇ ਤਾਂ ਜੋ ਬਾਜ਼ਾਰਾਂ ਵਿਚ ਲੋਕਾਂ ਅਤੇ ਵਪਾਰੀਆਂ ਦੀ ਸਹੂਲਤ ਅਨੁਸਾਰ ਲੋੜੀਂਦੇ ਕੰਮ ਹੋ ਸਕਣ।ਇਸ ਤੋਂ ਪਹਿਲਾਂ ਕਮਿਸ਼ਨ ਦੇ ਚੇਅਰਮੈਨ ਅਨਿਲ ਠਾਕੁਰ ਨੇ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਦੇ ਚੇਅਰਮੈਨ ਦ੍ਰਿਪਨ ਸੈਣੀ, ਮਾਰਕਿਟ ਕਮੇਟੀ ਦੇ ਚੇਅਰਮੈਨ ਜਸਪਾਲ ਸਿੰਘ ਚੇਚੀ ਸਮੇਤ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਕਿਹਾ ਕਿ ਵਪਾਰੀਆਂ ਦੇ ਮਾਮਲਿਆਂ ਨੂੰ ਤਰਜ਼ੀਹ ਦੇ ਆਧਾਰ 'ਤੇ ਸਮਾਂਬੱਧ ਢੰਗ ਨਾਲ ਨਿਪਟਾਇਆ ਜਾਵੇ।



## ਡਾ. ਨਵਨੀਤ ਕੌਰ ਪਿਮਸ 'ਚ ਸਲਾਹਕਾਰ ਪਲਾਸਟਿਕ ਤੇ ਪੁਨਰ ਨਿਰਮਾਣ ਸਰਜਨ ਵਜੋਂ ਨਿਯੁਕਤ

**ਆਦਮਪੁਰ/ਅਲਾਵਲਪੁਰ (ਪਰਮਜੀਤ ਸਿੰਘ, ਮਦਨ ਬੰਗੜ)**- ਪੰਜਾਬ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ (ਪਿਮਸ) ਜਲੰਧਰ ਨੇ ਡਾ. ਨਵਨੀਤ ਕੌਰ ਨੂੰ ਸਲਾਹਕਾਰ ਪਲਾਸਟਿਕ ਅਤੇ ਪੁਨਰ ਨਿਰਮਾਣ ਸਰਜਨ ਵਜੋਂ ਨਿਯੁਕਤ ਕਰਕੇ ਆਪਣੀ ਮੈਡੀਕਲ ਮਾਹਿਰਾਂ ਦੀ ਟੀਮ ਨੂੰ ਹੋਰ ਮਜ਼ਬੂਤ ਕੀਤਾ ਹੈ। ਡਾ. ਨਵਨੀਤ ਕੌਰ ਪਿਮਸ ਜਲੰਧਰ ਵਿੱਚ ਸ਼ਾਮਲ ਹੋ ਗਈ ਹੈ। ਡਾ. ਨਵਨੀਤ ਕੌਰ ਨੇ ਆਦੇਸ਼ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ ਐਂਡ ਰਿਸਰਚ ਬਠਿੰਡਾ ਤੋਂ ਆਪਣੀ ਐਮਬੀਬੀਐਸ ਪੂਰੀ ਕੀਤੀ।ਫਿਰ ਉਸ ਨੇ ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ ਤੋਂ ਜਨਰਲ ਸਰਜਰੀ ਵਿੱਚ ਐਮ ਐਸ ਦੀ ਡਿਗਰੀ ਪ੍ਰਾਪਤ ਕੀਤੀ। ਇਸ ਤੋਂ ਬਾਅਦ, ਉਸਨੇ ਟਾਟਾ ਮੈਮੋਰੀਅਲ ਹਸਪਤਾਲ, ਮੁੰਬਈ ਤੋਂ ਪਲਾਸਟਿਕ ਅਤੇ ਪੁਨਰ ਨਿਰਮਾਣ ਸਰਜਰੀ ਵਿੱਚ ਆਪਣੀ ਐਮਸੀਐਚ ਪੂਰੀ ਕੀਤੀ, ਜੋ ਕਿ ਕੈਂਸਰ ਦੇ ਇਲਾਜ ਅਤੇ ਉੱਨਤ ਸਰਜੀਕਲ ਸਿਖਲਾਈ ਲਈ ਭਾਰਤ ਦੇ ਪ੍ਰਮੁੱਖ ਸੰਸਥਾਨਾਂ ਵਿੱਚੋਂ ਇੱਕ ਹੈ। ਪਲਾਸਟਿਕ ਅਤੇ ਪੁਨਰ ਨਿਰਮਾਣ ਸਰਜਰੀ ਵਿੱਚ ਵਿਸ਼ੇਸ਼ ਸਿਖਲਾਈ ਦੇ ਨਾਲ, ਡਾ. ਨਵਨੀਤ ਕੌਰ ਪਲਾਸਟਿਕ ਅਤੇ ਪੁਨਰ ਨਿਰਮਾਣ ਸਰਜੀਕਲ ਇਲਾਜਾਂ ਵਿੱਚ ਮਾਹਰ ਹੈ ਅਤੇ ਵਿਆਪਕ ਅਤੇ ਮਰੀਜ਼-ਕੇਂਦ੍ਰਿਤ ਦੇਖਭਾਲ ਪ੍ਰਦਾਨ ਕਰਨ 'ਤੇ ਧਿਆਨ ਕੇਂਦਰਿਤ ਕਰਦੀ ਹੈ।



## ਸੜਕ ਹਾਦਸਿਆਂ ਦੇ ਪੀੜਤਾਂ ਦੀ ਮਦਦ ਕਰਨ ਵਾਲਿਆਂ ਨੂੰ ਮਿਲੇਗਾ ਨਕਦ ਇਨਾਮ ਤੇ ਕਾਨੂੰਨੀ ਸੁਰੱਖਿਆ : ਆਰ ਟੀ ਓ

**ਕਪੂਰਥਲਾ (ਮਨਜੀਤ ਮਾਨ)**- ਆਰ ਟੀ ਓ ਹਰਕਰਮ ਸਿੰਘ ਰੰਧਾਵਾ ਨੇ ਦੱਸਿਆ ਕਿ ਸੜਕ ਹਾਦਸਿਆਂ ਦੇ ਪੀੜਤਾਂ ਦੀ ਤੁਰੰਤ ਮਦਦ ਕਰਨ ਅਤੇ ਵੱਧ ਤੋਂ ਵੱਧ ਜਾਨਾਂ ਬਚਾਉਣ ਲਈ ਭਾਰਤ ਸਰਕਾਰ ਦੇ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰਾਲੇ ਵੱਲੋਂ 'ਗੁੱਡ ਸਮਾਰਟੀਅਨ' ਸਕੀਮ ਸ਼ੁਰੂ ਕੀਤੀ ਗਈ ਹੈ, ਜਿਸ ਦਾ ਮੁੱਖ ਮਕਸਦ ਲੋਕਾਂ ਨੂੰ ਹਾਦਸੇ ਤੋਂ ਬਾਅਦ ਦੇ ਪਹਿਲੇ 60 ਮਿੰਟਾਂ ਭਾਵ 'ਗੋਲਡਨ ਆਵਰ' ਦੌਰਾਨ ਜ਼ਖ਼ਮੀਆਂ ਨੂੰ ਜਲਦੀ ਹਸਪਤਾਲ ਪਹੁੰਚਾਉਣ ਲਈ ਪ੍ਰੇਰਿਤ ਕਰਨਾ ਹੈ ਤਾਂ ਜੋ ਸਮੇਂ ਸਿਰ ਇਲਾਜ ਯਕੀਨੀ ਬਣਾ ਕੇ ਜਾਨ ਬਚਣ ਦੀ ਸੰਭਾਵਨਾ ਵਧਾਈ ਜਾ ਸਕੇ।ਉਨ੍ਹਾਂ ਦੱਸਿਆ ਕਿ ਸੜਕ ਹਾਦਸੇ ਦੇ ਪੀੜਤ ਦੀ ਜਾਨ ਬਚਾਉਣ ਵਿੱਚ ਮਦਦ ਕਰਨ ਵਾਲੇ ਕਿਸੇ ਵੀ ਆਮ ਨਾਗਰਿਕ ਨੂੰ, ਜੋ ਹਾਦਸੇ ਦੇ ਸ਼ਿਕਾਰ ਵਿਅਕਤੀ ਨੂੰ ਹਸਪਤਾਲ ਪਹੁੰਚਾਉਂਦਾ ਹੈ, ਐਂਬੂਲੈਂਸ ਜਾਂ ਪੁਲਿਸ ਨੂੰ ਸੂਚਿਤ ਕਰਦਾ ਹੈ, ਜਾਂ ਮੁੱਢਲੀ ਸਹਾਇਤਾ ਪ੍ਰਦਾਨ ਕਰਦਾ ਹੈ, 5,000 ਦਾ ਨਕਦ ਇਨਾਮ ਅਤੇ ਪ੍ਰਸ਼ੰਸਾ ਪੱਤਰ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇੱਕ ਵਿਅਕਤੀ ਨੂੰ ਸਾਲ ਵਿੱਚ ਵੱਧ ਤੋਂ ਵੱਧ 5 ਵਾਰ ਇਹ ਇਨਾਮ ਮਿਲ ਸਕਦਾ ਹੈ, ਅਤੇ ਰਾਸ਼ਟਰੀ ਪੱਧਰ 'ਤੇ ਹਰ ਸਾਲ ਚੁਣੇ ਗਏ 10 ਸਭ ਤੋਂ ਵਧੀਆ 'ਗੁੱਡ ਸਮਾਰਟੀਅਨ' ਵਿੱਚੋਂ ਹਰੇਕ ਨੂੰ ?1 ਲੱਖ ਦਾ ਵਿਸ਼ੇਸ਼ ਇਨਾਮ ਦਿੱਤਾ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵੀ ਇਸ ਸਕੀਮ ਨੂੰ ਲਾਗੂ ਕੀਤਾ ਗਿਆ ਹੈ, ਜਿਸ ਤਹਿਤ ਯੋਗ ਵਿਅਕਤੀ ਨੂੰ ਲੋੜੀਂਦੀ ਪੁਸ਼ਟੀ ਤੋਂ ਬਾਅਦ ਡਿਪਟੀ ਕਮਿਸ਼ਨਰ ਦਫ਼ਤਰ ਰਾਹੀਂ ?5,000 ਦੀ ਰਕਮ ਅਦਾ ਕੀਤੀ ਜਾਂਦੀ ਹੈ।ਉਨ੍ਹਾਂ ਅੱਗੇ ਦੱਸਿਆ ਕਿ ਇਸ ਸਕੀਮ ਤਹਿਤ ਮਦਦ ਕਰਨ ਵਾਲੇ ਵਿਅਕਤੀਆਂ ਨੂੰ ਪੂਰੀ ਕਾਨੂੰਨੀ ਸੁਰੱਖਿਆ ਵੀ ਪ੍ਰਦਾਨ ਕੀਤੀ ਜਾਂਦੀ ਹੈ ਤੇ ਉਨ੍ਹਾਂ ਨੂੰ ਬੇਲੋੜੀ ਪੁਲਿਸ ਪੁੱਛਗਿੱਛ ਲਈ ਮਜਬੂਰ ਨਹੀਂ ਕੀਤਾ ਜਾ ਸਕਦਾ, ਅਤੇ ਜੇਕਰ ਉਹ ਨਾ ਚਾਹੁਣ ਤਾਂ ਆਪਣੀ ਪਛਾਣ ਗੁਪਤ ਰੱਖ ਸਕਦੇ ਹਨ।ਇਸ ਤੋਂ ਇਲਾਵਾ, ਮਦਦਗਾਰ ਨੂੰ ਹਸਪਤਾਲ ਵਿੱਚ ਰੁਕਣ ਲਈ ਮਜਬੂਰ ਨਹੀਂ ਕੀਤਾ ਜਾ ਸਕਦਾ ਅਤੇ ਮਦਦ ਕਰਨ ਕਾਰਨ ਉਸ ਉੱਤੇ ਆਮ ਤੌਰ 'ਤੇ ਕੋਈ ਸਿਵਲ ਜਾਂ ਫੌਜਦਾਰੀ ਜ਼ਿੰਮੇਵਾਰੀ ਨਹੀਂ ਬਣਦੀ।



## ਬਾਲ ਵਿਆਹ ਕਰਵਾਉਣ ਵਾਲਿਆਂ ਖ਼ਿਲਾਫ਼ ਕੀਤੀ ਕਾਨੂੰਨੀ ਕਾਰਵਾਈ

**ਹੁਸ਼ਿਆਰਪੁਰ (ਓ ਪੀ ਰਾਣਾ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਵਿੱਚ ਬਾਲ ਵਿਆਹ ਨੂੰ ਰੋਕਣ ਲਈ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਹੁਸ਼ਿਆਰਪੁਰ ਅਤੇ ਬਾਲ ਭਲਾਈ ਕਮੇਟੀ ਹੁਸ਼ਿਆਰਪੁਰ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਜ਼ਿਲ੍ਹਾ ਹੁਸ਼ਿਆਰਪੁਰ ਦੇ ਬਲਾਕ ਹਾਜੀਪੁਰ ਅਤੇ ਮੁਕੇਰੀਆਂ ਵਿੱਚ ਬਾਲ ਵਿਆਹ ਦੇ ਦੋ ਮਾਮਲੇ ਸਾਹਮਣੇ ਆਏ ਹਨ। ਇਨ੍ਹਾਂ ਮਾਮਲਿਆਂ ਵਿੱਚ ਬਾਲ ਵਿਕਾਸ ਪ੍ਰੋਜੈਕਟ ਅਫ਼ਸਰ ਵੱਲੋਂ ਜਾਂਚ ਕੀਤੀ ਗਈ ਅਤੇ ਦੋਵਾਂ ਮਾਮਲਿਆਂ ਵਿੱਚ ਸਬੰਧਤ ਥਾਣਿਆਂ ਵੱਲੋਂ ਐੱਫ ਆਈ ਆਰ ਦਰਜ ਕੀਤੀ ਗਈ। ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗਗਨਦੀਪ ਸਿੰਘ ਨੇ ਦੱਸਿਆ ਕਿ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਸਾਰੇ ਬਾਲ ਵਿਕਾਸ ਪ੍ਰੋਜੈਕਟ ਅਫ਼ਸਰਾਂ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਦੇ ਪ੍ਰਿੰਸੀਪਲਾਂ ਨੂੰ ਬਾਲ ਵਿਆਹ ਰੋਕੂ ਅਫ਼ਸਰ ਨਿਯੁਕਤ ਕੀਤਾ ਗਿਆ ਹੈ। ਜ਼ਿਲ੍ਹੇ ਵਿੱਚ ਅਕਸਰ ਬਾਲ ਵਿਆਹ ਹੋਣ ਸੰਬੰਧੀ ਸ਼ਿਕਾਇਤਾਂ ਪ੍ਰਾਪਤ ਹੁੰਦੀਆਂ ਰਹਿੰਦੀਆਂ ਹਨ, ਜਿਨ੍ਹਾਂ 'ਤੇ ਤੁਰੰਤ ਕਾਰਵਾਈ ਕਰਦਿਆਂ ਸਾਰੇ ਬਾਲ ਵਿਆਹ ਰੋਕੂ ਅਫ਼ਸਰਾਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਜੇਕਰ ਵਿਆਹ ਨਹੀਂ ਹੋਇਆ ਹੈ ਤਾਂ ਵਿਆਹ ਰੋਕਿਆ ਜਾਵੇ ਅਤੇ ਜੇਕਰ ਵਿਆਹ ਹੋ ਚੁੱਕਾ ਹੈ ਤਾਂ ਬਾਲ ਵਿਆਹ ਰੋਕੂ ਐਕਟ ਅਨੁਸਾਰ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ।ਸੰਬੰਧਤ ਬਲਾਕ ਦੇ ਬਾਲ ਵਿਆਹ ਰੋਕੂ ਅਫ਼ਸਰ (ਸੀ ਐੱਮ ਪੀ ਓ) ਵੱਲੋਂ ਬਾਲ ਵਿਆਹ ਸਬੰਧੀ ਸਾਰੇ ਸਬੂਤ ਇਕੱਠੇ ਕੀਤੇ ਜਾਣੇ ਹਨ, ਜਿਵੇਂ ਕਿ ਗੁਰਦੁਆਰੇ ਜਾਂ ਮੰਦਰ ਦਾ ਸਰਟੀਫਿਕੇਟ, ਬੱਚੇ ਦੀ ਉਮਰ ਸੰਬੰਧੀ ਦਸਤਾਵੇਜ਼, ਬਾਲ ਵਿਆਹ ਵਿੱਚ ਸ਼ਾਮਲ ਵਿਅਕਤੀਆਂ ਦਾ ਵੇਰਵਾ ਆਦਿ।

ਕਾਰਵਾਈ ਉਪਰੰਤ ਇਸ ਦੀ ਰਿਪੋਰਟ ਡਿਪਟੀ ਕਮਿਸ਼ਨਰ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ, ਐੱਸ ਐੱਸ ਪੀ ਅਤੇ ਬਾਲ ਭਲਾਈ ਕਮੇਟੀ ਹੁਸ਼ਿਆਰਪੁਰ ਨੂੰ ਪੇਸ਼ ਕੀਤੀ ਜਾਵੇ।ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਜ਼ਿਲ੍ਹਾ ਹੁਸ਼ਿਆਰਪੁਰ ਦੇ ਉਨ੍ਹਾਂ ਪਿੰਡਾਂ ਨੂੰ ਬਾਲ ਵਿਆਹ ਮੁਕਤ ਪਿੰਡ ਘੋਸ਼ਿਤ ਕੀਤਾ ਜਾਣਾ ਹੈ, ਜਿਨ੍ਹਾਂ ਵਿੱਚ 1 ਜਨਵਰੀ 2025 ਤੋਂ ਬਾਅਦ ਬਾਲ ਵਿਆਹ ਦਾ ਕੋਈ ਵੀ ਮਾਮਲਾ ਰਿਪੋਰਟ ਨਹੀਂ ਹੋਇਆ ਹੈ। ਇਸ ਸਬੰਧੀ ਲੋੜੀਂਦੀ ਕਾਰਵਾਈ ਸਾਰੇ ਸਰਪੰਚਾਂ ਅਤੇ ਸਾਰੇ ਬਾਲ ਵਿਕਾਸ ਪ੍ਰੋਜੈਕਟ ਅਫ਼ਸਰਾਂ ਵੱਲੋਂ ਕੀਤੀ ਜਾਣੀ ਹੈ।

## ਐੱਚ ਆਈ ਵੀ/ਏਡਜ਼ ਬਾਰੇ ਜਾਗਰੂਕਤਾ ਲਈ ਸਮਾਗਮ

**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖਾਲਸਾ ਕਾਲਜ ਜਲੰਧਰ ਸਮਾਜ ਸੇਵਾ ਨਾਲ ਸਬੰਧਤ ਮੁਹਿੰਮਾਂ ਅਤੇ ਗਤੀਵਿਧੀਆਂ ਰਾਹੀਂ ਜਾਗਰੂਕਤਾ ਫੈਲਾਉਣ ਲਈ ਵਚਨਬੱਧ ਹੈ। ਇਸੇ ਲੜੀ ਤਹਿਤ, ਕਾਲਜ ਦੀ ਐੱਨ ਐੱਸ ਐੱਸ ਯੂਨਿਟ ਅਤੇ ਰੈੱਡ ਰਿਬਨ ਕਲੱਬ ਨੇ 'ਨਾਕੋ' ਜਲੰਧਰ ਅਤੇ ਸਿਵਲ ਹਸਪਤਾਲ ਜਲੰਧਰ ਦੇ ਸਹਿਯੋਗ ਨਾਲ ਐੱਚ.ਆਈ.ਵੀ./ਏਡਜ਼ ਬਾਰੇ ਜਾਗਰੂਕਤਾ ਫੈਲਾਉਣ ਲਈ ਕਈ ਸਮਾਗਮ ਉਲੀਕੇ।



ਕਾਲਜ ਦੇ ਪ੍ਰਿੰਸੀਪਲ ਡਾ. ਰਸ਼ਪਾਲ ਸਿੰਘ ਸੰਧੂ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਨੌਜਵਾਨ ਵਰਗ ਇਸ ਬਿਮਾਰੀ ਦੇ ਵਧੇਰੇ ਜੋਖਮ ਹੇਠ ਹੈ, ਇਸ ਲਈ ਨੌਜਵਾਨਾਂ ਨੂੰ ਇਸ ਘਾਤਕ ਵਾਇਰਸ ਬਾਰੇ ਜਾਗਰੂਕ ਰੱਖਣ ਵਾਸਤੇ ਅਜਿਹੀਆਂ ਵਿਸ਼ੇਸ਼ ਮੁਹਿੰਮਾਂ ਨਿਯਮਤ ਤੌਰ 'ਤੇ ਚਲਾਈਆਂ ਜਾਣੀਆਂ ਚਾਹੀਦੀਆਂ ਹਨ। ਉਨ੍ਹਾਂ ਨੇ 'ਨਾਕੋ' ਦੀ ਭੂਮਿਕਾ ਦੀ ਸ਼ਲਾਘਾ ਕੀਤੀ ਅਤੇ ਭਵਿੱਖ ਵਿੱਚ ਵੀ ਇਸ ਮੁਹਿੰਮ ਵਿੱਚ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਐਨ.ਐਸ.ਐਸ. ਦੇ ਮੁੱਖ ਪ੍ਰੋਗਰਾਮ ਅਧਿਕਾਰੀ ਪ੍ਰੋ. ਸਤਪਾਲ ਸਿੰਘ ਨੇ ਦੱਸਿਆ ਕਿ ਕਾਲਜ ਵਿੱਚ ਐੱਚ ਆਈ ਵੀ/ਏਡਜ਼ ਬਾਰੇ ਜਾਗਰੂਕਤਾ ਫੈਲਾਉਣ ਲਈ ਆਨਲਾਈਨ ਕੁਇਜ਼, ਜਾਗਰੂਕਤਾ ਲੈਕਚਰ, ਪੋਸਟਰ ਬਣਾਉਣ ਦੇ ਮੁਕਾਬਲੇ ਅਤੇ ਜਾਗਰੂਕਤਾ ਰੈਲੀ ਵਰਗੀਆਂ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਕੁਇਜ਼ ਵਿੱਚ ਕੁੱਲ 147 ਵਿਦਿਆਰਥੀਆਂ, ਪੋਸਟਰ ਬਣਾਉਣ ਦੇ ਮੁਕਾਬਲੇ ਵਿੱਚ 31 ਵਿਦਿਆਰਥੀਆਂ ਅਤੇ ਰੈਲੀ ਵਿੱਚ 80 ਤੋਂ ਵੱਧ ਐਨ.ਐਸ.ਐਸ. ਵਲੰਟੀਅਰਾਂ ਤੇ ਰੈੱਡ ਰਿਬਨ ਕਲੱਬ ਦੇ ਮੈਂਬਰਾਂ ਨੇ ਭਾਗ ਲਿਆ। ਇਨ੍ਹਾਂ ਵੱਖ-ਵੱਖ ਮੁਕਾਬਲਿਆਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਚੋਟੀ ਦੇ 10 ਭਾਗੀਦਾਰਾਂ ਨੂੰ ਮੈਡਲ ਵੀ ਦਿੱਤੇ ਗਏ। ਰੈਲੀ ਦੀ ਸ਼ੁਰੂਆਤ ਮੌਕੇ ਗਣਿਤ ਵਿਭਾਗ ਦੇ ਮੁਖੀ ਡਾ. ਹਰਜੀਤ ਸਿੰਘ, ਡਾ. ਮਨਪ੍ਰੀਤ ਸਿੰਘ ਲਹਿਲ ਅਤੇ ਪ੍ਰੋ. ਜਸਦੀਪ ਸਿੰਘ ਵੀ ਮੌਜੂਦ ਸਨ।

## ਫਰੀ ਮੈਡੀਕਲ ਕੈਂਪ ਦੌਰਾਨ 60 ਲੋਕਾਂ ਨੇ ਲਿਆ ਲਾਭ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਸ਼ਿਵਾਲਿਕ ਸੋਸ਼ਲ ਵੈਲਫੇਅਰ ਸੋਸਾਇਟੀ ਵੱਲੋਂ ਇਲਾਕੇ ਦੇ ਪਿੰਡ ਬੀਰਮਪੁਰ ਵਿਖੇ ਸਰਾਂ ਪਰਵਾਰ ਤੋਂ ਰਣਜੀਤ ਸਿੰਘ ਸਰਾਂ ਦੇ ਵਿਸ਼ੇਸ਼ ਸਹਿਯੋਗ ਨਾਲ ਅਤੇ ਨਾਗਪਾਲ ਹਸਪਤਾਲ ਦੇ ਤਕਨੀਕੀ ਸਹਿਯੋਗ ਨਾਲ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਵਿਖੇ ਫਰੀ ਮੈਡੀਕਲ ਕੈਂਪ ਲਗਾਇਆ ਗਿਆ, ਜਿਸ ਵਿੱਚ ਕਰੀਬ 60 ਲੋਕਾਂ ਨੇ ਆਪਣੀ ਸਿਹਤ ਦੀ ਜਾਂਚ ਕਰਵਾ ਕੇ ਦਵਾਈਆਂ ਪ੍ਰਾਪਤ ਕੀਤੀਆਂ।ਕੈਂਪ ਦੌਰਾਨ ਨਾਗਪਾਲ ਹਸਪਤਾਲ ਦੇ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਬਲੱਡ ਪ੍ਰੈਸ਼ਰ, ਸ਼ੂਗਰ, ਅੱਖਾਂ ਅਤੇ ਆਮ ਬਿਮਾਰੀਆਂ ਦੀ ਜਾਂਚ ਕੀਤੀ ਗਈ ਅਤੇ ਮਰੀਜ਼ਾਂ ਨੂੰ ਮੁਫਤ ਦਵਾਈਆਂ ਵੀ ਦਿੱਤੀਆਂ ਗਈਆਂ।ਇਸ ਮੌਕੇ ਗੱਲਬਾਤ ਕਰਦਿਆਂ ਸਰਦਾਰ ਰਣਜੀਤ ਸਿੰਘ ਸਰਾਂ ਨੇ ਕਿਹਾ ਕਿ ਮਨੁੱਖਤਾ ਦੀ ਸੇਵਾ ਹੀ ਸਭ ਤੋਂ ਵੱਡੀ ਸੇਵਾ ਹੈ। ਉਨ੍ਹਾਂ ਕਿਹਾ ਕਿ ਵਿਦੇਸ਼ ਵਿੱਚ ਰਹਿੰਦਿਆਂ ਵੀ ਉਨ੍ਹਾਂ ਦਾ ਫਰਜ਼ ਬਣਦਾ ਹੈ ਕਿ ਉਹ ਆਪਣੇ ਪਿੰਡ ਦੇ ਲੋਕਾਂ ਦੀ ਸਿਹਤ ਦਾ ਧਿਆਨ ਰੱਖਣ। ਉਨ੍ਹਾਂ ਕਿਹਾ ਕਿ ਅੱਗੇ ਤੋਂ ਵੀ ਇਸ ਤਰ੍ਹਾਂ ਦੇ ਸਿਹਤ ਕੈਂਪ ਲਗਾਏ ਜਾਂਦੇ ਰਹਿਣਗੇ । ਸ਼ਿਵਾਲਿਕ ਸੋਸ਼ਲ ਵੈਲਫੇਅਰ ਸੋਸਾਇਟੀ ਦੇ ਆਗੂਆਂ ਨੇ ਕਿਹਾ ਕਿ ਸੰਸਥਾ ਲਗਾਤਾਰ ਸਮਾਜ ਭਲਾਈ ਦੇ ਕੰਮ ਕਰ ਰਹੀ ਹੈ ਅਤੇ ਭਵਿੱਖ ਵਿੱਚ ਵੀ ਅਜਿਹੇ ਕੈਂਪ ਲਗਾਏ ਜਾਂਦੇ ਰਹਿਣਗੇ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ, ਸ਼ਿਵਾਲਿਕ ਸੋਸ਼ਲ ਵੈਲਫੇਅਰ ਸੋਸਾਇਟੀ ਦੇ ਮੈਂਬਰਾਂ ਸਮੇਤ ਪਿੰਡ ਦੇ ਮੋਹਤਬਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਟਿੱਪਰ ਦੀ ਲਪੇਟ 'ਚ ਆ ਕੇ ਨੌਜਵਾਨ ਦੀ ਮੌਤ

**ਮਾਹਿਲਪੁਰ (ਸਫਰੀ)** - ਜ਼ਿਲ੍ਹਾ ਹੁਸ਼ਿਆਰਪੁਰ ਅਧੀਨ ਪੈਂਦੇ ਪਿੰਡ ਪਿੰਡ ਚੱਕ ਨਰਿਆਲ ਨੇੜੇ ਵੀਰਵਾਰ ਸ਼ਾਮ ਕਰੀਬ 6 ਵਜੇ ਟਿੱਪਰ ਦੀ ਲਪੇਟ ਵਿੱਚ ਆਉਣ ਕਾਰਨ ਮੋਟਰਸਾਈਕਲ ਸਵਾਰ ਨੌਜਵਾਨ ਦੀ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਵੰਸ਼ ਪੁੱਤਰ ਦੀਪਕ ਕੁਮਾਰ ਵਾਸੀ ਪਿੰਡ ਲਸਾੜਾ ਜ਼ਿਲ੍ਹਾ ਹੁਸ਼ਿਆਰਪੁਰ ਵਜੋਂ ਹੋਈ ਹੈ। ਵੰਸ਼ ਦੇ ਪਿਤਾ ਦੀ ਪਹਿਲਾਂ ਹੀ ਮੌਤ ਹੋ ਚੁੱਕੀ ਹੈ। ਵੰਸ਼ ਆਪਣੀ ਮਾਂ ਦਾ ਇਕਲੌਤਾ ਪੁੱਤਰ ਸੀ।ਜਾਣਕਾਰੀ ਅਨੁਸਾਰ ਵੰਸ਼ ਆਪਣੇ ਮੋਟਰਸਾਈਕਲ ਨੰਬਰ 'ਤੇ ਲਸਾੜਾ ਤੋਂ ਮਾਹਿਲਪੁਰ ਵੱਲ ਆ ਰਿਹਾ ਸੀ। ਇਸੇ ਦੌਰਾਨ ਮਾਹਿਲਪੁਰ ਤੋਂ ਜੇਜੋਂ ਕਰੈਸ਼ਰ ਵੱਲ ਜਾ ਰਹੇ ਟਿੱਪਰ ਨੇ ਚੱਕ ਨਰਿਆਲ ਨੇੜੇ ਉਸ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ। ਟੱਕਰ 'ਚ ਨੌਜਵਾਨ ਦੀ ਮੌਕੇ 'ਤੇ ਹੀ ਮੌਤ ਹੋ ਗਈ।ਹਾਦਸੇ ਦੀ ਸੂਚਨਾ ਮਿਲਦਿਆਂ ਹੀ ਮਾਹਿਲਪੁਰ ਪੁਲਸ ਮੌਕੇ 'ਤੇ ਪਹੁੰਚੀ ਅਤੇ ਟਿੱਪਰ ਤੇ ਉਸ ਦੇ ਚਾਲਕ ਨੂੰ ਕਬਜ਼ੇ ਵਿੱਚ ਲੈ ਲਿਆ। ਥਾਣਾ ਮੁਖੀ ਦਲਜੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੇ ਪਰਵਾਰਕ ਮੈਂਬਰਾਂ ਦੇ ਬਿਆਨ ਦਰਜ ਕਰਕੇ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।ਇਸ ਦੌਰਾਨ ਸਥਾਨਕ ਲੋਕਾਂ ਨੇ ਦੋਸ਼ ਲਾਇਆ ਕਿ ਜੇਜੋਂ ਦੁਆਬਾ-ਮਾਹਿਲਪੁਰ-ਫਗਵਾੜਾ ਸੜਕ 'ਤੇ ਓਵਰਲੋਡ ਟਿੱਪਰ, ਟਰੱਕ ਅਤੇ ਟਰਾਲੇ ਤੇਜ਼ ਰਫ਼ਤਾਰ ਨਾਲ ਚਲਦੇ ਹਨ। ਕਈ ਵਾਹਨਾਂ ਵਿੱਚ ਮਿੱਟੀ ਅਤੇ ਹੋਰ ਨਿਰਮਾਣ ਸਮੱਗਰੀ ਬਿਨਾਂ ਤਰਪਾਲ ਢਕੇ ਲਿਜਾਈ ਜਾਂਦੀ ਹੈ, ਜਿਸ ਕਾਰਨ ਸੜਕ 'ਤੇ ਧੂੜ-ਮਿੱਟੀ ਉੱਡਣ ਨਾਲ ਰਾਹਗੀਰਾਂ ਨੂੰ ਵੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਸਥਾਨਕ ਲੋਕਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸੜਕ 'ਤੇ ਓਵਰਲੋਡ ਅਤੇ ਤੇਜ਼ ਰਫ਼ਤਾਰ ਭਾਰੀ ਵਾਹਨਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ, ਤਾਂ ਜੋ ਭਵਿੱਖ ਵਿੱਚ ਅਜਿਹੇ ਹਾਦਸਿਆਂ ਨੂੰ ਰੋਕਿਆ ਜਾ ਸਕੇ।



### ਸਵੱਛਤਾ ਪਖਵਾੜੇ ਤਹਿਤ ਸਫ਼ਾਈ ਦਾ ਸੰਕਲਪ ਲਿਆ

**ਸੁਲਤਾਨਪੁਰ ਲੋਧੀ (ਹਨੀ)**- ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸੁਲਤਾਨਪੁਰ ਲੋਧੀ ਵਿਖੇ ਪ੍ਰਸ਼ਾਸਕ ਇੰਜੀ ਨਿਮਰਤਾ ਕੌਰ ਦੀ ਅਗਵਾਈ ਵਿਚ ਸਵੱਛਤਾ ਪਖਵਾੜੇ ਤਹਿਤ ਵਿਸ਼ੇਸ਼ ਜਾਗਰੂਕਤਾ ਗਤੀਵਿਧੀ ਕਰਵਾਈ ਗਈ। ਇਸ ਦੌਰਾਨ ਵਿਦਿਆਰਥੀਆਂ ਅਤੇ ਸਟਾਫ਼ ਨੇ ਸਵੱਛਤਾ, ਸਫ਼ਾਈ ਅਤੇ ਸਿਹਤਮੰਦ ਵਾਤਾਵਰਨ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਸਵੱਛਤਾ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਦਾ ਸੰਕਲਪ ਲਿਆ। ਇਸ ਦੌਰਾਨ ਵਿਦਿਆਰਥੀਆਂ ਨੂੰ ਸਫ਼ਾਈ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਅਟੁੱਟ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ। ਵਿਦਿਆਰਥੀਆਂ ਨੇ ਆਪਣੇ ਘਰ, ਸਕੂਲ ਅਤੇ ਆਲੇ-ਦੁਆਲੇ ਦੇ ਵਾਤਾਵਰਨ ਨੂੰ ਸਾਫ਼-ਸੁਥਰਾ ਰੱਖਣ, ਕੂੜਾ-ਕਰਕਟ ਇੱਧਰ-ਉੱਧਰ ਨਾ ਸੁੱਟਣ ਪ੍ਰਤੀ ਜਾਗਰੂਕ ਕਰਨ ਦੀ ਸਹੁੰ ਚੁੱਕੀ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀ. ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਅਤੇ ਸਕੂਲ ਡਾਇਰੈਕਟਰ ਇੰਜੀ. ਹਰਨਿਆਮਤ ਕੌਰ ਨੇ ਵਿਦਿਆਰਥੀਆਂ ਦੀ ਇਸ ਪਹਿਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਾਫ਼-ਸੁਥਰਾ ਵਾਤਾਵਰਨ ਹੀ ਤੰਦਰੁਸਤ ਸਮਾਜ ਦੀ ਨੀਂਹ ਹੈ।



## ਸ਼ਾਲੀਮਾਰ ਬਾਗ਼ ਵਿਖੇ ਬਣੇਗਾ ਸ਼ਹਿਰ ਦਾ ਪਹਿਲਾ ਸਰਕਾਰੀ ਬਾਕਸ ਕ੍ਰਿਕਟ ਮੈਦਾਨ

**ਕਪੂਰਥਲਾ (ਮਨਜੀਤ ਮਾਨ)**- ਖੇਡ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਨੌਜਵਾਨਾਂ ਨੂੰ ਉਸਾਰੂ ਗਤੀਵਿਧੀਆਂ ਨਾਲ ਜੋੜਨ ਦੇ ਮਕਸਦ ਨਾਲ ਕਪੂਰਥਲਾ ਸ਼ਹਿਰ ਦੇ ਸ਼ਾਲੀਮਾਰ ਬਾਗ਼ ਵਿਖੇ ਇੱਕ ਆਧੁਨਿਕ ਬਾਕਸ ਕ੍ਰਿਕਟ ਮੈਦਾਨ ਤਿਆਰ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਨੇ ਦੱਸਿਆ ਕਿ ਇਸ ਪ੍ਰਾਜੈਕਟ ਨੂੰ ਲੋੜੀਂਦੀ ਪ੍ਰਵਾਨਗੀ ਮਿਲ ਚੁੱਕੀ ਹੈ, ਜਦਕਿ ਨਗਰ ਨਿਗਮ ਕਪੂਰਥਲਾ ਨੇ ਵੀ ਲੋਕ ਨਿਰਮਾਣ ਵਿਭਾਗ ਨੂੰ ਇਸ ਬਾਕਸ ਕ੍ਰਿਕਟ ਮੈਦਾਨ ਦੀ ਉਸਾਰੀ ਲਈ ਹਰੀ ਝੰਡੀ ਦੇ ਦਿੱਤੀ ਹੈ। ਇਹ ਪ੍ਰਸਤਾਵਿਤ ਬਾਕਸ ਕ੍ਰਿਕਟ ਮੈਦਾਨ ਲਗਭਗ 6,000 ਵਰਗ ਫੁੱਟ ਰਕਬੇ ਵਿੱਚ ਤਿਆਰ ਕੀਤਾ ਜਾਵੇਗਾ ਅਤੇ ਕੰਮ ਸ਼ੁਰੂ ਹੋਣ ਦੇ ਦੋ ਮਹੀਨਿਆਂ ਦੇ ਅੰਦਰ ਮੁਕੰਮਲ ਕਰ ਲਿਆ ਜਾਵੇਗਾ।



ਉਨ੍ਹਾਂ ਅੱਗੇ ਦੱਸਿਆ ਕਿ ਇੱਕ ਮਿਆਰੀ ਬਾਕਸ ਕ੍ਰਿਕਟ ਮੈਦਾਨ ਪੂਰੀ ਤਰ੍ਹਾਂ ਬੰਦ ਇੱਕ ਆਇਤਾਕਾਰ ਥਾਂ ਹੁੰਦੀ ਹੈ, ਜਿਸ ਵਿੱਚ ਨਕਲੀ ਘਾਹ , ਉੱਚੀਆਂ ਸੁਰੱਖਿਆ ਜਾਲੀਆਂ ਅਤੇ ਤੇਜ਼ ਰਫ਼ਤਾਰ ਖੇਡ ਲਈ ਫਲੱਡ ਲਾਈਟਾਂ ਲਗਾਈਆਂ ਜਾਂਦੀਆਂ ਹਨ। ਇਸ ਤੋਂ ਇਲਾਵਾ ਇੱਥੇ ਢੁਕਵੀਂ ਰੋਸ਼ਨੀ, ਖਿਡਾਰੀਆਂ ਦੇ ਆਉਣ-ਜਾਣ ਲਈ ਪ੍ਰਬੰਧ, ਪਾਣੀ ਦੀ ਨਿਕਾਸੀ ਦਾ ਢੁਕਵਾਂ ਪ੍ਰਬੰਧ ਅਤੇ ਹੋਰ ਬੁਨਿਆਦੀ ਸਹੂਲਤਾਂ ਵੀ ਮੁਹੱਈਆ ਕਰਵਾਈਆਂ ਜਾਣਗੀਆਂ।ਇਹ ਬੰਦ ਮੈਦਾਨ ਨੌਜਵਾਨਾਂ ਨੂੰ ਅਭਿਆਸ ਕਰਨ ਅਤੇ ਖੇਡਣ ਲਈ ਇੱਕ ਸੁਰੱਖਿਅਤ ਮਾਹੌਲ ਦੇਵੇਗਾ। ਇਸ ਸਹੂਲਤ ਦੀ ਵਰਤੋਂ ਸਥਾਨਕ ਟੂਰਨਾਮੈਂਟਾਂ, ਕੋਚਿੰਗ ਸੈਸ਼ਨਾਂ ਅਤੇ ਦੋਸਤਾਨਾ ਮੈਚਾਂ ਲਈ ਕੀਤੀ ਜਾਵੇਗੀ।

## ਵਿਸ਼ਵ ਰੋਗੀ ਸੁਰੱਖਿਆ ਦਿਵਸ ਮੌਕੇ ਜਾਗਰੂਕਤਾ ਸਮਾਗਮ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸਿਹਤ ਵਿਭਾਗ ਪੰਜਾਬ ਵੱਲੋਂ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਤੇ ਡਾ. ਹਰਿੰਦਰ ਸਿੰਘ ਸੀਨੀਅਰ ਮੈਡੀਕਲ ਅਫਸਰ ਦੀ ਅਗਵਾਈ ਹੇਠ ਸਥਾਨਕ ਭਾਈ ਜੈਤਾ ਜੀ ਸਿਵਲ ਹਸਪਤਾਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਸ਼ਵ ਰੋਗੀ ਸੁਰੱਖਿਆ ਦਿਵਸ ਮਨਾਇਆ ਗਿਆ। ਇਸ ਸਾਲ ਇਹ ਦਿਵਸ 'ਗੈਰ-ਸੰਚਾਰੀ ਬਿਮਾਰੀਆਂ ਲਈ ਸੁਰੱਖਿਅਤ ਦੇਖਭਾਲ' ਦੇ ਥੀਮ ਹੇਠ ਮਨਾਇਆ ਗਿਆ। ਇਸ ਦਾ ਮੁੱਖ ਉਦੇਸ਼ ਮਰੀਜ਼ਾਂ ਦੇ ਇਲਾਜ ਦੌਰਾਨ ਹੋਣ ਵਾਲੀਆਂ ਅਣਗਹਿਲੀਆਂ ਨੂੰ ਰੋਕਣਾ ਅਤੇ ਸਿਹਤ ਸੇਵਾਵਾਂ ਦੇ ਮਿਆਰ ਨੂੰ ਹੋਰ ਉੱਚਾ ਚੁੱਕਣਾ ਹੈ।



ਇਸ ਮੌਕੇ ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਨੂੰ ਇਲਾਜ ਦੌਰਾਨ ਇਨਫੈਕਸ਼ਨ ਕੰਟਰੋਲ, ਦਵਾਈਆਂ ਦੀ ਸਹੀ ਵਰਤੋਂ ਅਤੇ ਮਰੀਜ਼ਾਂ ਦੇ ਅਧਿਕਾਰਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਅਸੁਰੱਖਿਅਤ ਸਿਹਤ ਸੇਵਾਵਾਂ ਕਾਰਨ ਮਰੀਜ਼ਾਂ ਨੂੰ ਹੋਣ ਵਾਲੇ ਨੁਕਸਾਨ ਨੂੰ ਸਹੀ ਜਾਗਰੂਕਤਾ, ਸਾਵਧਾਨੀ ਅਤੇ ਵਿਗਿਆਨਕ ਤਰੀਕਿਆਂ ਨੂੰ ਅਪਣਾ ਕੇ ਕਾਫੀ ਹੱਦ ਤੱਕ ਰੋਕਿਆ ਜਾ ਸਕਦਾ ਹੈ।ਹਸਪਤਾਲ ਦੇ ਮੈਡੀਕਲ ਅਤੇ ਪੈਰਾ-ਮੈਡੀਕਲ ਸਟਾਫ ਨੇ ਮਰੀਜ਼ਾਂ ਨੂੰ ਸੁਰੱਖਿਅਤ, ਪਾਰਦਰਸ਼ੀ ਅਤੇ ਮਿਆਰੀ ਇਲਾਜ ਦਾ ਮਾਹੌਲ ਪ੍ਰਦਾਨ ਕਰਨ ਦੀ ਆਪਣੀ ਵਚਨਬੱਧਤਾ ਦੁਹਰਾਈ।ਇਸ ਮੌਕੇ ਡਾ. ਪੰਕਜ ਨਿਹਾਇਤ, ਡਾ. ਆਕਾਸ਼ਦੀਪ ਸਿੰਘ, ਪੂਨਮ ਅਰੋੜਾ ਨਰਸਿੰਗ ਸਿਸਟਰ, ਪਰਦੀਪ ਕੁਮਾਰ, ਜਸਮੀਤ ਕੌਰ ਸਮੇਤ ਹਸਪਤਾਲ ਦਾ ਸਮੂਹ ਮੈਡੀਕਲ ਅਤੇ ਪੈਰਾ-ਮੈਡੀਕਲ ਸਟਾਫ ਹਾਜ਼ਰ ਸੀ।

## ਸ਼੍ਰੋਮਣੀ ਅਕਾਲੀ ਦਲ ਵੱਲੋਂ ਬਿਜਲੀ ਕੱਟਾਂ ਵਿਰੁੱਧ ਧਰਨਾ

**ਚੰਡੀਗੜ੍ਹ (ਸੁਰਜੀਤ ਸੁਮਨ)**- ਸ਼੍ਰੋਮਣੀ ਅਕਾਲੀ ਦਲ (ਬਾਦਲ) ਵੱਲੋਂ ਵਿਧਾਨ ਸਭਾ ਖਰੜ ਦੇ ਹਲਕਾ ਇੰਚਾਰਜ ਰਵਿੰਦਰ ਸਿੰਘ ਖੇੜਾ ਦੀ ਅਗਵਾਈ ਵਿੱਚ ਉਪ ਮੰਡਲ ਮੈਜਿਸਟਰੇਟ ਖਰੜ ਦੇ ਦਫਤਰ ਅੱਗੇ ਬਿਜਲੀ ਦੇ ਕੱਟਾਂ ਅਤੇ ਲੋਕਾਂ ਨੂੰ ਭਾਰੀ-ਭਰਕਮ ਆਏ ਬਿੱਲਾਂ ਦੇ ਵਿਰੋਧ ਵਿੱਚ ਧਰਨਾ ਅਤੇ ਰੋਸ ਪ੍ਰਦਰਸ਼ਨ ਕੀਤਾ ਗਿਆ। ਰੋਸ ਧਰਨੇ ਵਿੱਚ ਸ਼ਾਮਿਲ ਪਾਰਟੀ ਵਰਕਰਾਂ ਦੇ ਭਾਰੀ ਇਕੱਠ ਨੂੰ ਇਲਾਕੇ ਦੇ ਸੀਨੀਅਰ ਅਕਾਲੀ ਆਗੂਆਂ ਪਿਆਰਾ ਸਿੰਘ, ਬਲਵਿੰਦਰ ਸਿੰਘ ਪਟਵਾਰੀ, ਅਮਨ ਸ਼ਰਮਾ, ਮਾਨ ਸਿੰਘ ਸੈਣੀ, ਬਲਕਾਰ ਸਿੰਘ ਬੱਬੂ, ਸੁਖਦੇਵ ਸਿੰਘ ਨੱਗਲ, ਡਾ. ਕਰਨੈਲ ਸਿੰਘ ਮਾਵੀ ਆਦਿ ਨੇ ਸੰਬੋਧਨ ਕਰਦਿਆਂ ਪਿੰਡਾਂ ਅਤੇ ਸ਼ਹਿਰਾਂ ਦੇ ਲੋਕਾਂ ਨੂੰ ਬਿਜਲੀ ਦੇ ਲੱਗ ਰਹੇ ਲੰਮੇ ਲੰਮੇ ਕੱਟਾਂ ਕਰਕੇ ਹੋ ਰਹੀ ਪ੍ਰੇਸ਼ਾਨੀ ਅਤੇ ਬਿਜਲੀ ਦੇ ਆਏ ਭਾਰੀ ਬਿੱਲਾਂ ਖਿਲਾਫ ਵਿਰੋਧ ਜਤਾਇਆ। ਇਸ ਮੌਕੇ ਸੀਨੀਅਰ ਅਕਾਲੀ ਆਗੂ ਅਤੇ ਹਲਕਾ ਇੰਚਾਰਜ ਰਵਿੰਦਰ ਸਿੰਘ ਖੇੜਾ ਨੇ ਕਿਹਾ ਕਿ ਸਾਡੀਆਂ ਬੁਨਿਆਦੀ ਲੋੜਾਂ ਵਿੱਚੋਂ ਅੱਜ ਬਿਜਲੀ ਸਭ ਤੋਂ ਅਹਿਮ ਲੋੜ ਹੈ, ਜਿਸ ਤੋਂ ਬਿਨਾਂ ਇੱਕ ਪਲ ਵੀ ਰਿਹਾ ਨਹੀਂ ਜਾ ਸਕਦਾ। ਬਿਜਲੀ ਦੀ ਸਮਾਜ ਦੇ ਹਰ ਖੇਤਰ ਵਿੱਚ ਅਹਿਮ ਲੋੜ ਹੈ, ਪਰੰਤੂ ਸਰਕਾਰ ਵੱਲੋਂ ਬਿਜਲੀ ਦੇ ਕੱਟ ਲਗਾ ਕੇ ਅਤੇ ਬਿਜਲੀ ਨਾ ਹੋਣ ਦੇ ਬਾਵਜੂਦ ਵੀ ਭਾਰੀ ਬਿੱਲ ਭੇਜ ਕੇ ਆਮ ਲੋਕਾਂ ਨੂੰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।



ਅੱਜ ਬਿਜਲੀ ਬਿਨਾਂ ਕੋਈ ਵੀ ਕਾਰੋਬਾਰ ਕਰਨ ਬਾਰੇ ਸੋਚਿਆ ਤੱਕ ਨਹੀਂ ਜਾ ਸਕਦਾ। ਇਸ ਮੌਕੇ ਰਵਿੰਦਰ ਸਿੰਘ ਖੇੜਾ ਵੱਲੋਂ ਹੋਰ ਅਕਾਲੀ ਆਗੂਆਂ ਸਮੇਤ ਉਪ ਮੰਡਲ ਮੈਜਿਸਟਰੇਟ ਖਰੜ ਦਫਤਰ ਦੇ ਅਧਿਕਾਰੀ ਨੂੰ ਮੰਗ ਪੱਤਰ ਪੇਸ਼ ਕੀਤਾ ਗਿਆ।

### ਭਾਰਤੀਆ ਮਜ਼ਦੂਰ ਸੰਘ ਨੇ ਬਾਬਾ ਵਿਸ਼ਵਕਰਮਾ ਦਾ ਜਨਮ ਦਿਹਾੜਾ ਮਨਾਇਆ

**ਦਸੂਹਾ (ਕਰਨੈਲ ਮਾਂਗਟ)**- ਪੰਜ ਤਾਰਾ ਹੋਟਲ ਦਸੂਹਾ ਵਿਖੇ ਭਾਰਤੀਆ ਮਜ਼ਦੂਰ ਸੰਘ ਵੱਲੋਂ ਬਾਬਾ ਵਿਸ਼ਵਕਰਮਾ ਜੀ ਦਾ ਜਨਮ ਦਿਹਾੜਾ ਬਹੁਤ ਹੀ ਸ਼ਰਧਾ ਨਾਲ ਕਾਮਰੇਡ ਵਿਜੈ ਕੁਮਾਰ ਸ਼ਰਮਾ ਦੀ ਅਗਵਾਈ ਹੇਠ ਮਨਾਇਆ ਗਿਆ। ਇਸ ਸੰਬੰਧੀ ਜ਼ਿਲ੍ਹਾ ਪ੍ਰਧਾਨ ਕਾਮਰੇਡ ਵਿਜੈ ਕੁਮਾਰ ਸ਼ਰਮਾ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਐਮ ਆਰ ਸੀ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਮੁਕੇਸ਼ ਰੰਜਨ, ਕਾਰਜਕਾਰੀ ਇੰਜੀਨੀਅਰ ਅਸ਼ੀਸ਼ ਸ਼ਰਮਾ ਅਤੇ ਮਹੰਤ 1008 ਸ਼੍ਰੀ ਕੈਲਾਸ਼ ਨਾਥ ਦਾਸ ਨੇ ਸ਼ਿਰਕਤ ਕੀਤੀ ਅਤੇ ਆਈਆਂ ਸੰਗਤਾਂ ਨੂੰ ਸੰਬੋਧਨ ਕੀਤਾ। ਸਮਾਗਮ ਦੌਰਾਨ ਜਨਰਲ ਸਕੱਤਰ ਸੁਖਵਿੰਦਰ ਸਿੰਘ ਦਾ ਉਚੇਚੇ ਤੌਰ 'ਤੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਸਨਮਾਨ ਸਮਾਰੋਹ ਦੌਰਾਨ ਕਾਮਰੇਡ ਵਿਜੈ ਕੁਮਾਰ ਸ਼ਰਮਾ, ਪ੍ਰਧਾਨ ਕੁਲਵੰਤ ਸਿੰਘ, ਜਸਵੀਰ ਸਿੰਘ ਤਿੱਬੜ ਅਤੇ ਐੱਸ.ਡੀ.ਓ. ਠਾਕੁਰ ਸੁਰਿੰਦਰ ਸਿੰਘ ਵੱਲੋਂ ਬਾਬਾ ਵਿਸ਼ਵਕਰਮਾ ਜੀ ਦੀਆਂ ਸਿੱਖਿਆਵਾਂ ਅਤੇ ਕਿਰਤ ਦੀ ਮਹੱਤਤਾ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ ਗਏ। ਇਸ ਮੌਕੇ ਸ਼ਾਮ ਸੁੰਦਰ, ਰਿਟਾਇਰਡ ਈ.ਟੀ.ਓ. ਜਲੰਧਰ ਅਤੇ ਕੁੰਦਨ ਲਾਲ ਸਮੇਤ ਹੋਰ ਬੁਲਾਰਿਆਂ ਨੇ ਮੁਲਾਜ਼ਮਾਂ ਤੇ ਮਜ਼ਦੂਰਾਂ ਦੀਆਂ ਲਟਕਦੀਆਂ ਮੰਗਾਂ ਬਾਰੇ ਸਰਕਾਰ ਨੂੰ ਜਾਣੂ ਕਰਵਾਇਆ ਅਤੇ ਇਨ੍ਹਾਂ ਨੂੰ ਜਲਦ ਤੋਂ ਜਲਦ ਲਾਗੂ ਕਰਨ ਦੀ ਜ਼ੋਰਦਾਰ ਅਪੀਲ ਕੀਤੀ। ਇਸ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਿੱਚ ਸਕੱਤਰ ਮੁਨੀਸ਼ ਬਹਿਲ, ਕੈਸ਼ੀਅਰ ਦੀਪਕ ਸ਼ਰਮਾ, ਹਰਵਿੰਦਰ ਪ੍ਰਸ਼ਾਦ, ਆਰ.ਏ. ਇੰਦਰਜੀਤ, ਪਰਦੀਪ ਅਤੇ ਹੋਰ ਅਹੁਦੇਦਾਰ ਤੇ ਆਗੂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।



### ਸੰਜੀਵ ਕੁਮਾਰ ਮਿੰਟੂ ਸਾਥੀਆਂ ਸਮੇਤ ਭਾਜਪਾ 'ਚ ਸ਼ਾਮਲ



**ਬਲਾਚੌਰ (ਜਸਵਿੰਦਰ ਬੈਂਸ)**- ਬਲਾਚੌਰ ਵਿੱਚ ਭਾਰਤੀ ਜਨਤਾ ਪਾਰਟੀ ਨੂੰ ਉਸ ਸਮੇਂ ਹੋਰ ਮਜ਼ਬੂਤੀ ਮਿਲੀ, ਜਦੋਂ ਵਾਰਡ ਨੰਬਰ 8 ਦੇ ਪੜ੍ਹੇ-ਲਿਖੇ ਅਤੇ ਮਿਹਨਤੀ ਨੌਜਵਾਨ ਸੰਜੀਵ ਕੁਮਾਰ ਮਿੰਟੂ ਆਪਣੇ ਸਾਥੀਆਂ ਸਮੇਤ ਭਾਜਪਾ ਵਿੱਚ ਸ਼ਾਮਲ ਹੋਏ। ਉਨ੍ਹਾਂ ਨੇ ਬਲਾਚੌਰ ਸਥਿਤ ਭਾਜਪਾ ਦਫ਼ਤਰ ਵਿਖੇ ਰਾਜਵਿੰਦਰ ਸਿੰਘ ਲੱਕੀ, ਜ਼ਿਲ੍ਹਾ ਪ੍ਰਧਾਨ ਭਾਜਪਾ, ਸ਼ਹੀਦ ਭਗਤ ਸਿੰਘ ਨਗਰ ਦੀ ਮੌਜੂਦਗੀ ਵਿੱਚ ਪਾਰਟੀ ਦੀ ਮੈਂਬਰਸ਼ਿਪ ਗ੍ਰਹਿਣ ਕੀਤੀ।ਸੰਜੀਵ ਕੁਮਾਰ ਮਿੰਟੂ ਦੇ ਨਾਲ ਰੂਪ ਲਾਲ ਗੰਗੜ, ਸੁੱਚਾ ਸਿੰਘ ਗੰਗੜ, ਪਰਮਜੀਤ ਕੁਮਾਰ ਪੰਮੀ, ਬਲਬੀਰ ਮੇਨਕਾ, ਕੁਲਦੀਪ ਕੁਮਾਰ ਖੋਸਲਾ, ਸੰਨੀ ਧਾਮ, ਸੰਦੀਪ ਭੱਟੀ, ਰਵੀ ਕੁਮਾਰ ਅਤੇ ਰਿੰਕੂ ਕੁਮਾਰ ਵੀ ਭਾਜਪਾ ਵਿੱਚ ਸ਼ਾਮਲ ਹੋਏ। ਇਸ ਮੌਕੇ ਨਵੇਂ ਸ਼ਾਮਲ ਹੋਏ ਸੰਜੀਵ ਕੁਮਾਰ ਮਿੰਟੂ ਅਤੇ ਉਨ੍ਹਾਂ ਦੇ ਸਾਥੀਆਂ ਨੇ ਕਿਹਾ ਕਿ ਦੇਸ਼ ਹਿੱਤ ਵਿੱਚ ਕੀਤੇ ਜਾ ਰਹੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਉਨ੍ਹਾਂ ਨੇ ਭਾਜਪਾ ਨਾਲ ਜੁੜਨ ਦਾ ਫੈਸਲਾ ਕੀਤਾ ਹੈ। ਇਸ ਮੌਕੇ ਪਰਵੀਨ ਪੁਰੀ ਪੱਪਾ, ਸਰਕਲ ਪ੍ਰਧਾਨ ਬਲਾਚੌਰ ਸ਼ਹਿਰੀ ਭਾਜਪਾ, ਨੰਦ ਕਿਸ਼ੋਰ, ਜ਼ਿਲ੍ਹਾ ਮੀਤ ਪ੍ਰਧਾਨ ਭਾਜਪਾ, ਨਰਿੰਦਰ ਨਾਥ ਸੂਦਨ, ਭਾਜਪਾ ਦਫ਼ਤਰ ਇੰਚਾਰਜ, ਰਾਜੂ ਆਨੰਦ, ਨਰਿੰਦਰ ਭਾਟੀਆ, ਸੋਸ਼ਲ ਮੀਡੀਆ ਸਹਿ-ਇੰਚਾਰਜ, ਸੁਰਿੰਦਰ ਪਾਲ ਵਰਮਾ ਸਮੇਤ ਭਾਜਪਾ ਦੇ ਹੋਰ ਆਗੂ ਅਤੇ ਵਰਕਰ ਮੌਜੂਦ ਸਨ।

## ਸਿਲਵਰ ਓਕ ਸਕੂਲ 'ਚ ਸੀ ਬੀ ਐੱਸ ਈ ਵਰਕਸ਼ਾਪ ਲਗਾਈ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)** ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜ਼ਪੁਰ ਵਿਖੇ ਸਫਲਤਾ ਪੂਰਵਕ ਸੀ ਬੀ ਐੱਸ ਈ ਵਰਕਸ਼ਾਪ ਆਯੋਜਿਤ ਕੀਤੀ ਗਈ। ਇਹ ਵਰਕਸ਼ਾਪ ਖਾਸ ਤੌਰ ਤੇ ਸਕੂਲ ਦੇ ਸਟਾਫ ਦੇ ਲਈ ਲਗਾਈ ਗਈ ਸੀ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਸਫਲਤਾ ਪੂਰਵਕ ਨੇਪਰੇ ਚੜ੍ਹੀ ਇਸ ਵਰਕਸ਼ਾਪ ਦਾ ਮੁੱਖ ਵਿਸ਼ਾ ਨੈਤਿਕ ਅਤੇ ਮਾਨਵੀ ਸਿੱਖਿਆ ਭਾਵ ਵੈਲਿਊ ਐਜੂਕੇਸ਼ਨ ਨਾਲ ਸੰਬੰਧਿਤ ਸੀ।



ਸੰਸਥਾ ਦੇ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਇਸ ਵਰਕਸ਼ਾਪ ਦੇ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਸੀ ਬੀ ਐੱਸ ਈ ਵੱਲੋਂ ਖਾਸ ਤੌਰ ਤੇ ਇਹ ਵਰਕਸ਼ਾਪ ਸਕੂਲ ਦੇ ਸਟਾਫ ਲਈ ਲਗਾਈ ਗਈ ਸੀ। ਉਹਨਾਂ ਦੱਸਿਆ ਕਿ ਡਾ. ਸ਼ਿਵਾਨੀ ਸਿੰਘ, ਪ੍ਰਿੰਸੀਪਲ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ, ਗੁਰਦਾਸਪੁਰ ਅਤੇ ਸਤਪਾਲ, ਪ੍ਰਿੰਸੀਪਲ ਆਈ ਟੀ ਨੈਕਸਟ ਜਨਰੇਸ਼ਨ ਸਕੂਲ, ਪਿੰਡ ਸ਼ਰੀਫ ਚੱਕ, ਪਠਾਨਕੋਟ ਨੇ ਸੀ ਬੀ ਐੱਸ ਈ ਵੱਲੋਂ ਬਤੌਰ ਰਿਸੋਰਸ ਪਰਸਨ ਇਸ ਵਰਕਸ਼ਾਪ ਦੇ ਵਿੱਚ ਆਪਣੀ ਹਾਜ਼ਰੀ ਭਰੀ।ਦੋਵੇਂ ਸ਼ਖਸੀਅਤਾਂ ਨੇ ਆਪਣੀ ਜ਼ਿੰਦਗੀ ਦੇ ਤਜਰਬੇ ਸਕੂਲ ਦੇ ਸਮੂਹ ਸਟਾਫ ਦੇ ਨਾਲ ਸਾਂਝੇ ਕੀਤੇ ਅਤੇ ਟ੍ਰੇਨਿੰਗ ਦੇ ਸੰਬੰਧਤ ਵਿਸ਼ੇ ਦੇ ਉੱਤੇ ਸਮੂਹ ਅਧਿਆਪਕਾਂ ਦੇ ਵਿਚਾਰ ਵੀ ਸੁਣੇ। ਇਸ ਵਰਕਸ਼ਾਪ ਦੇ ਦੌਰਾਨ ਅਧਿਆਪਕਾਂ ਵੱਲੋਂ ਵੱਖ-ਵੱਖ ਤਰੀਕੇ ਦੀਆਂ ਗਤੀਵਿਧੀਆਂ, ਰੋਲ-ਪਲੇ ਅਤੇ ਵਿਚਾਰ ਪੇਸ਼ ਕੀਤੇ ਗਏ। ਅਧਿਆਪਕਾਂ ਨੇ ਵੀ ਇਸ ਵਰਕਸ਼ਾਪ ਦਾ ਪੂਰਾ ਆਨੰਦ ਮਾਣਿਆ ਅਤੇ ਉਹਨਾਂ ਨੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਦੱਸਿਆ ਕਿ ਇਸ ਵਰਕਸ਼ਾਪ ਤੋਂ ਉਹਨਾਂ ਨੂੰ ਬਹੁਤ ਨਵੀਆਂ ਚੀਜ਼ਾਂ ਸਿੱਖਣ ਨੂੰ ਮਿਲੀਆਂ ਜਿਨਾਂ ਨੂੰ ਆਪਣੇ ਕਲਾਸ ਰੂਮ ਦੇ ਵਿੱਚ ਵਰਤੋ ਕਰਕੇ ਬੱਚਿਆਂ ਦੇ ਵਿੱਚ ਨੈਤਿਕ ਅਤੇ ਮਾਨਵੀ ਸਿੱਖਿਆ ਦਾ ਪਸਾਰ ਕਰ ਸਕਦੇ ਹਨ।

ਪ੍ਰਿੰਸੀਪਲ ਸੰਗਰ ਨੇ ਦੱਸਿਆ ਕਿ ਅਜੋਕੇ ਸਮੇਂ ਦੇ ਵਿੱਚ ਬੱਚਿਆਂ ਦੇ ਅੰਦਰੋਂ ਨੈਤਿਕ ਸਿੱਖਿਆ ਦੀ ਘਾਟ ਹੁੰਦੀ ਜਾ ਰਹੀ ਹੈ ਕਿਉਂਕਿ ਤੇਜ਼ੀ ਨਾਲ ਬਦਲ ਰਹੇ ਇਸ ਯੁੱਗ ਦੇ ਵਿੱਚ ਮਾਪਿਆ ਕੋਲ ਸਮੇਂ ਦੀ ਘਾਟ ਹੋਣ ਕਾਰਨ ਬੱਚਿਆਂ ਦੇ ਨਾਲ ਬਹੁਤਾ ਜਿਆਦਾ ਰਾਬਤਾ ਕਾਇਮ ਨਹੀਂ ਹੋ ਪਾਉਂਦਾ। ਇਸ ਮੌਕੇ ਤੇ ਮੈਨੇਜਰ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਰਿਸੋਰਸ ਕੋਡੀਨੇਟਰ ਬਿਕਰਮਜੀਤ ਸਿੰਘ ਭੇਲਾ, ਗੁਰਪ੍ਰੀਤ ਕੌਰ, ਅਮਰਜੀਤ ਕੌਰ ਸੈਣੀ, ਜਗਬੰਧਨ, ਅਰਚਨਾ, ਰਾਜਵਿੰਦਰ, ਹਿਨਾ, ਹਰਜਿੰਦਰ, ਗੁਰਿੰਦਰ, ਸ਼ਿਲਪਾ, ਵੀਨੇ, ਹਰਜੀਤ, ਹਰਮਿੰਦਰ, ਬਲਜੀਤ, ਕੰਚਨ, ਪਰਮਜੀਤ, ਸੁਮੀਤ, ਮਨਦੀਪ, ਪੂਜਾ, ਰੁਪਿੰਦਰ, ਪ੍ਰਭਜੀਤ, ਅਮਨ, ਆਸ਼ਾ, ਆਰਤੀ, ਸੁਸ਼ੀਲ, ਮੋਨਿਕਾ, ਬਲਦੇਵ, ਸੁਰੇਸ਼, ਪੰਕਜ ਅਤੇ ਹੋਰ ਸਟਾਫ ਮੌਜੂਦ ਸੀ।

## ਸਰਕਾਰ ਵੱਲੋਂ ਸਟੇਟ ਮੈਂਟਲ ਹੈਲਥ ਅਥਾਰਟੀ 'ਚ 11 ਗ਼ੈਰ-ਸਰਕਾਰੀ ਮੈਂਬਰ ਨਾਮਜ਼ਦ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸਟੇਟ ਮੈਂਟਲ ਹੈਲਥ ਅਥਾਰਟੀ (ਐੱਸ ਐੱਮ ਐੱਚ ਏ) ਵਿੱਚ 11 ਗ਼ੈਰ-ਸਰਕਾਰੀ ਮੈਂਬਰਾਂ ਨੂੰ ਨਾਮਜ਼ਦ ਕੀਤਾ ਹੈ, ਜਿਸ ਨਾਲ ਸੂਬੇ ਵਿੱਚ ਮਾਨਸਿਕ ਸਿਹਤ ਸੇਵਾਵਾਂ ਨੂੰ ਨਵੀਂ ਗਤੀ ਮਿਲੇਗੀ। ਇਹ ਪੇਸ਼ਕਦਮੀ ਪੰਜਾਬ ਵਿੱਚ ਮਾਨਸਿਕ ਬੀਮਾਰੀਆਂ ਨਾਲ ਜੂਝ ਰਹੇ ਲੋਕਾਂ ਦੇ ਅਧਿਕਾਰਾਂ ਦੀ ਰੱਖਿਆ ਅਤੇ ਹੋਰ ਜਵਾਬਦੇਹ ਮਾਨਸਿਕ ਸਿਹਤ ਪ੍ਰਣਾਲੀ ਯਕੀਨੀ ਬਣਾਉਣ ਵੱਲ ਅਹਿਮ ਕਦਮ ਹੈ। ਮਜ਼ਬੂਤ ਸਟੇਟ ਮੈਂਟਲ ਹੈਲਥ ਅਥਾਰਟੀ ਰਾਹੀਂ ਮੈਂਟਲ ਹੈਲਥਕੇਅਰ ਐਕਟ, 2017 ਦੇ ਪ੍ਰਬੰਧਾਂ ਨੂੰ ਲਾਗੂ ਕਰਨ ਦੀ ਨਿਗਰਾਨੀ ਕੀਤੀ ਜਾਵੇਗੀ ਅਤੇ ਐਕਟ ਦੇ ਅਨੁਸਾਰ ਮਾਨਸਿਕ ਸਿਹਤ ਸੇਵਾਵਾਂ ਦੀ ਨਜ਼ਰਸਾਨੀ, ਨਿਯਮਤਤਾ ਅਤੇ ਗੁਣਵੱਤਾ ਵਿੱਚ ਸੁਧਾਰ ਯਕੀਨੀ ਬਣਾਇਆ ਜਾਵੇਗਾ। ਸੂਬਾ ਸਰਕਾਰ ਦੀ ਪ੍ਰਮੁੱਖ ਪਹਿਲਕਦਮੀ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਮਾਨਸਿਕ ਸਿਹਤ ਅਤੇ ਨਸ਼ਾ ਮੁਕਤੀ ਸੇਵਾਵਾਂ ਦੇ ਵਿਸਥਾਰ ਦੇ ਮੱਦੇਨਜ਼ਰ ਇਹ ਕਦਮ ਵਿਸ਼ੇਸ਼ ਮਹੱਤਵ ਰੱਖਦਾ ਹੈ। ਜ਼ਿਕਰਯੋਗ ਹੈ ਕਿ ਸਟੇਟ ਮੈਂਟਲ ਹੈਲਥ ਅਥਾਰਟੀ ਸੂਬੇ ਵਿੱਚ ਮਾਨਸਿਕ ਸਿਹਤ ਸੇਵਾਵਾਂ ਦੇ ਨਿਯਮਨ ਲਈ ਸਰਵ-ਉੱਚ ਕਾਨੂੰਨੀ ਸੰਸਥਾ ਹੈ, ਜੋ ਮਾਨਸਿਕ ਸਿਹਤ ਸੇਵਾਵਾਂ ਲਈ ਗੁਣਵੱਤਾ ਅਤੇ ਸੇਵਾ ਮਾਪਦੰਡ ਤੈਅ ਕਰਨ, ਸਬੰਧਤ ਮਾਨਸਿਕ ਸਿਹਤ ਪੇਸ਼ੇਵਰਾਂ ਦੀ ਰਜਿਸਟ੍ਰੇਸ਼ਨ ਕਰਨ ਅਤੇ ਮਾਨਸਿਕ ਸਿਹਤ ਨੀਤੀ ਸਬੰਧੀ ਮਾਮਲਿਆਂ ਵਿੱਚ ਸਰਕਾਰ ਨੂੰ ਸਲਾਹ ਦੇਣ ਦਾ ਕੰਮ ਕਰਦੀ ਹੈ।ਅਥਾਰਟੀ ਦੇ ਸਰਕਾਰੀ ਮੈਂਬਰਾਂ ਵਿੱਚ ਸਿਹਤ, ਮੈਡੀਕਲ ਸਿੱਖਿਆ ਅਤੇ ਸਮਾਜਿਕ ਭਲਾਈ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਸ਼ਾਮਲ ਹਨ। ਇਸ ਦੇ ਨਾਲ ਹੀ 11 ਗ਼ੈਰ-ਸਰਕਾਰੀ ਨਾਮਜ਼ਦ ਮੈਂਬਰਾਂ ਵਿੱਚ ਮਨੋਚਿਕਿਤਸਕ, ਮਨੋਵਿਗਿਆਨੀ, ਮਨੋਰੋਗ ਸਮਾਜ ਸੇਵਕ, ਨਰਸਾਂ, ਮਾਨਸਿਕ ਬੀਮਾਰੀ ਨਾਲ ਜੂਝ ਰਹੇ ਲੋਕ, ਦੇਖਭਾਲ ਕਰਨ ਵਾਲਿਆਂ ਅਤੇ ਗ਼ੈਰ-ਸਰਕਾਰੀ ਸੰਸਥਾਵਾਂ ਦੇ ਨੁਮਾਇੰਦੇ ਸ਼ਾਮਲ ਹਨ। ਇਸ ਨੁਮਾਇੰਦਗੀ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਮਾਨਸਿਕ ਸਿਹਤ ਨਾਲ ਸਬੰਧਤ ਨੀਤੀਆਂ ਸਿਰਫ਼ ਪ੍ਰਸ਼ਾਸਨਿਕ ਅਤੇ ਡਾਕਟਰੀ ਮਾਹਿਰਾਂ ਤੱਕ ਸੀਮਿਤ ਨਾ ਰਹਿਣ ਸਗੋਂ ਮਰੀਜ਼ਾਂ, ਉਨ੍ਹਾਂ ਦੇ ਪਰਿਵਾਰਾਂ ਅਤੇ ਉਨ੍ਹਾਂ ਨਾਲ ਨੇੜਿਓਂ ਕੰਮ ਕਰਨ ਵਾਲੇ ਲੋਕਾਂ ਦੇ ਤਜ਼ਰਬਿਆਂ ਨੂੰ ਵੀ ਧਿਆਨ ਵਿੱਚ ਰੱਖਿਆ ਜਾਵੇ।

## ਨੌਗੱਜਾ ਕੋ-ਆਪਰੇਟਿਵ ਸੋਸਾਇਟੀ ਦਾ ਸੇਲਜ਼ਮੈਨ ਗਬਨ ਦੇ ਮਾਮਲੇ 'ਚ ਗ੍ਰਿਫਤਾਰ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)**- ਪੁਲਿਸ ਚੌਂਕੀ ਕਿਸ਼ਨਗੜ੍ਹ ਥਾਣਾ ਕਰਤਾਰਪੁਰ ਦੀ ਪੁਲਸ ਵੱਲੋਂ ਨੌਗੱਜਾ ਕੋਆਪਰੇਟਿਵ ਸੋਸਾਇਟੀ ਦੇ ਕਰੋੜਾਂ ਰੁਪਏ ਦੇ ਗਬਨ ਦੇ ਕੇਸ ਮਾਮਲੇ ਵਿੱਚ ਲੋੜੀਂਦੇ ਸੇਲਜ਼ਮੈਨ ਨੂੰ ਗ੍ਰਿਫਤਾਰ ਕਰ ਲਿਆ ਹੈ ਜਦਕਿ ਗਬਨ ਕੇਸ ਵਿੱਚ ਲੋੜੀਂਦੇ ਹੋਰ ਕਰਮਚਾਰੀਆਂ ਦੀ ਭਾਲ ਵਿਚ ਛਾਪੇਮਾਰੀ ਜਾਰੀ ਹੈ! ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਪੁਲਿਸ ਚੌਂਕੀ ਕਿਸ਼ਨਗੜ੍ਹ ਦੇ ਇੰਚਾਰਜ ਹਰਦੀਪ ਸਿੰਘ ਨੇ ਦੱਸਿਆ ਕਿ ਮੁਕਦਮਾ ਨੰਬਰ 175/2026 ਅੰਡਰ ਸੈਕਸ਼ਨ 61(2),316(4), 316(5), 318(4), 336(2), 336(3), 338, 340(2), 2382 ਥਾਣਾ ਕਰਤਾਰਪੁਰ ਵਿੱਚ ਲੋੜੀਦਾ ਸੇਲਜ਼ਮੈਨ ਕੁਲਦੀਪ ਕੁਮਾਰ ਪੁੱਤਰ ਰੂਪ ਲਾਲ ਵਾਸੀ ਮੰਡ ਮੌੜ ਥਾਣਾ ਕਰਤਾਰਪੁਰ ਜ਼ਿਲ੍ਹਾ ਜਲੰਧਰ ਨੂੰ ਚੌਂਕੀ ਇੰਚਾਰਜ ਏ ਐੱਸ ਆਈ ਹਰਦੀਪ ਸਿੰਘ ਸਮੇਤ ਪੁਲਿਸ ਪਾਰਟੀ ਵੱਲੋਂ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਦੇ ਏਰੀਆ ਵਿੱਚੋਂ ਗ੍ਰਿਫਤਾਰ ਕੀਤਾ ਗਿਆ। ਜਿਸ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਤਿੰਨ ਦਿਨ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ ਦੋਸ਼ੀ ਦੇ ਪਾਸੋਂ ਡੂੰਘਾਈ ਨਾਲ ਪੁੱਛਗਿਛ ਕੀਤੀ ਜਾ ਰਹੀ ਕੀਤੀ ਜਾ ਰਹੀ ਹੈ।

### ਅੱਖਾਂ ਦਾ ਮੁਫ਼ਤ ਜਾਂਚ ਕੈਂਪ 21 ਨੂੰ



**ਬੰਗਾ (ਅਵਤਾਰ ਕਲੇਰ)**- ਹਜ਼ਰਤ ਪੀਰ ਬਾਬਾ ਭੋਲੇ ਸ਼ਾਹ ਅਤੇ ਹਜ਼ਰਤ ਪੀਰ ਬਾਬਾ ਨਿੱਕੂ ਸ਼ਾਹ ਸਾਬਰੀ ਦਰਬਾਰ ਪਿੰਡ ਖਾਨਖਾਨਾ ਦੇ ਗੱਦੀ ਨਸ਼ੀਨ ਸਾਈਂ ਜਸਬੀਰ ਦਾਸ ਸਾਬਰੀ ਪਿਛਲੇ ਦਿਨੀਂ ਪ੍ਰਲੋਕ ਸਿਧਾਰ ਗਏ ਸਨ। ਉਹਨਾਂ ਦਾ 40ਵਾਂ ਅਤੇ ਹੋਰ ਅੰਤਿਮ ਰਸਮਾਂ 21 ਸਤੰਬਰ ਨੂੰ ਸੰਤ ਮਹਾਂਪੁਰਸ਼ਾਂ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਈਆਂ ਜਾ ਰਹੀਆਂ ਹਨ। ਇਸ ਸੰਬੰਧੀ ਸੁੱਖ ਰਾਮ ਖਾਨਖਾਨਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਾਬਰੀ ਦੀ ਯਾਦ ਵਿੱਚ ਅੱਖਾਂ ਦੀ ਜਾਂਚ ਕਰਨ ਲਈ ਕੈਂਪ ਲਾਇਆ ਜਾ ਰਿਹਾ ਹੈ। ਮਾਹਿਰ ਡਾਕਟਰਾਂ ਵੱਲੋਂ ਅੱਖਾਂ ਦੀ ਜਾਂਚ ਕੀਤੀ ਜਾਵੇਗੀ। ਲੋੜਵੰਦਾਂ ਮਰੀਜਾਂ ਨੂੰ ਹਸਪਤਾਲ ਲਿਜਾ ਕੇ ਅਪਰੇਸ਼ਨ ਕਰਵਾਏ ਜਾਣਗੇ। ਸਭ ਨੂੰ ਮੁਫ਼ਤ ਦਵਾਈਆਂ ਵੀ ਦਿੱਤੀਆਂ ਜਾਣਗੀਆਂ।

## 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨਸ਼ਿਆਂ ਨੂੰ ਖਤਮ ਕਰਨ ਲਈ ਇੱਕ ਅਹਿਮ ਉਪਰਾਲੇ ਵਜੋਂ ਉੱਭਰੀ

**ਜਲੰਧਰ, (ਸੁਰਿੰਦਰ ਕੁਮਾਰ)** ਵਿਧਾਨ ਸਭਾ ਹਲਕਾ ਜਲੰਧਰ ਕੇਂਦਰੀ, ਜਲੰਧਰ ਕੈਂਟ, ਜਲੰਧਰ ਪੱਛਮੀ ਅਤੇ ਜਲੰਧਰ ਉੱਤਰੀ ਦੇ ਵਿਲੇਜ ਡਿਫੈਂਸ ਕਮੇਟੀਆਂ ਅਤੇ ਵਾਰਡ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਇਕ ਵਿਸ਼ੇਸ਼ ਮੀਟਿੰਗ ਹੋਈ। ਮੀਟਿੰਗ ਦੌਰਾਨ ਹੇਠਲੇ ਪੱਧਰ ਤੱਕ ਸਾਂਝੀ ਭਾਗੀਦਾਰੀ ਨੂੰ ਹੋਰ ਮਜਬੂਤ ਕਰਨ ਅਤੇ ਜ਼ਿਲ੍ਹੇ ਵਿੱਚ ਨਸ਼ਿਆਂ ਦੇ ਖਾਤਮੇ ਲਈ ਕੀਤੇ ਜਾਣ ਵਾਲੇ ਉਪਰਾਲਿਆਂ ਨੂੰ ਹੋਰ ਤੇਜ਼ ਕਰਨ ਵੱਲ ਖਾਸ ਤਵੱਜੋਂ ਦਿੱਤੀ ਗਈ। ਇਸ ਮੌਕੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ, ਪੁਲਿਸ ਕਮਿਸ਼ਨਰ ਸਤਿੰਦਰ ਸਿੰਘ ਅਤੇ ਮੇਅਰ ਵਨੀਤ ਧੀਰ , ਨਸ਼ਾ ਮੁਕਤੀ ਮੋਰਚਾ ਦੇ ਦੋਆਬਾ ਕੋਆਰਡੀਨੇਟਰ ਅਤਿਨ ਅਗਨੀਹੋਤਰੀ ਅਤੇ ਹਲਕਾ ਇੰਚਾਰਜ ਰਾਜਵਿੰਦਰ ਕੌਰ ਥਿਆੜਾ ਵਲੋਂ ਵਿਲੇਜ਼ ਅਤੇ ਵਾਰਡ ਡਿਫੈਂਸ ਕਮੇਟੀ ਦੇ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਆਪਣੇ-ਆਪਣੇ ਪਿੰਡਾਂ ਤੇ ਵਾਰਡਾਂ ਵਿੱਚ ਸਰਗਰਮ ਰਹਿ ਕੇ ਲੋਕਾਂ ਨਾਲ ਜੁੜੇ ਰਹਿਣ ਦਾ ਸੱਦਾ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਨਸ਼ਿਆਂ ਦਾ ਖਾਤਮਾ ਕਰਨ ਅਤੇ ਨੌਜਵਾਨਾਂ ਦੀ ਅਥਾਹ ਊਰਜਾ ਸ਼ਕਤੀ ਨੂੰ ਉਸਾਰੂ ਪਾਸੇ ਲਗਾਉਣ ਲਈ ਨਸ਼ਾ ਵਿਰੋਧੀ ਮੁਹਿੰਮ ਚਲਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸੂਬੇ ਵਿੱਚ ਚਲਾਈ ਗਈ 551 ਦਿਨਾਂ ਦੀ ਇਸ ਮੁਹਿੰਮ ਦੌਰਾਨ 76000 ਗ੍ਰਿਫ਼ਤਾਰੀਆਂ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦੇ ਅਗਲੇ ਪੜਾਅ ਦੌਰਾਨ ਨਸ਼ਾ ਮੁਕਤੀ ਮੋਰਚਾ ਮੈਂਬਰਾਂ ਵਲੋਂ ਹਰੇਕ ਪਿੰਡ ਅਤੇ ਵਾਰਡ ਵਿੱਚ ਜਾ ਕੇ ਲੋਕਾਂ ਨਾਲ ਰਾਬਤਾ ਕਾਇਮ ਕਰਕੇ ਜਾਗਰੂਕਤਾ ਫੈਲਾਈ ਜਾਵੇਗੀ ਅਤੇ ਨਸ਼ਿਆਂ ਖਿਲਾਫ਼ ਜੰਗ ਦੀ ਪ੍ਰਗਤੀ ਸਬੰਧੀ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਨਸ਼ਿਆਂ ਦੀ ਲਾਹਨਤ ਨੂੰ ਜੜ੍ਹੋਂ ਖ਼ਤਮ ਕਰਨ ਲਈ ਕਾਨੂੰਨ ਨੂੰ ਸਖ਼ਤੀ ਨਾਲ ਲਾਗੂ ਕਰਨ ਦੇ ਨਾਲ ਨਾਲ ਮੁੜ ਵਸੇਬਾ ਉਪਾਵਾਂ ਸਮੇਤ ਬਹੁ-ਮੰਤਵੀ ਪਹੁੰਚ ਨੂੰ ਅਪਣਾਇਆ ਗਿਆ ਹੈ। ਪੁਲਿਸ ਕਮਿਸ਼ਨਰ ਸਤਿੰਦਰ ਸਿੰਘ ਨੇ ਦੱਸਿਆ ਕਿ ਜਲੰਧਰ ਕਮਿਸ਼ਨਰੇਟ ਪੁਲਿਸ ਵਲੋਂ ਪਿਛਲੇ 16 ਦਿਨਾਂ ਦੌਰਾਨ 127 ਐਫ ਆਈ ਆਰ ਦਰਜ ਕਰਕੇ 150 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।





## ਬੇਅਦਬੀ ਲਈ ਜ਼ਿੰਮੇਵਾਰ ਸ਼ਰਾਰਤੀ ਅਨਸਰਾਂ 'ਤੇ ਕਾਬੂ ਪਾਉਣ ਲਈ ਦਿੱਤਾ ਮੈਮੋਰੰਡਮ

**ਜਲੰਧਰ (ਰਾਜੇਸ਼ ਥਾਪਾ)**- ਅੰਬੇਡਕਰ ਮਿਸ਼ਨ ਸੁਸਾਇਟੀ (ਰਜਿ.) ਪੰਜਾਬ ਵੱਲੋਂ ਪੰਜਾਬ ਵਿੱਚ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤਾਂ ਦੀ ਬੇਅਦਬੀ ਲਈ ਜ਼ਿੰਮੇਵਾਰ ਸ਼ਰਾਰਤੀ ਅਨਸਰਾਂ ਤੇ ਕਾਬੂ ਪਾਉਣ ਲਈ ਡਿਪਟੀ ਕਮਿਸ਼ਨਰ ਜਲੰਧਰ ਰਾਹੀਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੂੰ ਮੈਮੋਰੈਂਡਮ ਦਿੱਤਾ ਗਿਆ। ਮੈਮੋਰੰਡਮ ਵਿੱਚ ਕਿਹਾ ਗਿਆ 'ਅਸੀਂ ਆਪ ਜੀ ਦਾ ਧਿਆਨ ਇਸ ਗੱਲ ਵੱਲ ਦਿਵਾਉਣਾ ਚਾਹੁੰਦੇ ਹਾਂ ਕਿ ਪੰਜਾਬ ਵਿੱਚ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਦੱਬੇ-ਕੁਚਲੇ ਲੋਕਾਂ ਦੇ ਮੁਕਤੀਦਾਤਾ ਦੀਆਂ ਮੂਰਤੀਆਂ ਦੀ ਬੇਅਦਬੀ ਦੀਆਂ ਘਟਨਾਵਾਂ ਦਿਨ-ਬ-ਦਿਨ ਵਧ ਰਹੀਆਂ ਹਨ। ਇਸ ਨਾਲ ਬਾਬਾ ਸਾਹਿਬ ਦੇ ਪੈਰੋਕਾਰਾਂ, ਤਰਕਸ਼ੀਲਾਂ ਅਤੇ ਅਗਾਂਹਵਧੂ ਸੋਚ ਵਾਲੇ ਲੋਕਾਂ ਵਿੱਚ ਬੇਚੈਨੀ ਦਾ ਮਾਹੌਲ ਪੈਦਾ ਹੋ ਰਿਹਾ ਹੈ। ਹਾਲ ਹੀ ਦੇ ਦਿਨਾਂ ਵਿੱਚ, ਪੰਜਾਬ ਵਿੱਚ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਦੇ ਬੁੱਤਾਂ ਦੀ ਬੇਅਦਬੀ ਅਤੇ ਤੋੜ-ਫੋੜ ਦੀਆਂ ਕਈ ਮੰਦਭਾਗੀਆਂ ਘਟਨਾਵਾਂ ਸਾਹਮਣੇ ਆਈਆਂ ਹਨ। ਇਨ੍ਹਾਂ ਘਟਨਾਵਾਂ ਨੇ ਦਲਿਤ ਭਾਈਚਾਰੇ ਅਤੇ ਵੱਖ-ਵੱਖ ਜਥੇਬੰਦੀਆਂ ਵਿੱਚ ਭਾਰੀ ਰੋਸ ਪੈਦਾ ਕਰ ਦਿੱਤਾ ਹੈ। ਇਸ ਲਈ ਇਨ੍ਹਾਂ ਵਾਰ-ਵਾਰ ਵਾਪਰ ਰਹੀਆਂ ਘਟਨਾਵਾਂ ਦੇ ਮੱਦੇਨਜ਼ਰ, ਅੰਬੇਡਕਰ ਮਿਸ਼ਨ ਸੁਸਾਇਟੀ (ਰਜਿ.), ਪੰਜਾਬ, ਵਾਪਰ ਰਹੀਆਂ ਇਨ੍ਹਾਂ ਘਟਨਾਵਾਂ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦੀ ਹੈ ਅਤੇ ਪੰਜਾਬ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਤੋਂ ਮੰਗ ਕਰਦੀ ਹੈ ਕਿ ਸਾਰੇ ਪ੍ਰਮੁੱਖ ਸਥਾਨਾਂ 'ਤੇ ਬੁੱਤਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ ਅਤੇ ਸ਼ਰਾਰਤੀ ਅਨਸਰਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਤਾਂ ਜੋ ਸਮਾਜਿਕ ਸਦਭਾਵਨਾ ਅਤੇ ਭਾਈਚਾਰਕ ਸਾਂਝ ਬਣੀ ਰਹੇ। ਇਸ ਮੌਕੇ ਅੰਬੇਡਕਰ ਮਿਸ਼ਨ ਸੁਸਾਇਟੀ (ਰਜਿ.) ਪੰਜਾਬ ਦੇ ਪ੍ਰਧਾਨ ਪ੍ਰੋਫੈਸਰ ਬਲਬੀਰ, ਜਨਰਲ ਸਕੱਤਰ ਬਲਦੇਵ ਰਾਜ ਭਾਰਦਵਾਜ, ਕਾਨੂੰਨੀ ਸਲਾਹਕਾਰ ਐਡਵੋਕੇਟ ਹਰਭਜਨ ਸਾਂਪਲਾ, ਨਿਰਮਲ ਬਿੰਜੀ, ਜੀ ਰਾਜ ਅੰਗੁਰਾਨਾ, ਐਡਵੋਕੇਟ ਨਰਿੰਦਰ ਲੇਖ, ਕਰਨੈਲ ਸੰਤੋਖਪੁਰੀ, ਰੇਸ਼ਮ ਲਾਲ, ਪ੍ਰਿੰਸੀਪਲ ਪਰਮਜੀਤ ਜੱਸਲ ਆਦਿ ਸ਼ਾਮਲ ਸਨ।



## ਆਦਮਪੁਰ ਹਵਾਈ ਅੱਡੇ ਤੇ 'ਸਵੱਛਤਾ ਹੀ ਸੇਵਾ ਹੈ' ਮੁਹਿੰਮ ਦੀ ਸ਼ੁਰੂਆਤ

**ਆਦਮਪੁਰ (ਪਰਮਜੀਤ ਸਿੰਘ)**- ਯਾਤਰੀ ਸੇਵਾ ਮੁਹਿੰਮ ਅਤੇ 'ਸਵੱਛਤਾ ਹੀ ਸੇਵਾ ਹੈ' ਮੁਹਿੰਮ ਸ੍ਰੀ ਗੁਰੂ ਰਵਿਦਾਸ ਮਹਾਰਾਜ ਹਵਾਈ ਅੱਡੇ ਆਦਮਪੁਰ ਵਿਖੇ ਉਤਸ਼ਾਹ ਅਤੇ ਮਾਣਮੱਤੇ ਮਾਹੌਲ ਵਿਚਕਾਰ ਸ਼ੁਰੂ ਕੀਤੀ ਗਈ। ਹਵਾਈ ਅੱਡੇ ਦੇ ਅਹਾਤੇ 'ਤੇ ਯਾਤਰੀਆਂ ਦੇ ਸਵਾਗਤ ਅਤੇ ਸਹੂਲਤ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਸਨ।ਪ੍ਰੋਗਰਾਮ ਦੀ ਸ਼ੁਰੂਆਤ ਰਵਾਇਤੀ ਤਿਲਕ (ਤਿਲਕ) ਅਤੇ ਆਉਣ ਵਾਲੇ ਯਾਤਰੀਆਂ ਲਈ ਸਵਾਗਤ ਸਮਾਰੋਹ ਨਾਲ ਹੋਈ, ਜਿਸ ਨੇ ਭਾਰਤੀ ਸੱਭਿਆਚਾਰ ਦੀ ਭਾਵਨਾ ਪ੍ਰਦਾਨ ਕੀਤੀ। ਆਦਮਪੁਰ ਦੇ ਪਹਿਲੇ ਯਾਤਰੀ ਸੁਖਦੇਵ ਸਿੰਘ ਨੇ ਰਸਮੀ ਤੌਰ 'ਤੇ ਰਿਬਨ ਕੱਟ ਕੇ ਯਾਤਰੀ ਸੇਵਾ ਮੁਹਿੰਮ ਦਾ ਉਦਘਾਟਨ ਕੀਤਾ। ਬਾਅਦ ਵਿੱਚ ਯਾਤਰੀਆਂ ਨੂੰ ਵਿਸ਼ੇਸ਼ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ, ਜਿਸ ਵਿੱਚ ਮੁਫ਼ਤ ਡਾਕਟਰੀ ਸਲਾਹ-ਮਸ਼ਵਰਾ ਅਤੇ ਦਵਾਈਆਂ ਦੀ ਵੰਡ ਸ਼ਾਮਲ ਸੀ।

ਯਾਤਰੀਆਂ ਦੁਆਰਾ ਇਸ ਪਹਿਲਕਦਮੀ ਦੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ ਗਈ।ਮੁਹਿੰਮ ਦੇ ਹਿੱਸੇ ਵਜੋਂ ਸੱਭਿਆਚਾਰਕ ਪ੍ਰੋਗਰਾਮ ਵੀ ਆਯੋਜਿਤ ਕੀਤੇ ਗਏ, ਜਿਸ ਵਿੱਚ ਢੋਲ ਦੀ ਤਾਲ 'ਤੇ ਰਵਾਇਤੀ ਪੰਜਾਬੀ ਨਾਚ ਪੇਸ਼ ਕੀਤੇ ਗਏ। ਇਸ ਰੰਗੀਨ ਪ੍ਰੋਗਰਾਮ ਨੇ ਹਵਾਈ ਅੱਡੇ ਦੇ ਅਹਾਤੇ ਵਿੱਚ ਇੱਕ ਤਿਉਹਾਰ ਵਾਲਾ ਮਾਹੌਲ ਬਣਾਇਆ ਅਤੇ ਯਾਤਰੀਆਂ ਨੂੰ ਸਥਾਨਕ ਸੱਭਿਆਚਾਰ ਨਾਲ ਜਾਣੂ ਕਰਵਾਇਆ।

ਇਸ ਤੋਂ ਇਲਾਵਾ, ਯਾਤਰੀਆਂ ਨੂੰ ਆਕਰਸ਼ਿਤ ਕਰਨ ਲਈ ਮਾਨਯੋਗ ਪ੍ਰਧਾਨ ਮੰਤਰੀ ਨਾਲ ਇੱਕ ਵਰਚੁਅਲ ਸੈਲਫੀ ਬੂਥ ਸਥਾਪਤ ਕੀਤਾ ਗਿਆ ਸੀ, ਜਿੱਥੇ ਯਾਤਰੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਯਾਦਗਾਰੀ ਫੋਟੋਆਂ ਖਿੱਚੀਆਂ।

ਏਅਰਪੋਰਟ ਅਥਾਰਟੀ ਆਫ਼ ਇੰਡੀਆ ਵੱਲੋਂ ਪਹੁੰਚੇ ਯਾਤਰੀਆਂ ਨੂੰ ਯਾਦਗਾਰੀ ਚਿੰਨ੍ਹ (ਕੀ ਚੇਨ) ਭੇਟ ਕੀਤੇ ਗਏ। ਇਸ ਮੌਕੇ ਤੇ ਏਅਰਪੋਰਟ ਡਾਇਰੈਕਟਰ ਨੇ ਏਅਰਪੋਰਟ ਅਥਾਰਟੀ ਆਫ਼ ਇੰਡੀਆ ਦੇ ਸੀਨੀਅਰ ਅਧਿਕਾਰੀਆਂ ਦਾ ਉਨ੍ਹਾਂ ਦੀ ਯੋਗ ਅਗਵਾਈ, ਮਾਰਗਦਰਸ਼ਨ ਅਤੇ ਨਿਰੰਤਰ ਸਮਰਥਨ ਲਈ ਦਿਲੋਂ ਧੰਨਵਾਦ ਕੀਤਾ।



## 'ਬਾਹਰਲਾ ਉਮੀਦਵਾਰ ਸਵੀਕਾਰ ਨਹੀਂ' ਦਾ ਐਲਾਨ



ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)-ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਸ਼ੁਤਰਾਣਾ ਦੇ ਆਗੂਆਂ ਤੇ ਵਰਕਰਾਂ ਦੀ ਮੀਟਿੰਗ ਪਾਤੜਾਂ ਦੇ ਗੁਰਦੁਆਰਾ ਨਾਨਕ ਪ੍ਰਕਾਸ਼ ਸਾਹਿਬ ਵਿਖੇ ਹੋਈ।ਦਲ ਵੱਲੋਂ ਹਲਕਾ ਸ਼ੁਤਰਾਣਾ ਲਈ ਬਣਾਈ ਗਈ ਪੰਜ ਮੈਂਬਰੀ ਕਮੇਟੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਹਲਕੇ ਤੋਂ ਬਾਹਰ ਦੇ ਕਿਸੇ ਵੀ ਉਮੀਦਵਾਰ ਨੂੰ ਨਾਮਜ਼ਦ ਨਾ ਕੀਤੇ ਜਾਣ ਦੀ ਮੰਗ ਹਲਕੇ ਦੇ ਸਰਗਰਮ ਵਰਕਰਾਂ ਵੱਲੋਂ ਕੀਤੀ ਗਈ ਮੰਗ ਨੂੰ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਵਰਕਰਾਂ ਨੇ ਹੱਥ ਖੜ੍ਹੇ ਕਰਕੇ ਪ੍ਰਵਾਨਗੀ ਦਿੱਤੀ।ਦਲ ਦੇ ਪੰਜ ਮੈਂਬਰੀ ਕਮੇਟੀ ਦੇ ਮੈਂਬਰ ਸਾਬਕਾ ਸਰਪੰਚ ਭਗਵੰਤ ਸਿੰਘ ਸ਼ੁਤਰਾਣਾ, ਗੋਬਿੰਦਪ੍ਰੀਤ ਸਿੰਘ ਸਧਾਰਨਪੁਰ, ਦਵਿੰਦਰ ਸਿੰਘ ਵਿਰਕ, ਗੁਰਜੰਟ ਸਿੰਘ ਦੁਤਾਲ ਤੇ ਦਲੇਰ ਸਿੰਘ ਸਾਬਕਾ ਸਰਪੰਚ ਡੇਰਾ ਬੋਹੜਵਾਲਾ ਨੇ ਦੱਸਿਆ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਹਲਕੇ ਤੋਂ ਬਾਹਰੋਂ ਕਿਸ ਵਿਅਕਤੀ ਪਾਰਟੀ ਦੇ ਨਾਮ 'ਤੇ ਵੱਡੇ ਫਲੈਕਸ ਲਗਾ ਕੇ ਆਪਣੇ ਆਪ ਨੂੰ ਟਿਕਟ ਦਾ ਦਾਅਵੇਦਾਰ ਦੱਸ ਰਿਹਾ ਹੈ।ਉਨ੍ਹਾਂ ਕਿਹਾ ਕਿ ਉਕਤ ਵਿਅਕਤੀ ਦਾ ਨਾ ਤਾਂ ਪਾਰਟੀ ਲਈ ਕੋਈ ਯੋਗਦਾਨ ਹੈ ਤੇ ਨਾ ਹੀ ਉਸ ਨੇ ਹਲਕੇ ਦੇ ਕਿਸੇ ਆਗੂ ਜਾਂ ਵਰਕਰ ਨਾਲ ਕੋਈ ਸੰਪਰਕ ਕੀਤਾ ਹੈ।ਇਸ ਲਈ ਹਲਕੇ ਤੋਂ ਬਾਹਰ ਦੇ ਕਿਸੇ ਆਗੂ ਨੂੰ ਹਲਕੇ ਦੇ ਵਰਕਰਾਂ ਵੱਲੋਂ ਸਵੀਕਾਰ ਨਹੀਂ ਕੀਤਾ ਜਾਵੇਗਾ।

ਮੀਟਿੰਗ ਵਿੱਚ ਸ਼ਾਮਲ ਵਰਕਰਾਂ ਨੇ ਹੱਥ ਖੜ੍ਹੇ ਕਰਕੇ ਇਹ ਪ੍ਰਵਾਨਗੀ ਦਿੱਤੀ ਕਿ ਹਲਕੇ ਦੇ ਹੀ ਆਗੂ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਟਿਕਟ ਦੇ ਕੇ ਚੋਣ ਮੈਦਾਨ ਵਿੱਚ ਉਤਾਰਿਆ ਜਾਵੇ।ਪੰਜ ਮੈਂਬਰੀ ਕਮੇਟੀ ਨੇ ਹਲਕੇ ਦੇ ਵਰਕਰਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਦੀ ਇਸ ਮੰਗ ਨੂੰ ਪਾਰਟੀ ਪ੍ਰਧਾਨ ਤੱਕ ਪਹੁੰਚਾਇਆ ਜਾਵੇਗਾ।ਇਸ ਮੀਟਿੰਗ ਵਿੱਚ ਸਰਬਜੀਤ ਸਿੰਘ ਗੁਰੂ ਤੇਗ ਬਹਾਦਰ ਟੈਕਸੀ ਯੂਨੀਅਨ, ਸਾਹਿਬ ਸਿੰਘ, ਪ੍ਰੋ. ਹਰਭਜਨ ਸਿੰਘ ਬਕਰਾਹਾ, ਬਲਜਿੰਦਰ ਸਿੰਘ ਜਲਾਲਪੁਰ, ਭੁਪਿੰਦਰ ਸਿੰਘ ਪਾਤੜਾਂ ਤੇ ਯਾਦਵਿੰਦਰ ਸਿੰਘ ਸਾਬਕਾ ਸਰਪੰਚ ਕਾਹਨਗੜ੍ਹ ਆਦਿ ਹਾਜ਼ਰ ਸਨ।

## ਜੀਰੀ ਦੀ ਸਰਕਾਰੀ ਖਰੀਦ 20 ਤੋਂ ਸ਼ੁਰੂ ਕੀਤੀ ਜਾਵੇ : ਢੀਂਡਸਾ/ਪਾਲ ਮਾਜਰਾ



ਸਮਰਾਲਾ (ਸੁਰਜੀਤ ਸਿੰਘ)-ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਸੂਬਾ ਜਨਰਲ ਸਕੱਤਰ ਪਰਮਿੰਦਰ ਸਿੰਘ ਪਾਲਮਾਜਰਾ ਤੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਢੀਂਡਸਾ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਜੀਰੀ ਦੀ ਸਰਕਾਰੀ ਖਰੀਦ 20 ਸਤੰਬਰ ਤੋਂ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਕਿਸਾਨ ਆਪਣੀ ਪੱਕੀ ਫਸਲ ਪ੍ਰਾਈਵੇਟ ਵਪਾਰੀ ਕੋਲ ਵੇਚਣ ਲਈ ਮਜਬੂਰ ਹੈ, ਜਿਸ ਨਾਲ ਉਸ ਨੂੰ ਕਰੀਬ ਅੱਠ ਤੋਂ ਦਸ ਹਜ਼ਾਰ ਦਾ ਘਾਟਾ ਸਹਿਣ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਮਨਜ਼ੂਰਸ਼ੁਦਾ ਝੋਨੇ ਦੀ ਫਸਲ ਪੱਕ ਕੇ ਤਿਆਰ ਹੋ ਚੁੱਕੀ ਹੈ, ਜਦਕਿ ਸਰਕਾਰ ਵੱਲੋਂ ਖਰੀਦ ਇੱਕ ਅਕਤੂਬਰ ਤੋਂ ਸ਼ੁਰੂ ਕੀਤੀ ਜਾਣੀ ਹੈ।ਉਨ੍ਹਾਂ ਅੱਗੇ ਦੱਸਿਆ ਕਿ ਸਰਕਾਰ ਵੱਲੋਂ ਮਨਜ਼ੂਰਸ਼ੁਦਾ ਬੀਜ ਵਾਲੀ ਜੀਰੀ ਅਗੇਤੀ ਪੱਕਣ ਕਾਰਨ ਮਜਬੂਰੀਵੱਸ ਕਿਸਾਨ ਜੀਰੀ ਮੰਡੀ ਵਿੱਚ ਸੁੱਟਣ ਲਈ ਮਜਬੂਰ ਹਨ, ਜਿੱਥੇ ਸਰਕਾਰੀ ਖਰੀਦ ਦਾ ਕੋਈ ਪ੍ਰਬੰਧ ਨਾ ਹੋਣ ਕਾਰਨ ਪ੍ਰਾਈਵੇਟ ਵਪਾਰੀ 400 ਤੋਂ 500 ਰੁਪਏ ਪ੍ਰਤੀ ਕੁਇੰਟਲ ਘੱਟ ਰੇਟ 'ਤੇ ਖਰੀਦ ਕਰ ਰਹੇ ਹਨ, ਜਿਸ ਕਾਰਨ ਕਿਸਾਨਾਂ ਨੂੰ ਪ੍ਰਤੀ ਕਿੱਲਾ 8 ਤੋਂ 10 ਹਜ਼ਾਰ ਰੁਪਏ ਦਾ ਨੁਕਸਾਨ ਹੋ ਰਿਹਾ ਹੈ। ਮਨਜੀਤ ਸਿੰਘ ਢੀਂਡਸਾ ਨੇ ਯੂਨੀਅਨ ਵੱਲੋਂ ਸਰਕਾਰ ਨੂੰ ਅਪੀਲ ਕੀਤੀ ਕਿ ਕਿਸਾਨਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਜੀਰੀ ਦੀ ਸਰਕਾਰੀ ਖਰੀਦ 20 ਸਤੰਬਰ ਤੋਂ ਸ਼ੁਰੂ ਕਰਵਾਈ ਜਾਵੇ, ਤਾਂ ਜੋ ਕਿਸਾਨ ਆਪਣੀ ਫਸਲ ਸਰਕਾਰੀ ਰੇਟ 'ਤੇ ਵੇਚ ਸਕਣ ਤੇ ਪ੍ਰਾਈਵੇਟ ਵਪਾਰੀ ਹੱਥੋਂ ਹੁੰਦੀ ਲੁੱਟ ਤੋਂ ਬਚ ਸਕਣ।ਉਨ੍ਹਾਂ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਜੀਰੀ ਦੀ ਆਮਦ ਨੂੰ ਦੇਖਦੇ ਹੋਏ ਕਿਸਾਨਾਂ ਦੀ ਸਹੂਲਤ ਲਈ ਪੀਣ ਵਾਲੇ ਪਾਣੀ, ਬਾਥਰੂਮਾਂ ਤੇ ਲਾਈਟਾਂ ਦਾ ਪੁਖਤਾ ਪ੍ਰਬੰਧ ਕਰੇ ਇਸ ਤੋਂ ਇਲਾਵਾ ਖਰਾਬ ਮੌਸਮ ਦੇ ਚੱਲਦੇ ਵੱਡੀਆਂ ਤਰਪਾਲਾਂ ਦਾ ਵੀ ਪ੍ਰਬੰਧ ਕੀਤੇ ਜਾਣ।

## ਏਸ਼ੀਅਨ ਗਰੁੱਪ ਆਫ ਕਾਲਜਿਜ਼ ਵਿਖੇ ਵਿਸ਼ਵ ਓਜ਼ੋਨ ਦਿਵਸ ਮਨਾਇਆ



ਪਟਿਆਲਾ (ਰਜਿੰਦਰ ਸਿੰਘ ਥਿੰਦ)-ਏਸ਼ੀਅਨ ਗਰੁੱਪ ਆਫ ਕਾਲਜਿਜ਼ ਵਿਖੇ ਵਿਸ਼ਵ ਓਜ਼ੋਨ ਦਿਵਸ ਦੇ ਮੌਕੇ ਜਾਗਰੂਕਤਾ ਕੈਂਪ ਲਾਇਆ ਗਿਆ।ਇਹ ਗਤੀਵਿਧੀ ਮਿਸ ਨਵਨੀਤ ਕੌਰ, ਸਾਇੰਸ ਵਿਭਾਗ ਤੇ ਗਣਿਤ ਵਿਭਾਗ ਵੱਲੋਂ ਈਕੋ ਕਲੱਬ ਤੇ ਵਿਗਿਆਨ ਕਲੱਬ ਦੇ ਸਹਿਯੋਗ ਨਾਲ ਆਯੋਜਿਤ ਕੀਤੀ ਗਈ।ਇਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਓਜ਼ੋਨ ਪਰਤ ਦੀ ਮਹੱਤਤਾ ਵਾਤਾਵਰਣ ਦੀ ਸੁਰੱਖਿਆ, ਪ੍ਰਦੂਸ਼ਣ ਨੂੰ ਘਟਾਉਣ ਤੇ ਕੁਦਰਤੀ ਸਰੋਤਾਂ ਦੀ ਸੰਭਾਲ ਪ੍ਰਤੀ ਜਾਗਰੂਕ ਕਰਨਾ ਸੀ।ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਵਿਦਿਆਰਥੀਆਂ ਵੱਲੋਂ ਵਾਤਾਵਰਨ ਦੀ ਸੁਰੱਖਿਆ ਨੂੰ ਦਰਸਾਉਣ ਲਈ ਸਹੁੰ ਵੀ ਚੁੱਕੀ ਗਈ।ਵਿਦਿਆਰਥੀਆਂ ਨੇ 'ਬੈਸਟ ਆਊਟ ਆਫ ਵੇਸਟ' ਗਤੀਵਿਧੀ ਵਿੱਚ ਉਤਸ਼ਾਹ ਨਾਲ ਭਾਗ ਲੈਂਦਿਆਂ ਵਰਤੋਂ ਤੋਂ ਬਾਹਰ ਪਈਆਂ ਵੱਖ-ਵੱਖ ਵਸਤੂਆਂ ਤੋਂ ਰਚਨਾਤਮਕ ਢੰਗ ਨਾਲ ਮੁੜ ਵਰਤੋਂ ਕਰਕੇ ਸੁੰਦਰ ਤੇ ਉਪਯੋਗੀ ਚੀਜ਼ਾਂ ਤਿਆਰ ਕੀਤੀਆਂ।ਵਿਅਕਤੀਗਤ ਪੇਸ਼ਕਾਰੀ ਵਿੱਚੋਂ ਪ੍ਰਸ਼ੰਸਿਤ ਕੌਰ ਬੀਐੱਸਸੀ ਬੀਐੱਡ ਤੇ ਵੈਸ਼ਨਵੀ ਮਾਰਕੰਡੇ ਬੀਏ ਬੀਐੱਡ ਦੇ ਮਾਡਲ ਨੂੰ ਸਭ ਤੋਂ ਵਧੀਆ ਐਲਾਨਿਆ ਗਿਆ ਤੇ ਸਮੂਹ ਪੇਸ਼ਕਾਰੀ ਵਿੱਚੋਂ ਹਰਮਨਪ੍ਰੀਤ ਕੌਰ ਤੇ ਮਨਪ੍ਰੀਤ ਸਿੰਘ ਦੇ ਵਰਕਿੰਗ ਮਾਡਲ ਨੂੰ ਪਹਿਲਾ ਅਤੇ ਗੁਰਲੀਨ ਕੌਰ ਤੇ ਰਾਜਵੀਰ ਸਿੰਘ ਬੀ ਏ ਬੀਐੱਡ ਦੇ ਮਾਡਲ ਨੂੰ ਵਧੀਆ ਐਲਾਨਿਆ ਗਿਆ।ਇਸ ਮੌਕੇ ਕਾਲਜ ਦੇ ਪ੍ਰਧਾਨ ਇੰਜ਼ਗਰ ਸਿੰਘ ਤੇ ਪ੍ਰਿੰਸੀਪਲ ਡਾ. ਮੀਨੂ ਸਿੰਘ ਸਚਾਨ ਵੱਲੋਂ ਵਿਦਿਆਰਥੀਆਂ ਵੱਲੋਂ ਤਿਆਰ ਕੀਤੀਆਂ ਰਚਨਾਤਮਕ ਵਸਤੂਆਂ ਦਾ ਜਾਇਜ਼ਾ ਲਿਆ ਗਿਆ ਤੇ ਉਨ੍ਹਾਂ ਦੀ ਭਰਪੂਰ ਹੌਸਲਾ-ਅਫ਼ਜ਼ਾਈ ਕੀਤੀ ਗਈ।ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਅੰਤ ਵਿੱਚ ਵਿਦਿਆਰਥੀਆਂ ਨੇ ਵਾਤਾਵਰਣ ਦੀ ਸੰਭਾਲ ਕਰਨ, ਪ੍ਰਦੂਸ਼ਣ ਘਟਾਉਣ ਤੇ ਓਜ਼ੋਨ ਪਰਤ ਦੀ ਸੁਰੱਖਿਆ ਲਈ ਆਪਣਾ ਯੋਗਦਾਨ ਪਾਉਣ ਦਾ ਸੰਕਲਪ ਲਿਆ।

## ਐੱਸ ਬੀ ਐੱਸ ਸਟੇਟ ਯੂਨੀਵਰਸਿਟੀ 'ਚ ਗਣੇਸ਼ ਮਹਾਂਉਤਸਵ ਮਨਾਇਆ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਫਿਰੋਜ਼ਪੁਰ ਵਿਖੇ ਵਾਈਸ ਚਾਂਸਲਰ ਡਾ. ਸੁਸ਼ੀਲ ਸ਼ਰਮਾ ਦੀ ਯੋਗ ਅਗਵਾਈ ਹੇਠ ਸਮੂਹ ਸਟਾਫ਼ ਤੇ ਵਿਦਿਆਰਥੀਆਂ ਵੱਲੋਂ ਸ਼ਰਧਾ, ਉਤਸ਼ਾਹ ਤੇ ਧੂਮਧਾਮ ਨਾਲ ਗਣੇਸ਼ ਮਹਾਂਉਤਸਵ ਮਨਾਇਆ ਗਿਆ। ਇਸ ਧਾਰਮਿਕ ਸਮਾਗਮ ਵਿੱਚ ਰਜਿਸਟਰਾਰ ਡਾ. ਰਾਜੀਵ ਅਰੋੜਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ, ਜਦਕਿ ਪ੍ਰਬੰਧਕੀ ਸੇਵਾਵਾਂ ਰਾਜੇਸ਼ ਕੁਮਾਰ ਸਿੰਗਲਾ, ਸੰਜੀਵ ਕੁਮਾਰ, ਵਿਜੇ ਸ਼ਰਮਾ, ਅਮਰਜੀਤ ਸਿੰਘ ਅਤੇ ਯੂਨੀਵਰਸਿਟੀ ਸਟਾਫ ਵੱਲੋਂ ਪੂਰੀ ਸ਼ਰਧਾ ਨਾਲ ਨਿਭਾਈਆਂ ਗਈਆਂ।ਸਮਾਗਮ ਦੀ ਸ਼ੁਰੂਆਤ ਵਿਧੀਵਤ ਢੰਗ ਨਾਲ ਸ੍ਰੀ ਗਣੇਸ਼ ਪੂਜਾ ਨਾਲ ਹੋਈ। ਇਸ ਉਪਰੰਤ 'ਭਗਤੀ ਭਜਨ ਗਰੁੱਪ' ਵੱਲੋਂ ਵਿਸ਼ੇਸ਼ ਸੰਗੀਤਕ ਕੀਰਤਨ ਕੀਤਾ ਗਿਆ, ਜਿਸ ਨਾਲ ਪੂਰਾ ਯੂਨੀਵਰਸਿਟੀ ਕੈਂਪਸ ਆਧਿਆਤਮਿਕ ਤੇ ਭਗਤੀਮਈ ਰੰਗ ਵਿੱਚ ਰੰਗਿਆ ਗਿਆ। ਭਗਤੀ ਭਜਨ ਗਰੁੱਪ ਦੇ ਸੰਸਥਾਪਕ ਸ੍ਰੀ ਧਰਮਪਾਲ ਬਾਂਸਲ (ਡਾਇਰੈਕਟਰ, ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ, ਸੇਖੇਵਾਲਾ) ਨੇ ਆਪਣੀ ਟੀਮ ਨਾਲ ਗਣੇਸ਼ ਜੀ, ਸ਼ਿਵ ਭੋਲੇਨਾਥ ਤੇ ਰਾਧਾ-ਕ੍ਰਿਸ਼ਨ ਜੀ ਦੇ ਮਨਮੋਹਕ ਭਜਨ ਗਾਇਨ ਕਰਕੇ ਹਾਜ਼ਰ ਸੰਗਤਾਂ ਨੂੰ ਮੰਤਰਮੁਗਧ ਕਰ ਦਿੱਤਾ। ਮਿਊਜ਼ਿਕ ਡਾਇਰੈਕਟਰ ਰਾਕੇਸ਼ ਅਨਮੋਲ ਨੇ ਆਪਣੀ ਸੰਗੀਤਕ ਧੁਨਾਂ ਨਾਲ ਵਧੀਆ ਸਹਿਯੋਗ ਦਿੱਤਾ। ਇਸ ਮੌਕੇ ਅਸ਼ੋਕ ਗਰਗ ਪ੍ਰਧਾਨ, ਕੈਲਾਸ਼ ਸ਼ਰਮਾ ਤੇ ਮਹਿੰਦਰ ਬਜਾਜ ਵਾਇਸ ਪ੍ਰਧਾਨ ਸਮੇਤ ਕਈ ਇਲਾਕੇ ਦੇ ਪਤਵੰਤੇ ਸੱਜਣ ਮੌਜੂਦ ਸਨ। ਸਮਾਗਮ ਦੌਰਾਨ ਧਰਮਪਾਲ ਬਾਂਸਲ ਵੱਲੋਂ ਵਾਈਸ ਚਾਂਸਲਰ ਡਾ. ਸੁਸ਼ੀਲ ਸ਼ਰਮਾ ਨੂੰ ਸਨਮਾਨਤ ਕੀਤਾ ਗਿਆ।ਸਮਾਗਮ ਦੇ ਅੰਤ ਵਿੱਚ ਮਹਾਂ ਆਰਤੀ ਕੀਤੀ ਗਈ ਤੇ ਸਰਬੱਤ ਦੇ ਭਲੇ, ਸੁੱਖ-ਸ਼ਾਂਤੀ ਤੇ ਚੜ੍ਹਦੀ ਕਲਾ ਲਈ ਪ੍ਰਭੂ ਅੱਗੇ ਅਰਦਾਸ ਕੀਤੀ ਗਈ।

## ਨਰਿੰਦਰ ਮੋਦੀ ਦੇ ਜਨਮ ਦਿਨ ਮੌਕੇ ਖੂਨਦਾਨ ਕੈਂਪ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਭਾਰਤੀ ਜਨਤਾ ਪਾਰਟੀ ਦੇ ਮੁੱਖ ਦਫਤਰ ਪਾਤੜਾਂ ਵਿਖੇ ਹਲਕਾ ਸ਼ੁਤਰਾਣਾ ਦੀ ਟੀਮ ਵੱਲੋਂ ਨਰਾਇਣ ਸਿੰਘ ਨਰਸੋਤ ਹਲਕਾ ਇੰਚਾਰਜ ਦੀ ਅਗਵਾਈ ਹੇਠ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਜਨਮ ਦਿਨ ਨੂੰ ਸਮਰਪਤ ਖੂਨਦਾਨ ਕੈਂਪ ਲਗਾਇਆ ਗਿਆ।ਇਸ ਮੌਕੇ ਭਾਜਪਾ ਵਰਕਰਾਂ, ਲੀਡਰਾਂ ਤੇ ਅਹੁਦੇਦਾਰਾਂ ਸਮੇਤ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਖੂਨ ਦਾਨ ਕੀਤਾ।ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਲਾਲ ਚੰਦ ਲਾਲੀ, ਸਤੀਸ਼ ਗਰਗ ਪ੍ਰਧਾਨ ਸਿਗਲਾ, ਰੂਡ ਸਿੰਘ, ਤਰਲੋਕ ਸਿੰਘ ਚੇਅਰਮੈਨ, ਬਗੀਚਾ ਸਿੰਘ ਦੁਤਾਲ, ਸਾਬਕਾ ਸਰਪੰਚ ਬਲਜੀਤ ਸਿੰਘ ਬੱਲੀ, ਮੁਖਤਿਆਰ ਸਿੰਘ ਮੋਖਾ, ਸੁਬੇਗ ਸਿੰਘ, ਕੁਲਦੀਪ ਸਿੰਘ ਸ਼ਰਮਾ ਦੇਹਲਾ, ਪ੍ਰੇਮ ਚੰਦ ਕਾਂਸਲ, ਰਮੇਸ਼ ਬੱਤਰਾ ਆਦਿ ਹਾਜ਼ਰ ਸਨ।

## ਨੇਚਰ ਪਾਰਕ ਮੋਗਾ ਵਿਖੇ ਲਿਖਾਰੀ ਸਭਾ ਦੀ ਇਕੱਤਰਤਾ



ਮੋਗਾ (ਇਕਬਾਲ ਸਿੰਘ ਖਹਿਰਾ)-ਨੇਚਰ ਪਾਰਕ ਮੋਗਾ ਵਿਖੇ ਲਿਖਾਰੀ ਸਭਾ ਦੀ ਮੀਟਿੰਗ ਡਾ. ਬਲਦੇਵ ਸਿੰਘ ਢਿੱਲੋਂ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਕੇਂਦਰੀ ਲੇਖਕ ਸਭਾ ਦੀਆਂ ਚੋਣਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ।ਮੀਟਿੰਗ ਵਿੱਚ ਇਕੱਤਰ ਸਾਹਿਤਕਾਰਾਂ ਨੇ ਸਾਹਿਤਕ ਸਰਗਰਮੀਆਂ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ।ਇਸ ਮੌਕੇ ਸਾਹਿਤਕਾਰ ਡਾ. ਬਲਦੇਵ ਸਿੰਘ ਢਿੱਲੋਂ, ਮਾਸਟਰ ਪ੍ਰੇਮ ਕੁਮਾਰ, ਪਰਮਜੀਤ ਸਿੰਘ ਚੂਹੜਚੱਕ, ਪਿਆਰਾ ਸਿੰਘ ਚਾਹਲ, ਗੁਰਨਾਮ ਸਿੰਘ ਗਾਮਾ, ਗੁਰਮੇਲ ਕੌਰ ਸਿੱਧੂ, ਜੰਗੀਰ ਸਿੰਘ ਖੋਖਰ, ਬਲਵੀਰ ਸਿੰਘ ਪ੍ਰਦੇਸੀ, ਜੋਧ ਸਿੰਘ, ਮੀਤ ਗੁਰਮੀਤ, ਵਿਜੇ ਵਿਵੇਕ, ਸੋਨੀ ਮੋਗਾ ਤੇ ਬਲਵਿੰਦਰ ਸਿੰਘ ਕੈਂਥ ਨੇ ਮਹਿਫਲ ਵਿੱਚ ਰਚਨਾਵਾਂ ਪੇਸ਼ ਕਰਕੇ ਖੂਬ ਰੰਗ ਬੰਨ੍ਹਿਆ।ਮੰਚ ਦਾ ਸੰਚਾਲਨ ਮੀਤ ਗੁਰਮੀਤ ਨੇ ਕੀਤਾ।ਮੀਟਿੰਗ 'ਚ ਪਿਛਲੇ ਦਿਨੀਂ ਵਿਛੜੇ ਗੀਤਕਾਰ ਤੇ ਗੁਰੂ ਸਾਹਿਤਕਾਰ ਧਰਮਪਾਲ ਉਪਾਸ਼ਕ, ਹਰਜਣ ਬਾਜਵਾ ਤੇ ਮਹਿੰਦਰ ਦੁਸਾਂਝ ਦੀ ਬੇਵਕਤ ਮੌਤ 'ਤੇ ਦੁੱਖ ਦਾ ਪ੍ਰਗਟਾਵਾ ਕਰਕੇ ਸ਼ਰਧਾਂਜਲੀ ਦਿੱਤੀ ਗਈ।ਇਸ ਮੌਕੇ ਮੀਤ ਗੁਰਮੀਤ ਦਾ ਮਾਣ ਬਜ਼ੁਰਗ ਲੇਖਕ ਜੋਧ ਸਿੰਘ ਨੇ ਆਪਣੇ ਵੱਲੋਂ ਤਿਆਰ ਕੀਤੀ ਪੇਂਟਿੰਗ ਸਾਹਿਤਕਾਰਾਂ ਨੇ ਪਿਆਰਾ ਸਿੰਘ ਚਾਹਲ ਨੂੰ ਭੇਂਟ ਕੀਤੀ।ਡਾ. ਬਲਦੇਵ ਸਿੰਘ ਢਿੱਲੋਂ ਨੇ ਸ਼ਾਮਲ ਮੈਂਬਰਾਂ ਦਾ ਧੰਨਵਾਦ ਕੀਤਾ।

# ਜ਼ਿਲ੍ਹਾ ਪ੍ਰਸ਼ਾਸਨ ਤੇ ਸੱਭਿਆਚਾਰਕ ਸੁਸਾਇਟੀ ਵੱਲੋਂ ਬਾਬਾ ਸ਼ੇਖ ਫ਼ਰੀਦ ਮੇਲੇ ਦਾ ਸ਼ਡਿਊਲ ਜਾਰੀ

## ਡਿਪਟੀ ਕਮਿਸ਼ਨਰ ਤੇ ਐੱਸ ਐੱਸ ਪੀ ਵੱਲੋਂ ਮੇਲੇ ਦੀ ਸਫਲਤਾ ਲਈ ਸਹਿਯੋਗ ਦੀ ਅਪੀਲ



ਫਰੀਦਕੋਟ (ਐਲਿਗਜ਼ੈਂਡਰ ਡਿਸੂਜਾ, ਗੁਰਪ੍ਰੀਤ ਬੇਦੀ) ਬਾਬਾ ਸ਼ੇਖ ਫਰੀਦ ਆਗਮਨ ਪੁਰਬ 2026 ਮੇਲੇ ਸਬੰਧੀ ਵਿਸਥਾਰ ਸਹਿਤ ਜਾਣਕਾਰੀ ਲੋਕਾਂ ਤੱਕ ਪਹੁੰਚਾਉਣ ਲਈ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਤੇ ਐੱਸ.ਐੱਸ.ਪੀ. ਸ. ਹਰਬੰਸ ਸਿੰਘ ਬੈਂਸ ਵੱਲੋਂ ਮੀਡੀਆ ਦੇ ਨੁਮਾਇੰਦਿਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ ਤੇ ਮੇਲੇ ਦੀ ਸਫਲਤਾ ਲਈ ਪ੍ਰੈੱਸ ਤੇ ਆਮ ਲੋਕਾਂ ਨੂੰ ਸਹਿਯੋਗ ਦੀ ਅਪੀਲ ਵੀ ਕੀਤੀ।ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਨੇ ਦੱਸਿਆ ਕਿ ਬਾਬਾ ਫਰੀਦ ਆਗਮਨ ਪੁਰਬ ਦਾ ਆਰੰਭ 19 ਸਤੰਬਰ ਨੂੰ ਟਿੱਲਾ ਬਾਬਾ ਫਰੀਦ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਨਾਲ ਹੋਵੇਗਾ।ਉਪਰੰਤ ਖੂਨਦਾਨ ਕੈਂਪ ਕਿਲ੍ਹਾ ਮੁਬਾਰਕ ਵਿਖੇ ਤੇ ਸਰਕਾਰੀ ਬ੍ਰਿਜਿੰਦਰਾ ਕਾਲਜ ਵਿਖੇ ਨਹਿਰੂ ਸਟੇਡੀਅਮ ਵਿਖੇ ਖੇਡ ਮੇਲੇ ਦੀ ਸ਼ੁਰੂਆਤ ਹੋਵੇਗੀ। ਬਾਬਾ ਫਰੀਦ ਸਾਹਿਤ ਮੇਲਾ ਦੇਸ਼ ਭਗਤ ਪੰਡਿਤ ਚੇਤਨ ਦੇਵ ਸਰਕਾਰੀ ਕਾਲਜ ਆਫ ਐਜੂਕੇਸ਼ਨ ਫ਼ਰੀਦਕੋਟ ਤੇ ਨਵੀਂ ਦਾਣਾ ਮੰਡੀ ਵਿਖੇ ਕੌਮੀ ਲੋਕ ਨਾਚ ਤੇ ਕਰਾਫਟ ਮੇਲਾ ਹੋਵੇਗਾ।ਇਸ ਤੋਂ ਇਲਾਵਾ ਦਰਬਾਰ ਗੰਜ ਵਿਖੇ ਡਰਾਮਾ ਫੈਸਟੀਵਲ ਤੇ ਧਾਰਮਿਕ ਪ੍ਰੋਗਰਾਮ, ਗੁਰਦੁਆਰਾ ਖਾਲਸਾ ਦੀਵਾਨ ਫ਼ਰੀਦਕੋਟ ਵਿਖੇ ਹੋਣਗੇ।ਸੱਭਿਆਚਾਰ ਪ੍ਰੋਗਰਾਮ ਨਵੀਂ ਦਾਣਾ ਮੰਡੀ ਸਾਦਿਕ ਰੋਡ ਵਿਖੇ ਹੋਵੇਗਾ।ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ 20 ਸਤੰਬਰ ਨੂੰ ਵਿਰਾਸਤੀ ਕਾਫਲਾ ਕਿਲ੍ਹਾ ਮੁਬਾਰਕ ਤੋਂ ਦਰਬਾਰ ਗੰਜ ਫਰੀਦਕੋਟ ਤੱਕ ਹੋਵੇਗਾ।ਉਪਰੰਤ ਤਰਕਸ਼ੀਲ ਨਾਟਕ ਨਵੀਂ ਦਾਣਾ ਮੰਡੀ, ਪੇਂਟਿੰਗ ਪ੍ਰਦਰਸ਼ਨੀ ਸਰਕਾਰੀ ਬ੍ਰਿਜਿੰਦਰਾ ਕਾਲਜ ਵਿਖੇ, ਕੌਮੀ ਲੋਕ ਨਾਚ ਨਵੀਂ ਦਾਣਾ ਮੰਡੀ ਵਿਖੇ ਤੇ ਡਰਾਮਾ ਫੈਸਟੀਵਲ ਦਰਬਾਰ ਗੰਜ ਵਿਖੇ ਹੋਵੇਗਾ।ਮਿਤੀ 21 ਸਤੰਬਰ ਨੂੰ ਕੌਮੀ ਲੋਕ ਨਾਚ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਸਕੂਲ ਦੀਪ ਸਿੰਘ ਵਾਲਾ ਵਿਖੇ, ਸਿਕੰਦਰ ਸਲੀਮ ਤੇ ਅਲਾਪ ਸਿਕੰਦਰ ਸੂਫੀਆਨਾ ਸ਼ਾਮ ਨਵੀਂ ਦਾਣਾ ਮੰਡੀ ਵਿਖੇ ਹੋਣਗੇ।ਮਿਤੀ 22 ਸਤੰਬਰ ਨੂੰ ਕੌਮੀ ਲੋਕ ਨਾਚ ਪੰਜਾਬ ਡਿਗਰੀ ਕਾਲਜ ਮਹਿਮੂਆਣਾ, ਕੁਲਵਿੰਦਰ ਬਿੱਲਾ ਸਟਾਰ ਨਾਈਟ ਨਵੀਂ ਦਾਣਾ ਮੰਡੀ ਵਿਖੇ ਹੋਣਗੇ।ਇਸ ਤੋਂ ਇਲਾਵਾ ਪਸ਼ੂ ਮੇਲਾ 21, 22 ਤੇ 23 ਸਤੰਬਰ ਨੂੰ ਨਵੀਂ ਦਾਣਾ ਮੰਡੀ ਸਾਦਿਕ ਰੋਡ ਵਿਖੇ ਲੱਗੇਗਾ।

23 ਸਤੰਬਰ ਨੂੰ ਨਗਰ ਕੀਰਤਨ ਟਿੱਲਾ ਬਾਬਾ ਫ਼ਰੀਦ ਜੀ ਤੋਂ ਸ਼ੁਰੂ ਹੋ ਕੇ ਗੁਰਦੁਆਰਾ ਗੋਦੜੀ ਸਾਹਿਬ ਪੁੱਜੇਗਾ।ਕ੍ਰਿਕਟ, ਹਾਕੀ, ਵਾਲੀਬਾਲ (ਸ਼ੂਟਿੰਗ) ਟੂਰਨਾਮੈਂਟ ਫਾਈਨਲ ਮੁਕਾਬਲਾ ਸਰਕਾਰੀ ਬ੍ਰਿਜਿੰਦਰਾ ਕਾਲਜ ਵਿਖੇ, ਇਨਾਮ ਵੰਡ ਸਮਾਰੋਹ ਗੁਰਦੁਆਰਾ ਗੋਦੜੀ ਸਾਹਿਬ, ਬਾਸਕਿਟਬਾਲ ਟੂਰਨਾਮੈਂਟ ਫਾਈਨਲ ਮੁਕਾਬਲਾ ਨਹਿਰੂ ਸਟੇਡੀਅਮ ਵਿਖੇ ਹੋਣਗੇ।19 ਤੋਂ 28 ਸਤੰਬਰ ਤੱਕ ਕਰਾਫਟ ਮੇਲਾ ਨਵੀਂ ਦਾਣਾ ਮੰਡੀ ਫਰੀਦਕੋਟ ਵਿਖੇ ਲੱਗੇਗਾ, ਜਿਸ ਵਿੱਚ ਫੂਡ ਕੋਰਟ, ਝੂਲੇ, ਮਨੋਰੰਜਨ ਆਦਿ ਆਕਰਸ਼ਨ ਦਾ ਕੇਂਦਰ ਹੋਣਗੀਆਂ।ਉਨ੍ਹਾਂ ਲੋਕਾਂ ਨੂੰ ਇਨ੍ਹਾਂ ਸਮਾਗਮਾਂ ਵਿੱਚ ਵੱਧ ਤੋਂ ਵੱਧ ਸ਼ਿਰਕਤ ਦੀ ਅਪੀਲ ਵੀ ਕੀਤੀ।

ਐੱਸ.ਐੱਸ.ਪੀ. ਸ. ਗੁਰਬੰਸ ਸਿੰਘ ਬੈਂਸ ਨੇ ਦੱਸਿਆ ਕਿ ਸ਼ਹਿਰ ਵਿੱਚ ਸੁਰੱਖਿਆ ਪ੍ਰਬੰਧਾਂ ਨੂੰ ਮੁੱਖ ਰੱਖਦੇ ਹੋਏ ਪੁਲਸ ਕਰਮੀ ਸੁਰੱਖਿਆ ਲਈ ਤਾਇਨਾਤ ਰਹਿਣਗੇ।ਇਸ ਤੋਂ ਇਲਾਵਾ ਸੀ.ਸੀ.ਟੀ.ਵੀ ਕੈਮਰੇ, ਡਰੋਨ ਰਾਹੀਂ ਵੀ ਨਜ਼ਰ ਰੱਖੀ ਜਾਵੇਗੀ। ਉਨ੍ਹਾਂ ਦੱਸਿਆ ਕਿ ਟ੍ਰੈਫਿਕ ਨੂੰ ਸੁਚਾਰੂ ਰੂਪ ਨਾਲ ਚਲਾਉਣ ਲਈ ਟ੍ਰੈਫਿਕ ਰੂਟ ਬਣਾਏ ਜਾਣਗੇ ਤੇ ਆਮ ਲੋਕਾਂ ਨੂੰ ਮੀਡੀਆ, ਫਲੈਕਸ ਬੋਰਡਾਂ ਰਾਹੀਂ ਜਾਣੂ ਕਰਵਾਇਆ ਜਾਵੇਗਾ। ਇਸ ਤੋਂ ਇਲਾਵਾ ਪਾਰਕਿੰਗ ਦੇ ਪੁਖਤਾ ਪ੍ਰਬੰਧ ਕੀਤੇ ਜਾਣਗੇ।

## ਕੌਮਾਂਤਰੀ ਹਵਾਈ ਅੱਡਾ ਹਲਵਾਰਾ 'ਤੇ 'ਯਾਤਰੀ ਸੇਵਾ ਦਿਵਸ' ਮਨਾ ਕੇ ਭਰੋਸਾ ਬਹਾਲ ਕਰਨ ਦਾ ਯਤਨ



ਰਾਏਕੋਟ (ਸੰਤੋਖ ਗਿੱਲ)-ਕੌਮਾਂਤਰੀ ਹਵਾਈ ਅੱਡਾ ਹਲਵਾਰਾ 'ਤੇ ਦਿੱਲੀ-ਹਲਵਾਰਾ-ਦਿੱਲੀ ਹਵਾਈ ਸੇਵਾ ਦੇ ਵਾਰ-ਵਾਰ ਪ੍ਰਭਾਵਿਤ ਹੋਣ ਕਾਰਨ ਯਾਤਰੀਆਂ ਨੂੰ ਹੋ ਰਹੀ ਖੱਜਲ-ਖੁਆਰੀ ਦਾ ਦਾਗ਼ ਧੋਣ ਲਈ ਏਅਰਪੋਰਟ ਅਥਾਰਿਟੀ ਵੱਲੋਂ ਵੀਰਵਾਰ ਦਿਨ ਭਰ ਯਾਤਰੀਆਂ ਦਾ ਸਵਾਗਤ ਕਰਦਿਆਂ 'ਯਾਤਰੀ ਸੇਵਾ ਦਿਵਸ' ਮਨਾਇਆ ਗਿਆ।ਇਸ ਮੌਕੇ ਹਵਾਈ ਅੱਡਾ ਪ੍ਰਬੰਧਕਾਂ ਵੱਲੋਂ ਯਾਤਰੀਆਂ ਨੂੰ ਬਿਹਤਰ ਸੇਵਾਵਾਂ ਤੇ ਅਨੰਦਮਈ ਯਾਤਰਾ ਮੁਹੱਈਆ ਕਰਵਾਉਣ ਦੀ ਵਚਨਬੱਧਤਾ ਦਾ ਪ੍ਰਗਟਾਵਾ ਕੀਤਾ ਗਿਆ।ਹਵਾਈ ਅੱਡੇ 'ਤੇ ਪਹੁੰਚਣ ਤੇ ਰਵਾਨਾ ਹੋਣ ਵਾਲੇ ਯਾਤਰੀਆਂ ਦਾ ਤਿਲਕ ਲਗਾ ਕੇ ਸਵਾਗਤ ਕੀਤਾ ਗਿਆ। ਯਾਤਰੀਆਂ ਸਮੇਤ ਹੋਰ ਆਉਣ ਜਾਣ ਵਾਲਿਆਂ ਲਈ ਮੁਫ਼ਤ ਸਿਹਤ ਜਾਂਚ ਕੈਂਪ ਵੀ ਲਗਾਇਆ ਗਿਆ।ਹਵਾਈ ਅੱਡੇ ਦੇ ਡਾਇਰੈਕਟਰ ਜਗੀਰ ਸਿੰਘ ਤੇ ਹੋਰ ਅਧਿਕਾਰੀਆਂ ਨੇ ਯਾਤਰੀਆਂ ਨਾਲ ਸਿੱਧੀ ਗੱਲਬਾਤ ਕਰਕੇ ਹਵਾਈ ਅੱਡੇ 'ਤੇ ਉਪਲਬਧ ਸਹੂਲਤਾਂ ਬਾਰੇ ਉਨ੍ਹਾਂ ਦੇ ਤਜਰਬੇ ਤੇ ਸੁਝਾਅ ਜਾਣਨ ਦੀ ਕੋਸ਼ਿਸ਼ ਕੀਤੀ।ਹਵਾਈ ਖੇਤਰ ਵਿੱਚ ਨੌਜਵਾਨਾਂ ਦੀ ਦਿਲਚਸਪੀ ਵਧਾਉਣ ਦੇ ਉਦੇਸ਼ ਨਾਲ ਸੀ ਟੀ ਗਰੁੱਪ ਦੇ ਵਿਦਿਆਰਥੀਆਂ ਲਈ ਹਵਾਈ ਅੱਡੇ ਦਾ ਦੌਰਾ ਕਰਵਾਇਆ ਗਿਆ।ਵਾਤਾਵਰਨ ਸੰਭਾਲ ਦਾ ਸੁਨੇਹਾ ਦਿੰਦਿਆਂ ਹਵਾਈ ਅੱਡਾ ਕੰਪਲੈਕਸ ਵਿੱਚ ਇੱਕ ਬੂਟਾ ਵੀ ਲਗਾਇਆ ਗਿਆ।ਸਰਕਾਰੀ ਸਕੂਲ ਐਤੀਆਣਾ ਦੇ ਵਿਦਿਆਰਥੀਆਂ ਵੱਲੋਂ ਭੰਗੜੇ ਤੇ ਗਿੱਧੇ ਦੀ ਪੇਸ਼ਕਾਰੀ ਕੀਤੀ ਗਈ।ਹਵਾਈ ਅੱਡਾ ਪ੍ਰਬੰਧਨ ਵੱਲੋਂ ਯਾਤਰੀਆਂ ਦੀ ਸੰਤੁਸ਼ਟੀ ਨੂੰ ਤਰਜੀਹ ਦਿੰਦਿਆਂ ਪ੍ਰਾਪਤ ਸੁਝਾਵਾਂ ਦੇ ਆਧਾਰ 'ਤੇ ਸਹੂਲਤਾਂ ਵਿੱਚ ਲਗਾਤਾਰ ਸੁਧਾਰ ਕਰਨ ਦੀ ਵਚਨਬੱਧਤਾ ਵੀ ਦੁਹਰਾਈ ਗਈ।ਇਸ ਮੌਕੇ ਸੀਨੀਅਰ ਮੈਨੇਜਰ ਫਾਈਨਾਂਸ ਰਾਮ ਸਿੰਘ, ਏਅਰ ਇੰਡੀਆ ਦੇ ਇੰਚਾਰਜ ਮੂਰਤੀ, ਸੁਰੱਖਿਆ ਇੰਚਾਰਜ ਮਾਨਵ ਖੁਰਾਨਾ, ਏ.ਆਈ.ਏ.ਐੱਸ.ਐੱਲ. ਦੇ ਇੰਚਾਰਜ ਮੋਹਿਲ, ਸੁਰੱਖਿਆ ਇੰਚਾਰਜ ਇੰਸਪੈਕਟਰ ਪ੍ਰਦੀਪ ਸਿੰਘ ਸਮੇਤ ਹੋਰ ਅਧਿਕਾਰੀ ਮੌਜੂਦ ਸਨ।

## ਉੱਘੇ ਮੁਲਾਜ਼ਮ ਆਗੂ ਜਸਮੇਲ ਅਤਲਾ ਨੂੰ ਜਥੇਬੰਦੀਆਂ ਤੇ ਰਿਸ਼ਤੇਦਾਰਾਂ ਵੱਲੋਂ ਸੇਜਲ ਅੱਖਾਂ ਨਾਲ ਅੰਤਿਮ ਵਿਦਾਇਗੀ




ਮਾਨਸਾ/ਭੀਖੀ (ਆਤਮਾ ਸਿੰਘ ਪਮਾਰ)-ਮੁਲਾਜ਼ਮ ਲਹਿਰ ਦੇ ਉੱਘੇ ਆਗੂ, ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਪੰਜਾਬ (ਵਿਗਿਆਨਕ) ਦੇ ਸੂਬਾਈ ਸਹਾਇਕ ਵਿੱਤ ਸਕੱਤਰ ਤੇ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ (ਵਿਗਿਆਨਕ) ਦੇ ਜ਼ਿਲ੍ਹਾ ਜਨਰਲ ਸਕੱਤਰ ਸਾਥੀ ਜਸਮੇਲ ਸਿੰਘ ਅਤਲਾ (56) ਇਸ ਫਾਨੀ ਸੰਸਾਰ ਨੂੰ ਅਚਾਨਕ ਅਲਵਿਦਾ ਕਹਿ ਗਏ।ਉਨ੍ਹਾਂ ਦੀ ਮ੍ਰਿਤਕ ਦੇਹ ਦਾ ਸਸਕਾਰ ਉਨ੍ਹਾ ਦੇ ਜੱਦੀ ਪਿੰਡ ਅਤਲਾ ਖੁਰਦ ਵਿਖੇ ਹੋਇਆ, ਜਿੱਥੇ ਉਨ੍ਹਾਂ ਨੂੰ ਵੱਡੀ ਤਦਾਦ 'ਚ ਮੁਲਾਜ਼ਮਾਂ, ਆਮ ਲੋਕਾਂ, ਵੱਖ -ਵੱਖ ਰਾਜਸੀ, ਸਮਾਜਿਕ, ਧਾਰਮਿਕ ਤੇ ਜਨਤਕ ਜਥੇਬੰਦੀਆ ਤੋਂ ਇਲਾਵਾ, ਰਿਸ਼ਤੇਦਾਰਾਂ, ਸਾਕ ਸੰਬੰਧੀਆਂ ਤੇ ਪਿੰਡ ਵਾਸੀਆ ਨੇ ਸੇਜਲ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੱਤੀ।ਇਸ ਮੌਕੇ ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਪੰਜਾਬ (ਵਿਗਿਆਨਕ) ਦੇ ਸੂਬਾਈ ਪ੍ਰਧਾਨ ਬਿੱਕਰ ਸਿੰਘ ਮਾਖਾ, ਸਰਪ੍ਰਸਤ ਮਨਜੀਤ ਸਿੰਘ ਸੰਗਤਪੁਰਾ, ਸੂਬਾਈ ਵਿੱਤ ਸਕੱਤਰ ਹਿੰਮਤ ਸਿੰਘ ਦੂਲੋਵਾਲ, ਸੀਟੂ ਦੇ ਸੂਬਾਈ ਮੀਤ ਪ੍ਰਧਾਨ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ, ਪੀ ਡਬਲਯੂ ਡੀ ਵਰਕਸ਼ਾਪ ਵਰਕਰ ਯੂਨੀਅਨ ਦੇ ਜ਼ਿਲ੍ਹਾ ਆਗੂ ਗੁਰਨੈਬ ਸਿੰਘ ਅਤਲਾ, ਜੂਨੀਅਰ ਇੰਜੀਨੀਅਰ ਰੁਪਿੰਦਰ ਕੁਮਾਰ, ਸਤਵੀਰ ਸਿੰਘ, ਸੀਨੀਅਰ ਸਹਾਇਕ ਗੁਰਜੀਤ ਸਿੰਘ, ਪੈਨਸ਼ਨਰਜ਼ ਐਸੋਸੀਏਸ਼ਨ ਦੇ ਆਗੂ ਕਰਨੈਲ ਸਿੰਘ ਭੀਖੀ, ਰੂਪ ਸਿੰਘ ਢਿੱਲੋਂ, ਮੇਜ਼ਰ ਸਿੰਘ ਬਾਜੇਵਾਲਾ, ਮੁਲਾਜ਼ਮ ਆਗੂ ਗੁਰਸੇਵਕ ਸਿੰਘ ਭੀਖੀ, ਬਾਰੂ ਖਾਂ ਭੀਖੀ, ਸੁਰਜੀਤ ਸਿੰਘ ਯਾਦਵ, ਰਾਜਪਾਲ ਸਿੰਘ ਬੱਪੀਆਣਾ, ਰਾਜ ਕੁਮਾਰ ਬਿੱਟੂ ਬੱਪੀਆਣਾ, ਹਰਦੇਵ ਸਿੰਘ ਖਿਆਲਾ, ਰਾਮ ਗੋਪਾਲ ਖਿਆਲਾ, ਟੇਕ ਸਿੰਘ ਡਸਕਾ, ਸੁਖਦੇਵ ਸਿੰਘ ਖੀਵਾ, ਜਗਜੀਵਨ ਸਿੰਘ ਹਸਨਪੁਰ, ਬੂਟਾ ਸਿੰਘ ਖੀਵਾ ਆਦਿ ਹਾਜ਼ਰ ਸਨ।

## ਹਲਕਾ ਧਰਮਕੋਟ ਦੇ ਵਿਧਾਇਕ ਦੇ ਦਫਤਰ ਦਾ ਘਿਰਾਓ ਅੱਜ

ਮੋਗਾ (ਇਕਬਾਲ ਸਿੰਘ ਖਹਿਰਾ)-ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ ਦੇ ਸੂਬਾਈ ਫੈਸਲੇ ਅਨੁਸਾਰ 19 ਸਤੰਬਰ ਨੂੰ 11 ਵਜੇ ਹਲਕਾ ਧਰਮਕੋਟ ਦੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੇ ਦਫ਼ਤਰ ਦਾ ਘਿਰਾਓ ਕੀਤਾ ਜਾ ਰਿਹਾ ਹੈ।ਇਸ ਸਬੰਧੀ ਜ਼ਿਲ੍ਹਾ ਤਾਲਮੇਲ ਕਮੇਟੀ ਦੀ ਇੱਕ ਮੀਟਿੰਗ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿੱਚ ਹੋਈ, ਜਿਸ ਦੀ ਪ੍ਰਧਾਨਗੀ ਕੁਲਬੀਰ ਸਿੰਘ ਢਿੱਲੋਂ ਨੇ ਕੀਤੀ। ਇਸ ਮੀਟਿੰਗ ਵਿੱਚ ਸੁਰਿੰਦਰ ਰਾਮ ਕੁੱਸਾ, ਜਗਦੀਸ਼ ਸਿੰਘ ਚਾਹਲ, ਰਜਿੰਦਰ ਸਿੰਘ ਰਿਆੜ, ਜਸਵਿੰਦਰ ਸਿੰਘ ਬਰਾੜ, ਹਰਬੰਸ ਸਿੰਘ ਸੰਧੂ, ਗੁਰਜੰਟ ਸਿੰਘ ਕੋਕਰੀ, ਜਗਤਾਰ ਸਿੰਘ ਸੇਖੋਂ, ਭੁਪਿੰਦਰ ਸਿੰਘ ਸੇਖੋਂ, ਨਰੇਸ਼ ਕੁਮਾਰ, ਗੁਰਮੇਲ ਸਿੰਘ ਨਾਹਰ, ਗੁਰਜੀਤ ਸਿੰਘ ਮੱਲ੍ਹੀ, ਅਮਰਦੀਪ ਸਿੰਘ, ਸੁਖਪਾਲ ਸਿੰਘ ਲਹਿਰਾ, ਪ੍ਰੇਮ ਕੁਮਾਰ ਬਲੌਰ ਸਿੰਘ, ਸੁਖਮੰਦਰ ਸਿੰਘ, ਬੂਟਾ ਸਿੰਘ ਭੱਟੀ, ਦਵਿੰਦਰ ਸਿੰਘ, ਅਨਮੋਲ ਸਿੰਘ, ਗੁਰਮੀਤ ਸਿੰਘ ਰੱਖੜਾ, ਅਮਰਦੀਪ ਸਿੰਘ, ਮਨਜੋਤ ਸਿੰਘ ਬਰਾੜ, ਸ਼ਾਮਲ ਹੋਏ। ਸਰਵਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਆਪ ਦੇ ਵਿਧਾਇਕਾਂ ਵਿੱਚੋਂ ਕੋਈ ਵੀ ਮੂੰਹ ਨਹੀਂ ਖੋਲ੍ਹ ਰਿਹਾ, ਸਗੋਂ ਮੁਲਾਜ਼ਮ ਪੈਨਸ਼ਨਰ ਵਿਰੋਧੀ ਫੈਸਲਿਆਂ ਵਿੱਚ ਸਰਕਾਰ ਨਾਲ ਖੜੇ ਹਨ।ਹੁਣ ਇਨ੍ਹਾਂ ਦਾ ਮੂੰਹ ਖੁੱਲ੍ਹਵਾਉਣ ਲਈ ਇਨ੍ਹਾਂ ਨੂੰ ਇਨ੍ਹਾਂ ਦੇ ਘਰਾਂ ਵਿੱਚ ਹੀ ਘੇਰਿਆ ਜਾਵੇਗਾ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਜਦੋਂ ਵੀ ਇਹ ਲੋਕਾਂ ਦੇ ਦਰਵਾਜ਼ਿਆਂ 'ਤੇ ਆਉਣਗੇ ਤਾਂ ਇਨ੍ਹਾਂ ਨੂੰ ਮੂੰਹ ਤੋੜਵਾਂ ਜਵਾਬ ਦਿੱਤਾ ਜਾਵੇਗਾ।ਸਾਰਿਆਂ ਨੇ ਸਰਬ ਸੰਮਤੀ ਨਾਲ ਫੈਸਲਾ ਕੀਤਾ ਕਿ ਉਹ ਜ਼ੋਰ ਲਗਾਉਣ ਵਿੱਚ ਕੋਈ ਕਸਰ ਨਹੀਂ ਰਹਿਣ ਦੇਣਗੇ।

## ਸੈਨੇਟ ਚੋਣ ਲਈ ਰੂਪ ਚਾਵਲਾ ਦੀ ਚੋਣ ਮੁਹਿੰਮ ਨੇ ਫੜਿਆ ਜ਼ੋਰ


### ਪੋਲਿੰਗ ਬੂਥਾਂ 'ਤੇ ਸਮੱਰਥਕਾਂ ਦੀਆਂ ਡਿਊਟੀਆਂ ਮੁਕੰਮਲ



ਫਿਰੋਜ਼ਪੁਰ (ਅਸ਼ੋਕ ਸ਼ਰਮਾ)

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ 20 ਸਤੰਬਰ ਨੂੰ ਹੋਣ ਜਾ ਰਹੀ ਸੈਨੇਟ ਚੋਣ ਲਈ ਸੀਰੀਅਲ ਨੰਬਰ 41 ਤੋਂ ਚੋਣ ਮੈਦਾਨ ਵਿੱਚ ਉੱਤਰੀ ਰੂਪ ਕਮਲ ਚਾਵਲਾ ਕੰਬੋਜ ਦੀ ਚੋਣ ਮੁਹਿੰਮ ਨੇ ਆਖਰੀ ਪੜਾਅ ਵਿੱਚ ਤੇਜ਼ੀ ਫੜ ਲਈ ਹੈ। ਸਮਰਥੱਕਾਂ ਵੱਲੋਂ ਵੋਟਰਾਂ ਨਾਲ ਸੰਪਰਕ ਮੁਹਿੰਮ ਨੂੰ ਹੋਰ ਤੇਜ਼ ਕਰਨ ਦੇ ਨਾਲ-ਨਾਲ ਵੋਟਿੰਗ ਵਾਲੇ ਦਿਨ ਲਈ ਲੋੜੀਂਦੇ ਪ੍ਰਬੰਧ ਵੀ ਮੁਕੰਮਲ ਕੀਤੇ ਜਾ ਰਹੇ ਹਨ। ਚੋਣ ਮੁਹਿੰਮ ਦੀ ਅਗਵਾਈ ਕਰ ਰਹੇ ਗੁਰਭੇਜ ਸਿੰਘ ਟਿੱਬੀ ਨੇ ਦੱਸਿਆ ਕਿ ਪੰਜਾਬ ਸਮੇਤ ਵੱਖ-ਵੱਖ ਸੂਬਿਆਂ ਵਿੱਚ ਬਣਾਏ ਗਏ ਪੋਲਿੰਗ ਬੂਥਾਂ 'ਤੇ ਸਮਰਥੱਕਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਟੀਮਾਂ ਵੱਲੋਂ ਗਰੈਜੂਏਟ ਵੋਟਰਾਂ ਨਾਲ ਲਗਾਤਾਰ ਸੰਪਰਕ ਕੀਤਾ ਜਾ ਰਿਹਾ ਹੈ ਅਤੇ 20 ਸਤੰਬਰ ਨੂੰ ਵੋਟਿੰਗ ਸਬੰਧੀ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਲਈ ਤਿਆਰੀਆਂ ਮੁਕੰਮਲ ਹਨ। ਟਿੱਬੀ ਨੇ ਕਿਹਾ ਕਿ ਪੰਜਾਬ ਤੋਂ ਇਲਾਵਾ ਹੋਰ ਸੂਬਿਆਂ ਵਿਚ ਵੱਸਦੇ ਪੰਜਾਬ ਯੂਨੀਵਰਸਿਟੀ ਦੇ ਗਰੈਜੂਏਟ ਵੋਟਰਾਂ ਨਾਲ ਵੀ ਸੰਪਰਕ ਸਥਾਪਤ ਕੀਤਾ ਗਿਆ ਹੈ। ਉਨ੍ਹਾਂ ਅਨੁਸਾਰ ਚੋਣ ਮੁਹਿੰਮ ਦੌਰਾਨ ਉਮੀਦਵਾਰ ਵੱਲੋਂ ਉਠਾਏ ਜਾ ਰਹੇ ਮੁੱਦਿਆਂ ਨੂੰ ਲੈ ਕੇ ਵੋਟਰਾਂ ਨਾਲ ਵਿਚਾਰ-ਵਟਾਂਦਰਾ ਹੋਇਆ ਹੈ। ਉਨ੍ਹਾਂ ਕਿਹਾ ਕਿ ਰੂਪ ਕਮਲ ਚਾਵਲਾ ਕੰਬੋਜ਼ ਵੱਲੋਂ ਯੂਨੀਵਰਸਿਟੀ ਨਾਲ ਸਬੰਧਤ ਗਰੈਜੂਏਟਾਂ ਦੇ ਮੁੱਦਿਆਂ ਨੂੰ ਸੈਨੇਟ ਵਿਚ ਉਠਾਉਣ ਤੇ ਉਨ੍ਹਾਂ ਦੀ ਆਵਾਜ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ। ਟਿੱਬੀ ਨੇ ਕਿਹਾ ਕਿ ਚੋਣ ਮੁਹਿੰਮ ਦੇ ਅੰਤਿਮ ਪੜਾਅ ਵਿੱਚ ਸਮਰਥਕਾਂ ਦੀਆਂ ਟੀਮਾਂ ਵੱਲੋਂ ਵੋਟਰਾਂ ਨਾਲ ਲਗਾਤਾਰ ਰਾਬਤਾ ਕਾਇਮ ਰੱਖਿਆ ਜਾ ਰਿਹਾ ਹੈ ਤੇ ਵੋਟਿੰਗ ਵਾਲੇ ਦਿਨ ਲਈ ਜ਼ਮੀਨੀ ਪੱਧਰ 'ਤੇ ਤਿਆਰੀਆਂ ਪੂਰੀਆਂ ਕਰ ਲਈਆਂ ਗਈਆਂ ਹਨ।

## ਡਾ. ਨਿਸ਼ਾਨ ਸਿੰਘ ਦਾ ਅਸਤੀਫ਼ਾ ਸ਼੍ਰੋਮਣੀ ਅਕਾਲੀ ਦਲ ਲਈ ਵੱਡਾ ਝਟਕਾ



ਮਾਨਸਾ (ਆਤਮਾ ਸਿੰਘ ਪਮਾਰ, ਰੀਤਵਾਲ)-ਸ਼੍ਰੋਮਣੀ ਅਕਾਲੀ ਦੇ ਸੂਬਾਈ ਵਾਈਸ ਪ੍ਰਧਾਨ, ਵਿਧਾਨ ਸਭਾ ਹਲਕਾ ਬੁਢਲਾਡਾ ਦੇ ਇੰਚਾਰਜ ਤੇ ਆਗਾਮੀ ਵਿਧਾਨ ਸਭਾ ਚੋਣਾਂ ਲਈ ਪਾਰਟੀ ਦੇ ਉਮੀਦਵਾਰ ਡਾਕਟਰ ਨਿਸ਼ਾਨ ਸਿੰਘ ਕੌਲਧਰ ਨੇ ਸਥਾਨਕ ਮਹਿਕ ਹੋਟਲ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਉਹ ਘਰੇਲੂ ਜ਼ਿੰਮੇਵਾਰੀਆਂ, ਸਿਹਤ ਸਮੱਸਿਆ, ਆਰਥਿਕ ਸਥਿਤੀ ਤੇ ਕੁੱਝ ਹੋਰ ਕਾਰਨਾਂ ਕਰਕੇ ਪਾਰਟੀ ਦੇ ਸਮੁੱਚੇ ਅਹੁਦਿਆਂ ਤੋਂ ਅਸਤੀਫਾ ਦੇ ਰਹੇ ਹਨ।ਉਨ੍ਹਾਂ ਅੱਗੇ ਕਿਹਾ ਕਿ ਪਾਰਟੀ ਪ੍ਰਧਾਨ ਸ੍. ਸੁਖਬੀਰ ਸਿੰਘ ਬਾਦਲ ਤੇ ਸਾਂਸਦ ਬੀਬਾ ਹਰਸਿਮਰਤ ਕੌਰ ਬਾਦਲ ਨੂੰ ਉਹ ਆਪਣਾ ਅਸਤੀਫਾ ਪਹਿਲਾਂ ਹੀ ਭੇਜ ਚੁੱਕੇ ਹਨ।ਪੱਤਰਕਾਰਾਂ ਦੇ ਸਵਾਲਾਂ ਦਾ ਜਵਾਬ ਦਿੰਦਿਆਂ ਡਾ. ਸਿੰਘ ਨੇ ਕਿਹਾ ਕਿ ਉਹ ਹਾਲ ਦੀ ਘੜੀ ਕਿਸੇ ਹੋਰ ਰਾਜਨੀਤਕ ਦਲ 'ਚ ਸ਼ਾਮਲ ਨਹੀਂ ਹੋ ਰਹੇ ਅਤੇ ਅਜਿਹੀਆਂ ਕਿਆਸਅਰਾਈਆਂ ਨਿਰਮੂਲ ਤੇ ਨਿਰਅਧਾਰ ਹਨ।ਪਿਛਲੇ ਕੁੱਝ ਸਮੇਂ ਤੋਂ ਨਿਸ਼ਾਨ ਸਿੰਘ ਦੇ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ) ਦੀਆਂ ਅਟਕਲਾਂ ਦਾ ਬਾਜ਼ਾਰ ਵੀ ਰਾਜਸੀ ਗਲਿਆਰਿਆਂ 'ਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਸੀ।ਇਲਾਕੇ 'ਚ ਤਾਂ ਚਰਚਾ ਇਹ ਵੀ ਹੈ ਕਿ ਭਾਵੇਂ ਉਹ ਕਿਸੇ ਹੋਰ ਪਾਰਟੀ 'ਚ ਸ਼ਮੂਲੀਅਤ ਤੋਂ ਲੱਖ ਇਨਕਾਰ ਕਰਨ, ਪ੍ਰੰਤੂ ਸੂਤਰਾਂ ਤੋਂ ਕਿਤੇ ਨਾ ਕਿਤੇ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ ਦੀਆਂ ਕਨਸੋਆਂ ਜ਼ਰੂਰ ਮਿਲ ਰਹੀਆਂ ਹਨ।ਜ਼ਿਕਰਯੋਗ ਹੈ ਕਿ ਡਾ. ਨਿਸ਼ਾਨ ਸਿੰਘ ਦੋ ਵਾਰ ਸ੍ਰੋਮਣੀ ਅਕਾਲੀ ਦਲ ਦੀ ਟਿਕਟ ਤੋਂ ਹਲਕਾ (ਬੁਢਲਾਡਾ ਰਾਖਵਾਂ) ਤੋਂ ਚੋਣ ਲੜ ਚੁੱਕੇ ਹਨ ਤੇ ਦੋਵੇਂ ਵਾਰ ਉਨ੍ਹਾਂ ਨੂੰ ਵੋਟਾਂ ਭਾਵੇਂ ਵੱਡੀ ਗਿਣਤੀ 'ਚ ਹਾਸਲ ਹੋਈਆਂ, ਪ੍ਰੰਤੂ ਉਹ ਵਿਧਾਨ ਸਭਾ ਦੀਆਂ ਪੌੜੀਆਂ ਨਹੀਂ ਚੜ੍ਹ ਸਕੇ।ਇਸ ਤੋਂ ਇਲਾਵਾ 2027 ਦੀਆਂ ਚੋਣਾਂ ਲਈ ਵੀ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਉਨ੍ਹਾਂ ਨੂੰ ਉਕਤ ਹਲਕੇ ਤੋਂ ਉਮੀਦਵਾਰ ਐਲਾਨਿਆ ਜਾ ਚੁੱਕਾ ਸੀ।ਕੁੱਝ ਵੀ ਹੋਵੇ, ਡਾ. ਨਿਸ਼ਾਨ ਸਿੰਘ ਦਾ ਅਸਤੀਫਾ ਸ਼੍ਰੋਮਣੀ ਅਕਾਲੀ ਦਲ, ਜੋ ਕਿ ਪਿਛਲੇ ਲੰਬੇ ਅਰਸੇ ਤੋਂ ਸੱਤਾ ਤੋਂ ਬਾਹਰ ਹੈ ਲਈ ਇੱਕ ਵੱਡਾ ਝਟਕਾ ਮੰਨਿਆ ਜਾ ਸਕਦਾ ਹੈ।

## ਜ਼ਿਲ੍ਹੇ 'ਚ ਸਿਹਤ ਕਾਰਡ ਵੰਡਣ ਲਈ ਵਿਸ਼ੇਸ਼ ਕੈਂਪ ਲਾਏ ਜਾਣਗੇ : ਡੀ ਸੀ

### ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਜਾਰੀ

ਮਾਨਸਾ (ਆਤਮਾ ਸਿੰਘ ਪਮਾਰ)-ਪੰਜਾਬ ਸਰਕਾਰ ਵੱਲੋਂ ਨਾਗਰਿਕਾਂ ਨੂੰ ਮਿਆਰੀ ਤੇ ਮੁਫ਼ਤ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ ਨੂੰਮੁੱਖ ਮੰਤਰੀ ਸਿਹਤ ਯੋਜਨਾ' ਨੂੰ ਜ਼ਿਲ੍ਹੇ 'ਚ ਜ਼ਮੀਨੀ ਪੱਧਰ ਤੱਕ ਸੁਚਾਰੂ ਢੰਗ ਨਾਲ ਲਾਗੂ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਸਰਗਰਮ ਹੈ।ਇਸੇ ਲੜੀ ਤਹਿਤ ਬਣਾਏ ਗਏ ਸਿਹਤ ਕਾਰਡਾਂ ਦੀ ਲਾਭਪਾਤਰੀਆਂ ਨੂੰ ਨਿਰਵਿਘਨ ਤੇ ਪਾਰਦਰਸ਼ੀ ਵੰਡ ਲਈ ਜ਼ਿਲ੍ਹੇ ਵਿੱਚ ਵਿਸ਼ੇਸ਼ ਕੈਂਪ ਲਾਏ ਜਾਣਗੇ।

ਡਿਪਟੀ ਕਮਿਸ਼ਨਰ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਲੋੜੀਂਦੇ ਦਿਸ਼ਾ ਨਿਰਦੇਸ਼ ਜਾਰੀ ਕੀਤੇ ਗਏ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨਵਜੋਤ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਮਾਨਸਾ 'ਚ ਪਹਿਲੇ ਪੜਾਅ ਤਹਿਤ ਵੱਖ-ਵੱਖ ਸਥਾਨਾਂ 'ਤੇ ਵਿਸ਼ੇਸ਼ ਵੰਡ ਕੈਂਪ ਲਗਾਏ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਪਿੰਡਾਂ 'ਚ 107 ਤੇ ਸ਼ਹਿਰੀ ਖੇਤਰਾਂ 'ਚ 8 ਕੈਂਪ ਲਗਾਏ ਜਾਣਗੇ, ਤਾਂ ਜੋ ਹਰ ਬਿਨੈਕਾਰ ਪਰਵਾਰ ਤੱਕ ਇਹ ਕਾਰਡ ਆਸਾਨੀ ਨਾਲ ਪਹੁੰਚਾਇਆ ਜਾ ਸਕੇ।ਉਨ੍ਹਾਂ ਸਮੂਹ ਉਪ ਮੰਡਲ ਮੈਜਿਸਟਰੇਟਾਂ ਨੂੰ ਇਨ੍ਹਾਂ ਕੈਂਪਾਂ ਦੀ ਨਿੱਜੀ ਤੌਰ 'ਤੇ ਨਿਗਰਾਨੀ ਕਰਨ ਦੀ ਹਦਾਇਤ ਵੀ ਕੀਤੀ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮਾਨਸਾ, ਬੁਢਲਾਡਾ ਤੇ ਸਰਦੂਲਗੜ੍ਹ ਦੇ ਐੱਸ.ਡੀ.ਐੱਮ. ਆਪੋ-ਆਪਣੇ ਖੇਤਰਾਂ 'ਚ ਸਮੁੱਚੀਆਂ ਤਿਆਰੀਆਂ ਤੇ ਸੁਚਾਰੂ ਪ੍ਰਬੰਧਾਂ ਲਈ ਜ਼ਿੰਮੇਵਾਰ ਹੋਣਗੇ।

# ਮੁੱਖ ਮੰਤਰੀ ਦੇ ਬਿਜਲੀ ਸਰਪਲਸ ਹੋਣ ਦੇ ਝੂਠੇ ਦਾਅਵਿਆਂ ਦੀ ਨਿਕਲੀ ਫੂਕ : ਸੰਨੀ ਗਿੱਲ

### ਸ਼੍ਰੋਮਣੀ ਅਕਾਲੀ ਦਲ ਨੇ ਗਰਿੱਡ ਅੱਗੇ ਰੋਸ ਪ੍ਰਦਰਸ਼ਨ ਕਰਦਿਆਂ ਫੂਕਿਆ ਪੁਤਲਾ



ਮੋਗਾ (ਇਕਬਾਲ ਸਿੰਘ ਖਹਿਰਾ)-ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਮੋਗਾ ਸੰਜੀਤ ਸਿੰਘ ਸੰਨੀ ਗਿੱਲ ਦੀ ਅਗਵਾਈ ਵਿੱਚ ਮੋਗਾ ਲੁਧਿਆਣਾ ਰੋਡ ਤੇ ਸਥਿਤ ਬਿਜਲੀ ਪਾਵਰ ਗਰਿੱਡ ਦੇ ਸਾਹਮਣੇ ਆਪ ਸਰਕਾਰ ਖਿਲਾਫ ਇੱਕ ਰੋਸ ਧਰਨਾ ਲਗਾਇਆ।ਇਸ ਮੌਕੇ ਸੀਨੀਅਰ ਆਗੂਆਂ ਵਿੱਚ ਕੌਂਸਲਰ ਗੋਵਰਧਨ ਪੋਪਲੀ, ਰਾਜਵੰਤ ਸਿੰਘ ਮਾਹਲਾ, ਰਵਦੀਪ ਸਿੰਘ ਸੰਘਾ ਦਾਰਾਪੁਰ, ਬੂਟਾ ਸਿੰਘ ਦੌਲਤਪੁਰਾ, ਦੇਬ ਅਸ਼ੀਸ਼ ਮਲਿਕ ਜ਼ਿਲ੍ਹਾ ਪ੍ਰਧਾਨ ਯੂਥ ਅਕਾਲੀ ਦਲ, ਗੁਰਬਿੰਦ ਸਿੰਘ ਸਿੰਘਾ ਵਾਲਾ, ਜਗਦੀਸ਼ ਛਾਬੜਾ, ਚਰਨਜੀਤ ਸਿੰਘ ਝੰਡੇਆਣਾ, ਮਾਸਟਰ ਗੁਰਦੀਪ ਸਿੰਘ ਮਹੇਸਰੀ, ਬਿਪਨਪਾਲ ਸਿੰਘ ਖੋਸਾ, ਕੁਲਦੀਪ ਸਿੰਘ ਦੀਪਾ ਸਾਰੇ ਸਰਕਲ ਪ੍ਰਧਾਨ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।ਇਸ ਮੌਕੇ ਸੰਜੀਤ ਸਿੰਘ ਸੰਨੀ ਗਿੱਲ ਨੇ ਬੋਲਦਿਆਂ ਕਿਹਾ ਕਿ ਸੂਬੇ ਦੀ ਆਪ ਸਰਕਾਰ ਹਰ ਫਰੰਟ 'ਤੇ ਫੇਲ੍ਹ ਸਾਬਿਤ ਹੋਈ ਹੈ, ਜਿਹੜਾ ਸੂਬੇ ਦਾ ਮੁੱਖ ਮੰਤਰੀ ਭਗਵੰਤ ਮਾਨ ਇਹ ਕਹਿੰਦਾ ਨਹੀਂ ਸੀ ਥੱਕਦਾ ਕਿ ਬਿਜਲੀ ਝੁਮੱਕਾ ਵੀ ਨਹੀਂ ਮਾਰੂਗੀ ਤੇ ਖਾਸ ਕਰਕੇ ਕਿਸਾਨਾਂ ਨੂੰ ਅੱਠ ਘੰਟੇ ਨਿਰਵਿਘਨ ਬਿਜਲੀ ਦੀ ਸਪਲਾਈ ਦਿੱਤੀ ਜਾਵੇਗੀ, ਉਸੇ ਮੁੱਖ ਮੰਤਰੀ ਦੇ ਝੂਠੇ ਦਾਅਵਿਆਂ ਦੀ ਪੋਲ ਖੁੱਲ੍ਹ ਗਈ ਹੈ ਅਤੇ ਸਰਕਾਰ ਬਿਜਲੀ ਦੀ ਸਪਲਾਈ ਦੇ ਮਾਮਲੇ ਵਿੱਚ ਵੀ ਫੇਲ੍ਹ ਹੋ ਗਈ ਹੈ। ਹਾਲਾਤ ਇਸ ਕਦਰ ਬਣੇ ਹੋਏ ਹਨ ਕਿ ਜਿੱਥੇ ਲੋਕਾਂ ਵਿੱਚ ਬਿਜਲੀ ਨੂੰ ਲੈਕੇ ਹਾਹਾਕਾਰ ਮੱਚੀ ਪਈ ਹੈ, ਉੱਥੇ ਕਿਸਾਨਾਂ ਨੂੰ ਆਪਣੀ ਝੋਨੇ ਦੀ ਫ਼ਸਲ ਪਾਲਣੀ ਵੀ ਔਖੀ ਹੋਈ ਪਈ ਹੈ ਤੇ ਕਿਸਾਨ ਪਾਵਰ ਗਰਿੱਡਾਂ ਦੇ ਮੂਹਰੇ ਧਰਨੇ ਦੇਣ ਲਈ ਮਜਬੂਰ ਹਨ। ਉਨ੍ਹਾਂ ਕਿਹਾ ਕਿ ਸਾਲ 2027 ਦੀਆਂ ਚੋਣਾਂ ਵਿੱਚ ਕੁੱਝ ਮਹੀਨੇ ਰਹਿ ਗਏ ਹਨ ਤੇ ਸੂਬੇ ਦੇ ਲੋਕ ਆਪ ਪਾਰਟੀ ਨੂੰ ਸਬਕ ਸਿਖਾਉਣ ਲਈ ਕਾਹਲੇ ਪਏ ਹਨ ਅਤੇ ਆਪਣੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਲਿਆਉਣਗੇ ਤੇ ਸੂਬਾ ਇੱਕ ਵਾਰ ਫਿਰ ਵਿਕਾਸ, ਅਮਨ ਸ਼ਾਂਤੀ ਅਤੇ ਖੁਸ਼ਹਾਲੀ ਵੱਲ ਜਾਵੇਗਾ।ਉਨ੍ਹਾਂ ਵਰਕਰਾਂ ਨੂੰ ਅਪੀਲ ਕੀਤੀ ਕਿ ਸਾਲ 2027 ਦਾ ਚੋਣ ਦੰਗਲ ਜਿੱਤਣ ਲਈ ਹੁਣੇ ਤੋਂ ਹੀ ਤਿਆਰੀ ਕੀਤੀ ਜਾਵੇ, ਕਿਉਂਕਿ ਵਿਰੋਧੀਆਂ ਦੀ ਨੀਂਦ ਹਰਾਮ ਹੋਈ ਪਈ ਹੈ, ਇਸ ਲਈ ਉਹ ਪਾਰਟੀ ਅਤੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਖਿਲਾਫ਼ ਗਲਤ ਭੰਡੀ ਪ੍ਰਚਾਰ ਕਰ ਰਹੇ ਹਨ, ਪਰ ਸੂਬੇ ਦੇ ਲੋਕ ਵਿਰੋਧੀਆਂ ਦੀਆਂ ਸਾਰੀਆਂ ਚਾਲਾਂ ਨੂੰ ਤਾਰ ਤਾਰ ਕਰ ਦੇਣਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਫਿਰੋਜ ਅਲੀ ਭੁੱਟੋ, ਕੁਲਦੀਪ ਸਿੰਘ ਜੋਗੇਵਾਲਾ, ਲਾਲ ਸਿੰਘ ਸਾਬਕਾ ਸਰਪੰਚ ਘੱਲ ਕਲਾਂ, ਪਵਨਦੀਪ ਸਿੰਘ ਘੱਲ ਕਲਾਂ, ਜਸਵੀਰ ਸਿੰਘ ਸੋਨਾ, ਜੁਆਏਦੀਪ ਸ਼ਰਮਾ, ਸੁਖ ਗਿੱਲ, ਗੁਰਪ੍ਰੀਤ ਸਿੰਘ ਚੜਿੱਕ, ਜਸਵਿੰਦਰ ਸਿੰਘ ਛਿੰਦਾ, ਹਰਜਿੰਦਰ ਸਿੰਘ ਅੰਟੂ, ਗੁਰਚਰਨ ਸਿੰਘ ਕਾਲੀਏ ਵਾਲਾ, ਬੋਹੜ ਸਿੰਘ ਰੱਤੀਆਂ, ਅਵਤਾਰ ਸਿੰਘ ਤਾਰੀ ਮੈਂਬਰ, ਨਸ਼ੀਬ ਸਿੰਘ ਰੱਤੂ, ਬਲਜੀਤ ਸਿੰਘ ਸਰਪੰਚ ਡਰੋਲੀ ਭਾਈ, ਲਖਵੀਰ ਸਿੰਘ ਖੋਖਰ, ਹਰਪਾਲ ਸਿੰਘ ਆਦਿ ਹਾਜ਼ਰ ਸਨ।

## ਚੌਥਾ ਆਯੂਸ਼ ਮੈਡੀਕਲ ਕੈਂਪ ਜੀ ਏ ਡੀ ਚੁਗੱਤੇ ਵਾਲਾ 'ਚ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਆਯੂਸ਼ ਕਮਿਸ਼ਨਰ ਪੰਜਾਬ ਡਾਇਰੈਕਟਰ ਆਫ ਆਯੁਰਵੇਦ ਪੰਜਾਬ ਡਾਕਟਰ ਰਮਨ ਖੰਨਾ, ਡਾਇਰੈਕਟਰ ਆਫ ਹੋਮਿਓਪੈਥੀ ਪੰਜਾਬ ਡਾਕਟਰ ਹਰਿੰਦਰਪਾਲ ਸਿੰਘ, ਜ਼ਿਲ੍ਹਾ ਆਯੁਰਵੇਦਿਕ ਤੇ ਯੂਨਾਨੀ ਅਫ਼ਸਰ ਡਾਕਟਰ ਰੁਪਿੰਦਰਦੀਪ ਕੌਰ ਗਿੱਲ ਅਤੇ ਜ਼ਿਲ੍ਹਾ ਹੋਮਿਓਪੈਥੀ ਅਫਸਰ ਡਾਕਟਰ ਰੁਪਿੰਦਰ ਕੌਰ ਦੀ ਯੋਗ ਅਗਵਾਈ ਹੇਠ ਚੌਥਾ ਆਯੂਸ਼ ਮੈਡੀਕਲ ਕੈਂਪ, ਜੀ.ਏ.ਡੀ. ਚੁਗੱਤੇ ਵਾਲਾ ਵਿਖੇ ਲਗਾਇਆ ਗਿਆ। ਇਸ ਕੈਂਪ ਦੌਰਾਨ ਆਯੂਰਵੈਦਿਕ ਵਿਭਾਗ ਵੱਲੋਂ ਡਾਕਟਰ ਸੁਮਨ ਧੰਜੂ, ਡਾਕਟਰ ਪ੍ਰਵੀਨ ਕੁਮਾਰ ਰਾਣਾ ਤੇ ਰਜਨੀ ਬਾਲਾ, ਬੇਅੰਤ ਕੌਰ ਉਪਵੈਦ, ਬਲਵਿੰਦਰ ਸਿੰਘ, ਤਰਸੇਮ ਸਿੰਘ, ਕਿਰਨ ਰਾਣੀ ਯੋਗਾ ਇੰਸਟਰਕਟਰ ਤੇ ਹੋਮਿਓਪੈਥੀ ਵਿਭਾਗ ਵੱਲੋਂ ਡਾਕਟਰ ਸਤਨਾਮ ਸਿੰਘ ਗਿੱਲ, ਬਲਜੀਤ ਸਿੰਘ, ਗੁਰਵਿੰਦਰ ਸਿੰਘ ਡਿਸਪੈਂਸਰ ਨੇ ਡਿਊਟੀ ਨਿਭਾਈ। ਇਸ ਕੈਂਪ ਵਿੱਚ 480 ਮਰੀਜ਼ਾਂ ਦੀ ਜਾਂਚ ਕੀਤੀ ਗਈ ਤੇ ਫਰੀ ਸ਼ੂਗਰ ਟੈਸਟ ਕੀਤੇ ਗਏ ਤੇ ਮੁਫ਼ਤ ਦਵਾਈਆਂ ਵੰਡੀਆਂ ਗਈਆਂ।

## ਬਲਜਿੰਦਰ ਢਿੱਲੋਂ ਵੱਲੋਂ ਪਿੰਗਲਾ ਆਸ਼ਰਮ ਦੇ ਉਪਰਾਲਿਆਂ ਦੀ ਸ਼ਲਾਘਾ



ਸਨੌਰ (ਰਾਜਿੰਦਰ ਸਿੰਘ ਥਿੰਦ)-ਚੇਅਰਮੈਨ ਤੇ ਲੋਕ ਸਭਾ ਇੰਚਾਰਜ ਬਲਜਿੰਦਰ ਸਿੰਘ ਢਿੱਲੋਂ ਨੇ ਹਲਕਾ ਸਨੌਰ ਵਿਖੇ ਸਥਿਤ ਆਲ ਇੰਡੀਆ ਪਿੰਗਲਾ ਆਸ਼ਰਮ ਵਿਖੇ ਪਹੁੰਚ ਕੇ ਬਾਬਾ ਬਲਬੀਰ ਸਿੰਘ ਜੀ ਨਾਲ ਮੁਲਾਕਾਤ ਕਰਦਿਆਂ ਆਸ਼ਰਮ ਵੱਲੋਂ ਮਨੁੱਖਤਾ ਦੀ ਭਲਾਈ ਲਈ ਕੀਤੇ ਜਾ ਰਹੇ ਸੇਵਾ ਕਾਰਜਾਂ ਸਬੰਧੀ ਵਿਚਾਰ-ਚਰਚਾ ਕੀਤੀ ਗਈ।ਇਸ ਮੌਕੇ ਆਸ਼ਰਮ ਵੱਲੋਂ ਬੇਸਹਾਰਾ, ਲਾਵਾਰਿਸ, ਦਿਵਿਆਂਗ ਤੇ ਬੇਸਹਾਰਾ ਬਜ਼ੁਰਗਾਂ ਦੀ ਸੇਵਾ-ਸੰਭਾਲ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ ਗਈ।ਇਸ ਮੌਕੇ ਬਲਜਿੰਦਰ ਢਿੱਲੋਂ ਨੇ ਕਿਹਾ ਕਿ ਜਿਨ੍ਹਾਂ ਲੋਕਾਂ ਦਾ ਕੋਈ ਸਹਾਰਾ ਨਹੀਂ ਹੁੰਦਾ, ਉਨ੍ਹਾਂ ਨੂੰ ਸਹਾਰਾ ਦੇਣਾ ਤੇ ਲੋੜਵੰਦਾਂ ਦੀ ਸੇਵਾ ਕਰਨਾ ਸੱਚੀ ਮਨੁੱਖਤਾ ਦੀ ਨਿਸ਼ਾਨੀ ਹੈ।ਆਲ ਇੰਡੀਆ ਪਿੰਗਲਾ ਆਸ਼ਰਮ ਵੱਲੋਂ ਨਿਸ਼ਕਾਮ ਭਾਵਨਾ ਨਾਲ ਕੀਤੀ ਜਾ ਰਹੀ ਸੇਵਾ ਸਮਾਜ ਲਈ ਇੱਕ ਪ੍ਰੇਰਣਾਦਾਇਕ ਮਿਸਾਲ ਹੈ।ਇਸ ਮੌਕੇ ਲੋਕ ਸਭਾ ਟੀਮ ਮੈਂਬਰ ਲਖਵਿੰਦਰ ਸਿੰਘ ਢਿੱਲੋਂ, ਗੱਜਣ ਸਿੰਘ ਜ਼ਿਲ੍ਹਾ ਮੀਡੀਆ ਸੈਕਟਰੀ ਪਟਿਆਲਾ, ਮਨਦੀਪ ਜੋਲਾ ਚੇਅਰਮੈਨ ਦਲਿਤ ਵਿਕਾਸ ਬੋਰਡ, ਰਿੱਕੂ ਕੁਮਾਰ, ਸੁਰਜੀਤ ਸਿੰਘ ਪਹਾੜੀਪੁਰ, ਕੇਵਲ ਸਿੰਘ, ਜਸਵਿੰਦਰ ਸਿੰਘ ਤੋਂ ਇਲਾਵਾ ਹੋਰ ਸਾਥੀ ਮੌਜੂਦ ਸਨ।

## ਸਿਹਤ ਕਾਮਿਆਂ ਦੀਆਂ ਵਾਧੂ ਡਿਊਟੀਆਂ ਰੱਦ ਕਰਨ ਦੀ ਮੰਗ



ਫਿਰੋਜ਼ਪੁਰ (ਗੁਰਬਚਨ ਸਿੰਘ)-ਪੈਰਾ ਮੈਡੀਕਲ ਸਿਹਤ ਮੁਲਾਜ਼ਮ ਸੰਘਰਸ਼ ਕਮੇਟੀ ਪੰਜਾਬ ਦੇ ਆਗੂਆਂ ਨੇ ਇੱਕ ਮੀਟਿੰਗ ਕੀਤੀ, ਜਿਸ ਦੌਰਾਨ ਸੰਘਰਸ਼ ਕਮੇਟੀ ਦੇ ਕੋਆਰਡੀਨੇਟਰ ਨਰਿੰਦਰ ਸ਼ਰਮਾ ਤੇ ਗੁਲਜ਼ਾਰ ਖਾਂ ਨੇ ਦੱਸਿਆ ਕਿ ਕਈ ਜ਼ਿਲ੍ਹਿਆਂ ਵਿੱਚ ਸਿਹਤ ਵਿਭਾਗ ਦੇ ਮੁਲਾਜ਼ਮਾਂ ਦੀਆਂ ਡਿਊਟੀਆਂ ਰਾਸ਼ਨ ਕਾਰਡ ਬਣਾਉਣ ਤੇ ਬੀ ਐੱਲ ਓ ਡਿਊਟੀਆਂ ਅਤੇ ਹੋਰ ਥਾਵਾਂ 'ਤੇ ਡਿਊਟੀਆਂ ਲਗਾਈਆਂ ਜਾ ਰਹੀਆਂ ਹਨ, ਜਦਕਿ ਸਿਹਤ ਵਿਭਾਗ ਵਿੱਚ ਮੁਲਾਜ਼ਮਾਂ ਦੀਆਂ ਪੋਸਟਾਂ ਪਹਿਲਾਂ ਹੀ ਪੂਰੀਆਂ ਨਹੀਂ ਹਨ।ਸਟਾਫ ਦੀ ਕਮੀ ਹੋਣ ਕਰਕੇ ਲੋਕਾਂ ਨੂੰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਵਿੱਚ ਕਾਫੀ ਪ੍ਰੇਸ਼ਾਨੀਆਂ ਆਉਂਦੀਆਂ ਹਨ।ਸਿਹਤ ਵਿਭਾਗ ਵਿੱਚ ਮੁਲਾਜ਼ਮਾਂ ਦੀ ਕਮੀਂ ਨੂੰ ਪੂਰਾ ਕਰਨ ਲਈ ਸਰਕਾਰ ਵੱਲੋਂ ਨਵੀਆਂ ਭਰਤੀਆਂ ਕਰਨ ਦੀ ਬਜਾਏ ਪੈਰਾ-ਮੈਡੀਕਲ ਕਰਮਚਾਰੀਆਂ ਦੀਆਂ ਵਾਧੂ ਡਿਊਟੀਆਂ ਹੋਰ ਵਿਭਾਗਾਂ ਦੇ ਕੰਮ 'ਤੇ ਲਗਾਈਆਂ ਜਾ ਰਹੀਆਂ ਹਨ ਅਤੇ ਇਸ ਸਮੇਂ ਡੇਂਗੂ ਦਾ ਸੀਜ਼ਨ ਪੂਰੇ ਜ਼ੋਰਾਂ 'ਤੇ ਚੱਲ ਰਿਹਾ ਹੈ, ਜਿਸ ਕਾਰਨ ਸਿਹਤ ਸਹੂਲਤਾਂ ਪ੍ਰਭਾਵਿਤ ਹੋ ਰਹੀਆਂ ਹਨ।ਜਥੇਬੰਦੀ ਵੱਲੋਂ ਇਸ ਵਰਤਾਰੇ ਦਾ ਵਿਰੋਧ ਕਰਦਿਆਂ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਗਈ ਕਿ ਸਿਹਤ ਵਿਭਾਗ ਦੇ ਮੁਲਾਜ਼ਮਾਂ ਦੀਆਂ ਵਾਧੂ ਡਿਊਟੀਆਂ ਰੱਦ ਕੀਤੀਆਂ ਜਾਣ, ਜੇਕਰ ਇਹ ਵਾਧੂ ਡਿਊਟੀਆਂ ਰੱਦ ਨਹੀਂ ਕੀਤੀਆਂ ਜਾਂਦੀਆਂ ਤਾਂ ਜਥੇਬੰਦੀ ਜਲਦ ਹੀ ਅਗਲੀ ਮੀਟਿੰਗ ਕਰਕੇ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ।ਇਸ ਸਮੇਂ ਵਿਰਸਾ ਸਿੰਘ ਪੰਨੂ, ਗਗਨਦੀਪ ਸਿੰਘ ਬਠਿੰਡਾ, ਗੁਰਦੇਵ ਸਿੰਘ ਅੰਮ੍ਰਿਤਸਰ, ਸੁਖਵਿੰਦਰ ਸਿੰਘ ਦੋਦਾ, ਸੰਦੀਪ ਸਿੰਘ ਸਿੱਧੂ, ਮਨਜੀਤ ਸਿੰਘ ਤਰਨਤਾਰਨ, ਰਜਵੰਤ ਸਿੰਘ ਬਾਗੜੀਆ, ਸੁਨੀਲ ਤਰਗੋਤਰਾ, ਰਾਜਿੰਦਰ ਬੱਲੂਆਣਾਂ, ਗੁਰਵਿੰਦਰ ਸਿੰਘ ਤਰਨਤਾਰਨ, ਰਣਜੀਤ ਕੌਰ, ਸਰਬਜੀਤ ਕੌਰ, ਬਲਜੀਤ ਕੌਰ ਫਿਰੋਜ਼ਪੁਰ, ਇੰਦਰਜੀਤ ਕੌਰ ਫਿਰੋਜ਼ਪੁਰ ਆਦਿ ਆਗੂ ਮੀਟਿੰਗ ਵਿੱਚ ਹਾਜ਼ਰ ਸਨ।

## ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਜਨਮ ਦਿਨ 'ਤੇ ਖੂਨਦਾਨ ਕੈਂਪ



ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)-ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ 76ਵੇਂ ਜਨਮ ਦਿਨ ਮੌਕੇ 'ਸੇਵਾ ਸੰਕਲਪ ਅਭਿਆਨ' ਤਹਿਤ ਭਾਰਤੀ ਜਨਤਾ ਪਾਰਟੀ ਦਫ਼ਤਰ ਫ਼ਰੀਦਕੋਟ ਵਿਖੇ ਇੱਕ ਵਿਸ਼ੇਸ਼ ਖੂਨਦਾਨ ਕੈਂਪ ਲਾਇਆ ਗਿਆ।ਇਸ ਮਹਾਨ ਸੇਵਾ ਕਾਰਜ ਦੀ ਸ਼ੁਰੂਆਤ ਜ਼ਿਲ੍ਹਾ ਪ੍ਰਧਾਨ ਸੰਦੀਪ ਸਿੰਘ (ਸੰਨੀ ਬਰਾੜ) ਨੇ ਖੁਦ ਖੂਨ ਦਾਨ ਕਰਕੇ ਕੀਤੀ।ਇਹ ਕੈਂਪ 'ਅਤੁਲਯਾ ਬਲੱਡ ਸੈਂਟਰ' (ਊਸ਼ਾ ਬਾਂਸਲ ਨਰਸਿੰਗ ਹੋਮ, ਕੋਟਕਪੂਰਾ ਰੋਡ, ਸ੍ਰੀ ਮੁਕਤਸਰ ਸਾਹਿਬ) ਦੇ ਵਿਸ਼ੇਸ਼ ਸਹਿਯੋਗ ਨਾਲ ਲਗਾਇਆ ਗਿਆ, ਜਿਸ ਦੌਰਾਨ ਕੁੱਲ 51 ਯੂਨਿਟ ਖੂਨ ਇਕੱਤਰ ਕੀਤਾ ਗਿਆ।ਕੈਂਪ ਦੌਰਾਨ ਭਾਜਪਾ ਟੀਮ ਤੇ ਸਥਾਨਕ ਆਗੂਆਂ ਨੇ ਪ੍ਰਧਾਨ ਮੰਤਰੀ ਦੀ ਲੰਮੀ ਉਮਰ ਤੇ ਚੜ੍ਹਦੀ ਕਲਾ ਲਈ ਵਾਹਿਗੁਰੂ ਅੱਗੇ ਅਰਦਾਸ ਕੀਤੀ।ਪ੍ਰਬੰਧਕਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸੇਵਾ, ਸੁਸ਼ਾਸਨ ਤੇ ਵਿਕਾਸ ਦੇ ਪ੍ਰੇਰਣਾ ਸਰੋਤ ਹਨ ਅਤੇ ਉਨ੍ਹਾਂ ਦੇ ਜਨਮ ਦਿਨ ਨੂੰ ਮਨੁੱਖਤਾ ਦੀ ਸੇਵਾ ਵਜੋਂ ਮਨਾਉਣਾ ਹੀ ਸਭ ਤੋਂ ਵੱਡਾ ਉਪਹਾਰ ਹੈ।ਕੈਂਪ ਵਿੱਚ ਸ਼ਿਰਕਤ ਕਰਨ ਵਾਲੇ ਹਰੇਕ ਖੂਨਦਾਨੀਆਂ ਨੂੰ ਪ੍ਰਸੰਸਾ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਟੀਮ ਨੇ ਅਤੁਲਯਾ ਬਲੱਡ ਸੈਂਟਰ ਦੇ ਅਰਵਿੰਦਰ ਸਿੰਘ, ਪ੍ਰਕਾਸ਼ ਸਿੰਘ ਤੇ ਉਨ੍ਹਾਂ ਦੀ ਪੂਰੀ ਟੀਮ ਦਾ ਵਿਸ਼ੇਸ਼ ਧੰਨਵਾਦ ਕੀਤਾ, ਜਿਨ੍ਹਾਂ ਦੇ ਯੋਗਦਾਨ ਨਾਲ ਇਹ ਕੈਂਪ ਸਫਲਤਾਪੂਰਵਕ ਨੇਪਰੇ ਚੜ੍ਹਿਆ।ਇਸ ਮੌਕੇ ਫ਼ਰੀਦਕੋਟ ਭਾਜਪਾ ਦੀ ਸਮੁੱਚੀ ਟੀਮ ਹਾਜ਼ਰ ਸੀ।

## ਨਗਰ ਨਿਗਮ ਕਰਮਚਾਰੀਆਂ ਵੱਲੋਂ ਵਿਧਾਇਕ ਦੇ ਘਰ ਦਾ ਘੇਰਾਓ




ਲੁਧਿਆਣਾ (ਰਾਜ ਸਿੰਗਲਾ)-ਪਿਛਲੇ ਕਈ ਮਹੀਨਿਆਂ ਤੋਂ ਨਗਰ ਨਿਗਮ ਦੇ ਮੁਲਾਜ਼ਮਾਂ ਵੱਲੋਂ ਸੰਘਰਸ਼ ਕੀਤਾ ਜਾ ਰਿਹਾ ਹੈ ਕਿ ਉਨ੍ਹਾਂ ਨੂੰ ਪੱਕੇ ਕੀਤਾ ਜਾਵੇ, ਪਰ ਸਰਕਾਰ ਵੱਲੋਂ ਮੁੱਖ ਮੰਤਰੀ ਪੰਜਾਬ ਨੇ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਨੂੰ ਮੰਨਦੇ ਹੋਏ ਤਨਖਾਹਾਂ ਵਿੱਚ ਵਾਧਾ ਕਰਨ ਦਾ ਵਿਸ਼ਵਾਸ ਦਿਵਾਇਆ ਸੀ, ਪਰ ਕਈ ਮਹੀਨੇ ਬੀਤਣ ਉਪਰੰਤ ਤਨਖਾਹ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ। ਇਹ ਵਿਚਾਰ ਨਗਰ ਨਿਗਮ ਲੁਧਿਆਣਾ ਦੇ ਕਰਮਚਾਰੀਆਂ ਵੱਲੋਂ ਲੁਧਿਆਣਾ ਦੇ ਵਿਧਾਇਕ ਅਸ਼ੋਕ ਕੁਮਾਰ ਪੱਪੀ ਦੇ ਘਰ ਦਾ ਘੇਰਾਓ ਕਰਦਿਆਂ ਕਹੇ।ਸੰਘਰਸ਼ ਯੂਨੀਅਨ ਦੇ ਵਰਕਰਾਂ ਵੱਲੋਂ ਜਦੋਂ ਵਿਧਾਇਕ ਦੇ ਘਰ ਦਾ ਘੇਰਾਓ ਕੀਤਾ ਗਿਆ ਤਾਂ ਵਿਧਾਇਕ ਵੱਲੋਂ ਉਨ੍ਹਾਂ ਦਾ ਲੱਡੂ ਖਵਾ ਕੇ ਸਵਾਗਤ ਕੀਤਾ ਗਿਆ।ਸੰਘਰਸ਼ੀ ਯੋਧਿਆਂ ਵੱਲੋਂ ਕਿਹਾ ਗਿਆ ਕਿ ਵਧਾਇਕ ਵੱਲੋਂ ਵਿਸ਼ਵਾਸ ਤਾਂ ਦਿਵਾਇਆ ਗਿਆ ਹੈ ਕਿ ਉਨ੍ਹਾਂ ਦੀਆਂ ਤਨਖਾਹ ਵਿੱਚ ਵਾਧਾ ਕੀਤਾ ਜਾਵੇਗਾ।ਸੰਘਰਸ਼ੀ ਆਗੂਆਂ ਨੇ ਕਿਹਾ ਕਿ 'ਪੰਚਾਇਤ ਦਾ ਕਿਹਾ ਸਿਰ ਮੱਥੇ ਪਰਨਾਲਾ ਉੱਥੇ ਦਾ ਉਥੇ' ਵਾਲੀ ਕਹਾਵਤ ਹੀ ਜਾਪ ਰਹੀ ਹੈ। ਸੰਘਰਸ਼ ਯੂਨੀਅਨ ਆਗੂਆਂ ਵੱਲੋਂ ਉਨ੍ਹਾਂ ਦੀਆਂ ਮੰਗਾਂ ਨਾ ਲਾਗੂ ਕਰਨ 'ਤੇ ਸੰਘਰਸ਼ ਨੂੰ ਤੇਜ਼ ਕਰਨ ਦੀ ਚੇਤਾਵਨੀ ਵੀ ਦਿੱਤੀ ਗਈ।

## ਝੋਨੇ ਦੀ ਖਰੀਦ ਯਕੀਨੀ ਬਣਾਈ ਜਾਵੇ : ਧੂੜਕੋਟ



ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਸ਼ੇਰ-ਏ-ਪੰਜਾਬ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸ੍. ਆਤਮਾ ਸਿੰਘ ਧੂੜਕੋਟ ਨੇ ਪੰਜਾਬ ਸਰਕਾਰ ਤੇ ਸਬੰਧਤ ਵਿਭਾਗਾਂ ਤੋਂ ਮੰਗ ਕੀਤੀ ਹੈ ਕਿ ਆਉਣ ਵਾਲੇ ਝੋਨੇ ਦੇ ਖਰੀਦ ਸੀਜ਼ਨ ਦੌਰਾਨ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਾ ਆਉਣ ਦਿੱਤੀ ਜਾਵੇ ਤੇ ਖਰੀਦ ਨੂੰ ਸੁਚਾਰੂ ਢੰਗ ਨਾਲ ਯਕੀਨੀ ਬਣਾਇਆ ਜਾਵੇ।ਉਨ੍ਹਾ ਕਿਹਾ ਕਿ ਕਿਸਾਨਾਂ ਵੱਲੋਂ ਪੂਰੇ ਸਾਲ ਮਿਹਨਤ ਕਰਕੇ ਫ਼ਸਲ ਤਿਆਰ ਕੀਤੀ ਜਾਂਦੀ ਹੈ।ਇਸ ਲਈ ਮੰਡੀਆਂ ਵਿੱਚ ਆਮਦ ਸ਼ੁਰੂ ਹੋਣ ਤੋਂ ਪਹਿਲਾਂ ਹੀ ਖਰੀਦ, ਲਿਫਟਿੰਗ ਤੇ ਭੰਡਾਰਨ ਦੇ ਪੁਖ਼ਤਾ ਪ੍ਰਬੰਧ ਕੀਤੇ ਜਾਣ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਲਈ ਮੰਡੀਆਂ ਵਿੱਚ ਖੱਜਲ-ਖੁਆਰ ਨਾ ਹੋਣਾ ਪਵੇ ਤੇ ਖਰੀਦੀ ਗਈ ਫ਼ਸਲ ਦੀ ਸਮੇਂ ਸਿਰ ਲਿਫਟਿੰਗ ਵੀ ਯਕੀਨੀ ਬਣਾਈ ਜਾਵੇ।ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਮੰਡੀਆਂ ਵਿੱਚ ਬਾਰਦਾਨੇ, ਤੋਲ ਤੇ ਹੋਰ ਲੋੜੀਂਦੇ ਪ੍ਰਬੰਧ ਪਹਿਲਾਂ ਹੀ ਮੁਕੰਮਲ ਕੀਤੇ ਜਾਣ ਅਤੇ ਕਿਸਾਨਾਂ ਨੂੰ ਫ਼ਸਲ ਦੀ ਅਦਾਇਗੀ ਵੀ ਨਿਰਧਾਰਤ ਸਮੇਂ ਅਨੁਸਾਰ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਕਿਸਾਨਾਂ ਦੇ ਹਿੱਤਾਂ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

## ਸਮਾਜਸੇਵੀ ਬਿੰਦਰ ਮਨੀਲਾ ਨੇ 13 ਲੜਕੀਆਂ ਦੇ ਸਮੂਹਕ ਅਨੰਦ ਕਾਰਜ ਕਰਵਾਏ



ਜਗਰਾਉਂ (ਨਛੱਤਰ ਸੰਧੂ)-ਦੀਵਾਨ ਟੋਡਰ ਮੱਲ ਚੈਰੀਟੇਬਲ ਸੁਸਾਇਟੀ ਜਗਰਾਉਂ ਦੇ ਸਹਿਯੋਗ ਨਾਲ ਉੱਘੇ ਸਮਾਜਸੇਵੀ ਬਿੰਦਰ ਮਨੀਲਾ ਵੱਲੋਂ ਆਪਣੇ ਜਨਮ ਦਿਨ ਦੀ ਖੁਸ਼ੀ ਵਿੱਚ 13 ਲੜਕੀਆਂ ਦੇ ਸਮੂਹਕ ਅਨੰਦ ਕਾਰਜ ਕਰਵਾਏ ਗਏ।ਗੁਰਦੁਆਰਾ ਬਾਬਾ ਬੋਹੜ ਦਾਸ ਅਗਵਾੜ ਲੋਪੋ ਵਿੱਚ ਅੱਜ ਲੜਕੀਆਂ ਦੇ ਵਿਆਹਾਂ ਨੂੰ ਲੈ ਕੇ ਪੂਰੀ ਚਹਿਲ ਪਹਿਲ ਦੇਖੀ ਗਈ ਤੇ ਬਿੰਦਰ ਮਨੀਲਾ ਵੱਲੋਂ ਕੀਤੇ ਗਏ ਸਮੁੱਚੇ ਪ੍ਰਬੰਧਾਂ ਦੀ ਹਰ ਪਾਸੇ ਸ਼ਲਾਘਾ ਹੁੰਦੀ ਰਹੀ।ਇਸ ਮੌਕੇ ਆਏ ਹੋਏ ਬਰਾਤੀਆਂ ਤੇ ਹੋਰ ਪਤਵੰਤੇ ਸੱਜਣਾਂ ਨੂੰ ਤਰ੍ਹਾਂ-ਤਰ੍ਹਾਂ ਦੇ ਪਕਵਾਨ ਖਵਾਏ ਗਏ, ਉਥੇ ਜ਼ਰੂਰਤਮੰਦ ਲੜਕੀਆਂ ਨੂੰ ਵਿਆਹਾਂ ਦਾ ਵਧੀਆ ਸਾਰਾ ਸਾਮਾਨ ਦਿੱਤਾ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਸਮਾਜਸੇਵੀ ਬਿੰਦਰ ਮਨੀਲਾ ਨੇ ਕਿਹਾ ਕਿ ਸਾਡੇ ਸਮਾਜ ਵਿੱਚ ਧੀ ਦਾ ਦਾਨ ਸਭ ਤੋਂ ਉੱਤਮ ਮੰਨਿਆ ਗਿਆ ਹੈ।ਕਿਸੇ ਗਰੀਬ ਲੜਕੀ ਦੀ ਸ਼ਾਦੀ ਕਰਕੇ ਉਸ ਦੇ ਪਿਤਾ ਦੇ ਸਿਰ ਤੋਂ ਵੱਡਾ ਭਾਰ ਲਾਹੁਣਾ ਹੈ।ਅਖੀਰ ਵਿੱਚ ਉਨ੍ਹਾਂ ਸਮੂਹ ਨਵ-ਵਿਆਹੇ ਜੋੜਿਆਂ ਨੂੰ ਅਸ਼ੀਰਵਾਦ ਦਿੰਦਿਆਂ ਸੁਖੀ ਵਸਣ ਦੀ ਕਾਮਨਾ ਕੀਤੀ।

# ਆਲ ਇੰਡੀਆ ਕਿਸਾਨ ਮਹਾਂ ਸਭਾ ਦਾ ਪੰਜਵਾਂ ਡੈਲੀਗੇਟ ਅਜਲਾਸ ਭਲਕ ਤੋਂ



ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਸੀਪੀਆਈ ਐੱਮ ਐੱਲ ਲਿਬਰੇਸ਼ਨ ਦੇ ਜ਼ਿਲ੍ਹਾ ਸਕੱਤਰ ਤੇ ਪੰਜਾਬ ਕਿਸਾਨ ਯੂਨੀਅਨ ਦੇ ਸੂਬਾਈ ਆਗੂ ਕਾਮਰੇਡ ਬਲਬੀਰ ਸਿੰਘ ਮੂਧਲ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ 20 ਤੋਂ 21 ਸਤੰਬਰ ਨੂੰ ਆਲ ਇੰਡੀਆ ਕਿਸਾਨ ਮਹਾਸਭਾ ਦਾ ਪੰਜਵਾਂ ਡੈਲੀਗੇਟ ਅਜਲਾਸ ਦੇਸ਼ ਭਗਤ ਹਾਲ ਜਲੰਧਰ ਵਿਖੇ ਹੋ ਰਿਹਾ ਹੈ।ਉਨ੍ਹਾਂ ਅੱਗੇ ਦੱਸਿਆ ਕਿ ਉਸ ਅਜਲਾਸ ਤੋਂ ਪਹਿਲਾਂ 20 ਸਤਬਰ ਦਿਨ ਐਤਵਾਰ ਨੂੰ ਮਜ਼ਦੂਰ ਕਿਸਾਨ ਇਤਿਹਾਸਕ ਰੈਲੀ ਹੋ ਰਹੀ ਹੈ ਜੋ ਇਤਿਹਾਸਕ ਹੋਵੇਗੀ ਕਿਉਂਕਿ ਪਜਾਬ ਦੀਆਂ ਦੋ ਨਾਮਵਰ ਜਥੇਬੰਦੀਆਂ ਪੰਜਾਬ ਕਿਸਾਨ ਯੂਨੀਅਨ ਅਤੇ ਜਮਹੂਰੀ ਕਿਸਾਨ ਸਭਾ ਇਕ ਹੋ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਇਹ ਦੋਵੇਂ ਜਥੇਬੰਦੀਆਂ ਕੁਲ ਹਿੰਦ ਕਿਸਾਨ ਮਹਾ ਸਭਾ ਦੇ ਝੰਡੇ ਹੇਠ ਆਪਣੀ ਏਕਤਾ ਦਾ ਐਲਾਨ ਕਰਨਗੀਆਂ।ਇਸ ਇਤਿਹਾਸਕ ਰੈਲੀ ਨੂੰ ਕਿਸਾਨ ਆਗੂਆਂ ਤੋਂ ਇਲਾਵਾ ਸੀ.ਪੀ.ਆਈ. ਐੱਮ.ਐੱਲ. ਲਿਬਰੇਸ਼ਨ ਦੇ ਆਲ ਇਡੀਆ ਦੇ ਸਕੱਤਰ ਕਾਮਰੇਡ ਦੀਪਾਂਕਰ ਭੱਟਾਚਾਰੀਆ ਅਤੇ ਆਰ ਐੱਮ ਪੀ ਆਈ ਦੇ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਸੰਬੋਧਨ ਕਰਨਗੇ।ਇਸ ਮੌਕੇ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰਾ ਅਤੇ ਆਰ.ਐੱਮ.ਪੀ.ਆਈ. ਦੇ ਪਜਾਬ ਦੇ ਆਗੂ ਰੈਲੀ ਨੂੰ ਸੰਬੋਧਨ ਕਰਨਗੇ।

ਇਸ ਸੰਮੇਲਨ ਦੀ ਤਿਆਰੀ ਹਿੱਤ ਜਥੇਬੰਦੀਆਂ ਪੂਰਾ ਜ਼ੋਰ ਲਾ ਕੇ ਕਰ ਰਹੀਆਂ ਹਨ।ਪੰਜਾਬ ਕਿਸਾਨ ਯੂਨੀਅਨ ਦੀ ਜ਼ਿਲ੍ਹਾ ਅੰਮ੍ਰਿਤਸਰ ਦੀ ਟੀਮ ਜਿਸ ਵਿਚ ਮੰਗਲ ਸਿੰਘ ਧਰਮਕੋਟ, ਸ਼ਮਸ਼ੇਰ ਸਿੰਘ ਹੇਰ, ਭੁਪਿੰਦਰ ਸਿੰਘ ਮੀਰਾਂਕੋਟ ਅਤੇ ਕੁਲਵਿੰਦਰ ਸਿੰਘ ਅਜਨਾਲਾ ਨੇ ਕਿਹਾ ਕਿ ਸਾਰੇ ਜ਼ਿਲ੍ਹੇ ਵਿੱਚੋਂ ਬੱਸਾਂ ਅਤੇ ਕਾਰਾਂ ਰਾਹੀਂ ਇਸ ਇਤਿਹਾਸਕ ਰੈਲੀ ਵਿੱਚ ਮਜ਼ਦੂਰ ਮੁਕਤੀ ਮੋਰਚਾ ਤੇ ਪਜਾਬ ਕਿਸਾਨ ਯੂਨੀਅਨ ਦੇ ਵਰਕਰ ਹੁੰਮ -ਹੁਮਾ ਕੇ ਪਹੁੰਚਣਗੇ ਕਿਉਂਕਿ ਦੋਵਾਂ ਜਥੇਬੰਦੀਆਂ ਦੀ ਏਕਤਾ ਦਾ ਦੋਵਾਂ ਜਥੇਬੰਦੀਆਂ ਦੇ ਵਰਕਰਾਂ ਤੇ ਆਮ ਲੋਕਾਂ ਵੱਲੋਂ ਬਹੁਤ ਖੁਸ਼ੀ ਦਾ ਪ੍ਰਗਟਾਵਾ ਕੀਤਾ ਜਾ ਰਿਹਾ।

# ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਵੱਲੋਂ ਸੇਖਵਾਂ ਦੇ ਘਰ ਮੂਹਰੇ ਰੋਸ ਪ੍ਰਦਰਸ਼ਨ ਅੱਜ



ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਸਰਵ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਪੰਜਾਬ ਵੱਲੋਂ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ 19 ਸਤੰਬਰ ਨੂੰ ਆਮ ਆਦਮੀ ਪਾਰਟੀ ਪੰਜਾਬ ਦੇ ਉਪ ਪ੍ਰਧਾਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਦੇ ਘਰ ਮੂਹਰੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਰੋਸ ਪ੍ਰਦਰਸ਼ਨ ਵਿੱਚ ਧਾਰੀਵਾਲ, ਕਾਦੀਆਂ, ਗੁਰਦਾਸਪੁਰ ਅਤੇ ਕਾਹਨੂੰਵਾਨ ਨਾਲ ਸਬੰਧਤ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਵੱਲੋਂ ਸ਼ਮੂਲੀਅਤ ਕੀਤੀ ਜਾਵੇਗੀ। ਇਹ ਜਾਣਕਾਰੀ ਯੂਨੀਅਨ ਦੀ ਸੂਬਾ ਪ੍ਰਧਾਨ ਬਰਿੰਦਰਜੀਤ ਕੌਰ ਛੀਨਾ, ਧਾਰੀਵਾਲ ਬਲਾਕ/ਜ਼ਿਲ੍ਹਾ ਗੁਰਦਾਸਪੁਰ ਦੀ ਪ੍ਰਧਾਨ ਕੰਵਲਜੀਤ ਕੌਰ ਚਾਹਲ, ਜਨਰਲ ਸਕੱਤਰ ਪੰਜਾਬ ਹਰਪ੍ਰੀਤ ਕੌਰ ਸਿਧਪੁਰ ਅਤੇ ਜ਼ਿਲ੍ਹਾ ਮੀਤ ਪ੍ਰਧਾਨ ਬਲਜਿੰਦਰ ਕੌਰ ਨੇ ਸਾਂਝੇ ਤੌਰ 'ਤੇ ਦਿੱਤੀ। ਉਨ੍ਹਾਂ ਕਿਹਾ ਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਆਮ ਆਦਮੀ ਪਾਰਟੀ ਵੱਲੋਂ ਆਪਣੇ ਚੋਣ ਮੈਨੀਫੈਸਟੋ ਵਿੱਚ ਆਂਗਣਵਾੜੀ ਵਰਕਰਾਂ, ਹੈਲਪਰਾਂ ਅਤੇ ਕਰੈੱਚ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦਾ ਮਾਣ-ਭੱਤਾ ਦੁੱਗਣਾ ਕਰਨ ਦਾ ਵਾਅਦਾ ਕੀਤਾ ਗਿਆ ਸੀ ਪਰ ਸਾਢੇ ਚਾਰ ਸਾਲ ਤੋਂ ਵੱਧ ਦਾ ਕਾਰਜਕਾਲ ਬੀਤ ਜਾਣ ਦੇ ਬਾਵਜੂਦ ਇਹ ਵਾਅਦਾ ਪੂਰਾ ਨਹੀਂ ਕੀਤਾ ਗਿਆ। ਜਥੇਬੰਦੀ ਦੇ ਆਗੂਆਂ ਨੇ ਮੰਗ ਕੀਤੀ ਕਿ ਸਰਕਾਰ ਆਪਣੇ ਚੋਣ ਵਾਅਦੇ ਅਨੁਸਾਰ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦਾ ਮਾਣ-ਭੱਤਾ ਜਲਦੀ ਤੋਂ ਜਲਦੀ ਦੁੱਗਣਾ ਕਰੇ ਅਤੇ ਪਿਛਲੇ ਸਾਢੇ ਚਾਰ ਸਾਲਾਂ ਦਾ ਬਕਾਇਆ ਵੀ ਤੁਰੰਤ ਜਾਰੀ ਕੀਤਾ ਜਾਵੇ, ਸਾਲਾਨਾ ਇਨਕਰੀਮੈਂਟ 2,000 ਰੁਪਏ ਕਰਨ ਅਤੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਘੱਟੋ-ਘੱਟ ਉਜ਼ਰਤ ਦੇਣ ਦੇ ਮੰਗ ਕੀਤੀ ਅਤੇ ਇਸ ਤੋਂ ਇਲਾਵਾ ਜਥੇਬੰਦੀ ਦੀ ਮੁੱਖ ਮੰਤਰੀ ਨਾਲ ਮੀਟਿੰਗ ਤੈਅ ਕਰਵਾਈ ਜਾਵੇ।

# ਗੁ. ਡੇਹਰਾ ਸਾਹਿਬ ਤੋਂ ਪੂਰੇ ਜਾਹੋ-ਜਲਾਲ ਨਾਲ ਸਜਾਈ ਪਾਲਕੀ, ਹਜ਼ਾਰਾਂ ਸੰਗਤਾਂ ਹੋਈਆਂ ਨਤਮਸਤਕ



ਬਟਾਲਾ, (ਤਰਲੋਕ ਬੱਗਾ)- ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਅਤੇ ਜਗਤ ਮਾਤਾ ਸੁਲੱਖਣੀ ਦੇ ਵਿਆਹ ਪੁਰਬ ਮੌਕੇ ਗੁਰਦੁਆਰਾ ਡੇਹਰਾ ਸਾਹਿਬ ਤੋਂ ਸਜਾਏ ਨਗਰ ਕੀਰਤਨ ਵਿੱਚ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਹਾਜ਼ਰੀ ਭਰੀ ਤੇ ਨਤਮਸਤਕ ਹੋ ਕੇ ਗੁਰੂ ਜੀ ਦਾ ਆਸ਼ੀਰਵਾਦ ਲਿਆ।ਇਸ ਮੌਕੇ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਅੱਜ ਸਵੇਰੇ ਗੁਰਦੁਆਰਾ ਡੇਹਰਾ ਸਾਹਿਬ ਤੋਂ ਨਗਰ ਕੀਰਤਨ ਸਜਾਏ ਗਏ ਹਨ।ਉਨ੍ਹਾਂ ਕਿਹਾ ਕਿ ਨਗਰ ਕੀਰਤਨ ਵਿੱਚ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਹੈ।ਉਨ੍ਹਾਂ ਕਿਹਾ ਕਿ ਵੱਡੀ ਤਾਦਾਦ ਵਿੱਚ ਸ਼ਰਧਾਲੂ, ਗੁਰਦੁਆਰਾ ਸ੍ਰੀ ਕੰਧ ਸਾਹਿਬ ਤੇ ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਦੇ ਦਰਸ਼ਨ ਕਰ ਰਹੇ ਹਨ ਅਤੇ ਨਗਰ ਕੀਰਤਨ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨਤਮਸਤਕ ਹੋ ਰਹੀਆਂ ਹਨ।ਇਸ ਮੌਕੇ ਵਿਧਾਇਕ ਸ਼ੈਰੀ ਕਲਸੀ ਵਲੋਂ ਲੰਗਰ ਦੀ ਸੇਵਾ ਕੀਤੀ ਗਈ ਤੇ ਸਮੂਹ ਸੰਗਤਾਂ ਨੂੰ ਪਾਵਨ ਦਿਹਾੜੇ ਦੀ ਮੁਬਾਰਕਬਾਦ ਦਿੱਤੀ। ਉਨ੍ਹਾਂ ਅੱਗੇ ਕਿਹਾ ਕਿ ਸ਼ਹਿਰ ਅੰਦਰ ਵੱਖ-ਵੱਖ ਥਾਵਾਂ ’ਤੇ ਸੰਗਤਾਂ ਲਈ ਲੰਗਰ ਚੱਲ ਰਹੇ ਹਨ ਅਤੇ ਸੰਗਤਾਂ ਦੀ ਸਹੂਲਤ ਲਈ ਸਚਾਰੂ ਢੰਗ ਨਾਲ ਪ੍ਰਬੰਧ ਕੀਤੇ ਗਏ ਹਨ।ਇਸ ਮੌਕੇ ਮੈਂਬਰ ਭੁਪਿੰਦਰ ਸਿੰਘ ਬਾਜਵਾ, ਅੰਮ੍ਰਿਤ ਕਲਸੀ, ਤਰੁਨ ਕਲਸੀ, ਚੇਅਰਮੈਨ ਯਸ਼ਪਾਲ ਚੌਹਾਨ, ਚੇਅਰਮੈਨ ਮਾਨਿਕ ਮਹਿਤਾ, ਪਲਵਿੰਦਰ ਸਿੰਘ ਲੰਬੜਦਾਰ, ਪ੍ਰਧਾਨ ਵੀਨੂੰ ਕਾਹਲੋਂ, ਅਮਰੀਕ ਸਿੰਘ ਲੰਬੜਦਾਰ, ਮਨਜੀਤ ਸਿੰਘ ਬੁਮਰਾਹ, ਦਵਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਮੌਜੂਦ ਸਨ।


# ਐੱਸ ਆਈ ਆਰ ਪ੍ਰਕਿਰਿਆ ਸਬੰਧੀ ਅਮਨ ਭੱਲਾ ਕਾਲਜ ਦੇ ਵਿਦਿਆਰਥੀਆਂ ਨੂੰ ਕੀਤਾ ਜਾਗਰੂਕ



ਪਠਾਨਕੋਟ (ਦਵਿੰਦਰ ਸਿੰਘ)- ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰਾਈ ਨਾਲ ਸਮੀਖਿਆ ਨੂੰ ਲੈ ਕੇ ਲੋਕਾਂ ਵਿੱਚ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ ਜ਼ਿਲ੍ਹਾ ਸਵੀਪ ਟੀਮ ਪਠਾਨਕੋਟ ਵੱਲੋਂ ਅਮਨ ਭੱਲਾ ਕਾਲਜ ਕੋਟਲੀ ਪਠਾਨਕੋਟ ਵਿਖੇ ਜਾਗਰੂਕਤਾ ਸੈਮੀਨਾਰ ਮੁੱਖ ਚੋਣ ਅਧਿਕਾਰੀ ਪੰਜਾਬ ਅਤੇ ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਪਠਾਨਕੋਟ ਡਾ. ਪੱਲਵੀ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਸਵੀਪ ਅਧਿਕਾਰੀ-ਕਮ-ਜ਼ਿਲ੍ਹਾ ਭੂਮੀ ਰੱਖਿਆ ਅਧਿਕਾਰੀ ਗੁਰਪ੍ਰੀਤ ਸਿੰਘ ਦੀ ਅਗਵਾਈ ਹੇਠ ਕਰਵਾਇਆ ਗਿਆ।ਇਸ ਮੌਕੇ ਸਹਾਇਕ ਜ਼ਿਲ੍ਹਾ ਨੋਡਲ ਅਧਿਕਾਰੀ ਸਵੀਪ ਬੀ ਐੱਨ ਓ ਰਵੀ ਕਾਂਤ, ਹਰਸਿਮਰਨਜੀਤ ਸਿੰਘ, ਅਮਿਤ ਡੋਗਰਾ ਅਤੇ ਵਿਵੇਕ ਡੋਗਰਾ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਬੀ ਐੱਨ ਓ ਰਵੀ ਕਾਂਤ ਨੇ ਵਿਦਿਆਰਥੀਆਂ ਨੂੰ ਐੱਸ ਆਈ ਆਰ. ਤਹਿਤ ਚੱਲ ਰਹੀ ਪ੍ਰਕਿਰਿਆ, ਵੋਟਰ ਸੂਚੀਆਂ ਦੀ ਜਾਂਚ ਅਤੇ ਲੋੜੀਂਦੀ ਸੋਧਾਂ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੱਤੀ।


ਉਨ੍ਹਾਂ ਕਿਹਾ ਕਿ 18 ਸਾਲ ਦੀ ਉਮਰ ਪੂਰੀ ਕਰ ਚੁੱਕੇ ਹਰੇਕ ਯੋਗ ਨੌਜਵਾਨ ਨੂੰ ਆਪਣਾ ਵੋਟ ਜ਼ਰੂਰ ਬਣਵਾਉਣਾ ਚਾਹੀਦਾ ਹੈ ਅਤੇ ਆਪਣੇ ਵੋਟ ਦੇ ਅਧਿਕਾਰ ਦੀ ਜ਼ਿੰਮੇਵਾਰੀ ਨਾਲ ਵਰਤੋਂ ਕਰਨੀ ਚਾਹੀਦੀ ਹੈ।ਸਵੀਪ ਟੀਮ ਨੇ ਦੱਸਿਆ ਕਿ ਐੱਸ.ਆਈ.ਆਰ. ਪ੍ਰਕਿਰਿਆ ਰਾਹੀਂ ਬੂਥ ਲੈਵਲ ਅਧਿਕਾਰੀਆਂ ਵੱਲੋਂ ਘਰ-ਘਰ ਜਾ ਕੇ ਵੋਟਰਾਂ ਨਾਲ ਸਬੰਧਤ ਜਾਣਕਾਰੀ ਦੀ ਜਾਂਚ ਕੀਤੀ ਜਾ ਰਹੀ ਹੈ। ਲੋਕਾਂ ਨੂੰ ਬੀ.ਐੱਲ.ਓ. ਨੂੰ ਸਹੀ ਜਾਣਕਾਰੀ ਮੁਹੱਈਆ ਕਰਵਾਉਣ ਦੇ ਨਾਲ-ਨਾਲ ਵੋਟਰ ਸੂਚੀ ਵਿੱਚ ਨਾਮ, ਪਤਾ ਜਾਂ ਹੋਰ ਵੇਰਵਿਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਗਲਤੀ ਹੋਣ ਦੀ ਸੂਰਤ ਵਿੱਚ ਸਮੇਂ ਸਿਰ ਉਸ ਨੂੰ ਦਰੁਸਤ ਕਰਵਾਉਣ ਲਈ ਸਹਿਯੋਗ ਕਰਨਾ ਚਾਹੀਦਾ ਹੈ।ਇਸ ਮੌਕੇ ਅਮਨ ਭੱਲਾ ਕਾਲਜ ਦੇ ਪ੍ਰਿੰਸੀਪਲ ਪੂਜਾ ਓਹਰੀ, ਪ੍ਰੋਫੈਸਰ ਗੌਰਵ ਸੈਣੀ ਸਮੇਤ ਸੰਸਥਾ ਦਾ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਬੀ ਵੀ ਐੱਨ ਸਕੂਲ ਭੰਗਾਲੀ ਕਲਾਂ ਵਿਖੇ ਇਨਾਮ ਵੰਡ ਸਮਾਗਮ ਕਰਵਾਇਆ



ਮਜੀਠਾ (ਸੋਇਮ ਆਨੰਦ/ਪ੍ਰੀਤਮ ਸਿੰਘ)-ਬਾਲ ਵਿੱਦਿਆ ਨਿਕੇਤਨ ਸਕੂਲ ਭੰਗਾਲੀ ਕਲਾਂ ਵਿਖੇ ਸਕੂਲ ਚੇਅਰਮੈਨ ਵੇਦ ਕੁਮਾਰ ਕਪਾਹੀ, ਮੈਨੇਜਰ ਸਤਨਾਮ ਸਿੰਘ ਅਤੇ ਪ੍ਰਿੰਸੀਪਲ ਪਵਨਦੀਪ ਕੌਰ ਬੱਲ ਦੀ ਅਗਵਾਈ ਹੇਠ ਇਨਾਮ ਵੰਡ ਸਮਾਗਮ ਕਰਾਇਆ ਗਿਆ। ਇਸ ਮੌਕੇ ਸਕੂਲ ਚੇਅਰਮੈਨ ਕਪਾਹੀ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਸਕੂਲੀ ਪੜ੍ਹਾਈ ਦੇ ਨਾਲ ਨਾਲ ਧਾਰਮਿਕ ਸਿੱਖਿਆ ਅਤੇ ਹੋਰ ਵੀ ਗਤੀਵਿਧੀਆਂ ਵਿੱਚ ਭਾਗ ਲੈਣਾ ਚਾਹੀਦਾ ਹੈ।ਇਸ ਮੌਕੇ ਬੀਤੇ ਸਮੇਂ ਦੌਰਾਨ ਪ੍ਰੀਖਿਆ ਵਿੱਚੋਂ ਅੱਵਲ ਆਏ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਚੇਅਰਮੈਨ ਵੇਦ ਕੁਮਾਰ ਕਪਾਹੀ, ਪ੍ਰਿੰਸੀ ਜੋਗਾ ਸਿੰਘ ਅਠਵਾਲ, ਗੁਰਚਰਨ ਸਿੰਘ ਬੇਗੇਵਾਲ, ਕੁਲਵੰਤ ਸਿੰਘ ਬੱਲ, ਮੈਨੇਜਰ ਸਤਨਾਮ ਸਿੰਘ ਰੰਧਾਵਾ, ਸੁਖਵਿੰਦਰ ਸਿੰਘ ਪੰਚ ਗੁਰਦੇਵ ਸਿੰਘ, ਕੁਲਵਿੰਦਰ ਕੌਰ ਰੰਧਾਵਾ, ਸਕੂਲ ਪ੍ਰਿੰਸੀਪਲ ਪਵਨਦੀਪ ਕੌਰ, ਅਮਦੀਪ ਕੌਰ, ਗਗਨਦੀਪ ਕੌਰ, ਜਸਪ੍ਰੀਤ ਕੌਰ, ਸੁੱਖਪ੍ਰੀਤ ਕੌਰ ਸਮੇਤ ਸਮੂਹ ਸਟਾਫ ਅਤੇ ਬੱਚੇ ਅਤੇ ਉਨਾਂ ਦੇ ਮਾਪੇ ਵੀ ਹਾਜ਼ਰ ਸਨ।

# ਸਾਬਕਾ ਸਰਪੰਚ ਅਮਰਜੀਤ ਸਿੰਘ ਬਘੇਲ ਸਿੰਘ ਵਾਲਾ ਨੂੰ ਸਦਮਾ; ਚਾਚੇ ਦਾ ਦਿਹਾਂਤ



ਝਬਾਲ (ਹਰਜਿੰਦਰ ਸਿੰਘ ਸੋਨੀ)-ਬਾਬਾ ਰੇਸ਼ਮ ਸਿੰਘ ਛੀਨਾ ਦੇ ਸਹੁਰਾ ਅਤੇ ਸਾਬਕਾ ਸਰਪੰਚ ਅਮਰਜੀਤ ਸਿੰਘ ਬਘੇਲ ਸਿੰਘ ਵਾਲਾ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਚਾਚਾ ਧਿਆਨ ਸਿੰਘ ਦਾ ਸੰਖੇਪ ਜਿਹੀ ਬਿਮਾਰੀ ਤੋਂ ਬਾਅਦ ਦਿਹਾਂਤ ਹੋ ਗਿਆ।ਉਨ੍ਹਾਂ ਦਾ ਅੰਤਿਮ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਝਬਾਲ ਬਘੇਲ ਸਿੰਘ ਵਾਲਾ ਵਿਖੇ ਕਰ ਦਿੱਤਾ ਗਿਆ।ਉਨ੍ਹਾਂ ਪਰਿਵਾਰ ਨਾਲ ਦੁੱਖ ਪ੍ਰਗਟਾਵਾ ਕਰਦੇ ਹੋਏ ਕਾਂਗਰਸ ਪਾਰਟੀ ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ, ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਰਾਜਬੀਰ ਸਿੰਘ ਭੁੱਲਰ, ਅਕਾਲੀ ਦੱਲ ਹਲਕਾ ਇੰਚਾਰਜ ਕੰਚਨਪ੍ਰੀਤ ਕੌਰ, ਸੀਨੀਅਰ ਕਾਂਗਰਸੀ ਆਗੂ ਅਮਰੀਕ ਸਿੰਘ ਵਰਪਾਲ, ਚੇਅਰਮੈਨ ਰਮਨ ਕੁਮਾਰ ਝਬਾਲ, ਕਾਮਰੇਡ ਜਸਬੀਰ ਸਿੰਘ, ਸਰਪੰਚ ਪ੍ਰਗਟ ਸਿੰਘ ਬਾਬਾ ਲੰਗਾਹ ਝਬਾਲ, ਸਰਪੰਚ ਸੋਨੂੰ ਦੋਦੇ ਬਰਾੜ, ਸਰਪੰਚ ਗੁਰਚਰਨ ਸਿੰਘ ਖੈਰਦੀ, ਸਰਪੰਚ ਗੁਰਪਾਲ ਸਿੰਘ ਜਗਤਪੁਰਾ, ਸਰਪੰਚ ਨਰਿੰਦਰ ਕੁਮਾਰ ਪੱਪਾ, ਆਮ ਆਦਮੀ ਪਾਰਟੀ ਸੀਨੀਅਰ ਆਗੂ ਵਿਕਰਮ ਸਿੰਘ ਢਿੱਲੋਂ, ਹਰਜਿੰਦਰ ਸਿੰਘ ਲਾਲਾ, ਸਰਪੰਚ ਜਤਿੰਦਰ ਸਿੰਘ, ਹਰਜੋਤ ਸਿੰਘ ਛਾਪਾ, ਕਸ਼ਮੀਰ ਸਿੰਘ ਫੌਜੀ, ਜੋਤ ਬਘੇਲ ਸਿੰਘ ਵਾਲਾ, ਕਾਮਰੇਡ ਦਵਿੰਦਰ ਕੁਮਾਰ ਸੋਹਲ, ਕਾਮਰੇਡ ਅਸ਼ੋਕ ਕੁਮਾਰ ਸੋਹਲ, ਪ੍ਰਧਾਨ ਅਸ਼ੋਕ ਕੁਮਾਰ ਸ਼ਰਮਾ, ਨਿੱਪੀ ਸੂਦ, ਬਲਵਿੰਦਰ ਸਿੰਘ, ਬਲਜੀਤ ਸਿੰਘ, ਪੂਰਨ ਸਿੰਘ, ਬਾਬਾ ਵਰਿਆਮ ਸਿੰਘ, ਬਲਵਿੰਦਰ ਸਿੰਘ ਮਿੰਟੂ, ਮੈਨੇਜਰ ਦਿਲਬਾਗ ਸਿੰਘ, ਮੈਂਬਰ ਪ੍ਰਗਟ ਸਿੰਘ, ਗਿਆਨੀ ਤਰਲੋਚਨ ਸਿੰਘ ਨੇ ਪਰਿਵਾਰ ਨੂੰ ਕਦੇ ਨਾ ਪੂਰਾ ਹੋਣ ਵਾਲ਼ਾ ਘਾਟਾ ਦੱਸਿਆ।

# ਸੀ ਪੀ ਆਈ ਦੀ ਕਾਨਫਰੰਸ ਵਿਰੋਧੀਆਂ ਨੂੰ ਸੋਚਣ ਲਈ ਮਜਬੂਰ ਕਰ ਦੇਵੇਗੀ: ਕਾਮਰੇਡ ਦਦੇਹਰ ਸਾਹਿਬ




ਚੋਹਲਾ ਸਾਹਿਬ (ਰਮਨ ਚੱਢਾ)-ਭਾਰਤੀ ਕਮਿਊਨਿਸਟ ਪਾਰਟੀ (ਸੀ.ਪੀ.ਆਈ.) ਵੱਲੋਂ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਗੁਰਤਾਗੱਦੀ ਦਿਵਸ ਨੂੰ ਸਮਰਪਿਤ 1 ਅਕਤੂਬਰ ਨੂੰ ਖਡੂਰ ਸਾਹਿਬ ਵਿਖੇ ਕੀਤੀ ਜਾ ਰਹੀ ਵਿਸ਼ਾਲ ਕਾਨਫਰੰਸ ਵਿਰੋਧੀ ਧਿਰਾਂ ਨੂੰ ਸੋਚਣ ਲਈ ਮਜਬੂਰ ਕਰ ਦੇਵੇਗੀ।ਇਹ ਦਾਅਵਾ ਪਾਰਟੀ ਦੇ ਬਲਾਕ ਚੋਹਲਾ ਸਾਹਿਬ ਅਤੇ ਨੌਸ਼ਹਿਰਾ ਪੰਨੂਆਂ ਦੇ ਸਾਂਝੇ ਸਕੱਤਰ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਸਾਹਿਬ ਨੇ ਚੋਹਲਾ ਸਾਹਿਬ ਵਿਖੇ ਹੋਈ ਪਾਰਟੀ ਮੀਟਿੰਗ ਤੋਂ ਬਾਅਦ ਜਾਣਕਾਰੀ ਦਿੰਦਿਆਂ ਕੀਤਾ।ਇਹ ਮੀਟਿੰਗ ਪਾਰਟੀ ਦੇ ਜ਼ਿਲ੍ਹਾ ਕੌਂਸਲ ਮੈਂਬਰ ਕਾਮਰੇਡ ਪਰਮਜੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਤੋਂ ਬਾਅਦ ਗੱਲਬਾਤ ਕਰਦਿਆਂ ਕਾਮਰੇਡ ਦਦੇਹਰ ਸਾਹਿਬ ਨੇ ਕਿਹਾ ਕਿ ਅਕਾਲੀ ਦਲ, ਕਾਂਗਰਸ, ਭਾਜਪਾ ਅਤੇ ਆਮ ਆਦਮੀ ਪਾਰਟੀ ਵਰਗੀਆਂ ਰਵਾਇਤੀ ਪਾਰਟੀਆਂ ਲੋਕਾਂ ਨੂੰ ਤਰ੍ਹਾਂ-ਤਰ੍ਹਾਂ ਦੇ ਲਾਲਚ ਦੇ ਕੇ ਇਕੱਠ ਕਰਦੀਆਂ ਹਨ।ਇਸ ਦੇ ਉਲਟ, ਸੀ. ਪੀ. ਆਈ. ਦੀ ਕਾਨਫਰੰਸ ਵਿੱਚ ਛੋਟੇ ਦੁਕਾਨਦਾਰ, ਮਜ਼ਦੂਰ, ਕਿਸਾਨ ਅਤੇ ਵਿਦਿਆਰਥੀ ਬਿਨਾਂ ਕਿਸੇ ਲਾਲਚ ਤੋਂ ਆਪ ਮੁਹਾਰੇ ਸ਼ਾਮਿਲ ਹੋਣਗੇ।ਉਨ੍ਹਾਂ ਰਵਾਇਤੀ ਪਾਰਟੀਆਂ ’ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਇਹ ਪਾਰਟੀਆਂ ਆਪਣੇ ਅਸੂਲਾਂ ਤੋਂ ਭਟਕ ਚੁੱਕੀਆਂ ਹਨ ਅਤੇ ਪੁਰਾਣੇ ਕੁਰਬਾਨੀ ਵਾਲੇ ਪਰਿਵਾਰਾਂ ਨੂੰ ਅਣਗੌਲਿਆਂ ਕਰਕੇ ਨਵੇਂ ਉਮੀਦਵਾਰ ਖਰੀਦ ਕੇ ਚੋਣ ਮੈਦਾਨ ਵਿੱਚ ਉਤਾਰ ਰਹੀਆਂ ਹਨ।ਉਨ੍ਹਾਂ ਕੇਂਦਰ ਦੀ ਮੋਦੀ ਸਰਕਾਰ ਦੀ ਆਲੋਚਨਾ ਕਰਦਿਆਂ ਕਿਹਾ ਕਿ ਖਾਣ-ਪੀਣ ਦੀਆਂ ਚੀਜ਼ਾਂ ਦੀਆਂ ਲਗਾਤਾਰ ਵਧ ਰਹੀਆਂ ਕੀਮਤਾਂ ਕਾਰਨ ਗਰੀਬ ਲੋਕਾਂ ਲਈ ਗੁਜ਼ਾਰਾ ਕਰਨਾ ਮੁਸ਼ਕਿਲ ਹੋ ਗਿਆ ਹੈ।

ਉਨ੍ਹਾਂ ਦੱਸਿਆ ਕਿ 1 ਅਕਤੂਬਰ ਦੀ ਕਾਨਫਰੰਸ ਦੌਰਾਨ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਜਨ-ਵਿਰੋਧੀ ਨੀਤੀਆਂ ਦੀ ਪੋਲ ਖੋਲ੍ਹਣ ਲਈ ਕੇਂਦਰੀ ਅਤੇ ਸੂਬਾਈ ਆਗੂ ਵਿਸ਼ੇਸ਼ ਤੌਰ ’ਤੇ ਪਹੁੰਚ ਕੇ ਸੰਬੋਧਨ ਕਰਨਗੇ।


ਇਸ ਮੌਕੇ ਕਾਮਰੇਡ ਲਖਵਿੰਦਰ ਸਿੰਘ ਦਦੇਹਰ ਸਾਹਿਬ, ਰਜਿੰਦਰ ਸਿੰਘ, ਸ਼ਮਸ਼ੇਰ ਸਿੰਘ, ਸੁਰਜੀਤ ਸਿੰਘ, ਗੁਰਪਾਲ ਸਿੰਘ, ਚਰਨਜੀਤ ਸਿੰਘ ਅਤੇ ਮੇਜਰ ਸਿੰਘ ਸਮੇਤ ਚੋਹਲਾ ਸਾਹਿਬ ਦੇ ਕਈ ਕਾਮਰੇਡ ਸਾਥੀ ਹਾਜ਼ਰ ਸਨ।

# ਸਵਾ ਮਹੀਨੇ ਤੋਂ ਲਾਪਤਾ ਮੰਗਲ ਸਿੰਘ ਦੀ ਭਾਲ ਲਈ ਮਦਦ ਦੀ ਗੁਹਾਰ



ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)- ਅਜਨਾਲਾ ਦੇ ਸਰਹੱਦੀ ਪਿੰਡ ਜਸਤਰਵਾਲ ਨਾਲ ਸਬੰਧਤ ਅਤੇ ਇਸ ਸਮੇਂ ਗੁਰਦੁਆਰਾ ਬਾਬਾ ਜੀਵਨ ਸਿੰਘ ਅਜਨਾਲਾ ਨੇੜੇ ਰਹਿ ਰਹੇ ਇੱਕ ਪਰਿਵਾਰ ਲਈ ਉਸ ਵੇਲੇ ਮੁਸ਼ਕਲਾਂ ਹੋਰ ਵਧ ਗਈਆਂ, ਜਦੋਂ ਪਰਿਵਾਰ ਦਾ ਮੁਖੀ ਮੰਗਲ ਸਿੰਘ ਪਿਛਲੇ ਸਵਾ ਮਹੀਨੇ ਤੋਂ ਭੇਤਭਰੀ ਹਾਲਤ ਵਿੱਚ ਲਾਪਤਾ ਹੈ, ਪਰਿਵਾਰ ਵੱਲੋਂ ਰਿਸ਼ਤੇਦਾਰਾਂ, ਦੋਸਤਾਂ, ਵੱਖ-ਵੱਖ ਪਿੰਡਾਂ ਅਤੇ ਡੇਰਿਆਂ ਵਿੱਚ ਭਾਲ ਕੀਤੀ ਜਾ ਚੁੱਕੀ ਹੈ, ਪਰ ਅਜੇ ਤੱਕ ਮੰਗਲ ਸਿੰਘ ਦਾ ਕੋਈ ਥਹੁ-ਪਤਾ ਨਹੀਂ ਲੱਗ ਸਕਿਆ। ਮੰਗਲ ਸਿੰਘ ਦੇ ਪੁੱਤਰ ਗੁਰਪ੍ਰੀਤ ਸਿੰਘ ਢਿੱਲੋਂ ਨੇ ਦੱਸਿਆ ਕਿ ਉਨ੍ਹਾਂ ਦਾ ਇੱਕ ਭਰਾ ਫ਼ੌਜ ਵਿੱਚ ਨੌਕਰੀ ਕਰਦਾ ਹੈ, ਜਦਕਿ ਉਹ ਖੁਦ ਰੁਜ਼ਗਾਰ ਦੀ ਭਾਲ ਵਿੱਚ ਦੂਜੇ ਸੂਬਿਆਂ ਵਿੱਚ ਰਹਿ ਰਿਹਾ ਹੈ।ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਪਿਤਾ 13 ਅਗਸਤ ਨੂੰ ਅਜਨਾਲਾ ਸਥਿਤ ਘਰ ਤੋਂ ਸਥਾਨਕ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕਣ ਲਈ ਗਏ ਸਨ, ਪਰ ਇਸ ਤੋਂ ਬਾਅਦ ਉਹ ਮੁੜ ਘਰ ਨਹੀਂ ਪਰਤੇ।ਸੀ. ਸੀ. ਟੀ. ਵੀ. ਫੁਟੇਜ ਰਾਹੀਂ ਉਨ੍ਹਾਂ ਨੂੰ ਪਿਤਾ ਦੀਆਂ ਕੁਝ ਤਸਵੀਰਾਂ ਜ਼ਰੂਰ ਮਿਲੀਆਂ ਹਨ, ਪਰ ਇਸ ਤੋਂ ਬਾਅਦ ਉਨ੍ਹਾਂ ਬਾਰੇ ਕੋਈ ਹੋਰ ਜਾਣਕਾਰੀ ਨਹੀਂ ਮਿਲ ਸਕੀ।ਪਰਿਵਾਰ ਵੱਲੋਂ ਥਾਣਾ ਅਜਨਾਲਾ ਦੀ ਪੁਲਸ ਨੂੰ ਲਿਖਤੀ ਦਰਖ਼ਾਸਤ ਦੇ ਕੇ ਮੰਗ ਕੀਤੀ ਗਈ ਹੈ ਕਿ ਮੰਗਲ ਸਿੰਘ ਦੀ ਭਾਲ ਲਈ ਹਰ ਸੰਭਵ ਕਾਨੂੰਨੀ ਮਦਦ ਕੀਤੀ ਜਾਵੇ ਅਤੇ ਉਸ ਨੂੰ ਜਲਦ ਤੋਂ ਜਲਦ ਲੱਭਿਆ ਜਾਵੇ।ਪੁਲਸ ਅਧਿਕਾਰੀ ਨੇ ਕਿਹਾ ਕਿ ਲੋੜੀਂਦੀ ਕਾਨੂੰਨੀ ਚਾਰਾਜੋਈ ਕੀਤੀ ਜਾ ਰਹੀ ਹੈ।

# ਇਤਿਹਾਸਕ ਨਗਰ ਚੋਹਲਾ ਸਾਹਿਬ ਦੀਆਂ ਗਲੀਆਂ ਨੇ ਧਾਰਿਆ ਨਰਕ ਦਾ ਰੂਪ, ਲੋਕਾਂ ’ਚ ਭਾਰੀ ਰੋਸ



ਚੋਹਲਾ ਸਾਹਿਬ :(ਰਮਨ ਚੱਢਾ)- ਹਲਕਾ ਖਡੂਰ ਸਾਹਿਬ ਦੇ ਅਧੀਨ ਆਉਂਦੇ ਇਤਿਹਾਸਕ ਨਗਰ ਚੋਹਲਾ ਸਾਹਿਬ ਦੀਆਂ ਗਲੀਆਂ ਅੱਜ-ਕੱਲ੍ਹ ਪ੍ਰਸ਼ਾਸਨ ਅਤੇ ਪੰਚਾਇਤ ਦੀ ਅਣਦੇਖੀ ਕਾਰਨ ਨਰਕ ਦਾ ਰੂਪ ਧਾਰਨ ਕਰ ਚੁੱਕੀਆਂ ਹਨ, ਜਿਸ ਕਰਕੇ ਇਲਾਕਾ ਨਿਵਾਸੀ ਬੇਹੱਦ ਪਰੇਸ਼ਾਨ ਹਨ।ਮਿਲੀ ਜਾਣਕਾਰੀ ਅਨੁਸਾਰ ਪਿੰਡ ਦੇ ਕੁਝ ਲੋਕਾਂ ਵੱਲੋਂ ਬਿਨਾਂ ਕਿਸੇ ਸਰਕਾਰੀ ਪ੍ਰਵਾਨਗੀ ਜਾਂ ਪਰਮਿਸ਼ਨ ਤੋਂ ਆਪਣੀ ਮਰਜ਼ੀ ਨਾਲ ਗਲੀਆਂ ਪੁੱਟ ਕੇ ਉੱਚੀਆਂ ਕੀਤੀਆਂ ਜਾ ਰਹੀਆਂ ਹਨ।ਇਸ ਮਨਮਰਜ਼ੀ ਕਾਰਨ ਗਲੀਆਂ ਦਾ ਸੰਤੁਲਨ ਵਿਗੜ ਗਿਆ ਹੈ ਅਤੇ ਪਾਣੀ ਦੀ ਨਿਕਾਸੀ ਪੂਰੀ ਤਰ੍ਹਾਂ ਠੱਪ ਹੋ ਚੁੱਕੀ ਹੈ।ਗਲੀਆਂ ਵਿੱਚ ਗੰਦਾ ਪਾਣੀ ਲਗਾਤਾਰ ਖੜ੍ਹਾ ਰਹਿਣ ਕਾਰਨ ਮੱਛਰਾਂ ਅਤੇ ਕੀਟਾਣੂਆਂ ਦਾ ਪ੍ਰਕੋਪ ਵਧ ਰਿਹਾ ਹੈ, ਜੋ ਕਿ ਭਿਆਨਕ ਬਿਮਾਰੀਆਂ ਨੂੰ ਖੁੱਲ੍ਹਾ ਸੱਦਾ ਦੇ ਰਿਹਾ ਹੈ।ਖੱਡਿਆਂ ਅਤੇ ਪਾਣੀ ਦੇ ਭਰਾਅ ਕਰਕੇ ਆਮ ਲੋਕਾਂ, ਬਜ਼ੁਰਗਾਂ ਅਤੇ ਸਕੂਲੀ ਬੱਚਿਆਂ ਦਾ ਲੰਘਣਾ ਬੇਹੱਦ ਔਖਾ ਹੋ ਗਿਆ ਹੈ।ਸਥਾਨਕ ਲੋਕਾਂ ਦਾ ਦੋਸ਼ ਹੈ ਕਿ ਨਾ ਤਾਂ ਗ੍ਰਾਮ ਪੰਚਾਇਤ ਅਤੇ ਨਾ ਹੀ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਵੱਲੋਂ ਇਸ ਗੈਰ-ਕਾਨੂੰਨੀ ਪੁਟਾਈ ਨੂੰ ਰੋਕਣ ਲਈ ਕੋਈ ਕਾਰਵਾਈ ਕੀਤੀ ਜਾ ਰਹੀ ਹੈ।ਇਲਾਕਾ ਨਿਵਾਸੀਆਂ ਨੇ ਪੰਜਾਬ ਸਰਕਾਰ, ਸਬੰਧਿਤ ਸਰਪੰਚ ਅਤੇ ਬੀ.ਡੀ.ਪੀ.ਓ. ਚੋਹਲਾ ਸਾਹਿਬ ਤੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਆਪਣੀ ਮਰਜ਼ੀ ਨਾਲ ਗਲੀਆਂ ਪੁੱਟਣ ਅਤੇ ਉੱਚੀਆਂ ਕਰਨ ਵਾਲੇ ਵਿਅਕਤੀਆਂ ਖ਼ਿਲਾਫ਼ ਤੁਰੰਤ ਕਾਨੂੰਨੀ ਕਾਰਵਾਈ ਕੀਤੀ ਜਾਵੇ, ਖੜ੍ਹੇ ਪਾਣੀ ਦੀ ਨਿਕਾਸੀ ਦਾ ਪੁਖ਼ਤਾ ਇੰਤਜ਼ਾਮ ਕਰਕੇ ਲੋਕਾਂ ਨੂੰ ਬਿਮਾਰੀਆਂ ਤੋਂ ਬਚਾਇਆ ਜਾਵੇ ਅਤੇ ਗਲੀਆਂ ਦਾ ਨਿਰਮਾਣ ਸਰਕਾਰੀ ਨਿਯਮਾਂ ਅਨੁਸਾਰ ਸਾਰਿਆਂ ਲਈ ਬਰਾਬਰ ਕਰਵਾਇਆ ਜਾਵੇ।

# ਸ਼੍ਰੋਮਣੀ ਕਮੇਟੀ ਦਾ ਵਫ਼ਦ ਰਾਹਤ ਸਮੱਗਰੀ ਦੇ 4 ਟਰੱਕ ਲੈ ਕੇ ਨੇਪਾਲ ਪੁੱਜਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਨੇਪਾਲ ਵਿਚ ਆਏ ਭਿਆਨਕ ਹੜ੍ਹਾਂ ਨਾਲ ਪ੍ਰਭਾਵਿਤ ਹੋਏ ਲੋਕਾਂ ਦੀ ਸਹਾਇਤਾ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇਕ ਵਫ਼ਦ 4 ਟਰੱਕ ਰਾਹਤ ਸਮੱਗਰੀ ਲੈ ਕੇ ਨੇਪਾਲ ਦੇ ਕਾਠਮੰਡੂ ਪੁੱਜਾ ਹੈ। ਇਸ ਰਾਹਤ ਸਮੱਗਰੀ ਵਿਚ ਜਨਰੇਟਰ, ਸੋਲਰ ਲਾਈਟਾਂ, ਤਰਪਾਲਾਂ, ਕੰਬਲ, ਚਾਂਦਰਾਂ, ਖੇਸ ਤੇ ਬਰਤਨ ਆਦਿ ਸ਼ਾਮਲ ਹਨ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ-ਨਿਰਦੇਸ਼ਾਂ ’ਤੇ ਗਏ ਇਸ ਵਫ਼ਦ ਵਿਚ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਓਐੱਸਡੀ ਸਤਬੀਰ ਸਿੰਘ, ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਸਮੇਤ ਵਧੀਕ ਮੈਨੇਜਰ ਸਤਨਾਮ ਸਿੰਘ ਝਬਾਲ ਤੇ ਗੁਰਦੁਆਰਾ ਇੰਸ: ਕਸ਼ਮੀਰ ਸਿੰਘ ਸ਼ਾਮਲ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਕੁਦਰਤੀ ਆਫ਼ਤਾਂ ਸਮੇਂ ਹਮੇਸ਼ਾ ਮਨੁੱਖਤਾ ਦੀ ਸੇਵਾ ਕੀਤੀ ਹੈ। ਉਨ੍ਹਾਂ ਕਿਹਾ ਕਿ 2015 ਵਿਚ ਨੇਪਾਲ ਵਿਖੇ ਆਈ ਕੁਦਰਤੀ ਆਫ਼ਤ ਸਮੇਂ ਵੀ ਸ਼੍ਰੋਮਣੀ ਕਮੇਟੀ ਨੇ ਜ਼ਿਕਰਯੋਗ ਸੇਵਾਵਾਂ ਨਿਭਾਈਆਂ ਸਨ ਅਤੇ ਇਸ ਸਮੇਂ ਹੜ੍ਹਾਂ ਨਾਲ ਹੋਈ ਭਿਆਨਕ ਤਬਾਹੀ ਤੋਂ ਬਾਅਦ ਵੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ਾਂ ’ਤੇ ਬੀਤੇ ਕਈ ਦਿਨਾਂ ਤੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿਚ ਲੰਗਰ ਸੇਵਾਵਾਂ ਨਿਰੰਤਰ ਜਾਰੀ ਹਨ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਕ ਵਫ਼ਦ ਪਹਿਲਾਂ ਨੇਪਾਲ ਭੇਜਿਆ ਗਿਆ ਸੀ, ਜਿਸ ਨੇ ਸਰਕਾਰ ਅਤੇ ਸਥਾਨਕ ਲੋਕਾਂ ਨਾਲ ਰਾਬਤਾ ਕਰਕੇ ਲੋੜ ਅਨੁਸਾਰ ਰਾਹਤ ਸਮੱਗਰੀ ਭੇਜਣ ਦੀ ਵਚਨਬਧਤਾ ਪ੍ਰਗਟਾਈ ਸੀ। ਉਨ੍ਹਾਂ ਕਿਹਾ ਕਿ ਅੱਜ ਸ਼੍ਰੋਮਣੀ ਕਮੇਟੀ ਵੱਲੋਂ ਰਾਹਤ ਸਮੱਗਰੀ ਦੇ 4 ਟਰੱਕ ਨੇਪਾਲ ਦੇ ਕਾਠਮੰਡੂ ਪੁੱਜ ਗਏ ਹਨ।

ਇਸ ਰਾਹਤ ਸਮੱਗਰੀ ਵਿਚ ਜਨਰੇਟਰ, ਸੋਲਰ ਲਾਈਟਾਂ, ਤਰਪਾਲਾਂ, ਮੱਛਰਦਾਨੀਆਂ, ਕੰਬਲ, ਲੋਈਆਂ, ਖੇਸ, ਚਾਦਰਾਂ, ਦਰੀਆਂ, ਥਾਲ, ਗਿਲਾਸ, ਬਾਟੀਆਂ, ਚਮਚੇ, ਚਾਵਲ, ਦਾਲ ਸਮੇਤ ਹੋਰ ਲੋੜੀਦਾ ਸਾਮਾਨ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਇਹ ਲੋੜੀਂਦਾ ਸਮਾਨ ਸਥਾਨਕ ਸਰਕਾਰ ਦੇ ਸਹਿਯੋਗ ਨਾਲ ਪੀੜਤ ਪਰਿਵਾਰਾਂ ਤੱਕ ਪਹੁੰਚਾਇਆ ਜਾਵੇਗਾ। ਸ. ਮੰਨਣ ਨੇ ਕਿਹਾ ਕਿ ਇਨ੍ਹਾਂ ਰਾਹਤ ਕਾਰਜਾਂ ਵਿਚ ਗੁਰਦੁਆਰਾ ਗੁਰੂ ਨਾਨਕ ਸਤਸੰਗ ਕਾਠਮੰਡੂ ਦੇ ਪ੍ਰਧਾਨ ਪ੍ਰੀਤਮ ਸਿੰਘ, ਉਨ੍ਹਾਂ ਦੇ ਸਪੁੱਤਰ ਅੰਗਦ ਸਿੰਘ, ਜਨਰਲ ਸਕੱਤਰ ਹਰਪਾਲ ਸਿੰਘ ਪਾਲੀ, ਸ. ਦਰਸ਼ਨ ਸਿੰਘ, ਗੁਰਦੇਵ ਸਿੰਘ, ਕੁਲਵੰਤ ਸਿੰਘ ਅਤੇ ਸਿੱਖ ਮਿਸ਼ਨ ਨੇਪਾਲ ਦੇ ਇੰਚਾਰਜ ਅਮਰਜੀਤ ਸਿੰਘ ਵੱਲੋਂ ਵੱਡੀਆਂ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ।

# ਕਿਸਾਨਾਂ ਨੂੰ ਮੰਡੀਆਂ ’ਚ ਸੁੱਕਾ ਝੋਨਾ ਲੈ ਕੇ ਆਉਣ ਦੀ ਅਪੀਲ

ਗੁਰਦਾਸਪੁਰ, (ਜਨਕ ਮਹਾਜਨ)-ਡਿਪਟੀ ਕਮਿਸ਼ਨਰ ਗੁਰਦਾਸਪੁਰ ਸ੍ਰੀ ਆਦਿਤਿਆ ਉੱਪਲ ਨੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਮੰਡੀ ਵਿਚ ਕੇਵਲ ਸੁੱਕਾ ਝੋਨਾ ਹੀ ਵੇਚਣ ਲਈ ਲੈ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਸਰਕਾਰ ਵਲੋਂ ਝੋਨੇ ਵਿਚ ਨਮੀ ਦੀ ਵੱਧ ਤੋਂ ਵੱਧ ਮਾਤਰਾ 17 ਫ਼ੀਸਦੀ ਨਿਰਧਾਰਿਤ ਕੀਤੀ ਗਈ ਹੈ ਅਤੇ ਕਿਸਾਨਾਂ ਨੂੰ ਆਪਣੇ ਝੋਨੇ ਦੀ ਕਟਾਈ ਫਸਲ ਪੂਰੀ ਤਰ੍ਹਾਂ ਪੱਕਣ ’ਤੇ ਹੀ ਕਰਵਾਉਣੀ ਚਾਹੀਦੀ ਹੈ।

ਉਨ੍ਹਾਂ ਜੇਕਰ ਝੋਨਾ ਸੁੱਕਾ ਹੋਵੇਗਾ ਤਾਂ ਉਸ ਵਿਚ ਨਮੀ ਦੀ ਮਾਤਰਾ ਵੀ ਵੱਧ ਤੋਂ ਵੱਧ 17 ਫ਼ੀਸਦੀ ਹੀ ਹੋਵੇਗੀ ਅਤੇ ਖ਼ਰੀਦ ਏਜੰਸੀਆਂ ਵੱਲੋਂ ਪਹਿਲ ਦੇ ਆਧਾਰ ’ਤੇ ਉਸ ਸੁੱਕੇ ਝੋਨੇ ਨੂੰ ਖ਼ਰੀਦਿਆ ਜਾਵੇਗਾ।


ਡਿਪਟੀ ਕਮਿਸ਼ਨਰ ਨੇ ਦੱਸਿਆ ਕਿਹਾ ਪੰਜਾਬ ਰਾਜ ਵਿਚ ਖਰੀਫ ਸੀਜ਼ਨ 2026-27 ਦੌਰਾਨ ਝੋਨੇ ਦਾ ਘੱਟੋ-ਘੱਟ ਸਮਰਥਨ ਮੁੱਲ 2461 ਰੁਪਏ ਪ੍ਰਤੀ ਕੁਇੰਟਲ ਨਿਧਾਰਿਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਝੋਨੇ ਦੀ ਖਰੀਦ ਲਈ ਕੁੱਲ 92 ਖਰੀਦ ਕੇਂਦਰ ਸਥਾਪਤ ਕੀਤੇ ਗਏ ਹਨ।

# ਕਿਸਾਨਾਂ ਨੂੰ ਪਸ਼ੂਆਂ ਦੀਆਂ ਬਿਮਾਰੀਆਂ, ਇਲਾਜ ਤੇ ਚਾਰੇ ਸਬੰਧੀ ਦਿੱਤੀ ਜਾਣਕਾਰੀ

**ਬਟਾਲਾ/ਕਾਦੀਆਂ (ਡਾਕਟਰ ਮਲਵਿੰਦਰ ਸਿੰਘ )**- ਪਿੰਡ ਖੁਜਾਲਾ ਬਲਾਕ ਕਾਦੀਆਂ, ਜ਼ਿਲ੍ਹਾ ਗੁਰਦਾਸਪੁਰ ਵਿਖੇ ਇੱਕ ਦਿਨਾ ਦੁੱਧ ਉਤਪਾਦਕ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਦੌਰਾਨ ਦੁੱਧ ਉਤਪਾਦਕ ਕਿਸਾਨਾਂ ਨੂੰ ਪਸ਼ੂਆਂ ਦੀਆਂ ਵੱਖ-ਵੱਖ ਬਿਮਾਰੀਆਂ, ਉਨ੍ਹਾਂ ਦੀ ਰੋਕਥਾਮ ਅਤੇ ਇਲਾਜ ਤੋਂ ਇਲਾਵਾ ਪਸ਼ੂਆਂ ਨੂੰ ਦਿੱਤੇ ਜਾਣ ਵਾਲੇ ਸੰਤੁਲਿਤ ਚਾਰੇ ਸਬੰਧੀ ਮਾਹਿਰਾਂ ਵੱਲੋਂ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਇਸ ਮੌਕੇ ਡੇਅਰੀ ਵਿਕਾਸ ਵਿਭਾਗ ਦੇ ਅਧਿਕਾਰੀਆਂ ਵੱਲੋਂ ਪਸ਼ੂ ਪਾਲਕਾਂ ਨੂੰ ਪੰਜਾਬ ਸਰਕਾਰ ਵੱਲੋਂ ਪਸ਼ੂ ਪਾਲਕਾਂ ਅਤੇ ਦੁੱਧ ਉਤਪਾਦਕਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ, ਸਬਸਿਡੀਆਂ ਅਤੇ ਪਸ਼ੂਆਂ ਦੀ ਬੀਮਾ ਸਕੀਮ ਸਬੰਧੀ ਵੀ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ। ਅਧਿਕਾਰੀਆਂ ਨੇ ਕਿਸਾਨਾਂ ਨੂੰ ਸਰਕਾਰੀ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਆਧੁਨਿਕ ਤਰੀਕਿਆਂ ਨੂੰ ਅਪਣਾ ਕੇ ਡੇਅਰੀ ਧੰਦੇ ਨੂੰ ਹੋਰ ਲਾਹੇਵੰਦ ਬਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡੇਅਰੀ ਇੰਸਪੈਕਟਰ ਬਰਜਿੰਦਰ ਸਿੰਘ, ਡੇਅਰੀ ਇੰਸਪੈਕਟਰ ਸ੍ਰੀ ਸ਼ੇਰ ਸਿੰਘ, ਕਰਨਦੀਪ ਭਗਤ, ਡਾ. ਅਸ਼ੋਕ ਸਿੰਘ ਬਸਰਾ, ਅਸਿਸਟੈਂਟ ਡਾਇਰੈਕਟਰ ਪਸ਼ੂ ਪਾਲਣ ਵਿਭਾਗ, ਸ੍ਰੀ ਬਲਕਾਰ ਸਿੰਘ, ਮਿਲਕਫੈੱਡ, ਸ੍ਰੀ ਕਮਲ ਕਿਸ਼ੋਰ ਸਮੇਤ ਵੱਡੀ ਗਿਣਤੀ ਵਿੱਚ ਅਗਾਂਹਵਧੂ ਦੁੱਧ ਉਤਪਾਦਕ ਅਤੇ ਪਸ਼ੂ ਪਾਲਕ ਹਾਜ਼ਰ ਸਨ।




# ਪ੍ਰਾਚੀਨ ਸ਼ਿਵ ਮੰਦਰ ’ਚ ਅੱਜ ਮਨਾਈ ਜਾਵੇਗੀ ਸ੍ਰੀ ਰਾਧਾ ਅਸ਼ਟਮੀ



ਲੋਹੀਆਂ ਖਾਸ (ਯੋਗੇਸ਼ਵਰ)-ਪ੍ਰਾਚੀਨ ਸ਼ਿਵ ਮੰਦਰ ਲੋਹੀਆਂ ਖਾਸ ਵਿੱਚ ਸ੍ਰੀ ਰਾਧਾ ਅਸ਼ਟਮੀ ਦਾ ਪਾਵਨ ਤਿਉਹਾਰ ਸ਼ਰਧਾ, ਭਗਤੀ ਅਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਇਹ ਧਾਰਮਿਕ ਸਮਾਗਮ ਪਰਮ ਪੂਜਨੀਯ ਸ੍ਰੀ ਸ੍ਰੀ 1008 ਮਹਾਂਮੰਡਲੇਸ਼ਵਰ ਮਹੰਤ ਸ੍ਰੀ ਸ਼ਿਪਰਾ ਗਿਰੀ ਮਹਾਰਾਜ (ਬਾਪ ਜੀ ਮਹਾਰਾਜ) ਦੀ ਅਸੀਮ ਕਿਰਪਾ ਅਤੇ ਪਾਵਨ ਪ੍ਰੇਰਣਾ ਸਦਕਾ ਮਹੰਤ ਸ੍ਰੀ ਜੈ ਰਾਮ ਗਿਰੀ ਮਹਾਰਾਜ ਦੀ ਅਗਵਾਈ ਹੇਠ ਕਰਵਾਇਆ ਜਾਵੇਗਾ। ਮੰਦਰ ਦੇ ਸੇਵਾਦਾਰਾਂ ਨੇ ਦੱਸਿਆ ਕਿ ਅੱਜ ਰਾਤ 8 ਵਜੇ ਭਵਿਆ ਸਤਿਸੰਗ, ਕੀਰਤਨ ਅਤੇ ਸ੍ਰੀ ਰਾਧਾ-ਕ੍ਰਿਸ਼ਨ ਮਹਿਮਾ ਦਾ ਗੁਣਗਾਨ ਕੀਤਾ ਜਾਵੇਗਾ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਦੇ ਸ਼ਾਮਲ ਹੋਣ ਦੀ ਉਮੀਦ ਹੈ। ਇਸ ਉਪਰੰਤ ਰਾਤ 10 ਵਜੇ ਸਮੂਹ ਸੰਗਤ ਲਈ ਅਤੁੱਟ ਲੰਗਰ ਪ੍ਰਸਾਦ ਵਰਤਾਇਆ ਜਾਵੇਗਾ।

# ‘ਮਟਕ ਹੁਲਾਰੇ’ ਦਾ ਅੰਗਰੇਜ਼ੀ ਤਰਜਮਾ ਰਿਲੀਜ਼



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸਿੱਖ ਸੁਸਾਇਟੀ ਆਫ਼ ਡੇਟਨ (ਅਮਰੀਕਾ) ਵਿਖੇ ਜੰਮੂ-ਕਸ਼ਮੀਰ ਦੇ ਪ੍ਰਸਿੱਧ ਇਤਿਹਾਸਕਾਰ, ਸਾਹਿਤਕਾਰ ਅਤੇ ਸਿੱਖ ਚਿੰਤਕ ਡਾ. ਜਸਬੀਰ ਸਿੰਘ ਸਰਨਾ ਵੱਲੋਂ ਤਿਆਰ ਕੀਤੀ ਗਈ ਮਹੱਤਵਪੂਰਨ ਪੁਸਤਕ ‘ਮਟਕ ਹੁਲਾਰੇ’ ਦਾ ਰਸਮੀ ਤੌਰ ’ਤੇ ਰਿਲੀਜ਼ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਅਮਰੀਕਾ ਵਿੱਚ ਵਸਦੇ ਸਿੱਖ ਵਿਦਵਾਨਾਂ, ਸਾਹਿਤਕਾਰਾਂ, ਚਿੰਤਕਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕਰਦਿਆਂ ਪੁਸਤਕ ਦੀ ਸਾਹਿਤਕ ਅਤੇ ਵਿਚਾਰਧਾਰਕ ਮਹੱਤਤਾ ਬਾਰੇ ਆਪਣੇ ਵਡਮੁੱਲੇ ਵਿਚਾਰ ਸਾਂਝੇ ਕੀਤੇ। ਇਹ ਪੁਸਤਕ ਪ੍ਰਸਿੱਧ ਸਿੱਖ ਕਵੀ, ਸਾਹਿਤਕਾਰ ਅਤੇ ਚਿੰਤਕ ਭਾਈ ਵੀਰ ਸਿੰਘ ਜੀ ਦੀ ਕਸ਼ਮੀਰ-ਯਾਤਰਾ ਅਤੇ ਕਸ਼ਮੀਰ ਦੀ ਕੁਦਰਤੀ, ਅਧਿਆਤਮਕ ਅਤੇ ਸੌਂਦਰਯਮਈ ਚੇਤਨਾ ਨਾਲ ਸੰਬੰਧਿਤ ਕਵਿਤਾਵਾਂ ਦੇ ਸੰਗ੍ਰਹਿ ‘ਮਟਕ ਹੁਲਾਰੇ’ ਵਿੱਚ ਦਰਜ ਕਵਿਤਾਵਾਂ ਦਾ ਅੰਗਰੇਜ਼ੀ ਰੂਪ ਹੈ। ਡਾ. ਸਰਨਾ ਨੇ ਭਾਈ ਵੀਰ ਸਿੰਘ ਦੀ ਕਾਵਿ-ਦ੍ਰਿਸ਼ਟੀ, ਕਸ਼ਮੀਰ ਦੀ ਕੁਦਰਤੀ ਸੁੰਦਰਤਾ ਅਤੇ ਉਸ ਨਾਲ ਜੁੜੇ ਅਧਿਆਤਮਕ ਅਨੁਭਵ ਨੂੰ ਅੰਗਰੇਜ਼ੀ ਪਾਠਕਾਂ ਤੱਕ ਪਹੁੰਚਾਉਣ ਲਈ ਇਸ ਕਾਰਜ ਨੂੰ ਬੜੀ ਮਿਹਨਤ, ਖੋਜ ਅਤੇ ਭਾਵਨਾਤਮਕ ਸੰਵੇਦਨਸ਼ੀਲਤਾ ਨਾਲ ਸੰਪਾਦਿਤ ਕੀਤਾ ਹੈ। ਪੁਸਤਕ ਦੀ ਵਿਸ਼ੇਸ਼ਤਾ ਇਹ ਹੈ ਕਿ ਇਸ ਵਿੱਚ ਕੇਵਲ ਕਵਿਤਾਵਾਂ ਦਾ ਅੰਗਰੇਜ਼ੀ ਅਨੁਵਾਦ ਹੀ ਪੇਸ਼ ਨਹੀਂ ਕੀਤਾ ਗਿਆ, ਸਗੋਂ ਹਰ ਕਵਿਤਾ ਨੂੰ ਸਮਝਣ ਲਈ ਇੱਕ ਸੁਚੱਜੀ ਅਤੇ ਵਿਦਵਤਾਪੂਰਨ ਵਿਧੀ ਅਪਨਾਈ ਗਈ ਹੈ। ਸਭ ਤੋਂ ਪਹਿਲਾਂ ਭਾਈ ਵੀਰ ਸਿੰਘ ਜੀ ਦੀ ਮੂਲ ਪੰਜਾਬੀ ਕਵਿਤਾ, ਉਸ ਤੋਂ ਬਾਅਦ ਉਸ ਦੀ ਰੋਮਨ ਅਖਰਾਂ ਵਿਚ, ਫਿਰ ਅੰਗਰੇਜ਼ੀ ਅਨੁਵਾਦ ਅਤੇ ਅੰਤ ਵਿੱਚ ਕਵਿਤਾ ਦੀ ਭਾਵਪੂਰਤ ਅਤੇ ਵਿਆਖਿਆਤਮਕ ਟਿੱਪਣੀ ਦਿੱਤੀ ਗਈ ਹੈ। ਇਸ ਤਰ੍ਹਾਂ ਪਾਠਕ ਨੂੰ ਮੂਲ ਕਾਵਿ-ਰਸ ਨਾਲ ਜੋੜਦਿਆਂ ਉਸ ਦੇ ਅਰਥ, ਪ੍ਰਤੀਕਾਂ, ਅਧਿਆਤਮਕ ਸੰਕੇਤਾਂ ਅਤੇ ਕਸ਼ਮੀਰ ਦੀ ਕੁਦਰਤੀ ਪਿਛੋਕੜ ਨੂੰ ਸਮਝਣ ਦਾ ਮੌਕਾ ਮਿਲਦਾ ਹੈ।


# ਨਰੋਟ ਜੈਮਲ ਸਿੰਘ ’ਚ ਜਲਦ ਸ਼ੁਰੂ ਹੋਵੇਗਾ 100 ਬੈੱਡਾਂ ਵਾਲੇ ਹਸਪਤਾਲ ਦਾ ਨਿਰਮਾਣ : ਕੱਟਾਰੂਚੱਕ



ਪਠਾਨਕੋਟ, (ਦਵਿੰਦਰ ਸਿੰਘ)-ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂ ਚੱਕ ਵੱਲੋਂ ਨਰੋਟ ਜੈਮਲ ਸਿੰਘ ਵਿਖੇ ਚੱਲ ਰਹੇ ਸਰਕਾਰੀ ਹਸਪਤਾਲ ਦਾ ਵਿਸ਼ੇਸ਼ ਦੌਰਾ ਕਰਕੇ ਹਸਪਤਾਲ ਦੀਆਂ ਸਿਹਤ ਸਹੂਲਤਾਂ ਅਤੇ ਭਵਿੱਖ ਵਿੱਚ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ ਗਿਆ।ਇਸ ਮੌਕੇ ਉਨ੍ਹਾਂ ਵੱਲੋਂ ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕਰਕੇ ਪ੍ਰਸਤਾਵਿਤ 100 ਬੈੱਡਾਂ ਵਾਲੇ ਸਬ-ਵਿਜ਼ਨਲ ਹਸਪਤਾਲ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਵੀ ਕੀਤਾ ਗਿਆ।ਇਸ ਮੌਕੇ ਸਿਵਲ ਸਰਜਨ ਪਠਾਨਕੋਟ ਡਾ. ਸੁਨੀਤਾ ਸ਼ਰਮਾ, ਐੱਸ.ਐੱਮ.ਓ. ਨਰੋਟ ਜੈਮਲ ਸਿੰਘ ਡਾ. ਵਿਨੇ ਜਮਵਾਲ, ਕੌਂਸਲਰ ਕਰਮ ਚੰਦ ਕੋਕੋ, ਸੰਦੀਪ ਮਹਾਜਨ, ਕੌਂਸਲਰ ਅਨੂਬਾਲਾ, ਕੌਂਸਲਰ ਮਾਇਆ ਦੇਵੀ, ਡਾ. ਰਜਤ, ਡਾ. ਸਮਿਤੀ, ਡਾ. ਸ਼ੈਲਾ, ਡਾ. ਮਦਨ ਮੱਟੂ, ਡਾ. ਕਨਿਕਾ, ਸਤੀਸ਼ ਕੁਮਾਰ, ਐੱਸ. ਡੀ. ਓ. ਅਜੇ ਕੁਮਾਰ ਸਮੇਤ ਸਿਹਤ ਵਿਭਾਗ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਹੱਦੀ ਖੇਤਰ ਦੇ ਲੋਕਾਂ ਨੂੰ ਬਿਹਤਰ ਅਤੇ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਨਰੋਟ ਜੈਮਲ ਸਿੰਘ ਵਿਖੇ 100 ਬੈੱਡਾਂ ਵਾਲਾ ਸਬ-ਡਵੀਜ਼ਨਲ ਹਸਪਤਾਲ ਬਣਾਉਣ ਦੇ ਪ੍ਰੋਜੈਕਟ ਨੂੰ ਮਨਜ਼ੂਰੀ ਦਿੱਤੀ ਗਈ ਹੈ, ਜਿਸ ਤਹਿਤ ਹਸਪਤਾਲ ਦਾ ਨਿਰੀਖਣ ਕਰਕੇ ਅਧਿਕਾਰੀਆਂ ਨਾਲ ਲੋੜੀਂਦੇ ਬੁਨਿਆਦੀ ਢਾਂਚੇ ਅਤੇ ਸਿਹਤ ਸਹੂਲਤਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।ਕੈਬਨਿਟ ਮੰਤਰੀ ਨੇ ਕਿਹਾ ਕਿ ਹਸਪਤਾਲ ਦਾ ਨਿਰਮਾਣ ਕਾਰਜ ਜਲਦ ਸ਼ੁਰੂ ਕਰਵਾਇਆ ਜਾਵੇਗਾ ਅਤੇ ਇਸ ਨੂੰ ਮੁਕੰਮਲ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ ਜਾਵੇਗਾ।

# ਚੀਫ਼ ਖ਼ਾਲਸਾ ਦੀਵਾਨ ਇੰਟਰਨੈਸ਼ਨਲ ਨਰਸਿੰਗ ਕਾਲਜ ਵੱਲੋਂ ਆਯੋਜਿਤ ਦੂਸਰੀ ਨੈਸ਼ਨਲ ਕਾਨਫਰੰਸ ਯਾਦਗਾਰੀ ਹੋ ਨਿੱਬੜੀ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਚੀਫ਼ ਖ਼ਾਲਸਾ ਦੀਵਾਨ ਇੰਟਰਨੈਸ਼ਨਲ ਨਰਸਿੰਗ ਕਾਲਜ ਵੱਲੋਂ “ਗੰਭੀਰ ਸਿਹਤ ਸੰਭਾਲ ਸਮੇਂ ਨਰਸਾਂ ਨੂੰ ਆਧੁਨਿਕ ਤਕਨੀਕੀਕਰਨ ਵਿੱਚ ਪ੍ਰਪੱਕ ਬਣਾਉਣ ਸਬੰਧੀ ਦੂਸਰੀ ਨੈਸ਼ਨਲ ਕਾਨਫਰੰਸ ਦਾ ਆਯੋਜਨ ਕੀਤਾ ਗਿਆ ਜਿਥੇ ਡਾ.ਅੰਮ੍ਰਿਤਾ ਰਾਣਾ ਪ੍ਰਧਾਨ ਇੰਡੀਅਨ ਮੈਡੀਕਲ ਐਸੋਸੀਏਸ਼ਨ ਅੰਮ੍ਰਿਤਸਰ ਨੇ ਮੁੱਖ ਮਹਿਮਾਨ ਵਜੋਂ ਹਿੱਸਾ ਲਿਆ। ਕਾਨਫਰੰਸ ਵਿੱਚ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਨ ਪੁੱਜੇ।ਭਾਈ ਵੀਰ ਸਿੰਘ ਆਡੀਟੋਰੀਅਮ, ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਸਕੂਲ, ਮਜੀਠਾ ਰੋਡ ਬਾਈਪਾਸ ਵਿਖੇ ਕਰਵਾਈ ਗਈ ਇਸ ਕਾਨਫਰੰਸ ਮੌਕੇ 400 ਦੇ ਕਰੀਬ ਨਰਸਿੰਗ ਵਿਦਿਆਰਥੀਆਂ ਨੇ ਬਤੌਰ ਕਾਨਫਰੰਸ ਪ੍ਰਤੀਨਿਧੀ ਹਿੱਸਾ ਲਿਆ। ਉਦਘਾਟਨੀ ਸਮਾਰੋਹ ਮੌਕੇ ਡਾ. ਅਮਰਜੀਤ ਸਿੰਘ ਸੱਚਦੇਵਾ, ਮੈਂਬਰ ਇੰਚਾਰਜ ਨਰਸਿੰਗ ਕਾਲਜ ਵੱਲੋਂ ਆਏ ਹੋਏ ਸਾਰੇ ਮਹਿਮਾਨਾਂ ਅਤੇ ਪ੍ਰਤੀਨਿਧੀਆਂ ਦਾ ਸੁਆਗਤ ਕੀਤਾ ਗਿਆ। ਪ੍ਰਿੰਸੀਪਲ ਡਾ. ਯਸ਼ਪ੍ਰੀਤ ਕੌਰ ਨੇ ਕਾਨਫਰੰਸ ਸਬੰਧੀ ਮੁੱਖ ਭਾਸ਼ਣ ਪੜ੍ਹਦਿਆਂ ਦੱਸਿਆ ਕਿ ਨਰਸਿਜ਼ ਸਿਹਤ ਸਬੰਧੀ ਹਰ ਐਮਰਜੈਂਸੀ ਮੌਕੇ ਮੈਡੀਕਲ ਟੀਮ ਵਿੱਚ ਇਕ ਅਹਿਮ ਰੋਲ ਨਿਭਾਉਂਦਿਆਂ ਹਨ, ਇਸ ਕਰਕੇ ਉਹਨਾਂ ਸਸ਼ਕਤੀਕਰਨ ਕਰਨਾ ਸਾਡਾ ਪ੍ਰਮੁੱਖ ਫ਼ਰਜ਼ ਹੈ। ਡਾ. ਸੰਤੋਖ ਸਿੰਘ, ਐਡਵਾਈਜ਼ਰ ਨਰਸਿੰਗ ਕਾਲਜ ਨੇ ਸੰਬੋਧਨ ਕਰਦਿਆਂ ਕਿਹਾ ਕਿ ਨਰਸ ਵੱਲੋਂ ਸਹੀ ਸਮੇਂ ਤੇ ਲਿਆ ਗਿਆ ਸਹੀ ਫੈਸਲਾ ਕੀਮਤੀ ਜਾਨ ਬਚਾਉਣ ਦੇ ਸਮਰਥ ਹੁੰਦਾ ਹੈ। ਡਾ. ਅੰਮ੍ਰਿਤਾ ਰਾਣਾ ਪ੍ਰਧਾਨ ਇੰਡੀਅਨ ਮੈਡੀਕਲ ਐਸੋਸੀਏਸ਼ਨ ਅੰਮ੍ਰਿਤਸਰ ਨੇ ਕਾਨਫਰੰਸ ਨੂੰ ਮੁੱਖ ਮਹਿਮਾਨ ਵਜੋਂ ਸੰਬੋਧਨ ਹੁੰਦਿਆਂ ਕਿਹਾ ਕਿ ਕਾਨਫਰੰਸ ਦਾ ਵਿਸ਼ਾ ਅੱਜ ਦੇ ਸਮੇਂ ਦੀ ਲੋੜ ਨਾਲ ਪੂਰੀ ਤਰ੍ਹਾਂ ਮੇਲ ਖਾਂਦਾ ਹੈ। ਉਨ੍ਹਾਂ ਇਸ ਵਿਸ਼ੇ ਦੀ ਚੋਣ ਕਰਨ *ਤੇ ਪ੍ਰਿੰਸੀਪਲ ਅਤੇ ਸਮੂਹ ਕਾਲਜ ਪ੍ਰਬੰਧਕਾਂ ਨੂੰ ਵਧਾਈ ਦਿੱਤੀ ਅਤੇ ਉਮੀਦ ਕੀਤੀ ਕਿ ਕਾਨਫਰੰਸ ਵਿੱਚ ਵੱਖ—ਵੱਖ ਬੁਲਾਰਿਆਂ ਵੱਲੋਂ ਦਿੱਤੀ ਗਈ ਜਾਣਕਾਰੀ ਨਰਸਿੰਗ ਵਿਦਿਆਰਥੀਆਂ ਲਈ ਲਾਭਕਾਰੀ ਸਾਬਤ ਹੋਵੇਗੀ। ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਨੇ ਸ਼ਾਮਲ ਪ੍ਰਤੀਨਿਧੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਿਦਿਅਕ ਅਤੇ ਹੁਨਰਤਾ ਵਿੱਚ ਲਗਾਤਾਰ ਵਿਕਾਸ ਹੋਣਾ ਹਰ ਮਾਨਤਾ ਪ੍ਰਾਪਤ ਕਿੱਤੇ ਲਈ ਜ਼ਰੂਰੀ ਹੁੰਦਾ ਹੈ। ਇਸ ਮੌਕੇ ਡਾ.ਯਸ਼ਪ੍ਰੀਤ ਕੌਰ ਅਤੇ ਡਾ.ਭਾਵਨਾ ਦੁਆਰਾ ‘ਸੂਖਮ ਜੀਵ ਵਿਗਿਆਨ* ਵਿਸ਼ੇ ਉੱਪਰ ਲਿਖੀ ਕਿਤਾਬ ਰਿਲੀਜ਼ ਕੀਤੀ ਗਈ। ਕਾਨਫਰੰਸ ਮੌਕੇ ਸਾਇੰਟੀਫਿਕ ਰਿਸਰਚ ਪੇਪਰ ਵੀ ਪੜ੍ਹੇ ਗਏ ਅਤੇ ਜੇਤੂ ਸਕਾਲਰਜ਼ ਨੂੰ ਇਨਾਮ ਤਕਸੀਮ ਕੀਤੇ ਗਏ। ਡਾ.ਹਰਲੀਨ ਕੌਰ, ਵਾਈਸ ਪ੍ਰਿੰਸੀਪਲ ਵੱਲੋਂ ਧੰਨਵਾਦੀ ਨੋਟ ਪੜ੍ਹਿਆ ਗਿਆ। ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਅਤੇ ਕਾਲਜ ਪ੍ਰਬੰਧਕਾਂ ਵੱਲੋਂ ਆਏ ਹੋਏ ਮੁੱਖ ਮਹਿਮਾਨ ਅਤੇ ਕਾਨਫਰੰਸ ਦੇ ਬੁਲਾਰਿਆਂ ਨੂੰ ਸਨਮਾਨਿਤ ਕੀਤਾ ਗਿਆ। ਮਿਸ ਗੁਰਸਿਮਰਪ੍ਰੀਤ ਕੌਰ ਅਤੇ ਮਿਸ ਗੁਰਵਿੰਦਰ ਕੌਰ ਵੱਲੋਂ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਸਟੇਜ਼ ਦੀ ਸੇਵਾ ਨਿਭਾਈ ਗਈ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ, ਕਾਲਜ ਚੇਅਰਮੈਨ ਡਾ. ਆਤਮਜੀਤ ਸਿੰਘ ਬਸਰਾ, ਨਰਸਿੰਗ ਕਾਲਜ ਐਡਵਾਈਜ਼ਰ ਡਾ.ਸੰਤੋਖ ਸਿੰਘ, ਕਾਲਜ ਮੈਂਬਰਜ਼ ਇੰਚਾਰਜ਼ ਡਾ. ਅਮਰਜੀਤ ਸਿੰਘ ਸੱਚਦੇਵਾ, ਡਾ.ਅਮਰਜੀਤ ਸਿੰਘ ਨਾਗਪਾਲ ਅਤੇ ਡਾ. ਹਰਮੋਹਿੰਦਰ ਸਿੰਘ ਨਾਗਪਾਲ ਦੀਵਾਨ ਮੈਂਬਰਜ਼ ਸ੍ਰ.ਏ.ਪੀ.ਐੱਸ. ਮਾਨ, ਅਜੀਤ ਸਿੰਘ ਤੁਲੀ, ਪ੍ਰਿੰਸੀਪਲ ਯਸ਼ਪ੍ਰੀਤ ਕੌਰ, ਚੀਫ਼ ਖ਼ਾਲਸਾ ਦੀਵਾਨ ਨਰਸਿੰਗ ਕਾਲਜ ਤੋਂ ਐਸੋਸੀਏਟ ਪ੍ਰੋਫੈਸਰ ਮਿਸ ਸੰਤੋਸ਼ ਕੁਮਾਰੀ, ਮਿਸ ਸੁਰਿੰਦਰ ਕੌਰ ਅਤੇ ਸਮੂਹ ਸਟਾਫ ਹਾਜ਼ਰ ਸਨ।


# ਖੇਡਾਂ ’ਚ ਰੌਇਆਲ ਕੈਂਬ੍ਰਿਜ ਸਕੂਲ ਬਿਆਸ ਦਾ ਸਿਤਾਰਾ ਬੁਲੰਦ



ਬਿਆਸ (ਪਰਮਜੀਤ ਸਿੰਘ ਰੱਖੜਾ)-ਰੌਇਆਲ ਕੈਂਬ੍ਰਿਜ ਸਕੂਲ ਦੇ ਵਿਦਿਆਰਥੀਆਂ ਨੇ 70ਵੀਆਂ ਜ਼ਿਲਾ ਪੱਧਰੀ ਖੇਡਾਂ ਵਿੱਚ ਮਾਣ-ਮੱਤੇ ਸਥਾਨ ਹਾਸਲ ਕੀਤੇ।ਅੰਡਰ 17 ਵਿੱਚ ਲੜਕਿਆਂ ਨਵਰਾਜ ਸਿੰਘ, ਅਜੇਪਾਲ ਸਿੰਘ ਅਤੇ ਜਸਮੀਤ ਸਿੰਘ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜ਼ਿਲ੍ਹਾ ਪੱਧਰ ’ਤੇ ਪਹਿਲਾ ਸਥਾਨ ਹਾਸਲ ਕਰਕੇ ਸੂਬਾ ਪੱਧਰ ’ਤੇ ਪਹੁੰਚਦਿਆਂ ਹੋਇਆਂ ਆਪਣਾ ਨਾਮ ਚੰਗੇ ਖਿਡਾਰੀਆਂ ਦੀ ਸੂਚੀ ਵਿੱਚ ਦਰਜ ਕਰਵਾਇਆ।

ਇਸ ਮੌਕੇ ਖੇਡਾਂ ਦੇ ਕੋਚ ਨਵਕਿਰਨ ਸਿੰਘ ਨੇ ਵੀ ਆਪਣੀ ਖੁਸ਼ੀ ਦਾ ਇਜ਼ਹਾਰ ਕੀਤਾ। ਸਕੂਲ ਦੇ ਚੇਅਰਮੈਨ ਗੌਰਵ ਅਨੰਦ, ਪ੍ਰੈਜ਼ੀਡੈਂਟ ਪਰਮਵੀਰ ਅਨੰਦ ਅਤੇ ਪ੍ਰਿੰਸੀਪਲ ਧਰਵਿੰਦਰ ਕੌਰ ਨੇ ਵਿਦਿਆਰਥੀਆਂ ਦੀ ਸ਼ਾਨਦਾਰ ਕਾਰਗੁਜ਼ਾਰੀ ਲਈ ਸ਼ਲਾਘਾ ਕੀਤੀ ਅਤੇ ਅੱਗੇ ਤੋਂ ਹੋਰ ਮਿਹਨਤ ਕਰਨ ਦੀ ਪ੍ਰੇਰਨਾ ਦਿੱਤੀ।

# ਅਕਾਲੀ ਦਲ ‘ਵਾਰਿਸ ਪੰਜਾਬ ਦੇ’ ਆਗੂਆਂ ਵੱਲੋਂ ਨਗਰ ਕੀਰਤਨ ਦਾ ਸ਼ਾਨਦਾਰ ਸਵਾਗਤ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਪਾਵਨ ਵਿਆਹ ਪੁਰਬ ਨੂੰ ਸਮਰਪਿਤ ਬਾਰਾਤ ਰੂਪੀ ਨਗਰ ਕੀਰਤਨ ਦਾ ਗੱਗੜਭਾਣਾ ਵਿਖੇ ਪਹੁੰਚਣ ’ਤੇ ਅਕਾਲੀ ਦਲ ‘ਵਾਰਿਸ ਪੰਜਾਬ ਦੇ’ ਆਗੂਆਂ ਅਤੇ ਵਰਕਰਾਂ ਵੱਲੋਂ ਬੜੀ ਸ਼ਰਧਾ, ਉਤਸ਼ਾਹ ਅਤੇ ਸਤਿਕਾਰ ਨਾਲ ਸਵਾਗਤ ਕੀਤਾ ਗਿਆ। ਸੁਲਤਾਨਪੁਰ ਲੋਧੀ ਤੋਂ ਆਰੰਭ ਹੋਇਆ ਇਹ ਪਾਵਨ ਨਗਰ ਕੀਰਤਨ ਬੀਤੀ ਰਾਤ ਬਾਬਾ ਬਕਾਲਾ ਸਾਹਿਬ ਵਿਖੇ ਠਹਿਰਣ ਉਪਰੰਤ ਅੱਜ ਗੁਰਦੁਆਰਾ ਕੰਧ ਸਾਹਿਬ ਬਟਾਲਾ ਵੱਲ ਰਵਾਨਾ ਹੋਇਆ, ਜਿਸ ਦੌਰਾਨ ਗੱਗੜਭਾਣਾ ਵਿਖੇ ਹਲਕਾ ਜੰਡਿਆਲਾ ਗੁਰੂ ਤੋਂ ਪਾਰਟੀ ਆਗੂ ਬਿਕਰਮਜੀਤ ਸਿੰਘ ਕੋਟਲਾ, ਜ਼ਿਲ੍ਹਾ ਯੂਥ ਪ੍ਰਧਾਨ (ਦਿਹਾਤੀ) ਜੁਗਰਾਜ ਸਿੰਘ ਉਦੋਨੰਗਲ, ਡਾ. ਦਲਬੀਰ ਸਿੰਘ ਕੋਟਲਾ , ਜਤਿੰਦਰ ਸਿੰਘ ਮਹਿਤਾ, ਸੁਖਦੇਵ ਸਿੰਘ, ਅਮਰੀਕ ਸਿੰਘ ਤੇ ਸਰਪੰਚ ਗੁਰਪ੍ਰੀਤ ਸਿੰਘ ਵੱਲੋਂ ਗੁਰੂ ਸਾਹਿਬ ਨੂੰ ਰੁਮਾਲਾ ਸਾਹਿਬ ਭੇਟ ਕੀਤਾ ਗਿਆ ਤੇ ਨਾਲ ਹੀ ਪੰਜ ਪਿਆਰੇ ਸਾਹਿਬਾਨ ਦਾ ਸਿਰੋਪਾਓ ਨਾਲ ਸਨਮਾਨ ਕਰਦੇ ਹੋਏ ਸੰਗਤਾਂ ਲਈ ਫਲਾਂ ਦੇ ਲੰਗਰਾਂ ਦੀ ਸੇਵਾ ਕੀਤੀ ਗਈ। ਇਸ ਮੌਕੇ ਤੇ ਬਿਕਰਮਜੀਤ ਸਿੰਘ ਕੋਟਲਾ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਨਾਲ ਜੁੜਿਆ ਇਹ ਪਾਵਨ ਨਗਰ ਕੀਰਤਨ ਸਿੱਖ ਸੰਗਤਾਂ ਲਈ ਵਿਸ਼ੇਸ਼ ਆਸਥਾ ਅਤੇ ਮਹੱਤਵ ਰੱਖਦਾ ਹੈ ਤੇ ਹਰ ਸਾਲ ਵੱਡੀ ਗਿਣਤੀ ’ਚ ਸੰਗਤਾਂ ਇਸ ਨਗਰ ਕੀਰਤਨ ’ਚ ਹਾਜ਼ਰੀ ਭਰਦੀਆਂ ਹਨ। ਇਸ ਮੌਕੇ ਸੁਖਦੇਵ ਸਿੰਘ ਗੱਗੜਭਾਣਾ, ਕੇਵਲ ਸਿੰਘ ਮਹਿਤਾ, ਸੁਖਚੈਨ ਸਿੰਘ ਨਵਾਬਪੁਰ, ਧਿਆਨ ਸਿੰਘ ਛੀਨਾ, ਸੁਪਨਦੀਪ ਸਿੰਘ ਸਾਬੀ, ਮਨਦੀਪ ਸਿੰਘ, ਲਖਵਿੰਦਰ ਸਿੰਘ ਜੌਹਲ, ਬਲਦੇਵ ਸਿੰਘ ਛੀਨਾ, ਦਲਜੀਤ ਸਿੰਘ ਵਡਾਲਾ, ਕੇਵਲ ਸਿੰਘ ਬੰਮਾ, ਬਾਬਾ ਅਵਤਾਰ ਸਿੰਘ, ਚੰਨਣ ਸਿੰਘ, ਅਮਰਜੀਤ ਸਿੰਘ, ਭੁਪਿੰਦਰ ਸਿੰਘ, ਭੁੰਮਣ ਸਿੰਘ ਅਤੇ ਜਸਪ੍ਰੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਸੰਗਤਾਂ ਮੌਜੂਦ ਸਨ।

# ਰੇਲਵੇ ਸਟੇਸ਼ਨ ਡੇਰਾ ਬਾਬਾ ਨਾਨਕ ਵਿਖੇ ਸ਼ਾਨੋ-ਸ਼ੌਕਤ ਨਾਲ ਮਨਾਇਆ ‘ਸਟੇਸ਼ਨ ਮਹੋਤਸਵ’



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਰੇਲਵੇ ਬੋਰਡ ਦੇ ਨਿਰਦੇਸ਼ਾਂ ਅਨੁਸਾਰ ਰੇਲ ਦੇ ਚੁਣੇ ਹੋਏ ਵਿਰਾਸਤੀ ਸਟੇਸ਼ਨਾਂ ’ਤੇ ਉਨ੍ਹਾਂ ਦੀ ਸਥਾਪਨਾ ਅਤੇ ਇਤਿਹਾਸ ਦੇ ਅਨੁਸਾਰ ‘ਸਟੇਸ਼ਨ ਮਹੋਤਸਵ’ ਆਯੋਜਿਤ ਕਰਨ ਦਾ ਫੈਸਲਾ ਕੀਤਾ ਗਿਆ ਹੈ।ਇਸ ਤਹਿਤ ਵੱਖ-ਵੱਖ ਰੇਲਵੇ ਜ਼ੋਨਾਂ/ਰਾਜਾਂ ਵਿੱਚ 103 ਵਿਰਾਸਤੀ ਸਟੇਸ਼ਨਾਂ ਦੀ ਪਛਾਣ ਕੀਤੀ ਗਈ ਹੈ।ਇਨ੍ਹਾਂ ਸਟੇਸ਼ਨਾਂ ’ਤੇ ਇਤਿਹਾਸ, ਸੱਭਿਆਚਾਰ ਅਤੇ ਲੋਕ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਵੱਖ-ਵੱਖ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਹਨ।ਇਸੇ ਕੜੀ ਵਿੱਚ ਉਤਰ ਰੇਲਵੇ ਦੇ ਫਿਰੋਜ਼ਪੁਰ ਮੰਡਲ ਵੱਲੋਂ ਡੇਰਾ ਬਾਬਾ ਨਾਨਕ ਰੇਲਵੇ ਸਟੇਸ਼ਨ ’ਤੇ 18 ਸਤੰਬਰ ਨੂੰ ਸਟੇਸ਼ਨ ਮਹੋਤਸਵ ਦਾ ਆਯੋਜਨ ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਦੇ ਮਾਰਗਦਰਸ਼ਨ ਵਿੱਚ ਕੀਤਾ ਗਿਆ।ਸਮਾਰੋਹ ਦੀ ਸ਼ੁਰੂਆਤ ਵਿੱਚ ਰੇਲਵੇ ਸੁਰੱਖਿਆ ਬਲ ਦੇ ਜਵਾਨਾਂ ਵੱਲੋਂ ਸਟੇਸ਼ਨ ਪਰਿਸਰ ਵਿੱਚ ਰੈਲੀ ਕੱਢੀ ਗਈ।ਉਪਰੰਤ ਰਾਸ਼ਟਰਗਾਨ ‘ਜਨ ਗਣ ਮਨ’ ਦੀ ਪੇਸ਼ਕਾਰੀ ਨਾਲ ਸਮਾਰੋਹ ਦਾ ਮਾਹੌਲ ਦੇਸ਼ਭਗਤੀ ਦੀ ਭਾਵਨਾ ਨਾਲ ਭਰ ਗਿਆ।ਪ੍ਰੋਗਰਾਮ ਦੌਰਾਨ ਡੇਰਾ ਬਾਬਾ ਨਾਨਕ ਰੇਲਵੇ ਸਟੇਸ਼ਨ ਦੇ ਇਤਿਹਾਸਕ ਸਫ਼ਰ, ਵਿਰਾਸਤ ਅਤੇ ਭਾਰਤੀ ਰੇਲ ਵਿੱਚ ਇਸ ਦੀ ਮਹੱਤਤਾ ਨੂੰ ਉਜਾਗਰ ਕਰਦੀ ਲਘੂ ਫ਼ਿਲਮ ਦਿਖਾਈ ਗਈ।ਰੇਲਵੇ ਟੀਮ (ਸਕਾਊਟਸ ਅਤੇ ਗਾਈਡਜ਼) ਵੱਲੋਂ ਲੋਕ ਨਾਚ, ਗੀਤ ਅਤੇ ਨੁੱਕੜ ਨਾਟਕ ਪੇਸ਼ ਕੀਤੇ ਗਏ, ਜਿਨ੍ਹਾਂ ਰਾਹੀਂ ਯਾਤਰੀਆਂ ਨੂੰ ਵਿਰਾਸਤ ਦੀ ਸੰਭਾਲ, ਸਫ਼ਾਈ ਅਤੇ ਯਾਤਰੀ ਸੁਰੱਖਿਆ ਪ੍ਰਤੀ ਜਾਗਰੂਕ ਕੀਤਾ ਗਿਆ।ਬੱਚਿਆਂ ਲਈ ਪੋਸਟਰ ਮੁਕਾਬਲਾ ਵੀ ਕਰਵਾਇਆ ਗਿਆ।ਪਲੇਟਫਾਰਮ ’ਤੇ ਇਤਿਹਾਸਕ ਤਸਵੀਰਾਂ/ਦਸਤਾਵੇਜ਼ਾਂ ਦੀ ਵਿਸ਼ੇਸ਼ ਪ੍ਰਦਰਸ਼ਨੀ ਵੀ ਲਗਾਈ ਗਈ।ਪ੍ਰਦਰਸ਼ਨੀ ਵਿੱਚ ਸਟੇਸ਼ਨ ਦੇ ਵੱਖ-ਵੱਖ ਇਤਿਹਾਸਕ ਪੜਾਵਾਂ ਅਤੇ ਭਾਰਤੀ ਰੇਲ ਦੇ ਗੌਰਵਮਈ ਸਫ਼ਰ ਨੂੰ ਦਰਸਾਇਆ ਗਿਆ।ਸਮਾਰੋਹ ਦੌਰਾਨ ਵੱਖ-ਵੱਖ ਗਤੀਵਿਧੀਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਭਾਗੀਦਾਰਾਂ ਨੂੰ ਇਨਾਮ ਅਤੇ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਡੇਰਾ ਬਾਬਾ ਨਾਨਕ ਰੇਲਵੇ ਸਟੇਸ਼ਨ ਦਾ ਗੌਰਵਮਈ ਸਫ਼ਰ ਸਿਰਫ਼ ਇੱਕ ਇਮਾਰਤ ਜਾਂ ਸਟੇਸ਼ਨ ਦਾ ਸਫ਼ਰ ਨਹੀਂ, ਸਗੋਂ ਫਿਰੋਜ਼ਪੁਰ ਮੰਡਲ ਦੀ ਇਤਿਹਾਸਕ ਪਛਾਣ ਅਤੇ ਭਾਰਤੀ ਰੇਲ ਦੀ ਸ਼ਾਨਦਾਰ ਵਿਰਾਸਤ ਦਾ ਅਹਿਮ ਅਧਿਆਇ ਹੈ।ਸਟੇਸ਼ਨ ਮਹੋਤਸਵ ਰਾਹੀਂ ਇਸ ਵਿਰਾਸਤ ਨੂੰ ਸੰਭਾਲਣ ਅਤੇ ਨਵੀਂ ਪੀੜ੍ਹੀ ਨੂੰ ਰੇਲਵੇ ਦੇ ਗੌਰਵਮਈ ਇਤਿਹਾਸ ਨਾਲ ਜਾਣੂ ਕਰਵਾਉਣ ਦਾ ਯਤਨ ਕੀਤਾ ਜਾ ਰਿਹਾ ਹੈ। ਇਸ ਮੌਕੇ ’ਤੇ ਅਪਰ ਮੰਡਲ ਰੇਲ ਪ੍ਰਬੰਧਕ ਨਿਤਿਨ ਗਰਗ, ਵਰਿਸ਼ਠ ਮੰਡਲ ਯਾਂਤ੍ਰਿਕ ਇੰਜੀਨੀਅਰ ਭੁਪਿੰਦਰ, ਵਰਿਸ਼ਠ ਮੰਡਲ ਇੰਜੀਨੀਅਰ, ਨਵਲਪ੍ਰੀਤ ਕੌਰ, ਮੰਡਲ ਕਾਰਮਿਕ ਅਧਿਕਾਰੀ ਬਿਜੇਂਦਰ ਕੁਮਾਰ, ਲੈਕਚਰਾਰ ਗੁਰਮੀਤ ਸਿੰਘ ਬਾਜਵਾ, ਪ੍ਰਧਾਨ ਰਾਜੇਸ਼ ਹਾਂਡਾ, ਰਮੇਸ਼ ਬੱਬਰ, ਮੁਕੇਸ਼ ਸ਼ਰਮਾ, ਵਿਜੇ ਵਿੱਗ, ਐਕਸੀਅਨ ਐੱਸ ਪੀ ਸਿੰਘ ਰੰਧਾਵਾ, ਰਵਿੰਦਰ ਸਿੰਘ ਰੰਧਾਵਾ (ਸੋਨੂੰ ਟੀ ਟੀ) ਤੇਜਿੰਦਰ ਸਿੰਘ ਪ੍ਰੁੰਨੀ, ਮੰਡਲ ਕਮਰਸ਼ੀਅਲ ਪ੍ਰਬੰਧਕ ਸਪਾਇਲ ਸਮੇਤ ਹੋਰ ਰੇਲਵੇ ਅਧਿਕਾਰੀ, ਕਰਮਚਾਰੀ ਅਤੇ ਯਾਤਰੀ ਮੌਜੂਦ ਸਨ ।

# ਕੁੱਟਮਾਰ ਕਰਨ ਦੇ ਦੋਸ਼ ’ਚ ਗਿਆਰਾਂ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ, (ਜਨਕ ਮਹਾਜਨ)-ਪੁਲਸ ਸਟੇਸ਼ਨ ਪੁਰਾਣਾ ਸ਼ਾਲਾ ਅੰਦਰ ਪੈਂਦੇ ਪਿੰਡ ਜਗਤਪੁਰ ਕਲਾਂ ਦੇ ਰਹਿਣ ਵਾਲੇ ਇਕ ਵਿਅਕਤੀ ਨੂੰ ਕੁਝ ਵਿਅਕਤੀਆਂ ਵੱਲੋਂ ਕੁੱਟਮਾਰ ਕਰਕੇ ਜ਼ਖ਼ਮੀ ਕਰ ਦਿੱਤਾ ਗਿਆ ਜਿਸ ’ਤੇ ਸ਼ਾਲਾ ਪੁਲਸ ਨੇ ਕਾਰਵਾਈ ਕਰਦਿਆਂ ਪੀੜਤ ਦੀ ਸ਼ਿਕਾਇਤ ’ਤੇ ਕਥਿਤ ਦੋਸ਼ੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਐੱਸ. ਐੱਚ. ਓ. ਕੁਲਵਿੰਦਰ ਸਿੰਘ ਅਤੇ ਤਫਤੀਸੀ ਅਫ਼ਸਰ ਏ. ਐੱਸ. ਆਈ. ਵਿਜੇ ਕੁਮਾਰ ਨੇ ਦੱਸਿਆ ਕਿ ਪੁਲਿਸ ਨੂੰ ਦਿੱਤੇ ਬਿਆਨਾਂ ਵਿਚ ਲਵਪ੍ਰੀਤ ਸਿੰਘ ਪੁੱਤਰ ਸਾਹਿਬ ਸਿੰਘ ਵਾਸੀ ਜਗਤਪੁਰ ਕਲਾਂ ਨੇ ਕਿਹਾ ਕਿ 31 ਅਗਸਤ ਨੂੰ ਉਹ ਅਤੇ ਉਸ ਦੇ ਤਾਏ ਦਾ ਲੜਕਾ ਸਹਿਜਪ੍ਰੀਤ ਸਿੰਘ ਨਵਾਂ ਟਰੈਕਟਰ ਮਾਰਕਾ ਨਿਊ ਹੋਲੈਂਡ 3630 ਗੁਰਦਾਸਪੁਰ ਤੋਂ ਲੈ ਕੇ ਆਪਣੇ ਪਿੰਡ ਨੂੰ ਜਾ ਰਹੇ ਸੀ ਕਿ ਸ਼ਾਮ 6 ਵਜੇ ਜਦੋਂ ਉਹ ਅੱਡਾ ਪੁਰਾਣਾ ਸ਼ਾਲਾ ਵਿਖੇ ਨਾਮਧਾਰੀ ਸਵੀਟਸ ਦੇ ਬਾਹਰ ਟਰੈਕਟਰ ’ਤੇ ਬੈਠਾ ਸੀ ਤਾਂ ਉਸ ਦੇ ਤਾਏ ਦਾ ਲੜਕਾ ਨਾਮਧਾਰੀ ਸਵੀਟਸ ਤੋਂ ਕੁਝ ਲੈਣ ਲਈ ਚਲਾ ਗਿਆ ਕਿ ਏਨੇ ਨੂੰ ਮਲਕੀਤ ਸਿੰਘ, ਬਲਜੀਤ ਸਿੰਘ ਪੁੱਤਰ ਮਹਿੰਦਰ ਸਿੰਘ, ਮਹਿੰਦਰ ਸਿੰਘ ਪੁੱਤਰ ਮੰਗਤਾ ਸਿੰਘ ਵਾਸੀ ਟਾਂਡਾ, ਜੋਗਾ ਸਿੰਘ ਪੁੱਤਰ ਮੁੱਖਾ ਸਿੰਘ, ਰਸ਼ਪਾਲ ਸਿੰਘ ਪੁੱਤਰ ਸੰਤੋਖ ਸਿੰਘ, ਨਿੰਦਰ ਸਿੰਘ, ਸਿੰਦਰ ਸਿੰਘ ਪੁੱਤਰ ਸੁੱਖਾ ਸਿੰਘ, ਸੁੱਖਾ ਸਿੰਘ, ਮੁੱਖਾ ਸਿੰਘ ਪੁੱਤਰ ਜਗੀਰ ਸਿੰਘ ਵਾਸੀ ਜਗਤਪੁਰ ਕਲਾਂ, ਅਜੀਤ ਸਿੰਘ ਪੁੱਤਰ ਕਸ਼ਮੀਰ ਸਿੰਘ ਵਾਸੀ ਕਠਾਣਾ ਅਤੇ ਲੱਖਾ ਸਿੰਘ ਪੁੱਤਰ ਗੱਜਣ ਸਿੰਘ ਵਾਸੀ ਮੋਚਪੁਰ ਥਾਣਾ ਭੈਣੀ ਮੀਆ ਖਾਂ ਅਤੇ 3 ਅਣਪਛਾਤੇ ਵਿਅਕਤੀਆਂ ਨੇ ਆ ਕੇ ਦਸਤੀ ਹਥਿਆਰਾਂ ਨਾਲ ਸੱਟਾਂ ਮਾਰ ਕੇ ਮੈਨੂੰ ਜ਼ਖ਼ਮੀ ਕਰ ਦਿੱਤਾ ਅਤੇ ਨਵੇਂ ਟਰੈਕਟਰ ਦੀ ਭੰਨ-ਤੋੜ ਕਰਕੇ ਧਮਕੀਆਂ ਦਿੰਦੇ ਹੋਏ ਮੌਕੇ ਤੋਂ ਦੌੜ ਗਏ। ਪੁਰਾਣਾ ਸ਼ਾਲਾ ਪੁਲਸ ਨੇ ਕਥਿਤ ਦੋਸ਼ੀਆਂ ਖ਼ਿਲਾਫ਼ ਮੁਕੱਦਮਾ ਨੰਬਰ 118, ਜ਼ੇਰੇ ਧਾਰਾ 117(2), 115(2), 191(3), 190, 324(4), 351(2) ਬੀ. ਐੱਨ. ਐੱਸ. ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਸ੍ਰੀ ਗੁਰੂ ਨਾਨਕ ਦੇਵ ਜੀ ਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਨੂੰ ਸਮਰਪਤ ਵਿਸ਼ੇਸ਼ ਸਪਲੀਮੈਂਟ

ਧੰਨਵਾਦ
ਤਰਲੋਕ ਬੱਗਾ
ਪੱਤਰਕਾਰ ਬਟਾਲਾ
ਮੋਬਾਇਲ : 99886-99703


## ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਦੀਆਂ ਲੱਖ-ਲੱਖ ਵਧਾਈਆਂ


ਅਰਵਿੰਦ ਕੇਜਰੀਵਾਲ
ਕੌਮੀ ਕਨਵੀਨਰ 'ਆਪ'


ਭਗਵੰਤ ਸਿੰਘ ਮਾਨ
ਮੁੱਖ ਮੰਤਰੀ ਪੰਜਾਬ


ਅਮਨ ਸ਼ੇਰ ਸਿੰਘ ਸ਼ੈਰੀ ਕਲਸੀ
ਐੱਮ ਐੱਲ ਏ ਬਟਾਲਾ ਕਾਰਜਕਾਰੀ ਪ੍ਰਧਾਨ ਪੰਜਾਬ


ਅੰਮ੍ਰਿਤ ਪਾਲ ਸਿੰਘ ਕਲਸੀ
ਆਪ ਆਗੂ

ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਦੀਆਂ ਲੱਖ-ਲੱਖ ਵਧਾਈਆਂ

Ph. No. : 01871-249423

**R.D. KHOSLA**
**D.A.V. Model Sr. Sec. School**
Ram Tirath Road, Batala (Affiliated to C.B.S.E., Delhi)


ਅਰਵਿੰਦ ਖੋਸਲਾ (ਚੇਅਰਮੈਨ)


ਅਜੇ ਖੋਸਲਾ (ਪ੍ਰਧਾਨ)


ਡਾ. ਸ੍ਰੀਮਤੀ ਬਿੰਦੂ ਭੱਲਾ (ਪ੍ਰਿੰਸੀਪਲ)

ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ
ਦੇ ਵਿਆਹ ਪੁਰਬ ਦੀਆਂ ਲੱਖ-ਲੱਖ ਵਧਾਈਆਂ


ਤ੍ਰਿਪਤ ਰਜਿੰਦਰ ਸਿੰਘ ਬਾਜਵਾ
ਵਿਧਾਇਕ


ਸੁਖਜਿੰਦਰ ਸਿੰਘ ਰੰਧਾਵਾ
ਮੈਂਬਰ ਪਾਰਲੀਮੈਂਟ


ਐਡਵੋਕੇਟ ਅਮਨਦੀਪ ਦੀਪੂ
ਕਾਂਗਰਸੀ ਆਗੂ


ਅਨਿਲ ਸੇਖੜੀ
ਸਾਬਕਾ ਕੌਂਸਲਰ

ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਦੀਆਂ ਲੱਖ-ਲੱਖ ਵਧਾਈਆਂ


ਤ੍ਰਿਪਤ ਰਜਿੰਦਰ ਸਿੰਘ ਬਾਜਵਾ ਵਿਧਾਇਕ | ਜਗਪਾਲ ਰਾਏ ਹੈੱਲਥ ਇੰਸਪੈਕਟਰ | ਕੁਸ਼ਲ ਸ਼ਰਮਾ ਠੇਕੇਦਾਰ | ਲਵ ਕੈਨੇਡਾ

ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਦੀਆਂ ਲੱਖ-ਲੱਖ ਵਧਾਈਆਂ


ਨੀਰਜ ਸਲਹੋਤਰਾ | ਗੁਰਲੀਨ | ਰਣਬੀਰ ਬਟਾਲਾ


ਐਡਵੋਕੇਟ ਸੁਰੇਸ਼ ਭਾਟੀਆ | ਗੁਰਪ੍ਰੀਤ ਸਿੰਘ ਗੋਪੀ | ਰਾਜਿੰਦਰ ਸ਼ਰਮਾ

ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਦੀਆਂ ਲੱਖ-ਲੱਖ ਵਧਾਈਆਂ


ਨੇਕੀ ਰਾਮ ਭਾਰਦਵਾਜ | ਤਰਲੋਕ ਸਿੰਘ | ਰਾਜਬੀਰ ਸਿੰਘ | ਇੰਦਰਜੀਤ ਸਿੰਘ

ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਦੀਆਂ ਲੱਖ-ਲੱਖ ਵਧਾਈਆਂ


ਅਸ਼ੋਕ ਕੁਮਾਰ ਪੁਰੀ

YTC
M. : 98148-84473
**YUVUN TERMITES CENTRE**
ਇੱਥੇ ਸਿਉਂਕ ਮਾਰਨ ਵਾਲਾ ਤੇਲ ਮਿਲਦਾ ਹੈ ।
Spl. in : Termites Control in New & Old Building etc.
Eradication of every Type of Grass etc.
ਇਥੇ ਹਰ ਤਰਾਂ ਦਾ ਘਾਹ, ਢੀਲਾ ਮੋਥਾ, ਚੌੜੀ ਪੱਤੀ ਵਾਲੇ ਨਦੀਨਾਂ ਦਾ ਲਾਅਨ ਵਿਚੋਂ ਖਾਤਮਾ ਦਵਾਈ ਨਾਲ ਕੀਤਾ ਜਾਂਦਾ ਹੈ ।
ਇਥੇ ਮੱਛਰ, ਛਿਪਕਲੀ, ਕਾਕਰੋਜ਼ ਅਤੇ ਚੂਹੇ ਮਾਰਨ ਵਾਲੀ ਦਵਾਈ ਦਾ ਖਾਸ ਪ੍ਰਬੰਧ ਹੈ ।
GURU NANAK MARKET, JALANDHAR ROAD, BATALA-143505 (Pb.)


ਨਰਿੰਦਰ ਮੋਦੀ
ਪ੍ਰਧਾਨ ਮੰਤਰੀ

ਅਮਿਤ ਸ਼ਾਹ
ਗ੍ਰਹਿ ਮੰਤਰੀ

ਨਿਤਿਨ ਨਬੀਨ
ਰਾਸ਼ਟਰੀ ਭਾਜਪਾ ਪ੍ਰਧਾਨ

ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਦੀਆਂ ਲੱਖ-ਲੱਖ ਵਧਾਈਆਂ


ਹਰਸਿਮਰਨ ਸਿੰਘ ਹੀਰਾ ਵਾਲੀਆ, ਜ਼ਿਲ੍ਹਾ ਪ੍ਰਧਾਨ ਬਟਾਲਾ

ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ
ਦੇ ਵਿਆਹ ਪੁਰਬ ਦੀਆਂ ਲੱਖ-ਲੱਖ ਵਧਾਈਆਂ


ਸ੍ਰੀ ਦੇਵ ਰਾਜ ਚਾਚੋਂਵਾਲੀਆ
ਸਾਬਕਾ ਪ੍ਰਧਾਨ ਇੰਪਰੂਵਮੈਂਟ ਟਰੱਸਟ
ਬਟਾਲਾ


ਸੁਨੀਲ ਖੋਸਲਾ ਚਾਚੋਂਵਾਲੀਆ
ਭਾਜਪਾ ਨੇਤਾ, ਕੌਂਸਲਰ ਬਟਾਲਾ

ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਦੀਆਂ ਲੱਖ-ਲੱਖ ਵਧਾਈਆਂ


ਕਾਮਰੇਡ ਸ਼ਮਸ਼ੇਰ ਸਿੰਘ | ਗੁਰਪ੍ਰੀਤ ਸਿੰਘ ਰੰਗੀਲਪੁਰਾ | ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ | ਵਿੱਕੀ ਕਸ਼ਯਪ ਕੌਂਸਲਰ | ਸੌਰਵ ਵਰਮਾ | ਰਾਜ ਕੁਮਾਰ | ਸਤਨਾਮ ਸਿੰਘ | ਮਨਜਿੰਦਰ ਸਿੰਘ


ਸਤਿੰਦਰ ਕੌਰ | ਕਾਮਰੇਡ ਮਨਜੀਤ ਰਾਜ | ਮੱਖਣ ਸਿੰਘ | ਅਮਨਦੀਪ ਸਿੰਘ | ਦਲਬੀਰ ਸਿੰਘ ਭੱਟੀ | ਪਵਨ ਕੁਮਾਰ ਅਨੰਦ | ਜਨਕ ਰਾਜ | ਤਰਸੇਮ ਕੁਮਾਰ ਸਮਾਜ ਸੇਵੀ


ਪਵਨ ਕੁਮਾਰ | ਪ੍ਰਿਤਪਾਲ ਸਿੰਘ ਏ ਐਮ ਓ


ਸੁਖਰਾਜ ਗਿੱਲ ਆਪ ਆਗੂ | ਕਮਲਜੀਤ ਕੌਰ ਕੌਂਸਲਰ